ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

DAILY CHARHDIKALA, PATIALA

ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 67
ਫ਼ੋਨ: +91- 92168-07500
E-mail: news@charhdikala.com
www.charhdikala.com

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Tuesday, 10 March, 2026) ਮੰਗਲਵਾਰ, 10 ਮਾਰਚ, 2026, 27 ਫੱਗਣ, ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082/ PRGI (RNI) Regd. No. 22972/1972/ ਮੁੱਲ: 2 ਰੁਪਏ

## ਕੱਚੇ ਤੇਲ ਦੀਆਂ ਕੀਮਤਾਂ 100 ਡਾਲਰ ਪ੍ਰਤੀ ਬੈਰਲ ਤੋਂ ਪਾਰ

ਸ਼ਿਕਾਗੋ, 9 ਮਾਰਚ (ਚ.ਨ.ਸ.): ਈਰਾਨ ਯੁੱਧ ਵਧਣ ਨਾਲ 2022 ਤੋਂ ਬਾਅਦ ਪਹਿਲੀ ਵਾਰ ਤੇਲ ਦੀਆਂ ਕੀਮਤਾਂ 114 ਡਾਲਰ ਪ੍ਰਤੀ ਬੈਰਲ ਹੋ ਗਈਆਂ ਹਨ। ਅੰਤਰਰਾਸ਼ਟਰੀ ਮਿਆਰੀ ਬ੍ਰੈਂਟ ਕੱਚੇ ਤੇਲ ਦੀ ਕੀਮਤ 114 ਡਾਲਰ ਪ੍ਰਤੀ ਬੈਰਲ ਤੱਕ ਪਹੁੰਚ ਗਈ ਹੈ, ਜੋ ਕਿ ਸ਼ੁੱਕਰਵਾਰ ਦੀ ਕੀਮਤ 92.69 ਪ੍ਰਤੀ ਬੈਰਲ ਤੋਂ 23 ਪ੍ਰਤੀਸ਼ਤ ਵੱਧ ਹੈ।ਜਿਵੇਂ ਕਿ ਈਰਾਨ ਯੁੱਧ ਆਪਣੇ ਦੂਜੇ ਹਫ਼ਤੇ ਵਿੱਚ ਜਾਰੀ ਹੈ, ਕਈ ਦੇਸ਼ ਅਤੇ ਖੇਤਰ ਪ੍ਰਭਾਵਿਤ ਹੋਏ ਹਨ, ਜਿਸ ਨਾਲ ਤੇਲ ਦੀਆਂ ਕੀਮਤਾਂ ਵਿੱਚ ਤੇਜ਼ੀ ਨਾਲ ਵਾਧਾ ਹੋਇਆ ਹੈ। ਇਹ ਦੇਸ਼ ਅਤੇ ਖੇਤਰ ਫਾਰਸ ਦੀ ਖਾੜੀ ਵਿੱਚ ਤੇਲ ਅਤੇ ਗੈਸ ਉਤਪਾਦਨ ਅਤੇ ਆਵਾਜਾਈ ਲਈ ਮਹੱਤਵਪੂਰਨ ਹਨ।

## ਈਰਾਨ ਯੁੱਧ 'ਤੇ ਚਰਚਾ ਨੂੰ ਲੈ ਕੇ ਵਿਰੋਧੀ ਧਿਰ ਵੱਲੋਂ ਦੋਵਾਂ ਸਦਨਾਂ 'ਚ ਹੰਗਾਮਾ

### ਖਾੜੀ ਦੇਸ਼ਾਂ ਵਿਚਲੇ ਭਾਰਤੀਆਂ ਦੀ ਸੁਰੱਖਿਆ ਲਈ ਕੇਂਦਰ ਵਚਨਬੱਧ : ਜੈਸ਼ੰਕਰ



ਚੜ੍ਹਦੀਕਲਾ ਬਿਊਰੋ
================

ਨਵੀਂ ਦਿੱਲੀ, 9 ਮਾਰਚ: ਸੰਸਦ ਦੇ ਬਜਟ ਸੈਸ਼ਨ ਦੇ ਦੂਜੇ ਪੜਾਅ ਦੇ ਪਹਿਲੇ ਦਿਨ ਲੋਕ ਸਭਾ ਨੇ ਆਪਣੀ ਕਾਰਵਾਈ ਸਮਾਪਤ ਕੀਤੀ। ਵਿਰੋਧੀ ਧਿਰ ਨੇ ਅਮਰੀਕਾ-ਇਜ਼ਰਾਈਲ ਅਤੇ ਈਰਾਨ ਯੁੱਧਾਂ ਨੂੰ ਲੈ ਕੇ ਹੰਗਾਮਾ ਕੀਤਾ। ਵਿਰੋਧੀ ਧਿਰ ਨੇ ਪੱਛਮੀ ਏਸ਼ੀਆ ਵਿੱਚ ਜੰਗ ਤੋਂ ਬਾਅਦ ਦੀ ਸਥਿਤੀ ਦੇ ਭਾਰਤ 'ਤੇ ਪ੍ਰਭਾਵ 'ਤੇ ਚਰਚਾ ਦੀ ਮੰਗ ਜਾਰੀ ਰੱਖੀ।

ਸਰਕਾਰ ਨੇ ਕਿਹਾ ਕਿ ਵਿਰੋਧੀ ਧਿਰ ਨੇ ਸਪੀਕਰ ਓਮ ਬਿਰਲਾ ਵਿਰੁੱਧ ਅਵਿਸ਼ਵਾਸ ਪ੍ਰਸਤਾਵ ਲਿਆਂਦਾ ਹੈ। 'ਅਸੀਂ ਇਸ 'ਤੇ ਚਰਚਾ ਕਰਨ ਲਈ ਤਿਆਰ ਹਾਂ,' ਪਰ ਵਿਰੋਧੀ ਧਿਰ ਨੇ ਇੱਕ ਹੋਰ ਪ੍ਰਸਤਾਵ ਪੇਸ਼ ਕੀਤਾ। ਇਸ ਤੋਂ ਬਾਅਦ, ਸਦਨ ਮੰਗਲਵਾਰ ਸਵੇਰੇ 11 ਵਜੇ ਤੱਕ ਮੁਲਤਵੀ ਕਰ ਦਿੱਤਾ ਗਿਆ।ਇਸ ਤੋਂ ਪਹਿਲਾਂ ਵਿਦੇਸ਼ ਮੰਤਰੀ ਨੇ ਪਹਿਲਾਂ ਰਾਜ ਸਭਾ ਵਿੱਚ ਅਤੇ ਫਿਰ ਲੋਕ ਸਭਾ ਵਿੱਚ ਖਾੜੀ ਦੇਸ਼ਾਂ ਤੋਂ ਭਾਰਤੀਆਂ ਦੀ ਵਾਪਸੀ ਦੀਆਂ ਤਿਆਰੀਆਂ ਅਤੇ ਊਰਜਾ ਸੰਕਟ ਬਾਰੇ ਗੱਲ ਕੀਤੀ। ਉਨ੍ਹਾਂ ਕਿਹਾ ਕਿ ਇਸ ਸਮੇਂ ਈਰਾਨੀ ਲੀਡਰਸ਼ਿਪ ਨਾਲ ਸੰਪਰਕ ਕਰਨਾ ਮੁਸ਼ਕਿਲ ਹੈ, ਪਰ ਭਾਰਤ ਸ਼ਾਂਤੀ ਅਤੇ ਗੱਲਬਾਤ ਦੇ ਹੱਕ ਵਿੱਚ ਹੈ। ਜੈਸ਼ੰਕਰ ਨੇ ਕਿਹਾ ਕਿ ਭਾਰਤ ਇਸ ਜੰਗ ਨੂੰ ਲੈ ਕੇ ਬਹੁਤ ਚਿੰਤਤ ਹੈ ਅਤੇ ਹਰ (ਬਾਕੀ ਸਫਾ 2 'ਤੇ)

*ਵਿਧਾਨ ਸਭਾ 'ਚ ਰਾਜਪਾਲ ਦੇ ਭਾਸ਼ਣ 'ਤੇ ਬਹਿਸ*

# ਅਕਾਲੀ ਦਲ-ਭਾਜਪਾ ਅਤੇ ਕਾਂਗਰਸ ਨੇ ਕਦੇ ਵੀ ਆਪਣੇ ਚੋਣ ਵਾਅਦੇ ਪੂਰੇ ਨਹੀਂ ਕੀਤੇ: ਮਾਨ

ਅੰਮ੍ਰਿਤਪਾਲ ਸਿੰਘ
================

ਚੰਡੀਗੜ੍ਹ, 9 ਮਾਰਚ:ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਔਰਤਾਂ ਲਈ 1,000 ਰੁਪਏ ਪ੍ਰਤੀ ਮਹੀਨਾ ਦੇ ਐਲਾਨ 'ਤੇ ਵਿਰੋਧੀ ਪਾਰਟੀਆਂ ਵੱਲੋਂ ਦਿਖਾਈ ਜਾ ਰਹੀ ਨਿਰਾਸ਼ਾ ਸਾਲ 2027 ਵਿੱਚ ਆਮ ਆਦਮੀ ਪਾਰਟੀ (ਆਪ) ਦੇ ਪੰਜਾਬ ਵਿੱਚ ਸੱਤਾ ਵਾਪਸੀ ਦੇ ਡਰ ਨੂੰ ਸਪੱਸ਼ਟ ਤੌਰ 'ਤੇ ਦਰਸਾਉਂਦੀ ਹੈ। ਪੰਜਾਬ ਵਿਧਾਨ ਸਭਾ ਨੂੰ ਸੰਬੋਧਨ ਕਰਦਿਆਂ ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਜਿੱਥੇ ਸ਼੍ਰੋਮਣੀ ਅਕਾਲੀ ਦਲ, ਭਾਜਪਾ ਅਤੇ ਕਾਂਗਰਸ ਵਰਗੀਆਂ ਪਾਰਟੀਆਂ ਨੇ ਆਪਣੇ ਚੋਣ ਵਾਅਦਿਆਂ ਨੂੰ ਨਜ਼ਰਅੰਦਾਜ਼ ਕਰਕੇ ਲੋਕਾਂ ਨਾਲ ਵਾਰ-ਵਾਰ ਧੋਖਾ ਕੀਤਾ ਹੈ, ਉੱਥੇ 'ਆਪ' ਸਰਕਾਰ ਨੇ ਆਪਣੇ ਮੈਨੀਫੈਸਟੋ ਨੂੰ ਪਵਿੱਤਰ ਦਸਤਾਵੇਜ਼ ਮੰਨਿਆ ਹੈ ਅਤੇ ਸਿਰਫ ਚਾਰ ਸਾਲਾਂ ਦੇ ਅੰਦਰ ਆਮ ਲੋਕਾਂ ਲਈ ਹਰ ਗਰੰਟੀ ਨੂੰ ਪੂਰਾ ਕੀਤਾ ਹੈ।



'ਮੁੱਖ ਮੰਤਰੀ ਮਾਵਾਂ-ਧੀਆ ਸਤਿਕਾਰ ਯੋਜਨਾ', ਮੁਫ਼ਤ ਬਿਜਲੀ, ਮੁਫਤ ਬੱਸ ਯਾਤਰਾ, 10 ਲੱਖ ਰੁਪਏ ਦੀ ਸਿਹਤ ਯੋਜਨਾ ਤਹਿਤ ਮੁਫ਼ਤ ਇਲਾਜ, 63,943 ਨੌਜਵਾਨਾਂ ਦੀ ਪਾਰਦਰਸ਼ੀ ਭਰਤੀ ਅਤੇ ਬੁਨਿਆਦੀ ਢਾਂਚੇ ਤੇ ਉਦਯੋਗ ਵਿੱਚ ਵੱਡੇ ਨਿਵੇਸ਼ ਵਰਗੀਆਂ ਪਹਿਲਕਦਮੀਆਂ ਦਾ ਜ਼ਿਕਰ ਕਰਦੇ ਹੋਏ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਵਿਕਾਸ ਦੇ ਰਾਹ 'ਤੇ ਮਜ਼ਬੂਤੀ ਨਾਲ ਅੱਗੇ ਵਧ ਰਿਹਾ ਹੈ ਅਤੇ ਆਉਣ ਵਾਲੇ ਸਾਲਾਂ ਵਿੱਚ ਵਿਕਾਸ ਦੀ ਗਤੀ ਤੇਜ਼ ਹੋਵੇਗੀ। ਤਲਵੰਡੀ ਸਾਬੋ ਤੋਂ ਵਿਧਾਇਕ ਪ੍ਰੋਫੈਸਰ ਬਲਜਿੰਦਰ ਕੌਰ ਵੱਲੋਂ ਰਾਜਪਾਲ ਦੇ ਭਾਸ਼ਣ 'ਤੇ ਪੇਸ਼ ਕੀਤੇ ਧੰਨਵਾਦ ਪ੍ਰਸਤਾਵ 'ਤੇ ਬਹਿਸ ਨੂੰ ਸਮੇਟਦਿਆਂ ਮੁੱਖ ਮੰਤਰੀ ਨੇ ਕਿਹਾ, "ਉਹ ਵੀ ਸਮਾਂ ਸੀ ਜਦੋਂ ਚੋਣ ਮੈਨੀਫੈਸਟੋ ਨੂੰ ਕੋਈ ਪੜ੍ਹਦਾ ਤੱਕ ਨਹੀਂ ਸੀ ਕਿਉਂਕਿ ਰਵਾਇਤੀ ਪਾਰਟੀਆਂ ਚੋਣਾਂ ਤੋਂ ਕੁਝ ਦਿਨ ਪਹਿਲਾਂ ਮੈਨੀਫੈਸਟੋ ਜਾਰੀ ਕਰਕੇ ਖਾਨਾਪੂਰਤੀ ਕਰਦੀਆਂ ਸਨ। ਰਵਾਇਤੀ ਪਾਰਟੀਆਂ ਦੇ ਚੋਣ ਮਨੋਰਥ ਪੱਤਰ ਵਿੱਚ ਧਰਮ-ਜਾਤ ਦੀ ਗੱਲ ਹੁੰਦੀ ਸੀ ਪਰ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਇਤਿਹਾਸਕ ਪਹਿਲ ਕਰਦਿਆਂ ਆਮ ਲੋਕਾਂ ਲਈ ਮਿਆਰੀ ਸਿਹਤ ਤੇ ਸਿੱਖਿਆ ਨੂੰ ਚੋਣ ਮਨੋਰਥ ਪੱਤਰ ਦਾ ਹਿੱਸਾ ਬਣਾਇਆ। ਰਵਾਇਤੀ ਪਾਰਟੀਆਂ ਨੂੰ ਵੀ ਆਪਣੇ ਚੋਣ ਮਨੋਰਥ ਪੱਤਰਾਂ ਵਿੱਚ ਸਿਹਤ-ਸਿੱਖਿਆ ਦੇ ਖੇਤਰਾਂ ਨੂੰ ਸ਼ਾਮਲ ਕਰਨ ਲਈ ਮਜਬੂਰ ਹੋਣਾ ਪਿਆ ਜਿਸ ਲਈ ਉਹ ਅਰਵਿੰਦ ਕੇਜਰੀਵਾਲ ਦੇ ਧੰਨਵਾਦੀ ਹਨ।" (ਬਾਕੀ ਸਫਾ 2 'ਤੇ)

## ਪੰਜਾਬ ਦੀ ਤਰੱਕੀ ਬਰਦਾਸ਼ਤ ਨਾ ਹੋਣ ਕਾਰਨ ਵਿਰੋਧੀ ਧਿਰ ਨੇ ਕੀਤਾ ਵਾਕਆਊਟ: ਚੀਮਾ

ਚੜ੍ਹਦੀਕਲਾ ਬਿਊਰੋ
================

ਚੰਡੀਗੜ੍ਹ, 9 ਮਾਰਚ:ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਰਾਜਪਾਲ ਦੇ ਭਾਸ਼ਣ 'ਤੇ ਚਰਚਾ ਦੌਰਾਨ ਪੰਜਾਬ ਵਿਧਾਨ ਸਭਾ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਵਿਕਾਸ ਏਜੰਡੇ ਦੀ ਰੂਪਰੇਖਾ ਪੇਸ਼ ਕੀਤੀ ਅਤੇ ਸਦਨ ਤੋਂ ਵਾਕਆਊਟ ਕਰਨ ਵਾਲੇ ਕਾਂਗਰਸੀ ਮੈਂਬਰਾਂ ਦੀ ਆਲੋਚਨਾ ਕਰਦੇ ਹੋਏ ਕਿਹਾ ਕਿ ਉਹ ਇਸ ਲਈ ਚਲੇ ਗਏ ਕਿਉਂਕਿ ਆਮ ਆਦਮੀ ਪਾਰਟੀ (ਆਪ) ਸਰਕਾਰ ਵੱਲੋਂ ਕੀਤੀ ਸੂਬੇ ਦੀ ਤਰੱਕੀ ਅਤੇ ਵਿਕਾਸ ਉਨ੍ਹਾਂ ਨੂੰ ਬਰਦਾਸ਼ਤ ਨਹੀਂ ਹੋ ਰਿਹਾ ਹੈ।



ਨੌਜਵਾਨ ਸਸ਼ਕਤੀਕਰਨ ਅਤੇ ਰੁਜ਼ਗਾਰ 'ਤੇ ਪੰਜਾਬ ਸਰਕਾਰ ਵੱਲੋਂ ਦਿੱਤੇ ਜਾ ਰਹੇ ਵਿਸ਼ੇਸ਼ ਧਿਆਨ ਬਾਰੇ ਬੋਲਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ (ਬਾਕੀ ਸਫਾ 2 'ਤੇ)

## ਪੰਜਾਬ 'ਚ ਪਾਰਾ 30 ਡਿਗਰੀ ਤੋਂ ਹੋਇਆ ਪਾਰ

ਚੰਡੀਗੜ੍ਹ, 9 ਮਾਰਚ (ਚ.ਨ.ਸ.):ਮਾਰਚ ਦੀ ਸ਼ੁਰੂਆਤ ਨਾਲ ਹੀ ਪੰਜਾਬ ਵਿਚ ਗਰਮੀ ਦਾ ਅਸਰ ਵਧਣ ਲੱਗਾ ਹੈ। ਅੰਮ੍ਰਿਤਸਰ ਵਿਚ ਦਿਨ ਸਮੇਂ ਪਾਰਾ 30 ਡਿਗਰੀ ਦੇ ਪਾਰ ਪਹੁੰਚ ਗਿਆ ਹੈ। ਲੋਕਾਂ ਨੂੰ ਦੁਪਹਿਰ ਵਿਚ ਤੇਜ਼ ਧੁੱਪ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸਵੇਰ ਦੇ ਸਮੇਂ ਮੌਸਮ ਸਾਧਾਰਨ ਰਹਿੰਦਾ ਹੈ ਪਰ ਦੁਪਹਿਰ ਹੁੰਦੇ-ਹੁੰਦੇ ਧੁੱਪ ਤਿੱਖੀ ਹੋ ਜਾਂਦੀ ਹੈ। ਸ਼ਹਿਰ ਦੇ ਬਾਜ਼ਾਰਾਂ ਤੇ ਸੜਕਾਂ 'ਤੇ ਦੁਪਹਿਰ ਦੇ ਸਮੇਂ ਆਵਾਜਾਈ ਕੁਝ ਘੱਟ ਦਿਖਾਈ ਦੇ ਰਹੀ ਹੈ ਤੇ ਲੋਕ ਸਿਰ ਢੱਕ ਕੇ ਘਰਾਂ ਤੋਂ ਨਿਕਲ ਰਹੇ ਹਨ। ਠੰਡਾ ਪਾਣੀ ਤੇ ਜੂਸ ਦੀਆਂ ਦੁਕਾਨਾਂ 'ਤੇ ਵੀ ਲੋਕਾਂ ਦੀ ਆਵਾਜਾਈ ਵਧਣ ਲੱਗੀ ਹੈ। ਮੌਸਮ ਮਾਹਿਰਾਂ ਮੁਤਾਬਕ ਆਉਣ ਵਾਲੇ ਦਿਨਾਂ ਵਿਚ ਗਰਮੀ ਹੋਰ ਵਧ ਸਕਦੀ ਹੈ। ਸਾਫ ਆਸਮਾਨ ਤੇ ਲਗਾਤਾਰ ਤੇਜ਼ ਧੁਪ (ਬਾਕੀ ਸਫਾ 2 'ਤੇ)

## ਪੰਜਾਬ ਦੇ ਸ਼ਹਿਰਾਂ 'ਚ ਹਵਾਈ ਸੇਵਾਵਾਂ ਬਾਰੇ ਫ਼ੈਸਲਾ ਨਿੱਜੀ ਏਅਰਲਾਈਨਾਂ ਦੇ ਹੱਥ: ਕੇਂਦਰ

ਨਵੀਂ ਦਿੱਲੀ, 9 ਮਾਰਚ (ਚ.ਨ.ਸ.): ਕੇਂਦਰ ਸਰਕਾਰ ਨੇ ਸਪਸ਼ਟ ਕੀਤਾ ਹੈ ਕਿ ਪੰਜਾਬ ਦੇ ਸ਼ਹਿਰਾਂ ਤੋਂ ਉਡਾਣਾਂ ਸ਼ੁਰੂ ਕਰਨੀਆਂ ਜਾਂ ਵਧਾਉਣੀਆਂ ਪੂਰੀ ਤਰ੍ਹਾਂ ਨਿੱਜੀ ਏਅਰਲਾਈਨਾਂ ਦੇ ਹੱਥ ਵਿੱਚ ਹੈ। 1994 ਦੇ ਕਾਨੂੰਨੀ ਬਦਲਾਅ ਤੋਂ ਬਾਅਦ, ਕੰਪਨੀਆਂ ਆਪਣੀ ਮਰਜ਼ੀ ਅਨੁਸਾਰ ਰੂਟ ਅਤੇ ਜਹਾਜ਼ਾਂ ਦੀ ਗਿਣਤੀ ਤੈਅ ਕਰਦੀਆਂ ਹਨ। ਇਹ ਫੈਸਲੇ ਮੁੱਖ ਤੌਰ 'ਤੇ ਇਸ ਗੱਲ 'ਤੇ ਨਿਰਭਰ ਕਰਦੇ ਹਨ ਕਿ ਕਿਸੇ ਰੂਟ ਤੋਂ ਕੰਪਨੀ ਨੂੰ ਕਿੰਨਾ ਮੁਨਾਫ਼ਾ ਹੋ ਰਿਹਾ ਹੈ। ਸਰਕਾਰ ਨੇ ਦੱਸਿਆ ਕਿ ਪੰਜਾਬ ਦੇ ਛੋਟੇ ਹਵਾਈ ਅੱਡਿਆਂ ਨੂੰ ਦੇਸ਼ ਦੇ ਹਵਾਈ ਨੈੱਟਵਰਕ ਨਾਲ ਜੋੜਨ ਲਈ ਰਿਜਨਲ ਕੁਨੈਕਟੀਵਿਟੀ ਸਕੀਮ' ਤਹਿਤ ਕੰਮ ਕੀਤਾ ਗਿਆ ਹੈ। ਇਸ ਯੋਜਨਾ ਦਾ ਮੁੱਖ ਉਦੇਸ਼ ਲੁਧਿਆਣਾ, ਬਠਿੰਡਾ ਅਤੇ ਪਠਾਨਕੋਟ ਵਰਗੇ ਸ਼ਹਿਰਾਂ ਨੂੰ ਹਵਾਈ ਨਕਸ਼ੇ 'ਤੇ ਲਿਆਉਣਾ ਹੈ (ਬਾਕੀ ਸਫਾ 2 'ਤੇ)

*ਦਿੱਲੀ ਸ਼ਰਾਬ ਨੀਤੀ ਮਾਮਲਾ*

## ਹਾਈ ਕੋਰਟ ਵੱਲੋਂ ਕੇਜਰੀਵਾਲ-ਸਿਸੋਦੀਆ ਸਮੇਤ 23 ਮੁਲਜ਼ਮਾਂ ਖ਼ਿਲਾਫ਼ ਨੋਟਿਸ ਜਾਰੀ

ਚੜ੍ਹਦੀਕਲਾ ਬਿਊਰੋ
================

ਨਵੀਂ ਦਿੱਲੀ, 9 ਮਾਰਚ:ਦਿੱਲੀ ਹਾਈ ਕੋਰਟ ਨੇ ਸੋਮਵਾਰ (9 ਮਾਰਚ) ਨੂੰ ਦਿੱਲੀ ਸ਼ਰਾਬ ਨੀਤੀ ਮਾਮਲੇ ਵਿੱਚ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅਤੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਸਮੇਤ 23 ਮੁਲਜ਼ਮਾਂ ਨੂੰ ਨੋਟਿਸ ਜਾਰੀ ਕਰਕੇ ਉਨ੍ਹਾਂ ਤੋਂ ਜਵਾਬ ਮੰਗੇ ਹਨ। ਹਾਈ ਕੋਰਟ ਨੇ ਸੀ.ਬੀ.ਆਈ. ਅਧਿਕਾਰੀਆਂ ਵਿਰੁੱਧ ਹੇਠਲੀ ਅਦਾਲਤ ਦੀਆਂ ਟਿੱਪਣੀਆਂ 'ਤੇ ਰੋਕ ਲਗਾ ਦਿੱਤੀ। ਜਸਟਿਸ ਸਵਰਨ ਕਾਂਤਾ ਸ਼ਰਮਾ ਨੇ ਇਹ ਵੀ ਨਿਰਦੇਸ਼ ਦਿੱਤਾ ਕਿ ਹੇਠਲੀ ਅਦਾਲਤ ਸਬੰਧਤ ਮਨੀ ਲਾਂਡਰਿੰਗ (ਪੀ.ਐਮ.ਐਲ.ਏ.) ਮਾਮਲੇ ਵਿੱਚ ਅਗਲੀ ਸੁਣਵਾਈ ਉਦੋਂ ਤੱਕ ਮੁਲਤਵੀ ਕਰੇ ਜਦੋਂ ਤੱਕ ਹਾਈ ਕੋਰਟ ਮਾਮਲੇ ਦੀ ਹੋਰ ਸੁਣਵਾਈ ਨਹੀਂ ਕਰਦੀ। 27 ਫਰਵਰੀ ਨੂੰ, ਹੇਠਲੀ ਅਦਾਲਤ ਨੇ ਮਾਮਲੇ ਦੇ ਸਾਰੇ 23 ਮੁਲਜ਼ਮਾਂ ਨੂੰ ਬਰੀ ਕਰ ਦਿੱਤਾ। ਕੇਂਦਰੀ ਜਾਂਚ ਬਿਊਰੋ (ਸੀ.ਬੀ.ਆਈ.) ਨੇ ਇਸ ਹੁਕਮ ਨੂੰ ਹਾਈ ਕੋਰਟ ਵਿੱਚ ਚੁਣੌਤੀ ਦਿੱਤੀ ਹੈ। ਆਪਣੀ 974 ਪੰਨਿਆਂ ਦੀ ਪਟੀਸ਼ਨ ਵਿੱਚ, (ਬਾਕੀ ਸਫਾ 2 'ਤੇ)



## ਸਿੱਖਿਆ ਨੂੰ ਅਰਥਚਾਰੇ ਦੀਆਂ ਅਸਲ ਜ਼ਰੂਰਤਾਂ ਨਾਲ ਜੋੜਨ 'ਤੇ ਧਿਆਨ ਦੇਣ ਦੀ ਲੋੜ: ਮੋਦੀ

ਚੜ੍ਹਦੀਕਲਾ ਬਿਊਰੋ
================

ਨਵੀਂ ਦਿੱਲੀ, 9 ਮਾਰਚ:ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੋਮਵਾਰ ਨੂੰ ਦੇਸ਼ ਦੀ ਸਿੱਖਿਆ ਪ੍ਰਣਾਲੀ ਨੂੰ ਅਰਥਵਿਵਸਥਾ ਦੀਆਂ ਅਸਰ ਜ਼ਰੂਰਤਾਂ ਨਾਲ ਜੋੜਨ ਦੀ ਪ੍ਰਕਿਰਿਆ ਨੂੰ ਤੇਜ਼ ਕਰਨ ਦਾ ਸੱਦਾ ਦਿੰਦੇ ਹੋਏ ਕਿਹਾ ਕਿ ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) ਅਤੇ ਆਟੋਮੇਸ਼ਨ ਵਰਗੇ ਖੇਤਰਾਂ 'ਤੇ ਧਿਆਨ ਕੇਂਦਰਿਤ ਕਰਨ ਦੀ ਲੋੜ ਹੈ।



ਪ੍ਰਧਾਨ ਮੰਤਰੀ ਮੋਦੀ ਨੇ ਵਿੱਤੀ ਸਾਲ 2026-27 ਦੇ ਬਜਟ 'ਤੇ ਆਯੋਜਿਤ ਇਕ ਵੈਬਿਨਾਰ ਨੂੰ ਸੰਬੋਧਨ ਕਰਦੇ ਹੋਏ ਕਿਹਾ, 'ਸਾਨੂੰ ਆਪਣੀ ਸਿੱਖਿਆ ਪ੍ਰਣਾਲੀ ਨੂੰ ਅਰਥਵਿਵਸਥਾ ਦੀਆਂ ਅਸਲ ਜ਼ਰੂਰਤਾਂ ਨਾਲ ਜੋੜਨ ਦੀ ਪ੍ਰਕਿਰਿਆ ਨੂੰ ਹੋਰ ਤੇਜ਼ ਕਰਨਾ ਚਾਹੀਦਾ ਹੈ। ਸਾਨੂੰ ਏਆਈ, ਆਟੋਮੇਸ਼ਨ, ਡਿਜੀਟਲ ਅਰਥਵਿਵਸਥਾ ਅਤੇ ਡਿਜ਼ਾਈਨ-ਅਗਵਾਈ ਵਾਲੇ ਨਿਰਮਾਣ ਵਰਗੇ ਵਿਸ਼ਿਆਂ 'ਤੇ ਧਿਆਨ ਕੇਂਦਰਿਤ ਕਰਨਾ ਚਾਹੀਦਾ ਹੈ।' ਉਨ੍ਹਾਂ ਕਿਹਾ ਕਿ ਭਾਰਤ ਇੱਕ ਨਵੀਨਤਾ-ਅਧਾਰਤ ਅਰਥਵਿਵਸਥਾ ਵੱਲ ਵਧ ਰਿਹਾ ਹੈ ਅਤੇ ਇਸ ਲਈ ਸਿੱਖਿਆ, ਹੁਨਰ ਅਤੇ ਉਦਯੋਗ ਵਿਚਕਾਰ ਇੱਕ ਮਜ਼ਬੂਤ ਤਾਲਮੇਲ ਜ਼ਰੂਰੀ ਹੈ। ਸਿਹਤ ਖੇਤਰ ਦਾ ਜ਼ਿਕਰ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਦੇਸ਼ ਅੱਜ 'ਰੋਕਥਾਮ-ਅਧਾਰਤ ਅਤੇ ਸੰਪੂਰਨ ਸਿਹਤ' ਦੇ ਸੰਕਲਪ 'ਤੇ ਅੱਗੇ ਵਧ ਰਿਹਾ ਹੈ। ਉਨ੍ਹਾਂ ਕਿਹਾ, 'ਪਿਛਲੇ ਕੁਝ ਸਾਲਾਂ ਵਿੱਚ, ਦੇਸ਼ ਦੇ ਸਿਹਤ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਗਿਆ ਹੈ ਅਤੇ ਸੈਂਕੜੇ ਜ਼ਿਲ੍ਹਿਆਂ ਵਿੱਚ ਨਵੇਂ ਮੈਡੀਕਲ ਕਾਲਜ ਖੋਲ੍ਹੇ ਗਏ ਹਨ। ਆਯੁਸ਼ਮਾਨ ਭਾਰਤ ਯੋਜਨਾ ਅਤੇ 'ਆਰੋਗਿਆ ਮੰਦਰ' ਰਾਹੀਂ, ਸਿਹਤ ਸੰਭਾਲ ਸੇਵਾਵਾਂ ਹਰ ਪਿੰਡ ਤੱਕ ਪਹੁੰਚ ਗਈਆਂ ਹਨ। ਸਾਡੀਆਂ ਯੋਗਾ ਅਤੇ ਆਯੁਰਵੇਦ ਪ੍ਰਣਾਲੀਆਂ ਵੀ ਦੁਨੀਆ ਭਰ ਵਿੱਚ (ਬਾਕੀ ਸਫਾ 2 'ਤੇ)

*ਨੈਸ਼ਨਲ ਹੈਰਾਲਡ ਮਾਮਲਾ*

## ਗਾਂਧੀ ਪਰਿਵਾਰ ਵਿਰੁੱਧ ਈ.ਡੀ. ਦੀ ਪਟੀਸ਼ਨ 'ਤੇ ਸੁਣਵਾਈ 20 ਅਪ੍ਰੈਲ ਤੱਕ ਟਲੀ

ਚੜ੍ਹਦੀਕਲਾ ਬਿਊਰੋ
================

ਨਵੀਂ ਦਿੱਲੀ, 9 ਮਾਰਚ:ਦਿੱਲੀ ਹਾਈ ਕੋਰਟ ਨੇ ਨੈਸ਼ਨਲ ਹੈਰਾਲਡ ਮਨੀ ਲਾਂਡਰਿੰਗ ਮਾਮਲੇ ਵਿੱਚ ਈ.ਡੀ. ਵੱਲੋਂ ਦਾਇਰ ਪਟੀਸ਼ਨ 'ਤੇ ਸੁਣਵਾਈ ਅਗਲੇ ਮਹੀਨੇ ਤੱਕ ਟਾਲ ਦਿੱਤੀ ਹੈ।



ਅਦਾਲਤ ਹੁਣ 20 ਅਪ੍ਰੈਲ ਨੂੰ ਇਸ ਗੱਲ 'ਤੇ ਬਹਿਸ ਸੁਣੇਗੀ ਕਿ ਕੀ ਸੋਨੀਆ ਗਾਂਧੀ ਅਤੇ ਰਾਹੁਲ ਗਾਂਧੀ ਵਿਰੁੱਧ ਹੇਠਲੀ ਅਦਾਲਤ ਦਾ ਫੈਸਲਾ ਕਾਨੂੰਨੀ ਤੌਰ 'ਤੇ ਸਹੀ ਸੀ ਜਾਂ ਨਹੀਂ। ਦਿੱਲੀ ਹਾਈ ਕੋਰਟ ਨੇ ਸੋਮਵਾਰ ਨੂੰ ਈ.ਡੀ. ਦੀ ਉਸ ਪਟੀਸ਼ਨ 'ਤੇ ਸੁਣਵਾਈ ਲਈ 20 ਅਪ੍ਰੈਲ ਦੀ ਤਰੀਕ ਨਿਰਧਾਰਤ ਕੀਤੀ ਹੈ, ਜਿਸ ਵਿੱਚ ਗਾਂਧੀ ਪਰਿਵਾਰ ਖਿਲਾਫ ਹੇਠਲੀ ਅਦਾਲਤ ਦੇ ਫੈਸਲੇ ਨੂੰ ਚੁਣੌਤੀ ਦਿੱਤੀ ਗਈ ਹੈ। ਅਦਾਲਤ ਨੇ ਈ.ਡੀ. ਦੀ ਉਸ ਸ਼ਿਕਾਇਤ 'ਤੇ ਸੁਣਵਾਈ ਕਰਨੀ ਹੈ ਜਿਸ ਨੂੰ ਟਰਾਇਲ ਕੋਰਟ ਨੇ ਪਹਿਲਾਂ ਰੱਦ ਕਰ ਦਿੱਤਾ ਸੀ। ਜਸਟਿਸ ਸਵਰਨ ਕਾਂਤਾ ਸ਼ਰਮਾ ਨੇ ਕਿਹਾ ਕਿ ਅਦਾਲਤ ਅੱਜ ਇਸ ਮਾਮਲੇ ਦੀ ਸੁਣਵਾਈ ਨਹੀਂ ਕਰ ਸਕੇਗੀ, ਜਿਸ ਤੋਂ ਬਾਅਦ ਅਗਲੀ ਤਰੀਕ 20 ਅਪ੍ਰੈਲ ਦਿੱਤੀ ਗਈ। ਇਹ ਸਾਰਾ ਮਾਮਲਾ ਨੈਸ਼ਨਲ ਹੈਰਾਲਡ ਨਾਲ ਜੁੜੇ ਮਨੀ ਲਾਂਡਰਿੰਗ ਦੇ ਦੋਸ਼ਾਂ 'ਤੇ ਆਧਾਰਿਤ ਹੈ। ਹੇਠਲੀ ਅਦਾਲਤ ਨੇ 16 ਦਸੰਬਰ, 2025 ਨੂੰ (ਬਾਕੀ ਸਫਾ 2 'ਤੇ)

## ਈਰਾਨ ਵੱਲੋਂ ਅਮਰੀਕਾ-ਇਜ਼ਰਾਈਲ ਦੇ ਟਿਕਾਣਿਆਂ 'ਤੇ ਮਿਜ਼ਾਈਲ ਹਮਲੇ

ਚੜ੍ਹਦੀਕਲਾ ਬਿਊਰੋ
================

ਤਹਿਰਾਨ, 9 ਮਾਰਚ: ਈਰਾਨ ਨੇ ਇੱਕ ਵਾਰ ਫਿਰ ਅਮਰੀਕਾ ਅਤੇ ਇਜ਼ਰਾਈਲ ਦੇ ਰਣਨੀਤਕ ਟਿਕਾਣਿਆਂ ਨੂੰ ਨਿਸ਼ਾਨਾ ਬਣਾਉਂਦਿਆਂ ਮਿਜ਼ਾਈਲਾਂ ਦੀ 31ਵੀਂ ਖੇਪ ਦਾਗੀ ਹੈ।



ਇਹ ਹਮਲਾ ਖੇਤਰ ਵਿੱਚ ਲਗਾਤਾਰ ਵਧ ਰਹੇ ਫੌਜੀ ਤਣਾਅ ਦਾ ਹਿੱਸਾ ਹੈ, ਜਿਸ ਨੇ ਪੂਰੇ ਮੱਧ ਪੂਰਬ ਵਿੱਚ ਜੰਗ ਵਰਗੀ ਸਥਿਤੀ ਪੈਦਾ ਕਰ ਦਿੱਤੀ ਹੈ। ਈਰਾਨੀ ਫੌਜ ਨੇ ਦਾਅਵਾ ਕੀਤਾ ਹੈ ਕਿ ਉਨ੍ਹਾਂ ਨੇ ਅਮਰੀਕੀ ਫੌਜੀ ਅੱਡਿਆਂ ਅਤੇ ਇਜ਼ਰਾਈਲ ਦੇ ਅਹਿਮ ਸੁਰੱਖਿਆ ਢਾਂਚੇ ਨੂੰ ਨਿਸ਼ਾਨਾ ਬਣਾਇਆ ਹੈ। ਇਹ ਹਮਲੇ ਪਹਿਲਾਂ ਹੋਏ ਹਵਾਈ ਹਮਲਿਆਂ ਅਤੇ ਹੱਤਿਆਵਾਂ ਦਾ ਬਦਲਾ ਲੈਣ ਦੀ ਮੁਹਿੰਮ ਵਜੋਂ ਦੇਖੇ ਜਾ ਰਹੇ ਹਨ। ਈਰਾਨ ਨੇ ਸਪੱਸ਼ਟ ਕੀਤਾ ਹੈ ਕਿ ਉਹ ਆਪਣੀ ਪ੍ਰਭੂਸੱਤਾ ਦੀ ਰੱਖਿਆ ਲਈ ਅਜਿਹੀਆਂ ਕਾਰਵਾਈਆਂ ਜਾਰੀ ਰੱਖੇਗਾ। ਇਸ ਹਮਲੇ ਤੋਂ ਬਾਅਦ ਇਜ਼ਰਾਈਲ ਦੀ 'ਆਇਰਨ ਡੋਮ' ਅਤੇ ਨਾਟੋ ਦੀ ਹਵਾਈ ਰੱਖਿਆ ਪ੍ਰਣਾਲੀ ਸਰਗਰਮ ਹੋ ਗਈ। ਰਿਪੋਰਟਾਂ ਮੁਤਾਬਕ ਕਈ ਮਿਜ਼ਾਈਲਾਂ ਨੂੰ ਹਵਾ ਵਿੱਚ ਹੀ ਨਸ਼ਟ ਕਰ ਦਿੱਤਾ ਗਿਆ, ਜਦਕਿ ਕੁਝ ਮਿਜ਼ਾਈਲਾਂ ਦੇ ਟੁਕੜੇ ਰਿਹਾਇਸ਼ੀ ਅਤੇ ਖਾਲੀ ਇਲਾਕਿਆਂ ਵਿੱਚ ਡਿੱਗੇ। ਅਮਰੀਕੀ ਰੱਖਿਆ ਵਿਭਾਗ ਫਿਲਹਾਲ ਆਪਣੇ ਜਾਨੀ ਅਤੇ (ਬਾਕੀ ਸਫਾ 2 'ਤੇ)

## ਮਜਬੂਰੀ ਕਾਰਨ ਲੜ ਰਹੇ ਹਾਂ ਜੰਗ: ਈਰਾਨ

ਤਹਿਰਾਨ, 9 ਮਾਰਚ (ਚ.ਨ.ਸ.): ਈਰਾਨ ਨੇ ਕਿਹਾ ਹੈ ਕਿ ਉਹ ਮਜਬੂਰੀ ਕਾਰਨ ਜੰਗ ਲੜ ਰਿਹਾ ਹੈ, ਇਹ ਉਸ ਦੀ ਪਸੰਦ ਨਹੀਂ ਹੈ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਇਸਮਾਈਲ ਬਘਾਈ ਨੇ ਸੋਮਵਾਰ ਨੂੰ ਇੱਕ ਪ੍ਰੈਸ ਬ੍ਰੀਫਿੰਗ ਦੌਰਾਨ ਕਿਹਾ ਕਿ ਜੰਗ ਦੇਸ਼ 'ਤੇ ਥੋਪੀ ਗਈ ਹੈ। ਜੰਗਬੰਦੀ ਦੀ ਵਿਚੋਲਗੀ ਦੀ ਸੰਭਾਵਨਾ ਬਾਰੇ ਪੁੱਛੇ ਜਾਣ 'ਤੇ ਉਨ੍ਹਾਂ ਕਿਹਾ ਕਿ ਇਸ ਸਮੇਂ ਅਜਿਹਾ ਬਿਆਨ ਦੇਣਾ ਅਣਉਚਿਤ ਹੋਵੇਗਾ। ਬਘਾਈ ਨੇ ਕਿਹਾ ਕਿ ਫੌਜੀ ਟਕਰਾਅ ਜਾਰੀ ਹੈ ਅਤੇ ਰਾਸ਼ਟਰੀ ਰੱਖਿਆ ਤੋਂ ਇਲਾਵਾ (ਬਾਕੀ ਸਫਾ 2 'ਤੇ)

## ਈਰਾਨ ਯੁੱਧ ਕਾਰਨ ਸੈਂਸੈਕਸ 1,353 ਅੰਕ ਡਿੱਗ ਕੇ 77,566 'ਤੇ ਬੰਦ ਹੋਇਆ

ਮੁੰਬਈ, 9 ਮਾਰਚ (ਚ.ਨ.ਸ.): ਅਮਰੀਕਾ, ਇਜ਼ਰਾਈਲ ਅਤੇ ਈਰਾਨ ਟਕਰਾਅ ਕਾਰਨ ਅੱਜ, 9 ਮਾਰਚ ਨੂੰ ਸਟਾਕ ਮਾਰਕੀਟ ਵਿੱਚ ਕਾਫ਼ੀ ਗਿਰਾਵਟ ਆਈ। ਸੈਂਸੈਕਸ 1,353 ਅੰਕ (1.71%) ਡਿੱਗ ਕੇ 77,566 'ਤੇ ਬੰਦ ਹੋਇਆ।ਨਿਫਟੀ ਵੀ 422 ਅੰਕ (1.73%) ਡਿੱਗ ਕੇ 24,028 'ਤੇ ਬੰਦ ਹੋਇਆ। ਬੈਂਕ, ਆਟੋ, ਧਾਤ, ਊਰਜਾ ਅਤੇ ਐਫ.ਐਮ.ਸੀ.ਜੀ.ਸਟਾਕਾਂ ਵਿੱਚ ਅੱਜ ਭਾਰੀ ਵਿਕਰੀ ਦੇਖਣ ਨੂੰ ਮਿਲੀ। ਭੂ-ਰਾਜਨੀਤਿਕ ਤਣਾਅ ਅਤੇ ਯੁੱਧ ਵਰਗੀਆਂ ਸਥਿਤੀਆਂ ਵਿੱਚ ਮਹਿੰਗਾਈ ਵਧਣ ਦਾ ਖ਼ਤਰਾ ਹੈ। ਇਹ ਕਾਰਪੋਰੇਟ ਮੁਨਾਫ਼ੇ ਨੂੰ ਘਟਾ ਸਕਦਾ ਹੈ। ਇਸ ਲਈ, ਨਿਵੇਸ਼ਕ ਆਪਣੇ ਸ਼ੇਅਰ ਵੇਚਣੇ ਸ਼ੁਰੂ ਕਰ ਦਿੰਦੇ ਹਨ ਅਤੇ ਸੁਰੱਖਿਅਤ ਪਨਾਹਗਾਹਾਂ ਦੀ ਭਾਲ ਕਰਦੇ ਹਨ, ਜਿਸ ਨਾਲ ਬਾਜ਼ਾਰ ਵਿੱਚ ਗਿਰਾਵਟ ਆਉਂਦੀ ਹੈ।

*ਛੱਤਰਪਤੀ ਕਤਲ ਕੇਸ*

## ਹਾਈਕੋਰਟ ਨੇ ਰਾਮ ਰਹੀਮ ਨੂੰ ਸੀ.ਬੀ.ਆਈ. ਜਾਂਚ 'ਚ ਬੇਨਿਯਮੀਆਂ ਕਾਰਨ ਕੀਤਾ ਬਰੀ !

ਚੜ੍ਹਦੀਕਲਾ ਬਿਊਰੋ
================

ਚੰਡੀਗੜ੍ਹ, 9 ਮਾਰਚ:ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਪੱਤਰਕਾਰ ਰਾਮ ਚੰਦਰ ਛੱਤਰਪਤੀ ਕਤਲ ਕੇਸ ਵਿੱਚ ਡੇਰਾ ਸੱਚਾ ਸੌਦਾ ਮੁਖੀ ਗੁਰਮੀਤ ਰਾਮ ਰਹੀਮ ਸਿੰਘ ਨੂੰ 'ਬੈਨੀਫਿਟ ਆਫ ਡਾਊਟ' (ਸ਼ੱਕ ਦਾ ਲਾਭ) ਦਿੰਦੇ ਹੋਏ ਬਰੀ ਕਰ ਦਿੱਤਾ ਹੈ। ਅਦਾਲਤ ਨੇ ਆਪਣੇ 111 ਪੰਨਿਆਂ ਦੇ ਵਿਸਤ੍ਰਿਤ ਫੈਸਲੇ ਵਿੱਚ ਕੇਂਦਰੀ ਜਾਂਚ ਬਿਊਰੋ (ਸੀ.ਬੀ.ਆਈ.) ਦੀ ਜਾਂਚ 'ਤੇ ਗੰਭੀਰ ਸਵਾਲ ਚੁੱਕੇ ਹਨ।




ਹਾਈਕੋਰਟ ਅਨੁਸਾਰ, ਇਸਤਗਾਸਾ ਪੱਖ (ਪੀੜਤ ਧਿਰ) ਰਾਮ ਰਹੀਮ ਵਿਰੁੱਧ ਸਾਜਿਸ਼ ਦੇ ਦੋਸ਼ਾਂ ਨੂੰ 'ਸ਼ੱਕ ਤੋਂ ਪਰੇ' ਸਾਬਤ ਕਰਨ ਵਿੱਚ ਪੂਰੀ ਤਰ੍ਹਾਂ ਅਸਫਲ ਰਿਹਾ ਹੈ। ਅਦਾਲਤ ਨੇ ਪਾਇਆ ਕਿ ਕੰਪਨੀ ਦਾ ਪੂਰਾ ਕੇਸ ਮੁੱਖ ਤੌਰ 'ਤੇ ਗਵਾਹ ਖੱਟਾ ਸਿੰਘ ਦੇ ਬਿਆਨਾਂ 'ਤੇ ਟਿਕਿਆ ਹੋਇਆ ਸੀ, ਜਿਸ ਦੀ ਗਵਾਹੀ ਬਹੁਤ ਜ਼ਿਆਦਾ ਅਸਥਿਰ ਸੀ ਅਤੇ ਉਹ ਵਾਰ-ਵਾਰ ਆਪਣੇ ਬਿਆਨਾਂ ਤੋਂ ਪਲਟਦਾ ਰਿਹਾ, ਜਿਸ ਕਾਰਨ ਉਸ ਨੂੰ ਭਰੋਸੇਯੋਗ ਗਵਾਹ ਨਹੀਂ ਮੰਨਿਆ ਜਾ ਸਕਦਾ। ਅਦਾਲਤ ਨੇ ਸੀਬੀਆਈ ਦੀ ਕਾਰਜਪ੍ਰਣਾਲੀ ਦੀ ਸਖ਼ਤ ਨਿੰਦਾ ਕਰਦਿਆਂ ਕਿਹਾ ਕਿ ਅਜਿਹਾ ਜਾਪਦਾ ਹੈ ਕਿ ਜਿਵੇਂ ਏਜੰਸੀ ਨੇ ਜਾਂਚ ਨੂੰ ਕਿਸੇ ਨਤੀਜੇ ਤੱਕ ਪਹੁੰਚਾਉਣ ਦੇ ਦਬਾਅ ਹੇਠ ਗਵਾਹਾਂ ਨੂੰ ਮਜਬੂਰ ਕੀਤਾ। ਫੈਸਲੇ ਵਿੱਚ ਇਸ ਗੱਲ ਦਾ ਵੀ ਜ਼ਿਕਰ ਕੀਤਾ ਗਿਆ ਹੈ ਕਿ ਜਦੋਂ (ਬਾਕੀ ਸਫਾ 2 'ਤੇ)

## ਪੰਜਾਬ 'ਵਰਸਿਟੀ 'ਚ ਭਾਜਪਾ ਤੇ ਸੰਘ ਦਾ ਵਿਰੋਧ ਕਰਦੇ ਵਿਦਿਆਰਥੀਆਂ ਦੀ ਖਿੱਚ-ਧੂਹ



ਚੜ੍ਹਦੀਕਲਾ ਬਿਊਰੋ
================

ਚੰਡੀਗੜ੍ਹ, 9 ਮਾਰਚ: ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਚ ਅੱਜ ਕਰਵਾਏ ਗਏ ਇਕ ਸੈਮੀਨਾਰ ਵਿੱਚ ਭਾਜਪਾ ਅਤੇ ਆਰ.ਐੱਸ.ਐੱਸ. ਪ੍ਰਚਾਰਕਾਂ ਦਾ ਵਿਰੋਧ ਕਰ ਰਹੇ ਵੱਖ-ਵੱਖ ਵਿਦਿਆਰਥੀ ਜਥੇਬੰਦੀਆਂ ਦੇ ਆਗੂਆਂ ਨੂੰ ਚੰਡੀਗੜ੍ਹ ਪੁਲਿਸ ਦੀ ਖਿੱਚ ਧੂਹ ਦਾ ਸਾਹਮਣਾ ਕਰਨਾ ਪਿਆ। ਇਨ੍ਹਾਂ ਵਿਦਿਆਰਥੀਆਂ 'ਤੇ ਪੁਲਿਸ ਵੱਲੋਂ ਲਾਠੀਚਾਰਜ ਵੀ ਕੀਤਾ ਗਿਆ। ਇਸ ਤੋਂ ਇਲਾਵਾ ਪੁਲਿਸ ਵਲੋਂ ਪ੍ਰਦਰਸ਼ਨਕਾਰੀ ਵਿਦਿਆਰਥੀਆਂ ਨੂੰ ਹਿਰਾਸਤ ਵਿੱਚ ਵੀ ਲਿਆ ਗਿਆ। ਸੱਥ ਦੇ ਵਿਦਿਆਰਥੀ ਆਗੂ ਅਤੇ ਵਿਦਿਆਰਥੀ ਕੌਂਸਲ ਦੇ ਮੀਤ ਪ੍ਰਧਾਨ ਅਸ਼ਮੀਤ ਸਿੰਘ ਨੇ (ਬਾਕੀ ਸਫਾ 2 'ਤੇ)

*ਭਾਜਪਾ ਪੰਜਾਬ 'ਚ ਰਾਜਨੀਤੀ ਦੇ ਸਾਰੇ ਪੱਤੇ ਖੋਲ੍ਹੇਗੀ*

## ਮੋਗਾ ਰੈਲੀ ਅਤੇ ਪੰਜਾਬ ਦੀ ਸਿਆਸਤ: ਕੀ ਭਾਜਪਾ ਨਵਾਂ ਅਧਿਆਇ ਲਿੱਖ ਸਕੇਗੀ ?

### ਬਾਕੀ ਪਾਰਟੀਆਂ ਦੇ ਭਗੌੜੇ ਤੇ ਨਕਾਰਾ ਨੇਤਾਵਾਂ ਨੂੰ ਸ਼ਾਇਦ ਭਾਜਪਾ 'ਚ ਦਾਖ਼ਲਾ ਨਹੀਂ

ਪ੍ਰੋ.ਡਾ. ਕ੍ਰਿਸ਼ਨ ਕੁਮਾਰ ਰੱਤੂ
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ
==============

2027 ਦੀਆਂ ਚੋਣਾਂ ਲਈ ਪੰਜਾਬ ਵਿੱਚ ਭਾਜਪਾ ਆਪਣੇ ਸਾਰੇ ਪੱਤੇ ਖੋਲ੍ਹੇਗੀ । ਭਰੋਸੇਯੋਗ ਸੂਤਰਾਂ ਦੀ ਖਬਰ ਅਨੁਸਾਰ ਪੰਜਾਬ ਦੀ ਰਾਜਨੀਤੀ ਇੱਕ ਵਾਰ ਫਿਰ ਚੋਣ ਮੋਡ ਵਿੱਚ ਦਿਖਾਈ ਦੇ ਰਹੀ ਹੈ। ਜਦੋਂ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਅਗਵਾਈ ਵਿੱਚ ਭਾਰਤੀ ਜਨਤਾ ਪਾਰਟੀ ਮੋਗਾ ਵਿੱਚ ਇੱਕ ਵੱਡੀ ਰੈਲੀ ਕਰਨ ਜਾ ਰਹੀ ਹੈ, ਤਾਂ ਇਹ ਸਿਰਫ਼ ਇੱਕ ਸਿਆਸੀ ਇਕੱਠ ਨਹੀਂ, ਸਗੋਂ ਪੰਜਾਬ ਦੀ ਭਵਿੱਖੀ ਰਾਜਨੀਤਿਕ ਦਿਸ਼ਾ ਲਈ ਸੰਕੇਤ ਵੀ ਮੰਨੀ ਜਾ ਰਹੀ ਹੈ।

ਅੱਜ ਬਹੁਤ ਸਾਰੇ ਵਿਸ਼ਲੇਸ਼ਕ ਇਸ ਨੂੰ ਆਉਣ ਵਾਲੀਆਂ ਚੋਣਾਂ ਲਈ ਬਿਗਲ ਵਜਾਉਣ ਵਾਂਗ ਦੇਖ ਰਹੇ ਹਨ। ਪਰ ਸਵਾਲ ਇਹ ਹੈ ਕਿ ਕੀ ਭਾਜਪਾ ਪੰਜਾਬ ਵਿੱਚ ਸੱਚਮੁੱਚ ਇੱਕ ਨਵਾਂ ਰਾਜਨੀਤਿਕ ਅਧਿਆਇ ਲਿਖ ਸਕੇਗੀ ਜਾਂ ਫਿਰ ਇਹ ਵੀ ਰਵਾਇਤੀ ਸਿਆਸੀ ਖੇਡ ਦਾ ਹੀ ਇੱਕ ਨਵਾਂ ਪੜਾਅ ਹੋਵੇਗਾ ?

ਪੰਜਾਬ ਵਿੱਚ ਭਾਜਪਾ ਦੀ ਸਥਿਤੀ ਹਮੇਸ਼ਾ ਤੋਂ ਕੁਝ ਵੱਖਰੀ ਰਹੀ ਹੈ। ਲੰਮੇ ਸਮੇਂ ਤੱਕ ਉਹ ਸ਼੍ਰੋਮਣੀ ਅਕਾਲੀ ਦਲ ਦੇ ਨਾਲ ਗਠਜੋੜ ਵਿੱਚ ਰਹੀ ਅਤੇ ਇੱਕ ਛੋਟੇ ਸਾਥੀ ਵਜੋਂ ਆਪਣਾ ਰੋਲ ਨਿਭਾਉਂਦੀ ਰਹੀ। ਪਰ ਕਿਸਾਨ ਅੰਦੋਲਨ ਤੋਂ ਬਾਅਦ ਇਹ ਗਠਜੋੜ ਟੁੱਟ ਗਿਆ ਅਤੇ ਭਾਜਪਾ ਨੂੰ ਪੰਜਾਬ ਵਿੱਚ ਆਪਣੇ ਪੈਰਾਂ 'ਤੇ ਖੜ੍ਹਾ ਹੋਣ ਦੀ ਚੁਣੌਤੀ ਸਾਹਮਣੇ ਆ ਗਈ। ਇਹ ਉਹ ਮੋੜ ਸੀ ਜਦੋਂ ਪਾਰਟੀ ਨੇ ਖੁਦ ਨੂੰ ਇੱਕ ਵੱਡੀ ਸਿਆਸੀ ਤਾਕਤ ਵਜੋਂ ਸਥਾਪਿਤ ਕਰਨ ਦੀ ਕੋਸ਼ਿਸ਼ ਸ਼ੁਰੂ ਕੀਤੀ ਹੈ ।

ਪਰ ਇਸ ਕੋਸ਼ਿਸ਼ ਵਿੱਚ ਸਭ ਤੋਂ ਵੱਡੀ ਦਿਲਚਸਪ ਗੱਲ ਇਹ ਹੈ ਕਿ ਭਾਜਪਾ ਦੀ ਤਾਕਤ ਬਣ ਰਹੇ ਕਈ ਚਿਹਰੇ ਉਹ ਹਨ ਜੋ ਪਹਿਲਾਂ ਹੋਰ ਪਾਰਟੀਆਂ ਵਿੱਚ ਰਹੇ ਹਨ। ਕਾਂਗਰਸ, ਅਕਾਲੀ ਦਲ ਜਾਂ ਹੋਰ ਰਾਜਨੀਤਿਕ ਧੜਿਆਂ ਤੋਂ ਆਏ ਕਈ ਅਜਿਹੇ ਲੋਕ ਭਾਜਪਾ ਵਿੱਚ ਸ਼ਾਮਿਲ ਹੋਏ ਹਨ ਜਿਨ੍ਹਾਂ ਦੀ ਆਪਣੀ ਸਿਆਸੀ ਸਾਖ ਕਾਫੀ ਹੱਦ ਤੱਕ ਖ਼ਤਮ ਹੋ ਚੁੱਕੀ ਸੀ। ਪੰਜਾਬ ਦੀ ਸਿਆਸਤ ਵਿੱਚ ਅਕਸਰ ਇਹ ਟਿੱਪਣੀ ਸੁਣਨ ਨੂੰ ਮਿਲਦੀ ਹੈ ਕਿ ਇਹ ਨਵੇਂ ਚਿਹਰੇ ਦਰਅਸਲ ਪੁਰਾਣੀ ਰਾਜਨੀਤੀ ਦੇ ਹੀ ਨਵੇਂ ਬਿੰਬ ਹਨ।

ਇਹ ਵੀ ਸੱਚ ਹੈ ਕਿ ਪੰਜਾਬ ਦੀ ਰਾਜਨੀਤੀ ਵਿੱਚ ਧਨ ਅਤੇ ਪ੍ਰਭਾਵ ਦਾ ਦਖਲ ਹਮੇਸ਼ਾ ਤੋਂ ਇੱਕ ਵੱਡਾ ਤੱਤ ਰਿਹਾ ਹੈ। ਇਸ ਕਰਕੇ ਕਈ ਧਨੀ ਉਦਯੋਗਪਤੀ ਜਾਂ ਪ੍ਰਭਾਵਸ਼ਾਲੀ ਪਰਿਵਾਰ ਵੀ ਸਿਆਸਤ ਵਿੱਚ ਦਾਖ਼ਲ ਹੋ ਕੇ ਪਾਰਟੀਆਂ ਲਈ ਆਕਰਸ਼ਣ ਬਣ ਜਾਂਦੇ ਹਨ। ਭਾਜਪਾ ਦੇ ਹਾਲੀਆ ਵਿਸਥਾਰ ਵਿੱਚ ਵੀ ਇਹ ਰੁਝਾਨ ਦਿਖਾਈ ਦਿੰਦਾ ਹੈ। ਪਰ ਸਵਾਲ ਇਹ ਹੈ ਕਿ ਕੀ ਸਿਰਫ਼ ਪਾਰਟੀ ਬਦਲਣ ਨਾਲ ਰਾਜਨੀਤੀ ਦੀ ਗੁਣਵੱਤਾ ਬਦਲ ਸਕਦੀ ਹੈ ? ਇਸੇ ਦੌਰਾਨ ਪੰਜਾਬ ਦੀਆਂ ਹੋਰ ਪਾਰਟੀਆਂ ਵੀ ਆਪਣੀ ਮੌਜੂਦਗੀ ਮਜ਼ਬੂਤ ਕਰਨ ਵਿੱਚ ਲੱਗੀਆਂ ਹਨ। ਸ਼੍ਰੋਮਣੀ ਅਕਾਲੀ ਦਲ ਲਗਾਤਾਰ ਆਪਣੀਆਂ (ਬਾਕੀ ਸਫਾ 2 'ਤੇ)

*ਸ੍ਰੀ ਅੰਬ ਸਾਹਿਬ ਜ਼ਮੀਨ ਘੋਟਾਲਾ*

## ਸ਼੍ਰੋਮਣੀ ਕਮੇਟੀ ਵੱਲੋਂ ਸਕੱਤਰ ਪ੍ਰਤਾਪ ਸਿੰਘ ਮੁਅੱਤਲ, ਬਹੁ ਕਰੋੜੀ ਜ਼ਮੀਨ ਮਾਮਲੇ 'ਚ ਕਾਰਵਾਈ ਤੇਜ਼

ਬਬਲੂ ਮਹਾਜਨ
================

ਅੰਮ੍ਰਿਤਸਰ, 9 ਮਾਰਚ:ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਅੰਬ ਸਾਹਿਬ, ਮੋਹਾਲੀ ਨਾਲ ਜੁੜੇ ਬਹੁ ਕਰੋੜੀ ਜ਼ਮੀਨ ਘੋਟਾਲੇ ਦੇ ਮਾਮਲੇ ਵਿੱਚ ਸਖ਼ਤ ਕਾਰਵਾਈ ਕਰਦਿਆਂ ਸਕੱਤਰ ਪ੍ਰਤਾਪ ਸਿੰਘ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ। ਇਹ ਫੈਸਲਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਸਬ ਕਮੇਟੀ ਦੀ ਰਿਪੋਰਟ ਦੀ ਸ਼ਿਫਾਰਸ਼ ਦੇ ਆਧਾਰ 'ਤੇ ਲਿਆ ਗਿਆ ਹੈ।



ਪ੍ਰਾਪਤ ਜਾਣਕਾਰੀ ਅਨੁਸਾਰ ਪ੍ਰਤਾਪ ਸਿੰਘ ਉੱਤੇ ਦੋਸ਼ ਹੈ ਕਿ ਉਨ੍ਹਾਂ ਵੱਲੋਂ ਗੁਰਦੁਆਰਾ ਸ੍ਰੀ ਅੰਬ ਸਾਹਿਬ ਨਾਲ ਸੰਬੰਧਤ ਜ਼ਮੀਨ ਵੇਚਣ ਲਈ ਇੱਕ ਪੱਤਰ ਜਾਰੀ ਕੀਤਾ ਗਿਆ ਸੀ, ਜਿਸ ਤੋਂ ਬਾਅਦ ਇਹ ਮਾਮਲਾ ਚਰਚਾ ਵਿੱਚ ਆ ਗਿਆ। ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਸ਼੍ਰੋਮਣੀ ਕਮੇਟੀ ਵੱਲੋਂ ਤੁਰੰਤ ਜਾਂਚ ਸ਼ੁਰੂ ਕਰ ਦਿੱਤੀ ਗਈ ਅਤੇ ਇਸ ਸਬੰਧੀ ਸਬ ਕਮੇਟੀ ਬਣਾਈ ਗਈ ਸੀ। ਸਬ ਕਮੇਟੀ ਵੱਲੋਂ ਕੀਤੀ ਗਈ ਜਾਂਚ ਦੀ ਰਿਪੋਰਟ ਦੇ ਆਧਾਰ 'ਤੇ ਹੀ ਇਹ ਕਾਰਵਾਈ ਕੀਤੀ ਗਈ ਹੈ।ਇਸ ਤੋਂ ਪਹਿਲਾਂ ਵੀ ਇਸ ਮਾਮਲੇ ਵਿੱਚ ਗੁਰਦੁਆਰਾ ਸ੍ਰੀ ਅੰਬ ਸਾਹਿਬ ਮੋਹਾਲੀ ਦੇ ਮੈਨੇਜਰ ਨੂੰ 4 ਫਰਵਰੀ ਨੂੰ ਮੁਅੱਤਲ ਕੀਤਾ ਗਿਆ ਸੀ ਅਤੇ ਉਨ੍ਹਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਦੀ ਪ੍ਰਕਿਰਿਆ ਸ਼ੁਰੂ ਕੀਤੀ ਗਈ ਸੀ। (ਬਾਕੀ ਸਫਾ 2 'ਤੇ)

# ਕਾਂਗਰਸ ਆਪਣਾ 2017 ਦਾ ਮੈਨੀਫ਼ੈਸਟੋ ਪੇਸ਼ ਕਰਕੇ, ਦੱਸੇ ਕਿ ਕਿੰਨੇ ਵਾਅਦੇ ਪੂਰੇ ਕੀਤੇ ਗਏ:ਧਾਲੀਵਾਲ

## 'ਆਪ 2017 ਬਨਾਮ 2022 ਦੇ ਚੋਣ ਮਨੋਰਥ ਪੱਤਰ ਦੇ ਵਾਅਦਿਆਂ ਅਤੇ ਕਾਰਗੁਜ਼ਾਰੀ 'ਤੇ ਖੁੱਲ੍ਹੀ ਬਹਿਸ ਲਈ ਤਿਆਰ'

ਚੰਡੀਗੜ੍ਹ, 9 ਮਾਰਚ (ਅੰਮ੍ਰਿਤਪਾਲ ਸਿੰਘ) : ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮੁੱਖ ਬੁਲਾਰੇ ਅਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਪੰਜਾਬ ਵਿਧਾਨ ਸਭਾ ਵਿੱਚ ਕਾਂਗਰਸ ਪਾਰਟੀ ਦੇ ਵਤੀਰੇ ਦੀ ਆਲੋਚਨਾ ਕਰਦਿਆਂ ਕਿਹਾ ਕਿ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਕਾਂਗਰਸ ਨੂੰ ਅਲਾਟ ਕੀਤੇ ਗਏ ਬੋਲਣ ਦੇ ਸਮੇਂ ਦੀ ਦੁਰਵਰਤੋਂ ਕੀਤੀ ਅਤੇ ਕਾਂਗਰਸ ਦੇ ਹੋਰ ਵਿਧਾਇਕਾਂ ਨੂੰ ਬਹਿਸ ਵਿੱਚ ਹਿੱਸਾ ਨਹੀਂ ਲੈਣ ਦਿੱਤਾ।

ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਵਿਧਾਨ ਸਭਾ ਸਥਾਪਤ ਨਿਯਮਾਂ ਅਤੇ ਪ੍ਰਕਿਰਿਆਵਾਂ ਅਨੁਸਾਰ ਚੱਲਦੀ ਹੈ ਅਤੇ ਇਸ ਨੂੰ ਕਿਸੇ ਵਿਅਕਤੀ ਵਿਸ਼ੇਸ਼ ਵੱਲੋਂ ਆਪਣੀ ਨਿੱਜੀ ਸਟੇਜ ਵਜੋਂ ਨਹੀਂ ਵਰਤਿਆ ਜਾ ਸਕਦਾ। ਉਨ੍ਹਾਂ ਇਸ਼ਾਰਾ ਕੀਤਾ ਕਿ ਸਪੀਕਰ ਨੇ ਚਰਚਾ ਦੌਰਾਨ ਕਾਂਗਰਸ ਪਾਰਟੀ ਨੂੰ 16 ਮਿੰਟ ਦਾ ਸਮਾਂ ਦਿੱਤਾ ਸੀ, ਪਰ ਪ੍ਰਤਾਪ ਸਿੰਘ ਬਾਜਵਾ ਇਕੱਲੇ ਹੀ ਅਲਾਟ ਕੀਤੇ ਸਮੇਂ ਤੋਂ ਵੱਧ ਬੋਲੇ ਅਤੇ ਦੂਜੇ ਕਾਂਗਰਸੀ ਵਿਧਾਇਕਾਂ ਨੂੰ ਆਪਣੇ ਵਿਚਾਰ ਪੇਸ਼ ਕਰਨ ਦਾ ਮੌਕਾ ਨਹੀਂ ਦਿੱਤਾ। ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ, ਬਾਜਵਾ ਵੱਲੋਂ ਇਨ੍ਹਾਂ ਵਿਧਾਇਕਾਂ ਨੂੰ ਸਦਨ ਦੇ ਅੰਦਰ ਬੋਲਣ ਤੱਕ ਨਹੀਂ ਦਿੱਤਾ ਜਾਂਦਾ ਅਤੇ ਫਿਰ ਉਹ ਬਾਹਰ ਆ ਕੇ ਬੇਲੋੜਾ ਰੌਲਾ ਪਾਉਂਦੇ ਹਨ।



ਕੁਲਦੀਪ ਸਿੰਘ ਧਾਲੀਵਾਲ ਨੇ ਪ੍ਰਤਾਪ ਸਿੰਘ ਬਾਜਵਾ ਵੱਲੋਂ ਵਾਰ-ਵਾਰ ਆਪਣੇ ਪੁਰਾਣੇ ਅਹੁਦਿਆਂ ਜਿਵੇਂ ਕਿ ਸਾਂਸਦ, ਮੰਤਰੀ ਅਤੇ ਵਿਧਾਇਕ ਹੋਣ ਦਾ ਹਵਾਲਾ ਦੇਣ 'ਤੇ ਵੀ ਇਤਰਾਜ਼ ਜਤਾਇਆ। ਉਨ੍ਹਾਂ ਕਿਹਾ ਕਿ ਅਜਿਹਾ ਵਿਵਹਾਰ ਸਦਨ ਦੀ ਮਰਿਆਦਾ ਦੇ ਅਨੁਕੂਲ ਨਹੀਂ ਹੈ। ਉਨ੍ਹਾਂ ਕਿਹਾ ਕਿ।ਵਿਧਾਨ ਸਭਾ ਕਾਦੀਆਂ ਦਾ ਕੋਈ ਗਲੀ-ਮੁਹੱਲਾ ਨਹੀਂ ਹੈ ਜਿੱਥੇ ਕੋਈ ਵੀ ਨਿਯਮਾਂ ਦੀ ਪਾਲਣਾ ਕੀਤੇ ਬਿਨਾਂ ਜੋ ਮਰਜ਼ੀ ਬੋਲ ਸਕੇ। ਸਦਨ ਇੱਕ ਉਚਿਤ ਪ੍ਰਣਾਲੀ ਅਤੇ ਅਨੁਸ਼ਾਸਨ ਦੇ ਤਹਿਤ ਕੰਮ ਕਰਦਾ ਹੈ।

ਕਾਂਗਰਸ 'ਤੇ ਹੋਰ ਨਿਸ਼ਾਨਾ ਸਾਧਦਿਆਂ 'ਆਪ' ਪੰਜਾਬ ਦੇ ਮੁੱਖ ਬੁਲਾਰੇ ਨੇ ਉਨ੍ਹਾਂ ਨੂੰ ਸਾਬਕਾ ਮੁੱਖ ਮੰਤਰੀ ਅਮਰਿੰਦਰ ਸਿੰਘ ਦੀ ਅਗਵਾਈ ਹੇਠ ਜਾਰੀ ਕੀਤੇ ਗਏ 2017 ਦੇ ਮੈਨੀਫੈਸਟੋ ਦੇ ਅਧੂਰੇ ਵਾਅਦਿਆਂ ਦੀ ਯਾਦ ਦਿਵਾਈ। ਉਨ੍ਹਾਂ ਕਾਂਗਰਸ ਨੂੰ ਚੁਣੌਤੀ ਦਿੱਤੀ ਕਿ ਉਹ ਉਹ ਮੈਨੀਫੈਸਟੋ ਪੇਸ਼ ਕਰਨ ਅਤੇ ਇਸ ਗੱਲ 'ਤੇ ਚਰਚਾ ਕਰਨ ਕਿ ਉਨ੍ਹਾਂ ਵਿੱਚੋਂ ਕਿੰਨੇ ਵਾਅਦੇ ਅਸਲ ਵਿੱਚ ਪੂਰੇ ਹੋਏ ਹਨ।

ਕੁਲਦੀਪ ਸਿੰਘ ਧਾਲੀਵਾਲ ਨੇ ਦਾਅਵਾ ਕੀਤਾ ਕਿ 'ਆਪ' ਵਾਅਦਿਆਂ ਅਤੇ ਕਾਰਗੁਜ਼ਾਰੀ 'ਤੇ ਖੁੱਲ੍ਹੀ ਬਹਿਸ ਲਈ ਪੂਰੀ ਤਰ੍ਹਾਂ ਤਿਆਰ ਹੈ। ਧਾਲੀਵਾਲ ਨੇ ਕਿਹਾ ਕਿ ਆਓ ਇਸ ਗੱਲ 'ਤੇ ਚਰਚਾ ਕਰੀਏ ਕਿ ਕਾਂਗਰਸ ਨੇ 2017 ਵਿੱਚ ਕੀ ਵਾਅਦਾ ਕੀਤਾ ਸੀ ਅਤੇ 'ਆਪ' ਨੇ 2022 ਵਿੱਚ ਕੀ ਵਾਅਦਾ ਕੀਤਾ ਸੀ ਅਤੇ ਅਸੀਂ ਕਿੰਨਾ ਕੁ ਪੂਰਾ ਕੀਤਾ ਹੈ। ਅਸੀਂ ਕਿਤੇ ਵੀ, ਕਿਸੇ ਵੀ ਸਮੇਂ ਬਹਿਸ ਲਈ ਤਿਆਰ ਹਾਂ।

# 'ਆਪ' ਸਰਕਾਰ ਪੰਜਾਬ ਵਿੱਚ 'ਡਰੱਗ ਮਨੀ' ਨਾਲ ਵੱਡੀਆਂ ਜਾਇਦਾਦਾਂ ਨਹੀਂ ਉਸਾਰਨ ਦੇਵੇਗੀ: ਚੀਮਾ

ਚੰਡੀਗੜ੍ਹ, 9 ਮਾਰਚ (ਚ.ਨ.ਸ.) : ਪੰਜਾਬ ਵਿਧਾਨ ਸਭਾ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਤਰਫ਼ੋਂ ਬਿਆਨ ਦਿੰਦਿਆਂ ਪੰਜਾਬ ਸਰਕਾਰ ਦੀ ਨਸ਼ਾ ਤਸਕਰੀ ਵਿਰੁੱਧ ਬੇਮਿਸਾਲ ਕਾਰਵਾਈ ਬਾਰੇ ਵਿਆਪਕ ਜਾਣਕਾਰੀ ਦਿੱਤੀ। ਪਾਇਲ ਦੇ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਵੱਲੋਂ ਉਠਾਏ ਇੱਕ ਸਵਾਲ ਦੇ ਜਵਾਬ ਵਿੱਚ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਪੰਜਾਬ ਸਰਕਾਰ ਵੱਲੋਂ ਪਿਛਲੇ ਇੱਕ ਸਾਲ ਤੋਂ ਜਾਰੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਸਫ਼ਲਤਾ ਬਾਰੇ ਦੱਸਿਆ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ 1 ਮਾਰਚ, 2025 ਤੋਂ 28 ਫਰਵਰੀ, 2026 ਤੱਕ 'ਆਪ' ਸਰਕਾਰ ਨੇ ਸਖ਼ਤੀ ਨਾਲ ਲਾਗੂਕਰਨ, ਭਾਈਚਾਰਕ ਸ਼ਮੂਲੀਅਤ ਅਤੇ ਰੋਕਥਾਮ ਗਤੀਵਿਧੀਆਂ ਰਾਹੀਂ ਨਸ਼ਿਆਂ ਦੇ ਕਾਰੋਬਾਰ ਦੌਰਾਨ ਪੰਜਾਬ ਪੁਲਿਸ ਨੇ ਨਾਰਕੋਟਿਕ ਡਰੱਗਜ਼ ਐਂਡ ਸਾਈਕੋਟਰੋਪਿਕ ਸਬਸਟੈਂਸ ਐਕਟ ਤਹਿਤ 36,178 ਐਫਆਈਆਰਜ਼ ਦਰਜ ਕਰਕੇ 47,902 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ।

'ਆਪ' ਸਰਕਾਰ ਵੱਲੋਂ ਨਸ਼ਿਆਂ ਦੀ ਸਮੁੱਚੀ ਸਪਲਾਈ ਚੇਨ ਨੂੰ ਤੋੜਨ ਬਾਰੇ ਵੇਰਵੇ ਦਿੰਦਿਆਂ ਉਨ੍ਹਾਂ ਅੱਗੇ ਕਿਹਾ ਕਿ ਕੁੱਲ 3,173 ਡਰੱਗ ਸਪਲਾਇਰ ਅਤੇ ਡਿਸਟਰੀਬਿਊਟਰ ਅਤੇ 429 ਵੱਡੀਆਂ ਮੱਛੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਹੈ। ਪੰਜਾਬ ਪੁਲਿਸ ਨੇ 2,276 ਕਿਲੋਗ੍ਰਾਮ ਹੈਰੋਇਨ, 29 ਟਨ ਭੁੱਕੀ, 686 ਕਿਲੋਗ੍ਰਾਮ ਅਫੀਮ ਅਤੇ 786 ਕਿਲੋਗ੍ਰਾਮ ਭੰਗ ਬਰਾਮਦ ਕੀਤੀ ਹੈ। ਇਸ ਤੋਂ ਇਲਾਵਾ 68 ਕਿਲੋਗ੍ਰਾਮ ਚਰਸ, 4 ਕਿਲੋਗ੍ਰਾਮ ਕੋਕੀਨ, 36 ਕਿਲੋਗ੍ਰਾਮ ਆਈ.ਸੀ.ਈ. ਅਤੇ 49 ਲੱਖ ਤੋਂ ਵੱਧ ਨਸ਼ੀਲੀਆਂ ਗੋਲੀਆਂ ਅਤੇ ਕੈਪਸੂਲ ਵੀ ਬਰਾਮਦ ਕੀਤੇ ਗਏ ਹਨ। ਪੰਜਾਬ ਪੁਲਿਸ ਨੇ 285 ਡਰੋਨ ਬਰਾਮਦ ਕਰਕੇ ਇਨ੍ਹਾਂ ਡਰੋਨਾਂ ਰਾਹੀਂ ਲਿਜਾਈ ਜਾ ਰਹੀ 338 ਕਿਲੋਗ੍ਰਾਮ ਹੈਰੋਇਨ ਜ਼ਬਤ ਕੀਤੀ ਅਤੇ ਇਸ ਮਿਸਾਲੀ ਕਾਰਵਾਈ ਨਾਲ ਨਸ਼ਿਆਂ ਦੀ ਸਪਲਾਈ ਦਾ ਵੱਡਾ ਸਰੋਤ ਬੰਦ ਹੋ ਗਿਆ।

ਡਰੱਗ ਨੈੱਟਵਰਕਾਂ ਵਿਰੁੱਧ ਵਿੱਤੀ ਕਾਰਵਾਈ ਬਾਰੇ ਬੋਲਦਿਆਂ ਵਿੱਤ ਮੰਤਰੀ ਨੇ ਦੱਸਿਆ ਕਿ ਅਸੀਂ ਇਨ੍ਹਾਂ ਕਾਰਟੈਲਾਂ ਦੀ ਦੁਖਦੀ ਨਬਜ਼ 'ਤੇ ਵਾਰ ਕਰਨ ਦੇ ਨਾਲ-ਨਾਲ ਇਨ੍ਹਾਂ ਦੇ ਵਿੱਤੀ ਸਰੋਤਾਂ ਨੂੰ ਵੀ ਨਸ਼ਟ ਕਰ ਰਹੇ ਹਾਂ। ਪੰਜਾਬ ਪੁਲਿਸ ਨੇ 17 ਕਰੋੜ ਰੁਪਏ ਡਰੱਗ ਮਨੀ ਬਰਾਮਦ ਕੀਤੀ ਹੈ। ਇਸ ਤੋਂ ਵੀ ਮਹੱਤਵਪੂਰਨ ਗੱਲ ਇਹ ਹੈ ਕਿ 65 ਵੱਡੇ ਡਰੱਗ ਆਪਰੇਟਰਾਂ ਨੂੰ ਗ੍ਰਿਫ਼ਤਾਰ ਕਰਕੇ ਖੇਤਰ ਵਿੱਚ ਗੈਰ-ਕਾਨੂੰਨੀ ਹਵਾਲਾ ਨੈੱਟਵਰਕਾਂ ਨੂੰ ਪ੍ਰਭਾਵੀ ਢੰਗ ਨਾਲ ਨਸ਼ਟ ਕੀਤਾ ਗਿਆ ਹੈ।

## ਅਕਾਲੀ ਦਲ-ਭਾਜਪਾ ਅਤੇ ਕਾਂਗਰਸ ਨੇ ਕਦੇ

ਚਾਰ ਸਾਲਾਂ ਦੇ ਕਾਰਜਕਾਲ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਹ ਪਰਮਾਤਮਾ ਦੇ ਧੰਨਵਾਦੀ ਹਨ, ਜਿਸ ਨੇ ਉਨ੍ਹਾਂ ਨੂੰ ਸੂਬੇ ਦੀ ਸੇਵਾ ਕਰਨ ਦਾ ਬਲ ਬਖ਼ਸ਼ਿਆ ਹੈ।

'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਦੀ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਯੋਜਨਾ ਦੇ ਐਲਾਨ ਤੋਂ ਬਾਅਦ ਸੂਬੇ ਵਿੱਚ ਖਾਸ ਕਰਕੇ ਔਰਤਾਂ ਵਿੱਚ ਖੁਸ਼ੀ ਦੀ ਲਹਿਰ ਚੱਲ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਜਨਰਲ ਵਰਗ ਦੀਆਂ 18 ਸਾਲ ਤੋਂ ਵੱਧ ਉਮਰ ਦੀਆਂ ਔਰਤਾਂ ਨੂੰ ਹਰੇਕ ਮਹੀਨੇ 1000 ਰੁਪਏ ਅਤੇ ਐਸ.ਸੀ. ਵਰਗ ਦੀਆਂ ਮਹਿਲਾਵਾਂ ਨੂੰ 1500 ਰੁਪਏ ਮਿਲਣਗੇ। ਮੁੱਖ ਮੰਤਰੀ ਨੇ ਕਿਹਾ ਕਿ ਆਮ ਲੋਕਾਂ ਖਾਸ ਕਰਕੇ ਗਰੀਬ ਲੋਕਾਂ ਦੀ ਜ਼ਿੰਦਗੀ ਵਿੱਚ 1000-1500 ਰੁਪਏ ਦੀ ਬਹੁਤ ਵੱਡੀ ਅਹਿਮੀਅਤ ਹੁੰਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ ਇਹ ਰਾਸ਼ੀ ਮਾਵਾਂ-ਧੀਆਂ ਲਈ ਸਤਿਕਾਰ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਯੋਜਨਾ ਨਾਲ ਔਰਤਾਂ ਦੇ ਚਿਹਰਿਆਂ ਦੀ ਖੁਸ਼ੀ ਉਨ੍ਹਾਂ ਦੇ ਮਨ ਨੂੰ ਸਕੂਨ ਦਿੰਦੀ ਹੈ। ਉਨ੍ਹਾਂ ਕਿਹਾ ਕਿ 13 ਅਪ੍ਰੈਲ ਤੋਂ ਇਸ ਯੋਜਨਾ ਦੀ ਰਜਿਸਟ੍ਰੇਸ਼ਨ ਸ਼ੁਰੂ ਹੋਵੇਗੀ।

ਪੰਜਾਬ ਦੇ ਹਰੇਕ ਪਰਿਵਾਰ ਲਈ ਪੌਸ਼ਟਿਕ ਖੁਰਾਕ ਯਕੀਨੀ ਬਣਾਉਣ ਲਈ 'ਮੇਰੀ ਰਸੋਈ' ਸਕੀਮ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਬਹੁਤ ਸਾਰੇ ਪਰਿਵਾਰ ਚੰਗੀ ਖੁਰਾਕ ਨਾ ਮਿਲਣ ਕਰਕੇ ਪੌਸ਼ਟਿਕ ਤੱਤਾਂ ਤੋਂ ਵਾਂਝੇ ਰਹਿ ਜਾਂਦੇ ਹਨ ਜਿਸ ਨਾਲ ਉਨ੍ਹਾਂ ਦੀ ਸਿਹਤ ਉੱਤੇ ਬੁਰਾ ਅਸਰ ਪੈਂਦਾ ਹੈ। ਉਨ੍ਹਾਂ ਕਿਹਾ ਕਿ ਮੇਰੀ ਰਸੋਈ ਯੋਜਨਾ ਤਹਿਤ 40 ਲੱਖ ਪਰਿਵਾਰ ਨੂੰ ਰਸਦ ਵਿੱਚ ਖੰਡ, ਦਾਲ, ਸਰੋਂ ਦਾ ਤੇਲ, ਲੂਣ ਮਿਲੇਗਾ। ਇਸ ਯੋਜਨਾ ਲਈ 1000 ਕਰੋੜ ਰੁਪਏ ਦੀ ਵਿਵਸਥਾ ਕੀਤੀ ਗਈ ਹੈ।

ਚਾਰ ਸਾਲਾਂ ਵਿੱਚ ਸਿਹਤ ਕ੍ਰਾਂਤੀ ਹੇਠ ਕੀਤੇ ਉਪਰਾਲਿਆਂ ਬਾਰੇ ਮੁੱਖ ਮੰਤਰੀ ਨੇ ਕਿਹਾ ਕਿ 881 ਆਮ ਆਦਮੀ ਕਲੀਨਿਕਾਂ ਵਿੱਚ ਲੋਕਾਂ ਦਾ ਭਰੋਸਾ ਵਧ ਰਿਹਾ ਹੈ ਅਤੇ ਕਲੀਨਿਕਾਂ ਦੀ ਓ.ਪੀ.ਡੀ. ਵਿੱਚ ਆਉਣ ਵਾਲਿਆਂ ਦੀ ਗਿਣਤੀ 5 ਕਰੋੜ ਤੋਂ ਪਾਰ ਹੋ ਚੁੱਕੀ ਹੈ ਜੋ ਆਪਣੇ ਆਪ ਵਿੱਚ ਰਿਕਾਰਡ ਹੈ। ਹਰੇਕ ਪਰਿਵਾਰ ਨੂੰ ਮੁਫਤ ਇਲਾਜ ਦੇਣ ਲਈ 'ਮੁੱਖ ਮੰਤਰੀ ਸਿਹਤ ਯੋਜਨਾ' ਲਾਗੂ ਕੀਤੀ ਹੈ ਅਤੇ ਇਹ ਦੇਸ਼ ਦੀ ਪਹਿਲੀ ਸਕੀਮ ਹੈ ਜਿਸ ਵਿੱਚ ਹਰੇਕ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਕੈਸ਼ਲੈੱਸ ਇਲਾਜ ਮਿਲੇਗਾ। ਉਨ੍ਹਾਂ ਕਿਹਾ ਕਿ ਇਸ ਯੋਜਨਾ ਹੇਠ ਸਰਕਾਰੀ ਤੇ ਪ੍ਰਾਈਵੇਟ 900 ਹਸਪਤਾਲ ਸੂਚੀਬੱਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਹਸਪਤਾਲਾਂ ਬਾਰੇ ਜਾਣਕਾਰੀ ਦੇਣ ਲਈ ਸਾਰੇ ਆਮ ਆਦਮੀ ਕਲੀਨਿਕਾਂ ਵਿੱਚ ਸੂਚੀ ਲਾਈ ਜਾਵੇਗੀ। ਮੁੱਖ ਮੰਤਰੀ ਨੇ ਕਿਹਾ, "ਕੈਨੇਡਾ ਵਰਗੇ ਵਿਕਸਤ ਮੁਲਕਾਂ ਵਿੱਚ ਵੀ ਇਲਾਜ ਲਈ ਸਿਹਤ ਬੀਮੇ ਦੀ ਕਿਸ਼ਤ ਭਰਨੀ ਪੈਂਦੀ ਹੈ ਪਰ ਪੰਜਾਬ ਵਿੱਚ ਸਾਰਾ ਇਲਾਜ ਮੁਫਤ ਦਿੱਤਾ ਜਾ ਰਿਹਾ ਹੈ।" ਮੁੱਖ ਮੰਤਰੀ ਨੇ ਕਿਹਾ ਕਿ ਲਹਿਰਾਗਾਗਾ, ਸੰਗਰੂਰ, ਮਲੇਰਕੋਟਲਾ, ਹੁਸ਼ਿਆਰਪੁਰ ਅਤੇ ਕਪੂਰਥਲਾ ਵਿਖੇ ਮੈਡੀਕਲ ਕਾਲਜ ਸਥਾਪਤ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਸਾਲ 2022 ਤੋਂ ਸਰਕਾਰੀ ਹਸਪਤਾਲਾਂ ਲਈ 934 ਡਾਕਟਰਾਂ ਦੀ ਰਿਕਾਰਡ ਭਰਤੀ ਕੀਤੀ ਗਈ ਹੈ। ਉਨ੍ਹਾਂ ਨੇ ਮੁੱਖ ਮੰਤਰੀ ਯੋਗਸ਼ਾਲਾ ਦੀ ਸਫਲਤਾ ਦਾ ਵੀ ਜ਼ਿਕਰ ਕੀਤਾ।

ਸਿੱਖਿਆ ਖੇਤਰ ਵਿੱਚ ਕੀਤੇ ਗਏ ਸੁਧਾਰਾਂ ਦਾ ਜ਼ਿਕਰ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਮਿਆਰੀ ਸਿੱਖਿਆ ਦੇਣ ਲਈ 118 ਸਕੂਲ ਆਫ ਐਮੀਨੈਂਸ ਸਥਾਪਤ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪ੍ਰਿੰਸੀਪਲਾਂ ਤੇ ਅਧਿਆਪਕਾਂ ਨੂੰ ਫਿਨਲੈਂਡ, ਸਿੰਗਾਪੁਰ ਅਤੇ ਆਈ.ਆਈ.ਐਮ. ਅਹਿਮਦਾਬਾਦ ਵਿਖੇ ਸਿਖਲਾਈ ਲਈ ਭੇਜਿਆ ਜਾ ਰਿਹਾ ਹੈ। ਸਾਲ 2022 ਤੋਂ ਲੈ ਕੇ ਹੁਣ ਤੱਕ 13765 ਅਧਿਆਪਕਾਂ ਦੀ ਭਰਤੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਸਾਰੇ ਪੰਜਾਬੀਆਂ ਲਈ ਮਾਣ ਵਾਲੀ ਗੱਲ ਹੈ ਕਿ ਨੈਸ਼ਨਲ ਅਚੀਵਮੈਂਟ ਸਰਵੇ-2024 ਵਿੱਚ ਪੰਜਾਬ ਨੇ ਸਰਵੋਤਮ ਸਥਾਨ ਹਾਸਲ ਕੀਤਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਆਉਣ ਵਾਲਾ ਸਮਾਂ ਆਰਟੀਫਿਸ਼ੀਅਲ ਇੰਟੈਲੀਜੈਂਸ (ਏ.ਆਈ.) ਦਾ ਹੈ ਅਤੇ ਸਰਕਾਰ ਏ.ਆਈ. ਬਾਰੇ ਬੱਚਿਆਂ ਨੂੰ ਜਾਣਕਾਰੀ ਦੇਣ ਲਈ ਅਧਿਆਪਕਾਂ ਨੂੰ ਵਿਸ਼ਵ ਪੱਧਰ ਦੀ ਸਿਖਲਾਈ ਦੇ ਰਹੀ ਹੈ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਪਹਿਲੀ ਵਾਰ ਖੇਤਾਂ ਲਈ ਦਿਨ ਵੇਲੇ ਬਿਜਲੀ ਮਿਲਣ ਲੱਗੀ ਹੈ, ਜਿਸ ਨਾਲ ਕਿਸਾਨਾਂ ਦਾ ਜੀਵਨ ਹੀ ਬਦਲ ਗਿਆ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਦੇਸ਼ ਵਿੱਚ ਸਭ ਤੋਂ ਵੱਧ ਗੰਨੇ ਦਾ ਭਾਅ ਦਿੱਤਾ ਜਾ ਰਿਹਾ ਹੈ ਅਤੇ ਇਸ ਵੇਲੇ 416 ਰੁਪਏ ਪ੍ਰਤੀ ਕੁਇੰਟਲ ਭਾਅ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਮਾਲਵੇ ਦੀ ਜੀਵਨਧਾਰਾ ਸਮਝੀ ਜਾਂਦੀ ਫਿਰੋਜ਼ਪੁਰ ਫੀਡਰ ਨਹਿਰ ਦਾ ਨਵੀਨੀਕਰਨ ਕੀਤਾ ਗਿਆ ਅਤੇ ਦੇਸ਼ ਦੀ ਆਜ਼ਾਦੀ ਤੋਂ ਬਾਅਦ ਪਹਿਲੀ ਵਾਰ ਨਵੀਂ ਮਾਲਵਾ ਨਹਿਰ ਬਣਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਕਿਤਾਬਾਂ ਨਾਲ ਜੋੜਨ ਲਈ ਪਿੰਡਾਂ ਵਿੱਚ ਲਾਇਬ੍ਰੇਰੀਆਂ ਬਣਾਈਆਂ ਜਾ ਰਹੀਆਂ ਹਨ। ਪਿੰਡਾਂ ਵਿੱਚ 3200 ਖੇਡ ਮੈਦਾਨ ਵਿਕਸਤ ਕੀਤੇ ਜਾ ਰਹੇ ਹਨ।

ਪਾਰਦਰਸ਼ੀ ਰੋਜ਼ਗਾਰ ਮੁਹਿੰਮ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੁਣ ਤੱਕ ਸੂਬੇ ਦੇ ਨੌਜਵਾਨਾਂ ਨੂੰ 63,943 ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ ਅਤੇ ਇਹ ਸਾਰੀ ਭਰਤੀ ਬਿਨਾਂ ਕਿਸੇ ਸਿਫਾਰਸ਼ ਅਤੇ ਰਿਸ਼ਵਤ ਦੇ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਮੌਕੇ ਉਹ ਵੀ ਸਮਾਂ ਸੀ ਜਦੋਂ ਆਮ ਘਰਾਂ ਦੇ ਨੌਜਵਾਨ ਸਰਕਾਰੀ ਨੌਕਰੀ ਲਈ ਧੱਕੇ ਖਾਂਦੇ ਸਨ, ਕਿਉਂਕਿ ਉਸ ਵੇਲੇ 'ਅਟੈਚੀ ਕਲਚਰ' ਚੱਲਦਾ ਸੀ, ਜਿਸ ਨਾਲ ਧਨਾਢ ਲੋਕ ਰਿਸ਼ਵਤ ਦੇ ਕੇ ਨੌਕਰੀਆਂ ਲੈ ਜਾਂਦੇ ਸਨ। ਉਨ੍ਹਾਂ ਕਿਹਾ ਕਿ ਲੁਧਿਆਣਾ ਵਿਖੇ 3200 ਕਰੋੜ ਰੁਪਏ ਦੀ ਲਾਗਤ ਨਾਲ ਸਥਾਪਤ ਹੋਏ ਦੇਸ਼ ਦੇ ਦੂਜੇ ਸਭ ਤੋਂ ਵੱਡੇ ਟਾਟਾ ਸਟੀਲ ਦੇ ਮੈਨੂਫੈਕਚਰਿੰਗ ਪਲਾਂਟ ਦਾ ਉਦਘਾਟਨ 20 ਮਾਰਚ ਨੂੰ ਕੀਤਾ ਜਾ ਰਿਹਾ ਹੈ ਜਿਸ ਨਾਲ ਸਿੱਧੇ ਤੌਰ ਉਤੇ 4000 ਨੌਜਵਾਨਾਂ ਨੂੰ ਰੋਜ਼ਗਾਰ ਮਿਲੇਗਾ। ਉਨ੍ਹਾਂ ਕਿਹਾ ਕਿ ਉਦਯੋਗਿਕ ਨਿਵੇਸ਼ ਲਈ ਦੁਨੀਆ ਭਰ ਦੇ ਸਨਅਤਕਾਰਾਂ ਨੂੰ ਆਕਰਸ਼ਿਤ ਕਰਨ ਲਈ 13-15 ਮਾਰਚ ਤੱਕ ਮੋਹਾਲੀ ਵਿਖੇ ਪੰਜਾਬ ਪ੍ਰਗਤੀਸ਼ੀਲ ਨਿਵੇਸ਼ ਸੰਮੇਲਨ ਕਰਵਾਇਆ ਜਾ ਰਿਹਾ ਹੈ। ਮੁੱਖ ਮੰਤਰੀ ਨੇ ਜਾਪਾਨ, ਦੱਖਣੀ ਕੋਰੀਆ ਤੇ ਹੋਰ ਦੇਸ਼ਾਂ ਦੇ ਉਦਯੋਗਿਕ ਦੌਰੇ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਦੱਸਿਆ ਕਿ ਜਾਪਾਨ ਦੀ ਕੰਪਨੀ ਜੀ.ਆਈ.ਸੀ.ਕੇ. ਪੰਜਾਬ ਵਿੱਚ 1300 ਕਰੋੜ ਰੁਪਏ ਦਾ ਨਿਵੇਸ਼ ਕਰੇਗੀ।

ਬਿਜਲੀ ਖੇਤਰ ਦੀ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ 90 ਫੀਸਦੀ ਘਰਾਂ ਨੂੰ ਮੁਫਤ ਬਿਜਲੀ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕਾਂ ਉਤੇ ਵਿੱਤੀ ਬੋਝ ਘਟਾਉਣ ਲਈ ਕੁਝ ਦਿਨ ਪਹਿਲਾਂ ਬਿਜਲੀ ਦੇ ਰੇਟ 70 ਪੈਸੇ ਤੋਂ 1.50 ਰੁਪਏ ਪ੍ਰਤੀ ਯੂਨਿਟ ਤੱਕ ਘਟਾਏ ਗਏ ਹਨ। ਉਨ੍ਹਾਂ ਕਿਹਾ ਕਿ ਪਹਿਲੀ ਵਾਰ ਸਰਕਾਰ ਨੇ ਜੀ.ਵੀ.ਕੇ. ਕੰਪਨੀ ਦਾ ਪ੍ਰਾਈਵੇਟ ਥਰਮਲ ਪਲਾਂਟ ਖਰੀਦਿਆ ਹੈ ਅਤੇ ਇਸ ਦਾ ਨਾਮ ਸ੍ਰੀ ਗੁਰੂ ਅਮਰ ਦਾਸ ਜੀ ਦੇ ਨਾਮ 'ਤੇ ਰੱਖਿਆ ਹੈ। 'ਰੌਸ਼ਨ ਪੰਜਾਬ' ਮੁਹਿੰਮ ਤਹਿਤ 5000 ਕਰੋੜ ਰੁਪਏ ਖਰਚ ਕੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ ਜਿਸ ਤਹਿਤ ਅੰਡਰਗਰਾਊਂਡ ਤਾਰਾਂ ਵੀ ਵਿਛਾਈਆਂ ਜਾਣਗੀਆਂ। ਸੜਕ ਸੁਰੱਖਿਆ ਫੋਰਸ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਐਸ.ਐਸ.ਐਫ. ਦੇ ਗਠਨ ਨਾਲ ਪੰਜਾਬ ਵਿੱਚ ਸੜਕ ਹਾਦਸਿਆਂ ਵਿੱਚ ਮੌਤ ਦਰ ਵਿੱਚ 48 ਫੀਸਦੀ ਕਮੀ ਆਈ ਹੈ।

ਭ੍ਰਿਸ਼ਟਾਚਾਰ ਪ੍ਰਤੀ ਕੋਈ ਲਿਹਾਜ਼ ਨਾ ਵਰਤਣ ਦੀ ਨੀਤੀ ਨੂੰ ਦੁਹਰਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਰਿਸ਼ਵਤਖੋਰੀ ਨੂੰ ਨੱਥ ਪਾਉਣ ਲਈ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਨੰਬਰ-95012-00200 ਜਾਰੀ ਕੀਤਾ ਗਿਆ ਅਤੇ ਹੁਣ ਤੱਕ 1000 ਤੋਂ ਵੱਧ ਗ੍ਰਿਫਤਾਰੀਆਂ ਕੀਤੀਆਂ ਜਾ ਚੁੱਕੀਆਂ ਹਨ।

ਬੀਤੇ ਸਾਲ ਭਾਰੀ ਹੜ੍ਹਾਂ ਨਾਲ ਹੋਏ ਨੁਕਸਾਨ ਦੀ ਭਰਪਾਈ ਲਈ ਚੁੱਕੇ ਕਦਮਾਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੀੜਤ ਪਰਿਵਾਰਾਂ ਨੂੰ ਫਸਲਾਂ, ਘਰਾਂ ਅਤੇ ਪਸ਼ੂਧਨ ਦਾ ਮੁਆਵਜ਼ਾ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਕਿਸਾਨਾਂ ਲਈ 'ਜਿਸ ਦਾ ਖੇਤ, ਉਸ ਦੀ ਰੇਤ' ਸਕੀਮ ਲਾਗੂ ਕੀਤੀ ਗਈ ਜਿਸ ਨਾਲ ਕਿਸਾਨਾਂ ਨੂੰ ਬਹੁਤ ਫਾਇਦਾ ਹੋਇਆ। ਉਨ੍ਹਾਂ ਕਿਹਾ ਕਿ ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ 33 ਕਰੋੜ 96 ਲੱਖ ਰੁਪਏ ਦੀ ਲਾਗਤ ਨਾਲ 84 ਹਜ਼ਾਰ 889 ਕੁਇੰਟਲ ਕਣਕ ਦਾ ਬੀਜ ਮੁਫਤ ਵੰਡਿਆ ਗਿਆ।

ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਨਾਲ ਕੁਝ ਬਜ਼ੁਰਗਾਂ ਨੂੰ ਧਾਰਮਿਕ ਅਸਥਾਨਾਂ ਦਾ ਪਹਿਲੀ ਵਾਰ ਦਰਸ਼ਨ ਕਰਨ ਦਾ ਮੌਕਾ ਮਿਲਿਆ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ਰਧਾਲੂਆਂ ਨੂੰ ਸੂਬੇ ਤੋਂ ਬਾਹਰ ਸਿੱਖਾਂ ਦੇ ਦੋ ਪਵਿੱਤਰ ਤਖਤ ਸਾਹਿਬਾਨ ਤਖਤ ਸ੍ਰੀ ਪਟਨਾ ਸਾਹਿਬ (ਬਿਹਾਰ) ਅਤੇ ਤਖਤ ਸ੍ਰੀ ਹਜ਼ੂਰ ਸਾਹਿਬ (ਮਹਾਰਾਸ਼ਟਰ) ਦੇ ਦਰਸ਼ਨ ਕਰਵਾਏ ਜਾਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਨੂੰ ਜ਼ਮੀਨ-ਜਾਇਦਾਦ ਦੀ ਰਜਿਸਟਰੀ ਕਰਵਾਉਣ ਮੌਕੇ ਆਉਂਦੀ ਪ੍ਰੇਸ਼ਾਨੀ ਨੂੰ ਹਮੇਸ਼ਾ ਲਈ ਦੂਰ ਕਰਦੇ ਹੋਏ ਈਜ਼ੀ ਰਜਿਸਟਰੀ ਅਤੇ ਈਜ਼ੀ ਜਮ੍ਹਾਂਬੰਦੀ ਦੀ ਵਿਵਸਥਾ ਲਾਗੂ ਕੀਤਾ ਜਾ ਚੁੱਕੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ 44920 ਕਿਲੋਮੀਟਰ ਸੜਕਾਂ ਦਾ ਨਵੀਨੀਕਰਨ ਕੀਤਾ ਜਾ ਰਿਹਾ ਹੈ ਅਤੇ ਇਸ ਪ੍ਰੋਜੈਕਟ ਉੱਪਰ 16209 ਕਰੋੜ ਰੁਪਏ ਖਰਚੇ ਜਾ ਰਹੇ ਹਨ ਜਿਸ ਵਿੱਚੋਂ 14328 ਕਰੋੜ ਰੁਪਏ ਸੜਕਾਂ ਦੇ ਨਵੀਨੀਕਰਨ ਅਤੇ 1880 ਕਰੋੜ ਰੁਪਏ ਸੜਕਾਂ ਦੇ 5 ਸਾਲਾਂ ਦੇ ਰੱਖ-ਰਖਾਅ ਲਈ ਹਨ।

ਲੋਕਾਂ ਲਈ ਰਾਹਤ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਵਿੱਚ 19 ਟੋਲ ਪਲਾਜ਼ੇ ਬੰਦ ਕਰ ਦਿੱਤੇ ਹਨ, ਜਿਸ ਨਾਲ ਆਮ ਆਦਮੀ ਦੀ ਜੇਬ ਵਿੱਚੋਂ ਟੋਲ ਫੀਸ ਦੇ ਰੋਜ਼ਾਨਾ 64 ਲੱਖ ਰੁਪਏ ਦੀ ਬੱਚਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਪਾਵਨ ਗ੍ਰੰਥ ਲਿਜਾਣ ਵਾਲੇ ਵਾਹਨਾਂ ਦਾ ਟੈਕਸ ਮੁਆਫ ਕੀਤਾ ਗਿਆ ਜਦਕਿ ਪਿਛਲੀਆਂ ਸਰਕਾਰ ਨੇ ਇਸ ਬਾਰੇ ਕਦੇ ਸੋਚਿਆ ਵੀ ਨਹੀਂ।

ਪੰਜਾਬ ਨੂੰ ਅੰਨ੍ਹੀ ਲੁੱਟ ਕਰਨ ਲਈ ਅਕਾਲੀ ਦਲ 'ਤੇ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਅਕਾਲੀ ਆਗੂ ਸੁਖਬੀਰ ਸਿੰਘ ਬਾਦਲ ਦੇ ਪਿਤਾ ਪ੍ਰਕਾਸ਼ ਸਿੰਘ ਬਾਦਲ ਨੂੰ ਪੰਜ ਵਾਰ ਮੁੱਖ ਮੰਤਰੀ ਬਣਾਇਆ ਪਰ ਇਸ ਪਰਿਵਾਰ ਨੇ ਆਪਣਾ ਵਿਕਾਸ ਤਾਂ ਕੀਤਾ, ਪਰ ਪੰਜਾਬ ਲਈ ਕੱਖ ਨਹੀਂ ਕੀਤਾ, ਜਿਸ ਲਈ ਲੋਕ ਕਦੇ ਵੀ ਅਕਾਲੀਆਂ ਨੂੰ ਮੁਆਫ ਨਹੀਂ ਕਰਨਗੇ। ਸਦਨ ਵਿੱਚੋਂ ਵਾਕਆਊਟ ਕਰਨ ਲਈ ਕਾਂਗਰਸੀ ਵਿਧਾਇਕਾਂ ਨੂੰ ਆੜੇ ਹੱਥੀਂ ਲੈਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪਾਟੋਧਾੜ ਦਾ ਸ਼ਿਕਾਰ ਹੋਈ ਕਾਂਗਰਸ ਨੂੰ 2027 ਵਿੱਚ ਬਹੁਤ ਬੁਰੀ ਹਾਰ ਦਾ ਸਾਹਮਣਾ ਕਰਨਾ ਪਵੇਗਾ ਅਤੇ ਕਾਂਗਰਸ ਦੀ ਹਾਲਤ ਇਹ ਹੋਣੀ ਹੈ ਕਿ ਪੰਜਾਬ ਦੇ ਲੋਕਾਂ ਨੇ ਸਦਨ ਵਿੱਚ ਵਿਰੋਧੀ ਧਿਰ ਵਾਲੇ ਬੈਂਚ 'ਤੇ ਬੈਠਣ ਲਈ ਇਕ ਵਿਧਾਇਕ ਵੀ ਜਿਤਾ ਕੇ ਨਹੀਂ ਭੇਜਣਾ। ਅਖੀਰ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਆਉਣ ਵਾਲੇ ਸਮੇਂ ਵਿੱਚ ਏਸੇ ਸਮਰਪਿਤ ਭਾਵਨਾ, ਲਗਨ ਅਤੇ ਦਿਆਨਦਾਰੀ ਨਾਲ ਲੋਕਾਂ ਦੀ ਸੇਵਾ ਕਰਦੀ ਰਹੇਗੀ ਤਾਂ ਕਿ ਪੰਜਾਬ ਨੂੰ ਸ਼ਹੀਦਾਂ ਦੇ ਸੁਪਨਿਆਂ ਦਾ ਪੰਜਾਬ ਬਣਾਇਆ ਜਾ ਸਕੇ।

**ਚੜ੍ਹਦੀਕਲਾ**
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

## ਪੰਜਾਬ ਦੀ ਤਰੱਕੀ ਬਰਦਾਸ਼ਤ ਨਾ ਹੋਣ ਕਾਰਨ

ਕਿਹਾ ਕਿ 'ਆਪ' ਸਰਕਾਰ ਨੇ ਆਪਣੇ ਕਾਰਜਕਾਲ ਦੀ ਸ਼ੁਰੂਆਤ 30,000 ਸਰਕਾਰੀ ਨੌਕਰੀਆਂ ਲਈ ਇਸ਼ਤਿਹਾਰ ਜਾਰੀ ਕਰਕੇ ਇੱਕ ਮਜ਼ਬੂਤ ਸੰਦੇਸ਼ ਨਾਲ ਕੀਤੀ ਸੀ । ਉਨ੍ਹਾਂ ਕਿਹਾ, " ਹੁਣ ਤੱਕ ਸੂਬਾ ਸਰਕਾਰ ਨੇ ਪੰਜਾਬ ਦੇ ਨੌਜਵਾਨਾਂ ਨੂੰ 63,000 ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਹਨ। ਇਸ ਇਤਿਹਾਸਕ ਪਹਿਲਕਦਮੀ ਨੇ ਨੌਜਵਾਨ ਪੀੜ੍ਹੀ ਦਾ ਭਰੋਸਾ ਸੂਬਾ ਸਰਕਾਰ ਵਿੱਚ ਹੋਰ ਬਹਾਲ ਕੀਤਾ ਹੈ ਅਤੇ ਇਸ ਨਾਲ ਨੌਜਵਾਨਾਂ ਦੇ ਵਿਦੇਸ਼ ਜਾਣ ਦੇ ਰੁਝਾਨ 'ਤੇ ਵੀ ਰੋਕ ਲੱਗੀ ਹੈ।" ਹੁਨਰ ਵਿਕਾਸ ਬਾਰੇ ਬੋਲਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਤਕਨੀਕੀ ਸਿੱਖਿਆ ਨੂੰ ਮਜ਼ਬੂਤ ਕਰਨ ਲਈ ਵੀ ਅਹਿਮ ਕਦਮ ਚੁੱਕੇ ਹਨ। ਇਸ ਤੋਂ ਇਲਾਵਾ ਹੁਨਰ ਵਿਕਾਸ ਦੀ ਵੱਧ ਰਹੀ ਮੰਗ ਨੂੰ ਪੂਰਾ ਕਰਨ ਲਈ ਸਰਕਾਰ ਨੇ ਉਦਯੋਗਿਕ ਸਿਖਲਾਈ ਸੰਸਥਾ (ਆਈ.ਟੀ.ਆਈ.) ਦੀ ਸਮਰੱਥਾ ਵਿੱਚ 20000 ਸੀਟਾਂ ਦਾ ਵਾਧਾ ਕੀਤਾ ਹੈ,।" ਉਨ੍ਹਾਂ ਦੱਸਿਆ ਕਿ ਪਿਛਲੀਆਂ ਸਰਕਾਰਾਂ ਦੌਰਾਨ ਪੰਜਾਬ ਦੀਆਂ 35000 ਆਈ.ਟੀ.ਆਈ. ਸੀਟਾਂ ਵਿੱਚੋਂ ਵੀ ਕਈ ਖਾਲੀ ਰਹਿੰਦੀਆਂ ਸਨ।

# ਪਹਿਲੇ ਸਫ਼ੇ ਦੀ ਬਾਕੀ

ਨਸ਼ਿਆਂ ਦੇ ਮੁਕੰਮਲ ਖਾਤਮੇ ਬਾਰੇ ਬੋਲਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਪਿਛਲੀਆਂ ਸੱਤਾਧਾਰੀ ਪਾਰਟੀਆਂ ਪੰਜਾਬ ਵਿੱਚ ਨਸ਼ਿਆਂ ਦੀ ਲਾਹਣਤ ਨੂੰ ਠੱਲ੍ਹ ਪਾਉਣ ਵਿੱਚ ਪੂਰੀ ਤਰ੍ਹਾਂ ਅਸਫਲ ਰਹੀਆਂ। ਉਨ੍ਹਾਂ ਨੇ ਸਦਨ ਨੂੰ ਯਾਦ ਦਿਵਾਇਆ ਕਿ ਬਦਨਾਮ ਸ਼ਬਦ 'ਚਿੱਟਾ' ਅਕਾਲੀ-ਭਾਜਪਾ ਗੱਠਜੋੜ ਦੇ ਕਾਰਜਕਾਲ ਦੌਰਾਨ ਪੰਜਾਬ ਦੇਮੱਥੇ 'ਤੇ ਮੜ੍ਹਿਆ ਗਿਆ ਸੀ।ਉਨ੍ਹਾਂ ਕਿਹਾ, 'ਕੈਪਟਨ ਅਮਰਿੰਦਰ ਸਿੰਘ ਨੇ 2017 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਪਵਿੱਤਰ ਗੁਟਕਾ ਸਾਹਿਬ ਹੱਥ ਵਿੱਚ ਫੜ ਕੇ ਸਹੁੰ ਚੁੱਕੀ ਸੀ, ਪਰ ਆਪਣੇ ਸ਼ਾਸਨ ਦੌਰਾਨ ਨਸ਼ਿਆ ਨੂੰ ਰੋਕਣ ਵਿੱਚ ਉਹ ਵੀ ਪੂਰੀ ਤਰ੍ਹਾਂ ਅਸਫਲ ਰਹੇ।"

'ਆਪ' ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਕੀਤੀ ਕਾਰਵਾਈ ਦਾ ਜ਼ਿਕਰ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਇਸ ਦੇ ਬਿਲਕੁਲ ਉਲਟ, 'ਆਪ' ਸਰਕਾਰ ਆਪਣੀ 'ਯੁੱਧ ਨਸ਼ੇ ਵਿਰੁੱਧ' ਮੁਹਿੰਮ ਦੀ ਸ਼ੁਰੂਆਤ ਰਾਹੀਂ ਸੂਬੇ ਵਿੱਚੋਂ ਨਸ਼ਿਆਂ ਦੇ ਧੰਦੇ ਨੂੰ ਮੁਕੰਮਲ ਰੂਪ ਵਿੱਖ ਖਤਮ ਕਰਨ ਲਈ ਯਤਨ ਕਰ ਰਹੀ ਹੈ।"

ਸਮਾਜਿਕ ਨਿਆਂ ਅਤੇ ਸਮਾਨਤਾ ਬਾਰੇ ਬੋਲਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਵਿਰੋਧੀ ਧਿਰ ਦੇ ਨੇਤਾ ਵਜੋਂ ਆਪਣੇ ਸਮੇਂ ਨੂੰ ਯਾਦ ਕੀਤਾ ਅਤੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਸਰਕਾਰੀ ਵਕੀਲਾਂ ਦੀ ਭਰਤੀ ਦੌਰਾਨ ਅਨੁਸੂਚਿਤ ਜਾਤੀ ਰਾਖਵੇਂਕਰਨ ਦੀ ਉਨ੍ਹਾਂ ਦੀ ਮੰਗ ਨੂੰ ਨਜ਼ਰਅੰਦਾਜ਼ ਕਰ ਦਿੱਤਾ ਸੀ। ਉਨ੍ਹਾਂ ਕਿਹਾ, "ਅੱਜ, 'ਆਪ' ਸਰਕਾਰ ਅਧੀਨ, ਇਹ ਰਾਖਵਾਂਕਰਨ ਅਧਿਕਾਰਤ ਤੌਰ 'ਤੇ ਪੇਸ਼ ਕੀਤਾ ਗਿਆ ਹੈ, ਜਿਸਦੇ ਨਤੀਜੇ ਵਜੋਂ ਸਮਾਜ ਦੇ ਕਮਜ਼ੋਰ ਵਰਗਾਂ ਨਾਲ ਸਬੰਧਤ 58 ਵਕੀਲਾਂ ਦੀ ਸਫਲਤਾਪੂਰਵਕ ਭਰਤੀ ਕੀਤੀ ਗਈ ਹੈ।"

ਖੇਤੀਬਾੜੀ ਖੇਤਰ ਵਿੱਚ ਭਗਵੰਤ ਮਾਨ ਸਰਕਾਰ ਦੇ ਸਿੰਚਾਈ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੇ ਯਤਨਾਂ 'ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ, "ਆਪ ਸਰਕਾਰ ਨੇ ਹਜ਼ਾਰਾਂ ਏਕੜ ਖੇਤੀ ਯੋਗ ਜ਼ਮੀਨ ਲਈ ਨਹਿਰੀ ਪਾਣੀ ਦੀ ਸਿੰਚਾਈ ਨੂੰ ਯਕੀਨੀ ਬਣਾਇਆ ਹੈ, ਜੋ ਸਿੰਚਾਈ ਲਈਨਹਿਰੀਪਾਣੀਲਈ ਦਹਾਕਿਆਂ ਤੋਂ ਅਣਗੌਲਿਆਸਨ।"

ਆਪਣੇ ਸੰਬੋਧਨ ਦੀ ਸਮਾਪਤੀ ਵਿੱਚ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮੌਜੂਦਾ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ ਅਤੇ ਐਲਾਨ ਕੀਤਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਅਜਿਹੀ ਇਕਲੌਤੀ ਸਰਕਾਰ ਵਜੋਂ ਡੱਟ ਕੇ ਖੜ੍ਹੀ ਹੈ , ਜਿਸਨੇ ਪੰਜਾਬ ਦੇ ਲੋਕਾਂ ਨਾਲ ਕੀਤੇ ਵਾਅਦੇ ਅਤੇ ਸਾਰੀਆਂ ਗਰੰਟੀਆਂ ਨੂੰ ਸਫਲਤਾਪੂਰਵਕ ਪੂਰਾ ਕੀਤਾ ਹੈ।

## ਈਰਾਨ ਯੁੱਧ 'ਤੇ ਚਰਚਾ ਨੂੰ ਲੈ ਕੇ ਵਿਰੋਧੀ

ਕੀਮਤ 'ਤੇ ਸ਼ਾਂਤੀ ਦੀ ਵਕਾਲਤ ਕਰਦਾ ਹੈ।ਉਨ੍ਹਾਂ ਅੱਗੇ ਕਿਹਾ ਕਿ ਭਾਰਤ ਤਣਾਅ ਘਟਾਉਣ ਅਤੇ ਸੰਜਮ ਵਰਤਣ 'ਤੇ ਜ਼ੋਰ ਦਿੰਦਾ ਹੈ। ਉਨ੍ਹਾਂ ਕਿਹਾ ਕਿ ਹਿੰਸਾ ਦਾ ਕੋਈ ਹੱਲ ਨਹੀਂ ਹੈ, ਸਿਰਫ਼ ਗੱਲਬਾਤ ਅਤੇ ਕੂਟਨੀਤੀ ਨਾਲ ਹੀ ਸਥਿਤੀ ਨੂੰ ਸੁਧਾਰਿਆ ਜਾ ਸਕਦਾ ਹੈ। ਮੰਤਰੀ ਨੇ ਭਰੋਸਾ ਦਿਵਾਇਆ ਕਿ ਖੇਤਰ ਵਿੱਚ ਰਹਿ ਰਹੇ ਹਜ਼ਾਰਾਂ ਭਾਰਤੀ ਨਾਗਰਿਕਾਂ ਦੀ ਸੁਰੱਖਿਆ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਹੈ। ਸਰਕਾਰ ਉੱਥੋਂ ਦੇ ਸਥਾਨਕ ਪ੍ਰਸ਼ਾਸਨ ਦੇ ਸੰਪਰਕ ਵਿੱਚ ਹੈ ਤਾਂ ਜੋ ਭਾਰਤੀਆਂ ਨੂੰ ਕੋਈ ਨੁਕਸਾਨ ਨਾ ਪਹੁੰਚੇ।

ਜੰਗ ਕਾਰਨ ਕੱਚੇ ਤੇਲ ਦੀਆਂ ਵਧਦੀਆਂ ਕੀਮਤਾਂ 'ਤੇ ਚਿੰਤਾ ਜਤਾਉਂਦੇ ਹੋਏ ਉਨ੍ਹਾਂ ਕਿਹਾ, 'ਸਾਡੇ ਰਾਸ਼ਟਰੀ ਹਿੱਤ, ਜਿਸ ਵਿੱਚ ਊਰਜਾ ਸੁਰੱਖਿਆ ਅਤੇ ਵਪਾਰਕ ਟੀਚੇ ਸ਼ਾਮਲ ਹਨ, ਹਮੇਸ਼ਾ ਸਾਡੀ ਤਰਜੀਹ ਰਹਿਣਗੇ।' ਉਨ੍ਹਾਂ ਕਿਹਾ ਕਿ ਭਾਰਤੀ ਖਪਤਕਾਰਾਂ 'ਤੇ ਤੇਲ ਦੀਆਂ ਕੀਮਤਾਂ ਦਾ ਜ਼ਿਆਦਾ ਬੋਝ ਨਾ ਪਵੇ, ਇਸ ਲਈ ਸਰਕਾਰ ਪੂਰੀ ਤਰ੍ਹਾਂ ਸੁਚੇਤ ਹੈ।

ਜ਼ਿਕਰਯੋਗ ਹੈ ਕਿ 28 ਫਰਵਰੀ ਨੂੰ ਇਰਾਨ ਦੇ ਸੁਪਰੀਮ ਲੀਡਰ ਅਯਾਤੁੱਲਾ ਅਲੀ ਖਾਮੇਨੇਈ ਦੀ ਮੌਤ ਤੋਂ ਬਾਅਦ ਇਹ ਖੇਤਰ ਇੱਕ ਵੱਡੀ ਜੰਗ ਦੇ ਮੈਦਾਨ 'ਚ ਬਦਲ ਗਿਆ ਹੈ। ਇਰਾਨ ਵੱਲੋਂ ਅਮਰੀਕੀ ਬੇਸਾਂ 'ਤੇ ਕੀਤੇ ਗਏ ਜਵਾਬੀ ਹਮਲਿਆਂ ਨੇ ਜੰਗ ਦੀ ਅੱਗ ਹੋਰ ਭੜਕਾ ਦਿੱਤੀ ਹੈ, ਜਿਸ ਦਾ ਅਸਰ ਭਾਰਤ ਸਣੇ ਦੁਨੀਆ ਭਰ 'ਚ ਦੇਖਿਆ ਜਾ ਰਿਹਾ ਹੈ। ਅਜਿਹੇ ਮੌਕੇ ਐੱਸ. ਜੈਸ਼ੰਕਰ ਦਾ ਇਹ ਬਿਆਨ ਸੰਕੇਤ ਦਿੰਦਾ ਹੈ ਕਿ ਭਾਰਤ ਅੰਤਰਰਾਸ਼ਟਰੀ ਮੰਚ 'ਤੇ ਸ਼ਾਂਤੀ ਬਹਾਲੀ ਲਈ ਆਪਣੀ ਭੂਮਿਕਾ ਨਿਭਾਉਣ ਲਈ ਤਿਆਰ ਹੈ, ਪਰ ਨਾਲ ਹੀ ਉਹ ਆਪਣੇ ਦੇਸ਼ ਦੇ ਆਰਥਿਕ ਹਿੱਤਾਂ ਅਤੇ ਨਾਗਰਿਕਾਂ ਦੀ ਸੁਰੱਖਿਆ ਨੂੰ ਲੈ ਕੇ ਕੋਈ ਸਮਝੌਤਾ ਨਹੀਂ ਕਰੇਗਾ।

## ਪੰਜਾਬ 'ਚ ਪਾਰਾ 30 ਡਿਗਰੀ ਤੋਂ ਹੋਇਆ

ਕਾਰਨ ਗਰਮੀ ਦਾ ਅਸਰ ਹੌਲੀ-ਹੌਲੀ ਵਧਣ ਲੱਗਾ ਹੈ। ਸਿਹਤ ਮਾਹਿਰਾਂ ਨੇ ਲੋਕਾਂ ਨੂੰ ਦੁਪਹਿਰ ਦੇ ਸਮੇਂ ਧੁੱਪ ਤੋਂ ਬਚਣ, ਪਾਣੀ ਪੀਣ ਤੇ ਲੋੜ ਪੈਣ 'ਤੇ ਹੀ ਘਰ ਤੋਂ ਬਾਹਰ ਨਿਕਲਣ ਦੀ ਸਲਾਹ ਦਿੱਤੀ ਹੈ। 14 ਮਾਰਚ ਤਕ ਮੀਂਹ ਦੀ ਸੰਭਾਵਨਾ ਨਹੀਂ ਹੈ।ਮੌਸਮ ਵਿਭਾਗ ਦੇ ਡਾਇਰੈਕਟਰ ਨੇ ਦੱਸਿਆ ਕਿ ਸੂਬੇ ਵਿਚ ਮੌਸਮ ਖੁਸ਼ਕ ਰਹਿਣ ਦੀ ਸੰਭਾਵਨਾ ਹੈ। ਅਗਲੇ 4 ਦਿਨਾਂ ਤੱਕ ਅਧਿਕਤਮ ਤਾਪਮਾਨ ਵਿਚ ਹੌਲੀ-ਹੌਲੀ 1-2 ਡਿਗਰੀ ਸੈਲਸੀਅਸ ਤੱਕ ਵਾਧਾ ਹੋ ਸਕਦਾ ਹੈ। ਇਸ ਦੇ ਤਾਪਮਾਨ ਵਿਚ 2-3 ਡਿਗਰੀ ਤੱਕ ਗਿਰਾਵਟ ਆਉਣ ਦੀ ਸੰਭਾਵਨਾ ਹੈ। ਅਗਲੇ 4 ਦਿਨਾਂ ਤੱਕ ਅਧਿਕਤਮ ਤੇ ਨਿਊਨਤਮ ਤਾਪਮਾਨ ਵਿਚ 5 ਤੋਂ 7 ਡਿਗਰੀ ਸੈਲਸੀਅਸ ਵਧ ਰਹਿਣ ਦਾ ਅਨੁਮਾਨ ਹੈ।

## ਹਾਈ ਕੋਰਟ ਵੱਲੋਂ ਕੇਜਰੀਵਾਲ-ਸਿਸੋਦੀਆ

ਸੀ.ਬੀ.ਆਈ. ਨੇ ਦੋਸ਼ ਲਗਾਇਆ ਹੈ ਕਿ ਹੇਠਲੀ ਅਦਾਲਤ ਨੇ ਚਾਰਜ-ਫਰੇਮਿੰਗ ਪੜਾਅ 'ਤੇ ਹੀ ਇੱਕ ਛੋਟਾ ਮੁਕੱਦਮਾ ਚਲਾਇਆ। ਅਦਾਲਤ ਨੇ ਸਾਰੇ ਸਬੂਤਾਂ ਦੀ ਵਿਸਥਾਰ ਨਾਲ ਜਾਂਚ ਸ਼ੁਰੂ ਕਰ ਦਿੱਤੀ, ਜਿਵੇਂ ਕਿ ਇੱਕ ਪੂਰਾ ਕੇਸ ਚੱਲ ਰਿਹਾ ਹੋਵੇ, ਜਦੋਂ ਕਿ ਇਸ ਪੜਾਅ 'ਤੇ, ਮਾਮਲੇ ਦੀ ਸਿਰਫ਼ ਸਤਹੀ ਤੌਰ 'ਤੇ ਸਮੀਖਿਆ ਕੀਤੀ ਜਾਂਦੀ ਹੈ।

## ਸਿੱਖਿਆ ਨੂੰ ਅਰਥਚਾਰੇ ਦੀਆਂ ਅਸਲ ਜ਼ਰੂਰਤਾਂ

ਪ੍ਰਸਿੱਧੀ ਪ੍ਰਾਪਤ ਕਰ ਰਹੀਆਂ ਹਨ।' ਪਿਛਲੇ ਕੁਝ ਦਿਨਾਂ ਤੋਂ ਪ੍ਰਧਾਨ ਮੰਤਰੀ ਮੋਦੀ ਬਜਟ 2026-27 ਵਿੱਚ ਪ੍ਰਸਤਾਵਿਤ ਵੱਖ-ਵੱਖ ਨੁਕਤਿਆਂ 'ਤੇ ਵੈਬਿਨਾਰ ਚਰਚਾਵਾਂ ਵਿੱਚ ਹਿੱਸਾ ਲੈ ਰਹੇ ਹਨ। ਇਹ ਵੈਬਿਨਾਰ ਵੀ ਇਸੇ ਸੰਦਰਭ ਵਿੱਚ ਆਯੋਜਿਤ ਕੀਤਾ ਗਿਆ ਸੀ।

## ਗਾਂਧੀ ਪਰਿਵਾਰ ਵਿਰੁੱਧ ਈ.ਡੀ. ਦੀ ਪਟੀਸ਼ਨ

ਈ.ਡੀ. ਦੀ ਚਾਰਜਸ਼ੀਟ 'ਤੇ ਕਾਰਵਾਈ ਕਰਨ ਤੋਂ ਇਨਕਾਰ ਕਰ ਦਿੱਤਾ ਸੀ। ਅਦਾਲਤ ਦਾ ਮੰਨਣਾ ਸੀ ਕਿ ਕਿਉਂਕਿ ਇਹ ਸ਼ਿਕਾਇਤ ਕਿਸੇ ਐਫ.ਆਈ.ਆਰ. 'ਤੇ ਆਧਾਰਿਤ ਨਹੀਂ ਸੀ, ਇਸ ਲਈ ਕਾਨੂੰਨੀ ਤੌਰ 'ਤੇ ਇਸ 'ਤੇ ਸੁਣਵਾਈ ਨਹੀਂ ਕੀਤੀ ਜਾ ਸਕਦੀ। ਈ.ਡੀ. ਨੇ ਇਸੇ ਫੈਸਲੇ ਨੂੰ ਹਾਈ ਕੋਰਟ ਵਿੱਚ ਚੁਣੌਤੀ ਦਿੱਤੀ ਹੈ ਅਤੇ ਇਸ 'ਤੇ ਰੋਕ ਲਗਾਉਣ ਦੀ ਮੰਗ ਕੀਤੀ ਹੈ। ਈ.ਡੀ. ਨੇ ਸੋਨੀਆ ਗਾਂਧੀ, ਰਾਹੁਲ ਗਾਂਧੀ, ਸੁਮਨ ਦੂਬੇ, ਸੈਮ ਪਿਤਰੋਦਾ ਅਤੇ ਯੰਗ ਇੰਡੀਅਨ ਨਾਮੀ ਕੰਪਨੀ 'ਤੇ ਸਾਜ਼ਿਸ਼ ਅਤੇ ਪੈਸੇ ਦੀ ਹੇਰਾਫੇਰੀ ਦੇ ਦੋਸ਼ ਲਗਾਏ ਹਨ। ਇਨ੍ਹਾਂ 'ਤੇ ਦੋਸ਼ ਲਾਏ ਗਏ ਹਨ ਕਿ ਇਨ੍ਹਾਂ ਨੇ ਐਸੋਸੀਏਟਿਡ ਜਰਨਲਜ਼ ਲਿਮਟਿਡ (ਏ.ਜੇ.ਐਲ.) ਦੀ ਲਗਪਗ 2,000 ਕਰੋੜ ਰੁਪਏ ਦੀ ਜਾਇਦਾਦ ਨੂੰ ਗਲਤ ਤਰੀਕੇ ਨਾਲ ਹਾਸਲ ਕੀਤਾ ਹੈ। ਈ.ਡੀ. ਮੁਤਾਬਕ ਯੰਗ ਇੰਡੀਅਨ ਕੰਪਨੀ ਵਿੱਚ ਗਾਂਧੀ ਪਰਿਵਾਰ ਦੀ 76 ਫੀਸਦੀ ਹਿੱਸੇਦਾਰੀ ਹੈ ਅਤੇ ਇਸ ਕੰਪਨੀ ਨੇ 90 ਕਰੋੜ ਰੁਪਏ ਦੇ ਕਰਜ਼ੇ ਦੇ ਬਦਲੇ ਏ.ਜੇ.ਐਲ. ਦੀਆਂ ਅਰਬਾਂ ਦੀਆਂ ਜਾਇਦਾਦਾਂ ਆਪਣੇ ਕਬਜ਼ੇ ਵਿੱਚ ਕਰ ਲਈਆਂ ਹਨ। ਈ.ਡੀ. ਵੱਲੋਂ ਪੇਸ਼ ਹੋਏ ਸਾਲਿਸਟਰ ਜਨਰਲ ਤੁਸ਼ਾਰ ਮਹਿਤਾ ਨੇ ਦਲੀਲ ਦਿੱਤੀ ਕਿ ਹੇਠਲੀ ਅਦਾਲਤ ਦਾ ਫੈਸਲਾ ਕਾਨੂੰਨੀ ਤੌਰ 'ਤੇ ਗਲਤ ਹੈ। ਉਨ੍ਹਾਂ ਕਿਹਾ ਕਿ ਇਹ ਮਾਮਲਾ ਤੱਥਾਂ ਦੀ ਬਜਾਏ ਕਾਨੂੰਨ ਦੇ ਸਵਾਲਾਂ 'ਤੇ ਆਧਾਰਿਤ ਹੈ ਅਤੇ ਟਰਾਇਲ ਕੋਰਟ ਦੀਆਂ ਟਿੱਪਣੀਆਂ ਹੋਰ ਮਾਮਲਿਆਂ ਵਿੱਚ ਵੀ ਰੁਕਾਵਟ ਬਣ ਰਹੀਆਂ ਹਨ। ਹਾਈ ਕੋਰਟ ਨੇ ਹੁਣ ਇਸ ਮਾਮਲੇ ਵਿੱਚ ਗਾਂਧੀ ਪਰਿਵਾਰ ਅਤੇ ਹੋਰਾਂ ਨੂੰ ਨੋਟਿਸ ਜਾਰੀ ਕਰਕੇ ਜਵਾਬ ਮੰਗਿਆ ਹੈ ਅਤੇ ਅਗਲੀ ਬਹਿਸ 20 ਅਪਰੈਲ ਨੂੰ ਹੋਵੇਗੀ।

## ਪੰਜਾਬ ਦੇ ਸ਼ਹਿਰਾਂ 'ਚ ਹਵਾਈ ਸੇਵਾਵਾਂ ਬਾਰੇ ਫ਼ੈਸਲਾ ਨਿੱਜੀ

ਤਾਂ ਜੋ ਆਮ ਲੋਕ ਵੀ ਘੱਟ ਖਰਚੇ 'ਤੇ ਹਵਾਈ ਸਫ਼ਰ ਕਰ ਸਕਣ। ਰਾਜ ਸਭਾ ਵਿੱਚ ਅੰਮ੍ਰਿਤਸਰ, ਚੰਡੀਗੜ੍ਹ ਅਤੇ ਹੋਰ ਸ਼ਹਿਰਾਂ ਤੋਂ ਘਰੇਲੂ ਤੇ ਅੰਤਰਰਾਸ਼ਟਰੀ ਉਡਾਣਾਂ ਵਧਾਉਣ ਬਾਰੇ ਸਵਾਲ ਪੁੱਛਿਆ ਗਿਆ ਸੀ। ਸਰਕਾਰ ਨੇ ਜਵਾਬ ਦਿੱਤਾ ਕਿ ਹਵਾਈ ਅੱਡਿਆਂ ਦਾ ਬੁਨਿਆਦੀ ਢਾਂਚਾ ਤਿਆਰ ਹੈ ਪਰ ਨਵੀਆਂ ਸੇਵਾਵਾਂ ਸ਼ੁਰੂ ਕਰਨਾ ਏਅਰਲਾਈਨਾਂ ਦੇ ਵਪਾਰਕ ਨਜ਼ਰੀਏ ਅਤੇ ਯਾਤਰੀਆਂ ਦੀ ਮੰਗ 'ਤੇ ਨਿਰਭਰ ਕਰਦਾ ਹੈ।

## ਈਰਾਨ ਵੱਲੋਂ ਅਮਰੀਕਾ-ਇਜ਼ਰਾਈਲ

ਮਾਲੀ ਨੁਕਸਾਨ ਦਾ ਜਾਇਜ਼ਾ ਲੈ ਰਿਹਾ ਹੈ। ਇਨ੍ਹਾਂ ਹਮਲਿਆਂ ਨੇ ਕੌਮਾਂਤਰੀ ਭਾਈਚਾਰੇ ਵਿੱਚ ਚਿੰਤਾ ਪੈਦਾ ਕਰ ਦਿੱਤੀ ਹੈ। ਮਾਹਿਰਾਂ ਦਾ ਮੰਨਣਾ ਹੈ ਕਿ ਜੇਕਰ ਇਹ ਸਿਲਸਿਲਾ ਜਾਰੀ ਰਿਹਾ, ਤਾਂ ਇਹ ਇੱਕ ਪੂਰਨ ਖੇਤਰੀ ਜੰਗ ਵਿੱਚ ਬਦਲ ਸਕਦਾ ਹੈ। ਕਈ ਦੇਸ਼ਾਂ ਨੇ ਦੋਵਾਂ ਧਿਰਾਂ ਨੂੰ ਸੰਜਮ ਵਰਤਣ ਦੀ ਅਪੀਲ ਕੀਤੀ ਹੈ ਤਾਂ ਜੋ ਮਾਸੂਮ ਲੋਕਾਂ ਦੀ ਜਾਨ ਬਚਾਈ ਜਾ ਸਕੇ।

ਈਰਾਨੀ ਸਕੂਲ 'ਤੇ ਹਮਲੇ ਦੀ ਜਾਂਚ ਵਿੱਚ 165 ਮੌਤਾਂ ਪਿੱਛੇ ਅਮਰੀਕੀ ਮਿਜ਼ਾਈਲ ਦੇ ਸੰਕੇਤ: ਇੱਕ ਜਾਂਚ ਸਮੂਹ 'ਬੈਲਿੰਗਕੈਟ' ਅਨੁਸਾਰ, ਨਵੀਂ ਸਾਹਮਣੇ ਆਈ ਵੀਡੀਓ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਉਸ ਦਾਅਵੇ ਨੂੰ ਗਲਤ ਸਾਬਤ ਕਰਦੀ ਜਾਪਦੀ ਹੈ, ਜਿਸ ਵਿੱਚ ਉਨ੍ਹਾਂ ਨੇ ਈਰਾਨੀ ਸਕੂਲ 'ਤੇ ਹੋਏ ਧਮਾਕੇ ਲਈ ਈਰਾਨ ਨੂੰ ਹੀ ਜ਼ਿੰਮੇਵਾਰ ਠਹਿਰਾਇਆ ਸੀ। ਇਸ ਹਮਲੇ ਵਿੱਚ 165 ਤੋਂ ਵੱਧ ਲੋਕਾਂ ਦੀ ਮੌਤ ਹੋ ਗਈ ਸੀ। ਹੁਣ ਵਧ ਰਹੇ ਸਬੂਤ 28 ਫਰਵਰੀ ਨੂੰ ਹੋਏ ਹਮਲੇ ਲਈ ਅਮਰੀਕਾ ਵੱਲ ਇਸ਼ਾਰਾ ਕਰ ਰਹੇ ਹਨ। ਇਹ ਹਮਲਾ ਈਰਾਨ ਦੇ ਮੀਨਾਬ ਵਿੱਚ ਇੱਕ ਰੈਵੋਲਿਊਸ਼ਨਰੀ ਗਾਰਡ ਬੇਸ ਦੇ ਨਾਲ ਲੱਗਦੇ ਸਕੂਲ 'ਤੇ ਹੋਇਆ ਸੀ।ਬੈਲਿੰਗਕੈਟ ਵੱਲੋਂ ਸਾਂਝੀ ਕੀਤੀ ਗਈ ਤਿੰਨ-ਸਿੰਕਡ ਦੀ ਵੀਡੀਓ ਵਿੱਚ ਇੱਕ ਮਿਜ਼ਾਈਲ ਇਮਾਰਤ 'ਤੇ ਡਿੱਗਦੀ ਦਿਖਾਈ ਦਿੱਤੀ ਹੈ, ਜਿਸ ਤੋਂ ਬਾਅਦ ਕਾਲੇ ਧੂਏਂ ਦਾ ਗੁਬਾਰ ਉੱਠਦਾ ਹੈ। ਖੋਜਕਰਤਾ ਟ੍ਰੇਵਰ ਬਾਲ ਨੇ ਇਸ ਮਿਜ਼ਾਈਲ ਦੀ ਪਛਾਣ 'ਟੋਮਾਹਾਕ ਕਰੂਜ਼ ਮਿਜ਼ਾਈਲ' ਵਜੋਂ ਕੀਤੀ ਹੈ। ਖ਼ਾਸ ਗੱਲ ਇਹ ਹੈ ਕਿ ਇਸ ਜੰਗ ਵਿੱਚ ਇਹ ਮਿਜ਼ਾਈਲ ਸਿਰਫ਼ ਅਮਰੀਕਾ ਕੋਲ ਹੀ ਹੈ। ਇਹ ਪਹਿਲਾ ਅਜਿਹਾ ਸਬੂਤ ਹੈ ਜੋ ਹਮਲੇ ਵਿੱਚ ਵਰਤੇ ਗਏ ਹਥਿਆਰ ਦੀ ਪਛਾਣ ਕਰਦਾ ਹੈ ਅਤੇ ਅਮਰੀਕਾ ਦੀ ਭੂਮਿਕਾ 'ਤੇ ਸਵਾਲ ਖੜ੍ਹੇ ਕਰਦਾ ਹੈ।

ਸਾਊਦੀ ਅਰਬ ਨੇ ਈਰਾਨ ਨੂੰ ਦਿੱਤੀ ਨੁਕਸਾਨ ਭੁਗਤਣ ਲਈ ਤਿਆਰ ਰਹਿਣ ਦੀ ਚਿਤਾਵਨੀ: ਸਾਊਦੀ ਅਰਬ ਨੇ ਸੋਮਵਾਰ ਨੂੰ ਈਰਾਨ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਉਹ ਅਰਬ ਦੇਸ਼ਾਂ 'ਤੇ ਹਮਲਾ ਜਾਰੀ ਰੱਖਦਾ ਹੈ ਤਾਂ ਉਸ ਨੂੰ 'ਸਭ ਤੋਂ ਵੱਡਾ ਨੁਕਸਾਨ' ਭੁਗਤਣਾ ਪਵੇਗਾ। ਇਹ ਬਿਆਨ ਇੱਕ ਨਵੇਂ ਡਰੋਨ ਹਮਲੇ ਤੋਂ ਬਾਅਦ ਆਇਆ ਹੈ ਜੋ ਸਪੱਸ਼ਟ ਤੌਰ 'ਤੇ ਉਸ ਦੇ ਪ੍ਰਮੁੱਖ ਸ਼ਾਇਬਾ ਤੇਲ ਖੇਤਰ ਨੂੰ ਨਿਸ਼ਾਨਾ ਬਣਾਇਆ ਗਿਆ ਸੀ। ਇਸ ਨੇ ਸ਼ਨੀਵਾਰ ਨੂੰ ਈਰਾਨ ਦੇ ਰਾਸ਼ਟਰਪਤੀ ਮਸੂਦ ਪੇਜ਼ੇਸ਼ਕੀਅਨ ਦੇ ਬਿਆਨ ਨੂੰ ਵੀ ਰੱਦ ਕਰ ਦਿੱਤਾ ਕਿ ਈਰਾਨ ਨੇ ਖਾੜੀ ਅਰਬ ਦੇਸ਼ਾਂ 'ਤੇ ਆਪਣੇ ਹਮਲੇ ਰੋਕ ਦਿੱਤੇ ਹਨ। ਸਾਊਦੀ ਅਰਬ ਦੇ ਵਿਦੇਸ਼ ਮੰਤਰਾਲੇ ਨੇ ਇੱਕ ਬਿਆਨ ਵਿੱਚ ਕਿਹਾ,'ਰਾਜ ਇਸ ਗੱਲ ਦੀ ਪੁਸ਼ਟੀ ਕਰਦਾ ਹੈ ਕਿ ਈਰਾਨੀ ਪੱਖ ਨੇ ਇਸ ਬਿਆਨ ਦੀ ਪਾਲਣਾ ਨਹੀਂ ਕੀਤੀ, ਨਾ ਤਾਂ ਰਾਸ਼ਟਰਪਤੀ ਦੇ ਭਾਸ਼ਣ ਦੌਰਾਨ ਅਤੇ ਨਾ ਹੀ ਬਾਅਦ ਵਿੱਚ। ਈਰਾਨ ਨੇ ਬਿਨਾਂ ਕਿਸੇ ਠੋਸ ਕਾਰਨ ਦੇ ਆਪਣਾ ਹਮਲਾ ਜਾਰੀ ਰੱਖਿਆ ਹੈ।' ਬਿਆਨ ਵਿੱਚ ਕਿਹਾ ਗਿਆ ਹੈ ਕਿ ਈਰਾਨੀ ਹਮਲੇ ਦਾ ਅਰਥ ਹੈ 'ਤਣਾਅ ਵਿੱਚ ਹੋਰ ਵਾਧਾ, ਜਿਸ ਦਾ ਮੌਜੂਦਾ ਅਤੇ ਭਵਿੱਖ ਦੇ ਸਬੰਧਾਂ 'ਤੇ ਗੰਭੀਰ ਪ੍ਰਭਾਵ ਪਵੇਗਾ।'

## ਮਜਬੂਰੀ ਕਾਰਨ ਲੜ ਰਹੇ ਹਾਂ ਜੰਗ: ਈਰਾਨ

ਕਿਸੇ ਹੋਰ ਵਿਸ਼ੇ 'ਤੇ ਚਰਚਾ ਕਰਨਾ ਅਣਉਚਿਤ ਹੈ। ਉਨ੍ਹਾਂ ਕਿਹਾ ਕਿ ਈਰਾਨ ਨੇ ਇਹ ਜੰਗ ਸ਼ੁਰੂ ਨਹੀਂ ਕੀਤੀ। ਉਨ੍ਹਾਂ ਕਿਹਾ ਕਿ ਦੇਸ਼ ਆਪਣੀ ਰੱਖਿਆ ਲਈ ਲੜਨ ਲਈ ਮਜਬੂਰ ਹੈ। ਉਨ੍ਹਾਂ ਤੁਰਕੀ, ਸਾਈਪ੍ਰਸ ਅਤੇ ਅਜ਼ਰਬਾਈਜਾਨ 'ਤੇ ਹਮਲਿਆਂ ਤੋਂ ਵੀ ਇਨਕਾਰ ਕੀਤਾ। ਉਨ੍ਹਾਂ ਕਿਹਾ ਕਿ ਪਿਛਲੇ ਹਫ਼ਤੇ ਈਰਾਨ ਦੀ ਧਰਤੀ ਤੋਂ ਇਨ੍ਹਾਂ ਦੇਸ਼ਾਂ ਵੱਲ ਕੋਈ ਹਮਲਾ ਨਹੀਂ ਕੀਤਾ ਗਿਆ। ਇਸ ਦੌਰਾਨ, ਟਾਈਮਜ਼ ਆਫ਼ ਇਜ਼ਰਾਈਲ ਨੇ ਰਿਪੋਰਟ ਦਿੱਤੀ ਕਿ ਈਰਾਨ ਦੇ ਸਾਬਕਾ ਸੁਪਰੀਮ ਲੀਡਰ, ਅਯਾਤੁੱਲਾ ਅਲੀ ਖਮੇਨੇਈ ਦੇ ਪੁੱਤਰ ਮੋਜਤਬਾ ਖਮੇਨੇਈ ਜ਼ਖ਼ਮੀ ਹੋ ਗਏ ਹਨ। ਉਨ੍ਹਾਂ ਨੂੰ ਕੱਲ੍ਹ ਰਾਤ ਈਰਾਨ ਦਾ ਨਵਾਂ ਸੁਪਰੀਮ ਲੀਡਰ ਐਲਾਨਿਆ ਗਿਆ ਸੀ।

## ਹਾਈਕੋਰਟ ਨੇ ਰਾਮ ਰਹੀਮ ਨੂੰ

ਪੱਤਰਕਾਰ ਛਤਰਪਤੀ ਹਸਪਤਾਲ ਵਿੱਚ ਜ਼ੇਰੇ-ਇਲਾਜ ਸਨ ਅਤੇ ਉਨ੍ਹਾਂ ਦੀ ਹਾਲਤ ਸਥਿਰ ਸੀ, ਤਾਂ ਉਸ ਸਮੇਂ ਜਾਂਚ ਏਜੰਸੀ ਨੇ ਉਨ੍ਹਾਂ ਦਾ ਰਸਮੀ ਬਿਆਨ ਦਰਜ ਕਰਨ ਦੀ ਕੋਸ਼ਿਸ਼ ਕਿਉਂ ਨਹੀਂ ਕੀਤੀ।

ਇਸ ਤੋਂ ਇਲਾਵਾ, ਇਕ ਮਹੱਤਵਪੂਰਨ ਪੁਲਿਸ ਅਧਿਕਾਰੀ ਦੀ ਗਵਾਹੀ ਨੂੰ ਵੀ ਰਿਕਾਰਡ 'ਤੇ ਨਹੀਂ ਲਿਆਂਦਾ ਗਿਆ, ਜਿਸ ਨੇ ਮਾਮਲੇ ਵਿੱਚ ਕਈ ਪਾੜੇ ਛੱਡ ਦਿੱਤੇ। ਬੈਂਚ ਨੇ ਇਹ ਵੀ ਸਪੱਸ਼ਟ ਕੀਤਾ ਕਿ ਅਦਾਲਤਾਂ ਨੂੰ ਮੀਡੀਆ ਦੀਆਂ ਖ਼ਬਰਾਂ ਜਾਂ ਜਨਤਕ ਧਾਰਨਾਵਾਂ ਦੀ ਬਜਾਏ ਸਿਰਫ਼ ਕਾਨੂੰਨੀ ਸਬੂਤਾਂ ਦੇ ਅਧਾਰ 'ਤੇ ਹੀ ਫੈਸਲੇ ਲੈਣੇ ਚਾਹੀਦੇ ਹਨ।ਹਾਲਾਂਕਿ ਰਾਮ ਰਹੀਮ ਨੂੰ ਇਸ ਕੇਸ ਵਿੱਚ ਰਾਹਤ ਮਿਲੀ ਹੈ, ਪਰ ਉਹ ਬਲਾਤਕਾਰ ਦੇ ਮਾਮਲਿਆਂ ਵਿੱਚ ਆਪਣੀ 20 ਸਾਲ ਦੀ ਸਜ਼ਾ ਕਾਰਨ ਜੇਲ੍ਹ ਵਿੱਚ ਹੀ ਰਹਿਣਗੇ।

## ਸ਼੍ਰੋਮਣੀ ਕਮੇਟੀ ਵੱਲੋਂ ਸਕੱਤਰ ਪ੍ਰਤਾਪ ਸਿੰਘ

ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਦਾ ਕਹਿਣਾ ਹੈ ਕਿ ਸੰਸਥਾ ਦੀ ਜਾਇਦਾਦ ਨਾਲ ਜੁੜੇ ਮਾਮਲਿਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਜਾਂ ਗੜਬੜੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਸੂਤਰਾਂ ਅਨੁਸਾਰ ਇਸ ਮਾਮਲੇ ਵਿੱਚ ਹੁਣ ਤੱਕ ਕਈ ਮਹੱਤਵਪੂਰਨ ਤੱਥ ਜਾਂਚ ਕਰ ਰਹੀ ਪੜਤਾਲੀ ਕਮੇਟੀ ਦੇ ਹੱਥ ਲੱਗੇ ਹਨ ਅਤੇ ਉਨ੍ਹਾਂ ਦੀ ਵਿਸਥਾਰ ਨਾਲ ਘੋਖ ਕੀਤੀ ਜਾ ਰਹੀ ਹੈ। ਇਹ ਵੀ ਉਮੀਦ ਜਤਾਈ ਜਾ ਰਹੀ ਹੈ ਕਿ ਆਉਣ ਵਾਲੇ ਦਿਨਾਂ ਵਿੱਚ ਇਸ ਘੋਟਾਲੇ ਨਾਲ ਸਬੰਧਤ ਕੁਝ ਹੋਰ ਕਰਮਚਾਰੀਆਂ ਅਤੇ ਅਧਿਕਾਰੀਆਂ ਦੇ ਨਾਮ ਵੀ ਸਾਹਮਣੇ ਆ ਸਕਦੇ ਹਨ।

ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਨੇ ਕਿਹਾ ਕਿ ਮਾਮਲੇ ਦੀ ਪੂਰੀ ਜਾਂਚ ਕੀਤੀ ਜਾ ਰਹੀ ਹੈ ਅਤੇ ਜੋ ਵੀ ਵਿਅਕਤੀ ਇਸ ਵਿੱਚ ਦੋਸ਼ੀ ਪਾਇਆ ਗਿਆ ਉਸ ਖ਼ਿਲਾਫ਼ ਕੜੀ ਤੋਂ ਕੜੀ ਕਾਰਵਾਈ ਕੀਤੀ ਜਾਵੇਗੀ, ਤਾਂ ਜੋ ਗੁਰਦੁਆਰਾ ਸਾਹਿਬ ਦੀ ਜਾਇਦਾਦ ਅਤੇ ਸੰਸਥਾ ਦੀ ਮਰਿਆਦਾ ਦੀ ਰੱਖਿਆ ਕੀਤੀ ਜਾ ਸਕੇ।

## ਮੋਗਾ ਰੈਲੀ ਅਤੇ ਪੰਜਾਬ ਦੀ ਸਿਆਸਤ:

ਕੰਟੈਕਟ ਯਾਤਰਾਵਾਂ ਰਾਹੀਂ ਜਨਤਾ ਨਾਲ ਸੰਪਰਕ ਬਣਾਉਣ ਦੀ ਕੋਸ਼ਿਸ਼ ਕਰ ਰਿਹਾ ਹੈ ਅਤੇ ਪਿੰਡਾਂ ਵਿੱਚ ਆਪਣਾ ਪੁਰਾਣਾ ਆਧਾਰ ਵਾਪਸ ਹਾਸਲ ਕਰਨ ਦੀ ਜਦੋਜਹਦ ਕਰ ਰਿਹਾ ਹੈ। ਦੂਜੇ ਪਾਸੇ ਆਪ ਵੀ ਆਪਣੀ ਸਰਕਾਰ ਦੇ ਪ੍ਰਦਰਸ਼ਨ ਦੇ ਆਧਾਰ 'ਤੇ ਅਗਲੀ ਰਾਜਨੀਤਿਕ ਲੜਾਈ ਲਈ ਤਿਆਰੀ ਕਰ ਰਹੀ ਹੈ।

ਭਾਜਪਾ ਲਈ ਸਭ ਤੋਂ ਵੱਡੀ ਚੁਣੌਤੀ ਸਿਰਫ਼ ਸੰਗਠਨ ਖੜ੍ਹਾ ਕਰਨਾ ਨਹੀਂ, ਸਗੋਂ ਭਰੋਸਾ ਬਣਾਉਣਾ ਹੈ। ਪੰਜਾਬ ਦੇ ਕਈ ਹਿੱਸਿਆਂ ਵਿੱਚ ਅਜੇ ਵੀ ਆਰ ਐਸ ਐਸ ਪ੍ਰਤੀ ਗਹਿਰੀ ਸ਼ੱਕ ਅਤੇ ਵਿਰੋਧ ਦੀ ਭਾਵਨਾ ਮੌਜੂਦ ਹੈ। ਖ਼ਾਸ ਕਰਕੇ ਸ਼ਹਿਰੀ ਬੁੱਧੀਜੀਵੀ ਵਰਗ ਅਤੇ ਵਿਦਿਆਰਥੀ ਰਾਜਨੀਤੀ ਵਿੱਚ ਇਸ ਦਾ ਪ੍ਰਭਾਵ ਵੇਖਣ ਨੂੰ ਮਿਲਦਾ ਹੈ। ਪੰਜਾਬ ਯੂਨੀਵਰਸਿਟੀ ਵਿੱਚ ਕਈ ਵਾਰ ਇਹ ਮਸਲਾ ਚਰਚਾ ਅਤੇ ਵਿਰੋਧ ਦਾ ਕੇਂਦਰ ਬਣ ਚੁੱਕਾ ਹੈ।

ਇਹ ਹਕੀਕਤ ਭਾਜਪਾ ਲਈ ਇੱਕ ਵੱਡਾ ਸਵਾਲ ਖੜ੍ਹਾ ਕਰਦੀ ਹੈ ਕਿ ਉਹ ਪੰਜਾਬ ਦੀ ਸਾਂਝੀ ਸੰਸਕ੍ਰਿਤੀ, ਧਾਰਮਿਕ ਸਹਿਣਸ਼ੀਲਤਾ ਅਤੇ ਕਿਸਾਨੀ ਆਧਾਰਿਤ ਸਮਾਜਕ ਬਣਤਰ ਨਾਲ ਕਿਵੇਂ ਤਾਲਮੇਲ ਬਿਠਾਏਗੀ। ਪੰਜਾਬ ਦੀ ਸਿਆਸਤ ਸਿਰਫ਼ ਚੋਣੀ ਗਣਿਤ ਨਾਲ ਨਹੀਂ ਚਲਦੀ; ਇੱਥੇ ਇਤਿਹਾਸ, ਧਰਮ, ਭਾਸ਼ਾ ਅਤੇ ਸਮਾਜਕ ਅਹਿਸਾਸ ਵੀ ਉਤਨੇ ਹੀ ਮਹੱਤਵਪੂਰਨ ਹਨ।

ਮੋਗਾ ਦੀ ਰੈਲੀ ਇਸ ਮਾਮਲੇ ਵਿੱਚ ਇੱਕ ਪ੍ਰਤੀਕਾਤਮਕ ਪਲ ਹੋ ਸਕਦੀ ਹੈ। ਪੰਜਾਬ ਲਈ ਕੋਈ ਨਵਾਂ ਰਾਜਨੀਤਿਕ ਨੈਰੇਟਿਵ ਪੇਸ਼ ਕਰਦੇ ਹਨ—ਜਿਸ ਵਿੱਚ ਖੇਤੀ, ਉਦਯੋਗ, ਨੌਜਵਾਨਾਂ ਦਾ ਰੋਜ਼ਗਾਰ ਅਤੇ ਸੰਘੀ ਢਾਂਚੇ ਦਾ ਸਤਿਕਾਰ ਸ਼ਾਮਿਲ ਹੋਵੇ—ਤਾਂ ਇਹ ਪਾਰਟੀ ਲਈ ਇੱਕ ਨਵਾਂ ਰਾਹ ਖੋਲ੍ਹ ਸਕਦਾ ਹੈ। ਪਰ ਜੇ ਇਹ ਰੈਲੀ ਸਿਰਫ਼ ਰਵਾਇਤੀ ਸਿਆਸੀ ਭਾਸ਼ਣਾਂ ਤੱਕ ਹੀ ਸੀਮਿਤ ਰਹਿੰਦੀ ਹੈ, ਤਾਂ ਇਸ ਦਾ ਪ੍ਰਭਾਵ ਵੀ ਰਵਾਇਤੀ ਹੀ ਰਹੇਗਾ।

ਪੰਜਾਬ ਦੀ ਰਾਜਨੀਤੀ ਵਿੱਚ ਕਈ ਵਾਰ ਅਚਾਨਕ ਮੋੜ ਆਏ ਹਨ। 2017 ਅਤੇ 2022 ਦੀਆਂ ਚੋਣਾਂ ਨੇ ਇਹ ਸਾਬਤ ਕੀਤਾ ਹੈ ਕਿ ਜਨਤਾ ਜਦੋਂ ਚਾਹੇ ਪੂਰਾ ਸਿਆਸੀ ਨਕਸ਼ਾ ਬਦਲ ਸਕਦੀ ਹੈ। ਇਸ ਕਰਕੇ ਇਹ ਕਹਿਣਾ ਕਿ ਭਾਜਪਾ ਲਈ ਪੰਜਾਬ ਵਿੱਚ ਕੋਈ ਥਾਂ ਨਹੀਂ, ਸ਼ਾਇਦ ਅਤਿਸ਼ਯੋਕਤੀ ਹੋਵੇਗੀ। ਪਰ ਇਹ ਵੀ ਉਤਨਾ ਹੀ ਸੱਚ ਹੈ ਕਿ ਪੰਜਾਬ ਵਿੱਚ ਆਪਣੀ ਥਾਂ ਬਣਾਉਣ ਲਈ ਪਾਰਟੀ ਨੂੰ ਸਿਰਫ਼ ਚਿਹਰੇ ਨਹੀਂ, ਸਗੋਂ ਇੱਕ ਨਵੀਂ ਸੋਚ ਅਤੇ ਨਵਾਂ ਰਾਜਨੀਤਿਕ ਮਾਡਲ ਲਿਆਉਣਾ ਪਵੇਗਾ।

ਅੰਤ ਵਿੱਚ, ਮੋਗਾ ਦੀ ਰੈਲੀ ਸਿਰਫ਼ ਇੱਕ ਸਿਆਸੀ ਇਕੱਠ ਨਹੀਂ; ਇਹ ਇੱਕ ਕਸੌਟੀ ਵੀ ਹੈ। ਇਹ ਕਸੌਟੀ ਹੈ ਕਿ ਕੀ ਭਾਜਪਾ ਪੰਜਾਬ ਦੀ ਰਾਜਨੀਤੀ ਵਿੱਚ ਸੱਚਮੁੱਚ ਕੋਈ ਨਵਾਂ ਖੇਡ ਖੇਡਣ ਜਾ ਰਹੀ ਹੈ ਜਾਂ ਫਿਰ ਇਹ ਵੀ ਪੁਰਾਣੀ ਰਾਜਨੀਤੀ ਦਾ ਹੀ ਨਵਾਂ ਰੂਪ ਹੋਵੇਗਾ। ਪੰਜਾਬ ਦੇ ਵੋਟਰ ਬਹੁਤ ਸਚੇਤ ਹਨ—ਉਹ ਸਿਰਫ਼ ਨਾਅਰਿਆਂ ਨਾਲ ਨਹੀਂ, ਨੀਤੀਆਂ ਅਤੇ ਨੀਅਤ ਨਾਲ ਪ੍ਰਭਾਵਿਤ ਹੁੰਦੇ ਹਨ। ਇਸ ਲਈ ਅਗਲੇ ਮਹੀਨੇ ਇਹ ਦੱਸਣਗੇ ਕਿ ਮੋਗਾ ਦੀ ਇਹ ਰੈਲੀ ਪੰਜਾਬ ਦੀ ਰਾਜਨੀਤੀ ਵਿੱਚ ਇੱਕ ਨਵੀਂ ਕਹਾਣੀ ਦੀ ਸ਼ੁਰੂਆਤ ਬਣਦੀ ਹੈ ਜਾਂ ਸਿਰਫ਼ ਇੱਕ ਹੋਰ ਚੋਣੀ ਦ੍ਰਿਸ਼ ਬਣ ਕੇ ਰਹਿ ਜਾਂਦੀ ਹੈ।

## ਪੰਜਾਬ 'ਵਰਸਿਟੀ 'ਚ ਭਾਜਪਾ ਤੇ ਸੰਘ ਦਾ

ਦੱਸਿਆ ਕਿ ਦੋ ਦਿਨ ਪਹਿਲਾਂ ਸੱਥ ਦੇ ਅਹੁਦੇਦਾਰਾਂ ਵੱਲੋਂ ਡੀਨ ਵਿਦਿਆਰਥੀ ਭਲਾਈ ਨੂੰ ਉਕਤ ਸੈਮੀਨਾਰ ਦੇ ਸਬੰਧ ਵਿੱਚ ਵਿਰੋਧ ਪੱਤਰ ਵੀ ਦਿੱਤਾ ਗਿਆ ਸੀ। ਉਨ੍ਹਾਂ ਦੱਸਿਆ ਕਿ 'ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਅਤੇ ਪੰਜ ਪਿਆਰੇ' ਵਿਸ਼ੇ ਤਹਿਤ ਉਕਤ ਸੈਮੀਨਾਰ ਵਿੱਚ ਮੁੱਖ ਬੁਲਾਰੇ ਵਜੋਂ ਆਰ.ਐਸ.ਐਸ. ਦਾ ਬਨਵੀਰ ਸਿੰਘ ਅਤੇ ਭਾਜਪਾ ਦਾ ਇਕਬਾਲ ਸਿੰਘ ਲਾਲਪੁਰਾ ਬੁਲਾਏ ਗਏ ਸਨ। ਇਹ ਦੋਵੇਂ ਬੁਲਾਰੇ ਸਿੱਖ ਧਰਮ ਦੇ ਬਾਰੇ ਵਿੱਚ ਗਲਤ ਟਿੱਪਣੀਆਂ ਕਰਦੇ ਹਨ ਅਤੇ ਸਿੱਖ ਇਤਿਹਾਸ ਨੂੰ ਤੋੜ-ਮਰੋੜ ਕੇ ਪੇਸ਼ ਕਰਨ ਦੀ ਕੋਸ਼ਿਸ਼ ਕਰਦੇ ਹਨ। ਇਸ ਲਈ ਇਹਨਾਂ ਦੋਵੇਂ ਬੁਲਾਰਿਆਂ ਨੂੰ ਸੈਮੀਨਾਰ ਵਿੱਚ ਸ਼ਾਮਲ ਨਾ ਹੋਣ ਬਾਰੇ ਕਿਹਾ ਗਿਆ ਸੀ। ਇਸ ਦੇ ਬਾਵਜੂਦ ਅੱਜ ਲਾਅ ਆਡੀਟੋਰੀਅਮ ਵਿੱਚ ਸੈਮੀਨਾਰ ਕਰਵਾਇਆ ਗਿਆ ਜਿਸ ਵਿੱਚ ਵਾਈਸ ਚਾਂਸਲਰ ਪ੍ਰੋਫੈਸਰ ਰੇਨੂ ਵਿੱਗ ਵੀ ਸ਼ਾਮਿਲ ਹੋਏ। ਵਿਦਿਆਰਥੀ ਜਥੇਬੰਦੀ ਪੀ.ਐਸ.ਯੂ. (ਲਲਕਾਰ) ਤੋਂ ਜੋਬਨ ਸਿੰਘ, ਐਸ.ਐਫ.ਐਸ. ਤੋਂ ਸੰਦੀਪ ਅਤੇ ਵਿਦਿਆਰਥੀ ਕੌਂਸਲ ਦੇ ਮੀਤ ਪ੍ਰਧਾਨ ਅਸ਼ਮੀਤ ਸਿੰਘ ਨੇ ਦੱਸਿਆ ਕਿ ਵਿਦਿਆਰਥੀ ਜਥੇਬੰਦੀਆਂ ਨੇ ਪ੍ਰਸ਼ਾਸਨ ਨੂੰ ਚਿਤਾਵਨੀ ਦਿੱਤੀ ਸੀ ਕਿ ਜੇ ਆਰ.ਐਸ.ਐਸ. ਦਾ ਇਹ ਪ੍ਰੋਗਰਾਮ ਰੱਦ ਨਹੀਂ ਕੀਤਾ ਜਾਂਦਾ ਤਾਂ ਪ੍ਰੋਗਰਾਮ ਦਾ ਵਿਰੋਧ ਕੀਤਾ ਜਾਵੇਗਾ। ਵਿਦਿਆਰਥੀਆਂ ਨੇ ਸਾਫ਼ ਕਿਹਾ ਸੀ ਕਿ ਆਰ.ਐਸ.ਐਸ. ਦੀ ਵਿਚਾਰਧਾਰਾ ਧਾਰਮਿਕ ਘਟ ਗਿਣਤੀਆਂ, ਅਨੁਸੂਚਿਤ ਜਾਤੀਆਂ, ਔਰਤਾਂ ਨਾਲ ਵਿਤਕਰੇ ਦੀ ਹੈ। ਵਿਦਿਆਰਥੀਆਂ ਨੇ ਪਹਿਲਾਂ ਦਿੱਤੇ ਮੰਗ ਪੱਤਰ ਮੁਤਾਬਕ ਇਕੱਠੇ ਹੋ ਕੇ ਇਸ ਸੈਮੀਨਾਰ ਦਾ ਵਿਰੋਧ ਕੀਤਾ ਜਿਸ ਦੌਰਾਨ ਪੁਲਿਸ ਵੱਲੋਂ ਇਹ ਕਾਰਵਾਈ ਕੀਤੀ ਗਈ। ਵਿਦਿਆਰਥੀਆਂ ਜਦੋਂ ਅੱਜ ਇਕੱਠੇ ਹੋਏ ਤਾਂ ਬਿਨਾਂ ਕੁਝ ਪੁੱਛ-ਗਿੱਛ ਤੋਂ ਚੰਡੀਗੜ੍ਹ ਪੁਲਿਸ ਦੀ ਵੈਨ ਆਈ ਅਤੇ ਡੀ.ਐਸ.ਪੀ. ਦੀ ਅਗਵਾਈ ਵਿੱਚ ਸੈਂਕੜੇ ਪੁਲਿਸ ਕਰਮਚਾਰੀ ਘੇਰਾ ਪਾ ਕੇ ਵਿਦਿਆਰਥੀਆਂ ਨੂੰ ਵੈਨਾਂ ਵਿੱਚ ਸੁੱਟਣ ਲੱਗੇ। ਵਿਰੋਧ ਕਰਨ 'ਤੇ ਪੁਲਿਸ ਵੱਲੋਂ ਬੇਰਹਿਮ ਢੰਗ ਨਾਲ ਧੱਕਾ ਮੁੱਕੀ ਕੀਤੀ ਗਈ ਜਿਸ ਵਿੱਚ ਵਿਦਿਆਰਥੀਆਂ ਦੇ ਸੱਟਾਂ ਲੱਗੀਆਂ,ਪੱਗਾਂ ਲੱਥੀਆਂ ਅਤੇ ਵਿਦਿਆਰਥੀਆਂ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ। ਜਦੋਂ ਵਿਦਿਆਰਥੀਆਂ ਨੂੰ ਬੋਲਣ ਤੋਂ ਰੋਕਿਆ ਗਿਆ ਤਾਂ ਉਨ੍ਹਾਂ ਨੇ ਫਾਸ਼ੀਵਾਦ ਮੁਰਦਾਬਾਦ, ਇਨਕਲਾਬ ਜ਼ਿੰਦਾਬਾਦ, ਸੰਘੀ ਲਾਣਾ ਮੁਰਦਾਬਾਦ ਦੇ ਨਾਅਰਿਆਂ ਨਾਲ ਵਿਰੋਧ ਕਰਨਾ ਸ਼ੁਰੂ ਕੀਤਾ ਜਿਸ ਤੋਂ ਬਾਅਦ ਉਨ੍ਹਾਂ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ। ਆਰ.ਐਸ.ਐਸ. ਦੇ ਪ੍ਰੋਗਰਾਮ ਦੇ ਵਿਰੋਧ ਦੇ ਮੱਦੇਨਜ਼ਰ ਭਲਕੇ 10 ਮਾਰਚ ਨੂੰ ਵਿਦਿਆਰਥੀ ਜਥੇਬੰਦੀਆਂ ਵੱਲੋਂ ਇੱਕ ਪ੍ਰੈਸ ਕਾਨਫਰੰਸ ਕੀਤੀ ਜਾ ਰਹੀ ਹੈ ਅਤੇ ਉਸ ਤੋਂ ਬਾਅਦ ਮੁਜ਼ਾਹਰਾ ਵੀ ਕੀਤਾ ਜਾਵੇਗਾ।

# ਅਸੀਂ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਨੂੰ ਸਿਖਲਾਈ ਲਈ ਵਿਦੇਸ਼ ਭੇਜ ਰਹੇ ਹਾਂ ਤਾਂ ਜੋ ਸਾਡੇ ਬੱਚਿਆਂ ਨੂੰ ਪੜ੍ਹਨ ਲਈ ਵਿਦੇਸ਼ ਨਾ ਜਾਣਾ ਪਵੇ : ਮਾਨ



ਗੁਰਦਾਸਪੁਰ, 9 ਮਾਰਚ (ਚ.ਨ.ਸ.): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਪੰਜਾਬ ਦਹਾਕਿਆਂ ਤੋਂ ਚੱਲੇ ਆ ਰਹੇ ਸਿਆਸੀ ਸ਼ੋਸ਼ਣ ਤੋਂ ਵਿਕਾਸ, ਸਿੱਖਿਆ ਸੁਧਾਰ ਅਤੇ ਲੋਕ ਭਲਾਈ ਅਧਾਰਿਤ ਸਾਸਨ ਦੇ ਯੁੱਗ ਵੱਲ ਫੈਸਲਾਕੁੰਨ ਤਬਦੀਲੀ ਦਾ ਗਵਾਹ ਬਣ ਰਿਹਾ ਹੈ। ਉਨ੍ਹਾਂ ਜੋਰ ਦੇ ਕੇ ਕਿਹਾ ਕਿ ਸੂਬੇ ਦੇ ਲੋਕ ਇਕ ਵਾਰ ਫਿਰ ਕਾਂਗਰਸ ਅਤੇ ਅਕਾਲੀ ਦਲ-ਭਾਜਪਾ ਦਾ ਹੂੰਝਾ ਫੇਰਨ ਲਈ "ਝਾੜੂ" ਦੀ ਵਰਤੋਂ ਕਰਨਗੇ, ਜਿਨ੍ਹਾਂ ਨੇ ਲੋਕ ਭਲਾਈ ਨੂੰ ਨਜਰਅੰਦਾਜ ਕਰਦੇ ਹੋਏ ਵਾਰੋ-ਵਾਰੀ ਪੰਜਾਬ 'ਤੇ ਰਾਜ ਕੀਤਾ। ਸਰਹੱਦੀ ਜ਼ਿਲ੍ਹਾ ਗੁਰਦਾਸਪੁਰ ਦੇ ਕਾਦੀਆਂ ਵਿੱਚ 168.44 ਕਰੋੜ ਰੁਪਏ ਦੀਆਂ 237 ਪੇਂਡੂ ਲਿੰਕ ਸੜਕਾਂ ਦੇ ਨਵੀਨੀਕਰਨ ਲਈ ਨੀਂਹ ਪੱਥਰ ਰੱਖਣ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਪੇਂਡੂ ਬੁਨਿਆਦੀ ਢਾਂਚੇ ਨੂੰ ਮਜਬੂਤ ਕਰ ਰਹੀ ਹੈ, ਰੋਜ਼ਗਾਰ ਦੇ ਮੌਕੇ ਪੈਦਾ ਕਰ ਰਹੀ ਹੈ ਅਤੇ ਸਰਕਾਰੀ ਸਕੂਲਾਂ ਦੀ ਕਾਇਆਕਲਪ ਰਹੀ ਹੈ, ਨਾਲ ਹੀ ਇਹ ਵੀ ਖੁਲਾਸਾ ਕੀਤਾ ਕਿ ਕਿਵੇਂ ਪਹਿਲੀਆਂ ਸਰਕਾਰਾਂ ਨੇ ਆਮ ਲੋਕਾਂ ਦੀਆਂ ਜਰੂਰਤਾਂ ਨਾਲੋਂ ਕਮਿਸਨਾਂ ਅਤੇ ਸੱਤਾ ਭੋਗਣ ਦੀ ਸਿਆਸਤ ਨੂੰ ਤਰਜੀਹ ਦਿੱਤੀ ਸੀ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਸਰਕਾਰੀ ਸਕੂਲ ਬੰਦ ਕਰ ਦਿੱਤੇ ਸਨ ਅਤੇ ਸਰਹੱਦੀ ਖੇਤਰਾਂ ਨੂੰ ਅਣਗੌਲਿਆ ਕੀਤਾ ਸੀ, ਪਰ ਪੰਜਾਬ ਸਰਕਾਰ ਨਵੇਂ ਆਧੁਨਿਕ ਸਕੂਲ ਬਣਾ ਰਹੀ ਹੈ, ਅਧਿਆਪਕਾਂ ਨੂੰ ਸਿਖਲਾਈ ਲਈ ਵਿਦੇਸ ਭੇਜ ਰਹੀ ਹੈ ਤਾਂ ਜੋ ਪੰਜਾਬ ਦੇ ਬੱਚਿਆਂ ਨੂੰ ਸਿੱਖਿਆ ਲਈ ਵਿਦੇਸ ਨਾ ਜਾਣਾ ਪਵੇ, 1.50 ਲੱਖ ਕਰੋੜ ਰੁਪਏ ਦੇ ਨਿਵੇਸ ਪ੍ਰਸਤਾਵਾਂ ਨੂੰ ਆਕਰਸ਼ਿਤ ਕੀਤਾ ਜਾ ਰਿਹਾ ਹੈ ਜਿਸ ਨਾਲ 5.20 ਲੱਖ ਨੌਕਰੀਆਂ ਪੈਦਾ ਹੋਣ ਦੀ ਉਮੀਦ ਹੈ ਤੇ ਪੰਜਾਬ ਦੇ ਹਰ ਕੋਨੇ ਵਿੱਚ ਵਿਕਾਸ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕਾਹਨੂੰਵਾਨ ਨੂੰ ਸਬ ਡਿਵੀਜਨ ਬਣਾਉਣ ਦਾ ਫੈਸਲਾ ਕੀਤਾ ਹੈ ਤਾਂ ਜੋ ਸਾਰੇ ਮੁੱਖ ਸਰਕਾਰੀ ਦਫਤਰਾਂ ਨੂੰ ਇਕ ਛੱਤ ਹੇਠ ਲਿਆਂਦਾ ਜਾ ਸਕੇ।

ਇਕ ਜਨਤਕ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਪਾਰਟੀਆਂ ਨੇ ਸੱਤਾ ਦੀ ਲਾਲਸਾ ਵਿੱਚ ਹਮੇਸ਼ਾ ਲੋਕਾਂ ਨੂੰ ਮੂਰਖ ਬਣਾਇਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਪਾਰਟੀਆਂ ਕੋਲ ਸੂਬੇ ਦਾ ਸਰਮਾਇਆ ਲੁੱਟਣ ਅਤੇ ਆਮ ਆਦਮੀ ਦਾ ਸੋਸਣ ਕਰਨ ਤੋਂ ਇਲਾਵਾ ਹੋਰ ਕੋਈ ਏਜੰਡਾ ਨਹੀਂ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਲਈ ਸੂਬੇ ਦੇ ਲੋਕ ਸਭ ਤੋਂ ਉੱਪਰ ਹਨ ਅਤੇ ਸੂਬਾ ਸਰਕਾਰ ਨੇ ਲੋਕਾਂ ਦੀ ਭਲਾਈ ਲਈ ਲੀਹੋਂ ਹਟਵੀਆਂ ਪਹਿਲਕਦਮੀਆਂ ਕੀਤੀਆਂ ਹਨ। ਮੁੱਖ ਮੰਤਰੀ ਨੇ ਕਿਹਾ ਕਿ ਮਾਝਾ ਖੇਤਰ ਦੀ ਲੰਬੇ ਸਮੇਂ ਤੋਂ ਨੁਮਾਇੰਦਗੀ ਕਰਨ ਵਾਲੇ ਤਸਕਰਾਂ ਨੇ ਸਾਡੀਆਂ ਪੀੜ੍ਹੀਆਂ ਬਰਬਾਦ ਕਰ ਦਿੱਤੀਆਂ, ਜਿਸ ਲਈ ਅਜਿਹੇ ਲੋਕਾਂ ਨੂੰ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਸਬਕ ਸਿਖਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਅਸੀਂ ਲੋਕ ਬੇਕਰੀ ਦੇ ਬਣੇ ਹੋਏ ਬਿਸਕੁਟ ਖਾਂਦੇ ਹਾਂ ਜਦੋਂ ਕਿ ਪਹਾੜਾਂ ਦੇ ਕਾਨਵੈਂਟ ਸਕੂਲਾਂ ਤੋਂ ਪੜ੍ਹੇ ਹੋਏ ਇਨ੍ਹਾਂ ਆਗੂਆਂ ਨੇ ਹਮੇਸ਼ਾ ਆਪਣੇ ਪਿਤਾ ਦੇ ਤਸਕਰੀ ਕੀਤੇ ਹੋਏ ਸੋਨੇ ਦੇ ਬਿਸਕੁਟ ਵਰਤੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਆਗੂਆਂ ਕੋਲ ਆਮ ਆਦਮੀ ਦੀ ਸੇਵਾ ਕਰਨ ਦਾ ਕੋਈ ਏਜੰਡਾ ਨਹੀਂ ਹੈ ਅਤੇ ਸਿਰਫ ਸੱਤਾ ਹਾਸਲ ਕਰਨ ਦੀ ਅੰਨ੍ਹੀ ਦੌੜ ਵਿੱਚ ਹਨ। ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਸਾਹੀ ਠਾਠ ਵਾਲੇ ਆਗੂਆਂ ਦਾ ਆਮ ਲੋਕਾਂ ਨਾਲ ਕੋਈ ਮੇਲ ਨਹੀਂ ਹੈ ਅਤੇ ਉਨ੍ਹਾਂ ਦੀਆਂ ਕਾਰਾਂ, ਓਵਰਕੋਟ, ਅਲਮਾਰੀ ਜਾਂ ਕੁਝ ਵੀ ਸਾਡੇ ਨਾਲ ਮੇਲ ਨਹੀਂ ਖਾਂਦਾ। ਉਨ੍ਹਾਂ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਵਿਧਾਨ ਸਭਾ, ਰਾਜ ਸਭਾ ਤੇ ਲੋਕ ਸਭਾ ਵਿੱਚ ਇਸ ਇਲਾਕੇ ਦੀ ਨੁਮਾਇੰਦਗੀ ਕੀਤੀ ਹੈ, ਉਨ੍ਹਾਂ ਨੇ ਕਦੇ ਵੀ ਇਸ ਦੇ ਵਿਕਾਸ ਵੱਲ ਧਿਆਨ ਨਹੀਂ ਦਿੱਤਾ ਤੇ ਇਸ ਦੇ ਉਲਟ ਸੜਕਾਂ 'ਤੇ ਟੋਲ ਸਥਾਪਤ ਕੀਤੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਦਿੱਗਜ਼ ਆਗੂਆਂ ਦਾ ਘਰ ਵੀ ਦੋ ਪਾਰਟੀਆਂ ਵਿੱਚ ਵੰਡਿਆ ਹੋਇਆ ਹੈ ਕਿਉਂਕਿ ਇਨ੍ਹਾਂ ਆਗੂਆਂ ਦੇ ਘਰ 'ਤੇ ਦੋ ਪਾਰਟੀਆਂ ਦੇ ਝੰਡੇ ਲੱਗੇ ਹੋਏ ਹਨ। ਮੁੱਖ ਮੰਤਰੀ ਨੇ ਕਿਹਾ ਕਿ ਕਾਂਗਰਸ ਵਿੱਚ ਹਰ ਆਗੂ ਸੂਬੇ ਦਾ ਮੁਖੀ ਬਣਨਾ ਚਾਹੁੰਦਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਕੋਲ ਚੋਣਾਂ ਵਿੱਚ ਕੰਮ ਕਰਨ ਲਈ ਆਮ ਵਰਕਰਾਂ ਨਾਲੋਂ ਮੁੱਖ ਮੰਤਰੀ ਦੇ ਚਿਹਰੇ ਜ਼ਿਆਦਾ ਹਨ। ਉਨ੍ਹਾਂ ਕਿਹਾ ਕਿ ਇਸੇ ਕਾਰਨ ਹੀ ਉਨ੍ਹਾਂ ਦੇ ਚੋਟੀ ਦੇ ਆਗੂ ਨੇ ਸੂਬੇ ਵਿੱਚ ਹਾਲ ਹੀ ਵਿੱਚ ਸਮਾਪਤ ਹੋਈ ਇੱਕ ਰੈਲੀ ਦੌਰਾਨ ਇਨ੍ਹਾਂ ਆਗੂਆਂ ਨੂੰ ਸ਼ਰੇਆਮ ਨਜਰਅੰਦਾਜ ਕੀਤਾ। ਕਾਂਗਰਸ ਆਗੂ ਵੱਲੋਂ ਸੂਬੇ ਵਿੱਚ ਸੱਤਾ ਸੰਭਾਲਣ ਦੇ ਸੁਪਨੇ ਦੇਖਣ 'ਤੇ ਚੁਟਕੀ ਲੈਂਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕਾਂਗਰਸ ਪਾਰਟੀ ਇੱਕ ਵੰਡਿਆ ਹੋਇਆ ਘਰ ਹੈ ਜੋ ਅੰਦਰੂਨੀ ਲੜਾਈ ਕਾਰਨ ਹੀ ਢਹਿ-ਢੇਰੀ ਹੋ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਬੜੇ ਦੁੱਖ ਦੀ ਗੱਲ ਹੈ ਕਿ ਸੱਤਾ ਲਈ ਝਗੜੇ ਕਰਨ ਵਾਲੇ ਇਨ੍ਹਾਂ ਆਗੂਆਂ ਨੂੰ ਇੱਕਜੁੱਟ ਕਰਨ ਲਈ ਆਉਣ ਵਾਲੇ ਚੋਟੀ ਦੇ ਕਾਂਗਰਸੀ ਆਗੂ ਨੂੰ ਉਹਨਾਂ ਦਾ ਨਾਂ ਵੀ ਉਚਾਰਨਾ ਨਹੀਂ ਆਉਂਦਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਕਾਂਗਰਸੀ ਆਗੂਆਂ ਕੋਲ ਸੂਬੇ ਦੇ ਵਿਕਾਸ ਲਈ ਕੋਈ ਦ੍ਰਿਸਟੀਕੋਣ ਨਹੀਂ ਹੈ ਅਤੇ ਉਨ੍ਹਾਂ ਦਾ ਇੱਕੋ-ਇੱਕ ਉਦੇਸ ਸੱਤਾ ਸੰਭਾਲ ਕੇ ਪੰਜਾਬ ਦੀ ਦੌਲਤ ਨੂੰ ਲੁੱਟਣਾ ਹੈ ਪਰ ਉਨ੍ਹਾਂ ਦੇ ਸੁਪਨੇ ਕਦੇ ਵੀ ਪੂਰੇ ਨਹੀਂ ਹੋਣਗੇ।

ਅਕਾਲੀ ਲੀਡਰਸ਼ਿਪ 'ਤੇ ਵਰ੍ਹਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਜਿਨ੍ਹਾਂ ਲੋਕਾਂ ਨੂੰ ਆਪਣੀ ਪਾਰਟੀ ਦੀ ਕਮੇਟੀ ਬਣਾਉਣ ਲਈ 11 ਮੈਂਬਰ ਵੀ ਨਹੀਂ ਮਿਲ ਰਹੇ, ਉਹ ਸੂਬੇ ਵਿੱਚ 117 ਸੀਟਾਂ ਜਿੱਤਣ ਦੇ ਸੁਪਨੇ ਦੇਖ ਰਹੇ ਹਨ। ਭਗਵੰਤ ਸਿੰਘ ਮਾਨ ਨੇ ਲੋਕਾਂ ਨੂੰ ਯਾਦ ਦਿਵਾਇਆ ਕਿ ਇਨ੍ਹਾਂ ਆਗੂਆਂ ਨੇ ਸੂਬੇ ਵਿੱਚ ਗੈਂਗਸਟਰਾਂ ਨੂੰ ਸਰਪ੍ਰਸਤੀ ਦਿੱਤੀ ਹੈ ਅਤੇ ਨਸਾ ਤਸਕਰਾਂ ਨੂੰ ਬਚਾ ਕੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚ ਸੁੱਟ ਦਿੱਤਾ। ਉਨ੍ਹਾਂ ਕਿਹਾ ਕਿ ਅਕਾਲੀ ਦਲ ਚੱਲੇ ਹੋਏ ਕਾਰਤੂਸਾਂ ਦੀ ਪਾਰਟੀ ਹੈ ਜਿਨ੍ਹਾਂ ਨੂੰ ਲੋਕਾਂ ਨੇ ਵਾਰ-ਵਾਰ ਸੱਤਾ ਤੋਂ ਬਾਹਰ ਦਾ ਰਾਸਤਾ ਦਿਖਾਇਆ ਹੈ। ਉਨ੍ਹਾਂ ਕਿਹਾ ਕਿ ਅਕਾਲੀ ਧਰਮ ਦੀ ਦੁਰਵਰਤੋਂ ਕਰ ਸਕਦੇ ਹਨ ਪਰ ਲੋਕ ਹੁਣ ਇਹਨਾਂ ਦੇ ਝਾਂਸੇ ਵਿੱਚ ਨਹੀਂ ਆਉਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਅਕਾਲੀ ਲੀਡਰਸ਼ਿਪ ਸੂਬੇ ਦੇ ਲੋਕਾਂ ਨੂੰ ਗੁਮਰਾਹ ਕਰਨ ਲਈ ਹਵਾ ਵਿੱਚ ਮਹਿਲ ਬਣਾ ਰਹੀ ਹੈ, ਪਰ ਪੰਜਾਬੀ ਇਹਨਾਂ ਦੇ ਝਾਂਸੇ ਵਿੱਚ ਨਹੀਂ ਆਉਣਗੇ। ਉਨ੍ਹਾਂ ਕਿਹਾ ਕਿ ਸੁਖਬੀਰ ਬਾਦਲ ਦਾਅਵਾ ਕਰਦੇ ਹਨ ਕਿ ਸੂਬੇ ਦਾ ਪੂਰਾ ਵਿਕਾਸ ਉਨ੍ਹਾਂ ਦੇ ਕਾਰਜਕਾਲ ਦੌਰਾਨ ਹੋਇਆ ਹੈ ਪਰ ਉਹ ਸੂਬੇ ਵਿੱਚ ਉਨ੍ਹਾਂ ਦੇ ਕਾਰਜਕਾਲ ਦੌਰਾਨ ਵਾਪਰੀਆਂ ਬੇਅਦਬੀ ਦੀਆਂ ਘਟਨਾਵਾਂ ਦਾ ਜ਼ਿਕਰ ਨਹੀਂ ਕਰਦੇ।

ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਲੋਕਾਂ ਨੇ ਆਪਣੇ ਸੌੜੇ ਹਿੱਤਾਂ ਲਈ ਧਰਮ ਦੀ ਵਰਤੋਂ ਕਰਕੇ ਆਮ ਲੋਕਾਂ ਦੀ ਭਾਵਨਾ ਨੂੰ ਠੇਸ ਪਹੁੰਚਾਈ ਹੈ, ਜੋ ਕਿ ਮੁਆਫੀਯੋਗ ਨਹੀਂ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਕਾਲੀ ਉਨ੍ਹਾਂ ਤਾਕਤਾਂ ਨਾਲ ਰਲੇ ਹੋਏ ਹਨ ਜੋ ਸਿੱਖ ਪੰਥ ਅਤੇ ਪੰਜਾਬ ਵਿਰੋਧੀ ਹਨ। ਉਨ੍ਹਾਂ ਕਿਹਾ ਕਿ ਇਹ ਆਗੂ ਸਭ ਤੋਂ ਵੱਧ ਮੌਕਾਪ੍ਰਸਤ ਆਗੂ ਹਨ ਜੋ ਸੂਬੇ ਦੀ ਚਿੰਤਾ ਕਰਨ ਦੀ ਬਜਾਏ ਸਿਰਫ ਆਪਣੇ ਸੌੜੇ ਹਿੱਤਾਂ ਦੀ ਪੂਰਤੀ ਲਈ ਕੰਮ ਕਰਦੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਅਸਲ ਵਿੱਚ ਰਵਾਇਤੀ ਪਾਰਟੀਆਂ ਉਨ੍ਹਾਂ ਤੋਂ ਈਰਖਾ ਕਰਦੀਆਂ ਹਨ ਕਿਉਂਕਿ ਉਨ੍ਹਾਂ ਨੇ ਆਮ ਲੋਕਾਂ ਦੀ ਭਲਾਈ ਨੂੰ ਮੁੱਖ ਏਜੰਡਾ ਬਣਾਇਆ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਕਾਂਗਰਸ ਅਤੇ ਭਾਜਪਾ ਵਾਰੋ-ਵਾਰੀ ਸੱਤਾ ਦਾ ਆਨੰਦ ਮਾਣ ਕੇ ਅਤੇ ਇੱਕ ਦੂਜੇ ਦੇ ਹਿੱਤਾਂ ਨੂੰ ਸੁਰੱਖਿਅਤ ਕਰਕੇ ਆਪਸੀ ਮਿਲੀਭੁਗਤ ਨਾਲ ਪੰਜਾਬ ਨੂੰ ਲੁੱਟਦੇ ਸਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਸੂਬੇ ਨੂੰ ਲੁੱਟਣ ਲਈ ਆਪਣੀ ਵਾਰੀ ਦੀ ਉਡੀਕ ਕਰਦੇ ਸਨ। ਮੁੱਖ ਮੰਤਰੀ ਨੇ ਕਿਹਾ ਕਿ ਇਹ ਗੰਦੀ ਖੇਡ ਉਦੋਂ ਬੰਦ ਹੋ ਗਈ ਜਦੋਂ 'ਆਪ' ਨੇ ਦੇਸ ਦੀ ਰਾਜਨੀਤੀ ਵਿੱਚ ਪੈਰ ਰੱਖਿਆ ਪਰ ਇਹ ਪਾਰਟੀਆਂ ਨਹੀਂ ਚਾਹੁੰਦੀਆਂ ਕਿ ਅਜਿਹਾ ਹੋਵੇ।

ਮੁੱਖ ਮੰਤਰੀ ਨੇ ਕਿਹਾ ਕਿ ਪਿਛਲੇ ਚਾਰ ਸਾਲਾਂ ਵਿੱਚ ਸੂਬਾ ਸਰਕਾਰ ਵੱਲੋਂ ਲੋਕਾਂ ਦੀ ਭਲਾਈ ਲਈ ਬੇਮਿਸਾਲ ਕਦਮ ਚੁੱਕੇ ਗਏ ਹਨ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਨੂੰ ਲੋਕਾਂ ਦੀ ਭਲਾਈ ਜਾਂ ਲੋਕਾਂ ਦੀ ਖੁਸਹਾਲੀ ਦੀ ਕੋਈ ਪ੍ਰਵਾਹ ਨਹੀਂ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਆਗੂਆਂ ਦਾ ਉਦੇਸ਼ ਸਿਰਫ ਸੱਤਾ ਹੜੱਪਣ ਤੱਕ ਸੀਮਿਤ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਲੋਕਾਂ ਦੀਆਂ ਮਾੜੀਆਂ ਅਤੇ ਪਿਛਾਂਹ-ਖਿੱਚੂ ਨੀਤੀਆਂ ਨੇ ਸੂਬੇ ਦੇ ਲੋਕਾਂ ਦਾ ਭਵਿੱਖ ਤਬਾਹ ਕਰ ਦਿੱਤਾ ਹੈ ਜਿਨ੍ਹਾਂ ਨੂੰ ਦੋ ਟਾਈਮ ਦੀ ਰੋਟੀ ਦਾ ਪ੍ਰਬੰਧ ਕਰਨ ਲਈ ਮਾਮੂਲੀ ਕੰਮ ਕਰਨੇ ਪੈਂਦੇ ਸਨ ਜਦੋਂ ਕਿ ਇਨ੍ਹਾਂ ਲੋਕਾਂ ਨੇ ਆਪਣੇ ਪੁਰਖਿਆਂ ਵੱਲੋਂ ਤਸਕਰੀ ਕੀਤੇ 'ਸੋਨੇ ਦੇ ਬਿਸਕੁਟਾਂ' ਦੇ ਆਧਾਰ 'ਤੇ ਜ਼ਿੰਦਗੀ ਦਾ ਆਨੰਦ ਮਾਣਿਆ ਸੀ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਦੀ ਭਲਾਈ ਲਈ ਸਰਕਾਰੀ ਖਜਾਨੇ ਦੀ ਪੂਰੀ ਸੂਝ-ਬੂਝ ਨਾਲ ਵਰਤੋਂ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ 90 ਫ਼ੀਸਦ ਤੋਂ ਵੱਧ ਘਰਾਂ ਨੂੰ ਮੁਫਤ ਬਿਜਲੀ ਮਿਲ ਰਹੀ ਹੈ ਅਤੇ ਹੁਣ ਕਿਸਾਨਾਂ ਨੂੰ ਵੀ ਦਿਨ ਵੇਲੇ ਬਿਜਲੀ ਮਿਲ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਜਿਹੇ ਸਮੇਂ ਜਦੋਂ ਕੇਂਦਰ ਸਰਕਾਰ ਵੱਲੋਂ ਆਪਣੇ ਕਰੀਬੀ ਦੋਸਤਾਂ ਨੂੰ ਦੇਸ ਦੀਆਂ ਜਾਇਦਾਦਾਂ ਘੱਟ ਕੀਮਤਾਂ 'ਤੇ ਦਿੱਤੀਆਂ ਜਾ ਰਹੀਆਂ ਹਨ, ਉੱਥੇ ਦੂਜੇ ਪਾਸੇਂ ਪੰਜਾਬ ਸਰਕਾਰ ਨੇ ਖੁਦ ਨਿੱਜੀ ਥਰਮਲ ਪਲਾਂਟ ਖਰੀਦਿਆ ਅਤੇ ਇਸ ਦਾ ਨਾਮ ਸ੍ਰੀ ਗੁਰੂ ਅਮਰਦਾਸ ਜੀ ਦੇ ਨਾਮ 'ਤੇ ਰੱਖਿਆ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ "ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ" ਸੁਰੂ ਕੀਤੀ ਗਈ ਹੈ; ਜਨਰਲ ਵਰਗ ਦੀਆਂ 18 ਸਾਲ ਤੋਂ ਵੱਧ ਉਮਰ ਦੀਆਂ ਔਰਤਾਂ ਨੂੰ 1000 ਰੁਪਏ ਪ੍ਰਤੀ ਮਹੀਨਾ, ਜਦੋਂ ਕਿ ਅਨੁਸੂਚਿਤ ਜਾਤੀ ਵਰਗ ਦੀਆਂ ਔਰਤਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਵਿੱਤੀ ਸਹਾਇਤਾ ਵਜੋਂ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਆਮ ਲੋਕਾਂ, ਖਾਸ ਕਰਕੇ ਗਰੀਬ ਵਰਗ ਲਈ, 1000-1500 ਰੁਪਏ ਵੀ ਇੱਕ ਅਹਿਮ ਰਾਸ਼ੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਰਾਸ਼ੀ ਮਾਵਾਂ ਅਤੇ ਧੀਆਂ ਲਈ ਸਤਿਕਾਰ ਦਾ ਪ੍ਰਤੀਕ ਹੈ ਤੇ ਇਸ ਸਕੀਮ ਸਦਕਾ ਔਰਤਾਂ ਦੇ ਚਿਹਰਿਆਂ 'ਤੇ ਆਈ ਮੁਸਕਰਾਹਟ ਉਨ੍ਹਾਂ ਨੂੰ ਬੇਹੱਦ ਸੰਤੁਸਟੀ ਦਿੰਦੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਪੜ੍ਹਾਉਣ ਲਈ ਆਪਣੀ ਮੁਹਾਰਤ ਨੂੰ ਹੋਰ ਬੇਹਤਰ ਬਣਾਉਣ ਲਈ ਅਧਿਆਪਕਾਂ ਅਤੇ ਪ੍ਰਿੰਸੀਪਲਾਂ ਨੂੰ ਵਿਦੇਸਾਂ ਵਿੱਚ ਭੇਜ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਬਹੁਤ ਮਾਣ ਅਤੇ ਸੰਤੁਸਟੀ ਦੀ ਗੱਲ ਹੈ ਕਿ ਪੰਜਾਬ ਨੇ ਭਾਰਤ ਸਰਕਾਰ ਵੱਲੋਂ ਕਰਵਾਏ ਗਏ ਨੈਸ਼ਨਲ ਅਚੀਵਮੈਂਟ ਸਰਵੇ ਵਿੱਚ ਕੇਰਲਾ ਨੂੰ ਵੀ ਪਛਾੜ ਦਿੱਤਾ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਆਰਮਡ ਫੋਰਸਿਜ ਪ੍ਰੈਪਰੇਸਨ, ਨੀਟ, ਜੇਈਈ, ਕਲਾਟ ਤੇ ਨਿਫਟ ਵਰਗੀਆਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਵਿਸੇਸ ਕੋਚਿੰਗ ਦਿੱਤੀ ਜਾ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੂੰ ਇਹ ਦੱਸਦਿਆਂ ਖੁਸੀ ਹੋ ਰਹੀ ਹੈ ਕਿ ਸਕੂਲ ਆਫ ਐਮੀਨੈਂਸ ਅਤੇ ਹੋਰ ਸਰਕਾਰੀ ਸਕੂਲਾਂ ਦੇ ਲਗਭਗ 300 ਵਿਦਿਆਰਥੀਆਂ ਨੇ ਜੇਈਈ ਮੇਨਜ, ਜੇਈਈ ਐਡਵਾਂਸਡ ਅਤੇ ਨੀਟ ਪ੍ਰੀਖਿਆਵਾਂ ਪਾਸ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਹੁਣ ਪਹਿਲੀ ਵਾਰ ਖੇਤਾਂ ਲਈ ਦਿਨ ਵੇਲੇ ਬਿਜਲੀ ਮਿਲ ਰਹੀ ਹੈ, ਜਿਸ ਨੇ ਉਨ੍ਹਾਂ ਦੇ ਜੀਵਨ ਨੂੰ ਪੂਰੀ ਤਰ੍ਹਾਂ ਤਬਦੀਲ ਕਰ ਦਿੱਤਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇੱਕ ਪਾਸੇ ਸੂਬਾ ਸਰਕਾਰ ਆਮ ਆਦਮੀ ਨੂੰ ਇੰਨੀਆਂ ਸਹੂਲਤਾਂ ਦੇ ਰਹੀ ਹੈ, ਦੂਜੇ ਪਾਸੇ ਦਿੱਲੀ ਦੀ ਭਾਜਪਾ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਬਾਅਦ ਜਨਤਾ ਨੂੰ ਦਿੱਤੀਆਂ ਜਾਣ ਵਾਲੀਆਂ ਅਜਿਹੀਆਂ ਸਾਰੀਆਂ ਸਹੂਲਤਾ ਬੰਦ ਕਰ ਦਿੱਤੀਆਂ ਹਨ।

ਮੁੱਖ ਮੰਤਰੀ ਨੇ ਇਹ ਵੀ ਐਲਾਨ ਕੀਤਾ ਕਿ ਕਾਹਨੂੰਵਾਨ ਨੂੰ ਇੱਕ ਸਬ ਡਿਵੀਜਨ ਬਣਾਇਆ ਜਾਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਇੱਕ ਅਤਿ-ਆਧੁਨਿਕ ਸਟੇਡੀਅਮ ਵੀ ਸਥਾਪਿਤ ਕੀਤਾ ਜਾਵੇਗਾ ਅਤੇ ਬੰਦ ਆਈ.ਟੀ.ਆਈਜ਼. ਨੂੰ ਵੀ ਮੁੜ ਸੁਰੂ ਕੀਤਾ ਜਾਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕਾਦੀਆਂ ਤੇ ਧਾਲੀਵਾਲ ਵਿਖੇ ਸੀਵਰੇਜ ਵਿਛਾਉਣ ਦਾ ਕੰਮ ਵੀ ਸਮਾਂਬੱਧ ਢੰਗ ਨਾਲ ਮੁਕੰਮਲ ਕੀਤਾ ਜਾਵੇਗਾ। ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਮਾਝਾ ਖੇਤਰ ਵਿੱਚ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ ਪ੍ਰੈਪਰੇਟਰੀ ਅਕੈਡਮੀ ਦੀ ਤਰਜ 'ਤੇ ਸਿਖਲਾਈ ਕੇਂਦਰ ਸਥਾਪਤ ਕੀਤਾ ਜਾਵੇਗਾ। ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਧਾਲੀਵਾਲ ਵੂਲਣ ਮਿੱਲ ਨੂੰ ਦੁਬਾਰਾ ਖੋਲ੍ਹਣ ਦਾ ਮੁੱਦਾ ਵੀ ਕੇਂਦਰ ਸਰਕਾਰ ਕੋਲ ਉਠਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਸੂਬੇ ਵਿੱਚ ਨਿਵੇਸ ਅਤੇ ਉਦਯੋਗਿਕ ਬੁਨਿਆਦੀ ਢਾਂਚੇ ਨੂੰ ਹੁਲਾਰਾ ਦੇਣ ਲਈ ਵਚਨਬੱਧ ਹੈ ਅਤੇ ਆਪਣੇ ਬੇਮਿਸਾਲ ਯਤਨਾਂ ਨਾਲ ਸੂਬਾ ਸਰਕਾਰ ਨੇ ਹੁਣ ਤੱਕ 1.50 ਲੱਖ ਕਰੋੜ ਰੁਪਏ ਦੇ ਨਿਵੇਸ ਪ੍ਰਸਤਾਵ ਪ੍ਰਾਪਤ ਕੀਤੇ ਹਨ ਜਿਸ ਨਾਲ ਨੌਜਵਾਨਾਂ ਲਈ 5.20 ਲੱਖ ਨੌਕਰੀਆਂ ਦੇ ਨਵੇਂ ਮੌਕੇ ਪੈਦਾ ਹੋ ਸਕਣਗੇ।

# ਪਾਣੀ ਦੀ ਕਿੱਲਤ ਵਾਲੇ 1230 ਪਿੰਡਾਂ ਤੇ 125 ਬਸਤੀਆਂ ਵਿੱਚ ਜਲ ਸਪਲਾਈ ਤੇ 88 ਯੂਰੇਨੀਅਮ-ਪ੍ਰਭਾਵਿਤ ਖੇਤਰਾਂ ਲਈ ਨਵੇਂ ਪ੍ਰਾਜੈਕਟਾਂ ਵਾਸਤੇ 1487 ਕਰੋੜ ਰੱਖੇ : ਮੁੰਡੀਆਂ



ਚੰਡੀਗੜ੍ਹ, 9 ਮਾਰਚ (ਚ.ਨ.ਸ.): ਪੰਜਾਬ ਦੇ ਮਾਲ, ਮੁੜ ਵਸੇਬਾ ਤੇ ਆਫ਼ਤ ਪ੍ਰਬੰਧਨ ਅਤੇ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਵੱਲੋਂ ਪੇਸ਼ ਕੀਤੇ ਗਏ ਬਜਟ ਨੂੰ ਪ੍ਰਗਤੀਸ਼ੀਲ, ਦੂਰਦਅੰਦੇਸ਼ ਅਤੇ ਲੋਕਪੱਖੀ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਬਜਟ 'ਚ ਕੀਤੇ ਉਪਬੰਧਾਂ ਨਾਲ ਜਿੱਥੇ ਪੀਣ ਵਾਲੇ ਪਾਣੀ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤੀ ਮਿਲੇਗੀ, ਉਥੇ ਸੂਬੇ ਭਰ ਵਿੱਚ ਪਾਰਦਰਸ਼ੀ ਸ਼ਾਸਨ ਵਧੇਰੇ ਯਕੀਨੀ ਬਣੇਗਾ। ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੀਆਂ ਪਹਿਲਕਦਮੀਆਂ ਦਾ ਜ਼ਿਕਰ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਸਰਕਾਰ ਨੇ ਵਿੱਤੀ ਸਾਲ 2026-27 ਵਿੱਚ 1487 ਕਰੋੜ ਰੁਪਏ ਦੇ ਬਜਟ ਦਾ ਪ੍ਰਸਤਾਵ ਰੱਖਿਆ ਹੈ ਤਾਂ ਜੋ ਪੰਜਾਬ ਭਰ ਵਿੱਚ ਲੋਕਾਂ ਦੀ ਸਵੱਛ ਤੇ ਸੁਰੱਖਿਅਤ ਪੀਣ ਵਾਲੇ ਪਾਣੀ ਤੱਕ ਪਹੁੰਚ ਨੂੰ ਹੋਰ ਵਧਾਇਆ ਜਾ ਸਕੇ ਅਤੇ ਸਾਫ਼-ਸਫ਼ਾਈ ਸਬੰਧੀ ਸੇਵਾਵਾਂ ਨੂੰ ਹੋਰ ਬਿਹਤਰ ਬਣਾਇਆ ਜਾ ਸਕੇ।

ਉਨ੍ਹਾਂ ਕਿਹਾ ਕਿ ਸਰਕਾਰ 11 ਵੱਡੇ ਨਹਿਰੀ ਪਾਣੀ ਪ੍ਰਾਜੈਕਟਾਂ ਨੂੰ ਪੂਰਾ ਅਤੇ ਚਾਲੂ ਕਰਨ 'ਤੇ ਧਿਆਨ ਕੇਂਦਰਿਤ ਕਰ ਰਹੀ ਹੈ ਤਾਂ ਜੋ 1230 ਗੁਣਵੱਤਾ-ਪ੍ਰਭਾਵਿਤ ਤੇ ਪਾਣੀ ਦੀ ਕਿੱਲਤ ਵਾਲੇ ਪਿੰਡਾਂ ਲਈ ਸਾਫ਼ ਪੀਣ ਵਾਲੇ ਪਾਣੀ ਦੀ ਸਪਲਾਈ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਅੱਗੇ ਕਿਹਾ ਕਿ ਇਹ ਪ੍ਰਾਜੈਕਟ ਲੰਬੇ ਸਮੇਂ ਤੋਂ ਚੱਲ ਰਹੀਆਂ ਪਾਣੀ ਦੀ ਗੁਣਵੱਤਾ ਸਬੰਧੀ ਚੁਣੌਤੀਆਂ ਨੂੰ ਹੱਲ ਕਰਨ ਅਤੇ ਪੇਂਡੂ ਖੇਤਰਾਂ ਵਿੱਚ ਪੀਣਯੋਗ ਪਾਣੀ ਦੀ ਸਪਲਾਈ ਨੂੰ ਯਕੀਨੀ ਬਣਾਉਣ ਵਿੱਚ ਮੁੱਖ ਭੂਮਿਕਾ ਨਿਭਾਉਣਗੇ। ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਕਿ ਪਾਣੀ ਦੀ ਕਿੱਲਤ ਵਾਲੀਆਂ 125 ਬਸਤੀਆਂ ਵਿੱਚ ਪੀਣ ਵਾਲੇ ਪਾਣੀ ਦੇ ਸੁਧਾਰ ਕਾਰਜ ਕੀਤੇ ਜਾਣਗੇ। ਇਸ ਤੋਂ ਇਲਾਵਾ ਲੋਕਾਂ ਦੀ ਸਿਹਤ ਨੂੰ ਸੁਰੱਖਿਅਤ ਰੱਖਣ ਅਤੇ ਦੂਸ਼ਿਤ ਪਾਣੀ ਦੇ ਗੰਭੀਰ ਮਸਲਿਆਂ ਨੂੰ ਨਜਿੱਠਣ ਲਈ 88 ਯੂਰੇਨੀਅਮ-ਪ੍ਰਭਾਵਿਤ ਖੇਤਰਾਂ ਵਿੱਚ ਨਵੇਂ ਜਲ ਪ੍ਰਾਜੈਕਟ ਸ਼ੁਰੂ ਕੀਤੇ ਜਾਣਗੇ। ਕੈਬਨਿਟ ਮੰਤਰੀ ਨੇ ਦੱਸਿਆ ਕਿ ਸਰਕਾਰ 'ਨਲ ਜਲ ਮਿੱਤਰ' ਮੁਹਿੰਮ ਵੀ ਸ਼ੁਰੂ ਕਰੇਗੀ, ਜਿਸ ਤਹਿਤ ਹਰੇਕ ਗ੍ਰਾਮ ਪੰਚਾਇਤ ਵਿੱਚ ਇੱਕ ਸਿਖਲਾਈ ਪ੍ਰਾਪਤ ਵਿਅਕਤੀ ਪੇਂਡੂ ਜਲ ਸਪਲਾਈ ਪ੍ਰਣਾਲੀਆਂ ਦੇ ਸੰਚਾਲਨ ਤੇ ਰੱਖ-ਰਖਾਅ ਵਿੱਚ ਸਹਾਇਤਾ ਕਰੇਗਾ। ਇਸ ਨਾਲ ਭਾਈਚਾਰਕ ਸ਼ਮੂਲੀਅਤ ਮਜ਼ਬੂਤ ਹੋਵੇਗੀ ਅਤੇ ਸਾਫ਼ ਪਾਣੀ ਦੀ ਉਪਲਬਧਤਾ ਵਿੱਚ ਵੀ ਸੁਧਾਰ ਹੋਵੇਗਾ।

ਮਾਲ ਤੇ ਪੁਨਰਵਾਸ ਵਿਭਾਗ ਨਾਲ ਸਬੰਧਤ ਬਜਟ ਪ੍ਰਸਤਾਵਾਂ ਦਾ ਸਵਾਗਤ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਸਾਹਿਬ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਦੀ ਯਾਦ ਵਿੱਚ ਸ੍ਰੀ ਅਨੰਦਪੁਰ ਸਾਹਿਬ ਵਿਖੇ ਇੱਕ ਨਵਾਂ ਪ੍ਰਸ਼ਾਸਕੀ ਕੰਪਲੈਕਸ ਸਥਾਪਤ ਕਰਨ ਦਾ ਫ਼ੈਸਲਾ ਸੂਬਾ ਸਰਕਾਰ ਦੀ ਸ਼ਲਾਘਾਯੋਗ ਪਹਿਲ ਹੈ। ਮਾਲ ਵਿਭਾਗ ਦੀਆਂ ਹੋਰ ਪਹਿਲਕਦਮੀਆਂ ਬਾਰੇ ਦੱਸਦਿਆਂ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਸਰਕਾਰ ਨੇ ਜ਼ਮੀਨ-ਜਾਇਦਾਦ ਸੇਵਾਵਾਂ ਨੂੰ ਪਾਰਦਰਸ਼ੀ, ਤਕਨਾਲੋਜੀ-ਅਧਾਰਤ ਅਤੇ ਨਾਗਰਿਕ-ਕੇਂਦ੍ਰਿਤ ਬਣਾਉਣ ਲਈ ਕਈ ਕ੍ਰਾਂਤੀਕਾਰੀ ਕਦਮ ਚੁੱਕੇ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਦੇਸ਼ ਦਾ ਪਹਿਲਾ ਅਜਿਹਾ ਸੂਬਾ ਬਣ ਗਿਆ ਹੈ, ਜਿੱਥੇ 'ਈਜ਼ੀ ਜਮ੍ਹਾਂਬੰਦੀ' ਪਹਿਲਕਦਮੀ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਲੋਕ ਆਨਲਾਈਨ ਪੋਰਟਲ ਜਾਂ ਵੱਟਸਐਪ ਰਾਹੀਂ ਜ਼ਮੀਨੀ ਰਿਕਾਰਡ ਤੱਕ ਪਹੁੰਚ ਕਰ ਸਕਦੇ ਹਨ, ਇੰਤਕਾਲਾਂ ਲਈ ਅਰਜ਼ੀ ਦੇ ਸਕਦੇ ਹਨ, ਰਪਟ ਐਂਟਰੀਆਂ ਸਬੰਧੀ ਬੇਨਤੀ ਕਰ ਸਕਦੇ ਹਨ ਅਤੇ ਫਰਦ ਬਦਰ ਸੇਵਾਵਾਂ ਹਾਸਲ ਕਰ ਸਕਦੇ ਹਨ ਜਿਸ ਵਿੱਚ ਸੇਵਾ ਸਹਾਇਕਾਂ ਵੱਲੋਂ ਲੋਕਾਂ ਨੂੰ ਘਰਾਂ ਵਿੱਚ ਹੀ ਸਹਾਇਤਾ ਮੁਹੱਈਆ ਕਰਵਾਈ ਜਾਂਦੀ ਹੈ। ਮੰਤਰੀ ਨੇ ਅੱਗੇ ਕਿਹਾ ਕਿ 'ਈਜ਼ੀ ਰਜਿਸਟਰੀ' ਪ੍ਰਾਜੈਕਟ ਨੇ ਡੀਡ ਫਾਰਮੈਟ ਸੁਖਾਲੇ ਕੀਤੇ ਹਨ, ਜ਼ਿਲ੍ਹੇ ਵਿੱਚ ਕਿਤੇ ਵੀ ਰਜਿਸਟਰੀ ਕਰਵਾਉਣ ਦੀ ਸਹੂਲਤ ਦਿੱਤੀ ਹੈ ਅਤੇ ਲੋਕਾਂ ਨੂੰ ਰੀਅਲ-ਟਾਈਮ ਅੱਪਡੇਟਸ ਪ੍ਰਦਾਨ ਕਰਦਿਆਂ ਪਾਰਦਰਸ਼ਤਾ ਯਕੀਨੀ ਬਣਾਈ ਹੈ ਅਤੇ ਰਜਿਸਟਰੀਆਂ ਦੀ ਪ੍ਰਕਿਰਿਆ ਨੂੰ ਸਰਲ ਬਣਾਇਆ ਹੈ। ਇਸ ਪਹਿਲਕਦਮੀ ਤਹਿਤ 6.17 ਲੱਖ ਦਸਤਾਵੇਜ਼ ਪਹਿਲਾਂ ਹੀ ਰਜਿਸਟਰ ਕੀਤੇ ਜਾ ਚੁੱਕੇ ਹਨ, ਜੋ ਸਬ-ਰਜਿਸਟਰਾਰ ਦਫ਼ਤਰਾਂ ਵਿੱਚ ਭ੍ਰਿਸ਼ਟਾਚਾਰ ਨੂੰ ਖ਼ਤਮ ਕਰਨ ਦੇ ਉਦੇਸ਼ ਨਾਲ ਕੀਤੇ ਗਏ ਇਸ ਵੱਡੇ ਸੁਧਾਰ ਯਤਨ ਦੀ ਵਿਆਪਕ ਪ੍ਰਵਾਨਗੀ ਦਾ ਪ੍ਰਮਾਣ ਹੈ। ਆਫ਼ਤ ਪ੍ਰਬੰਧਨ ਦੇ ਯਤਨਾਂ ਦਾ ਹਵਾਲਾ ਦਿੰਦਿਆਂ ਮੰਤਰੀ ਨੇ ਕਿਹਾ ਕਿ ਸਰਕਾਰ ਨੇ ਪਿਛਲੇ ਸਾਲ ਆਏ ਭਿਆਨਕ ਹੜ੍ਹਾਂ ਦੌਰਾਨ ਤੀਬਰ ਅਤੇ ਵਿਉਂਤਬੱਧ ਕਾਰਵਾਈ ਕੀਤੀ। ਵਿੱਤੀ ਸਾਲ 2025-26 ਦੌਰਾਨ ਸਰਕਾਰ ਨੇ ਵਿਆਪਕ ਆਫ਼ਤ ਰਾਹਤ ਅਤੇ ਬਚਾਅ ਕਾਰਜਾਂ ਲਈ 1010 ਕਰੋੜ ਰੁਪਏ ਜਾਰੀ ਕੀਤੇ। ਉਨ੍ਹਾਂ ਦੱਸਿਆ ਕਿ ਪੰਜਾਬ ਨੇ ਭਾਰਤ ਦੇ ਪਹਿਲੇ ਮੁਕੰਮਲ "ਡਿਜੀਟਲ ਫਲੱਡ ਰਿਲੀਫ਼ ਸਿਸਟਮ" ਦੀ ਸ਼ੁਰੂਆਤ ਕੀਤੀ ਹੈ ਜਿਸ ਨਾਲ ਜੀਓ-ਟੈਗਡ ਸਰਵੇਖਣ ਅਤੇ ਰੀਅਲ ਟਾਈਮ ਨਿਗਰਾਨੀ ਦਾ ਨਵਾਂ ਦੌਰ ਸ਼ੁਰੂ ਹੋਇਆ ਹੈ। ਇਸ ਪ੍ਰਣਾਲੀ ਨਾਲ ਲਾਭਪਾਤਰੀਆਂ ਨੂੰ ਰਾਹਤ ਫ਼ੰਡ ਬਿਨਾਂ ਵਿਚੋਲਿਆਂ ਦੇ ਦਖ਼ਲ ਤੋਂ ਆਨਲਾਈਨ ਸਿੱਧੇ ਤੌਰ 'ਤੇ ਉਨ੍ਹਾਂ ਦੇ ਬੈਂਕ ਖਾਤਿਆਂ 'ਚ ਟ੍ਰਾਂਸਫਰ ਕੀਤਾ ਜਾਣਾ ਯਕੀਨੀ ਬਣਿਆ ਹੈ। ਇਸ ਤੋਂ ਇਲਾਵਾ ਇਸ ਪਹਿਲਕਦਮੀ ਨੇ ਕਾਰਵਾਈ ਵਿੱਚ ਦੇਰੀ ਨੂੰ ਕਾਫ਼ੀ ਹੱਦ ਤੱਕ ਘਟਾ ਦਿੱਤਾ ਹੈ ਜਿਸ ਨਾਲ ਹੜ੍ਹ ਪ੍ਰਭਾਵਿਤ ਪਰਿਵਾਰਾਂ ਨੂੰ ਕੁਝ ਮਹੀਨਿਆਂ ਵਿੱਚ ਹੀ ਵਿੱਤੀ ਸਹਾਇਤਾ ਪ੍ਰਾਪਤ ਹੋਈ ਜਦੋਂ ਕਿ ਪਹਿਲਾਂ ਅਜਿਹੀ ਰਾਹਤ ਵਿੱਚ ਅਕਸਰ ਛੇ ਮਹੀਨਿਆਂ ਤੋਂ ਇੱਕ ਸਾਲ ਤੱਕ ਦਾ ਸਮਾਂ ਲਗ ਜਾਂਦਾ ਸੀ।

# ਮਹਿਲਾਵਾਂ ਦੇ ਸਨਮਾਨ ਤੇ ਸਸ਼ਕਤੀਕਰਨ ਵੱਲ ਇਤਿਹਾਸਕ ਬਜਟ : ਡਾ. ਬਲਜੀਤ ਕੌਰ



ਚੰਡੀਗੜ੍ਹ, 9 ਮਾਰਚ (ਅੰਮ੍ਰਿਤਪਾਲ ਸਿੰਘ): ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਪੰਜਾਬ ਵਿਧਾਨ ਸਭਾ ਵਿੱਚ ਪੇਸ਼ ਕੀਤੇ ਬਜਟ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਹ ਬਜਟ ਸਮਾਜ ਦੇ ਹਰ ਵਰਗ, ਖ਼ਾਸ ਕਰਕੇ ਮਹਿਲਾਵਾਂ ਦੇ ਸਨਮਾਨ ਤੇ ਸਸ਼ਕਤੀਕਰਨ ਵੱਲ ਇਕ ਇਤਿਹਾਸਕ ਕਦਮ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੇਸ਼ ਕੀਤਾ ਗਿਆ ਇਹ ਬਜਟ ਮਹਿਲਾਵਾਂ ਦੇ ਹੱਕਾਂ ਤੇ ਸਮਾਜ ਵਿੱਚ ਉਨ੍ਹਾਂ ਦੀ ਸਥਿਤੀ ਨੂੰ ਮਜ਼ਬੂਤ ਕਰਨ ਵੱਲ ਕਈ ਮਹੱਤਵਪੂਰਨ ਅਤੇ ਬਦਲਾਅ ਕਾਰੀ ਫੈਸਲੇ ਲੈ ਕੇ ਆਇਆ ਹੈ। ਡਾ. ਬਲਜੀਤ ਕੌਰ ਨੇ ਕਿਹਾ ਕਿ ਕੌਮਾਂਤਰੀ ਮਹਿਲਾ ਦਿਵਸ ਦੇ ਮੌਕੇ 'ਤੇ ਪੇਸ਼ ਕੀਤਾ ਗਿਆ ਇਹ ਬਜਟ ਪੰਜਾਬ ਦੀਆਂ ਮਹਿਲਾਵਾਂ ਲਈ ਵੱਡੀ ਸੌਗਾਤ ਹੈ, ਜੋ ਉਨ੍ਹਾਂ ਦੇ ਸਨਮਾਨ ਅਤੇ ਆਰਥਿਕ ਸਸ਼ਕਤੀਕਰਨ ਨੂੰ ਨਵੀਂ ਦਿਸ਼ਾ ਦੇਵੇਗਾ।

ਮੰਤਰੀ ਨੇ ਕਿਹਾ ਕਿ ਪੰਜਾਬ ਦੀ ਧਰਤੀ ਨੇ ਇਤਿਹਾਸ ਦੇ ਕਈ ਔਖੇ ਤੇ ਦਰਦਨਾਕ ਦੌਰ ਵੇਖੇ ਹਨ 'ਚਾਹੇ ਉਹ ਵਿਦੇਸ਼ੀ ਹਮਲਿਆਂ ਦਾ ਸਮਾਂ ਹੋਵੇ, ਦੇਸ਼ ਦੀ ਵੰਡ ਦਾ ਦਰਦ ਹੋਵੇ, ਅੱਤਵਾਦ ਦਾ ਦੌਰ ਹੋਵੇ ਜਾਂ ਨਸ਼ਿਆਂ ਦੀ ਮਾਰ' ਹਰ ਸਮੇਂ ਸਭ ਤੋਂ ਵੱਧ ਪੀੜਾ ਮਹਿਲਾਵਾਂ ਨੇ ਸਹੀ ਹੈ।

ਡਾ. ਬਲਜੀਤ ਕੌਰ ਨੇ ਕਿਹਾ ਕਿ ਸਦੀਆਂ ਤੋਂ ਮਹਿਲਾਵਾਂ ਨੇ ਆਪਣੇ ਸੁਪਨੇ ਤਿਆਗ ਕੇ ਪਰਿਵਾਰ ਅਤੇ ਸਮਾਜ ਦੀ ਨੀਂਹ ਮਜ਼ਬੂਤ ਕੀਤੀ ਹੈ। ਅੱਜ ਵੀ ਕਈ ਘਰੇਲੂ ਮਹਿਲਾਵਾਂ ਛੋਟੀ-ਛੋਟੀ ਬਚਤਾਂ ਕਰਕੇ ਘਰਾਂ ਨੂੰ ਸੰਭਾਲਦੀਆਂ ਹਨ ਤੇ ਪਰਿਵਾਰਾਂ ਨੂੰ ਮਜ਼ਬੂਤ ਬਣਾਉਂਦੀਆਂ ਹਨ, ਪਰ ਉਨ੍ਹਾਂ ਦੇ ਇਸ ਅਨਮੋਲ ਯੋਗਦਾਨ ਨੂੰ ਅਕਸਰ ਯੋਗ ਸਨਮਾਨ ਨਹੀਂ ਮਿਲਦਾ। ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਸਿਰਫ ਇੱਕ ਸਕੀਮ ਨਹੀਂ, ਸਗੋਂ ਮਹਿਲਾਵਾਂ ਦੇ ਸਨਮਾਨ ਨੂੰ ਬਹਾਲ ਕਰਨ ਤੇ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣ ਵੱਲ ਇਕ ਮਹੱਤਵਪੂਰਨ ਪਹਿਲ ਹੈ। ਉਨ੍ਹਾਂ ਕਿਹਾ ਕਿ ਅਨੁਸੂਚਿਤ ਜਾਤੀ ਦੀਆਂ ਮਹਿਲਾਵਾਂ ਲਈ 1500 ਰੁਪਏ ਦੀ ਆਰਥਿਕ ਸਹਾਇਤਾ ਦੇਣ ਦਾ ਫੈਸਲਾ ਵੀ ਸਮਾਜ ਦੇ ਸਭ ਤੋਂ ਕਮਜ਼ੋਰ ਵਰਗਾਂ ਨੂੰ ਮਜ਼ਬੂਤ ਕਰਨ ਵੱਲ ਇਕ ਅਹਿਮ ਕਦਮ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਜਿਵੇਂ 'ਮੇਰੀ ਰਸੋਈ ਸਕੀਮ' ਰਾਹੀਂ ਲਗਭਗ 40 ਲੱਖ ਪਰਿਵਾਰਾਂ ਨੂੰ ਭੋਜਨ ਦੀ ਸੁਰੱਖਿਆ ਮਿਲ ਰਹੀ ਹੈ, ਜਿਸ ਨਾਲ ਗਰੀਬ ਤੇ ਮਜ਼ਦੂਰ ਪਰਿਵਾਰਾਂ ਨੂੰ ਵੱਡਾ ਸਹਾਰਾ ਮਿਲਿਆ ਹੈ।

ਡਾ. ਬਲਜੀਤ ਕੌਰ ਨੇ ਕਿਹਾ ਕਿ ਇਹ ਬਜਟ ਸਿਰਫ ਮਹਿਲਾਵਾਂ ਲਈ ਹੀ ਨਹੀਂ, ਸਗੋਂ ਬਜ਼ੁਰਗਾਂ, ਆਂਗਣਵਾੜੀ ਵਰਕਰਾਂ, ਹੈਲਪਰਾਂ, ਆਸ਼ਾ ਵਰਕਰਾਂ, ਮਿਡ-ਡੇ ਮੀਲ ਵਰਕਰਾਂ ਅਤੇ ਮਜ਼ਦੂਰ ਵਰਗ ਸਮੇਤ ਸਮਾਜ ਦੇ ਹਰ ਵਰਗ ਦੀ ਭਲਾਈ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਅਜਿਹੇ ਲੋਕ-ਪੱਖੀ ਫੈਸਲੇ ਉਹੀ ਸਰਕਾਰ ਕਰ ਸਕਦੀ ਹੈ ਜਿਸਦਾ ਮੁੱਖ ਮੰਤਰੀ ਆਖਰੀ ਕਤਾਰ ਵਿੱਚ ਖੜ੍ਹੇ ਇਨਸਾਨ ਦੇ ਘਰ ਦੇ ਹਾਲਾਤਾਂ ਨੂੰ ਵੀ ਸਮਝਦਾ ਹੋਵੇ। ਉਨ੍ਹਾਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਇਹ ਬਜਟ ਪੰਜਾਬ ਦੇ ਲੋਕਾਂ ਲਈ ਇਕ ਲੋਕ-ਹਿਤੈਸ਼ੀ ਅਤੇ ਯਾਦਗਾਰੀ ਬਜਟ ਸਾਬਤ ਹੋਵੇਗਾ।

## ਬਾਗ਼ਬਾਨੀ ਦੇ ਵਿਕਾਸ ਲਈ 27.73 ਕਰੋੜ ਦੇ ਪ੍ਰੋਜੈਕਟ ਪ੍ਰਗਤੀ ਅਧੀਨ : ਮੋਹਿੰਦਰ ਭਗਤ



ਚੰਡੀਗੜ੍ਹ, 9 ਮਾਰਚ (ਚ.ਨ.ਸ.): ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ, ਆਜ਼ਾਦੀ ਸੰਗਰਾਮੀਆਂ ਅਤੇ ਬਾਗ਼ਬਾਨੀ ਮੰਤਰੀ ਮੋਹਿੰਦਰ ਭਗਤ ਨੇ ਅੱਜ ਪੰਜਾਬ ਵਿਧਾਨ ਸਭਾ ਦੇ ਸੈਸ਼ਨ ਦੌਰਾਨ ਹਲਕਾ ਅਬੋਹਰ ਤੋਂ ਵਿਧਾਇਕ ਸੰਦੀਪ ਜਾਖੜ ਵੱਲੋਂ ਪੁੱਛੇ ਗਏ ਪ੍ਰਸ਼ਨ ਦੇ ਜਵਾਬ ਵਿੱਚ ਦੱਸਿਆ ਕਿ ਅਬੋਹਰ ਇਲਾਕੇ ਵਿੱਚ ਬਾਗ਼ਬਾਨੀ ਦੇ ਵਿਕਾਸ ਅਤੇ ਸੇਮ ਦੀ ਸਮੱਸਿਆ ਦੇ ਹੱਲ ਲਈ ਇੱਕ ਮਹੱਤਵਪੂਰਨ ਪ੍ਰੋਜੈਕਟ ਪ੍ਰਗਤੀ ਅਧੀਨ ਹੈ।

ਮੰਤਰੀ ਨੇ ਦੱਸਿਆ ਕਿ ਭੂਮੀ ਤੇ ਪਾਣੀ ਸੰਭਾਲ ਵਿਭਾਗ, ਪੰਜਾਬ ਵੱਲੋਂ ਇਸ ਪ੍ਰੋਜੈਕਟ ਨੂੰ ਅਬੋਹਰ ਇਲਾਕੇ ਵਿੱਚ ਲਾਗੂ ਕੀਤਾ ਜਾ ਰਿਹਾ ਹੈ। ਪ੍ਰੋਜੈਕਟ ਦੇ ਪਹਿਲੇ ਪੜਾਅ ਤਹਿਤ 27 ਪਿੰਡਾਂ ਵਿੱਚ ਲਗਭਗ 27.73 ਕਰੋੜ ਰੁਪਏ ਦੀ ਲਾਗਤ ਨਾਲ ਕੰਮ ਸ਼ੁਰੂ ਕੀਤਾ ਗਿਆ ਹੈ, ਜਦਕਿ ਦੂਜੇ ਪੜਾਅ ਵਿੱਚ ਹੋਰ 15 ਪਿੰਡਾਂ ਨੂੰ ਵੀ ਇਸ ਯੋਜਨਾ ਅਧੀਨ ਸ਼ਾਮਲ ਕੀਤਾ ਜਾਵੇਗਾ। ਮੋਹਿੰਦਰ ਭਗਤ ਨੇ ਕਿਹਾ ਕਿ ਇਸ ਪ੍ਰੋਜੈਕਟ ਦੇ ਮੁਕੰਮਲ ਹੋਣ ਨਾਲ ਅਬੋਹਰ ਇਲਾਕੇ ਵਿੱਚ ਸੇਮ ਦੀ ਸਮੱਸਿਆ ਦੇ ਹੱਲ ਵਿੱਚ ਵੱਡੀ ਪ੍ਰਗਤੀ ਹੋਵੇਗੀ ਅਤੇ ਬਾਗ਼ਬਾਨੀ ਦੇ ਖੇਤਰ ਨੂੰ ਨਵੀਂ ਰਫ਼ਤਾਰ ਮਿਲੇਗੀ। ਉਨ੍ਹਾਂ ਕਿਹਾ ਕਿ ਇਸ ਨਾਲ ਕਿਸਾਨਾਂ ਨੂੰ ਬਾਗ਼ਬਾਨੀ ਅਤੇ ਹੋਰ ਫਸਲਾਂ ਦੀ ਕਾਸ਼ਤ ਰਾਹੀਂ ਵਾਧੂ ਆਮਦਨ ਦੇ ਮੌਕੇ ਮਿਲਣਗੇ। ਮੰਤਰੀ ਭਗਤ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਵਿੱਚ ਬਾਗ਼ਬਾਨੀ ਦੇ ਖੇਤਰ ਨੂੰ ਮਜ਼ਬੂਤ ਬਣਾਉਣ ਅਤੇ ਖੇਤੀਬਾੜੀ ਦੇ ਟਿਕਾਊ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਵਚਨਬੱਧ ਹੈ। ਇਸ ਪ੍ਰੋਜੈਕਟ ਨਾਲ ਇਲਾਕੇ ਵਿੱਚ ਪਾਣੀ ਦੇ ਸੰਭਾਲ ਅਤੇ ਖੇਤੀਬਾੜੀ ਦੀ ਸਥਿਰਤਾ ਨੂੰ ਵੀ ਵੱਡਾ ਲਾਭ ਹੋਵੇਗਾ।

# ਪੰਜਾਬ ਸਰਕਾਰ ਵੱਲੋਂ ਪੇਸ਼ ਬਜਟ ਸਿੰਚਾਈ ਨੈੱਟਵਰਕ ਨੂੰ ਮਜ਼ਬੂਤੀ ਦੇਣ ਸਣੇ ਪਾਰਦਰਸ਼ੀ ਮਾਈਨਿੰਗ ਪ੍ਰਣਾਲੀ ਨੂੰ ਯਕੀਨੀ ਬਣਾਏਗਾ : ਬਰਿੰਦਰ ਕੁਮਾਰ ਗੋਇਲ



ਚੰਡੀਗੜ੍ਹ, 9 ਮਾਰਚ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤੇ ਗਏ ਬਜਟ ਨੂੰ ਅਗਾਂਹਵਧੂ ਤੇ ਕਿਸਾਨ ਭਲਾਈ 'ਤੇ ਕੇਂਦਰਤ ਕਰਾਰ ਦਿੰਦਿਆਂ ਜਲ ਸਰੋਤ ਤੇ ਖਣਨ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਬਜਟ ਵਿੱਚ ਪੇਸ਼ ਕੀਤੀ ਗਈ ਭਵਿੱਖੀ ਰੂਪ-ਰੇਖਾ ਸਿੰਚਾਈ ਸੁਧਾਰਾਂ ਨੂੰ ਹੋਰ ਮਜ਼ਬੂਤੀ ਦੇਣ ਅਤੇ ਮਾਈਨਿੰਗ ਸੈਕਟਰ 'ਚ ਪਾਰਦਰਸ਼ਤਾ ਅਤੇ ਕੁਸ਼ਲਤਾ ਲਿਆਉਣ ਲਈ ਵਧੇਰੇ ਮਹੱਤਵਪੂਰਨ ਸਿੱਧ ਹੋਵੇਗੀ। ਬਜਟ ਵਿੱਚ ਪਾਣੀ ਪ੍ਰਬੰਧਨ ਬੁਨਿਆਦੀ ਢਾਂਚੇ ਦੀ ਮਜ਼ਬੂਤੀ ਵੱਲ ਧਿਆਨ ਕੇਂਦਰਿਤ ਕਰਨ ਦੀ ਸ਼ਲਾਘਾ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਸਰਕਾਰ ਨੇ ਤਿੰਨ ਸਾਲਾਂ ਦੇ ਅੰਦਰ ਨਹਿਰੀ ਸਿੰਚਾਈ ਸਮਰੱਥਾ ਨੂੰ ਦੁੱਗਣਾ ਕਰਕੇ ਇੱਕ ਇਤਿਹਾਸਕ ਮੀਲ ਪੱਥਰ ਹਾਸਲ ਕੀਤਾ ਹੈ। ਉਨ੍ਹਾਂ ਕਿਹਾ ਕਿ ਨਹਿਰੀ ਸਿੰਚਾਈ ਹੇਠ ਰਕਬਾ ਜੋ ਸਾਲ 2022 ਵਿੱਚ 2.23 ਮਿਲੀਅਨ ਏਕੜ ਸੀ, ਅਪ੍ਰੈਲ 2026 ਤੱਕ ਵਧ ਕੇ 5.3 ਮਿਲੀਅਨ ਏਕੜ ਹੋ ਜਾਵੇਗਾ।

ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਜਲ ਸਰੋਤ ਖੇਤਰ ਲਈ ਸਾਲ 2026-27 ਵਾਸਤੇ 2971 ਕਰੋੜ ਰੁਪਏ ਦੇ ਬਜਟ ਉਪਬੰਧ ਦਾ ਪ੍ਰਸਤਾਵ ਰੱਖਿਆ ਹੈ, ਜਿਸ ਵਿੱਚ ਨਹਿਰੀ ਸਿੰਚਾਈ ਦਾ ਵਿਸਥਾਰ ਕਰਨ ਅਤੇ ਪੱਕੇ ਜਲ ਮਾਰਗਾਂ ਤੇ ਪਾਈਪਲਾਈਨਾਂ ਰਾਹੀਂ ਆਖਰੀ ਸਿਰੇ ਤੱਕ ਪਾਣੀ ਦੇ ਪਹੁੰਚਣ ਨੂੰ ਯਕੀਨੀ ਬਣਾਉਣ ਲਈ ਸਿੰਚਾਈ ਢਾਂਚੇ ਦੀ ਮਜ਼ਬੂਤ 'ਤੇ ਜ਼ੋਰ ਦਿੱਤਾ ਜਾਵੇਗਾ। ਇਨ੍ਹਾਂ ਪਹਿਲਕਦਮੀਆਂ ਜ਼ਰੀਏ ਲਗਭਗ ਪੰਜ ਲੱਖ ਹੈਕਟੇਅਰ ਤੱਕ ਨਹਿਰੀ ਸਿੰਚਾਈ ਸਹੂਲਤ ਬਹਾਲ ਹੋਣ ਦੀ ਉਮੀਦ ਹੈ, ਜਿਸ ਨਾਲ ਨਹਿਰੀ ਸਿੰਚਾਈ ਅਧੀਨ ਕੁੱਲ ਰਕਬਾ 70 ਲੱਖ ਏਕੜ ਦੇ ਨੇੜੇ ਹੋ ਜਾਵੇਗਾ, ਜੋ ਨਿਰਧਾਰਤ ਨਹਿਰੀ ਸਿੰਚਾਈ ਖੇਤਰ ਦਾ ਲਗਭਗ 90 ਫ਼ੀਸਦੀ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ ਸਰਕਾਰ ਨੇ ਮਾਲੇਰਕੋਟਲਾ ਖੇਤਰ ਦੇ ਕਿਸਾਨਾਂ ਦੀਆਂ ਸਿੰਚਾਈ ਸਬੰਧੀ ਚਿਰੋਕਣੀ ਮੰਗਾਂ ਨੂੰ ਪੂਰਾ ਕਰਨ ਲਈ 288 ਕਰੋੜ ਰੁਪਏ ਦੀ ਲਾਗਤ ਨਾਲ ਮਹੋਰਾਣਾ ਡਿਸਟ੍ਰੀਬਿਊਟਰੀ ਦੀ ਮੁਰੰਮਤ ਅਤੇ ਮਾਲੇਰਕੋਟਲਾ ਮਾਈਨਰ ਦੀ ਉਸਾਰੀ ਦਾ ਕੰਮ ਸ਼ੁਰੂ ਕੀਤਾ ਹੈ। ਇਹ ਪ੍ਰਾਜੈਕਟ ਲਗਭਗ 44,000 ਏਕੜ ਰਕਬੇ ਨੂੰ ਕਵਰ ਕਰਦਿਆਂ 55 ਪਿੰਡਾਂ ਨੂੰ ਪਹਿਲੀ ਵਾਰ ਨਹਿਰੀ ਪਾਣੀ ਮਿਲਣਾ ਯਕੀਨੀ ਬਣਾਏਗਾ। ਉਨ੍ਹਾਂ ਦੱਸਿਆ ਕਿ ਇਸ ਪਹਿਲਕਦਮੀ ਲਈ ਸਾਲ 2026-27 ਵਿੱਚ 190 ਕਰੋੜ ਰੁਪਏ ਰੱਖੇ ਗਏ ਹਨ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸੇ ਤਰ੍ਹਾਂ ਸ਼ਹੀਦ ਭਗਤ ਸਿੰਘ ਨਗਰ (ਨਵਾਂਸ਼ਹਿਰ) ਜ਼ਿਲ੍ਹੇ ਦੇ ਨੀਮ-ਪਹਾੜੀ ਅਤੇ ਪਾਣੀ ਦੀ ਘਾਟ ਵਾਲੇ ਖੇਤਰ ਵਿੱਚ ਪਹਿਲੀ ਵਾਰ ਨਹਿਰੀ ਪਾਣੀ ਪਹੁੰਚਾਉਣ ਲਈ ਬਜਟ ਵਿੱਚ ਕਾਠਗੜ੍ਹ ਲਿਫਟ ਸਕੀਮ-2 ਦਾ ਐਲਾਨ ਕੀਤਾ ਗਿਆ ਹੈ, ਜਿਸ ਲਈ ਸਰਕਾਰ ਨੇ 107 ਕਰੋੜ ਰੁਪਏ ਦਾ ਪ੍ਰਬੰਧ ਕੀਤਾ ਹੈ। ਇਸ ਪ੍ਰਾਜੈਕਟ ਰਾਹੀਂ 24 ਪਿੰਡਾਂ ਦੇ ਲਗਭਗ 5,500 ਏਕੜ ਖੇਤਰ ਨੂੰ ਸਿੰਚਾਈ ਸਹੂਲਤਾਂ ਪ੍ਰਦਾਨ ਕਰਨ ਲਈ ਬਿਸ਼ਤ ਦੁਆਬ ਨਹਿਰ ਤੋਂ ਪਾਣੀ ਲਿਫਟ ਕੀਤਾ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ ਇਸ ਪਹਿਲਕਦਮੀ ਨਾਲ ਧਰਤੀ ਹੇਠਲੇ ਪਾਣੀ 'ਤੇ ਨਿਰਭਰਤਾ ਘਟੇਗੀ ਅਤੇ ਇਸ ਨਾਲ ਕਾਫ਼ੀ ਹੱਦ ਤੱਕ ਬਿਜਲੀ ਦੀ ਬੱਚਤ ਹੋਣ ਦੀ ਉਮੀਦ ਹੈ।

ਜਲ ਸਰੋਤ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਰਾਜ ਵਿੱਚ ਹੜ੍ਹ ਸੁਰੱਖਿਆ ਢਾਂਚੇ ਦੀ ਮਜ਼ਬੂਤੀ ਲਈ ਵੀ ਫੈਸਲਾਕੁੰਨ ਕਦਮ ਚੁੱਕੇ ਹਨ, ਜਿਸ ਵਿੱਚ 2025 ਦੇ ਹੜ੍ਹਾਂ ਤੋਂ ਬਾਅਦ ਪ੍ਰਮੁੱਖ ਦਰਿਆਵਾਂ ਦੇ ਵਿਗਿਆਨਕ ਮੁਲਾਂਕਣ ਤਹਿਤ 371 ਹੜ੍ਹ ਸੁਰੱਖਿਆ ਅਤੇ ਸੁਧਾਰ ਪ੍ਰਾਜੈਕਟਾਂ ਦੀ ਪਛਾਣ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਸ 'ਤੇ ਲਗਭਗ 1500 ਕਰੋੜ ਰੁਪਏ ਤੋਂ ਵੱਧ ਦਾ ਖ਼ਰਚ ਆਵੇਗਾ। ਇਨ੍ਹਾਂ ਕੰਮਾਂ ਵਿੱਚੋਂ 489 ਕਰੋੜ ਰੁਪਏ ਦੀ ਲਾਗਤ ਨਾਲ 142 ਪ੍ਰਾਜੈਕਟਾਂ ਨੂੰ 31 ਮਾਰਚ, 2026 ਤੱਕ ਪੂਰਾ ਕਰਨ ਦਾ ਟੀਚਾ ਮਿੱਥਿਆ ਗਿਆ ਹੈ ਜਦੋਂ ਕਿ ਬਾਕੀ ਕਾਰਜ 2026-27 ਦੌਰਾਨ ਨੇਪਰੇ ਚਾੜ੍ਹੇ ਜਾਣਗੇ। ਚੱਲ ਰਹੇ ਡਰੇਨੇਜ ਸੁਧਾਰ ਉਪਾਵਾਂ 'ਤੇ ਚਾਨਣਾ ਪਾਉਂਦਿਆਂ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਮੌਜੂਦਾ ਸਾਲ ਦੌਰਾਨ 65 ਕਰੋੜ ਰੁਪਏ ਦੇ ਹੜ੍ਹ ਸੁਰੱਖਿਆ ਤੇ ਡਰੇਨ ਡੀਸਿਲਟਿੰਗ ਕਾਰਜ ਆਰੰਭੇ ਗਏ ਹਨ। ਕਈ ਜ਼ਿਲ੍ਹਿਆਂ ਵਿੱਚ ਲਗਭਗ 3,000 ਕਿਲੋਮੀਟਰ ਡਰੇਨਾਂ ਦੀ ਸਫਾਈ ਹੋ ਚੁੱਕੀ ਹੈ ਜਿਸ ਨਾਲ ਡਰੇਨੇਜ ਸਮਰੱਥਾ ਵਿੱਚ ਕਾਫ਼ੀ ਸੁਧਾਰ ਹੋਇਆ ਹੈ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਸਰਕਾਰ ਨੇ ਚਾਲੂ ਵਿੱਤੀ ਵਰ੍ਹੇ ਦੌਰਾਨ ਨਹਿਰਾਂ ਦੀ ਬਹਾਲੀ ਅਤੇ ਲਾਈਨਿੰਗ ਲਈ ਇੱਕ ਵਿਆਪਕ ਪ੍ਰੋਗਰਾਮ ਸ਼ੁਰੂ ਕੀਤਾ ਹੈ, ਜਿਸ ਤਹਿਤ ਚਾਰ ਲੱਖ ਹੈਕਟੇਅਰ ਰਕਬੇ ਨੂੰ ਸਿੰਚਾਈ ਕਵਰੇਜ ਹੇਠ ਲਿਆਉਣ ਦੇ ਉਦੇਸ਼ ਨਾਲ 1153 ਕਰੋੜ ਰੁਪਏ ਦੀ ਲਾਗਤ ਨਾਲ ਕੰਮ ਪਹਿਲਾਂ ਹੀ ਚੱਲ ਰਹੇ ਹਨ। ਮੁੱਖ ਬੁਨਿਆਦੀ ਢਾਂਚਾ ਪ੍ਰਾਜੈਕਟਾਂ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਕਿਹਾ ਕਿ ਫਿਰੋਜ਼ਪੁਰ ਫੀਡਰ ਦੇ ਮਜ਼ਬੂਤੀਕਰਨ ਸਬੰਧੀ ਪ੍ਰਾਜੈਕਟ ਚੱਲ ਰਿਹਾ ਹੈ, ਜਿਸ ਤਹਿਤ ਨਹਿਰੀ ਪ੍ਰਣਾਲੀ ਦੀ ਸਮਰੱਥਾ 11245 ਕਿਊਸਿਕ ਤੋਂ ਵਧਾ ਕੇ 13845 ਕਿਊਸਿਕ ਕਰਨ ਦਾ ਟੀਚਾ ਹੈ। ਉਨ੍ਹਾਂ ਦੱਸਿਆ ਕਿ ਸਾਲ 2025-26 ਦੌਰਾਨ 195 ਕਰੋੜ ਰੁਪਏ ਦੀ ਲਾਗਤ ਨਾਲ 17 ਕਿਲੋਮੀਟਰ ਨਹਿਰੀ ਹਿੱਸੇ ਦੀ ਲਾਈਨਿੰਗ ਦਾ ਕੰਮ ਪੂਰਾ ਕੀਤਾ ਗਿਆ ਹੈ, ਜੋ ਅਬੋਹਰ ਅਤੇ ਫਾਜ਼ਿਲਕਾ ਸਮੇਤ ਟੇਲਾਂ ਤੱਕ ਪਾਣੀ ਦੀ ਬਿਹਤਰ ਸਪਲਾਈ ਯਕੀਨੀ ਬਣਾਏਗਾ, ਜਿਸ ਨਾਲ ਸੂਬਾ ਆਪਣੇ ਹਿੱਸੇ ਦੇ ਪੂਰੇ ਨਹਿਰੀ ਪਾਣੀ ਦੀ ਵਰਤੋਂ ਦੇ ਯੋਗ ਹੋ ਜਾਵੇਗਾ।

ਮਾਈਨਿੰਗ ਖੇਤਰ ਵਿੱਚ ਸੁਧਾਰਾਂ ਬਾਰੇ ਦੱਸਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਨੇ ਭਾਰਤ ਸਰਕਾਰ ਦੇ ਖਣਨ ਮੰਤਰਾਲੇ ਦੁਆਰਾ ਐਲਾਨੇ ਗਏ ਸਟੇਟ ਮਾਈਨਿੰਗ ਰੈਡੀਨੇਸ ਇੰਡੈਕਸ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ, ਜੋ ਸੂਬਾ ਸਰਕਾਰ ਦੇ ਪਾਰਦਰਸ਼ੀ ਸ਼ਾਸਨ ਤੇ ਵਿਗਿਆਨਕ ਮਾਈਨਿੰਗ ਅਭਿਆਸਾਂ ਦੀ ਸਫਲਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਵੱਖ-ਵੱਖ ਵਿਧਾਨਕ ਅਤੇ ਨੀਤੀਗਤ ਸੁਧਾਰਾਂ ਰਾਹੀਂ ਰੈਗੂਲੇਟਰੀ ਢਾਂਚੇ ਨੂੰ ਮਜ਼ਬੂਤ ਕੀਤਾ ਹੈ, ਜਿਸ ਨਾਲ ਕਰੱਸ਼ਰ ਯੂਨਿਟਾਂ ਤੇ ਖਣਿਜ ਡੀਲਰਾਂ ਦੀ ਰਜਿਸਟ੍ਰੇਸ਼ਨ ਤੇ ਰੈਗੂਲੇਸ਼ਨ ਨੂੰ ਸਮਰੱਥ ਬਣਾਉਣ ਦੇ ਨਾਲ-ਨਾਲ ਖਣਨ ਤੋਂ ਖਪਤ ਤੱਕ ਮਾਈਨਰ ਖਣਿਜ ਵੈਲਿਊ ਚੇਨ ਦੀ ਡਿਜੀਟਲ ਨਿਗਰਾਨੀ ਨੂੰ ਯਕੀਨੀ ਬਣਾਇਆ ਗਿਆ ਹੈ।

ਕੈਬਨਿਟ ਮੰਤਰੀ ਨੇ ਅੱਗੇ ਕਿਹਾ ਕਿ ਪੰਜਾਬ ਮਾਈਨਰ ਮਿਨਰਲ ਨਿਯਮਾਂ ਵਿੱਚ ਸੋਧ ਕਰਕੇ ਪਾਰਦਰਸ਼ੀ ਤੇ ਸਮਾਂਬੱਧ ਇਕਰਾਰਨਾਮਿਆਂ ਦੀ ਸਹੂਲਤ ਦਿੰਦਿਆਂ ਕਰੱਸ਼ਰ ਮਾਈਨਿੰਗ ਸਾਈਟਾਂ ਅਤੇ ਲੈਂਡਓਨਰ ਮਾਈਨਿੰਗ ਸਾਈਟਾਂ ਵਰਗੀਆਂ ਨਵੀਆਂ ਸ਼੍ਰੇਣੀਆਂ ਬਣਾਈਆਂ ਗਈਆਂ ਹਨ ਤੇ ਜ਼ਮੀਨ ਮਾਲਕਾਂ ਨੂੰ ਨਿਯਮਾਂ ਦੀ ਪਾਲਣਾ ਤਹਿਤ ਆਪਣੀ ਜ਼ਮੀਨ 'ਤੇ ਖਣਨ ਕਾਰਜਾਂ ਦੀ ਆਗਿਆ ਦਿੱਤੀ ਗਈ ਹੈ। ਨਤੀਜੇ ਵਜੋਂ ਮਾਈਨਿੰਗ ਤੋਂ ਰਾਜ ਦਾ ਮਾਲੀਆ ਇੱਕ ਸਾਲ ਦੇ ਅੰਦਰ ਦੁੱਗਣੇ ਤੋਂ ਵੱਧ ਅਰਥਾਤ 260 ਕਰੋੜ ਰੁਪਏ ਤੋਂ ਵੱਧ ਕੇ 500 ਕਰੋੜ ਰੁਪਏ ਹੋ ਗਿਆ ਹੈ।

## ਵਿਜੀਲੈਂਸ ਵੱਲੋਂ ਏ.ਐਸ.ਆਈ. 8,000 ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ



ਚੰਡੀਗੜ੍ਹ 9 ਮਾਰਚ (ਚ.ਨ.ਸ.): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ, ਪੁਲਿਸ ਡਿਵੀਜ਼ਨ ਨੰਬਰ 2 ਕਮਿਸ਼ਨਰੇਟ ਜਲੰਧਰ ਵਿਖੇ ਤਾਇਨਾਤ ਸਹਾਇਕ ਸਬ-ਇੰਸਪੈਕਟਰ ਗੋਪਾਲ ਸਿੰਘ ਨੂੰ 8,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ, ਰਾਜ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਨੂੰ ਗਾਂਧੀ ਕੈਂਪ, ਜਲੰਧਰ ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਅਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਜੋਤਸ਼ ਦਾ ਕੰਮ ਕਰਦਾ ਹੈ ਅਤੇ ਥਾਣਾ ਡਿਵੀਜ਼ਨ ਨੰਬਰ 2 ਦੀ ਪੁਲਿਸ ਨੇ ਉਸ ਦੀ ਸ਼ਿਕਾਇਤ 'ਤੇ ਉਸ ਦੇ ਗੁਆਂਢੀ ਵਿਜੈ ਰਾਜ ਉਰਫ਼ ਪਾਲੀ ਨੂੰ ਨਸ਼ੀਲੇ ਪਦਾਰਥਾਂ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਕੀਤਾ ਸੀ। ਇਸ ਤੋਂ ਬਾਅਦ, ਸ਼ਿਕਾਇਤਕਰਤਾ ਵਿਜੈ ਰਾਜ ਉਰਫ਼ ਪਾਲੀ ਦੀ ਭੈਣ ਤੇ ਇਲਾਕਾ ਪ੍ਰਧਾਨ ਨਾਲ ਥਾਣਾ ਡਿਵੀਜ਼ਨ ਨੰਬਰ 2 ਗਿਆ, ਜਿੱਥੇ ਉਨ੍ਹਾਂ ਨੂੰ ਪਤਾ ਲੱਗਾ ਕਿ ਵਿਜੈ ਰਾਜ ਉਰਫ਼ ਪਾਲੀ ਵਿਰੁੱਧ ਨਸ਼ੀਲੇ ਪਦਾਰਥਾਂ ਦਾ ਕੇਸ ਦਰਜ ਕੀਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਦੋ ਦਿਨ ਬਾਅਦ, ਦੋਸ਼ੀ ਏਐਸਆਈ ਨੇ ਸ਼ਿਕਾਇਤਕਰਤਾ ਨੂੰ ਫ਼ੋਨ ਕੀਤਾ ਅਤੇ ਚੇਤਾਵਨੀ ਦਿੱਤੀ ਕਿ ਜੇਕਰ ਉਹ ਪੁਲਿਸ ਸਟੇਸ਼ਨ ਆ ਕੇ ਉਸਨੂੰ ਨਹੀਂ ਮਿਲਿਆ ਤਾਂ ਉਸਦਾ ਨਾਮ ਵੀ ਉਕਤ ਮਾਮਲੇ ਵਿੱਚ ਸ਼ਾਮਲ ਕਰ ਲਿਆ ਜਾਵੇਗਾ। ਇਸ ਤੋਂ ਬਾਅਦ, ਜਦੋਂ ਸ਼ਿਕਾਇਤਕਰਤਾ ਦਾ ਛੋਟਾ ਭਰਾ ਬਲਵੰਤ ਅਤੇ ਇਲਾਕਾ ਪ੍ਰਧਾਨ ਅਮਿਤ ਕੁਮਾਰ ਉਰਫ਼ ਲਵਲੀ ਭਗਤ ਥਾਣਾ ਡਿਵੀਜ਼ਨ ਨੰਬਰ 2 ਵਿਖੇ ਦੋਸ਼ੀ ਏਐਸਆਈ ਨੂੰ ਮਿਲੇ ਤਾਂ ਦੋਸ਼ੀ ਨੇ ਸ਼ਿਕਾਇਤਕਰਤਾ ਨੂੰ ਮਾਮਲੇ ਵਿੱਚ ਨਾ ਫਸਾਉਣ ਬਦਲੇ 50,000 ਰੁਪਏ ਰਿਸ਼ਵਤ ਦੀ ਮੰਗ ਕੀਤੀ। ਸ਼ਿਕਾਇਤਕਰਤਾ ਦੇ ਛੋਟੇ ਭਰਾ ਬਲਵੰਤ ਤੇ ਅਮਿਤ ਕੁਮਾਰ ਉਰਫ਼ ਲਵਲੀ ਭਗਤ ਦੀ ਬੇਨਤੀ 'ਤੇ, ਮੁਲਜ਼ਮ ਨੇ ਰਿਸ਼ਵਤ ਦੀ ਰਕਮ ਘਟਾ ਕੇ 20,000 ਰੁਪਏ ਕਰ ਦਿੱਤੀ। ਸ਼ਿਕਾਇਤਕਰਤਾ ਨੇ ਰਿਸ਼ਵਤ ਦੀ ਮੰਗ ਸਬੰਧੀ ਗੱਲਬਾਤ ਰਿਕਾਰਡ ਕਰ ਲਈ। ਸ਼ਿਕਾਇਤਕਰਤਾ ਰਿਸ਼ਵਤ ਨਹੀਂ ਦੇਣਾ ਚਾਹੁੰਦਾ ਸੀ ਇਸ ਲਈ ਉਸ ਨੇ ਵਿਜੀਲੈਂਸ ਬਿਊਰੋ ਰੇਂਜ ਜਲੰਧਰ ਨਾਲ ਸੰਪਰਕ ਕੀਤਾ। ਉਸਦੀ ਸ਼ਿਕਾਇਤ 'ਤੇ ਮੁੱਢਲੀ ਜਾਂਚ ਤੋਂ ਬਾਅਦ, ਵਿਜੀਲੈਂਸ ਬਿਊਰੋ ਟੀਮ ਨੇ ਇੱਕ ਜਾਲ ਵਿਛਾਇਆ ਜਿਸ ਦੌਰਾਨ ਦੋਸ਼ੀ ਏਐਸਆਈ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 8,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਸਬੰਧੀ, ਮੁਲਜ਼ਮ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਦੇ ਥਾਣਾ ਜਲੰਧਰ ਵਿਖੇ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# 'ਆਪ' ਨੇ ਲੋਕਾਂ ਨਾਲ ਕੀਤੇ ਸਾਰੇ ਵਾਅਦੇ ਪੁਗਾਏ : ਬਰਸਟ

## ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਨੇ ਪੰਜਾਬ ਸਰਕਾਰ ਦੇ ਵਿੱਤੀ ਸਾਲ 2026-27 ਦੇ ਬਜਟ ਦੀ ਸ਼ਲਾਘਾ



ਚੰਡੀਗੜ੍ਹ/ਪਟਿਆਲਾ, 9 ਮਾਰਚ (ਚ.ਨ.ਸ.): ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਵਿਧਾਨ ਸਭਾ ਵਿੱਚ ਪੇਸ਼ ਕੀਤੇ ਗਏ ਵਿੱਤੀ ਸਾਲ 2026-27 ਦੇ ਬਜਟ ਨੂੰ ਵਿਕਾਸ ਪੱਖੀ ਅਤੇ ਲੋਕ ਹਿਤੈਸ਼ੀ ਕਰਾਰ ਦਿੰਦਿਆਂ ਇਸਦਾ ਸਵਾਗਤ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਬਜਟ ਵਿੱਚ ਸਮਾਜ ਦੇ ਹਰ ਵਰਗ ਦੀ ਭਲਾਈ, ਉੱਨਤੀ ਅਤੇ ਤਰੱਕੀ ਨੂੰ ਅਹਿਮੀਅਤ ਦਿੱਤੀ ਗਈ ਹੈ। ਬਰਸਟ ਨੇ ਮਹਿਲਾ ਸਸ਼ਕਤੀਕਰਨ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਪਹਿਲ ਦਾ ਸਵਾਗਤ ਕਰਦਿਆਂ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਦੀ ਸ਼ਲਾਘਾ ਕੀਤੀ। ਇਸ ਯੋਜਨਾ ਤਹਿਤ ਮਹਿਲਾਵਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਤੇ ਅਨੁਸੂਚਿਤ ਜਾਤੀ ਭਾਈਚਾਰੇ ਨਾਲ ਸਬੰਧਤ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਮਿਲਣਗੇ। ਉਨ੍ਹਾਂ ਕਿਹਾ ਕਿ ਇਸ ਯੋਜਨਾ ਨਾਲ ਮਹਿਲਾਵਾਂ ਨੂੰ ਆਰਥਿਕ ਤੌਰ ਤੇ ਵੀ ਮਜ਼ਬੂਤੀ ਮਿਲੇਗੀ। ਇਹ ਕਦਮ ਮਹਿਲਾਵਾਂ ਦੀ ਸਮਾਜਿਕ ਸਥਿਤੀ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਸਸ਼ਕਤੀਕਰਨ ਵੱਲ ਵੀ ਮਹੱਤਵਪੂਰਨ ਯੋਗਦਾਨ ਪਾਏਗਾ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕਾਂ ਨੂੰ ਕੀਤੇ ਵਾਅਦੇ 4 ਸਾਲਾਂ ਵਿੱਚ ਪੂਰੇ ਕਰਕੇ ਦਿਖਾਏ ਹਨ, ਜੋ ਆਪ ਸਰਕਾਰ ਦੀ ਸੂਬੇ ਦੇ ਚਹੁੰਪੱਖੀ ਵਿਕਾਸ ਤੇ ਲੋਕਾਂ ਦੀ ਭਲਾਈ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਬਜਟ ਵਿੱਚ ਸੂਬੇ ਦੇ ਹਰ ਵਰਗ ਦਾ ਧਿਆਨ ਰੱਖਿਆ ਗਿਆ ਹੈ। ਵਿੱਤ ਮੰਤਰੀ ਵੱਲੋਂ ਪੇਸ਼ ਕੀਤਾ ਗਿਆ ਬਜਟ ਪੰਜਾਬ ਸਰਕਾਰ ਦੀ ਸਿੱਖਿਆ ਪ੍ਰਤੀ ਚੰਗੀ ਤੇ ਭਵਿੱਖਮੁਖੀ ਸੋਚ ਨੂੰ ਦਰਸਾਉਂਦਾ ਹੈ ਅਤੇ ਇਹ ਸਿੱਖਿਆ, ਸਿਹਤ, ਕਿਸਾਨਾਂ, ਆਮ ਲੋਕਾਂ ਸਮੇਤ ਸਾਰੇ ਵਰਗਾਂ ਤੇ ਖੇਤਰਾਂ ਤੇ ਕੇਂਦਰਿਤ ਹੈ। ਸੂਬੇ ਵਿੱਚ ਖੇਡ ਸੱਭਿਆਚਾਰ ਵਿਕਸਤ ਕਰਨ ਲਈ ਵੱਖ-ਵੱਖ ਖੇਡ ਮੁਕਾਬਲੇ ਕਰਵਾਉਣ ਦੇ ਨਾਲ-ਨਾਲ ਖੇਡ ਮੈਦਾਨ ਬਣਾਏ ਜਾ ਰਹੇ ਹਨ। ਨਸ਼ਿਆਂ ਦੇ ਖਾਤਮੇ ਲਈ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਚਲਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪਹਿਲੀਆਂ ਸਰਕਾਰਾਂ ਵਾਂਗ ਲੋਕਾਂ ਨੂੰ ਝੂਠੇ ਵਾਅਦੇ ਨਾ ਕਰਦੇ ਹੋਏ ਲੋਕ ਹਿੱਤ ਵਿੱਚ ਕਾਰਜ ਕਰਕੇ ਦਿਖਾਏ ਹਨ ਅਤੇ ਸੂਬੇ ਵਿੱਚ ਵੱਡੇ ਪੱਧਰ ਤੇ ਵਿਕਾਸ ਕੀਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਰੰਗਲਾ ਤੇ ਖੁਸ਼ਹਾਲ ਪੰਜਾਬ ਬਣਾਉਣ ਲਈ ਲਗਾਤਾਰ ਕਾਰਜ ਕੀਤੇ ਜਾ ਰਹੇ ਹਨ, ਜਿਸ ਵਿੱਚ ਇਹ ਬਜਟ ਮਹੱਤਵਪੂਰਨ ਭੂਮਿਕਾ ਨਿਭਾਵੇਗਾ।

## ਪੁਲਿਸ ਮੁਕਾਬਲੇ 'ਚ ਮਾਰੇ ਗਏ ਰਣਜੀਤ ਸਿੰਘ ਦਾ ਹੋਇਆ ਅੰਤਿਮ ਸੰਸਕਾਰ



ਦੀਨਾਨਗਰ, 9 ਮਾਰਚ (ਡਾ. ਰਮੇਸ਼ ਸਰੰਗਲ): ਪੁਲਿਸ ਮੁਕਾਬਲੇ ਵਿੱਚ ਮਾਰੇ ਗਏ ਰਣਜੀਤ ਸਿੰਘ ਦਾ ਉਸਦੇ ਜੱਦੀ ਪਿੰਡ ਆਦੀਆਂ 'ਚ ਅੰਤਿਮ ਸੰਸਕਾਰ ਕਰ ਦਿੱਤਾ ਗਿਆ। ਪੁਲਿਸ ਨੇ ਆਦੀਆਂ ਚੌਕੀ 'ਤੇ ਦੋ ਪੁਲਿਸ ਮੁਲਾਜ਼ਮਾਂ, ਏਐਸਆਈ ਗੁਰਨਾਮ ਸਿੰਘ ਅਤੇ ਹੋਮ ਗਾਰਡ ਕਾਂਸਟੇਬਲ ਅਸ਼ੋਕ ਕੁਮਾਰ ਦੀ ਗੋਲੀ ਮਾਰ ਕੇ ਹੋਈ ਮੌਤ ਦੇ ਮਾਮਲੇ ਵਿੱਚ ਤਿੰਨ ਹੋਰ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਰਣਜੀਤ ਸਿੰਘ 25 ਫਰਵਰੀ ਨੂੰ ਇੱਕ ਪੁਲਿਸ ਮੁਕਾਬਲੇ ਵਿੱਚ ਮਾਰਿਆ ਗਿਆ ਸੀ। ਪਰਿਵਾਰ ਨੇ ਐਲਾਨ ਕੀਤਾ ਸੀ ਕਿ ਉਹ ਉਸਦਾ ਅੰਤਿਮ ਸੰਸਕਾਰ ਨਹੀਂ ਕਰਨਗੇ, ਪਰ ਰਣਜੀਤ ਸਿੰਘ ਦੀ ਲਾਸ਼ ਦੀ ਵਿਗੜਦੀ ਹਾਲਤ ਨੂੰ ਦੇਖਦੇ ਹੋਏ, ਪਰਿਵਾਰ ਅਤੇ ਸੰਗਠਨਾਂ ਨੇ ਅੱਜ ਉਸਦਾ ਅੰਤਿਮ ਸੰਸਕਾਰ ਕੀਤਾ। ਰਣਜੀਤ ਸਿੰਘ (19) ਅਣਵਿਆਹਿਆ ਸੀ, ਇਸ ਲਈ ਪਰਿਵਾਰ ਨੇ ਉਸਦੇ ਮੱਥੇ 'ਤੇ ਪੱਗ ਬੰਨ੍ਹੀ ਤੇ ਭੈਣਾਂ ਵੱਲੋਂ ਸਿਹਰਾ ਸਜਾਇਆ ਗਿਆ ਤੇ ਪਿੰਡ ਦੇ ਸ਼ਮਸ਼ਾਨਘਾਟ ਵਿੱਚ ਉਸਦਾ ਅੰਤਿਮ ਸੰਸਕਾਰ ਕੀਤਾ ਗਿਆ। ਵੱਡੀ ਗਿਣਤੀ ਵਿੱਚ ਸਮਾਜਿਕ ਸੰਗਠਨ ਦੇ ਆਗੂ ਤੇ ਪਿੰਡ ਵਾਸੀ ਉਸਦੇ ਸਸਕਾਰ 'ਚ ਸ਼ਾਮਿਲ ਹੋਏ। ਪਰਿਵਾਰਕ ਮੈਂਬਰਾਂ ਤੇ ਸੰਗਠਨ ਆਗੂਆਂ ਦਾ ਕਹਿਣਾ ਹੈ ਕਿ ਇਨਸਾਫ਼ ਲਈ ਲੜਾਈ ਜਾਰੀ ਰਹੇਗੀ, ਅਤੇ ਅਗਲੀ ਰਣਨੀਤੀ ਬਾਰੇ 16 ਮਾਰਚ ਨੂੰ ਰਣਜੀਤ ਸਿੰਘ ਦੀ ਅੰਤਿਮ ਅਰਦਾਸ ਵਾਲੇ ਦਿਨ ਦੱਸਿਆ ਜਾਵੇਗਾ। ਇਸ ਮੌਕੇ ਵੱਡੀ ਗਿਣਤੀ ਵਿੱਚ ਸਥਾਨਕ ਨਿਵਾਸੀ ਅਤੇ ਵੱਖ-ਵੱਖ ਸੰਗਠਨਾਂ ਦੇ ਆਗੂ ਮੌਜੂਦ ਸਨ।

## ਸੰਪਾਦਕੀ

# ਜੰਗ ਦਾ ਸੇਕ ਘਰਾਂ ਤੱਕ

ਜਦੋਂ ਦੋ ਜਾਂ ਦੋ ਤੋਂ ਵੱਧ ਦੇਸ਼ਾਂ ਵਿਚਕਾਰ ਜੰਗ ਛਿੜਦੀ ਹੈ, ਤਾਂ ਇਸਦਾ ਪ੍ਰਭਾਵ ਸਿਰਫ਼ ਇੱਕ ਦੂਜੇ 'ਤੇ ਹਮਲਿਆਂ ਦੇ ਨਤੀਜੇ ਵਜੋਂ ਹੋਣ ਵਾਲੇ ਵਿਆਪਕ ਜਾਨੀ ਅਤੇ ਮਾਲੀ ਨੁਕਸਾਨ ਦੇ ਰੂਪ ਵਿੱਚ ਹੀ ਪ੍ਰਗਟ ਨਹੀਂ ਹੁੰਦਾ। ਇੱਕ ਲੰਮੀ ਜੰਗ ਕਈ ਪੱਧਰਾਂ 'ਤੇ ਜ਼ਰੂਰੀ ਵਸਤੂਆਂ ਦੀ ਸਪਲਾਈ ਵਿੱਚ ਵਿਘਨ ਪਾਉਂਦੀ ਹੈ, ਜਿਸ ਨਾਲ ਬਾਜ਼ਾਰ ਵਿੱਚ ਲਗਭਗ ਹਰ ਚੀਜ਼ ਦੀਆਂ ਕੀਮਤਾਂ ਵਿੱਚ ਤੇਜ਼ੀ ਨਾਲ ਵਾਧਾ ਹੁੰਦਾ ਹੈ। ਈਰਾਨ 'ਤੇ ਇਜ਼ਰਾਈਲੀ-ਅਮਰੀਕੀ ਸਾਂਝੇ ਹਮਲੇ ਤੋਂ ਬਾਅਦ ਡਰੀ ਹੋਈ ਸਥਿਤੀ ਹੁਣ ਸਾਹਮਣੇ ਆਉਣੀ ਸ਼ੁਰੂ ਹੋ ਗਈ ਹੈ। ਇਸ ਟਕਰਾਅ ਵਿੱਚ ਸ਼ਾਮਲ ਨਾ ਹੋਣ ਵਾਲੇ ਦੇਸ਼ ਵੀ ਪ੍ਰਭਾਵਿਤ ਹੋ ਰਹੇ ਹਨ। ਹਾਲ ਹੀ ਵਿੱਚ ਭਾਰਤੀ ਸਟਾਕ ਮਾਰਕੀਟ ਵੀ ਪ੍ਰਭਾਵਿਤ ਹੋਈ ਸੀ, ਜਿਸ ਵਿੱਚ ਮਹੱਤਵਪੂਰਨ ਗਿਰਾਵਟ ਦੇ ਨਤੀਜੇ ਵਜੋਂ ਨਿਵੇਸ਼ਕਾਂ ਨੂੰ ਲਗਭਗ 19 ਰੁਪਏ ਲੱਖ ਕਰੋੜ ਦਾ ਨੁਕਸਾਨ ਹੋਇਆ ਸੀ। ਕਿਉਂਕਿ ਯੁੱਧ ਦੀ ਤੀਬਰਤਾ ਵਿੱਚ ਕਿਸੇ ਵੀ ਤਰ੍ਹਾਂ ਦੀ ਕਮੀ ਦੇ ਕੋਈ ਸੰਕੇਤ ਨਹੀਂ ਹਨ, ਇਸ ਲਈ ਇਹ ਸਥਿਤੀ ਬਣੀ ਰਹਿਣ ਦੀ ਸੰਭਾਵਨਾ ਹੈ। ਇਸ ਤੋਂ ਇਲਾਵਾ, ਯੁੱਧ ਦੇ ਪ੍ਰਭਾਵ ਆਮ ਨਾਗਰਿਕਾਂ ਦੇ ਦਰਵਾਜ਼ਿਆਂ ਤੱਕ ਪਹੁੰਚਣੇ ਸ਼ੁਰੂ ਹੋ ਗਏ ਹਨ। ਉਦਾਹਰਣ ਵਜੋਂ ਰਸੋਈ ਗੈਸ ਦੀ ਕੀਮਤ ਵਿੱਚ 60 ਰੁਪਏ ਦਾ ਵਾਧਾ ਕੀਤਾ ਗਿਆ ਹੈ। ਕੱਚੇ ਤੇਲ ਦੀ ਸਪਲਾਈ ਵਿੱਚ ਵਿਘਨ ਦੇ ਕਾਰਨ, ਭਾਰਤ ਸਮੇਤ ਬਹੁਤ ਸਾਰੇ ਦੇਸ਼ਾਂ ਨੂੰ ਨਵੇਂ ਰਸਤੇ ਲੱਭਣੇ ਪੈ ਰਹੇ ਹਨ। ਇਸ ਦੌਰਾਨ ਕੱਚੇ ਤੇਲ ਦੀਆਂ ਕੀਮਤਾਂ ਪ੍ਰਤੀ ਬੈਰਲ 100 ਡਾਲਰ ਤੱਕ ਪਹੁੰਚਣ ਦਾ ਡਰ ਹੈ। ਇਸ ਬਾਜ਼ਾਰ ਰੁਝਾਨ ਦੇ ਪ੍ਰਭਾਵ ਦੀ ਕਲਪਨਾ ਕਰਨਾ ਔਖਾ ਹੈ ਅਤੇ ਜੇਕਰ ਜੰਗ ਜਾਰੀ ਰਹਿੰਦੀ ਹੈ ਤਾਂ ਇਹ ਉਨ੍ਹਾਂ ਦੇਸ਼ਾਂ ਵਿੱਚ ਕਿਹੜੀਆਂ ਮੁਸ਼ਕਲਾਂ ਪੈਦਾ ਕਰੇਗੀ, ਜਿਨ੍ਹਾਂ ਦੀ ਆਰਥਿਕਤਾ ਅਤੇ ਰੋਜ਼ੀ-ਰੋਟੀ ਬਾਹਰੀ ਸਪਲਾਈ 'ਤੇ ਬਹੁਤ ਜ਼ਿਆਦਾ ਨਿਰਭਰ ਕਰਦੀ ਹੈ। ਇਜ਼ਰਾਈਲੀ ਹਮਲੇ ਪ੍ਰਤੀ ਈਰਾਨ ਦੀ ਪ੍ਰਤੀਕਿਰਿਆ ਨੇ ਪਹਿਲਾਂ ਹੀ ਕਈ ਵੱਡੇ ਤੇਲ ਉਤਪਾਦਕ ਦੇਸ਼ਾਂ ਵਿੱਚ ਅਸੁਰੱਖਿਆ ਦੀ ਭਾਵਨਾ ਪੈਦਾ ਕਰ ਦਿੱਤੀ ਹੈ। ਈਰਾਨ ਵੱਲੋਂ ਹੋਰਮੁਜ਼ ਜਲਡਮਰੂ ਵਿੱਚੋਂ ਲੰਘਣ ਵਾਲੇ ਜਹਾਜ਼ਾਂ ਦੀ ਨਾਕਾਬੰਦੀ ਦੁਨੀਆ ਦੇ ਬਹੁਤ ਸਾਰੇ ਹਿੱਸਿਆਂ ਵਿੱਚ ਤੇਲ ਸਪਲਾਈ ਨੂੰ ਪ੍ਰਭਾਵਤ ਕਰੇਗੀ। ਨਾਕਾਬੰਦੀ ਕਾਰਨ ਜਲਡਮਰੂ ਵਿੱਚ ਫਸੇ ਜਹਾਜ਼ਾਂ ਨੂੰ ਲੰਬੀ ਦੂਰੀ ਤੈਅ ਕਰਨੀ ਪਵੇਗੀ। ਭਾਰਤ ਵੀ ਇਸੇ ਤਰ੍ਹਾਂ ਦੀ ਸਥਿਤੀ ਦਾ ਸਾਹਮਣਾ ਕਰ ਰਿਹਾ ਹੈ, ਸਿਰਫ਼ ਛੇ ਤੋਂ ਅੱਠ ਹਫ਼ਤਿਆਂ ਦੇ ਤੇਲ ਭੰਡਾਰ ਹਨ। ਕੁਦਰਤੀ ਤੌਰ 'ਤੇ ਭਾਰਤ ਨੂੰ ਹੁਣ ਤੇਲ ਲਈ ਵਿਕਲਪਕ ਸਰੋਤਾਂ ਵੱਲ ਦੇਖਣਾ ਪਵੇਗਾ। ਇਹ ਇੱਕ ਰਾਹਤ ਦੀ ਗੱਲ ਹੈ ਕਿ ਰੂਸ ਨੇ ਭਾਰਤ ਨੂੰ ਤੇਲ ਵੇਚਣ ਦੀ ਪੇਸ਼ਕਸ਼ ਕੀਤੀ ਹੈ, ਜਦੋਂ ਕਿ ਸੰਯੁਕਤ ਰਾਜ ਨੇ ਵੀ ਇਸ ਮੁੱਦੇ 'ਤੇ ਵਧੇਰੇ ਢਿੱਲਾ ਰੁਖ਼ ਅਪਣਾਇਆ ਹੈ। ਇਸ ਦੇ ਬਾਵਜੂਦ, ਪੱਛਮੀ ਏਸ਼ੀਆ ਵਿੱਚ ਚੱਲ ਰਹੀ ਜੰਗ ਨੇ ਨਾ ਸਿਰਫ਼ ਵਿਸ਼ਵ ਤੇਲ ਅਤੇ ਗੈਸ ਬਾਜ਼ਾਰਾਂ ਨੂੰ ਪ੍ਰਭਾਵਿਤ ਕੀਤਾ ਹੈ, ਸਗੋਂ ਵਧਦੇ ਤਣਾਅ ਕਈ ਵੱਡੇ ਉਦਯੋਗਾਂ ਲਈ ਵੀ ਚਿੰਤਾ ਦਾ ਕਾਰਨ ਬਣ ਰਹੇ ਹਨ, ਕਿਉਂਕਿ ਖੇਤਰ ਨੂੰ ਕੱਚੇ ਮਾਲ ਦੀ ਸਪਲਾਈ ਵਿੱਚ ਵਿਘਨ ਪੈ ਰਿਹਾ ਹੈ। ਖਾਸ ਤੌਰ 'ਤੇ ਤੇਲ ਦੀਆਂ ਕੀਮਤਾਂ ਵਧਣ ਦੀ ਉਮੀਦ ਹੈ, ਜੋ ਬਾਜ਼ਾਰ ਵਿੱਚ ਲਗਭਗ ਸਾਰੀਆਂ ਹੋਰ ਵਸਤੂਆਂ ਨੂੰ ਪ੍ਰਭਾਵਿਤ ਕਰੇਗੀ। ਦਰਅਸਲ, ਭਾੜੇ ਦੀ ਵਧੀ ਹੋਈ ਲਾਗਤ ਸਬਜ਼ੀਆਂ ਅਤੇ ਹੋਰ ਜ਼ਰੂਰੀ ਵਸਤੂਆਂ ਦੀਆਂ ਕੀਮਤਾਂ ਵਿੱਚ ਵੀ ਵਾਧਾ ਕਰੇਗੀ। ਯਕੀਨਨ, ਪ੍ਰਭਾਵਿਤ ਦੇਸ਼ਾਂ ਨੂੰ ਆਪਣੇ ਆਪ ਵਿਕਲਪ ਅਤੇ ਹੱਲ ਲੱਭਣ ਦੀ ਜ਼ਰੂਰਤ ਹੈ। ਪਰ ਸਵਾਲ ਇਹ ਹੈ ਕਿ ਕੀ ਯੁੱਧ ਵਿੱਚ ਸ਼ਾਮਲ ਦੇਸ਼ ਉਸ ਸੰਘਰਸ਼ ਬਾਰੇ ਚਿੰਤਤ ਹਨ ਜੋ ਉਨ੍ਹਾਂ ਨੇ ਦੁਨੀਆ ਭਰ ਦੇ ਆਮ ਲੋਕਾਂ ਲਈ ਆਪਣੀਆਂ ਜ਼ਰੂਰੀ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਪੈਦਾ ਕੀਤਾ ਹੈ।

-ਜਗਜੀਤ ਸਿੰਘ ਦਰਦੀ

### ਭਾਰਤੀ ਲੋਕਤੰਤਰ ਵਿੱਚ ਵਧਦੀ ਅਰਾਜਕਤਾ

# ਪੰਜਾਬ ਵਿਧਾਨ ਸਭਾ ਇਜਲਾਸ ਵਿੱਚ ਰਾਜਨੀਤਿਕ ਬਹਿਸ ਦੀ ਥਾਂ ਸ਼ਬਦੀ ਜੰਗ ਤੋਂ ਲੋਕ ਨਿਰਾਸ਼



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

## ਸ਼੍ਰੋਮਣੀ ਅਕਾਲੀ ਦਲ ਲੈ ਸਕਦਾ ਹੈ ਲੀਡ, ਆਪਣੇ ਕਾਂਟੈਕਟ ਪ੍ਰੋਗਰਾਮ ਦੇ ਨਾਲ ਲੋਕਾਂ ਨਾਲ ਜੁੜਨ ਦਾ ਉਪਰਾਲਾ ਸਫਲ

ਹਰ ਵਾਰ ਦੀ ਤਰ੍ਹਾਂ ਪੰਜਾਬ ਵਿਧਾਨ ਸਭਾ ਦਾ ਇਸ ਵਾਰ ਵੀ ਅਜਲਾਸ ਵਿੱਚ ਜੋ ਕੁੱਝ ਵਿਧਾਨ ਸਭਾ ਦੇ ਅੰਦਰ ਵਾਪਰ ਰਿਹਾ ਹੈ, ਉਸ ਤੋਂ ਲੋਕਾਂ ਦੀ ਨਿਰਾਸ਼ਾ ਹੋ ਰਹੀ ਹੈ। ਪੰਜਾਬ ਦੇ ਰਾਜਨੀਤਿਕ ਪਾਰਟੀਆਂ ਦੇ ਨੇਤਾਵਾਂ ਪ੍ਰਤੀ ਕੁੜੱਤਣ ਪੈਦਾ ਹੋ ਰਹੀ ਹੈ।

ਅੱਜ ਸਵਾਲ ਇਹ ਹੈ ਕਿ ਇਹ ਅਜਲਾਸ ਅਕਸਰ ਬੁਲਾਏ ਕਿਉਂ ਜਾਂਦੇ ਹਨ ਜਦ ਕੋਈ ਕੰਮ ਹੀ ਨਹੀਂ ਕਰਨਾ ਹੁੰਦਾ ਹੈ ਖਾਲੀ ਤੂੰ ਤੂੰ ਮੈਂ ਮੈਂ ਦਾ ਨਜ਼ਾਰਾ ਦੇਖਣ ਵਾਸਤੇ ਇਸਨੂੰ ਕਿਹੜੇ ਸ਼ਬਦਾਂ ਵਿੱਚ ਕਿਹਾ ਜਾਵੇ। ਅੱਜ ਸ਼੍ਰੋਮਣੀ ਅਕਾਲੀ ਦਲ ਦੀ ਵੱਡੀ ਭੂਮਿਕਾ ਅਤੇ 2027 ਦੀਆਂ ਚੋਣਾਂ ਦੇ ਸੰਕੇਤ ਹਨ। ਅੱਜ ਭਾਰਤੀ ਲੋਕਤੰਤਰ ਨੂੰ ਦੁਨੀਆਂ ਦਾ ਸਭ ਤੋਂ ਵੱਡਾ ਲੋਕਤੰਤਰ ਮੰਨਿਆ ਜਾਂਦਾ ਹੈ, ਜਿੱਥੇ ਸੰਸਦ ਅਤੇ ਵਿਧਾਨ ਸਭਾਵਾਂ ਨੂੰ ਚਰਚਾ, ਬਹਿਸ ਅਤੇ ਨੀਤੀ ਨਿਰਮਾਣ ਦਾ ਮੰਚ ਮੰਨਿਆ ਜਾਂਦਾ ਹੈ। ਪਰ ਅੱਜ ਕੱਲ੍ਹ ਇਹ ਮੰਚ ਹੰਗਾਮੇ, ਨਾਅਰੇਬਾਜ਼ੀ ਅਤੇ ਅਸੰਸਦੀ ਭਾਸ਼ਾ ਦੀ ਘਟੀਆ ਵਰਤੋਂ ਨਾਲ ਭਰ ਗਏ ਹਨ।

ਇਸ ਬਾਰੇ ਲੋਕ ਸਭਾ ਸਪੀਕਰ ਓਮ ਬਿਰਲਾ ਨੇ ਵੀ ਵਾਰ-ਵਾਰ ਚਿੰਤਾ ਜ਼ਾਹਰ ਕੀਤੀ ਹੈ ਕਿ ਵਿਧਾਨ ਸਭਾਵਾਂ ਅਤੇ ਸੰਸਦ ਵਿੱਚ ਮਰਿਆਦਾ ਦਾ ਪਤਨ ਲੋਕਤੰਤਰ ਲਈ ਖ਼ਤਰਨਾਕ ਹੈ। ਉਨ੍ਹਾਂ ਨੇ ਕਿਹਾ ਹੈ ਕਿ ਇਹ ਵਿਵਹਾਰ ਲੋਕਤੰਤਰ ਦੇ ਮਾਪਦੰਡਾਂ ਨੂੰ ਨੁਕਸਾਨ ਪਹੁੰਚਾ ਰਿਹਾ ਹੈ। ਲੋਕ ਸਭਾ ਵਿੱਚ ਵਿਰੋਧੀ ਮੈਂਬਰਾਂ ਵੱਲੋਂ ਕਾਗਜ਼ ਸੁੱਟਣੇ, ਹੰਗਾਮਾ ਕਰਨਾ ਅਤੇ ਸੈਸ਼ਨ ਅਜਸਟ ਹੋਣਾ ਆਮ ਹੋ ਗਿਆ ਹੈ।

ਇਸੇ ਤਰ੍ਹਾਂ ਪੰਜਾਬ ਵਿਧਾਨ ਸਭਾ ਵਿੱਚ ਵੀ ਇਹੀ ਹਾਲ ਹੈ। ਮਾਰਚ 2026 ਦੇ ਬਜਟ ਸੈਸ਼ਨ ਦੀ ਸ਼ੁਰੂਆਤ ਵਿੱਚ ਹੀ ਗਵਰਨਰ ਗੁਲਾਬ ਚੰਦ ਕਟਾਰੀਆ ਦੇ ਸੰਬੋਧਨ ਦੌਰਾਨ ਵਿਰੋਧੀ ਧਿਰ ਕਾਂਗਰਸ ਨੇ ਹੰਗਾਮਾ ਕੀਤਾ। ਲੀਡਰ ਆਫ਼ ਅਪੋਜ਼ੀਸ਼ਨ ਪ੍ਰਤਾਪ ਸਿੰਘ ਬਾਜਵਾ ਨੇ ਗਵਰਨਰ ਦੇ ਭਾਸ਼ਣ ਨੂੰ ਵਿਚਕਾਰ ਰੋਕ ਕੇ ਕਾਨੂੰਨ ਵਿਵਸਥਾ ਦੀ ਖ਼ਰਾਬੀ ਅਤੇ ਹਾਲੀਆ ਕਤਲਾਂ 'ਤੇ ਸਵਾਲ ਉਠਾਏ। ਗਵਰਨਰ ਨੇ ਵਾਰ-ਵਾਰ ਕਿਹਾ ਕਿ ਇਹ ਮੁੱਦੇ ਚਰਚਾ ਦੇ ਸਮੇਂ ਉਠਾਏ ਜਾਣ, ਪਰ ਵਿਰੋਧੀ ਐਮ.ਐਲ.ਏ. ਵੈਲ ਆਫ਼ ਦ ਹਾਊਸ ਵਿੱਚ ਪਹੁੰਚ ਗਏ, ਨਾਅਰੇ ਲਗਾਏ ਅਤੇ 17 ਮਿੰਟਾਂ ਵਿੱਚ ਵਾਕਆਊਟ ਕਰ ਗਏ। ਇਸ ਤੋਂ ਬਾਅਦ ਟ੍ਰੇਜ਼ਰੀ ਬੈਂਚਾਂ ਵੱਲੋਂ ਵੀ ਬਾਹਰ ਸਿੰਬਲਿਕ ਮਿਊਜ਼ਿਕਲ ਪ੍ਰੋਟੈਸਟ ਕੀਤਾ ਗਿਆ, ਜਿਸ ਨੂੰ ਵਿਰੋਧੀ ਧਿਰ ਨੇ ਘਟੀਆ ਰਾਜਨੀਤੀ ਕਿਹਾ।

ਅੱਜ ਇਹ ਵਤੀਰਾ ਪੰਜਾਬ ਵਿਧਾਨ ਸਭਾ ਵਿੱਚ ਨਵਾਂ ਨਹੀਂ ਹੈ। ਪਿਛਲੇ ਸੈਸ਼ਨਾਂ ਵਿੱਚ ਵੀ ਇਸੇ ਤਰ੍ਹਾਂ ਦੇ ਹੰਗਾਮੇ ਹੋਏ ਹਨ। ਵਿਰੋਧੀ ਧਿਰ ਦਾ ਦਾਅਵਾ ਹੈ ਕਿ ਏ.ਏ.ਪੀ. ਸਰਕਾਰ ਨੇ ਕਰਜ਼ਾ 4 ਲੱਖ ਕਰੋੜ ਤੋਂ ਵੱਧ ਵਧਾ ਦਿੱਤਾ ਹੈ (2026 ਵਿੱਚ ਲਗਭਗ 4.17 ਲੱਖ ਕਰੋੜ), ਕਾਨੂੰਨ ਵਿਵਸਥਾ ਖ਼ਰਾਬ ਹੋ ਗਈ ਹੈ ਅਤੇ ਵਿਕਾਸ ਰੁਕ ਗਿਆ ਹੈ। ਉਹ ਚਾਹੁੰਦੇ ਹਨ ਕਿ ਸਰਕਾਰ ਵਿੱਤੀ ਹਾਲਤ 'ਤੇ ਵਾਈਟ ਪੇਪਰ ਲਿਆਵੇ। ਪਰ ਇਹ ਮੁੱਦੇ ਚਰਚਾ ਨਾਲ ਨਹੀਂ, ਹੰਗਾਮੇ ਨਾਲ ਉਠਾਏ ਜਾਂਦੇ ਹਨ। ਏ.ਏ.ਪੀ. ਵੱਲੋਂ ਵੀ ਜਵਾਬ ਵਿੱਚ ਵਿਰੋਧੀਆਂ ਨੂੰ ਐਂਟੀ-ਡੈਮੋਕ੍ਰੇਟਿਕ ਕਿਹਾ ਜਾਂਦਾ ਹੈ।

ਅੱਜ ਇਹ ਚੱਕਰ ਲੋਕਤੰਤਰ ਨੂੰ ਕਮਜ਼ੋਰ ਕਰ ਰਿਹਾ ਹੈ। ਟੈਕਸ ਦੇਣ ਵਾਲੇ ਆਮ ਪੰਜਾਬੀਆਂ ਲਈ ਇਹ ਨਿਰਾਸ਼ੀ ਵਾਲੀ ਗੱਲ ਹੈ ਜਦੋਂ ਬੇਰੁਜ਼ਗਾਰੀ, ਨਸ਼ਾ, ਕਿਸਾਨ ਮਸਲੇ ਅਤੇ ਔਰਤਾਂ ਦੀ ਸੁਰੱਖਿਆ ਵਰਗੇ ਮੁੱਦੇ ਪਿੱਛੇ ਰਹਿ ਜਾਂਦੇ ਹਨ ਅਤੇ ਰਾਜਨੀਤਿਕ ਪਾਰਟੀਆਂ ਆਪਸੀ ਤਕਰਾਰ ਵਿੱਚ ਉਲਝੀਆਂ ਰਹਿੰਦੀਆਂ ਹਨ। ਪੰਜਾਬ ਵਿੱਚ ਏ.ਏ.ਪੀ. ਸਰਕਾਰ ਨੇ 2022 ਵਿੱਚ 92 ਸੀਟਾਂ ਜਿੱਤ ਕੇ ਸੱਤਾ ਹਾਸਲ ਕੀਤੀ ਸੀ ਅਤੇ ਵਾਅਦੇ ਕੀਤੇ ਸਨ ਕਿ ਰੁਜ਼ਗਾਰ ਵਧਾਏਗੀ, ਕਰਜ਼ਾ ਘਟਾਏਗੀ ਅਤੇ ਨਸ਼ਾ ਖ਼ਤਮ ਕਰੇਗੀ। ਪਰ ਅੱਜ ਇਹ ਵਾਅਦੇ ਪੂਰੇ ਨਹੀਂ ਹੋਏ। ਪੰਜਾਬ ਦਾ ਬਜਟ 2026-27 ਵਿੱਚ ਔਰਤਾਂ ਲਈ 1000 ਮਹੀਨਾ ਅਤੇ ਦਲਿਤ ਔਰਤਾਂ ਲਈ 1500 ਦੀ ਸਕੀਮ ਐਲਾਨ ਕੀਤੀ ਗਈ ਹੈ, ਜਿਸ ਨੂੰ ਵਿਰੋਧੀ ਚੋਣਾਂ ਤੋਂ ਪਹਿਲਾਂ ਦਾ ਲਾਲਚ ਕਹਿ ਰਹੇ ਹਨ। ਔਰਤਾਂ ਨੂੰ ਪਿਛਲੇ 4 ਸਾਲਾਂ ਦੇ ਬਕਾਏ ਵੀ ਮੰਗ ਰਹੇ ਹਨ। ਸਰਕਾਰ ਨੇ ਸਿਹਤ, ਸਿੱਖਿਆ ਅਤੇ ਖੇਤੀ ਵਿੱਚ ਕੁਝ ਸੁਧਾਰ ਕੀਤੇ ਹਨ ਪਰ ਵਿਰੋਧੀ ਕਹਿੰਦੇ ਹਨ ਕਿ ਵਿਕਾਸ ਨਹੀਂ ਹੋਇਆ ਅਤੇ ਬੁਨਿਆਦੀ ਢਾਂਚਾ ਰੁਕ ਗਿਆ ਹੈ। ਹਾਲੀਆ ਲੋਕਲ ਬਾਡੀ ਚੋਣਾਂ ਵਿੱਚ ਏ.ਏ.ਪੀ. ਅੱਗੇ ਰਹੀ ਪਰ ਐਂਟੀ-ਇਨਕੰਬੈਂਸੀ ਵੀ ਨਜ਼ਰ ਆ ਰਹੀ ਹੈ।

ਅੱਜ ਇਸ ਸਥਿਤੀ ਵਿੱਚ ਸ਼੍ਰੋਮਣੀ ਅਕਾਲੀ ਦਲ (ਐਸ.ਏ.ਡੀ.) ਨੇ ਸਭ ਤੋਂ ਅੱਗੇ ਵਧਣ ਦੀ ਕੋਸ਼ਿਸ਼ ਕੀਤੀ ਹੈ। ਫਰਵਰੀ 2026 ਤੋਂ 'ਪੰਜਾਬ ਬਚਾਓ - ਸੁਖਬੀਰ ਸਿੰਘ ਬਾਦਲ ਲਿਆਓ' ਮਾਸ ਕਾਂਟੈਕਟ ਪ੍ਰੋਗਰਾਮ ਸ਼ੁਰੂ ਕੀਤਾ ਗਿਆ। ਇਸ ਅਧੀਨ 40 ਰੈਲੀਆਂ ਦਾ ਐਲਾਨ ਹੈ, ਜੋ ਵਿਸਾਖੀ (13 ਅਪ੍ਰੈਲ 2026) ਤੱਕ ਚੱਲਣਗੀਆਂ। ਪਹਿਲੀ ਰੈਲੀ ਕਾਦੀਆਂ (ਗੁਰਦਾਸਪੁਰ) ਵਿੱਚ ਹੋਈ। ਇਸ ਤੋਂ ਬਾਅਦ ਅਟਾਰੀ ਵਿੱਚ ਬਾਰਡਰ ਬੈਲਟ ਵਿੱਚ ਖਾਸ ਇੰਡਸਟ੍ਰੀਅਲ ਜ਼ੋਨ ਅਤੇ ਅਟਾਰੀ-ਫਾਜ਼ਿਲਕਾ ਬਾਰਡਰ ਖੋਲ੍ਹਣ ਦੇ ਵਾਅਦੇ ਕੀਤੇ ਗਏ। ਸਮਰਾਲਾ ਵਿੱਚ ਟਿਊਬਵੈੱਲ ਕੁਨੈਕਸ਼ਨ 1 ਲੱਖ ਬਿਨਾਂ ਵਿਆਜ ਦੇ ਕਰਜ਼ੇ ਅਤੇ ਆਟਾ-ਦਾਲ ਸਕੀਮ ਵਾਪਸ ਲਿਆਉਣ ਦੀ ਗੱਲ ਕੀਤੀ ਗਈ। ਜ਼ੀਰਾ ਵਿੱਚ ਗੈਂਗਸਟਰਾਂ ਨੂੰ ਚੇਤਾਵਨੀ ਦਿੱਤੀ ਗਈ। ਇਹ ਰੈਲੀਆਂ ਪੰਥਕ ਏਕਤਾ, ਖੇਤੀਬਾੜੀ ਵਰਗਾਂ ਅਤੇ ਨੌਜਵਾਨਾਂ ਦੇ ਮੁੱਦਿਆਂ 'ਤੇ ਕੇਂਦਰਿਤ ਹਨ।

ਹੁਣ ਲੋਕਾਂ ਵੱਲੋਂ ਮਿਲ ਰਿਹਾ ਰਿਸਪਾਂਸ ਦਰਸਾਉਂਦਾ ਹੈ ਕਿ ਐਸ.ਏ.ਡੀ. ਵਾਪਸੀ ਦੀ ਰਾਹ 'ਤੇ ਹੈ। ਸੁਖਬੀਰ ਸਿੰਘ ਬਾਦਲ ਨੂੰ ਮੁੱਖ ਚਿਹਰਾ ਬਣਾ ਕੇ ਪਾਰਟੀ ਨੇ ਆਪਣੇ ਆਪ ਨੂੰ ਨਵੇਂ ਰੂਪ ਵਿੱਚ ਪੇਸ਼ ਕੀਤਾ ਹੈ। ਪੁਰਾਣੇ ਆਗੂ ਵੀ ਵਾਪਸ ਆ ਰਹੇ ਹਨ। ਭਾਜਪਾ ਵੱਲੋਂ 2027 ਲਈ ਰਣਨੀਤੀ ਵਿੱਚ ਬਦਲਾਅ ਕੀਤਾ ਹੈ। ਪਾਰਟੀ ਨੇ ਸਾਫ਼ ਕਹਿ ਦਿੱਤਾ ਹੈ ਕਿ ਉਹ ਸਾਰੀਆਂ 117 ਸੀਟਾਂ 'ਤੇ ਇਕੱਲੇ ਲੜੇਗੀ। ਭਾਜਪਾ ਵੱਲੋਂ ਅਸ਼ਵਨੀ ਸ਼ਰਮਾ ਅਤੇ ਰਵਨੀਤ ਬਿੱਟੂ ਨੇ ਗਠਜੋੜ ਤੋਂ ਇਨਕਾਰ ਕੀਤਾ ਹੈ। 2024 ਲੋਕ ਸਭਾ ਵਿੱਚ ਵੋਟ ਸ਼ੇਅਰ 18.5% ਤੱਕ ਪਹੁੰਚ ਗਿਆ ਪਰ ਰੂਰਲ ਏਰੀਆ ਵਿੱਚ ਜ਼ੀਰੋ ਜ਼ਿਲ੍ਹਾ ਪਰਿਸ਼ਦ ਸੀਟਾਂ ਮਿਲੀਆਂ। ਕੈਪਟਨ ਅਮਰਿੰਦਰ ਸਿੰਘ ਵਰਗੇ ਆਗੂ ਗਠਜੋੜ ਦੀ ਵਕਾਲਤ ਕਰ ਰਹੇ ਹਨ ਪਰ ਕੇਂਦਰੀ ਲੀਡਰਸ਼ਿਪ ਇਕੱਲੇ ਲੜਨ 'ਤੇ ਅੜੀ ਹੈ।

ਅੱਜ ਜੇਕਰ ਰਣਨੀਤੀ ਨਹੀਂ ਬਦਲੀ ਤਾਂ ਭਾਜਪਾ ਤੂੰ-ਤੂੰ ਮੈਂ-ਮੈਂ ਵਿੱਚ ਰਹਿ ਜਾਵੇਗੀ ਅਤੇ ਮੌਕਾ ਗੁਆ ਸਕਦੀ ਹੈ। ਇਹ ਭਾਰਤੀ ਰਾਜਨੀਤੀ ਲਈ ਚਿੰਤਾ ਨਿਸ਼ਾਨੀ ਨਹੀਂ। 2027 ਦੀਆਂ ਚੋਣਾਂ ਵਿੱਚ ਤਿਕੋਣੀ ਲੜਾਈ ਹੋਵੇਗੀ। ਏ.ਏ.ਪੀ. ਸੱਤਾ ਦੇ ਫਾਇਦੇ ਨਾਲ ਔਰਤ ਵੋਟਰਾਂ ਨੂੰ ਟਾਰਗੇਟ ਕਰ ਰਹੀ ਹੈ। ਕਾਂਗਰਸ ਅੰਦਰੂਨੀ ਕਲਹ ਵਿੱਚ ਘਿਰੀ ਹੈ। ਐਸ.ਏ.ਡੀ. ਪੰਥਕ ਅਤੇ ਖੇਤੀ ਵਰਗਾਂ ਵਿੱਚ ਮਜ਼ਬੂਤ ਹੋ ਰਹੀ ਹੈ। ਇਹ ਅੰਕੜੇ ਦੱਸਦੇ ਹਨ ਕਿ 2022 ਵਿੱਚ ਏ.ਏ.ਪੀ. 42.01% ਵੋਟਾਂ ਨਾਲ 92 ਸੀਟਾਂ, ਕਾਂਗਰਸ 22.8% ਨਾਲ 18 ਅਤੇ ਐਸ.ਏ.ਡੀ. 18.38% ਨਾਲ 3 ਸੀਟਾਂ ਜਿੱਤੀਆਂ। 2024 ਵਿੱਚ ਭਾਜਪਾ ਦਾ ਵੋਟ ਸ਼ੇਅਰ ਵਧਿਆ ਪਰ ਰੂਰਲ ਵਿੱਚ ਕਮਜ਼ੋਰ ਰਹੀ। ਸਿੱਟੇ ਵਜੋਂ, ਵਿਰੋਧੀ ਧਿਰ ਦਾ ਵਤੀਰਾ ਲੋਕਤੰਤਰ ਨੂੰ ਨੁਕਸਾਨ ਪਹੁੰਚਾ ਰਿਹਾ ਹੈ। ਐਸ.ਏ.ਡੀ. ਨੇ ਅਰੰਭਕ ਮੁਹਿੰਮ ਨਾਲ ਅੱਗੇ ਵਧਣ ਦੀ ਸਫਲਤਾ ਦਿਖਾਈ ਹੈ। ਭਾਜਪਾ ਨੂੰ ਰਵੱਈਆ ਬਦਲਣਾ ਪਵੇਗਾ। ਅਸਲ ਜਿੱਤ ਉਸ ਦੀ ਹੋਵੇਗੀ ਜੋ ਹੰਗਾਮੇ ਨਹੀਂ ਚਰਚਾ ਅਤੇ ਵਿਕਾਸ ਨੂੰ ਤਰਜੀਹ ਦੇਵੇ। ਇਹ ਹੀ ਆਉਣ ਵਾਲੇ ਦਿਨ ਪੰਜਾਬ ਦੀ ਰਾਜਨੀਤੀ ਦਾ ਰੂਪ ਨਿਰਧਾਰਤ ਕਰਨਗੇ।

# ਆਖ਼ਰੀ ਬਜਟ 'ਚ ਖੁੱਲ੍ਹਦੇ ਮੁਫ਼ਤ ਦਾ ਪਟਾਰਾ, ਪਰ..



ਕਮਲਜੀਤ ਸਿੰਘ ਬਨਵੈਤ
98147-34035

- ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਦਾ ਲਾਰਾ ਅਤੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀ ਅਣਦੇਖੀ ਪੈ ਸਕਦੀ ਹੈ ਮਹਿੰਗੀ
- ਮਹਿਲਾਵਾਂ ਨੂੰ 1000 ਅਤੇ ਐਸ.ਸੀ. ਵਰਗ ਦੀਆਂ ਮਹਿਲਾਵਾਂ ਨੂੰ 1500 ਮਹੀਨਾ ਦੇਣ ਲਈ ਰੱਖੇ ਪੈਸਿਆਂ ਨਾਲ ਪੂਰ ਪੈਣਾ ਔਖਾ
- ਪ੍ਰਕਾਸ਼ ਸਿੰਘ ਬਾਦਲ ਦੇ 2016 ਦੇ ਆਖਰੀ ਬਜਟ ਅਤੇ ਕੈਪਟਨ ਅਮਰਿੰਦਰ ਸਿੰਘ ਦੇ 2021 ਦੇ ਆਖ਼ਰੀ ਬਜਟ ਵਿੱਚ ਖੋਲ੍ਹਿਆ ਮੁਫ਼ਤ ਦਾ ਪਟਾਰਾ ਨਹੀਂ ਦਿਖਾ ਸਕਿਆ ਰੰਗ
- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ 14 ਮਾਰਚ ਦੀ ਮੋਗਾ ਰੈਲੀ ਤੋਂ ਪਹਿਲਾਂ ਆਪ ਨੇ ਖੜੀ ਕਰ ਦਿੱਤੀ ਇੱਕ ਵੱਡੀ ਚੁਣੌਤੀ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮਾਵਾਂ ਧੀਆਂ ਸਤਿਕਾਰਯੋਗ ਯੋਜਨਾ ਐਲਾਨ ਕੇ ਵਿਰੋਧੀ ਪਾਰਟੀਆਂ ਦੇ ਅੱਗੇ ਇੱਕ ਚੁਣੌਤੀ ਖੜੀ ਕਰ ਦਿੱਤੀ ਹੈ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਜਿਹੜੇ ਕਿ 14 ਮਾਰਚ ਨੂੰ ਮੋਗਾ ਦੇ ਕਿੱਲੀ ਚਾਹਲਾਂ ਵਿੱਚ ਆ ਰਹੇ ਵਾਸਤੇ ਭਾਜਪਾ ਦੇ ਹੱਕ ਵਿੱਚ ਮਾਹੌਲ ਬਣਾਉਣਾ ਔਖਾ ਹੋ ਗਿਆ ਹੈ। ਹਾਲ ਦੀ ਘੜੀ ਸੁਖਬੀਰ ਬਾਦਲ ਦੀਆਂ ਗਰੰਟੀਆਂ ਪਾਣੀ ਵਿੱਚ ਤੈਰਦੀਆਂ ਦਿਸਣ ਲੱਗੀਆਂ ਹਨ। ਕਾਂਗਰਸ ਨੂੰ ਜਿਵੇਂ ਕੁਝ ਸੁੱਝ ਨਾ ਰਿਹਾ ਹੋਵੇ। ਸਰਕਾਰਾਂ ਆਖ਼ਰੀ ਬਜਟ ਵਿੱਚ ਮੁਫਤ ਦਾ ਪਟਾਰਾ ਤਾਂ ਖੋਲ੍ਹਦੀਆਂ ਰਹੀਆਂ ਹਨ ਪਰ ਇਸ ਦੇ ਸਿਰ 'ਤੇ ਜਿੱਤ ਨਸੀਬ ਨਹੀਂ ਹੋਈ। ਪੰਜਾਬ ਦੇ ਪੰਜ ਵਾਰ ਮੁੱਖ ਮੰਤਰੀ ਰਹੇ ਪ੍ਰਕਾਸ਼ ਸਿੰਘ ਬਾਦਲ ਨੇ 2016 ਨੂੰ ਆਪਣੇ ਆਖਰੀ ਬਜਟ ਵਿੱਚ ਮਹਿਲਾਵਾਂ ਬਜ਼ੁਰਗਾਂ ਕਿਸਾਨਾਂ ਅਤੇ ਦਲਿਤਾਂ ਨੂੰ ਪੂਰਾ ਖੁਸ਼ ਕਰਨ ਦੀ ਕੋਸ਼ਿਸ਼ ਕੀਤੀ। ਬਜਟ ਵਿੱਚ ਕੋਈ ਨਵਾਂ ਟੈਕਸ ਨਾ ਲਾਇਆ ਗਿਆ। ਆਖਰੀ ਬਜਟ ਵਿੱਚ 5 ਲੱਖ ਰੁਪਏ ਲਾਈਫ ਇੰਸ਼ੋਰੈਂਸ ਅਤੇ ਪਰਿਵਾਰ ਨੂੰ 50 ਹਜ਼ਾਰ ਤੱਕ ਫਰੀ ਇਲਾਜ ਦੀ ਸਹੂਲਤ ਦੇਣ ਦਾ ਐਲਾਨ ਕੀਤਾ ਗਿਆ ਸੀ। ਆਪ ਸਰਕਾਰ ਨੇ ਇਸ ਨੂੰ ਵਧਾ ਕੇ 10 ਲੱਖ ਤੱਕ ਮੁਫਤ ਇਲਾਜ ਦੀ ਸਹੂਲਤ ਦੇ ਦਿੱਤੀ ਹੈ। ਸਕੂਲ ਵਿਦਿਆਰਥੀਆਂ ਨੂੰ ਮੁਫਤ ਬੈਗ ਸਟੇਸ਼ਨਰੀ ਦੇਣ ਦਾ ਐਲਾਨ ਕੀਤਾ ਗਿਆ। ਬੈਂਕਾਂ ਵਿੱਚ ਕੰਮ ਕਰਨ ਵਾਲੇ ਮਜ਼ਦੂਰਾਂ ਦੇ ਬੱਚਿਆਂ ਨੂੰ ਮੁਫਤ ਵਰਦੀ ਸਟੇਸ਼ਨਰੀ ਅਤੇ ਬੈਗ ਦੇਣ ਦਾ ਚੋਗਾ ਪਾਇਆ ਗਿਆ, ਤੋਂ ਲੈ ਕੇ ਬੱਚਿਆਂ ਨੂੰ ਕਿਤਾਬਾਂ ਬੈਗ ਅਤੇ ਸਟੇਸ਼ਨਰੀ ਮੁਫ਼ਤ ਮਿਲ ਰਹੀ ਹੈ। ਮੁਫਤ ਮੁੱਖ ਮੰਤਰੀ ਤੀਰਥ ਦਰਸ਼ਨ ਯਾਤਰਾ ਦੇ ਲਈ 140 ਕਰੋੜ ਦਾ ਫੰਡ ਰੱਖਿਆ ਗਿਆ ਸੀ। ਆਪ ਸਰਕਾਰ ਨੇ ਵੀ ਇਸ ਨੂੰ ਜਾਰੀ ਰੱਖਿਆ। ਪਰ 2017 ਦੀਆਂ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਬੁਰੀ ਤਰ੍ਹਾਂ ਹਾਰ ਗਿਆ ਸੀ।

ਉਸ ਤੋਂ ਬਾਅਦ ਜਦੋਂ 2022 ਦੀਆਂ ਵਿਧਾਨ ਸਭਾ ਚੋਣਾਂ ਆਈਆਂ ਤਾਂ ਕਾਂਗਰਸ ਸਰਕਾਰ ਨੇ 2021 ਦੇ ਆਪਣੇ ਆਖ਼ਰੀ ਬਜਟ ਵਿੱਚ ਮਹਿਲਾਵਾਂ ਬਜ਼ੁਰਗਾਂ ਕਿਸਾਨਾਂ ਦਲਿਤਾਂ ਨੂੰ ਖੁਸ਼ ਕਰਨ ਦੀ ਪੂਰੀ ਕੋਸ਼ਿਸ਼ ਕੀਤੀ। ਪੌਣੇ ਦੋ ਲੱਖ ਕਰੋੜ ਦੇ ਬਜਟ ਵਿੱਚ ਮਹਿਲਾਵਾਂ ਵਾਸਤੇ ਬੱਸਾਂ ਵਿੱਚ ਮੁਫ਼ਤ ਸਹੂਲਤ ਦੇ ਦਿੱਤੀ ਗਈ। ਇਹ ਯੋਜਨਾ ਹਾਲੇ ਵੀ ਜਾਰੀ ਹੈ। ਕਾਂਗਰਸ ਨੇ ਬਜਟ ਵਿੱਚ ਬੁਢਾਪਾ ਪੈਨਸ਼ਨ 750 ਤੋਂ ਵਧਾ ਕੇ 1500 ਕਰ ਦਿੱਤੀ ਸੀ ਆਪ ਸਰਕਾਰ ਨੇ ਇਸ ਵਿੱਚ ਕੋਈ ਬਦਲਾਅ ਨਹੀਂ ਕੀਤਾ ਹੈ। ਇਸੇ ਤਰ੍ਹਾਂ ਐਸਸੀ ਪਰਿਵਾਰਾਂ ਨੂੰ ਖੁਸ਼ ਕਰਨ ਲਈ ਸ਼ਗਨ ਸਕੀਮ ਨੂੰ ਆਖਰੀ ਬਜਟ ਵਿੱਚ 51000 ਰੁਪਏ ਕਰ ਦਿੱਤਾ ਗਿਆ, ਜਿਹੜਾ ਕਿ ਪਹਿਲਾਂ 21000 ਸੀ। ਕਾਂਗਰਸ ਸਰਕਾਰ ਇਹ ਚੋਣ ਹਾਰ ਗਈ ਅਤੇ ਆਪ ਦੇ 92 ਵਿਧਾਇਕ ਜਿੱਤ ਕੇ ਵਿਧਾਨ ਸਭਾ ਵਿੱਚ ਪੁੱਜੇ।

ਵੋਟਰਾਂ ਨੂੰ ਤਲੀਆਂ 'ਤੇ ਚੋਗ ਚੁਗਾਉਣਾ ਲਗਾਤਾਰ ਜਾਰੀ ਹੈ। ਬਿਹਾਰ ਵਿੱਚ ਪਿਛਲੇ ਸਾਲ ਹੋਈਆਂ ਚੋਣਾਂ ਤੋਂ ਪਹਿਲਾਂ ਮਹਿਲਾਵਾਂ ਦੇ ਖਾਤਿਆਂ ਵਿੱਚ 10,000 ਪਾ ਦਿੱਤੇ ਗਏ ਸਨ। ਦਿੱਲੀ ਵਿੱਚ ਭਾਜਪਾ ਸਰਕਾਰ 18 ਤੋਂ 60 ਸਾਲ ਦੀਆਂ ਉਹਨਾਂ ਮਹਿਲਾਵਾਂ ਨੂੰ 2500 ਮਹੀਨਾ ਦੇ ਰਹੀ ਹੈ, ਜਿਨਾਂ ਦੀ ਇਨਕਮ 3 ਲੱਖ ਤੋਂ ਘੱਟ ਹੈ। ਝਾਰਖੰਡ ਵਿੱਚ 23 ਤੋਂ 60 ਸਾਲ ਦੀਆਂ ਮਹਿਲਾਵਾਂ ਨੂੰ 2100 ਰੁਪਏ ਅਤੇ ਕਰਨਾਟਕ ਵਿੱਚ 2000 ਦਿੱਤੇ ਜਾ ਰਹੇ ਹਨ। ਇਹਨਾਂ ਵਿੱਚੋਂ ਟੈਕਸ ਭਰਨ ਵਾਲੀਆਂ ਮਹਿਲਾਵਾਂ ਨੂੰ ਬਾਹਰ ਰੱਖਿਆ ਗਿਆ ਹੈ। ਹਿਮਾਚਲ ਮੱਧ ਪ੍ਰਦੇਸ਼ ਅਤੇ ਮਹਾਰਾਸ਼ਟਰ ਵਿੱਚ 21 ਤੋਂ 65 ਸਾਲ ਦੀਆਂ ਮਹਿਲਾਵਾਂ ਨੂੰ 1500 ਮਹੀਨਾ ਦਿੱਤਾ ਗਿਆ ਹੈ। ਛੱਤੀਸਗੜ੍ਹ ਵਿੱਚ 21 ਸਾਲ ਤੋਂ ਵੱਧ ਉਮਰ ਦੀਆਂ ਮਹਿਲਾਵਾਂ ਨੂੰ 1000 ਮਹੀਨਾ ਦਿੱਤਾ ਜਾ ਰਿਹਾ ਹੈ। ਪੰਜਾਬ ਸਰਕਾਰ ਵੱਲੋਂ ਜਨਰਲ ਵਰਗ ਦੀਆਂ ਮਹਿਲਾਵਾਂ ਨੂੰ 1000 ਅਤੇ ਐਸਸੀ ਵਰਗ ਦੀਆਂ ਮਹਿਲਾਵਾਂ ਨੂੰ 1500 ਮਹੀਨਾ ਦੇਣ ਲਈ ਬਜਟ ਵਿੱਚ 9300 ਕਰੋੜ ਰੁਪਏ ਰੱਖੇ ਗਏ ਹਨ। ਜ਼ਰਬ ਤਕਸੀਮ ਕਰੀਏ ਤਾਂ ਇਹ ਰਕਮ 31 ਮਾਰਚ 2027 ਤੱਕ ਪੂਰੀ ਪੈਂਦੀ ਨਹੀਂ ਲੱਗਦੀ ਹੈ। ਆਮ ਆਦਮੀ ਪਾਰਟੀ ਦੀ ਸਰਕਾਰ 10 ਲੱਖ ਤੱਕ ਦੇ ਮੁਫ਼ਤ ਇਲਾਜ ਨੂੰ ਵੀ ਰੱਜ ਕੇ ਪ੍ਰਚਾਰ ਰਹੀ ਹੈ ਪਰ ਰੱਖਿਆ ਫੰਡ ਨਾ ਕਾਫੀ ਲੱਗਦਾ ਹੈ।

ਪੰਜਾਬ ਸਰਕਾਰ ਨੇ 300 ਯੂਨਿਟ ਮੁਫਤ ਬਿਜਲੀ ਸਮੇਤ ਹੋਰ ਸਹੂਲਤਾਂ ਦੇ ਚਾਹੇ ਢੇਰ ਲਾ ਦਿੱਤੇ ਹਨ ਪਰ ਸਰਕਾਰ ਦੀ ਪੰਡ ਭਾਰੀ ਹੋ ਰਹੀ ਹੈ। ਵਿੱਤ ਮੰਤਰੀ ਮੁਤਾਬਕ ਕੁਲ ਕਰਜ਼ਾ 4.47 ਲੱਖ ਕਰੋੜ ਨੂੰ ਪੁੱਜ ਜਾਣ ਦੀ ਸੰਭਾਵਨਾ ਹੈ। ਕਿਸ ਹਿਸਾਬ ਨਾਲ ਪ੍ਰਤੀ ਪੰਜਾਬੀ ਇਕ ਲੱਖ 44,497 ਦੇ ਭਾਰ ਹੇਠ ਦੱਬਿਆ ਗਿਆ ਹੈ। ਚਾਲੂ ਸਾਲ ਦੌਰਾਨ ਪ੍ਰਤੀ ਵਿਅਕਤੀ ਕਰਜ਼ਾ ਇਕ ਲੱਖ 30 ਹਜ਼ਾਰ ਸੀ। ਸਰਕਾਰ ਵੱਲੋਂ ਮਹਿਲਾਵਾਂ ਅਤੇ ਹੋਰ ਵਰਗਾਂ ਨੂੰ ਦਿੱਤੀਆਂ ਜਾਣ ਵਾਲੀਆਂ ਮੁਫਤ ਸਹੂਲਤਾਂ ਅਤੇ ਬਿਜਲੀ ਸਬਸਿਡੀ ਨੂੰ ਮਿਲਾ ਕੇ ਕੁੱਲ ਖਰਚਾ 45 ਹਜ਼ਾਰ ਕਰੋੜ ਰੁਪਏ ਤੋਂ ਉੱਪਰ ਬਣਦਾ ਹੈ। ਇਸ ਵਿੱਚੋਂ 15500 ਕਰੋੜ ਰੁਪਏ ਤਾਂ ਇਕੱਲੇ ਬਿਜਲੀ ਸਬਸਿਡੀ ਲਈ ਰੱਖੇ ਗਏ ਹਨ, ਜਿਹੜਾ ਕਿ ਕੁੱਲ ਬਜਟ ਦਾ ਨੌਂ ਫ਼ੀਸਦੀ ਬਣਦਾ ਹੈ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਆਪ ਮੰਨਦੇ ਹਨ ਕਿ ਕੁਲ ਆਮਦਨ ਦਾ 35 ਫ਼ੀਸਦੀ ਵਿਆਜ ਭਰਨ ਵਿੱਚ ਜਾ ਰਿਹਾ ਹੈ ਜਦ ਕਿ ਪੰਜਾਹ ਫ਼ੀਸਦੀ ਕਰਜ਼ੇ ਦੇ ਵਿਆਜ ਦੇ ਰੂਪ ਵਿੱਚ ਜਾ ਰਿਹਾ ਹੈ। ਵਿੱਤ ਮੰਤਰੀ ਮੁਤਾਬਿਕ ਸੂਬੇ ਦੇ ਵਿਕਾਸ ਲਈ ਕੇਵਲ 15 ਫ਼ੀਸਦੀ ਰਕਮ ਬਚਦੀ। ਇਹ ਸਾਰੇ ਕੁਝ ਦੇ ਚੱਲਦਿਆਂ ਰਾਹਤ ਦੀ ਗੱਲ ਇਹ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸਿੱਖਿਆ, ਸਿਹਤ ਅਤੇ ਕਿਸਾਨਾਂ ਲਈ ਵੱਧ ਪੈਸਾ ਰੱਖਿਆ ਗਿਆ ਹੈ।

ਵਿੱਤ ਮੰਤਰੀ ਵੱਲੋਂ ਅਗਲੇ ਵਿੱਤੀ ਸਾਲ ਲਈ ਕੁੱਲ 2,60,437 ਕਰੋੜ ਰੁਪਏ ਦਾ ਅਨੁਮਾਨਤ ਬਜਟ ਪੇਸ਼ ਕੀਤਾ ਗਿਆ ਅਤੇ ਇਸ ਨੂੰ ਸਾਰੀਆਂ ਗਰੰਟੀਆਂ ਪੂਰੀਆਂ ਕਰਨ ਵਾਲਾ ਬਜਟ ਕਰਾਰ ਦਿੱਤਾ ਗਿਆ ਹੈ। ਵਿੱਤ ਮੰਤਰੀ ਮੁਤਾਬਕ ਸੂਬੇ ਦਾ ਕੁੱਲ ਘਰੇਲੂ ਉਤਪਾਦਨ 9,8 0, 635 ਕਰੋੜ ਰਹਿਣ ਦਾ ਅਨੁਮਾਨ ਲਗਾਇਆ ਗਿਆ ਹੈ। ਜਿਹੜਾ ਕਿ ਪਹਿਲਾਂ ਨਾਲੋਂ 10 ਫ਼ੀਸਦੀ ਦਾ ਵਾਧਾ ਦਰਸਾਉਂਦਾ ਹੈ। ਵਿੱਤੀ ਘਾਟਾ 4.08 ਫ਼ੀਸਦੀ ਰਹਿਣ ਦਾ ਅਨੁਮਾਨ ਹੈ। ਕੁੱਲ ਮਾਲੀਏ ਦਾ ਹਾਲਾਂਕਿ ਸੂਬੇ ਦੇ ਵਿਕਾਸ ਲਈ 15 ਫ਼ੀਸਦੀ ਬਚਦਾ ਹੈ, ਬਾਵਜੂਦ ਇਸਦੇ ਸਰਕਾਰ ਨੇ ਦਿਹਾਤੀ ਖੇਤਰ ਦੇ ਵਿਕਾਸ ਲਈ 11902 ਕਿਲੋਮੀਟਰ ਲੰਬੀਆਂ ਸੜਕਾਂ ਦਾ ਨਵੀਨੀਕਰਨ ਦੀ ਇੱਛਾ ਜਾਹਿਰ ਕੀਤੀ ਹੈ। ਜਿਸ ਉੱਤੇ 2597 ਕਰੋੜ ਰੁਪਏ ਖਰਚ ਕੀਤੇ ਜਾਣਗੇ। ਰਾਜ ਦੀਆਂ ਬਾਕੀ 19876 ਕਿਲੋਮੀਟਰ ਲੰਬੀਆਂ ਦਿਹਾਤੀ ਸੜਕਾਂ ਦਾ ਨਿਰਮਾਣ ਰਾਜ ਸਰਕਾਰ ਮੰਡੀ ਬੋਰਡ ਅਤੇ ਪੀ ਡਬਲਯੂ ਡੀ ਵਿਭਾਗਾਂ ਦੀ ਸਹਾਇਤਾ ਨਾਲ 76 ਕਰੋੜ ਰੁਪਏ ਖ਼ਰਚ ਕਰਨ ਬਾਰੇ ਦੱਸਿਆ ਗਿਆ ਹੈ। ਭਾਜਪਾ ਦੇ ਸੀਨੀਅਰ ਨੇਤਾ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਪੰਜਾਬ ਦਾ ਪਾਰਟੀ ਦੇ ਹੱਕ ਵਿੱਚ ਮਾਹੌਲ ਬਣਾਉਣ ਆ ਰਹੇ ਸਨ। ਹੁਣ ਉਹ ਰੈਲੀ ਦੌਰਾਨ ਕੋਈ ਵੱਡਾ ਐਲਾਨ ਨਹੀਂ ਕਰਦੇ ਤਦ ਮਾਹੌਲ ਬਦਰੰਗ ਰਹੇਗਾ। ਪੰਜਾਬ ਦੇ ਗੁਆਂਢੀ ਰਾਜਿਆਂ ਨਾਲ ਚੱਲ ਰਹੇ ਵਿਵਾਦ, ਪੰਥਕ ਅਤੇ ਵਿੱਤੀ ਮਸਲੇ ਦਾ ਕੋਈ ਹੱਲ ਕੱਢ ਜਾਣ ਇਹ ਗੱਲ ਦਿਲ ਨੂੰ ਜੱਚਦੀ ਨਹੀਂ ਹੈ। ਉਹਨਾਂ ਦੇ ਹੱਥ ਵਿੱਚ ਡਬਲ ਇੰਜਣ ਸਰਕਾਰ ਬਣਨ 'ਤੇ ਪੰਜਾਬ ਦਾ ਕਰਜ਼ਾ ਮੁਆਫ਼ ਕਰਨ ਦਾ ਭਰੋਸਾ ਦੇਣ ਦਾ ਲਾਲੀ ਪਾਪ ਹੱਥ ਵਿੱਚ ਜ਼ਰੂਰ ਬਚਿਆ ਹੈ। ਰੈਲੀ ਵਿੱਚ ਇਕ ਲੱਖ ਤੋਂ ਵੱਧ ਇਕੱਠ ਕਰਨ ਦਾ ਟੀਚਾ ਮਿਥਿਆ ਗਿਆ ਹੈ, ਜਿਸ ਲਈ ਹਰੇਕ ਹਲਕੇ ਵਿੱਚੋਂ 60 ਤੋਂ 70 ਬੱਸਾਂ ਭਰ ਕੇ ਲਿਜਾਣ ਦੀ ਡਿਊਟੀ ਲਾਈ ਗਈ ਹੈ। ਬੱਸ ਦੇ ਤੁਰਨ ਤੋਂ ਪਹਿਲਾਂ ਸਭ ਦੇ ਫਾਰਮ ਭਰੇ ਜਾਣਗੇ ਅਤੇ ਫੋਟੋ ਖਿੱਚ ਕੇ ਹਾਈ ਕਮਾਂਡ ਨੂੰ ਭੇਜੀ ਜਾਵੇਗੀ। ਫੋਟੋਆਂ ਖਿਚਾ ਕੇ ਲੋਕ ਬਸ ਵਿਚ ਉਤਰ ਨਾ ਜਾਣ ਇਸ ਦਾ ਵੀ ਬੰਦੋਬਸਤ ਕੀਤਾ ਗਿਆ ਹੈ।

ਕਿਹਾ ਜਾ ਸਕਦਾ ਹੈ ਕਿ ਆਮ ਆਦਮੀ ਪਾਰਟੀ ਨੇ ਆਪਣੇ ਆਖ਼ਰੀ ਬਜਟ ਵਿੱਚ ਵੋਟਰਾਂ ਨੂੰ ਭਰਮਾਉਣ ਲਈ ਪੂਰੀ ਵਾਹ ਲਾਈ ਹੈ। ਦੂਜੀਆਂ ਸਿਆਸੀ ਧਿਰਾਂ ਲਈ ਇਹ ਇੱਕ ਚੁਣੌਤੀ ਬਣ ਖੜ੍ਹ ਸਕਦਾ ਹੈ। ਪੰਜਾਬ ਸਰਕਾਰ ਕੋਲ ਜੇ ਲੋਕਾਂ ਕੋਲ ਦਿੱਲੀ ਦਖ਼ਲ ਦੇ ਹੱਕ ਵਿੱਚ ਕਹਿਣ ਲਈ ਜ਼ਿਆਦਾ ਕੁਝ ਨਹੀਂ ਹੈ ਤਾਂ ਘੱਟੋ ਘੱਟ 300 ਯੂਨਿਟ ਮੁਫ਼ਤ ਬਿਜਲੀ, 10 ਲੱਖ ਤੱਕ ਦਾ ਮੁਫ਼ਤ ਇਲਾਜ ਮਹਿਲਾਵਾਂ ਨੂੰ ਹਜ਼ਾਰ ਤੋਂ 1500 ਪ੍ਰਤੀ ਮਹੀਨਾ ਦੀਆਂ ਗਰਮਾ ਗਰਮ ਕੁਲਫੀਆਂ ਤਾਂ ਵੇਚੀਆਂ ਜਾ ਸਕਣਗੀਆਂ। ਇਸ ਦੇ ਨਾਲ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀ ਵੱਡੀ ਨਰਾਜ਼ਗੀ ਝੱਲਣੀ ਪੈ ਸਕਦੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜਿਹੜੇ ਪੰਜਾਬੀ ਮਾਂ ਬੋਲੀ ਦੇ ਮੁੱਦਈ ਹਨ, ਸਰਕਾਰ ਨੇ ਆਖਰੀ ਬਜਟ ਵਿੱਚ ਪੰਜਾਬੀ ਭਾਸ਼ਾ ਦੇ ਵਿਕਾਸ ਦਾ ਜ਼ਿਕਰ ਤੱਕ ਨਹੀਂ ਕੀਤਾ ਹੈ। ਅਸ਼ੀਰਵਾਦ ਸਕੀਮ ਅਤੇ ਬੁਢਾਪਾ ਪੈਨਸ਼ਨ ਬਾਰੇ ਵੀ ਚੁੱਪ ਸਾਧ ਲਈ ਗਈ ਹੈ। ਖੇਤੀ ਨੂੰ ਨਜ਼ਰ ਅੰਦਾਜ਼ ਕਰਨਾ ਵੀ ਮਹਿੰਗਾ ਪੈ ਸਕਦਾ ਹੈ। ਪੁਰਾਣੀ ਪੈਨਸ਼ਨ ਬਹਾਲੀ ਦਾ ਲਾਰਾ ਸੇਵਾ ਮੁਕਤ ਮੁਲਾਜ਼ਮਾਂ ਦਾ ਮੂੰਹ ਚਿੜਾਉਂਦਾ ਰਹੇਗਾ।



ਬਘੇਲ ਸਿੰਘ ਧਾਲੀਵਾਲ
99142-58142

# 1970 ਦੀ ਨਕਸਲੀ ਲਹਿਰ ਤੋਂ 2026 ਦੇ ਗੈਂਗਸਟਰਵਾਦ ਤੱਕ, ਪੰਜਾਬ ਪੁਲਿਸ ਦੇ ਮੁਕਾਬਲਿਆਂ ਦੀ ਤਸਵੀਰ,ਤੱਥਾਂ ਦਾ ਵਿਸ਼ਲੇਸ਼ਣ

ਪੁਲਿਸ ਮੁਕਾਬਲਿਆਂ ਦਾ ਵਿਸ਼ਾ ਭਾਰਤ ਅਤੇ ਖਾਸ ਕਰਕੇ ਪੰਜਾਬ ਦੇ ਇਤਿਹਾਸ ਵਿੱਚ ਬਹੁਤ ਹੀ ਸੰਵੇਦਨਸ਼ੀਲ ਰਿਹਾ ਹੈ।। ਕਿਉਂਕਿ ਸਰਕਾਰੀ ਅੰਕੜੇ ਅਤੇ ਮਨੁੱਖੀ ਅਧਿਕਾਰ ਸੰਸਥਾਵਾਂ ਦੇ ਦਾਅਵੇ ਅਕਸਰ ਇੱਕ-ਦੂਜੇ ਤੋਂ ਵੱਖਰੇ ਹੁੰਦੇ ਹਨ, ਪੰਜਾਬ ਅੰਦਰ ਸ਼ਾਇਦ ਕੋਈ ਅਜਿਹਾ ਦਿਨ ਲੰਘਦਾ ਹੋਵੇਗਾ ਜਦੋਂ ਕੋਈ ਅਣਹੋਣੀ ਨਹੀਂ ਵਰਤਦੀ ਹੋਵੇਗੀ। ਮੌਜੂਦਾ ਦੌਰ ਵਿੱਚ ਝੂਠੇ ਪੁਲਿਸ ਮੁਕਾਬਲਿਆਂ ਨੇ ਪੰਜਾਬ ਨੂੰ ਦਹਿਲਾ ਕੇ ਰੱਖ ਦਿੱਤਾ ਹੋਇਆ ਹੈ। ਬੀਤੇ ਦਿਨੀਂ ਇੱਕ ਉਂਨੀਆਂ ਸਾਲਾਂ ਦੇ ਨੌਜਵਾਨ ਰਣਜੀਤ ਸਿੰਘ ਦੀ ਪੁਲਿਸ ਮੁਕਾਬਲੇ ਵਿੱਚ ਹੋਈ ਮੌਤ ਨੇ ਸੂਬਾ ਸਰਕਾਰ ਅਤੇ ਪੰਜਾਬ ਪੁਲਿਸ ਨੂੰ ਇੱਕ ਵਾਰ ਫਿਰ ਕਟਹਿਰੇ ਵਿੱਚ ਖੜ੍ਹਾ ਕਰ ਦਿੱਤਾ ਹੈ। ਇਸ ਮਾਮਲੇ ਵਿੱਚ ਹਾਈ ਕੋਰਟ ਵੱਲੋਂ ਖੁਦ ਨੋਟਿਸ ਲਿਆ ਜਾਣਾ ਪੁਲਿਸ ਦੀ ਕਾਰਗੁਜ਼ਾਰੀ ਨੂੰ ਹੋਰ ਵੀ ਸ਼ੱਕੀ ਬਣਾ ਦਿੰਦਾ ਹੈ। ਪੰਜਾਬ ਅੰਦਰ ਝੂਠੇ ਪੁਲਿਸ ਮੁਕਾਬਲਿਆਂ ਦੀ ਸ਼ੁਰੂਆਤ 1970-71 ਵਿੱਚ ਸ੍ਰ. ਪ੍ਰਕਾਸ਼ ਸਿੰਘ ਬਾਦਲ ਦੀ ਸਰਕਾਰ ਵੱਲੋਂ ਇੱਕ 80 ਸਾਲ ਦੇ ਬਜ਼ੁਰਗ ਬਾਬਾ ਬੂਝਾ ਸਿੰਘ ਦੀ ਸ਼ਹਾਦਤ ਨਾਲ ਸ਼ੁਰੂ ਕੀਤੀ ਗਈ ਸੀ, ਜਿਸ ਦਾ ਮੁੜ ਕੇ ਕੋਈ ਤੋੜ ਬਣ ਹੀ ਨਹੀਂ ਸਕਿਆ। ਤਕਰੀਬਨ ਇੱਕ ਸਾਲ ਦੇ ਕਾਰਜਕਾਲ ਦੌਰਾਨ ਪ੍ਰਕਾਸ਼ ਸਿੰਘ ਬਾਦਲ ਦੀ ਸਰਕਾਰ ਨੇ 80 ਤੋਂ 100 ਦੇ ਕਰੀਬ ਨਕਸਲੀ ਨੌਜਵਾਨਾਂ ਨੂੰ ਝੂਠੇ ਮੁਕਾਬਲਿਆਂ ਵਿੱਚ ਮੌਤ ਦੇ ਘਾਟ ਉਤਾਰਨ ਦੇ ਵੇਰਵੇ ਮਿਲਦੇ ਹਨ। 1980 ਤੋਂ 1995 ਦੇ ਡੇਢ ਦਹਾਕੇ ਦੌਰਾਨ ਪੰਜਾਬ ਵਿੱਚ ਸਭ ਤੋਂ ਵੱਧ ਪੁਲਿਸ ਮੁਕਾਬਲੇ ਦਰਜ ਕੀਤੇ ਗਏ। ਮਨੁੱਖੀ ਅਧਿਕਾਰ ਸੰਸਥਾ ਖਾਲੜਾ ਮਿਸ਼ਨ ਔਰਗੇਨਾਈਜੇਸ਼ਨ ਦਾ ਦਾਅਵਾ ਹੈ ਕਿ ਇਸ ਸਮੇਂ ਦੌਰਾਨ ਲਗਭਗ 25,000 ਨੌਜਵਾਨਾਂ ਨੂੰ ਲਾਪਤਾ ਕਰ ਦਿੱਤਾ ਗਿਆ ਜਾਂ ਝੂਠੇ ਮੁਕਾਬਲਿਆਂ ਵਿੱਚ ਮਾਰ ਕੇ ਉਹਨਾਂ ਦੀਆਂ ਲਾਸ਼ਾਂ ਲਾਵਾਰਸ ਦੱਸ ਕੇ ਸਾੜ ਦਿੱਤੀਆਂ ਗਈਆਂ। ਜਸਵੰਤ ਸਿੰਘ ਖਾਲੜਾ ਨੇ ਇਕੱਲੇ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਹੀ ਹਜ਼ਾਰਾਂ ਅਜਿਹੇ ਕੇਸਾਂ ਦਾ ਪਰਦਾਫਾਸ਼ ਕੀਤਾ ਸੀ। ਇਸ ਦੇ ਇਵਜ਼ਾਨੇ ਵਜੋਂ ਪੰਜਾਬ ਪੁਲਿਸ ਨੇ ਭਾਈ ਜਸਵੰਤ ਸਿੰਘ ਖਾਲੜਾ ਨੂੰ ਵੀ ਸ਼ਹੀਦ ਕਰਕੇ 25000 ਲਵਾਰਸ ਲਾਸ਼ਾਂ ਵਿੱਚ ਇੱਕ ਹੋਰ ਲਾਸ਼ ਦਾ ਵਾਧਾ ਕਰ ਦਿੱਤਾ ਸੀ। ਸਰਕਾਰ ਜਾਂ ਪੁਲਿਸ ਲੋਕ ਹਿਤ ਤੋਂ ਹਮੇਸ਼ਾ ਹੀ ਉਲਟ ਰਹੀ ਹੈ, ਸਰਕਾਰਾਂ ਅਨੁਸਾਰ ਇਹ ਮੁਕਾਬਲੇ ਅੱਤਵਾਦ ਵਿਰੁੱਧ ਲੜਾਈ ਦਾ ਹਿੱਸਾ ਸਨ ਅਤੇ ਮਾਰੇ ਗਏ ਲੋਕ ਹਥਿਆਰਬੰਦ ਬਾਗੀ ਸਨ। ਪ੍ਰਕਾਸ਼ ਸਿੰਘ ਬਾਦਲ ਦੇ ਵੱਖ-ਵੱਖ ਕਾਰਜਕਾਲਾਂ ਦੌਰਾਨ ਪੁਲਿਸ ਕਾਰਵਾਈਆਂ, ਮੁਕਾਬਲਿਆਂ ਅਤੇ ਗ੍ਰਿਫ਼ਤਾਰੀਆਂ ਦਾ ਇਤਿਹਾਸ ਵੀ ਕਾਫ਼ੀ ਲੰਬਾ ਹੈ। ਮਨੁੱਖੀ ਅਧਿਕਾਰ ਜਥੇਬੰਦੀਆਂ (ਜਿਵੇਂ ਖਾਲੜਾ ਮਿਸ਼ਨ ਅਤੇ ਹੋਰ) ਦੇ ਤੱਥਾਂ ਅਨੁਸਾਰ ਪ੍ਰਕਾਸ਼ ਸਿੰਘ ਬਾਦਲ ਜਦੋਂ ਪਹਿਲੀ ਵਾਰ ਮੁੱਖ ਮੰਤਰੀ ਬਣੇ ਤਾਂ ਪੰਜਾਬ ਵਿੱਚ ਨਕਸਲਬਾੜੀ ਲਹਿਰ ਸਿਖਰ 'ਤੇ ਸੀ, ਜਿਸ ਨੂੰ ਕੁਚਲਣ ਲਈ ਸ੍ਰ. ਬਾਦਲ ਦੀ ਸਰਕਾਰ ਦੀ ਡਿਊਟੀ ਲੱਗੀ ਸੀ। ਉਹਨਾਂ ਦੀ ਸਰਕਾਰ ਵੱਲੋਂ ਸੈਂਕੜੇ ਪੜ੍ਹੇ ਲਿਖੇ ਨੌਜਵਾਨਾਂ ਅਤੇ ਵਿਦਿਆਰਥੀ ਆਗੂਆਂ ਨੂੰ ਨਕਸਲੀ ਹੋਣ ਦੇ ਸ਼ੱਕ ਵਿੱਚ ਜੇਲ੍ਹਾਂ ਵਿੱਚ ਬੰਦ ਕੀਤਾ ਗਿਆ ਅਤੇ ਭਾਰੀ ਤਸ਼ੱਦਦ ਕੀਤਾ ਗਿਆ। 1997 ਵਿੱਚ ਜਦੋਂ ਬਾਦਲ ਮੁੜ ਸੱਤਾ ਵਿੱਚ ਆਏ, ਤਾਂ ਪੰਜਾਬ ਵਿੱਚ ਪੁਲਿਸ ਦਾ ਦਬਦਬਾ ਬਹੁਤ ਜ਼ਿਆਦਾ ਸੀ। ਹਾਲਾਂਕਿ ਖੁੱਲ੍ਹੇ ਮੁਕਾਬਲੇ 80ਵਿਆਂ ਦੇ ਮੁਕਾਬਲੇ ਘੱਟ ਸਨ, ਪਰ ਜਥੇਬੰਦੀਆਂ ਅਨੁਸਾਰ ਲਗਭਗ 50 ਤੋਂ 70 ਅਜਿਹੇ ਮਾਮਲੇ ਸਾਹਮਣੇ ਆਏ ਜਿੱਥੇ ਪੁਰਾਣੇ ਖਾੜਕੂਆਂ ਜਾਂ ਉਨ੍ਹਾਂ ਦੇ ਹਮਦਰਦਾਂ ਨੂੰ ਲਾਪਤਾ ਕਰ ਦਿੱਤਾ ਗਿਆ ਜਾਂ ਮੁਕਾਬਲੇ ਦਿਖਾ ਦਿੱਤੇ ਗਏ। ਇਸ ਸਮੇਂ ਦੌਰਾਨ ਲਗਭਗ 10,000 ਤੋਂ ਵੱਧ ਨੌਜਵਾਨਾਂ 'ਤੇ ਟਾਡਾ ("141) ਜਾਂ ਹੋਰ ਸਖ਼ਤ ਕਾਨੂੰਨਾਂ ਤਹਿਤ ਕੇਸ ਚੱਲ ਰਹੇ ਸਨ। ਬਾਦਲ ਸਰਕਾਰ 'ਤੇ ਇਲਜ਼ਾਮ ਲੱਗਦਾ ਹੈ ਕਿ ਉਨ੍ਹਾਂ ਨੇ ਚੋਣਾਂ ਤੋਂ ਪਹਿਲਾਂ ਇਨ੍ਹਾਂ ਨੌਜਵਾਨਾਂ ਨੂੰ ਰਿਹਾਅ ਕਰਨ ਦਾ ਵਾਅਦਾ ਕੀਤਾ ਸੀ, ਪਰ ਬਹੁਤ ਘੱਟ ਰਿਹਾਅ ਕੀਤੇ ਗਏ। 2007 ਤੋਂ 2017 ਤੱਕ ਦਾ ਇਹ 10 ਸਾਲਾਂ ਦਾ ਸਮਾਂ ਗੈਂਗਸਟਰਵਾਦ ਅਤੇ ਨਸ਼ਿਆਂ ਦੀ ਸ਼ੁਰੂਆਤ ਦਾ ਸੀ। ਪੁਲਿਸ ਰਿਕਾਰਡ ਅਨੁਸਾਰ ਲਗਭਗ 25 ਤੋਂ 30 ਗੈਂਗਸਟਰ ਮਾਰੇ ਗਏ। ਪਰ 2014 ਵਿੱਚ ਖੰਨਾ ਦੇ ਦੋ ਭਰਾਵਾਂ ਦਾ ਮੁਕਾਬਲਾ (ਜਤਿੰਦਰ ਅਤੇ ਹਰਿੰਦਰ) ਸਭ ਤੋਂ ਵੱਧ ਵਿਵਾਦਤ ਰਿਹਾ, ਜਿਸ ਨੂੰ ਬਾਅਦ ਵਿੱਚ ਅਦਾਲਤ ਨੇ ਵੀ ਸ਼ੱਕੀ ਮੰਨਿਆ। ਨਸ਼ਿਆਂ ਦੇ ਮਾਮਲਿਆਂ ਵਿੱਚ 2012-17 ਦੌਰਾਨ ਰਿਕਾਰਡ ਤੋੜ ਗ੍ਰਿਫ਼ਤਾਰੀਆਂ ਹੋਈਆਂ। ਲਗਭਗ 45,000 ਤੋਂ 50,000 ਨੌਜਵਾਨਾਂ ਨੂੰ NDPS ਐਕਟ ਅਧੀਨ ਜੇਲ੍ਹਾਂ ਵਿੱਚ ਡੱਕਿਆ ਗਿਆ। ਜਥੇਬੰਦੀਆਂ ਦਾ ਕਹਿਣਾ ਹੈ ਕਿ ਇਹਨਾਂ ਵਿੱਚੋਂ 70% ਸਿਰਫ਼ ਨਸ਼ਾ ਕਰਨ ਵਾਲੇ ਸਨ, ਨਾ ਕਿ ਵੱਡੇ ਤਸਕਰ। ਬਾਦਲ ਸਰਕਾਰ ਸਮੇਂ ਹੋਇਆ ਬਹਿਬਲ ਕਲਾਂ ਕੋਟਕਪੂਰਾ ਗੋਲੀਕਾਂਡ (2015) ਇੱਕ ਅਜਿਹੀ ਘਟਨਾ ਸੀ, ਜਿਸ ਨੇ ਬਾਦਲ ਪਰਿਵਾਰ ਦੇ ਸਿਆਸੀ ਕੈਰੀਅਰ ਨੂੰ ਲਗਭਗ ਤਬਾਹ ਕਰ ਦਿੱਤਾ। ਪੁਲਿਸ ਨੇ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਸਿੱਖਾਂ 'ਤੇ ਗੋਲੀ ਚਲਾਈ, ਜਿਸ ਵਿੱਚ 2 ਨੌਜਵਾਨ (ਕ੍ਰਿਸ਼ਨ ਭਗਵਾਨ ਸਿੰਘ ਅਤੇ ਗੁਰਜੀਤ ਸਿੰਘ) ਸ਼ਹੀਦ ਹੋ ਗਏ। ਸ੍ਰ. ਪਰਕਾਸ਼ ਸਿੰਘ ਬਾਦਲ ਦੇ ਸਮੁੱਚੇ ਕਾਰਜ ਕਾਲ ਦੌਰਾਨ ਕੁੱਲ ਮੁਕਾਬਲਿਆਂ ਵਿੱਚ ਤਕਰੀਬਨ 150 - 200 ਨੌਜਵਾਨ ਮਾਰੇ ਗਏ ਜਿਨ੍ਹਾਂ ਵਿੱਚ ਨਕਸਲੀ, ਸਿੱਖ ਖਾੜਕੂ ਅਤੇ ਗੈਂਗਸਟਰ ਸ਼ਾਮਲ ਹਨ। ਇਸ ਤੋਂ ਇਲਾਵਾ 60,000 ਤੋਂ ਵੱਧ ਨਸ਼ਾ, ਰਾਜਨੀਤਿਕ ਪ੍ਰਦਰਸ਼ਨ ਅਤੇ ਖਾੜਕੂਵਾਦ ਦੇ ਸ਼ੱਕ ਵਿੱਚ ਜੇਲ੍ਹਾਂ ਵਿੱਚ ਸੁੱਟੇ ਗਏ ਅਤੇ 120 ਤੋਂ ਵੱਧ ਪੁਲਿਸ ਹਿਰਾਸਤ ਵਿੱਚ ਤਸ਼ੱਦਦ ਕਾਰਨ ਮੌਤਾਂ ਹੋਈਆਂ। ਪੁਲਿਸ ਰਿਕਾਰਡ ਅਨੁਸਾਰ ਲਗਭਗ 2,500 ਤੋਂ 3,000 ਵਿਅਕਤੀਆਂ ਨੂੰ ਵੱਖ-ਵੱਖ ਗੈਂਗਸਟਰ ਮਾਡਿਊਲਾਂ ਨਾਲ ਸਬੰਧਤ ਹੋਣ ਕਾਰਨ ਜੇਲ੍ਹਾਂ ਵਿੱਚ ਡੱਕਿਆ ਗਿਆ ਸੀ। ਇਸ ਤੋਂ ਉਪਰੰਤ ਮੌਜੂਦਾ ਸਰਕਾਰ ਦੀ ਕਾਰਗੁਜ਼ਾਰੀ 'ਤੇ ਪੰਛੀ ਝਾਤ ਮਾਰਿਆਂ ਸਪੱਸ਼ਟ ਹੋ ਜਾਂਦਾ ਹੈ ਕਿ ਚਾਰ ਸਾਲਾਂ ਵਿੱਚ ਤਕਰੀਬਨ 30 ਤੋਂ 32 ਵਿਅਕਤੀਆਂ ਦੀ ਪੁਲਿਸ ਮੁਕਾਬਲਿਆਂ ਵਿੱਚ ਮਾਰੇ ਜਾਣ ਦੀ ਚਰਚਾ ਜ਼ੋਰਾਂ ਨਾਲ ਹੋ ਰਹੀ ਹੈ, ਜਦੋਂ ਕਿ ਪੁਲਿਸ ਮੁਕਾਬਲੇ ਦੌਰਾਨ ਗਿੱਟੇ ਗੋਡੇ ਵਿੱਚ ਗੋਲੀ ਮਾਰ ਕੇ ਨਕਾਰਾ ਕਰਨ ਵਾਲੇ ਮੁਕਾਬਲਿਆਂ ਦੀ ਲਗਾਤਾਰਤਾ ਦੀ ਪਿਰਤ ਭਗਵੰਤ ਸਿੰਘ ਮਾਨ ਦੀ ਸਰਕਾਰ ਦੇ ਹਿੱਸੇ ਆਈ ਹੈ। ਪੰਜਾਬ ਸਰਕਾਰ ਅਤੇ ਪੁਲਿਸ ਵਿਭਾਗ ਦੇ ਅਨੁਸਾਰ ਇਹ ਸਾਰੇ ਮੁਕਾਬਲੇ ਗੈਂਗਸਟਰਾਂ ਅਤੇ ਨਸ਼ਾ ਤਸਕਰਾਂ ਵਿਰੁੱਧ ਕੀਤੀ ਗਈ ਜਾਇਜ਼ ਕਾਰਵਾਈ ਦਾ ਹਿੱਸਾ ਹਨ। 2022 ਤੋਂ ਜਨਵਰੀ 2026 ਤੱਕ ਹੋਏ ਮੁਕਾਬਲਿਆਂ ਵਿੱਚ ਲਗਭਗ 25 ਤੋਂ 30 ਵਿਅਕਤੀ ਮਾਰੇ ਗਏ ਹਨ (ਜਿਨ੍ਹਾਂ ਨੂੰ ਪੁਲਿਸ ਰਿਕਾਰਡ ਵਿੱਚ ਗੈਂਗਸਟਰ ਜਾਂ ਅਪਰਾਧੀ ਦੱਸਿਆ ਗਿਆ ਹੈ)। ਪਿਛਲੇ 4 ਸਾਲਾਂ ਵਿੱਚ ਲਗਭਗ 150 ਤੋਂ 200 ਅਜਿਹੇ ਮਾਮਲੇ ਸਾਹਮਣੇ ਆਏ ਹਨ, ਜਿੱਥੇ ਪੁਲਿਸ ਨੇ ਦੋਸ਼ੀਆਂ ਦੇ ਪੈਰਾਂ ਜਾਂ ਗੋਡਿਆਂ 'ਤੇ ਗੋਲੀ ਮਾਰੀ ਹੈ। ਪੁਲਿਸ ਦਾ ਦਾਅਵਾ ਹੁੰਦਾ ਹੈ ਕਿ ਇਹ ਗੋਲੀਬਾਰੀ 'ਆਤਮ-ਰੱਖਿਆ' ਜਾਂ 'ਹਿਰਾਸਤ ਵਿੱਚੋਂ ਭੱਜਣ ਦੀ ਕੋਸ਼ਿਸ਼' ਦੌਰਾਨ ਕੀਤੀ ਗਈ। ਐਂਟੀ-ਗੈਂਗਸਟਰ ਟਾਸਕ ਫੋਰਸ (AGTF) ਅਤੇ ਪੰਜਾਬ ਪੁਲਿਸ ਨੇ ਇਸ ਸਮੇਂ ਦੌਰਾਨ 3,500 ਤੋਂ ਵੱਧ ਨੌਜਵਾਨਾਂ ਨੂੰ ਗੈਂਗਸਟਰ ਗਤੀਵਿਧੀਆਂ, ਹਥਿਆਰਾਂ ਦੀ ਸਪਲਾਈ ਜਾਂ ਨਸ਼ਾ ਤਸਕਰੀ ਦੇ ਦੋਸ਼ਾਂ ਹੇਠ ਜੇਲ੍ਹਾਂ ਵਿੱਚ ਡੱਕਿਆ ਹੈ। ਕਾਨੂੰਨੀ ਤੌਰ 'ਤੇ ਕਿਸੇ ਮੁਕਾਬਲੇ ਨੂੰ ਉਦੋਂ ਤੱਕ ਝੂਠਾ ਨਹੀਂ ਕਿਹਾ ਜਾ ਸਕਦਾ ਜਦੋਂ ਤੱਕ ਅਦਾਲਤ ਜਾਂ ਮਨੁੱਖੀ ਅਧਿਕਾਰ ਕਮਿਸ਼ਨ ਇਸ ਦੀ ਪੁਸ਼ਟੀ ਨਾ ਕਰੇ। ਹਾਲਾਂਕਿ, ਕੁਝ ਅਜਿਹੇ ਤੱਥ ਹਨ ਜੋ ਚਰਚਾ ਵਿੱਚ ਰਹੇ ਹਨ। 2024 ਅਤੇ 2025 ਦੌਰਾਨ ਪੰਜਾਬ ਵਿੱਚ ਪੈਰ 'ਤੇ ਗੋਲੀ ਮਾਰਨ ਦਾ ਰੁਝਾਨ ਵਧਿਆ।

ਮਨੁੱਖੀ ਅਧਿਕਾਰਾਂ ਦੀਆਂ ਰਿਪੋਰਟਾਂ ਵਿੱਚ ਇਹ ਮਹੱਤਵਪੂਰਨ ਨੁਕਤੇ ਚੁੱਕੇ ਗਏ ਹਨ ਕਿ 100 ਤੋਂ ਵੱਧ ਮੁਕਾਬਲਿਆਂ ਵਿੱਚੋਂ 90% ਵਿੱਚ ਕਿਸੇ ਵੀ ਪੁਲਿਸ ਮੁਲਾਜ਼ਮ ਨੂੰ ਕੋਈ ਗੰਭੀਰ ਗੋਲੀ ਨਹੀਂ ਲੱਗੀ। ਪੁਲਿਸ ਵੱਲੋਂ ਦਾਅਵਾ ਕੀਤਾ ਜਾਂਦਾ ਹੈ ਕਿ ਦੋਸ਼ੀ ਹੱਥਕੜੀ ਲੱਗੀ ਹੋਣ ਦੇ ਬਾਵਜੂਦ ਪੁਲਿਸ ਦੀ ਪਿਸਤੌਲ ਖੋਹ ਲੈਂਦੇ ਹਨ, ਜੋ ਕਿ ਤਰਕਹੀਣ ਹੈ। ਹਜ਼ਾਰਾਂ ਨੌਜਵਾਨਾਂ ਨੂੰ ਸਿਰਫ਼ 'ਸ਼ੱਕ' ਦੇ ਅਧਾਰ 'ਤੇ ਜੇਲ੍ਹਾਂ ਵਿੱਚ ਡੱਕਿਆ ਗਿਆ ਹੈ, ਜਿਨ੍ਹਾਂ 'ਤੇ ਲੰਬੇ ਸਮੇਂ ਤੱਕ ਚਾਰਜਸ਼ੀਟ ਦਾਇਰ ਨਹੀਂ ਕੀਤੀ ਜਾਂਦੀ। ਹਾਲ ਹੀ ਵਿੱਚ ਹੋਏ ਦੋ ਮੁਕਾਬਲਿਆਂ ਵਿੱਚ ਪਰਿਵਾਰਾਂ ਨੇ ਹਾਈ ਕੋਰਟ ਵਿੱਚ ਪਟੀਸ਼ਨ ਪਾਈ ਹੈ ਕਿ ਉਨ੍ਹਾਂ ਦੇ ਬੱਚਿਆਂ ਨੂੰ ਘਰੋਂ ਚੁੱਕਿਆ ਗਿਆ ਸੀ ਅਤੇ ਬਾਅਦ ਵਿੱਚ ਮੁਕਾਬਲਾ ਦਿਖਾ ਦਿੱਤਾ ਗਿਆ। ਮਨੁੱਖੀ ਅਧਿਕਾਰ ਕਮਿਸ਼ਨ (NHRC) ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਹਰੇਕ ਮੁਕਾਬਲੇ ਦੀ Magisterial Inquiry ਹੋਣੀ ਚਾਹੀਦੀ ਹੈ। ਜਥੇਬੰਦੀਆਂ ਦਾ ਇਲਜ਼ਾਮ ਹੈ ਕਿ ਪੰਜਾਬ ਵਿੱਚ ਅਜਿਹੀਆਂ ਜਾਂਚਾਂ ਸਿਰਫ਼ ਖਾਨਾਪੂਰਤੀ ਹਨ,ਬਲਕਿ ਅਜਿਹੇ ਘਿਨਾਉਣੇ ਅਪਰਾਧ ਕਰਨ ਵਾਲੇ ਪੁਲਿਸ ਅਫ਼ਸਰਾਂ ਨੂੰ ਸਮੇਂ ਤੋਂ ਪਹਿਲਾਂ ਤਰੱਕੀ ਦੇ ਕੇ ਨਿਵਾਜਿਆ ਜਾ ਰਿਹਾ ਹੈ। ਪਿਛਲੇ ਦਿਨੀਂ ਰਣਜੀਤ ਸਿੰਘ ਦਾ ਪੁਲਿਸ ਮੁਕਾਬਲਾ ਕਾਫ਼ੀ ਚਰਚਾ ਅਤੇ ਵਿਵਾਦਾਂ ਵਿੱਚ ਹੈ। ਮਨੁੱਖੀ ਅਧਿਕਾਰ ਜਥੇਬੰਦੀਆਂ ਅਤੇ ਪਰਿਵਾਰ ਵੱਲੋਂ ਇਸ ਨੂੰ ਝੂਠਾ ਮੁਕਾਬਲਾ ਦੱਸਿਆ ਜਾ ਰਿਹਾ ਹੈ। ਜਦੋਂ ਕਿ ਪੁਲਿਸ ਅਨੁਸਾਰ ਰਣਜੀਤ ਸਿੰਘ, ASI ਗੁਰਨਾਮ ਸਿੰਘ ਅਤੇ ਹੋਮ ਗਾਰਡ ਅਸ਼ੋਕ ਕੁਮਾਰ ਦੇ ਕਤਲ ਦੇ ਮਾਮਲੇ ਵਿੱਚ ਦੋਸ਼ੀ ਸੀ। ਪੁਲਿਸ ਦਾ ਕਹਿਣਾ ਹੈ ਕਿ ਉਹ ਹਿਰਾਸਤ ਵਿੱਚੋਂ ਫਰਾਰ ਹੋ ਗਿਆ ਸੀ ਅਤੇ ਨਾਕੇਬੰਦੀ ਦੌਰਾਨ ਪੁਲਿਸ 'ਤੇ ਗੋਲੀ ਚਲਾਈ, ਜਿਸ ਤੋਂ ਬਾਅਦ ਜਵਾਬੀ ਕਾਰਵਾਈ ਵਿੱਚ ਉਹ ਮਾਰਿਆ ਗਿਆ। ਗੁਰਦਾਸਪੁਰ ਅਦਾਲਤ ਨੇ ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਪੁਲਿਸ ਅਧਿਕਾਰੀਆਂ ਦੀ ਕਾਲ ਡਿਟੇਲ (CDR), GPS ਲੋਕੇਸ਼ਨ ਅਤੇ ਘਟਨਾ ਵਾਲੀ ਥਾਂ ਦੀ ਸੀਸੀਟੀਵੀ ਫੁਟੇਜ ਨੂੰ ਸੁਰੱਖਿਅਤ ਰੱਖਣ ਦੇ ਹੁਕਮ ਦਿੱਤੇ ਹਨ। ਮਨੁੱਖੀ ਅਧਿਕਾਰ ਜਥੇਬੰਦੀਆਂ ਅਤੇ ਰਣਜੀਤ ਸਿੰਘ ਦੇ ਪਰਿਵਾਰ ਨੇ ਇਸ ਨੂੰ ਝੂਠਾ ਮੁਕਾਬਲਾ ਸਾਬਤ ਕਰਦਿਆਂ ਦਾਅਵਾ ਕੀਤਾ ਹੈ ਕਿ ਪੁਲਿਸ ਰਣਜੀਤ ਨੂੰ 24 ਫਰਵਰੀ ਨੂੰ ਸ਼ਾਮ 4 ਵਜੇ ਘਰੋਂ ਚੁੱਕ ਕੇ ਲੈ ਗਈ ਸੀ, ਫਿਰ ਉਹ ਹਿਰਾਸਤ ਵਿੱਚੋਂ ਫਰਾਰ ਕਿਵੇਂ ਹੋ ਸਕਦਾ ਹੈ ? ਪਿੰਡ ਵਾਸੀਆਂ ਦਾ ਇਲਜ਼ਾਮ ਹੈ ਕਿ ਪੁਲਿਸ ਨੇ ਘਟਨਾ ਤੋਂ ਪਹਿਲਾਂ ਪਿੰਡ ਦੇ ਸੀਸੀਟੀਵੀ ਕੈਮਰਿਆਂ ਦੇ ਡੀਵੀਆਰ ਵੀ ਕੱਢ ਲਏ ਸਨ। ਪਰਿਵਾਰ ਵੱਲੋ ਬੱਚੇ ਦਾ ਸਸਕਾਰ ਕਰਨ ਤੋਂ ਇਨਕਾਰ ਕਰਦਿਆਂ ਮੰਗ ਕੀਤੀ ਸੀ ਕਿ ਪੋਸਟਮਾਰਟਮ PGI ਜਾਂ ਕਿਸੇ ਵੱਡੇ ਮੈਡੀਕਲ ਬੋਰਡ ਤੋਂ ਕਰਵਾਇਆ ਜਾਵੇ।

ਉਪਰੋਕਤ ਵਿਸਲੇਸ਼ਣ ਤੋਂ ਇਹ ਅੰਦਾਜ਼ਾ ਲਾਉਣਾ ਕੋਈ ਮੁਸ਼ਕਲ ਨਹੀਂ ਕਿ ਸੂਬੇ ਅੰਦਰ ਸਰਕਾਰ ਭਾਵੇਂ ਕਿਸੇ ਵੀ ਪਾਰਟੀ ਦੀ ਹੋਵੇ, ਲੋਕਾਂ ਨਾਲ ਬੇਇਨਸਾਫੀਆਂ ਖਤਮ ਨਹੀਂ ਹੋ ਸਕਦੀਆਂ ਅਤੇ ਨਾ ਹੀ ਪੁਲਿਸ ਵਧੀਕੀਆਂ ਨੂੰ ਠੱਲ ਪਾਈ ਜਾ ਸਕਦੀ ਹੈ। ਇਸ ਦਾ ਇੱਕ ਮੁੱਖ ਕਾਰਨ ਇਹ ਵੀ ਹੈ ਕਿ ਪੰਜਾਬ ਨੂੰ ਕਦੇ ਵੀ ਭਾਰਤੀ ਤਾਕਤਾਂ ਨੇ ਆਪਣਾ ਨਹੀ ਸਮਝਿਆ, ਜਿਸ ਕਰਕੇ ਪੰਜਾਬ ਨੂੰ ਦਬਾ ਕੇ ਰੱਖਣ ਦੀ ਨੀਅਤ ਅਤੇ ਨੀਤੀਆਂ ਅਜਿਹੀਆਂ ਘੜੀਆਂ ਜਾਂਦੀਆਂ ਹਨ, ਜਿਹੜੀਆਂ ਪੰਜਾਬ ਨੂੰ ਬਰਬਾਦੀ ਵੱਲ ਲੈ ਕੇ ਜਾਂਦੀਆਂ ਹੋਣ। ਪੰਜਾਬ ਪੁਲਿਸ ਦਾ ਆਪਣੇ ਲੋਕਾਂ ਪ੍ਰਤੀ ਮਾੜਾ ਰਵੱਈਆ ਕੋਈ ਆਮ ਵਰਤਾਰਾ ਨਹੀਂ ਬਲਕਿ ਇਹ ਕੇਂਦਰੀ ਤਾਕਤਾਂ ਦੀ ਗਹਿਰੀ ਅਤੇ ਖਤਰਨਾਕ ਸਾਜਿਸ਼ ਦਾ ਹਿੱਸਾ ਹੈ, ਜਿਸ ਨਾਲ ਭਰਾ ਨੂੰ ਭਰਾ ਦਾ ਦੁਸ਼ਮਣ ਬਣਾ ਕੇ ਕੇਂਦਰੀ ਤਾਕਤਾਂ ਪੰਜਾਬ ਦੇ ਹੱਕਾਂ ਹਿੱਤਾਂ ਨੂੰ ਦੱਬ ਕੇ ਰੱਖਣ ਵਿੱਚ ਸਫਲ ਹੁੰਦੀਆਂ ਰਹੀਆਂ ਹਨ। ਸੋ ਪੰਜਾਬ ਦੇ ਹਰ ਬੱਚੇ ਬੱਚੇ ਨੂੰ ਸਮੇਤ ਪੁਲਿਸ ਪਰਿਵਾਰ ਇਸ ਸਾਰੇ ਵਰਤਾਰੇ ਨੂੰ ਸਮਝਣਾ ਬੇਹੱਦ ਜ਼ਰੂਰੀ ਹੈ,ਕਿਉਂਕਿ ਜਿੰਨੀ ਦੇਰ ਇਸ ਵਰਤਾਰੇ ਨੂੰ ਸਮੁੱਚੇ ਰੂਪ ਵਿੱਚ ਸਮਝਿਆ ਨਹੀਂ ਜਾਂਦਾ ਓਨੀ ਦੇਰ ਪੰਜਾਬ ਪੁਲਿਸ ਦੀ ਮਾਨਸਿਕਤਾ ਵਿੱਚ ਤਬਦੀਲੀ ਸੰਭਵ ਨਹੀ, ਜਿੰਨੀ ਦੇਰ ਮਾਨਸਿਕ ਤਬਦੀਲੀ ਨਹੀਂ,ਓਨੀ ਦੇਰ ਪੁਲਿਸ ਆਪਣੇ ਲੋਕਾਂ 'ਤੇ ਜਬਰ ਦਾ ਕੋਹਾੜਾ ਚਲਾਉਂਦੀ ਰਹੇਗੀ ਅਤੇ ਭਰਾ ਹੱਥੋਂ ਭਰਾਵਾਂ ਨੂੰ ਮਾਰਨ ਦੀ ਪ੍ਰਕਿਰਿਆ ਜਾਰੀ ਰਹੇਗੀ ਅਤੇ ਪੰਜਾਬ ਆਪਣੇ ਹੱਕਾਂ ਹਕੂਕਾਂ ਤੋਂ ਹੋਰ ਵਾਂਝਾ ਹੁੰਦਾ ਜਾਵੇਗਾ।

# ਵਾਅਦੇ ਉਹੀ ਨੇ ਜੋ ਪੂਰੇ ਕੀਤੇ ਜਾਣ: ਗੁਰਪ੍ਰੀਤ ਸਿੰਘ ਰੰਧਾਵਾ



ਫਤਹਿਗੜ੍ਹ ਚੂੜੀਆਂ, 9 ਮਾਰਚ (ਰਾਜਨ ਸ਼ਰਮਾ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਕਿ ਪੰਜਾਬ ਵਿੱਚ ਔਰਤਾਂ ਨੂੰ ਹਰ ਮਹੀਨੇ 1,000 ਰੁਪਏ ਮਿਲਣਗੇ ਤੇ ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ 1500 ਰੁਪਏ ਮਿਲਣਗੇ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਫਤਹਿਗੜ੍ਹ ਚੂੜੀਆਂ ਦੇ ਨਜ਼ਦੀਕ ਪਿੰਡ ਖੋਦੇ ਬਾਂਗਰ ਦੇ ਆਮ ਆਦਮੀ ਪਾਰਟੀ ਦੇ ਸੀਨੀਅਰ ਵਰਕਰ ਤੇ ਬਲਾਕ ਪ੍ਰਧਾਨ ਗੁਰਪ੍ਰੀਤ ਸਿੰਘ ਰੰਧਾਵਾ ਨੇ ਕੀਤਾ। ਉਨ੍ਹਾਂ ਨੇ ਕਿਹਾ ਕਿ ਬਜਟ ਵਿੱਚ ਔਰਤਾਂ ਨੂੰ ਵਿੱਤੀ ਆਜ਼ਾਦੀ ਦੇਣ ਲਈ ਇਹ ਵਿਵਸਥਾ ਕੀਤੀ ਗਈ ਹੈ ਤਾਂ ਜੋ ਉਨ੍ਹਾਂ ਨੂੰ ਰੋਜ਼ਾਨਾ ਦੀਆਂ ਜ਼ਰੂਰਤਾਂ ਲਈ ਘਰ ਦੇ ਮੁਖੀ ਤੋਂ ਪੈਸੇ ਨਾ ਮੰਗਣੇ ਪੈਣ। ਗੁਰਪ੍ਰੀਤ ਸਿੰਘ ਰੰਧਾਵਾ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਸਮੁੱਚੀ ਆਮ ਆਦਮੀ ਪਾਰਟੀ ਦੀ ਲੀਡਰਸ਼ਿਪ ਦਾ ਪੰਜਾਬ ਦੀਆਂ ਔਰਤਾਂ ਨੂੰ ਹਰੇਕ ਮਹੀਨੇ ਮਿਲਣ ਵਾਲੇ ਇੱਕ ਹਜ਼ਾਰ ਰੁਪਏ ਤੇ 1500 ਰੁਪਏ ਲਈ ਤਹਿ ਦਿਲ ਤੋਂ ਧੰਨਵਾਦ ਕੀਤਾ। ਆਖਿਰ ਵਿੱਚ ਗੁਰਪ੍ਰੀਤ ਸਿੰਘ ਰੰਧਾਵਾ ਨੇ ਕਿਹਾ ਕਿ ਸਰਕਾਰ ਉਹੀ ਹੁੰਦੀ ਹੈ ਜੋ ਵਾਅਦੇ ਕਰਕੇ ਪੂਰੇ ਕਰਦੀ ਹੈ। ਉਹ ਵਾਅਦੇ ਮਾਨ ਸਰਕਾਰ ਨੇ ਪੂਰੇ ਕੀਤੇ ਹਨ।

## ਭਾਰਤੀ ਰਾਜਨੀਤੀ 'ਚ ਮਹਿਲਾਵਾਂ ਦੀ ਹਿੱਸੇਦਾਰੀ ਅਜੇ ਵੀ ਨਿਗੁਣੀ

# ਦੇਸ਼ ਦੇ 4,666 ਸੰਸਦ ਮੈਂਬਰਾਂ ਤੇ ਵਿਧਾਇਕਾਂ 'ਚੋਂ ਸਿਰਫ਼ 464 ਮਹਿਲਾਵਾਂ

ਨਵੀਂ ਦਿੱਲੀ, 9 ਮਾਰਚ (ਚ.ਨ.ਸ): ਭਾਰਤ ਵਿੱਚ ਔਰਤਾਂ ਦੇ ਸਸ਼ਕਤੀਕਰਨ ਤੇ ਰਾਜਨੀਤੀ ਵਿੱਚ ਬਰਾਬਰ ਦੀ ਹਿੱਸੇਦਾਰੀ ਦੇ ਵੱਡੇ-ਵੱਡੇ ਦਾਅਵਿਆਂ ਦੇ ਬਾਵਜੂਦ ਅਸਲ ਅੰਕੜੇ ਇੱਕ ਵੱਖਰੀ ਹੀ ਤਸਵੀਰ ਪੇਸ਼ ਕਰ ਰਹੇ ਹਨ। ਐਸੋਸੀਏਸ਼ਨ ਫਾਰ ਡੈਮੋਕ੍ਰੇਟਿਕ ਰਿਫਾਰਮਜ਼ ਤੇ ਨੈਸ਼ਨਲ ਇਲੈਕਸ਼ਨ ਵਾਚ ਵੱਲੋਂ ਜਾਰੀ ਕੀਤੀ ਗਈ ਤਾਜ਼ਾ ਰਿਪੋਰਟ ਅਨੁਸਾਰ ਦੇਸ਼ ਭਰ ਵਿੱਚ ਕੁੱਲ 4,666 ਸੰਸਦ ਮੈਂਬਰਾਂ ਤੇ ਵਿਧਾਇਕਾਂ 'ਚੋਂ ਸਿਰਫ਼ 464 ਮਹਿਲਾਵਾਂ ਹਨ, ਜੋ ਕਿ ਕੁੱਲ ਗਿਣਤੀ ਦਾ ਮਹਿਜ਼ 10 ਫੀਸਦੀ ਬਣਦਾ ਹੈ। ਇਹ ਰਿਪੋਰਟ ਕੌਮਾਂਤਰੀ ਮਹਿਲਾ ਦਿਵਸ ਦੇ ਮੌਕੇ 'ਤੇ ਭਾਰਤ ਵਿੱਚ ਮਹਿਲਾਵਾਂ ਦੀ ਸਿਆਸੀ ਸਥਿਤੀ ਦਾ ਲੇਖਾ-ਜੋਖਾ ਕਰਨ ਲਈ ਜਾਰੀ ਕੀਤੀ ਗਈ ਹੈ। ਰਿਪੋਰਟ ਦੇ ਅੰਕੜਿਆਂ ਮੁਤਾਬਿਕ 18ਵੀਂ ਲੋਕ ਸਭਾ ਦੇ 543 ਸੰਸਦ ਮੈਂਬਰਾਂ ਵਿੱਚੋਂ ਸਿਰਫ਼ 74 (14 ਫੀਸਦੀ) ਮਹਿਲਾਵਾਂ ਹਨ। ਹਾਲਾਂਕਿ 1951 ਵਿੱਚ ਇਹ ਅੰਕੜਾ ਸਿਰਫ਼ 5 ਫੀਸਦੀ ਸੀ, ਪਰ ਆਬਾਦੀ ਦੇ ਲਿਹਾਜ਼ ਨਾਲ ਇਹ ਵਾਧਾ ਅਜੇ ਵੀ ਬਹੁਤ ਘੱਟ ਮੰਨਿਆ ਜਾ ਰਿਹਾ ਹੈ। ਦੇਸ਼ ਦੇ 22 ਰਾਜਾਂ ਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚੋਂ ਮਹਿਲਾ ਸੰਸਦ ਮੈਂਬਰ ਚੁਣੀਆਂ ਗਈਆਂ ਹਨ। ਪੱਛਮੀ ਬੰਗਾਲ 11 ਮਹਿਲਾ ਸੰਸਦ ਮੈਂਬਰਾਂ ਨਾਲ ਸਭ ਤੋਂ ਅੱਗੇ ਹੈ, ਜਦਕਿ ਉਤਰ ਪ੍ਰਦੇਸ਼ ਤੇ ਮਹਾਰਾਸ਼ਟਰ ਵਿੱਚ 7-7 ਤੇ ਮੱਧ ਪ੍ਰਦੇਸ਼ ਵਿੱਚ 6 ਮਹਿਲਾਵਾਂ ਸੰਸਦ ਵਿੱਚ ਪਹੁੰਚੀਆਂ ਹਨ। ਜੇਕਰ ਸੂਬਾਈ ਵਿਧਾਨ ਸਭਾਵਾਂ ਦੀ ਗੱਲ ਕਰੀਏ ਤਾਂ ਹਾਲਾਤ ਹੋਰ ਵੀ ਚਿੰਤਾਜਨਕ ਹਨ। ਦੇਸ਼ ਭਰ ਦੇ 4,123 ਵਿਧਾਇਕਾਂ ਵਿੱਚੋਂ ਸਿਰਫ਼ 390 (9 ਫੀਸਦੀ) ਮਹਿਲਾਵਾਂ ਹਨ। ਉਤਰ ਪ੍ਰਦੇਸ਼ ਵਿੱਚ ਸਭ ਤੋਂ ਵੱਧ 47 ਮਹਿਲਾ ਵਿਧਾਇਕ ਹਨ, ਜਿਸ ਤੋਂ ਬਾਅਦ ਪੱਛਮੀ ਬੰਗਾਲ ਵਿੱਚ 40, ਬਿਹਾਰ ਵਿੱਚ 29 ਤੇ ਮੱਧ ਪ੍ਰਦੇਸ਼ ਵਿੱਚ 27 ਮਹਿਲਾਵਾਂ ਵਿਧਾਨ ਸਭਾ ਦੀਆਂ ਮੈਂਬਰ ਹਨ। ਸਿਆਸੀ ਪਾਰਟੀਆਂ ਵਿੱਚੋਂ ਭਾਰਤੀ ਜਨਤਾ ਪਾਰਟੀ ਦੇ ਸਭ ਤੋਂ ਵੱਧ 163 ਮਹਿਲਾ ਵਿਧਾਇਕ ਹਨ, ਜਦਕਿ ਕਾਂਗਰਸ ਦੀਆਂ 59 ਤ੍ਰਿਣਮੂਲ ਕਾਂਗਰਸ ਦੀਆਂ 34 ਮਹਿਲਾ ਵਿਧਾਇਕ ਚੁਣੀਆਂ ਗਈਆਂ ਹਨ। ਏ.ਡੀ.ਆਰ. ਦੀ ਰਿਪੋਰਟ ਵਿੱਚ ਇਹ ਵੀ ਦੱਸਿਆ ਗਿਆ ਹੈ ਕਿ ਸਿਰਫ਼ ਵੱਡੀਆਂ ਰਾਸ਼ਟਰੀ ਜਾਂ ਖੇਤਰੀ ਪਾਰਟੀਆਂ ਦੀਆਂ ਮਹਿਲਾ ਉਮੀਦਵਾਰ ਹੀ ਚੋਣ ਜਿੱਤਣ ਵਿੱਚ ਸਫਲ ਰਹੀਆਂ ਹਨ। ਕਿਸੇ ਵੀ ਗੈਰ-ਮਾਨਤਾ ਪ੍ਰਾਪਤ ਪਾਰਟੀ ਜਾਂ ਆਜ਼ਾਦ ਮਹਿਲਾ ਉਮੀਦਵਾਰ ਨੂੰ ਜਿੱਤ ਨਸੀਬ ਨਹੀਂ ਹੋਈ। ਚੋਣ ਲੜਨ ਵਾਲੀਆਂ ਮਹਿਲਾਵਾਂ ਦੀ ਗਿਣਤੀ ਵਿੱਚ ਭਾਵੇਂ ਵਾਧਾ ਹੋਇਆ ਹੈ (1957 ਵਿੱਚ 45 ਤੋਂ ਵੱਧ ਕੇ 2024 ਵਿੱਚ 800), ਪਰ ਇਹ ਅੰਕੜਾ ਅਜੇ ਵੀ ਮਰਦ ਉਮੀਦਵਾਰਾਂ ਦੇ ਮੁਕਾਬਲੇ ਬਹੁਤ ਘੱਟ ਹੈ।

# ਮੁੱਖ ਮੰਤਰੀ ਮਾਨ ਨੇ ਮਹਿਲਾਵਾਂ ਨਾਲ ਇੱਕ ਹੋਰ ਵੱਡਾ ਵਾਅਦਾ ਪੂਰਾ ਕੀਤਾ: ਆਪ ਆਗੂ



ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 9 ਮਾਰਚ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਵਿੱਤੀ ਬਜਟ ਪੇਸ਼ ਕਰਦਿਆਂ ਸੂਬੇ ਦੀਆਂ ਮਹਿਲਾਵਾਂ ਲਈ ਆਪਣੀ ਸਭ ਤੋਂ ਵੱਡੀ ਗਾਰੰਟੀ ਨੂੰ ਅਮਲੀ ਰੂਪ ਦਿੰਦੇ ਹੋਏ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦੀ ਸ਼ੁਰੂਆਤ ਕੀਤੀ। ਇਸ ਯੋਜਨਾ ਤਹਿਤ ਅਨੁਸੂਚਿਤ ਜਾਤੀ ਵਰਗ ਦੀਆਂ ਔਰਤਾਂ ਨੂੰ 1500 ਰੁਪਏ ਤੇ ਜਨਰਲ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਵਿੱਤੀ ਸਹਾਇਤਾ ਦਿੱਤੀ ਜਾਵੇਗੀ।ਇਸ ਇਤਿਹਾਸਕ ਫੈਸਲੇ ਦਾ ਸਵਾਗਤ ਕਰਦਿਆਂ ਜ਼ਿਲ੍ਹਾ ਪ੍ਰਧਾਨ ਮਹਿਲਾ ਵਿੰਗ ਮੈਡਮ ਨੀਲਮ ਘੁਮਾਣ, ਮਾਝਾ ਜ਼ੋਨ ਦੇ ਕੋਆਰਡੀਨੇਟਰ ਤੇ ਮਾਰਕੀਟ ਕਮੇਟੀ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਚੇਅਰਮੈਨ ਐਡਵੋਕੇਟ ਨਿਸ਼ਾਨ ਸਿੰਘ ਚਾਹਲ, ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਯੁੱਧ ਨਸ਼ਿਆਂ ਵਿਰੁੱਧ ਦੇ ਕੋਆਰਡੀਨੇਟਰ ਰਾਜਵਿੰਦਰ ਸਿੰਘ ਬੱਬਲੂ ਟੀਵੀਐਸ ਘੁਮਾਣ ਤੇ ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਮੀਡੀਆ ਵਾਈਸ ਕੋਆਰਡੀਨੇਟਰ ਅੰਮ੍ਰਿਤਪਾਲ ਸਿੰਘ ਸੋਹੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਹ ਐਲਾਨ ਹੁੰਦੇ ਹੀ ਚਾਰੋਂ ਪਾਸੇ ਖੁਸ਼ੀ ਦੀ ਲਹਿਰ ਦੌੜ ਗਈ ਤੇ ਔਰਤਾਂ ਨੇ ਇੱਕ-ਦੂਜੇ ਦਾ ਮੂੰਹ ਮਿੱਠਾ ਕਰਵਾ ਕੇ ਤੇ ਲੱਡੂ ਵੰਡ ਕੇ ਜਸ਼ਨ ਮਨਾਇਆ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜੋ ਕਿਹਾ ਸੀ, ਉਹ ਕਰ ਦਿਖਾਇਆ ਹੈ, ਇਹ ਯੋਜਨਾ ਔਰਤਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰੇਗੀ ਤੇ ਸਮਾਜ ਵਿੱਚ ਉਨ੍ਹਾਂ ਦਾ ਮਾਣ-ਸਤਿਕਾਰ ਵਧਾਏਗੀ। ਆਗੂਆਂ ਨੇ ਇਸ ਫੈਸਲੇ ਦਾ ਸਵਾਗਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀ ਸਰਕਾਰ ਹੈ। ਉਨ੍ਹਾਂ ਕਿਹਾ ਕਿ ਬਿਜਲੀ ਮੁਫ਼ਤ ਕਰਨ ਤੇ ਸਿਹਤ-ਸਿੱਖਿਆ ਵਿੱਚ ਕ੍ਰਾਂਤੀ ਲਿਆਉਣ ਤੋਂ ਬਾਅਦ ਹੁਣ ਮਾਵਾਂ-ਭੈਣਾਂ ਨਾਲ ਕੀਤਾ ਵਾਅਦਾ ਪੂਰਾ ਕਰਕੇ ਸਰਕਾਰ ਨੇ ਲੋਕਾਂ ਦਾ ਵਿਸ਼ਵਾਸ ਜਿੱਤ ਲਿਆ ਹੈ। ਇਸ ਮੌਕੇ ਉਨ੍ਹਾਂ ਕਿਹਾ ਕਿ ਇਹ ਰਾਸ਼ੀ ਸਿੱਧੇ ਤੌਰ ਉਤੇ ਯੋਗ ਮਹਿਲਾ ਲਾਭਪਾਤਰੀਆਂ ਦੇ ਖਾਤਿਆਂ ਵਿੱਚ ਭੇਜੀ ਜਾਵੇਗੀ ਤੇ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਲਾਗੂ ਕੀਤੀ ਗਈ ਇਹ ਯੋਜਨਾ ਮਹਿਲਾਵਾਂ ਲਈ ਵਰਦਾਨ ਸਾਬਿਤ ਹੋਵੇਗੀ। ਇਸ ਮੌਕੇ ਹਾਜ਼ਰ ਔਰਤਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਰਾਸ਼ੀ ਉਨ੍ਹਾਂ ਦੀ ਰਸੋਈ ਦੇ ਬਜਟ ਤੇ ਰੋਜ਼ਾਨਾ ਦੀਆਂ ਲੋੜਾਂ ਨੂੰ ਪੂਰਾ ਕਰਨ ਵਿੱਚ ਮਦਦਗਾਰ ਸਾਬਤ ਹੋਵੇਗੀ।

# ਸ੍ਰੀ ਗੁਰੂ ਤੇਗ ਬਹਾਦਰ ਜੀ ਲੰਗਰ ਸੇਵਾ ਸੁਸਾਇਟੀ ਨੇ ਲੁੱਟਿਆ ਮੇਲਾ

## ☛ਰੱਜ-ਰੱਜ ਕੀਤੀ ਸ੍ਰੀ ਅਨੰਦਪੁਰ ਸਾਹਿਬ ਦਾ ਜੋੜ ਮੇਲਾ ਮਨਾਉਣ ਵਾਲੀਆਂ ਸੰਗਤਾਂ ਦੀ ਸੇਵਾ



ਬਟਾਲਾ, 9 ਮਾਰਚ (ਬਲਵਿੰਦਰ ਸਿੰਘ ਪੰਜਗਰਾਈਂ): ਬਟਾਲਾ-ਸ੍ਰੀ ਹਰਿਗੋਬਿੰਦਪੁਰ ਰੋਡ ਉਪਰ ਸਥਿਤ ਪਿੰਡ ਪੰਜਗਰਾਈਆਂ ਦੀ ਸ੍ਰੀ ਗੁਰੂ ਤੇਗ ਬਹਾਦਰ ਜੀ ਲੰਗਰ ਸੇਵਾ ਸੁਸਾਇਟੀ ਦੌਲਤਪੁਰ-ਪੰਜਗਰਾਈਆਂ ਦੇ ਨਾਨਕ ਨਾਮ ਲੇਵਾ ਸੇਵਾਦਾਰਾਂ ਨੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਮੇਲਾ ਲੁੱਟ ਲਿਆ ਹੈ ਤੇ ਨਾਲ ਹੀ ਉਹ ਵੱਡੇ-ਵੱਡੇ ਸਪੀਕਰਾਂ ਰਾਹੀਂ ਆਵਾਜ਼ਾਂ ਮਾਰ ਰਹੇ ਸਨ ਕਿ ਆ ਜਾਓ ਭਾਗਾਂ ਵਾਲਿਓ, ਤੁਸੀਂ ਵੀ ਸ੍ਰੀ ਅਨੰਦਪੁਰ ਸਾਹਿਬ ਆਉਣ- ਜਾਣ ਵਾਲੀਆਂ ਸੰਗਤਾਂ ਦੀ ਤੀਮਾਰਦਾਰੀ ਕਰਕੇ, ਉਨ੍ਹਾਂ ਦੀ ਚਰਨ ਧੂੜ ਮੱਥੇ 'ਤੇ ਲਗਾ ਕੇ ਵੱਡਾ ਲਾਹਾ ਲੈ ਸਕਦੇ ਹੋ ਤੇ ਆਪਣਾ ਜੀਵਨ ਸਫਲਾ ਕਰ ਸਕਦੇ ਹੋ। ਵਰਣਨਯੋਗ ਹੈ ਕਿ ਖ਼ਾਲਸਾਈ ਜਾਹੋ-ਜਲਾਲ ਦੇ ਪ੍ਰਤੀਕ ਸ੍ਰੀ ਅਨੰਦਪੁਰ ਸਾਹਿਬ ਦੇ ਹੋਲਾ-ਮਹੱਲਾ ਮਨਾਉਣ ਜਾ ਰਹੀਆਂ ਸੰਗਤਾਂ ਦੀ, ਪੰਜਗਰਾਈਆਂ-ਦੌਲਤਪੁਰ ਵਾਲੇ ਲੰਗਰ ਕਮੇਟੀ ਦੇ ਸੇਵਾਦਾਰ, ਬੜੇ ਸਤਿਕਾਰ ਤੇ ਨਿੱਘੇ ਦਿਲ ਨਾਲ ਸੇਵਾ ਕਰਦੇ ਹਨ। ਇਸ ਮੌਕੇ ਮਹੰਤ ਸੁਖਪਾਲ ਦੇਵ, ਪ੍ਰਧਾਨ ਪ੍ਰਭਜੋਤ ਸਿੰਘ, ਹਰਪਾਲ ਸਿੰਘ ਜੇਈ, ਮਨਜੀਤ ਸਿੰਘ ਉਮਰਪੁਰਾ, ਪ੍ਰਭਦੀਪ ਸਿੰਘ, ਚੇਅਰਮੈਨ ਹਰਭਜਨ ਸਿੰਘ, ਵਰਿੰਦਰ ਸਿੰਘ, ਮਨਜੀਤ ਸਿੰਘ ਮੰਨਾ, ਸਿਮਰਨਪ੍ਰੀਤ ਸਿੰਘ, ਗੁਰਮੀਤ ਸਿੰਘ ਬਾਜਵਾ, ਰਣਜੀਤ ਸਿੰਘ, ਕੁਲਵਿੰਦਰ ਸਿੰਘ ਟਿੰਕੂ, ਸੁਰਜੀਤ ਸਿੰਘ, ਜਗਤਾਰ ਸਿੰਘ, ਬਲਕਾਰ ਸਿੰਘ, ਗੁਰਦੀਪ ਸਿੰਘ ਏਐਸਆਈ, ਬਾਬਾ ਦਲੀਪ ਸਿੰਘ, ਲਖਵਿੰਦਰ ਸਿੰਘ ਫੌਜੀ, ਕਸ਼ਮੀਰ ਸਿੰਘ ਫੌਜੀ, ਜਗੀਰ ਸਿੰਘ, ਬਲਵਿੰਦਰ ਸਿੰਘ, ਪੰਚ ਧਰਮਿੰਦਰ ਸਿੰਘ, ਜਸਪਾਲ ਸਿੰਘ, ਜੋਗਾ ਸਿੰਘ, ਤਰਸੇਮ ਸਿੰਘ, ਕੇਵਲ ਸਿੰਘ, ਕੁਲਵੰਤ ਸਿੰਘ ਫੌਜੀ ਆਦਿ ਸੇਵਾਦਾਰਾਂ ਨੇ ਸੇਵਾ ਕਰਕੇ ਖੁਸ਼ੀਆਂ ਪ੍ਰਾਪਤ ਕੀਤੀਆਂ।

# ਔਰਤਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਦੇਣ ਦੀ ਗਰੰਟੀ ਨੂੰ ਕੀਤਾ ਪੂਰਾ, ਸਾਰੇ ਵਰਗਾਂ ਦਾ ਵਿਕਾਸ ਪਹਿਲ ਦੇ ਆਧਾਰ ਹੋਵੇਗਾ: ਸ਼ੈਕੀ ਕਲਿਆਣ



ਗੜ੍ਹਦੀਵਾਲਾ, 9 ਮਾਰਚ (ਗੌਰਵ): ਅੱਜ ਗੜ੍ਹਦੀਵਾਲਾ ਵਿਖੇ ਬਲਾਕ ਪ੍ਰਧਾਨ ਸ਼ੈਕੀ ਕਲਿਆਣ ਨੇ ਪ੍ਰੈਸ ਬਿਆਨ ਰਾਹੀਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤਾ ਗਿਆ 2026-27 ਦਾ ਬਜਟ ਲੋਕ ਭਲਾਈ ਤੇ ਸਮੁੱਚੇ ਵਿਕਾਸ ਲਈ ਸਮਰਪਿਤ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਕੀਤੇ ਵਾਅਦੇ ਨੂੰ ਪੂਰਾ ਕਰਦੇ ਹੋਏ ਬਜਟ ਵਿੱਚ 18 ਸਾਲ ਤੋਂ ਵੱਧ ਉਮਰ ਦੀਆਂ ਸਾਰੀਆਂ ਔਰਤਾਂ ਲਈ 1,000 ਰੁਪਏ ਪ੍ਰਤੀ ਮਹੀਨਾ ਦੀ ਗਰੰਟੀ ਲਾਗੂ ਕੀਤੀ ਗਈ ਹੈ, ਜਦੋਂ ਕਿ ਅਨੁਸੂਚਿਤ ਜਾਤੀਆਂ ਦੀਆਂ ਔਰਤਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਦੇਣ ਐਲਾਨ ਕਰਕੇ ਸਾਰੇ ਵਰਗਾਂ ਦਾ ਮਾਣ ਵਧਾਇਆ ਹੈ। ਜਿਹੜਾ ਕਿ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਇਹ ਵਿੱਤੀ ਸਹਾਇਤਾ ਆਮ ਪਰਿਵਾਰਾਂ ਦੀਆਂ ਔਰਤਾਂ ਨੂੰ ਘਰੇਲੂ ਖਰਚਿਆਂ ਲਈ ਮਹੱਤਵਪੂਰਨ ਸਹਾਇਤਾ ਪ੍ਰਦਾਨ ਕਰੇਗੀ। ਇਹ ਯੋਜਨਾ ਔਰਤਾਂ ਦੇ ਮਾਣ ਤੇ ਆਰਥਿਕ ਸਸ਼ਕਤੀਕਰਨ ਵੱਲ ਇੱਕ ਵੱਡਾ ਕਦਮ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਲਈ ਰਜਿਸਟ੍ਰੇਸ਼ਨ 13 ਅਪ੍ਰੈਲ, ਵਿਸਾਖੀ ਤੋਂ ਸ਼ੁਰੂ ਹੋਵੇਗੀ ਤੇ ਇਹ ਦੇਸ਼ ਵਿੱਚ ਅਜਿਹੀ ਪਹਿਲੀ ਯੋਜਨਾ ਹੋਵੇਗੀ ਜਿਸ ਵਿੱਚ ਲਾਭ ਪ੍ਰਾਪਤ ਕਰਨ ਲਈ ਕੋਈ ਸ਼ਰਤ ਨਹੀਂ ਹੋਵੇਗੀ। ਉਨ੍ਹਾਂ ਕਿਹਾ ਕਿ ਸ਼ਹਿਰੀ ਖੇਤਰਾਂ ਦੇ ਵਿਕਾਸ ਨੂੰ ਤੇਜ਼ ਕਰਨ ਲਈ ਸਰਕਾਰ ਨੇ ਸ਼ਹਿਰੀ ਸਥਾਨਕ ਸੰਸਥਾਵਾਂ ਲਈ ਮਹੱਤਵਪੂਰਨ ਬਜਟ ਅਲਾਟਮੈਂਟ ਕੀਤੇ ਹਨ। ਜਿਸ ਨਾਲ ਸ਼ਹਿਰਾਂ ਵਿੱਚ ਬੁਨਿਆਦੀ ਢਾਂਚੇ ਵਿੱਚ ਹੋਰ ਸੁਧਾਰ ਹੋਵੇਗਾ।ਉਨ੍ਹਾਂ ਕਿਹਾ ਕਿ ਸਰਕਾਰ ਨੇ ਰੰਗਲਾ ਪੰਜਾਬ ਵਿਕਾਸ ਯੋਜਨਾ ਦੇ ਵਿਸਥਾਰ ਲਈ ਵੀ ਵਿਸ਼ੇਸ਼ ਪ੍ਰਬੰਧ ਕੀਤੇ ਹਨ। ਇਸ ਯੋਜਨਾ ਦੇ ਬਜਟ ਵਿੱਚ ਪਿਛਲੇ ਸਾਲ ਦੇ ਮੁਕਾਬਲੇ ਦੁੱਗਣੀ ਰਕਮ ਯਾਨੀ 1,170 ਕਰੋੜ ਰੁਪਏ ਦਾ ਵਾਧਾ ਕੀਤਾ ਗਿਆ ਹੈ, ਜਿਸ ਨਾਲ ਸੂਬੇ ਵਿੱਚ ਵਿਕਾਸ ਕਾਰਜਾਂ ਵਿੱਚ ਹੋਰ ਤੇਜ਼ੀ ਆਵੇਗੀ। ਇਸ ਮੌਕੇ ਬਲਾਕ ਪ੍ਰਧਾਨ ਸ਼ੈਕੀ ਕਲਿਆਣ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਇਹ ਬਜਟ ਸੂਬੇ ਦੇ ਹਰ ਵਰਗ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤਾ ਗਿਆ ਹੈ ਤੇ ਇਹ ਸੂਬੇ ਦੇ ਵਿਕਾਸ ਨੂੰ ਇੱਕ ਨਵੀਂ ਦਿਸ਼ਾ ਮਿਲੇਗੀ। ਉਨ੍ਹਾਂ ਔਰਤਾਂ ਨੂੰ ਦਿੱਤੇ ਮਾਣ-ਸਨਮਾਨ ਤੇ ਬਜਟ ਵਿੱਚ ਪੰਜਾਬ ਨੂੰ ਰੰਗਲਾ ਸੂਬਾ ਬਣਾਉਣ ਲਈ ਕੀਤੇ ਲੋਕ ਹਿੱਤਾਂ ਕੰਮਾਂ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਮੇਤ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕੀਤਾ।

# ਅੰਮ੍ਰਿਤਪਾਲ ਸਿੰਘ ਨੇ ਐਸ.ਡੀ.ਓ. ਪੀ.ਐਸ.ਪੀ.ਸੀ.ਐਲ. ਦਾ ਚਾਰਜ ਸੰਭਾਲਿਆ



ਕਾਦੀਆਂ, 9 ਮਾਰਚ (ਤਾਰੀ/ਸੰਧੂ): ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.) ਦੇ ਕਾਦੀਆਂ ਦਫ਼ਤਰ ਵਿੱਚ ਅੰਮ੍ਰਿਤਪਾਲ ਸਿੰਘ ਨੇ ਬਤੌਰ ਸਬ-ਡਵੀਜ਼ਨਲ ਅਫਸਰ (ਐਸ.ਡੀ.ਓ.) ਆਪਣਾ ਚਾਰਜ ਸੰਭਾਲ ਲਿਆ ਹੈ।ਉਨ੍ਹਾਂ ਦੇ ਚਾਰਜ ਸੰਭਾਲਣ ਮੌਕੇ ਦਫ਼ਤਰ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਵੱਲੋਂ ਉਨ੍ਹਾਂ ਦਾ ਸਵਾਗਤ ਕੀਤਾ ਗਿਆ ਤੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਚਾਰਜ ਸੰਭਾਲਣ ਤੋਂ ਬਾਅਦ ਗੱਲਬਾਤ ਕਰਦਿਆਂ ਅੰਮ੍ਰਿਤਪਾਲ ਸਿੰਘ ਨੇ ਕਿਹਾ ਕਿ ਉਨ੍ਹਾਂ ਦੀ ਪਹਿਲੀ ਤਰਜੀਹ ਬਿਜਲੀ ਉਪਭੋਗਤਾਵਾਂ ਨੂੰ ਬਿਹਤਰ ਤੇ ਸੁਚੱਜੀਆਂ ਸੇਵਾਵਾਂ ਮੁਹੱਈਆ ਕਰਵਾਉਣੀ ਹੋਵੇਗੀ। ਉਨ੍ਹਾਂ ਕਿਹਾ ਕਿ ਕਾਦੀਆਂ ਤੇ ਆਸ-ਪਾਸ ਦੇ ਇਲਾਕਿਆਂ ਵਿੱਚ ਰਹਿਣ ਵਾਲੇ ਲੋਕਾਂ ਨੂੰ ਬਿਜਲੀ ਸਬੰਧੀ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ ਤੇ ਉਪਭੋਗਤਾਵਾਂ ਦੀਆਂ ਸਮੱਸਿਆਵਾਂ ਦਾ ਜਲਦ ਤੋਂ ਜਲਦ ਹੱਲ ਕਰਨ ਲਈ ਪੂਰੀ ਕੋਸ਼ਿਸ਼ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਬਿਜਲੀ ਸਪਲਾਈ ਨਾਲ ਜੁੜੀਆਂ ਸ਼ਿਕਾਇਤਾਂ ਨੂੰ ਗੰਭੀਰਤਾ ਨਾਲ ਸੁਣਿਆ ਜਾਵੇਗਾ ਤੇ ਉਨ੍ਹਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇਗਾ। ਇਸ ਤੋਂ ਇਲਾਵਾ ਬਿਜਲੀ ਪ੍ਰਣਾਲੀ ਨੂੰ ਹੋਰ ਮਜ਼ਬੂਤ ਤੇ ਸੁਚਾਰੂ ਬਣਾਉਣ ਲਈ ਵੀ ਲੋੜੀਂਦੇ ਕਦਮ ਚੁੱਕੇ ਜਾਣਗੇ ਤਾਂ ਜੋ ਲੋਕਾਂ ਨੂੰ ਬਿਨਾਂ ਰੁਕਾਵਟ ਬਿਜਲੀ ਸਪਲਾਈ ਮਿਲ ਸਕੇ। ਉਨ੍ਹਾਂ ਭਰੋਸਾ ਦਿਵਾਇਆ ਕਿ ਲੋਕਾਂ ਦੀਆਂ ਸਮੱਸਿਆਵਾਂ ਨੂੰ ਤਰਜੀਹ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਇਸ ਮੌਕੇ ਦਫ਼ਤਰ ਦੇ ਹੋਰ ਕਰਮਚਾਰੀ ਤੇ ਅਧਿਕਾਰੀ ਵੀ ਮੌਜੂਦ ਸਨ, ਜਿਨ੍ਹਾਂ ਵੱਲੋਂ ਨਵੇਂ ਐਸ.ਡੀ.ਓ. ਨੂੰ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਗਿਆ।

# 1000 ਰੁਪਏ ਮਹੀਨੇ ਦਾ ਵਾਅਦਾ ਪੁਗਾਇਆ, ਮਾਨ ਸਰਕਾਰ ਨੇ ਮਾਵਾਂ-ਭੈਣਾਂ ਦਾ ਮਾਣ ਵਧਾਇਆ: ਡਾ. ਕੇ.ਜੇ. ਸਿੰਘ



ਘੁਮਾਣ/ਸ੍ਰੀ ਹਰਿਗੋਬਿੰਦਪੁਰ ਸਾਹਿਬ, 9 ਮਾਰਚ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਖਾਸ ਮੌਕੇ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤੇ ਬਜਟ ਵਿੱਚ ਬਹੁਤ ਵੱਡੇ ਐਲਾਨ ਕੀਤੇ ਗਏ ਹਨ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਪੰਜਾਬ ਦੀਆਂ ਮਹਿਲਾਵਾਂ ਲਈ 1000 ਰੁਪਏ ਦੇ ਵਾਅਦੇ ਨੂੰ ਪੂਰਾ ਕੀਤਾ ਗਿਆ, ਜਿਸ ਤਹਿਤ ਐਸਸੀ ਵਰਗ ਦੀਆਂ ਮਹਿਲਾਵਾਂ ਨੂੰ ਪ੍ਰਤੀ ਮਹੀਨਾ 1500 ਰੁਪਏ ਤੇ ਜਰਨਲ ਵਰਗ ਦੀਆਂ ਮਹਿਲਾਵਾਂ ਨੂੰ ਪ੍ਰਤੀ ਮਹੀਨਾ 1000 ਦੇਣ ਦਾ ਐਲਾਨ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਬਜਟ ਪੇਸ਼ ਕੀਤਾ ਗਿਆ, ਜਿਸ ਵਿੱਚ ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਪਣੇ ਕਾਰਜਕਾਲ ਦੌਰਾਨ ਲਗਭਗ ਸਾਰੇ ਹੀ ਵਾਅਦੇ ਪੂਰੇ ਕਰਨ ਦਿੱਤੇ ਗਏ ਹਨ। ਇਸ ਮੌਕੇ ਡਾ. ਕਮਲਜੀਤ ਸਿੰਘ ਕੇਜੇ ਸਾਬਕਾ ਆਬਜ਼ਰਵਰ ਤੇ ਸੀਨੀਅਰ ਆਗੂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦਾ ਪੰਜਾਬੀਆਂ ਪ੍ਰਤੀ ਮੋਹ ਸਤਿਕਾਰਯੋਗ ਹੈ, ਉਹ ਹਮੇਸ਼ਾ ਪੰਜਾਬ ਬਾਰੇ ਹੀ ਸੋਚਦੇ ਰਹਿੰਦੇ ਹਨ। ਅੱਜ ਦੇ ਵਾਅਦੇ ਦੇ ਨਾਲ ਉਨ੍ਹਾਂ ਨੇ ਬਹੁਤ ਸਾਰੇ ਇਤਿਹਾਸਿਕ ਕ੍ਰਾਂਤੀਕਾਰੀ ਕੰਮ ਕੀਤੇ ਹਨ, ਜਿਨ੍ਹਾਂ ਨੂੰ ਪੰਜਾਬੀ ਭਲੀ ਭਾਂਤੀ ਜਾਣਦੇ ਹਨ। ਸਾਨੂੰ ਪੂਰੀ ਉਮੀਦ ਹੈ ਕਿ ਪੰਜਾਬ ਦੇ ਲੋਕ 2027 ਦੇ ਵਿੱਚ ਫਿਰ ਆਮ ਆਦਮੀ ਪਾਰਟੀ ਦੀ ਸਰਕਾਰ ਬਣਾ ਕੇ ਪੰਜਾਬ ਦੀ ਅਵਾਮ ਭਗਵੰਤ ਸਿੰਘ ਮਾਨ ਨੂੰ ਮੁੱਖ ਮੰਤਰੀ ਬਣਾਉਣਗੇ ਤਾਂ ਜੋ ਪੰਜਾਬ ਮੁੜ ਰੰਗਲਾ ਪੰਜਾਬ ਬਣ ਸਕੇ।

# ਜਾਗੋ ਵੈਲਫੇਅਰ ਸੁਸਾਇਟੀ ਨੇ ਮਾਹਿਲਪੁਰ ਵਿਖੇ 12ਵਾਂ ਖ਼ੂਨਦਾਨ ਕੈਂਪ ਲਗਾਇਆ



ਮਾਹਿਲਪੁਰ, 9 ਮਾਰਚ (ਰਵੀ ਬੱਗਾ): ਜਾਗੋ ਵੈਲਫੇਅਰ ਸੁਸਾਇਟੀ ਨੇ ਮਹਿਲਾ ਦਿਵਸ ਨੂੰ ਸਮਰਪਿਤ ਮਾਹਿਲਪੁਰ ਵਿਖੇ 12ਵਾਂ ਖ਼ੂਨਦਾਨ ਕੈਂਪ ਲਗਾਇਆ। ਇਸ ਮੌਕੇ 'ਤੇ 33 ਖ਼ੂਨਦਾਨੀਆਂ ਨੇ ਖ਼ੂਨ ਦਾਨ ਕੀਤਾ। ਇਸ ਮੌਕੇ 'ਤੇ ਡਾ. ਜਸਵੰਤ ਸਿੰਘ ਸੀਨੀਅਰ ਮੈਡੀਕਲ ਅਫ਼ਸਰ ਸਰਕਾਰੀ ਹਸਪਤਾਲ ਮਾਹਿਲਪੁਰ ਨੇ ਕੈਂਪ ਦੇ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕੀਤੀ ਤੇ ਕੈਂਪ ਦਾ ਉਦਘਾਟਨ ਕੀਤਾ।ਖ਼ਾਲਸਾ ਕਾਲਜ ਮਾਹਿਲਪੁਰ ਦੇ ਪ੍ਰਿੰਸੀਪਲ ਪਰਵਿੰਦਰ ਸਿੰਘ ਨੇ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਇਸ ਪ੍ਰੋਗਰਾਮ ਵਿੱਚ ਸ਼ਿਰਕਤ ਕੀਤੀ।ਜੀਵਨ ਚੰਦੇਲੀ ਸਮਾਜ ਸੇਵੀ ਨੂੰ ਵਿਸ਼ੇਸ਼ ਤੌਰ 'ਤੇ ਸੁਸਾਇਟੀ ਵੱਲੋਂ ਸਨਮਾਨਤ ਕੀਤਾ ਗਿਆ।ਜੀਵਨ ਚੰਦੇਲੀ ਸਮਾਜਿਕ ਕੰਮਾਂ ਤੇ ਸਭਿਆਚਾਰਕ ਕੰਮਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਂਦੇ ਹਨ ਤੇ ਕਾਫੀ ਵਧੀਆ ਲੇਖਕ ਵੀ ਹਨ।ਪ੍ਰਿੰਸੀਪਲ ਸਰਬਜੀਤ ਸਿੰਘ ਜਾਗੋ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਤੇ ਸਕੱਤਰ ਆਰਕੇ ਭਾਟੀਆ ਨੇ ਸਾਂਝੇ ਤੌਰ 'ਤੇ ਬੋਲਦਿਆਂ ਦੱਸਿਆ ਕਿ ਅਜਿਹੇ ਸਮਾਜਿਕ ਕਾਰਜ ਹਮੇਸ਼ਾ ਚੱਲਦੇ ਰਹਿਣਾ ਚਾਹੀਦਾ ਤਾਂ ਜੋ ਕਿ ਸਮਾਜ ਵਿੱਚ ਇੱਕ ਚੰਗਾ ਸੁਨੇਹਾ ਜਾਵੇ।ਉਨ੍ਹਾਂ ਨੇ ਮਹਿਲਾ ਦਿਵਸ 'ਤੇ ਬੋਲਦਿਆਂ ਕਿਹਾ ਕਿ ਮਹਿਲਾਵਾਂ ਨੂੰ ਬਣਦੇ ਬਰਾਬਰ ਦੇ ਅਧਿਕਾਰ ਮਿਲਣੇ ਚਾਹੀਦੇ ਹਨ।ਦੋਆਬਾ ਵਾਤਾਵਰਨ ਪ੍ਰੇਮੀ ਕਮੇਟੀ ਮਾਹਿਲਪੁਰ ਵੱਲੋਂ ਖ਼ੂਨਦਾਨ ਦਾਨ ਕਰਨ ਵਾਲੇ ਦਾਨੀਆਂ ਨੂੰ ਅੰਬ ਦੇ ਬੂਟੇ ਵੰਡ ਕੇ ਸਭਿਆਚਾਰ ਤੇ ਵਿਰਾਸਤ ਨਾਲ ਜੁੜਨ ਦਾ ਸੁਨੇਹਾ ਦਿੱਤਾ।ਇਸ ਮੌਕੇ 'ਤੇ ਦੋਆਬਾ ਵਾਤਾਵਰਨ ਪ੍ਰੇਮੀ ਕਮੇਟੀ ਦੇ ਪ੍ਰਧਾਨ ਬੱਬੂ ਮਹਿਲਪੁਰੀ ਸਾਬਕ ਐਮਸੀ ਜਗਦੀਪ ਸਿੰਘ ਸਿੰਘ ਤੇ ਕਮੇਟੀ ਸਮੂਹ ਮੈਂਬਰ ਹਾਜ਼ਰ ਸਨ।ਇਸ ਮੌਕੇ 'ਤੇ ਆਰਆਰ ਭਾਟੀਆ, ਨਿਰਮਲ ਨੋਲੀ, ਬਿੱਲਾ ਖੜੋਦੀ, ਗੁਰਮਿੰਦਰ ਕੈਂਡੋਵਾਲ, ਰਾਉ ਕੈਂਡੋਵਾਲ, ਡਾ. ਮੋਹਨ ਲਾਲ, ਗੁਰਜੀਤ ਭਾਰਟਾ, ਅਮਨਦੀਪ ਬੜੀਆਂ, ਮਾਸਟਰ ਕਰਨੈਲ ਸਿੰਘ, ਰਵਿੰਦਰ ਸਿੰਘ ਰੋਕੀ ਸਲੂ, ਵਿੱਕੀ ਭਾਟੀਆ ਵਿੱਕੀ ਨਮੋਲੀਆਂ, ਸੰਨੀ ਰਾਠੌਰ, ਕਿਸ਼ੋਰੀ ਲਾਲ, ਸਚਿਨ ਪੱਬੀ ਹਾਜ਼ਰ ਸਨ।

# ਮਾਨਵਤਾ ਵੈਲਫੇਅਰ ਸੁਸਾਇਟੀ ਵੱਲੋਂ ਫਿਜ਼ੀਓਥੈਰੇਪੀ ਕੈਂਪ ਦਾ 200 ਲੋਕਾਂ ਨੇ ਲਿਆ ਲਾਹਾ




ਗੜ੍ਹਦੀਵਾਲਾ, 9 ਮਾਰਚ (ਗੌਰਵ): ਮਾਨਵਤਾ ਵੈਲਫੇਅਰ ਸੁਸਾਇਟੀ ਗੜ੍ਹਦੀਵਾਲਾ ਵੱਲੋਂ ਸਮਾਜ ਭਲਾਈ ਕੰਮਾਂ ਨੂੰ ਅੱਗੇ ਵਧਾਉਂਦੇ ਹੋਏ ਅੱਜ ਕੇਆਰਕੇ ਡੀਏਵੀ ਸਕੂਲ ਗੜ੍ਹਦੀਵਾਲਾ ਵਿਖੇ ਦੂਜਾ ਫਿਜ਼ੀਓਥੈਰੇਪੀ ਕੈਂਪ ਐਨਆਰਆਈ ਵੀਰਾਂ ਦੇ ਸਹਿਯੋਗ ਨਾਲ ਲਗਾਇਆ ਗਿਆ। ਇਸ ਕੈਂਪ ਦਾ ਉਦਘਾਟਨ ਕੇਆਰਕੇ ਡੀਏਵੀ ਸਕੂਲ ਦੇ ਪ੍ਰਿੰਸੀਪਲ ਸੁਨੀਲ ਦੱਤ ਨੇ ਆਪਣੇ ਕਰ ਕਮਲਾਂ ਨਾਲ ਕੀਤਾ ਤੇ ਉਸ ਦੇ ਉਪਰੰਤ ਕੈਂਪ ਚਾਲੂ ਕੀਤਾ ਗਿਆ। ਕੈਂਪ ਵਿੱਚ ਮਾਹਿਰ ਡਾਕਟਰਾਂ ਦੀ ਟੀਮ ਨੇ ਆਏ ਹੋਏ ਲੋਕਾਂ ਦੀ ਫਿਜ਼ੀਓਥੈਰੇਪੀ ਕੀਤੀ ਤੇ ਜ਼ਰੂਰਤ ਅਨੁਸਾਰ ਦਵਾਈਆਂ ਵੀ ਮੁਫਤ ਵਿੱਚ ਦਿੱਤੀਆਂ ਗਈਆਂ। ਇਹ। ਖਬਰ ਲਿਖੇ ਜਾਣ ਤੱਕ 200 ਦੇ ਕਰੀਬ ਲੋਕਾਂ ਨੇ ਕੈਂਪ ਦਾ ਲਾਹਾ ਲਿਆ। ਇਸ ਮੌਕੇ 'ਤੇ ਡਾ. ਪੰਕਜ ਨੇ ਮਰੀਜ਼ਾਂ ਨੂੰ ਦੱਸਿਆ ਕਿ ਜੋੜਾਂ ਦੇ ਦਰਦ ਸਰਵਾਈਕਲ ਮਾਸਪੇਸ਼ੀਆਂ ਦੇ ਦਰਦ ਤੋਂ ਅਸੀਂ ਕਿਵੇਂ ਐਕਸਰਸਾਈਜ਼ ਸਹਾਰੇ ਬਚ ਸਕਦੇ ਹਾਂ। ਇਸ ਦੌਰਾਨ ਡਾ. ਪੰਕਜ ਆਦੀਆ ਤੇ ਡਾ. ਸ਼੍ਰੇਆ ਪੀਟੀ, ਡਾ. ਗੌਰਵ ਪੀਟੀ, ਡਾ. ਪਰਮਿਟ ਸਿੰਘ ਫਿਜੀਓ ਵੱਲੋਂ ਫਿਜ਼ੀਓਥੈਰੇਪੀ ਕੀਤੀ ਗਈ। ਇਸ ਮੌਕੇ 'ਤੇ ਆਏ ਹੋਏ ਮਰੀਜ਼ਾਂ ਦੇ ਲਈ ਤੇ ਪਤਵੰਤੇ ਸੱਜਣਾਂ ਲਈ ਨਾਸ਼ਤੇ ਦਾ ਖਾਸ ਪ੍ਰਬੰਧ ਕੀਤਾ ਗਿਆ। ਇਸ ਮੌਕੇ 'ਤੇ ਆਏ ਹੋਏ ਸਾਰੇ ਪਤਵੰਤੇ ਸੱਜਣਾਂ ਨੂੰ ਸੁਸਾਇਟੀ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ 'ਤੇ ਡਾਇਰੈਕਟਰ ਕਮਲ ਸੇਠ, ਪ੍ਰਧਾਨ ਦਰਸ਼ਨ ਲਾਲ, ਰੁਪਿੰਦਰ ਸਿੰਘ ਕੈਨੇਡਾ, ਸੁਨੀਲ ਦੱਤ, ਦਿਨੇਸ਼ ਕੁਮਾਰ, ਸੁਮਿਤ ਚੌਹਾਨ, ਅਮਨ ਕੁਮਾਰ, ਸ਼ਿਵ ਸ਼ੰਕਰ, ਅਨਿਲ ਗੁਪਤਾ, ਸੰਦੀਪ, ਜੇਕੇ ਅਰੋੜਾ, ਜੇਕੇ ਸ਼ਰਮਾ, ਮਾਸਟਰ ਮਨੋਜ ਕੁਮਾਰ, ਪ੍ਰਦੀਪ ਬਿਹਾਨ, ਨਰੇਸ਼ ਸੇਠ, ਅਵਿਨਾਸ਼ ਚੰਦਰ, ਦਿਨੇਸ਼ ਕੁਮਾਰ ਤੇ ਸੁਸਾਇਟੀ ਦੇ ਹੋਰ ਮੈਂਬਰ ਹਾਜ਼ਰ ਸਨ।

# ਜ਼ਿਲ੍ਹਾ ਮੈਜਿਸਟਰੇਟ ਵੱਲੋਂ ਵੱਖ-ਵੱਖ ਪਾਬੰਦੀਆਂ ਦੇ ਹੁਕਮ ਜਾਰੀ



ਹੁਸ਼ਿਆਰਪੁਰ, 9 ਮਾਰਚ (ਦੀਪਕ ਅਗਨੀਹੋਤਰੀ): ਜ਼ਿਲ੍ਹਾ ਮੈਜਿਸਟਰੇਟ ਆਸ਼ਿਕਾ ਜੈਨ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਵਿੱਚ ਵੱਖ-ਵੱਖ ਪਾਬੰਦੀਆਂ ਦੇ ਹੁਕਮ ਜਾਰੀ ਕੀਤੇ ਹਨ। ਇਨ੍ਹਾਂ ਹੁਕਮਾਂ ਅਨੁਸਾਰ ਜ਼ਿਲ੍ਹੇ ਵਿੱਚ ਪੋਲਟਰੀ ਫਾਰਮਾਂ/ਰਾਇਸ ਸ਼ੈਲਰਾਂ/ਭੱਠਿਆਂ ਤੇ ਹੋਰ ਸਮਾਲ ਸਕੇਲ ਇੰਡਸਟਰੀਜ਼ ਦੇ ਮਾਲਕਾਂ ਨਾਲ-ਨਾਲ ਹੋਰ ਨੌਕਰ ਰੱਖਣ ਵਾਲਿਆਂ ਦੇ ਨਾਮ ਤੇ ਆਪਣੇ ਅਧੀਨ ਕੰਮ ਕਰਨ ਵਾਲੇ ਵਿਅਕਤੀਆਂ ਦਾ ਨਾਮ, ਪੂਰਾ ਪਤਾ, ਤਿੰਨ ਫੋਟੋਆਂ (ਸੱਜੇ, ਖੱਬੇ ਤੇ ਸਾਹਮਣੇ ਤੋਂ ਪੋਜ਼) ਸਮੇਤ ਆਪਣੇ ਘਰਾਂ ਵਿਚ ਰਜਿਸਟਰ ਲਗਾ ਕੇ ਰੱਖਣ ਤੇ ਉਨ੍ਹਾਂ ਦੇ ਸਾਰੇ ਰਿਸ਼ਤੇਦਾਰਾਂ ਦੇ ਐਡਰੈਸ ਲਿਖ ਕੇ ਰੱਖਣ ਦੇ ਹੁਕਮ ਜਾਰੀ ਕੀਤੇ ਹਨ। ਨੌਕਰ ਦੇ ਫਿੰਗਰ ਪ੍ਰਿੰਟ ਮਾਲਕ ਆਪਣੇ ਰਜਿਸਟਰ ਵਿੱਚ ਲਗਾ ਕੇ ਰੱਖਣ ਤੇ ਇਹ ਸਾਰਾ ਰਿਕਾਰਡ ਇਲਾਕੇ ਦੇ ਸਬੰਧਤ ਥਾਣੇ ਜਾਂ ਪੁਲਿਸ ਚੌਕੀ ਵਿੱਚ ਵੀ ਤੁਰੰਤ ਦਰਜ ਕਰਵਾਉਣ। ਇਸ ਦੇ ਨਾਲ ਹੀ ਮਕਾਨ/ਦੁਕਾਨ ਮਾਲਕਾਂ, ਮਕਾਨ/ਦੁਕਾਨ 'ਤੇ ਕਾਬਜ਼ ਵਿਅਕਤੀਆਂ, ਮਕਾਨਾਂ/ਦੁਕਾਨਾਂ ਦੇ ਇੰਚਾਰਜ ਵਿਅਕਤੀਆਂ ਨੂੰ ਵੀ ਹੁਕਮ ਦਿੱਤੇ ਗਏ ਹਨ ਕਿ ਉਨ੍ਹਾਂ ਵੱਲੋਂ ਜੋ ਵੀ ਮਕਾਨ/ਦੁਕਾਨ ਕਿਰਾਏ 'ਤੇ ਦਿੱਤੇ ਹੋਣ ਜਾਂ ਭਵਿੱਖ ਵਿੱਚ ਦਿੱਤੇ ਜਾਣ, ਉਨ੍ਹਾਂ ਵਿੱਚ ਰਹਿਣ ਵਾਲੇ ਵਿਅਕਤੀ ਦਾ ਨਾਮ ਤੇ ਪੂਰਾ ਪਤਾ ਆਪਣੇ ਇਲਾਕੇ ਦੇ ਥਾਣੇ, ਪੁਲਿਸ ਚੌਕੀ ਵਿਚ ਤੁਰੰਤ ਦਰਜ ਕਰਵਾਇਆ ਜਾਵੇ।ਜ਼ਿਲ੍ਹਾ ਮੈਜਿਸਟਰੇਟ ਨੇ ਜ਼ਿਲ੍ਹੇ ਦੀ ਹਦੂਦ ਅੰਦਰ ਡੀਲਿਸਟ ਖੇਤਰ ਵਿਚੋਂ ਹਰੇ ਅੰਬ, ਨਿੰਮ, ਪਿੱਪਲ ਤੇ ਬੋਹੜ ਦੇ ਦਰੱਖਤਾਂ ਨੂੰ ਕੱਟਣ 'ਤੇ ਵੀ ਪਾਬੰਦੀ ਲਗਾਈ ਹੈ। ਹੁਕਮਾਂ ਅਨੁਸਾਰ ਜੇਕਰ ਉਕਤ ਦਰੱਖਤਾਂ ਨੂੰ ਵਿਸ਼ੇਸ਼ ਹਾਲਾਤ ਵਿੱਚ ਕੱਟਣਾਂ ਜ਼ਰੂਰੀ ਹੋਵੇ ਤਾਂ ਜੰਗਲਾਤ ਵਿਭਾਗ ਦੀ ਪ੍ਰਵਾਨਗੀ ਨਾਲ ਹੀ ਕੱਟੇ ਜਾਣ। ਇਸ ਮੰਤਵ ਲਈ ਵਣ ਵਿਭਾਗ ਵੱਲੋਂ ਉਹ ਹੀ ਪ੍ਰਕਿਰਿਆ ਅਪਣਾਈ ਜਾਵੇਗੀ, ਜਿਹੜੀ ਕਿ ਪੰਜਾਬ ਭੂਮੀ ਸੁਰੱਖਿਆ ਐਕਟ-1900 ਦਫਾ-4 ਤੇ 5 ਅਧੀਨ ਬੰਦ ਰਕਬੇ ਵਿੱਚ ਪਰਮਿੱਟ ਦੇਣ ਲਈ ਅਪਣਾਈ ਜਾਂਦੀ ਹੈ। ਜੇਕਰ ਡੀਲਿਸਟ ਏਰੀਏ ਤੋਂ ਇਲਾਵਾ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਕਿਸੇ ਵੀ ਜਗ੍ਹਾ 'ਤੇ ਹਰੇ ਅੰਬ, ਨਿੰਮ, ਪਿੱਪਲ ਤੇ ਬੋਹੜ ਦੇ ਦਰੱਖਤਾਂ ਨੂੰ ਕੱਟਣਾ ਜ਼ਰੂਰੀ ਹੋਵੇ ਤਾਂ ਉਸਦੀ ਪ੍ਰਵਾਨਗੀ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਦੇ ਦਫ਼ਤਰ ਤੋਂ ਲੈਣ ਉਪਰੰਤ ਹੀ ਕੱਟੇ ਜਾਣ।ਇਹ ਹੁਕਮ 7 ਮਈ 2026 ਤੱਕ ਲਾਗੂ ਰਹਿਣਗੇ।

# ਮੇਰਾ ਯੁਵਾ ਭਾਰਤ ਨੇ ਸਪੋਰਟਸ ਅਥਾਰਟੀ ਆਫ ਇੰਡੀਆ ਤੇ ਖੇਲੋ ਇੰਡੀਆ ਦੇ ਸਹਿਯੋਗ ਨਾਲ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ



ਗੁਰਦਾਸਪੁਰ, 9 ਮਾਰਚ (ਜਗੀਰ ਸਿੰਘ ਮੰਡ/ਨਾਹਰ): ਮੇਰਾ ਯੁਵਾ ਭਾਰਤ, ਗੁਰਦਾਸਪੁਰ ਵੱਲੋਂ ਸਪੋਰਟਸ ਅਥਾਰਟੀ ਆਫ ਇੰਡੀਆ ਤੇ ਖੇਲੋ ਇੰਡੀਆ ਦੇ ਸਹਿਯੋਗ ਨਾਲ ਪੰਡਿਤ ਮੋਹਨ ਲਾਲ ਐਸ. ਡੀ. ਕਾਲੇਜ ਫੋਰ ਵੂਮੈਨ ਵਿੱਚ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ ਗਿਆ। ਇਸ ਮੌਕੇ 'ਤੇ ਅਸਮਿਤਾ ਲੀਗ (ਖੇਲੋ ਇੰਡੀਆ ਵੂਮੈਨਜ਼ ਲੀਗ) ਦੇ ਤਹਿਤ ਐਥਲੈਟਿਕ ਮੀਟ ਕਰਵਾਈ ਗਈ। ਮੁਕਾਬਲਿਆਂ ਵਿੱਚ 100 ਮੀਟਰ, 200 ਮੀਟਰ ਤੇ 400 ਮੀਟਰ ਦੌੜਾਂ ਅੰਡਰ-13, ਅੰਡਰ-18 ਤੇ 18 ਸਾਲ ਤੋਂ ਉਪਰ ਦੀਆਂ ਮਹਿਲਾਵਾਂ ਲਈ ਕਰਵਾਈਆਂ ਗਈਆਂ। ਇਸ ਸਮਾਗਮ ਵਿੱਚ ਜ਼ਿਲ੍ਹੇ ਭਰ ਤੋਂ ਲਗਭਗ 450 ਤੋਂ ਵੱਧ ਕੁੜੀਆਂ ਤੇ ਮਹਿਲਾਵਾਂ ਨੇ ਹਿੱਸਾ ਲਿਆ। ਇਸ ਤੋਂ ਇਲਾਵਾ ਮਨੋਰੰਜਕ ਗਤੀਵਿਧੀ ਵਜੋਂ ਰੱਸਾਕਸ਼ੀ ਮੁਕਾਬਲਾ ਵੀ ਕਰਵਾਇਆ ਗਿਆ। ਸਭ ਜੇਤੂਆਂ ਨੂੰ ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ, ਜਦਕਿ ਸਾਰੇ ਭਾਗੀਦਾਰਾਂ ਨੂੰ ਭਾਗੀਦਾਰੀ ਸਰਟੀਫਿਕੇਟ ਵੀ ਦਿੱਤੇ ਗਏ। ਸਮਾਗਮ ਵਿੱਚ ਕਾਲਜ ਦੇ ਪ੍ਰਿੰਸੀਪਲ ਡਾ. ਨੀਰੂ ਸ਼ਰਮਾ ਤੇ ਸੀਐਮਓ ਆਫਿਸ ਤੋਂ ਡਾ. ਮੀਨਾਕਸ਼ੀ ਹਾਜ਼ਰ ਸਨ। ਜ਼ਿਲ੍ਹਾ ਯੂਥ ਅਫ਼ਸਰ ਸੰਦੀਪ ਕੌਰ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਪ੍ਰਤੀਯੋਗਤਾਵਾਂ ਕੁੜੀਆਂ ਨੂੰ ਖੇਡਾਂ ਨੂੰ ਆਪਣੇ ਕਰੀਅਰ ਵਜੋਂ ਅਪਣਾਉਣ ਲਈ ਪ੍ਰੇਰਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਸਮਾਗਮਾਂ ਰਾਹੀਂ ਫਿਟਨੈਸ ਤੇ ਖੇਡਾਂ ਦੀ ਮਹੱਤਤਾ ਦਾ ਸੰਦੇਸ਼ ਜ਼ਮੀਨੀ ਪੱਧਰ ਤੱਕ ਪਹੁੰਚਾਇਆ ਜਾ ਸਕਦਾ ਹੈ। ਇਸ ਮੌਕੇ 'ਤੇ ਸ੍ਰੀਮਤੀ ਮਨਪ੍ਰੀਤ ਕੌਰ, ਪ੍ਰੋ. ਪੁਨੀਤਾ ਸਹਿਗਲ, ਪ੍ਰੋ. ਗਗਨਦੀਪ ਕੌਰ, ਪ੍ਰੋ. ਹਰਸ਼ਾ ਸ਼ਰਮਾ, ਪ੍ਰੋ. ਪਰਮਜੀਤ ਕੌਰ, ਪ੍ਰੋ. ਕੁਲਵਿੰਦਰ ਕੌਰ ਸਮੇਤ ਮੇਰਾ ਭਾਰਤ ਟੀਮ ਦੇ ਵਲੰਟੀਅਰ ਨੇ ਵੀ ਸਮਾਗਮ ਦੀ ਸਫਲਤਾ ਵਿੱਚ ਮਹੱਤਵਪੂਰਨ ਯੋਗਦਾਨ ਦਿੱਤਾ।

# ਵਿਕਸਿਤ ਭਾਰਤ ਜੀ ਰਾਮ ਜੀ ਸੈਲ ਭਾਰਤੀ ਜਨਤਾ ਪਾਰਟੀ ਦੇ ਮਾਝਾ ਜ਼ੋਨ ਦੇ ਅਹੁਦੇਦਾਰਾਂ ਦੀ ਮੀਟਿੰਗ



ਸ੍ਰੀ ਹਰਿਗੋਬਿੰਦਪੁਰ ਸਾਹਿਬ, 9 ਮਾਰਚ (ਸੁਖਅੰਮ੍ਰਿਤ ਸਿੰਘ ਸੋਨੂੰ/ਡਾ. ਸਰਬਜੀਤ ਸਿੰਘ ਭਿੰਡਰ): ਵਿਕਸਿਤ ਭਾਰਤ ਜੀ ਰਾਮ ਜੀ ਸੈਲ ਭਾਰਤੀ ਜਨਤਾ ਪਾਰਟੀ ਦੇ ਮਾਝਾ ਜ਼ੋਨ ਦੇ ਪ੍ਰਧਾਨ ਸੁਰਿੰਦਰ ਸਿੰਘ ਖ਼ਾਲਸਾ ਦੇ ਗ੍ਰਹਿ ਵਿਖੇ ਇੱਕ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਵੱਖ-ਵੱਖ ਅਹੁਦੇਦਾਰਾਂ ਨੇ ਆਪਣੇ-ਆਪਣੇ ਵਿਚਾਰ ਰੱਖੇ। ਮੀਟਿੰਗ ਵਿੱਚ ਸੀਨੀਅਰ ਆਗੂ ਸੁਖਵਿੰਦਰ ਸਿੰਘ ਸੁੱਖ ਉਮਰਪੁਰਾ ਨੇ ਵਿਕਸਿਤ ਭਾਰਤ ਜੀ ਰਾਮ ਜੀ ਸੈਲ ਕਨਵੀਨਰ ਭੀਮ ਸਿੰਘ ਕੋਟਲੀ ਤੇ ਚਮਕੀਲਾ ਸਿੰਘ ਕੋਆਰਡੀਨੇਟਰ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਮੁਤਾਬਿਕ ਜੋ ਵੀ ਸੇਵਾਵਾਂ ਦੱਸੀਆਂ ਗਈਆਂ ਹਨ। ਉਨ੍ਹਾਂ ਨੂੰ ਸਮੂਹ ਵਰਕਰਾਂ ਵੱਲੋਂ ਪੂਰੀ ਇਮਾਨਦਾਰੀ ਨਾਲ ਨਿਭਾਈਆਂ ਜਾਣਗੀਆਂ। ਇਸ ਮੌਕੇ ਆਏ ਵਰਕਰਾਂ ਦਾ ਸਿਕੰਦਰ ਸਿੰਘ ਖ਼ਾਲਸਾ ਨੇ ਧੰਨਵਾਦ ਕੀਤਾ ਤੇ 14 ਤਰੀਕ ਨੂੰ ਮੋਗਾ ਵਿਖੇ ਹੋਣ ਵਾਲੀ ਰੈਲੀ ਵਿੱਚ ਜਾਣ ਲਈ ਵਿਚਾਰ-ਵਟਾਂਦਰੇ ਕੀਤੇ ਗਏ। ਇਸ ਮੌਕੇ ਬਾਬਾ ਨਿਸ਼ਾਨ ਸਿੰਘ ਚੌਧਰਪੁਰਾ, ਡਾ. ਰਜਿੰਦਰ ਸਿੰਘ ਪਾਖਰਪੁਰਾ, ਜਸਵੰਤ ਸਿੰਘ ਪੈਂਟੀ, ਹਰਚਰਨ ਸਿੰਘ ਸਾਹਬਾਦਪੁਰ, ਬਲਬੀਰ ਸਿੰਘ ਚੀਮਾ, ਟਹਿਲ ਸਿੰਘ ਸਬਰਾਂ, ਸੁਖਦੇਵ ਸਿੰਘ, ਦਿਲਬਾਗ ਸਿੰਘ, ਕਸ਼ਮੀਰ ਸਿੰਘ ਚੁੰਗ, ਜਸਬੀਰ ਸਿੰਘ, ਵਰਿੰਦਰ ਸਿੰਘ, ਜੋਗਿੰਦਰ ਸਿੰਘ ਮਿਸਰਪੁਰਾ, ਕੁਲਵੰਤ ਸਿੰਘ ਲੱਧਾ ਮੁੰਡਾ ਹਾਜ਼ਰ ਸਨ।

# ਇਫੜਾ ਐਨ.ਜੀ.ਓ. ਨੇ ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ ਸੰਪੂਰਨ ਪੇਂਡੂ ਵਿਕਾਸ ਯੋਜਨਾ ਤਹਿਤ ਸੈਮੀਨਾਰ ਕਰਵਾਇਆ



ਧਾਰੀਵਾਲ, 9 ਮਾਰਚ (ਅਸ਼ੋਕ ਕੁਮਾਰ): ਇਫੜਾ ਐਨ.ਜੀ.ਓ. ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ ਸੰਪੂਰਨ ਪੇਂਡੂ ਵਿਕਾਸ ਯੋਜਨਾ ਤਹਿਤ ਸੈਮੀਨਾਰ ਸਰਪੰਚ ਸੁਖਦੇਵ ਕੌਰ ਤੇ ਬਲਾਕ ਪ੍ਰਧਾਨ ਹਿਤਪਾਲ ਦੀ ਅਗਵਾਈ ਵਿੱਚ ਪਿੰਡ ਬੱਬਰੀ ਨੰਗਲ ਵਿਖੇ ਕਰਵਾਇਆ ਗਿਆ। ਇਸ ਮੌਕੇ ਪ੍ਰੋਜੈਕਟ ਮੈਨੇਜਰ-ਮੁਹੰਮਦ ਜੌਨ ਨੇ ਪਿੰਡ ਵਾਸੀਆਂ ਨਾਲ ਵਿਸ਼ੇਸ਼ ਤੌਰ 'ਤੇ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਰਾਜ ਰਾਣੀ, ਗੀਤਾ, ਹਰਦੀਪ ਕੌਰ, ਕਸ਼ਮੀਰ ਕੌਰ, ਰਾਜਬੀਰ ਸਿੰਘ, ਜਸਬੀਰ ਸਿੰਘ, ਦਲਜੀਤ ਸਿੰਘ, ਹਰਜਿੰਦਰ ਕੌਰ, ਸਤਿਆ ਦੇਵੀ, ਰਾਜਵਿੰਦਰ, ਸਰਪੰਚ ਪਿੰਕੀ ਪਿੰਡ ਤਲਵੰਡੀ, ਪ੍ਰੋਜੈਕਟ ਮੈਨੇਜਰ-ਮੁਹੰਮਦ ਜੌਨ, ਪ੍ਰੋਜੈਕਟ ਕੋਆਰਡੀਨੇਟਰ-ਪ੍ਰਭਦੀਪ ਸਿੰਘ ਫੀਲਡ ਵਰਕਰ-ਕਮਲ ਖੋਖਰ, ਰਜਨੀ ਬਾਲਾ, ਰਣਜੀਤ ਕੌਰ, ਗੁਰਦੀਪ ਸਿੰਘ, ਕਮਲ ਕੁਮਾਰ ਤੋਂ ਇਲਾਵਾਂ ਹੋਰ ਮੌਜੂਦ ਸਨ।

# ਸੀਐਚਸੀ 'ਚ ਕੈਂਸਰ ਤੋਂ ਬਚਾਅ ਲਈ 14 ਤੋਂ 15 ਸਾਲ ਦੀਆਂ ਬੱਚੀਆਂ ਨੂੰ ਲਗਾਈ ਜਾ ਰਹੀ ਹੈ ਵੈਕਸੀਨ: ਡਾ. ਸ਼ੁਭਨੀਤ



ਕਾਦੀਆਂ, 9 ਮਾਰਚ (ਤਾਰੀ/ਸੰਧੂ): ਦੇਸ਼ ਵਿੱਚ ਤੇਜ਼ੀ ਨਾਲ ਵੱਧ ਰਹੀ ਕੈਂਸਰ ਦੀ ਬਿਮਾਰੀ ਨੂੰ ਰੋਕਣ ਤੇ ਲੋਕਾਂ ਵਿੱਚ ਇਸ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਪੰਜਾਬ ਸਰਕਾਰ ਤੇ ਕੇਂਦਰ ਸਰਕਾਰ ਦੇ ਸਾਂਝੇ ਉਪਰਾਲਿਆਂ ਤਹਿਤ ਸਿਹਤ ਵਿਭਾਗ ਵੱਲੋਂ ਕਈ ਮੁਹਿੰਮਾਂ ਚਲਾਈਆਂ ਜਾ ਰਹੀਆਂ ਹਨ। ਇਸੇ ਕੜੀ ਤਹਿਤ ਕਮਿਊਨਿਟੀ ਹੈਲਥ ਸੈਂਟਰ (ਸੀਐਚਸੀ) ਕਾਦੀਆਂ ਵਿਖੇ ਕੈਂਸਰ ਤੋਂ ਬਚਾਅ ਲਈ 14 ਤੋਂ 15 ਸਾਲ ਦੀ ਉਮਰ ਦੀਆਂ ਬੱਚੀਆਂ ਨੂੰ ਵਿਸ਼ੇਸ਼ ਵੈਕਸੀਨ ਲਗਾਈ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ. ਸ਼ੁਭਨੀਤ ਨੇ ਦੱਸਿਆ ਕਿ ਇਹ ਵੈਕਸੀਨ ਬੱਚੀਆਂ ਨੂੰ ਭਵਿੱਖ ਵਿੱਚ ਹੋ ਸਕਣ ਵਾਲੇ ਕੈਂਸਰ ਤੋਂ ਬਚਾਅ ਲਈ ਬਹੁਤ ਹੀ ਮਹੱਤਵਪੂਰਨ ਹੈ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਦੀ ਸ਼ੁਰੂਆਤ 14 ਤੋਂ 15 ਸਾਲ ਦੀ ਉਮਰ ਦੀਆਂ ਬੱਚੀਆਂ ਤੋਂ ਕੀਤੀ ਗਈ ਹੈ ਤਾਂ ਜੋ ਉਨ੍ਹਾਂ ਨੂੰ ਆਉਣ ਵਾਲੇ ਸਮੇਂ ਵਿੱਚ ਕੈਂਸਰ ਵਰਗੀ ਗੰਭੀਰ ਬਿਮਾਰੀ ਤੋਂ ਸੁਰੱਖਿਅਤ ਕੀਤਾ ਜਾ ਸਕੇ। ਡਾ. ਸ਼ੁਭਨੀਤ ਨੇ ਕਿਹਾ ਕਿ ਖਾਸ ਕਰਕੇ 25 ਤੋਂ 60 ਸਾਲ ਦੀ ਉਮਰ ਦੇ ਦਰਮਿਆਨ ਹੋਣ ਵਾਲੇ ਕਈ ਕਿਸਮਾਂ ਦੇ ਕੈਂਸਰ ਤੋਂ ਬਚਾਅ ਲਈ ਇਹ ਵੈਕਸੀਨ ਬਹੁਤ ਹੀ ਲਾਭਦਾਇਕ ਸਾਬਤ ਹੁੰਦੀ ਹੈ। ਇਸ ਲਈ ਮਾਪਿਆਂ ਨੂੰ ਚਾਹੀਦਾ ਹੈ ਕਿ ਉਹ ਆਪਣੀਆਂ 14 ਤੋਂ 15 ਸਾਲ ਦੀ ਉਮਰ ਦੀਆਂ ਬੱਚੀਆਂ ਨੂੰ ਸੀਐਚਸੀ ਕਾਦੀਆਂ ਵਿਖੇ ਲੈ ਕੇ ਆਉਣ ਤੇ ਇਹ ਵੈਕਸੀਨ ਜ਼ਰੂਰ ਲਗਵਾਉਣ। ਡਾ. ਸ਼ੁਭਨੀਤ ਨੇ ਮਾਪਿਆਂ ਅਤੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਸਰਕਾਰੀ ਸਹੂਲਤ ਦਾ ਵੱਧ ਤੋਂ ਵੱਧ ਲਾਭ ਲੈਣ ਤੇ ਆਪਣੀਆਂ ਬੱਚੀਆਂ ਨੂੰ ਸਮੇਂ ਸਿਰ ਇਹ ਵੈਕਸੀਨ ਲਗਵਾਉਣ।

# ਬਾਬਾ ਨਾਮਦੇਵ ਯੂਨੀਵਰਸਿਟੀ 'ਚ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ




ਘੁਮਾਣ/ਸ੍ਰੀ ਹਰਿਗੋਬਿੰਦਪੁਰ ਸਾਹਿਬ, 9 ਮਾਰਚ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੁਆਰਾ ਚਲਾਈ ਜਾ ਰਹੀ ਸੰਸਥਾ ਬਾਬਾ ਨਾਮਦੇਵ ਯੂਨੀਵਰਸਿਟੀ ਕਾਲਜ ਕਿਸ਼ਨਕੋਟ ਘੁਮਾਣ ਵਿਖੇ ਪ੍ਰਿੰਸੀਪਲ ਡਾ. ਵੀ.ਕੇ ਸਿੰਘ ਦੀ ਰਹਿਨੁਮਾਈ ਹੇਠ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ ਗਿਆ। ਇਸ ਮੌਕੇ ਪ੍ਰਿੰਸੀਪਲ ਸਾਹਿਬ ਨੇ ਅੰਤਰਰਾਸ਼ਟਰੀ ਮਹਿਲਾ ਦਿਵਸ ਦੀ ਵਧਾਈ ਦਿੰਦਿਆਂ ਹੋਇਆਂ 'ਸੋ ਕਿਉ ਮੰਦਾ ਆਖੀਐ ਜਿਤ ਜੰਮਹਿ ਰਾਜਾਨ' ਗੁਰਬਾਣੀ ਦੇ ਹਵਾਲੇ ਨਾਲ ਅੰਤਰਰਾਸ਼ਟਰੀ ਮਹਿਲਾ ਦਿਵਸ ਸਬੰਧੀ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਨਾਰੀ ਕੁਦਰਤ ਦੁਆਰਾ ਸਿਰਜਿਆ ਬੇਹਤਰੀਨ ਤੋਹਫਾ ਹੈ, ਨਾਰੀ ਸ੍ਰਿਸ਼ਟੀ ਦੀ ਮੂਲ ਚੂਲ ਹੈ, ਜਿਸ ਦੀ ਤੁਲਨਾ ਹੋਰ ਕਿਸੇ ਵੀ ਕੁਦਰਤੀ ਘਾੜਤ ਨਾਲ ਨਹੀਂ ਕੀਤੀ ਜਾ ਸਕਦੀ। ਇਸ ਉਪਰੰਤ ਕਵਿਤਾ ਉਚਾਰਨ ਮੁਕਾਬਲੇ, ਪੋਸਟਰ ਮੇਕਿੰਗ ਮੁਕਾਬਲੇ ਤੇ ਭਾਸ਼ਣ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਕਾਲਜ ਦੀਆਂ ਵਿਦਿਆਰਥਣਾਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਕਵਿਤਾ ਉਚਾਰਨ ਮੁਕਾਬਲੇ ਵਿੱਚ ਜੀਨਤਪ੍ਰਤਾਪ ਕੌਰ ਨੇ ਪਹਿਲਾ, ਰਣਦੀਪ ਕੌਰ ਨੇ ਦੂਜਾ ਤੇ ਅਨੀਤਾ ਨੇ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਪੋਸਟਰ ਮੇਕਿੰਗ ਮੁਕਾਬਲੇ ਵਿੱਚ ਸਿਮਰਨ ਕੌਰ ਨੇ ਪਹਿਲਾ, ਖੁਸ਼ਪ੍ਰੀਤ ਕੌਰ ਨੇ ਦੂਜਾ ਤੇ ਕੋਮਲਪ੍ਰੀਤ ਕੌਰ ਨੇ ਤੀਜੇ ਸਥਾਨ ਹਾਸਲ ਕੀਤਾ। ਭਾਸ਼ਣ ਮੁਕਾਬਲੇ ਵਿੱਚ ਹਰਮਨਪ੍ਰੀਤ ਕੌਰ ਨੇ ਪਹਿਲਾ, ਤਰਨਪ੍ਰੀਤ ਕੌਰ ਨੇ ਦੂਜਾ ਤੇ ਨਵਜੋਤ ਕੌਰ ਤੀਜਾ ਸਥਾਨ ਹਾਸਲ ਕੀਤਾ। ਇਸ ਮੌਕੇ ਜੱਜ ਦੀ ਭੂਮਿਕਾ ਪ੍ਰੋ. ਸੰਦੀਪ ਕੌਰ, ਪ੍ਰੋ. ਕਰਮਜੀਤ ਕੌਰ, ਪ੍ਰੋ. ਕਿਰਨਜੀਤ ਕੌਰ ਤੇ ਪ੍ਰੋ. ਡਾ. ਸੁਖਵਿੰਦਰ ਕੌਰ ਦੁਆਰਾ ਸਾਂਝੇ ਤੌਰ 'ਤੇ ਨਿਭਾਈ ਗਈ। ਇਸ ਮੌਕੇ ਸਮੂਹ ਸਟਾਫ ਮੈਂਬਰ ਹਾਜ਼ਰ ਰਹੇ।



## ਅਮਰੀਕਾ ਨੂੰ ਵੱਡੀਆਂ ਜੰਗਾਂ ਤੋਂ ਮਿਲਣ ਵਾਲੇ ਲਾਭ

ਇਹ ਇੱਕ ਮਹੱਤਵਪੂਰਨ ਸਵਾਲ ਹੈ ਜਿਸ ਦੇ ਕਈ ਪਹਿਲੂ ਹਨ:

### ਆਰਥਿਕ ਲਾਭ

ਹਥਿਆਰ ਉਦਯੋਗ — ਲੌਕਹੀਡ ਮਾਰਟਿਨ, ਰੇਥੀਓਨ ਵਰਗੀਆਂ ਕੰਪਨੀਆਂ ਨੂੰ ਅਰਬਾਂ ਡਾਲਰ ਦੇ ਠੇਕੇ ਮਿਲਦੇ ਹਨ
ਤੇਲ ਅਤੇ ਕੁਦਰਤੀ ਸੋਮੇ — ਇਰਾਕ ਵਰਗੀਆਂ ਜੰਗਾਂ ਵਿੱਚ ਤੇਲ ਖੇਤਰਾਂ ਉੱਤੇ ਪ੍ਰਭਾਵ
ਪੁਨਰ-ਨਿਰਮਾਣ ਠੇਕੇ — ਜੰਗ ਤੋਂ ਬਾਅਦ ਦੇਸ਼ ਬਣਾਉਣ ਦੇ ਕੰਮ ਅਮਰੀਕੀ ਕੰਪਨੀਆਂ ਨੂੰ ਮਿਲਦੇ ਹਨ

### ਭੂ-ਰਾਜਨੀਤਿਕ ਲਾਭ

ਫ਼ੌਜੀ ਅੱਡੇ — ਦੁਨੀਆ ਭਰ ਵਿੱਚ 750 ਤੋਂ ਵੱਧ ਫ਼ੌਜੀ ਅੱਡੇ ਕਾਇਮ ਕਰਨਾ
ਡਾਲਰ ਦੀ ਪ੍ਰਮੁੱਖਤਾ — ਤੇਲ ਦਾ ਵਪਾਰ ਡਾਲਰ ਵਿੱਚ ਰੱਖਣਾ (Petrodollar)
ਦੁਸ਼ਮਣ ਸਰਕਾਰਾਂ ਨੂੰ ਹਟਾਉਣਾ — ਆਪਣੇ ਹੱਕ ਵਿੱਚ ਸਰਕਾਰਾਂ ਬਿਠਾਉਣਾ

### ਤਕਨੀਕੀ ਤਰੱਕੀ

ਜੰਗੀ ਖੋਜ ਤੋਂ GPS, ਇੰਟਰਨੈੱਟ, ਡਰੋਨ ਵਰਗੀਆਂ ਤਕਨੀਕਾਂ ਦਾ ਜਨਮ
ਫ਼ੌਜੀ ਤਕਨਾਲੋਜੀ ਵਿੱਚ ਮੋਹਰੀ ਰਹਿਣਾ

### ਦੂਜਾ ਪੱਖ – ਨੁਕਸਾਨ ਵੀ ਬਹੁਤ

ਹਜ਼ਾਰਾਂ ਅਮਰੀਕੀ ਫ਼ੌਜੀਆਂ ਦੀ ਮੌਤ
ਖਰਬਾਂ ਡਾਲਰ ਦਾ ਕਰਜ਼ਾ (ਇਰਾਕ-ਅਫ਼ਗਾਨਿਸਤਾਨ ਵਿੱਚ $8 ਟ੍ਰਿਲੀਅਨ ਤੋਂ ਵੱਧ)
ਅੰਤਰਰਾਸ਼ਟਰੀ ਪੱਧਰ 'ਤੇ ਬਦਨਾਮੀ
ਦੇਸ਼ ਅੰਦਰ ਵੰਡ ਅਤੇ ਵਿਰੋਧ
ਸੱਚ ਇਹ ਹੈ ਕਿ ਆਮ ਅਮਰੀਕੀ ਨਾਗਰਿਕਾਂ ਨੂੰ ਘੱਟ ਫ਼ਾਇਦਾ ਹੁੰਦਾ ਹੈ, ਪਰ ਵੱਡੇ ਕਾਰੋਬਾਰ ਅਤੇ ਰਾਜਨੀਤਿਕ ਤਾਕਤਾਂ ਜ਼ਰੂਰ ਲਾਭ ਉਠਾਉਂਦੀਆਂ ਹਨ।



# ਵਿਨਾਸ਼ਕਾਰੀ ਜੰਗ: ਅਮਰੀਕਾ ਲਈ ਲਾਭ

ਈਰਾਨ-ਇਜ਼ਰਾਈਲ ਯੁੱਧ ਵਿੱਚ ਅਮਰੀਕਾ ਦੀ ਭੂਮਿਕਾ ਵਿਆਪਕ ਹੈ। ਅਮਰੀਕਾ ਨੇ ਨਾ ਸਿਰਫ਼ ਇਜ਼ਰਾਈਲ ਨਾਲ ਇਸ ਜੰਗ ਵਿੱਚ ਹਿੱਸਾ ਲਿਆ, ਸਗੋਂ ਉਸਦੀ ਸਹਾਇਤਾ ਨੇ ਜ਼ਮੀਨੀ ਸਮੀਕਰਨਾਂ ਨੂੰ ਵੀ ਬਦਲ ਦਿੱਤਾ। ਮਾਹਿਰਾਂ ਦਾ ਮੰਨਣਾ ਹੈ ਕਿ ਅਮਰੀਕਾ ਨੇ ਖੁਦ ਇਸ ਜੰਗ ਦਾ ਰੁਖ਼ ਬਦਲ ਦਿੱਤਾ। ਅਮਰੀਕਾ ਦੁਨੀਆ ਦੀ ਸਭ ਤੋਂ ਵੱਡੀ ਮਹਾਂਸ਼ਕਤੀ ਹੈ, ਜਿਸ ਕੋਲ ਸਰੋਤਾਂ ਦੀ ਕੋਈ ਕਮੀ ਨਹੀਂ ਹੈ। ਇਹੀ ਕਾਰਨ ਹੈ ਕਿ ਪਿਛਲੇ ਕਈ ਦਹਾਕਿਆਂ ਵਿੱਚ, ਜਦੋਂ ਦੁਨੀਆ ਨੇ ਭਿਆਨਕ ਯੁੱਧ ਦੇਖੇ ਹਨ, ਅਮਰੀਕਾ ਨੇ ਉਨ੍ਹਾਂ ਵਿੱਚ ਮੁੱਖ ਭੂਮਿਕਾ ਨਿਭਾਈ ਹੈ। ਅਮਰੀਕਾ ਨੇ ਉਨ੍ਹਾਂ ਯੁੱਧਾਂ ਵਿੱਚ ਅਰਬਾਂ ਅਤੇ ਖਰਬਾਂ ਡਾਲਰ ਖਰਚ ਕੀਤੇ ਹਨ। ਜਨਸੱਤਾ ਦੀ ਵਿਸ਼ੇਸ਼ ਲੜੀ, "ਦ ਨੰਬਰਸ ਸਪੀਕ" ਵਿੱਚ, ਅਸੀਂ ਅੱਜ ਇਹ ਸਮਝਣ ਦੀ ਕੋਸ਼ਿਸ਼ ਕਰਦੇ ਹਾਂ ਕਿ ਅਮਰੀਕਾ ਇੱਕ ਯੁੱਧ ਲਈ ਕਿੰਨਾ ਭੁਗਤਾਨ ਕਰਦਾ ਹੈ।

## ਪਹਿਲੇ ਵਿਸ਼ਵ ਯੁੱਧ ਵਿੱਚ ਅਮਰੀਕੀ ਖਰਚ

ਪਹਿਲਾ ਵਿਸ਼ਵ ਯੁੱਧ 1914 ਤੋਂ 1918 ਦੇ ਵਿਚਕਾਰ ਲੜਿਆ ਗਿਆ ਸੀ। ਇਹ ਯੁੱਧ ਦੋ ਸਮੂਹਾਂ ਵਿਚਕਾਰ ਲੜਿਆ ਗਿਆ ਸੀ: ਸਹਿਯੋਗੀ ਸ਼ਕਤੀਆਂ, ਜਿਸ ਵਿੱਚ ਬ੍ਰਿਟੇਨ, ਫਰਾਂਸ ਅਤੇ ਰੂਸ ਸ਼ਾਮਲ ਸਨ। ਦੂਜਾ ਕੇਂਦਰੀ ਸ਼ਕਤੀਆਂ ਸਨ, ਜਿਸ ਵਿੱਚ ਜਰਮਨੀ, ਆਸਟਰੀਆ-ਹੰਗਰੀ, ਤੁਰਕੀ ਅਤੇ ਬੁਲਗਾਰੀਆ ਵਰਗੇ ਦੇਸ਼ ਸ਼ਾਮਲ ਸਨ। ਸੰਯੁਕਤ ਰਾਜ ਅਮਰੀਕਾ ਨੇ ਤਿੰਨ ਸਾਲਾਂ ਤੱਕ ਇਸ ਯੁੱਧ ਤੋਂ ਦੂਰੀ ਬਣਾਈ ਰੱਖੀ ਸੀ, ਪਰ 6 ਅਪ੍ਰੈਲ, 1917 ਨੂੰ, ਇਸਨੇ ਸ਼ਾਮਲ ਹੋਣ ਦਾ ਫੈਸਲਾ ਕੀਤਾ। ਦਰਅਸਲ, ਜਦੋਂ ਅਮਰੀਕੀ ਨਾਗਰਿਕਾਂ ਨੇ ਜਰਮਨ ਹਮਲਿਆਂ ਵਿੱਚ ਆਪਣੀਆਂ ਜਾਨਾਂ ਗੁਆਉਣੀਆਂ ਸ਼ੁਰੂ ਕਰ ਦਿੱਤੀਆਂ, ਤਾਂ ਸੰਯੁਕਤ ਰਾਜ ਅਮਰੀਕਾ ਨੂੰ ਯੁੱਧ ਵਿੱਚ ਸ਼ਾਮਲ ਹੋਣ ਲਈ ਮਜਬੂਰ ਹੋਣਾ ਪਿਆ।

ਨੈਸ਼ਨਲ ਬਿਊਰੋ ਆਫ਼ ਇਕਨਾਮਿਕ ਰਿਸਰਚ ਦੇ ਅਨੁਸਾਰ, ਪਹਿਲੇ ਵਿਸ਼ਵ ਯੁੱਧ ਵਿੱਚ ਅਮਰੀਕਾ ਦਾ ਕੁੱਲ ਖਰਚ $32 ਬਿਲੀਅਨ ਸੀ। ਇਹ ਉਸ ਸਮੇਂ ਅਮਰੀਕਾ ਦੇ ਕੁੱਲ ਰਾਸ਼ਟਰੀ ਉਤਪਾਦ (GNP) ਦਾ 52 ਪ੍ਰਤੀਸ਼ਤ ਸੀ। ਦੂਜੇ ਸ਼ਬਦਾਂ ਵਿੱਚ, ਸੰਯੁਕਤ ਰਾਜ ਨੇ ਆਪਣੀ ਆਰਥਿਕ ਸਮਰੱਥਾ ਦਾ ਅੱਧੇ ਤੋਂ ਵੱਧ ਇਸ ਯੁੱਧ ਲਈ ਸਮਰਪਿਤ ਕੀਤਾ। ਸੰਯੁਕਤ ਰਾਜ ਨੇ ਇਸ ਯੁੱਧ ਲਈ ਤਿੰਨ ਤਰੀਕਿਆਂ ਨਾਲ ਫੰਡ ਇਕੱਠੇ ਕੀਤੇ: ਟੈਕਸਾਂ ਰਾਹੀਂ 22 ਪ੍ਰਤੀਸ਼ਤ, ਜਨਤਕ ਉਧਾਰ ਰਾਹੀਂ 58 ਪ੍ਰਤੀਸ਼ਤ, ਅਤੇ ਨਵੀਂ ਮੁਦਰਾ ਦੀ ਛਪਾਈ ਰਾਹੀਂ 20 ਪ੍ਰਤੀਸ਼ਤ। ਇੱਥੇ ਵੀ, ਅਮਰੀਕਾ ਦਾ ਰੱਖਿਆ ਖਰਚਾ ਇਸਦੇ ਕੁੱਲ GDP ਦਾ 14.1 ਪ੍ਰਤੀਸ਼ਤ ਸੀ।

## ਦੂਜੇ ਵਿਸ਼ਵ ਯੁੱਧ ਵਿੱਚ ਅਮਰੀਕੀ ਖਰਚ

ਦੂਜਾ ਵਿਸ਼ਵ ਯੁੱਧ 1939 ਤੋਂ 1945 ਦੇ ਵਿਚਕਾਰ ਲੜਿਆ ਗਿਆ ਸੀ। ਇਹ ਮਹਾਨ ਯੁੱਧ ਦੋ ਬਲਾਕਾਂ ਵਿਚਕਾਰ ਲੜਿਆ ਗਿਆ ਸੀ। ਇੱਕ ਪਾਸੇ ਸਹਿਯੋਗੀ ਸ਼ਕਤੀਆਂ ਸਨ, ਜਿਸ ਵਿੱਚ ਬ੍ਰਿਟੇਨ, ਸੋਵੀਅਤ ਯੂਨੀਅਨ, ਸੰਯੁਕਤ ਰਾਜ, ਫਰਾਂਸ ਅਤੇ ਚੀਨ ਸ਼ਾਮਲ ਸਨ। ਦੂਜੇ ਪਾਸੇ ਧੁਰੀ ਸ਼ਕਤੀਆਂ ਸਨ, ਜਿਸ ਵਿੱਚ ਜਰਮਨੀ, ਇਟਲੀ ਅਤੇ ਜਾਪਾਨ ਸ਼ਾਮਲ ਸਨ। ਇਹ ਯੁੱਧ ਜਰਮਨੀ ਦੀਆਂ ਵਿਸਥਾਰਵਾਦੀ ਨੀਤੀਆਂ ਕਾਰਨ ਸ਼ੁਰੂ ਹੋਇਆ ਸੀ। ਅਡੌਲਫ ਹਿਟਲਰ ਯੂਰਪ ਦੇ ਬਹੁਤ ਸਾਰੇ ਦੇਸ਼ਾਂ ਨੂੰ ਜਿੱਤਣਾ ਚਾਹੁੰਦਾ ਸੀ। ਇਸੇ ਕਾਰਨ ਕਰਕੇ, 1939 ਵਿੱਚ ਜਰਮਨੀ ਨੇ ਪੋਲੈਂਡ ਉੱਤੇ ਹਮਲਾ ਕੀਤਾ, ਜਿਸ ਤੋਂ ਬਾਅਦ ਬ੍ਰਿਟੇਨ ਅਤੇ ਫਰਾਂਸ ਨੇ ਜਰਮਨੀ ਵਿਰੁੱਧ ਜੰਗ ਦਾ ਐਲਾਨ ਕੀਤਾ।

1941 ਵਿੱਚ ਅਮਰੀਕਾ ਵੀ ਇਸ ਜੰਗ ਵਿੱਚ ਸ਼ਾਮਲ ਹੋਇਆ। ਇਹ ਇਸ ਲਈ ਸੀ ਕਿਉਂਕਿ 7 ਦਸੰਬਰ, 1941 ਨੂੰ ਜਾਪਾਨ ਨੇ ਪਰਲ ਹਾਰਬਰ ਵਿਖੇ ਅਮਰੀਕੀ ਜਲ ਸੈਨਾ ਅੱਡੇ 'ਤੇ ਹਮਲਾ ਕੀਤਾ ਸੀ, ਜਿਸ ਵਿੱਚ ਹਜ਼ਾਰਾਂ ਅਮਰੀਕੀ ਸੈਨਿਕ ਮਾਰੇ ਗਏ ਸਨ। ਪਹਿਲੇ ਵਿਸ਼ਵ ਯੁੱਧ ਵਿੱਚ ਅਮਰੀਕਾ ਦੀ ਸਰਗਰਮ ਭਾਗੀਦਾਰੀ ਲਗਭਗ ਇੱਕ ਸਾਲ ਚੱਲੀ, ਪਰ ਦੂਜੇ ਵਿਸ਼ਵ ਯੁੱਧ ਵਿੱਚ, ਇਹ ਲਗਭਗ ਚਾਰ ਸਾਲਾਂ ਤੱਕ ਵਧ ਗਈ। ਨੌਰਵਿਚ ਯੂਨੀਵਰਸਿਟੀ ਦੀ ਇੱਕ ਰਿਪੋਰਟ ਦੇ ਅਨੁਸਾਰ, ਦੂਜੇ ਵਿਸ਼ਵ ਯੁੱਧ ਵਿੱਚ ਅਮਰੀਕਾ ਨੇ ਲਗਭਗ $4.1 ਟ੍ਰਿਲੀਅਨ ਖਰਚ ਕੀਤੇ। ਉਸ ਸਮੇਂ ਰੱਖਿਆ ਖਰਚ ਕੁੱਲ ਜੀਡੀਪੀ ਦਾ 37.5 ਪ੍ਰਤੀਸ਼ਤ ਤੱਕ ਵਧ ਗਿਆ।

ਦੂਜੇ ਵਿਸ਼ਵ ਯੁੱਧ ਦੌਰਾਨ, ਅਮਰੀਕਾ ਨੇ ਲਗਭਗ 12.2 ਮਿਲੀਅਨ ਫੌਜੀ ਕਰਮਚਾਰੀ ਤਾਇਨਾਤ ਕੀਤੇ। ਇਸ ਯੁੱਧ ਵਿੱਚ ਅਮਰੀਕੀ ਸੈਨਿਕਾਂ ਅਤੇ ਨਾਗਰਿਕਾਂ ਦੀ ਕੁੱਲ ਮੌਤਾਂ ਦੀ ਗਿਣਤੀ ਲਗਭਗ 418,500 ਦਰਜ ਕੀਤੀ ਗਈ ਸੀ। ਨੌਰਵਿਚ ਯੂਨੀਵਰਸਿਟੀ ਦੀ ਇੱਕ ਰਿਪੋਰਟ ਦੇ ਅਨੁਸਾਰ, ਦੂਜੇ ਵਿਸ਼ਵ ਯੁੱਧ ਦੌਰਾਨ ਅਮਰੀਕਾ ਨੇ ਲਗਭਗ 13 ਮਿਲੀਅਨ ਹਥਿਆਰ ਬਣਾਏ। ਇਨ੍ਹਾਂ ਵਿੱਚ ਬੰਦੂਕਾਂ, ਹਾਵਿਟਜ਼ਰ, ਰਾਈਫਲਾਂ ਅਤੇ ਕਾਰਬਾਈਨ ਸ਼ਾਮਲ ਸਨ। ਇਸ ਤੋਂ ਇਲਾਵਾ, ਫੈਕਟਰੀਆਂ ਵਿੱਚ ਲਗਭਗ 1 ਲੱਖ ਟੈਂਕ ਅਤੇ 3 ਲੱਖ ਜਹਾਜ਼ ਵੀ ਬਣਾਏ ਗਏ ਸਨ।

ਇੰਨਾ ਹੀ ਨਹੀਂ, ਉਸ ਸਮੇਂ ਦੌਰਾਨ ਅਮਰੀਕਾ ਨੇ 40 ਅਰਬ ਤੋਂ ਵੱਧ ਗੋਲੀਆਂ ਦਾ ਉਤਪਾਦਨ ਵੀ ਕੀਤਾ। ਕਿਉਂਕਿ ਇਹ ਯੁੱਧ ਸਮੁੰਦਰ ਵਿੱਚ ਵੀ ਲੜਿਆ ਗਿਆ ਸੀ, ਇਸ ਲਈ ਅਮਰੀਕਾ ਨੇ ਇਸ ਸਮੇਂ ਦੌਰਾਨ 10 ਜੰਗੀ ਜਹਾਜ਼, 27 ਜਹਾਜ਼ ਵਾਹਕ ਅਤੇ ਲਗਭਗ 200 ਪਣਡੁੱਬੀਆਂ ਵੀ ਬਣਾਈਆਂ। ਦੂਜੇ ਵਿਸ਼ਵ ਯੁੱਧ ਦੌਰਾਨ ਅਮਰੀਕਾ 'ਤੇ ਕੁੱਲ ਆਰਥਿਕ ਬੋਝ ਬਹੁਤ ਵੱਡਾ ਸੀ। ਰਿਪੋਰਟ ਦੇ ਅਨੁਸਾਰ, ਲਗਭਗ 63 ਪ੍ਰਤੀਸ਼ਤ ਖਰਚ ਅਮਰੀਕਾ ਨੇ ਯੁੱਧ ਬਾਂਡਾਂ ਰਾਹੀਂ ਇਕੱਠਾ ਕੀਤਾ ਸੀ।

## ਵੀਅਤਨਾਮ ਯੁੱਧ 'ਤੇ ਅਮਰੀਕਾ ਦਾ ਖਰਚ

ਵੀਅਤਨਾਮ ਯੁੱਧ ਨੂੰ ਅਮਰੀਕੀ ਇਤਿਹਾਸ ਦੇ ਇੱਕ ਕਾਲੇ ਅਧਿਆਇ ਵਜੋਂ ਯਾਦ ਕੀਤਾ ਜਾਂਦਾ ਹੈ। ਬਹੁਤ ਸਾਰੇ ਇਤਿਹਾਸਕਾਰ ਅਜੇ ਵੀ ਇਸਨੂੰ ਅਮਰੀਕਾ ਦੀ ਹਾਰ ਵਜੋਂ ਵੇਖਦੇ ਹਨ। ਇਹ ਯੁੱਧ 1955 ਤੋਂ 1975 ਤੱਕ ਚੱਲਿਆ, ਜਿਸ ਵਿੱਚ 1965 ਵਿੱਚ ਸਿੱਧੇ ਤੌਰ 'ਤੇ ਅਮਰੀਕੀ ਫੌਜੀ ਸ਼ਮੂਲੀਅਤ ਸ਼ੁਰੂ ਹੋਈ।

ਇਹ ਯੁੱਧ ਮੁੱਖ ਤੌਰ 'ਤੇ ਉੱਤਰੀ ਵੀਅਤਨਾਮ ਅਤੇ ਦੱਖਣੀ ਵੀਅਤਨਾਮ ਵਿਚਕਾਰ ਲੜਿਆ ਗਿਆ ਸੀ। ਉੱਤਰੀ ਵੀਅਤਨਾਮ ਨੂੰ ਸੋਵੀਅਤ ਯੂਨੀਅਨ ਅਤੇ ਚੀਨ ਦਾ ਸਮਰਥਨ ਪ੍ਰਾਪਤ ਸੀ, ਜਦੋਂ ਕਿ ਦੱਖਣੀ ਵੀਅਤਨਾਮ ਨੂੰ ਅਮਰੀਕਾ ਅਤੇ ਇਸਦੇ ਸਹਿਯੋਗੀਆਂ ਦਾ ਸਮਰਥਨ ਪ੍ਰਾਪਤ ਸੀ। ਉਸ ਸਮੇਂ, ਉੱਤਰੀ ਵੀਅਤਨਾਮ ਵਿੱਚ ਇੱਕ ਕਮਿਊਨਿਸਟ ਸਰਕਾਰ ਸੀ, ਜਦੋਂ ਕਿ ਦੱਖਣੀ ਵੀਅਤਨਾਮ ਵਿੱਚ ਅਮਰੀਕਾ-ਸਮਰਥਿਤ ਸਰਕਾਰ ਸੱਤਾ ਵਿੱਚ ਸੀ। ਅਮਰੀਕਾ ਹਰ ਕੀਮਤ 'ਤੇ ਵੀਅਤਨਾਮ ਨੂੰ ਕਮਿਊਨਿਸਟ ਬਣਨ ਤੋਂ ਰੋਕਣਾ ਚਾਹੁੰਦਾ ਸੀ। ਇਹ ਦੱਖਣੀ ਵੀਅਤਨਾਮੀ ਸਰਕਾਰ ਦੀ ਰੱਖਿਆ ਕਰਨਾ ਚਾਹੁੰਦਾ ਸੀ, ਜਿਸਨੇ ਯੁੱਧ ਨੂੰ ਹੋਰ ਤੇਜ਼ ਕਰ ਦਿੱਤਾ।

ਬੀਬੀਸੀ ਦੀ ਇੱਕ ਰਿਪੋਰਟ ਦੇ ਅਨੁਸਾਰ, ਅਮਰੀਕਾ ਨੇ ਵੀਅਤਨਾਮ ਯੁੱਧ ਦੌਰਾਨ ਆਪਣੀ ਫੌਜ 'ਤੇ ਲਗਭਗ $828 ਬਿਲੀਅਨ ਖਰਚ ਕੀਤੇ। 1965 ਤੋਂ, ਅਮਰੀਕਾ ਸਾਲਾਨਾ $50 ਬਿਲੀਅਨ ਤੋਂ ਵੱਧ ਖਰਚ ਕਰ ਰਿਹਾ ਸੀ। ਰਿਪੋਰਟ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਯੁੱਧ ਨੇ ਅਮਰੀਕਾ ਨੂੰ $111 ਬਿਲੀਅਨ ਵਾਧੂ ਖਰਚ ਕੀਤਾ। ਇਸ ਯੁੱਧ ਵਿੱਚ ਅਮਰੀਕਾ ਨੂੰ ਭਾਰੀ ਨੁਕਸਾਨ ਹੋਇਆ। ਲਗਭਗ 58,000 ਅਮਰੀਕੀ ਸੈਨਿਕ ਮਾਰੇ ਗਏ ਅਤੇ ਲਗਭਗ 153,000 ਜ਼ਖਮੀ ਹੋਏ।

ਪੈਂਟਾਗਨ ਦੀ ਇੱਕ ਰਿਪੋਰਟ ਦੇ ਅਨੁਸਾਰ, 1961 ਅਤੇ 1973 ਦੇ ਵਿਚਕਾਰ, 4,865 ਹੈਲੀਕਾਪਟਰਾਂ ਦੇ ਨਾਲ, 3,699 ਅਮਰੀਕੀ ਫਿਕਸਡ-ਵਿੰਗ ਜਹਾਜ਼ ਵੀਅਤਨਾਮ ਯੁੱਧ ਵਿੱਚ ਪੂਰੀ ਤਰ੍ਹਾਂ ਤਬਾਹ ਹੋ ਗਏ ਸਨ। ਅਮਰੀਕੀ ਰੱਖਿਆ ਸਕੱਤਰ ਜੇਮਜ਼ ਆਰ. ਸ਼ਲੇਸਿੰਗਰ ਨੇ ਉਸ ਸਮੇਂ ਅਮਰੀਕੀ ਕਾਂਗਰਸ ਨੂੰ ਦੱਸਿਆ ਸੀ ਕਿ ਦੱਖਣੀ ਵੀਅਤਨਾਮ ਵਿੱਚ ਵਰਤੇ ਗਏ ਅਮਰੀਕੀ ਫੌਜੀ ਉਪਕਰਣਾਂ ਦੀ ਕੀਮਤ ਲਗਭਗ $3 ਬਿਲੀਅਨ ਤੋਂ $4 ਬਿਲੀਅਨ ਸੀ। ਹਾਲਾਂਕਿ, ਇਸ ਉਪਕਰਣ ਦਾ ਇੱਕ ਵੱਡਾ ਹਿੱਸਾ ਯੁੱਧ ਵਿੱਚ ਤਬਾਹ ਹੋ ਗਿਆ ਸੀ। ਇਸ ਤੋਂ ਇਲਾਵਾ, ਜਦੋਂ ਅਮਰੀਕੀ ਅਤੇ ਦੱਖਣੀ ਵੀਅਤਨਾਮੀ ਫੌਜਾਂ ਕੁਝ ਖੇਤਰਾਂ ਤੋਂ ਪਿੱਛੇ ਹਟ ਗਈਆਂ, ਤਾਂ $800 ਮਿਲੀਅਨ ਤੋਂ ਵੱਧ ਮੁੱਲ ਦਾ ਫੌਜੀ ਉਪਕਰਣ ਪਿੱਛੇ ਰਹਿ ਗਿਆ।

## ਅਫਗਾਨਿਸਤਾਨ ਯੁੱਧ 'ਤੇ ਅਮਰੀਕੀ ਖਰਚ

ਅਮਰੀਕਾ ਨੇ ਅਫਗਾਨਿਸਤਾਨ ਵਿੱਚ ਇੱਕ ਲੰਬੀ ਜੰਗ ਵੀ ਲੜੀ, ਪਰ ਇਸ ਜੰਗ ਨੂੰ ਅਮਰੀਕੀ ਇਤਿਹਾਸ ਵਿੱਚ ਸਫਲਤਾਵਾਂ ਨਾਲੋਂ ਵੱਧ ਅਸਫਲਤਾਵਾਂ ਲਈ ਯਾਦ ਕੀਤਾ ਜਾਂਦਾ ਹੈ। ਬ੍ਰਾਊਨ ਯੂਨੀਵਰਸਿਟੀ ਦੇ "ਕਾਸਟ ਆਫ ਵਾਰ ਪ੍ਰੋਜੈਕਟ" ਦੀ ਇੱਕ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਅਮਰੀਕਾ ਨੇ ਅਫਗਾਨਿਸਤਾਨ ਯੁੱਧ 'ਤੇ ਲਗਭਗ $2.26 ਟ੍ਰਿਲੀਅਨ ਖਰਚ ਕੀਤੇ। ਇਸ ਵਿੱਚੋਂ, ਲਗਭਗ $933 ਬਿਲੀਅਨ ਰੱਖਿਆ ਵਿਭਾਗ ਦੇ ਬਜਟ ਵਿੱਚੋਂ ਖਰਚ ਕੀਤੇ ਗਏ ਸਨ। ਇਸ ਤੋਂ ਇਲਾਵਾ, $530 ਬਿਲੀਅਨ ਅਫਗਾਨਿਸਤਾਨ ਯੁੱਧ ਦੌਰਾਨ ਹੋਏ ਕਰਜ਼ੇ 'ਤੇ ਖਰਚ ਕੀਤੇ ਗਏ ਸਨ।

ਰਿਪੋਰਟ ਦੇ ਅਨੁਸਾਰ, $443 ਬਿਲੀਅਨ ਦੇ ਵਾਧੂ ਰੱਖਿਆ ਖਰਚੇ ਵੀ ਦੱਸੇ ਗਏ ਸਨ। ਇਸ ਤੋਂ ਇਲਾਵਾ, ਅਮਰੀਕਾ ਨੇ ਜ਼ਖਮੀ ਸੈਨਿਕਾਂ ਅਤੇ ਸਾਬਕਾ ਸੈਨਿਕਾਂ ਦੇ ਇਲਾਜ ਅਤੇ ਡਾਕਟਰੀ ਦੇਖਭਾਲ 'ਤੇ ਲਗਭਗ $296 ਬਿਲੀਅਨ ਖਰਚ ਕੀਤੇ। ਇਸ ਤੋਂ ਇਲਾਵਾ, ਅਮਰੀਕਾ ਨੇ ਅਫਗਾਨ ਫੌਜ ਨੂੰ ਸਿਖਲਾਈ ਦੇਣ ਅਤੇ ਇਸਨੂੰ ਫੌਜੀ ਉਪਕਰਣ ਪ੍ਰਦਾਨ ਕਰਨ 'ਤੇ ਲਗਭਗ $88.3 ਬਿਲੀਅਨ ਖਰਚ ਕੀਤੇ। ਹਾਲਾਂਕਿ, ਇਹਨਾਂ ਯਤਨਾਂ ਅਤੇ ਭਾਰੀ ਖਰਚਿਆਂ ਦੇ ਬਾਵਜੂਦ, ਤਾਲਿਬਾਨ ਨੇ ਅਫਗਾਨਿਸਤਾਨ ਵਿੱਚ ਸੱਤਾ ਮੁੜ ਹਾਸਲ ਕੀਤੀ ਅਤੇ ਹੁਣ ਅਫਗਾਨਿਸਤਾਨ 'ਤੇ ਸ਼ਾਸਨ ਕਰਦਾ ਹੈ। ਰਿਪੋਰਟ ਦੇ ਅਨੁਸਾਰ, ਅਫਗਾਨਿਸਤਾਨ ਵਿੱਚ ਯੁੱਧ ਦੇ ਨਤੀਜੇ ਵਜੋਂ ਅਮਰੀਕਾ ਲਈ ਜਾਨ-ਮਾਲ ਦਾ ਵੀ ਕਾਫ਼ੀ ਨੁਕਸਾਨ ਹੋਇਆ। ਲਗਭਗ 2,500 ਅਮਰੀਕੀ ਸੈਨਿਕ ਮਾਰੇ ਗਏ, ਅਤੇ ਲਗਭਗ 4,000 ਅਮਰੀਕੀ ਨਾਗਰਿਕ ਠੇਕੇਦਾਰ ਵੀ ਮਾਰੇ ਗਏ। ਅਫਗਾਨਿਸਤਾਨ ਨੂੰ ਵੀ ਕਾਫ਼ੀ ਨੁਕਸਾਨ ਹੋਇਆ। ਉਨ੍ਹਾਂ ਸਾਲਾਂ ਦੌਰਾਨ, ਲਗਭਗ 69,000 ਅਫਗਾਨ ਸੈਨਿਕ ਅਤੇ ਪੁਲਿਸ ਮਾਰੇ ਗਏ, ਜਦੋਂ ਕਿ ਲਗਭਗ 47,000 ਨਾਗਰਿਕ ਵੀ ਮਾਰੇ ਗਏ।

> ਇਰਾਨ 'ਤੇ ਇਜ਼ਰਾਈਲੀ ਅਤੇ ਅਮਰੀਕਾ ਦੇ ਹਮਲਿਆਂ ਦੀ ਆਰਥਿਕ ਲਾਗਤ ਬਹੁਤ ਜ਼ਿਆਦਾ ਮੰਨੀ ਜਾਂਦੀ ਹੈ। ਵਾਸ਼ਿੰਗਟਨ ਸਥਿਤ ਥਿੰਕ ਟੈਂਕ, ਸੈਂਟਰ ਫਾਰ ਸਟ੍ਰੈਟੇਜਿਕ ਐਂਡ ਇੰਟਰਨੈਸ਼ਨਲ ਸਟੱਡੀਜ਼ ਦੀ ਇੱਕ ਰਿਪੋਰਟ ਦੇ ਅਨੁਸਾਰ, ਅਮਰੀਕਾ ਇਸ ਯੁੱਧ 'ਤੇ ਰੋਜ਼ਾਨਾ ਲਗਭਗ $891.4 ਮਿਲੀਅਨ ਖਰਚ ਕਰ ਰਿਹਾ ਹੈ। ਰਿਪੋਰਟ ਦੇ ਅਨੁਸਾਰ, ਅਮਰੀਕਾ ਸਿਰਫ਼ ਹਵਾਈ ਕਾਰਵਾਈਆਂ 'ਤੇ ਰੋਜ਼ਾਨਾ ਲਗਭਗ $30 ਮਿਲੀਅਨ, ਜਲ ਸੈਨਾ ਕਾਰਵਾਈਆਂ 'ਤੇ ਲਗਭਗ $15 ਮਿਲੀਅਨ ਅਤੇ ਜ਼ਮੀਨੀ ਕਾਰਵਾਈਆਂ 'ਤੇ ਲਗਭਗ $1.6 ਮਿਲੀਅਨ ਖਰਚ ਕਰ ਰਿਹਾ ਹੈ।

## ਈਰਾਨ ਯੁੱਧ 'ਤੇ ਅਮਰੀਕਾ ਦਾ ਖਰਚ

ਇਰਾਨ 'ਤੇ ਇਜ਼ਰਾਈਲੀ ਅਤੇ ਅਮਰੀਕਾ ਦੇ ਹਮਲਿਆਂ ਦੀ ਆਰਥਿਕ ਲਾਗਤ ਬਹੁਤ ਜ਼ਿਆਦਾ ਮੰਨੀ ਜਾਂਦੀ ਹੈ। ਵਾਸ਼ਿੰਗਟਨ ਸਥਿਤ ਥਿੰਕ ਟੈਂਕ, ਸੈਂਟਰ ਫਾਰ ਸਟ੍ਰੈਟੇਜਿਕ ਐਂਡ ਇੰਟਰਨੈਸ਼ਨਲ ਸਟੱਡੀਜ਼ ਦੀ ਇੱਕ ਰਿਪੋਰਟ ਦੇ ਅਨੁਸਾਰ, ਅਮਰੀਕਾ ਇਸ ਯੁੱਧ 'ਤੇ ਰੋਜ਼ਾਨਾ ਲਗਭਗ $891.4 ਮਿਲੀਅਨ ਖਰਚ ਕਰ ਰਿਹਾ ਹੈ। ਰਿਪੋਰਟ ਦੇ ਅਨੁਸਾਰ, ਅਮਰੀਕਾ ਸਿਰਫ਼ ਹਵਾਈ ਕਾਰਵਾਈਆਂ 'ਤੇ ਰੋਜ਼ਾਨਾ ਲਗਭਗ $30 ਮਿਲੀਅਨ, ਜਲ ਸੈਨਾ ਕਾਰਵਾਈਆਂ 'ਤੇ ਲਗਭਗ $15 ਮਿਲੀਅਨ ਅਤੇ ਜ਼ਮੀਨੀ ਕਾਰਵਾਈਆਂ 'ਤੇ ਲਗਭਗ $1.6 ਮਿਲੀਅਨ ਖਰਚ ਕਰ ਰਿਹਾ ਹੈ।

ਵਿਅਕਤੀਗਤ ਫੌਜੀ ਸਰੋਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ, ਅਮਰੀਕਾ ਟੈਂਕਰਾਂ ਅਤੇ ਕਾਰਗੋ ਜਹਾਜ਼ਾਂ 'ਤੇ ਰੋਜ਼ਾਨਾ ਲਗਭਗ $9 ਮਿਲੀਅਨ ਖਰਚ ਕਰ ਰਿਹਾ ਹੈ। ਇਸ ਤੋਂ ਇਲਾਵਾ, ਲਗਭਗ $6 ਮਿਲੀਅਨ ਰੋਜ਼ਾਨਾ ਏਅਰਕ੍ਰਾਫਟ ਕੈਰੀਅਰਾਂ 'ਤੇ ਅਤੇ ਲਗਭਗ $5 ਮਿਲੀਅਨ ਵਿਨਾਸ਼ਕਾਰੀ ਜੰਗੀ ਜਹਾਜ਼ਾਂ 'ਤੇ ਖਰਚ ਕੀਤੇ ਜਾਂਦੇ ਹਨ। ਅੰਕੜੇ ਦਰਸਾਉਂਦੇ ਹਨ ਕਿ ਅਮਰੀਕਾ ਨੇ ਇਸ ਯੁੱਧ ਦੇ ਪਹਿਲੇ 100 ਘੰਟਿਆਂ ਵਿੱਚ ਲਗਭਗ $3.7 ਬਿਲੀਅਨ ਖਰਚ ਕੀਤੇ ਹਨ।

ਇਹ ਧਿਆਨ ਦੇਣ ਯੋਗ ਹੈ ਕਿ ਪਿਛਲੇ ਸਾਲ ਜੂਨ ਵਿੱਚ, ਅਮਰੀਕਾ ਨੇ ਈਰਾਨ ਦੇ ਪ੍ਰਮਾਣੂ ਟਿਕਾਣਿਆਂ ਦੇ ਵਿਰੁੱਧ ਆਪ੍ਰੇਸ਼ਨ ਮਿਡਨਾਈਟ ਹੈਮਰ ਸ਼ੁਰੂ ਕੀਤਾ ਸੀ। ਇਹ ਆਪ੍ਰੇਸ਼ਨ ਲਗਭਗ ਢਾਈ ਘੰਟੇ ਚੱਲਿਆ। ਬ੍ਰਾਊਨ ਯੂਨੀਵਰਸਿਟੀ ਦੇ ਜੰਗੀ ਖਰਚਿਆਂ ਦੇ ਪ੍ਰੋਜੈਕਟ ਦੀ ਇੱਕ ਰਿਪੋਰਟ ਦੇ ਅਨੁਸਾਰ, ਉਸ ਛੋਟੀ ਜਿਹੀ ਕਾਰਵਾਈ ਦਾ ਵੀ ਅਮਰੀਕਾ ਨੂੰ ਲਗਭਗ $2.04 ਤੋਂ $2.26 ਬਿਲੀਅਨ ਦਾ ਖਰਚਾ ਆਇਆ। ਹਾਲਾਂਕਿ ਪੈਂਟਾਗਨ ਨੇ ਅਜੇ ਤੱਕ ਇਸ ਯੁੱਧ ਲਈ ਅਧਿਕਾਰਤ ਬਜਟ ਦਾ ਐਲਾਨ ਨਹੀਂ ਕੀਤਾ ਹੈ, ਮਾਹਰਾਂ ਦਾ ਮੰਨਣਾ ਹੈ ਕਿ ਇਹ ਟਕਰਾਅ ਅਮਰੀਕਾ ਲਈ ਇੱਕ ਮਹੱਤਵਪੂਰਨ ਆਰਥਿਕ ਬੋਝ ਸਾਬਤ ਹੋ ਸਕਦਾ ਹੈ, ਅਸਲ ਲਾਗਤ ਅਨੁਮਾਨਾਂ ਤੋਂ ਕਿਤੇ ਵੱਧ ਹੈ।

ਰਾਸ਼ਟਰਪਤੀ ਟਰੰਪ ਨੇ ਖੁਦ ਕਿਹਾ ਹੈ ਕਿ ਈਰਾਨ ਯੁੱਧ ਪੰਜ ਹਫ਼ਤਿਆਂ ਤੱਕ ਚੱਲ ਸਕਦਾ ਹੈ। $9 ਮਿਲੀਅਨ ਦੀ ਰੋਜ਼ਾਨਾ ਲਾਗਤ ਨਾਲ, ਅਮਰੀਕਾ ਨੇ 35 ਦਿਨਾਂ ਦੇ ਅੰਦਰ $29 ਬਿਲੀਅਨ ਤੋਂ ਵੱਧ ਖਰਚ ਕਰ ਦਿੱਤੇ ਹੋਣਗੇ। ਨਤੀਜੇ ਵਜੋਂ, ਇਸ ਯੁੱਧ ਦਾ ਆਰਥਿਕ ਬੋਝ ਅਮਰੀਕਾ ਲਈ ਮਹੱਤਵਪੂਰਨ ਹੋਵੇਗਾ।

### ਪਹਿਲਾ ਵਿਸ਼ਵ ਯੁੱਧ

1914 ਤੋਂ 1918 ਦੇ ਵਿਚਕਾਰ ਲੜਿਆ

ਸਹਿਯੋਗੀ ਸ਼ਕਤੀਆਂ, ਜਿਸ ਵਿੱਚ ਬ੍ਰਿਟੇਨ, ਫਰਾਂਸ ਅਤੇ ਰੂਸ ਸ਼ਾਮਲ

ਅਮਰੀਕਾ ਦਾ ਕੁੱਲ ਖਰਚ $32 ਬਿਲੀਅਨ



### ਦੂਜਾ ਵਿਸ਼ਵ ਯੁੱਧ

1939 ਤੋਂ 1945 ਦੇ ਵਿਚਕਾਰ ਲੜਿਆ

ਸਹਿਯੋਗੀ ਸ਼ਕਤੀਆਂ ਵਿੱਚ ਬ੍ਰਿਟੇਨ, ਸੋਵੀਅਤ ਯੂਨੀਅਨ, ਸੰਯੁਕਤ ਰਾਜ, ਫਰਾਂਸ ਅਤੇ ਚੀਨ ਸ਼ਾਮਲ

ਅਮਰੀਕਾ ਨੇ ਲਗਭਗ $4.1 ਟ੍ਰਿਲੀਅਨ ਖਰਚ ਕੀਤੇ



### ਵੀਅਤਨਾਮ ਯੁੱਧ

1955 ਤੋਂ 1975 ਤੱਕ ਚੱਲਿਆ

ਉੱਤਰੀ ਵੀਅਤਨਾਮ ਵਿੱਚ ਸੋਵੀਅਤ ਯੂਨੀਅਨ ਅਤੇ ਚੀਨ-ਦੱਖਣੀ ਵੀਅਤਨਾਮ ਨੂੰ ਅਮਰੀਕਾ ਅਤੇ ਸਹਿਯੋਗੀ

ਅਮਰੀਕਾ ਨੇ ਲਗਭਗ $828 ਬਿਲੀਅਨ ਖਰਚ ਕੀਤੇ



### ਅਫਗਾਨਿਸਤਾਨ ਯੁੱਧ

2001 ਤੋਂ 2014 ਤੱਕ ਚੱਲਿਆ

ਅਮਰੀਕਾ ਅਤੇ ਨਾਟੋ ਫ਼ੌਜਾਂ ਲੜੀਆਂ

ਅਮਰੀਕਾ ਨੇ ਲਗਭਗ $2.26 ਟ੍ਰਿਲੀਅਨ ਖਰਚ ਕੀਤੇ





## ਰੋਜ਼ਾਨਾ ਚੜ੍ਹਦੀਕਲਾ ਸਿਹਤ ਖ਼ਬਰਨਾਮਾ



# ਤੰਦਰੁਸਤ ਰਹਿਣ ਲਈ ਜੂਸ ਨਹੀਂ, ਫਾਈਬਰ ਹੈ ਜ਼ਰੂਰੀ

ਅੱਜ-ਕੱਲ੍ਹ ਦੀ ਭੱਜ-ਦੌੜ ਭਰੀ ਜ਼ਿੰਦਗੀ 'ਚ ਸਿਹਤ ਪ੍ਰਤੀ ਜਾਗਰੂਕਤਾ ਵਧੀ ਹੈ। ਅਕਸਰ ਲੋਕ ਆਪਣੇ ਦਿਨ ਦੀ ਸ਼ੁਰੂਆਤ ਇਕ ਗਲਾਸ ਤਾਜ਼ੇ ਫਲਾਂ ਦੇ ਜੂਸ ਨਾਲ ਕਰਦੇ ਹਨ ਅਤੇ ਇਸ ਨੂੰ ਸਿਹਤ ਲਈ ਸਭ ਤੋਂ ਵਧੀਆ ਮੰਨਦੇ ਹਨ ਪਰ ਕੀ ਜੂਸ ਪੀਣਾ ਸੱਚਮੁੱਚ ਫਲ ਖਾਣ ਜਿੰਨਾ ਹੀ ਫਾਇਦੇਮੰਦ ਹੈ?

**ਫਾਈਬਰ ਦਾ ਖ਼ਜ਼ਾਨਾ:** ਫਲ ਖਾਣ ਨਾਲ ਸਾਨੂੰ ਭਰਪੂਰ ਮਾਤਰਾ 'ਚ ਡਾਇਟਰੀ ਫਾਈਬਰ ਮਿਲਦਾ ਹੈ। ਇਹ ਫਾਈਬਰ ਨਾ ਸਿਰਫ਼ ਪਾਚਨ ਪ੍ਰਣਾਲੀ ਨੂੰ ਦਰੁਸਤ ਰੱਖਦਾ ਹੈ, ਸਗੋਂ ਕਬਜ਼ ਵਰਗੀਆਂ ਸਮੱਸਿਆਵਾਂ ਨੂੰ ਵੀ ਦੂਰ ਕਰਦਾ ਹੈ।



**ਸ਼ੂਗਰ 'ਤੇ ਕੰਟਰੋਲ:** ਫਲਾਂ 'ਚ ਕੁਦਰਤੀ ਸ਼ੂਗਰ ਹੁੰਦੀ ਹੈ। ਫਲ ਖਾਣ ਵੇਲੇ ਫਾਈਬਰ ਇਸ ਸ਼ੂਗਰ ਨੂੰ ਖ਼ੂਨ 'ਚ ਹੌਲੀ-ਹੌਲੀ ਘੁਲਣ 'ਚ ਮਦਦ ਕਰਦਾ ਹੈ, ਜਿਸ ਨਾਲ ਸਰੀਰ 'ਚ ਸ਼ੂਗਰ ਦਾ ਪੱਧਰ ਅਚਾਨਕ ਨਹੀਂ ਵਧਦਾ।

**ਭਾਰ ਘਟਾਉਣ 'ਚ ਮਦਦਗਾਰ:** ਫਲ ਚਬਾ ਕੇ ਖਾਣ ਨਾਲ ਪੇਟ ਲੰਬੇ ਸਮੇਂ ਤੱਕ ਭਰਿਆ ਰਹਿੰਦਾ ਹੈ, ਜਿਸ ਕਾਰਨ ਬੇਵਕਤੀ ਭੁੱਖ ਨਹੀਂ ਲੱਗਦੀ ਅਤੇ ਭਾਰ ਕੰਟਰੋਲ 'ਚ ਰਹਿੰਦਾ ਹੈ।

**ਜੂਸ ਪੀਣ ਦੇ ਨੁਕਸਾਨ**

**ਫਾਈਬਰ ਦਾ ਖ਼ਤਮ ਹੋਣਾ:** ਜਦੋਂ ਅਸੀਂ ਜੂਸ ਕੱਢਦੇ ਹਾਂ, ਤਾਂ ਫਲ ਦਾ ਗੁੱਦਾ ਬਾਹਰ ਨਿਕਲ ਜਾਂਦਾ ਹੈ, ਜੋ ਕਿ ਫਾਈਬਰ ਦਾ ਮੁੱਖ ਸਰੋਤ ਹੁੰਦਾ ਹੈ। ਬਿਨਾਂ ਫਾਈਬਰ ਦੇ ਜੂਸ ਸਿਰਫ਼ ਇਕ ਮਿੱਠਾ ਪਾਣੀ ਰਹਿ ਜਾਂਦਾ ਹੈ।

**ਇੰਸੁਲਿਨ ਸਪਾਈਕ:** ਜੂਸ ਪੀਣ ਨਾਲ ਸਰੀਰ 'ਚ ਸ਼ੂਗਰ ਦਾ ਪੱਧਰ ਤੇਜ਼ੀ ਨਾਲ ਵਧਦਾ ਹੈ। ਇਹ ਸ਼ੂਗਰ ਦੇ ਮਰੀਜ਼ਾਂ ਅਤੇ ਮੋਟਾਪੇ ਨਾਲ ਜੂਝ ਰਹੇ ਲੋਕਾਂ ਲਈ ਖ਼ਤਰਨਾਕ ਹੋ ਸਕਦਾ ਹੈ।

**ਪੌਸ਼ਕ ਤੱਤਾਂ ਦੀ ਕਮੀ:** ਮਸ਼ੀਨ ਦੀ ਗਰਮੀ ਅਤੇ ਹਵਾ ਦੇ ਸੰਪਰਕ 'ਚ ਆਉਣ ਨਾਲ ਜੂਸ 'ਚੋਂ ਵਿਟਾਮਿਨ-ਸੀ ਅਤੇ ਹੋਰ ਨਾਜ਼ੁਕ ਐਂਟੀ-ਆਕਸੀਡੈਂਟ ਘੱਟ ਹੋ ਜਾਂਦੇ ਹਨ।

ਜੇਕਰ ਤੁਸੀਂ ਆਪਣੀ ਸਿਹਤ, ਚਮੜੀ ਅਤੇ ਪਾਚਨ ਨੂੰ ਬਿਹਤਰ ਰੱਖਣਾ ਚਾਹੁੰਦੇ ਹੋ, ਤਾਂ ਜੂਸ ਦੀ ਬਜਾਏ ਸਾਬਤ ਫਲ ਖਾਣ ਦੀ ਆਦਤ ਪਾਓ।

# 28 ਮਾਰਚ ਤੋਂ ਸ਼ੁਰੂ ਹੋਵੇਗਾ ਆਈ.ਪੀ.ਐਲ. 2026

ਮੁੰਬਈ, 9 ਮਾਰਚ (ਚ.ਨ.ਸ.): ਆਈਪੀਐਲ 2026 28 ਮਾਰਚ ਨੂੰ ਸ਼ੁਰੂ ਹੋਵੇਗਾ। । ਇਹ ਟੂਰਨਾਮੈਂਟ ਅਸਲ ਵਿੱਚ 26 ਮਾਰਚ ਨੂੰ ਸ਼ੁਰੂ ਹੋਣਾ ਸੀ, ਪਰ ਤਾਮਿਲਨਾਡੂ, ਕੇਰਲ, ਅਸਾਮ, ਪੱਛਮੀ ਬੰਗਾਲ ਅਤੇ ਪੁਡੂਚੇਰੀ ਵਿੱਚ ਚੋਣਾਂ ਕਾਰਨ ਸ਼ਡਿਊਲ ਬਦਲ ਦਿੱਤਾ ਗਿਆ ਸੀ। ਹਾਲਾਂਕਿ, ਆਈਪੀਐਲ ਨੇ ਅਜੇ ਤੱਕ ਪੂਰਾ ਸ਼ਡਿਊਲ ਜਾਰੀ ਨਹੀਂ ਕੀਤਾ ਹੈ।ਵਿਧਾਨ ਸਭਾ ਚੋਣਾਂ ਵਾਲੇ ਰਾਜਾਂ ਵਿੱਚ ਤਿੰਨ ਵੱਡੇ ਸਟੇਡੀਅਮ ਹਨ ਜਿਨ੍ਹਾਂ ਨੂੰ ਆਈਪੀਐਲ ਸਥਾਨਾਂ ਵਜੋਂ ਵਰਤਿਆ ਗਿਆ ਹੈ। ਤਾਮਿਲਨਾਡੂ ਦੇ ਚੇਨਈ ਵਿੱਚ ਐਮਏ ਚਿਦੰਬਰਮ ਸਟੇਡੀਅਮ



(ਚੇਪਕ) ਚੇਨਈ ਸੁਪਰ ਕਿੰਗਜ਼ ਦਾ ਘਰੇਲੂ ਮੈਦਾਨ ਹੈ। ਪੱਛਮੀ ਬੰਗਾਲ ਦੇ ਕੋਲਕਾਤਾ ਵਿੱਚ ਈਡਨ ਗਾਰਡਨ, ਕੋਲਕਾਤਾ ਨਾਈਟ ਰਾਈਡਰਜ਼ ਦਾ ਘਰੇਲੂ ਮੈਦਾਨ ਹੈ, ਜਦੋਂ ਕਿ ਅਸਾਮ ਦੇ ਗੁਹਾਟੀ ਵਿੱਚ ਬਾਰਸਾਪਾਰਾ ਕ੍ਰਿਕਟ ਸਟੇਡੀਅਮ, ਰਾਜਸਥਾਨ ਰਾਇਲਜ਼ ਦਾ ਦੂਜਾ ਘਰੇਲੂ ਮੈਦਾਨ ਰਿਹਾ ਹੈ।

# ਭਾਰਤੀ ਪੇਸ਼ੇਵਰਾਂ ਨੂੰ ਵੱਡੀ ਰਾਹਤ : ਅਮਰੀਕਾ 'ਚ ਐਚ.ਆਈ.ਬੀ. ਵੀਜ਼ਾ ਪਾਬੰਦੀਆਂ ਖ਼ਤਮ ਕਰਨ ਲਈ ਨਵਾਂ ਬਿੱਲ ਪੇਸ਼

ਵਾਸ਼ਿੰਗਟਨ, 9 ਮਾਰਚ (ਚ.ਨ.ਸ.): ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ H-AB ਵੀਜ਼ਾ 'ਤੇ ਲਗਾਈਆਂ ਗਈਆਂ ਸਖ਼ਤ ਪਾਬੰਦੀਆਂ ਨੂੰ ਚੁਣੌਤੀ ਦਿੰਦੇ ਹੋਏ ਅਮਰੀਕੀ ਪ੍ਰਤੀਨਿਧੀ ਸਭਾ ਵਿੱਚ ਇੱਕ ਨਵਾਂ ਬਿੱਲ ਪੇਸ਼ ਕੀਤਾ ਗਿਆ ਹੈ। ਡੈਮੋਕ੍ਰੇਟਿਕ ਕਾਂਗਰਸਵੂਮੈਨ ਬੋਨੀ ਵਾਟਸਨ ਕੋਲਮੈਨ ਨੇ ਇਹ ਬਿੱਲ ਪੇਸ਼ ਕੀਤਾ, ਜਿਸਦਾ ਸਿਰਲੇਖ ਹੈ ਵੈਲਕਮਿੰਗ ਇੰਟਰਨੈਸ਼ਨਲ ਸਕਸੈਸ ਐਕਟ, ਜਿਸ ਵਿੱਚ ਰਾਸ਼ਟਰਪਤੀ ਟਰੰਪ ਦੇ ਉਸ ਫੈਸਲੇ ਨੂੰ ਰੱਦ ਕਰਨ ਦੀ ਮੰਗ ਕੀਤੀ ਗਈ ਸੀ ਜਿਸ ਵਿੱਚ 8-12 ਕਰਮਚਾਰੀਆਂ ਨੂੰ ਨੌਕਰੀ 'ਤੇ ਰੱਖਣ ਵਾਲੇ ਮਾਲਕਾਂ 'ਤੇ ਸਖ਼ਤ ਤਨਖਾਹ ਸ਼ਰਤਾਂ ਅਤੇ ਭਾਰੀ ਫੀਸਾਂ ਲਗਾਈਆਂ ਗਈਆਂ ਸਨ। ਜੇਕਰ ਇਹ ਬਿੱਲ ਪਾਸ ਹੋ ਜਾਂਦਾ ਹੈ ਤਾਂ ਭਾਰਤੀ ਪੇਸ਼ੇਵਰਾਂ ਅਤੇ ਨੌਜਵਾਨਾਂ ਨੂੰ ਫਾਇਦਾ




ਹੋਵੇਗਾ।ਰਾਸ਼ਟਰਪਤੀ ਟਰੰਪ ਨੇ ਸਤੰਬਰ 2025 ਵਿੱਚ ਇੱਕ ਫੈਸਲੇ ਦਾ ਐਲਾਨ ਕੀਤਾ ਜਿਸ ਵਿੱਚ 8-12 ਕਰਮਚਾਰੀਆਂ ਲਈ ਲਾਜ਼ਮੀ ਤਨਖਾਹ ਪੱਧਰ ਨੂੰ ਮਹੱਤਵਪੂਰਨ ਤੌਰ 'ਤੇ ਵਧਾਇਆ ਗਿਆ ਸੀ ਅਤੇ ਅਜਿਹੇ ਕਰਮਚਾਰੀਆਂ ਨੂੰ ਨੌਕਰੀ 'ਤੇ ਰੱਖਣ ਵਾਲੇ ਮਾਲਕਾਂ 'ਤੇ 100,000 ਡਾਲਰ ਫੀਸ ਲਗਾਈ ਗਈ ਸੀ। ਇਹ ਫੈਸਲਾ ਕਥਿਤ ਤੌਰ 'ਤੇ ਅਮਰੀਕੀ ਕਰਮਚਾਰੀਆਂ ਦੇ ਹਿੱਤਾਂ ਦੀ ਰੱਖਿਆ ਕਰਨ ਲਈ ਕੀਤਾ ਗਿਆ ਸੀ। ਹਾਲਾਂਕਿ ਡੈਮੋਕ੍ਰੇਟਿਕ ਕਾਂਗਰਸਵੂਮੈਨ ਕੋਲਮੈਨ ਦਾ ਮੰਨਣਾ ਹੈ ਕਿ ਇਹ ਛੋਟੀ-ਦ੍ਰਿਸ਼ਟੀ ਵਾਲਾ ਐਲਾਨ ਅਮਰੀਕੀ ਮਾਲਕਾਂ, ਯੂਨੀਵਰਸਿਟੀਆਂ, ਹਸਪਤਾਲਾਂ ਅਤੇ ਖੋਜ ਸੰਸਥਾਵਾਂ ਲਈ ਮਹੱਤਵਪੂਰਨ ਰੁਕਾਵਟਾਂ ਪੈਦਾ ਕਰਦਾ ਹੈ, ਜੋ ਬਹੁਤ ਹੁਨਰਮੰਦ ਪੇਸ਼ੇਵਰਾਂ 'ਤੇ ਬਹੁਤ ਜ਼ਿਆਦਾ ਨਿਰਭਰ ਕਰਦੇ ਹਨ। ਕੋਲਮੈਨ ਨੇ ਜ਼ੋਰ ਦੇ ਕੇ ਕਿਹਾ ਕਿ 8-12 ਵੀਜ਼ਾ ਪ੍ਰੋਗਰਾਮ ਕਦੇ ਵੀ ਘਰੇਲੂ ਕਾਰਜਬਲ ਦਾ ਬਦਲ ਨਹੀਂ ਰਿਹਾ, ਸਗੋਂ ਅਮਰੀਕੀ ਅਤੇ ਵਿਸ਼ਵਵਿਆਪੀ ਪ੍ਰਤਿਭਾ ਵਿਚਕਾਰ ਇੱਕ ਪੁਲ ਵਜੋਂ ਕੰਮ ਕਰਦਾ ਹੈ, ਜੋ ਦੇਸ਼ ਦੇ ਆਰਥਿਕ ਵਿਕਾਸ ਨੂੰ ਅੱਗੇ ਵਧਾਉਂਦਾ ਹੈ।

# ਮਿਲਾਨੋ-ਕੋਰਟੀਨਾ ਪੈਰਾਲੰਪਿਕ 'ਚ ਕੈਨੇਡਾ ਨੂੰ ਮਿਲਿਆ ਪਹਿਲਾ ਸੋਨੇ ਦਾ ਤਮਗਾ

ਵੈਨਕੂਵਰ, 9 ਮਾਰਚ (ਚ.ਨ.ਸ.):ਕੈਨੇਡਾ ਦੀ ਖਿਡਾਰਨ ਨੈਟਲੀ ਵਿਲਕੀ ਨੇ ਮਿਲਾਨੋ-ਕੋਰਟੀਨਾ ਪੈਰਾਲੰਪਿਕ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੇਸ਼ ਲਈ ਪਹਿਲਾ ਸੋਨੇ ਦਾ ਤਮਗਾ ਜਿੱਤ ਲਿਆ ਹੈ। ਉਸ ਨੇ ਐਤਵਾਰ ਨੂੰ ਮਹਿਲਾ ਸਟੈਂਡਿੰਗ ਬਾਇਥਲਾਨ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਇਹ ਉਪਲਬਧੀ ਆਪਣੇ ਨਾਮ ਕੀਤੀ। ਕੈਨੇਡਾ ਦੇ ਸੂਬੇ ਬ੍ਰਿਟਿਸ਼ ਕੋਲੰਬੀਆ ਦੇ ਸੈਲਮਨ ਆਰਮ ਸ਼ਹਿਰ ਨਾਲ ਸੰਬੰਧਿਤ 25 ਸਾਲਾ ਨੈਟਲੀ ਵਿਲਕੀ ਨੇ ਇਸ ਤੋਂ ਇਕ ਦਿਨ



ਪਹਿਲਾਂ ਮਹਿਲਾ ਸਪ੍ਰਿੰਟ ਮੁਕਾਬਲੇ ਵਿੱਚ ਚਾਂਦੀ ਦਾ ਤਮਗਾ ਵੀ ਜਿੱਤਿਆ ਸੀ। ਉਸ ਨੇ ਟੇਸੇਰੋ ਕ੍ਰਾਸ-ਕੰਟਰੀ ਸਕੀਇੰਗ ਮੈਦਾਨ ਵਿੱਚ ਆਪਣਾ ਦੌਰ 33 ਮਿੰਟ 1.8 ਸਕਿੰਟ ਦੇ ਸਮੇਂ ਵਿੱਚ ਪੂਰਾ ਕੀਤਾ ਅਤੇ ਸ਼ੂਟਿੰਗ ਦੌਰਾਨ ਕੋਈ ਵੀ ਗਲਤੀ ਨਾ ਕਰਦੇ ਹੋਏ ਸ਼ਾਨਦਾਰ ਜਿੱਤ ਦਰਜ ਕੀਤੀ।

# FIT India ਕਾਰਨੀਵਲ-2026 NSNIS ਪਟਿਆਲਾ ਵਿਖੇ ਸਮਾਪਤ

ਪਟਿਆਲਾ, 9 ਮਾਰਚ (ਚ.ਨ.ਸ.): ਸਪੋਰਟਸ ਅਥਾਰਟੀ ਆਫ਼ ਇੰਡੀਆ ਦੁਆਰਾ ਨੇਤਾਜੀ ਸੁਭਾਸ਼ ਨੈਸ਼ਨਲ ਇੰਸਟੀਚਿਊਟ ਆਫ਼ ਸਪੋਰਟਸ ਦੁਆਰਾ ਆਯੋਜਿਤ FIT India ਕਾਰਨੀਵਲ 2026, ਤਿੰਨ ਦਿਨਾਂ




ਦੀ ਜੀਵੰਤ ਤੰਦਰੁਸਤੀ ਅਤੇ ਖੇਡ ਗਤੀਵਿਧੀਆਂ ਤੋਂ ਬਾਅਦ, ਪਟਿਆਲਾ ਦੇ NSNIS ਕੈਂਪਸ ਵਿੱਚ ਸਫਲਤਾਪੂਰਵਕ ਸਮਾਪਤ ਹੋਇਆ।

ਕਾਰਨੀਵਲ ਵਿੱਚ NCOE ਐਥਲੀਟ, NSNIS ਡਿਪਲੋਮਾ ਸਿਖਿਆਰਥੀ, ਕੋਚ, ਸਟਾਫ ਮੈਂਬਰ, ਸਥਾਨਕ ਜਨਤਾ ਅਤੇ ਖੇਤਰ ਦੇ ਤੰਦਰੁਸਤੀ ਪ੍ਰੇਮੀਆਂ ਸਮੇਤ ਲਗਭਗ 3000 ਭਾਗੀਦਾਰਾਂ ਦੀ ਉਤਸ਼ਾਹੀ ਭਾਗੀਦਾਰੀ ਦੇਖਣ ਨੂੰ ਮਿਲੀ। ਇਸ ਸਮਾਗਮ ਨੇ ÷ਫਿਟਨੈਸ ਮਜ਼ੇਦਾਰ ਹੈ÷ ਦੇ ਸੰਦੇਸ਼ ਨੂੰ ਅੱਗੇ ਵਧਾਇਆ ਅਤੇ ਲੋਕਾਂ ਨੂੰ ਇੱਕ ਸਰਗਰਮ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਉਤਸ਼ਾਹਿਤ ਕੀਤਾ।

ਸਮਾਪਤੀ ਸਮਾਰੋਹ ਜੀਵੰਤ ਸੱਭਿਆਚਾਰਕ ਪ੍ਰੋਗਰਾਮਾਂ ਅਤੇ ਪ੍ਰਦਰਸ਼ਨਾਂ ਦੁਆਰਾ ਚਿੰਨ੍ਹਿਤ ਕੀਤਾ ਗਿਆ, ਇੱਕ ਤਿਉਹਾਰ ਵਾਲਾ ਮਾਹੌਲ ਬਣਾਇਆ ਅਤੇ ਤੰਦਰੁਸਤੀ ਅਤੇ ਭਾਈਚਾਰਕ ਭਾਗੀਦਾਰੀ ਦੀ ਭਾਵਨਾ ਦਾ ਜਸ਼ਨ ਮਨਾਇਆ। ਕਿਉਂਕਿ ਸਿਹਤ/ਤੰਦਰੁਸਤੀ ਅਤੇ ਸਫਾਈ ਨਾਲ-ਨਾਲ ਚਲਦੇ ਹਨ, ਇਸ ਲਈ ਇਸਦੇ ਸੰਸਥਾਪਕ ਸ਼੍ਰੀ ਹਰਿੰਦਰ ਲਾਂਬਾ ਦੀ ਅਗਵਾਈ ਵਿੱਚ ਮੇਰਾ ਪਟਿਆਲਾ ਮੁੱਖ ਸੰਵਾਰਨ ਦੇ ਯੋਧਿਆਂ ਨੂੰ ਪਟਿਆਲਾ ਸ਼ਹਿਰ ਦੀ ਸਫਾਈ ਦੀ ਉਨ੍ਹਾਂ ਦੀ ਨਿਰਸਵਾਰਥ ਭਾਈਚਾਰਕ ਸੇਵਾ ਲਈ ਸਨਮਾਨਿਤ ਕੀਤਾ ਗਿਆ। ਫਿੱਟ ਇੰਡੀਆ ਕਾਰਨੀਵਲ ਨੇ ਸਰੀਰਕ ਗਤੀਵਿਧੀਆਂ ਦੀ ਮਹੱਤਤਾ ਬਾਰੇ ਜਾਗਰੂਕਤਾ ਫੈਲਾਉਣ ਅਤੇ ਹਰ ਉਮਰ ਦੇ ਲੋਕਾਂ ਨੂੰ ਫਿੱਟਨੈੱਸ ਨੂੰ ਉਨ੍ਹਾਂ ਦੇ ਰੋਜ਼ਾਨਾ ਜੀਵਨ ਦਾ ਅਨਿੱਖੜਵਾਂ ਅੰਗ ਬਣਾਉਣ ਲਈ ਪ੍ਰੇਰਿਤ ਕਰਨ ਲਈ ਇੱਕ ਪਲੇਟਫਾਰਮ ਵਜੋਂ ਕੰਮ ਕੀਤਾ। ਵਿਨੀਤ ਕੁਮਾਰ, ਡੀਡੀਜੀ/ਐਸਈਡੀ, ਨੇ ਮੁੱਖ ਮਹਿਮਾਨ, ਭਾਗੀਦਾਰਾਂ ਅਤੇ ਸਤਿਕਾਰਯੋਗ ਪਤਵੰਤਿਆਂ ਦਾ ਦਿਲੋਂ ਧੰਨਵਾਦ ਕੀਤਾ।

# ਬੈਂਕ ਆਫ਼ ਇੰਡੀਆ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ ਸਮਾਗਮ

ਲੁਧਿਆਣਾ, 9 ਮਾਰਚ (ਚ.ਨ.ਸ.): ਜਨਤਕ ਖੇਤਰ ਦੇ ਮੋਹਰੀ ਬੈਂਕ ਆਫ਼ ਇੰਡੀਆ ਦੇ ਲੁਧਿਆਣਾ ਜ਼ੋਨਲ ਦਫ਼ਤਰ ਨੇ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਉਣ ਲਈ ਇੱਕ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ। ਇਸ ਸਮਾਗਮ ਦੀ ਅਗਵਾਈ ਜ਼ੋਨਲ ਮੈਨੇਜਰ ਵੈਭਵ ਆਨੰਦ ਨੇ ਕੀਤੀ, ਜਿਨ੍ਹਾਂ ਨੇ ਮੁੱਖ ਮਹਿਮਾਨਾਂ, ਮ੍ਰਿਦੁਲਾ ਜੈਨ (ਸ਼ਿੰਗੋਰਾ ਸ਼ਾਲ, ਲੁਧਿਆਣਾ) ਅਤੇ ਡਾ. ਅਮਰਿੰਦਰ ਸੇਖੋਂ (ਪੈਥੋਲੋਜਿਸਟ) ਦਾ ਸਵਾਗਤ ਕੀਤਾ। ਡਿਪਟੀ ਜ਼ੋਨਲ ਮੈਨੇਜਰ ਨੀਰਜ ਚੌਧਰੀ, ਸਹਾਇਕ ਜਨਰਲ ਮੈਨੇਜਰ ਅਨਿਲ ਮਾਥੁਰ, ਅਤੇ ਲੁਧਿਆਣਾ ਜ਼ੋਨ ਭਰ ਦੀਆਂ ਵੱਖ-ਵੱਖ ਸ਼ਾਖਾਵਾਂ ਅਤੇ ਜ਼ੋਨਲ ਦਫ਼ਤਰ ਦੀਆਂ ਮਹਿਲਾ ਕਰਮਚਾਰੀਆਂ ਨੇ ਇਸ



ਸਮਾਗਮ ਵਿੱਚ ਸ਼ਿਰਕਤ ਕੀਤੀ। ਆਪਣੇ ਸੰਬੋਧਨ ਵਿੱਚ, ਡਾ. ਅਮਰਿੰਦਰ ਸੇਖੋਂ ਨੇ ਸਾਰਿਆਂ ਨੂੰ ਕੰਮ ਕਰਦੇ ਸਮੇਂ ਆਪਣੀ ਸਿਹਤ ਦਾ ਵਿਸ਼ੇਸ਼ ਧਿਆਨ ਰੱਖਣ ਅਤੇ ਨਿਯਮਤ ਸਿਹਤ ਜਾਂਚ ਦਾ ਸਮਾਂ ਨਿਰਧਾਰਤ ਕਰਨ ਲਈ ਉਤਸ਼ਾਹਿਤ ਕੀਤਾ। ਆਪਣੇ ਪ੍ਰੇਰਨਾਦਾਇਕ ਭਾਸ਼ਣ ਵਿੱਚ, ਮ੍ਰਿਦੁਲਾ ਜੈਨ ਨੇ ਦੱਸਿਆ ਕਿ ਕਿਵੇਂ, ਇੱਕ ਛੋਟੇ ਕਾਰੋਬਾਰ ਤੋਂ ਸ਼ੁਰੂ ਕਰਕੇ, ਉਨਾਂਨੇ ਆਪਣੇ ਪਰਿਵਾਰ ਅਤੇ ਅਜ਼ੀਜ਼ਾਂ ਦੇ ਸਮਰਥਨ ਨਾਲ ਆਪਣੇ ਕਾਰੋਬਾਰ ਨੂੰ ਉਚਾਈਆਂ ਤੱਕ ਪਹੁੰਚਾਇਆ। ਨੀਰਜ ਚੌਧਰੀ ਨੇ ਆਪਣੇ ਅਨੁਭਵ ਸਾਂਝੇ ਕੀਤੇ ਅਤੇ ਸਾਰੇ ਭਾਗੀਦਾਰਾਂ ਦਾ ਧੰਨਵਾਦ ਕੀਤਾ। ਇਸ ਸਮਾਗਮ ਰਾਹੀਂ, ਬੈਂਕ ਆਫ਼ ਇੰਡੀਆ ਨੇ ਮਹਿਲਾ ਸਸ਼ਕਤੀਕਰਨ, ਕੰਮ ਵਾਲੀ ਥਾਂ @ਤੇ ਸਮਾਨਤਾ ਨੂੰ ਉਤਸ਼ਾਹਿਤ ਕਰਨ ਅਤੇ ਸਿਹਤ ਜਾਗਰੂਕਤਾ ਅਤੇ ਉੱਦਮਤਾ ਨੂੰ ਉਤਸ਼ਾਹਿਤ ਕਰਨ ਪ੍ਰਤੀ ਆਪਣੀ ਵਚਨਬੱਧਤਾ ਦਾ ਪ੍ਰਦਰਸ਼ਨ ਕੀਤਾ।

# ਪੋਸ਼ਣ ਅਭਿਆਨ ਤਹਿਤ ਚੰਡੀਗੜ੍ਹ ਵੱਲੋਂ ਬਾਲ ਪੋਸ਼ਣ ਵਿੱਚ ਮਹੱਤਵਪੂਰਨ ਪ੍ਰਗਤੀ



ਚੰਡੀਗੜ੍ਹ, 9 ਮਾਰਚ (ਚ.ਨ.ਸ.): ਚੰਡੀਗੜ੍ਹ ਇਸ ਸਮੇਂ 450 ਆਂਗਣਵਾੜੀ ਕੇਂਦਰ (AWC) ਚਲਾ ਰਿਹਾ ਹੈ, ਜੋ ਮਿਸ਼ਨ ਸਕਸ਼ਮ ਆਂਗਣਵਾੜੀ ਅਤੇ ਪੋਸ਼ਣ 2.0 ਦੇ ਤਹਿਤ 41,749 ਲਾਭਪਾਤਰੀਆਂ ਦੀ ਸੇਵਾ ਕਰ ਰਿਹਾ ਹੈ। ਇਨ੍ਹਾਂ ਯੋਜਨਾਵਾਂ ਦਾ ਉਦੇਸ਼ ਆਂਗਣਵਾੜੀ ਸੇਵਾਵਾਂ ਨੂੰ ਮਜ਼ਬੂਤ ??ਕਰਨਾ ਅਤੇ ਕੁਪੋਸ਼ਣ ਦਾ ਮੁਕਾਬਲਾ ਕਰਨਾ ਹੈ ਜੋ ਜੀਵਨ ਚੱਕਰ ਦੇ ਵੱਖ-ਵੱਖ ਪੜਾਵਾਂ @ਤੇ ਸਿਹਤ, ਪੋਸ਼ਣ ਜਾਗਰੂਕਤਾ ਅਤੇ ਮਨੁੱਖੀ ਸਰੋਤ ਵਿਕਾਸ ਨੂੰ ਉਤਸ਼ਾਹਿਤ ਕਰਦਾ ਹੈ। ਸਮਾਜ ਭਲਾਈ, ਮਹਿਲਾ ਅਤੇ ਬਾਲ ਵਿਕਾਸ ਵਿਭਾਗ ਬੱਚਿਆਂ ਦੇ ਪੋਸ਼ਣ ਨੂੰ ਬਿਹਤਰ ਬਣਾਉਣ ਲਈ ਲਗਾਤਾਰ ਕੰਮ ਕਰ ਰਿਹਾ ਹੈ। ਮਿਸ਼ਨ ਸਕਸ਼ਮ ਆਂਗਣਵਾੜੀ ਅਤੇ ਪੋਸ਼ਣ 2.0 ਦੇ ਤਹਿਤ, ਆਂਗਣਵਾੜੀ ਕੇਂਦਰਾਂ ਰਾਹੀਂ ਛੇ ਜ਼ਰੂਰੀ ਸੇਵਾਵਾਂ ਪ੍ਰਦਾਨ ਕੀਤੀਆਂ ਜਾਂਦੀਆਂ ਹਨ।

ਸਕੂਲ ਤੋਂ ਪਹਿਲਾਂ ਦੀ ਗੈਰ-ਰਸਮੀ ਸਿੱਖਿਆ - 3 ਤੋਂ 6 ਸਾਲ ਦੀ ਉਮਰ ਦੇ ਬੱਚਿਆਂ ਲਈ ਸ਼ੁਰੂਆਤੀ ਬਚਪਨ ਦੀ ਦੇਖਭਾਲ ਅਤੇ ਸਿੱਖਿਆ, ਉਨ੍ਹਾਂ ਦੇ ਸਰੀਰਕ, ਮਾਨਸਿਕ ਅਤੇ ਸਮਾਜਿਕ ਵਿਕਾਸ ਵਿੱਚ ਸਹਾਇਤਾ ਕਰਦੀ ਹੈ।

**ਪੋਸ਼ਣ ਅਤੇ ਸਿਹਤ ਸਿੱਖਿਆ** - ਮਾਵਾਂ ਅਤੇ ਪਰਿਵਾਰਾਂ ਨੂੰ ਸਹੀ ਪੋਸ਼ਣ, ਛਾਤੀ ਦਾ ਦੁੱਧ ਚੁੰਘਾਉਣ, ਸਫਾਈ ਅਤੇ ਬੱਚਿਆਂ ਦੀ ਦੇਖਭਾਲ ਬਾਰੇ ਸਿੱਖਿਅਤ ਕੀਤਾ ਜਾਂਦਾ ਹੈ।

# ਸਾਈਕੋ-ਆਨਕੋਲੋਜੀ ਅਤੇ ਤਣਾਅ ਪ੍ਰਬੰਧਨ 'ਤੇ ਭਾਸ਼ਣ

ਅੰਬਾਲਾ, 9 ਮਾਰਚ (ਚ.ਨ.ਸ.): ਅੰਬਾਲਾ ਦੇ ਇੱਕ ਪ੍ਰਸਿੱਧ ਮਨੋਵਿਗਿਆਨੀ ਡਾ. ਕੁਲਦੀਪ ਸਿੰਘ ਨੇ 9 ਮਾਰਚ, 2026 ਨੂੰ ਚੰਡੀਗੜ੍ਹ ਵਿੱਚ ਇੰਡੀਅਨ ਮੈਡੀਕਲ ਐਸੋਸੀਏਸ਼ਨ ਵਿਖੇ ਆਯੋਜਿਤ ਸਟੇਟ ਕਾਨਫਰੰਸ ਔਨ ਇੰਟੀਗ੍ਰੇਟਿਵ ਕੈਂਸਰ ਕੇਅਰ ਵਿੱਚ ਹਿੱਸਾ ਲੈਂਦੇ ਹੋਏ ਕੈਂਸਰ ਦੇ ਮਰੀਜ਼ਾਂ ਵਿੱਚ ਸਾਈਕੋ-ਆਨਕੋਲੋਜੀ ਅਤੇ ਤਣਾਅ ਪ੍ਰਬੰਧਨ 'ਤੇ ਇੱਕ ਭਾਸ਼ਣ ਦਿੱਤਾ। ਇਹ ਕਾਨਫਰੰਸ ਸੰਜੀਵਨੀ - ਲਾਈਫ ਬਿਓਂਡ ਕੈਂਸਰ ਦੁਆਰਾ ਆਯੋਜਿਤ ਕੀਤੀ ਗਈ ਸੀ। ਆਪਣੇ ਭਾਸ਼ਣ ਵਿੱਚ, ਡਾ. ਕੁਲਦੀਪ ਸਿੰਘ ਨੇ ਕੈਂਸਰ ਦੇ ਮਰੀਜ਼ਾਂ ਦੇ ਇਲਾਜ ਵਿੱਚ ਮਾਨਸਿਕ ਸਿਹਤ ਦੀ ਮਹੱਤਵਪੂਰਨ ਭੂਮਿਕਾ 'ਤੇ ਜ਼ੋਰ ਦਿੱਤਾ। ਉਨ੍ਹਾਂ ਦੱਸਿਆ ਕਿ ਕੈਂਸਰ ਦੀ ਜਾਂਚ ਤੋਂ ਬਾਅਦ, ਮਰੀਜ਼ਾਂ ਨੂੰ ਤਣਾਅ, ਡਰ, ਚਿੰਤਾ ਅਤੇ ਡਿਪਰੈਸ਼ਨ ਵਰਗੀਆਂ ਸਮੱਸਿਆਵਾਂ ਦਾ ਅਨੁਭਵ ਹੋ ਸਕਦਾ ਹੈ, ਜਿਨ੍ਹਾਂ ਨੂੰ ਮਨੋਵਿਗਿਆਨਕ ਸਲਾਹ, ਭਾਵਨਾਤਮਕ ਸਹਾਇਤਾ ਅਤੇ ਸਕਾਰਾਤਮਕ ਰਵੱਈਏ ਦੁਆਰਾ ਕਾਫ਼ੀ ਘੱਟ ਕੀਤਾ ਜਾ ਸਕਦਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਸਾਈਕੋ-ਆਨਕੋਲੋਜੀ ਕੈਂਸਰ ਦੇ ਮਰੀਜ਼ਾਂ ਦੇ ਇਲਾਜ ਨੂੰ ਵਧੇਰੇ ਪ੍ਰਭਾਵਸ਼ਾਲੀ ਬਣਾ ਸਕਦੀ ਹੈ ਅਤੇ ਉਨ੍ਹਾਂ ਦੀ ਮਾਨਸਿਕ ਤਾਕਤ ਨੂੰ ਮਜ਼ਬੂਤ ਕਰਕੇ ਉਨ੍ਹਾਂ ਦੇ ਜੀਵਨ ਦੀ ਗੁਣਵੱਤਾ ਵਿੱਚ ਸੁਧਾਰ ਕਰ ਸਕਦੀ ਹੈ।




# ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਵਿਖੇ ਨਾਨਕਸ਼ਾਹੀ ਸੰਮਤ 558 ਦੀ ਆਮਦ 'ਤੇ 19ਵਾਂ ਰਾਗ ਦਰਬਾਰ ਅੱਜ

ਨਵੀਂ ਦਿੱਲੀ, 9 ਮਾਰਚ (ਚ.ਨ.ਸ.): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨਾਨਕਸ਼ਾਹੀ ਕੈਲੰਡਰ ਅਨੁਸਾਰ ਨਵੇਂ ਸਾਲ ਸੰਮਤ 558 ਦੀ ਆਮਦ ਦੀ ਖੁਸ਼ੀ ਵਿੱਚ ਇੱਕ ਵਿਸ਼ਾਲ ਅਤੇ ਅਧਿਆਤਮਿਕ ÷19ਵਾਂ ਰਾਗ ਦਰਬਾਰ÷ ਕਰਵਾਇਆ ਜਾ ਰਿਹਾ ਹੈ। ਇਹ ਵਿਸ਼ੇਸ਼ ਸਮਾਗਮ ਸ਼ੁੱਕਰਵਾਰ, 13 ਮਾਰਚ 2026 ਨੂੰ ਇਤਿਹਾਸਕ ਅਸਥਾਨ ਗੁਰਦੁਆਰਾ ਸ਼੍ਰੀ ਬੰਗਲਾ ਸਾਹਿਬ ਵਿਖੇ ਬਹੁਤ ਹੀ ਸ਼ਰਧਾ ਅਤੇ ਉਤਸ਼ਾਹ ਨਾਲ ਆਯੋਜਿਤ ਕੀਤਾ ਜਾਵੇਗਾ। ਸਮਾਗਮ ਦੀ ਰੂਪ-ਰੇਖਾ ਅਤੇ ਮੁੱਖ ਆਕਰਸ਼ਣ, ਇਸ ਰਾਗ ਦਰਬਾਰ ਵਿੱਚ ਪੰਥ ਦੇ ਪ੍ਰਸਿੱਧ ਕੀਰਤਨੀਏ ਅਤੇ ਵਿਦਵਾਨ ਹਾਜ਼ਰੀ ਭਰਨਗੇ। ਸਮਾਗਮ ਦੀ ਸ਼ੁਰੂਆਤ ਸ਼ਾਮ 6:30 ਵਜੇ ਸ੍ਰੀ ਰਹਿਰਾਸ ਸਾਹਿਬ ਦੇ ਪਾਠ ਨਾਲ ਹੋਵੇਗੀ, ਜਿਸ ਤੋਂ ਬਾਅਦ ਦੇਰ ਰਾਤ ਤੱਕ ਗੁਰਬਾਣੀ ਕੀਰਤਨ ਅਤੇ ਕਥਾ ਵਿਚਾਰਾਂ ਦਾ ਪ੍ਰਵਾਹ ਚੱਲੇਗਾ। ਸ਼ਾਮ 7:10 ਤੋਂ 8:15: ਭਾਈ ਬਹੁਲਿਵਲੀਨ ਸਿੰਘ ਜੀ (ਅਕਾਲੀ ਜਥਾ) ਵੱਲੋਂ ਕੀਰਤਨ। ਰਾਤ 8:15 ਤੋਂ 9:15: ਸਿੰਘ ਸਾਹਿਬ ਗਿਆਨੀ ਰਣਜੀਤ ਸਿੰਘ ਜੀ (ਹੈੱਡ ਗ੍ਰੰਥੀ, ਗੁਰਦੁਆਰਾ ਬੰਗਲਾ ਸਾਹਿਬ) ਵੱਲੋਂ ਗੁਰਮਤਿ ਵਿਚਾਰਾਂ। ਰਾਤ 9:15 ਤੋਂ 10:15: ਭਾਈ ਬੇਅੰਤ ਸਿੰਘ ਜੀ ਲੁਧਿਆਣੇ ਵਾਲਿਆਂ ਵੱਲੋਂ ਇਲਾਹੀ ਬਾਣੀ ਦਾ ਕੀਰਤਨ। ਰਾਤ 10:15 ਤੋਂ 11:15: ਪ੍ਰੋਫੈਸਰ ਜਗਰੂਪ ਸਿੰਘ ਜੀ (ਰੂਪ ਖਾਲਸਾ), ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਅੰਮ੍ਰਿਤਸਰ। ਰਾਤ 11:15 ਤੋਂ 12:15: ਭਾਈ ਗੁਰਦੇਵ ਸਿੰਘ ਜੀ (ਆਸਟ੍ਰੇਲੀਆ ਵਾਲੇ) ਆਪਣੀ ਰਸਭਿੰਨੀ ਆਵਾਜ਼ ਵਿੱਚ ਸੰਗਤਾਂ ਨੂੰ ਨਿਹਾਲ ਕਰਨਗੇ।

ਇਸ ਸਮਾਗਮ ਦੀ ਦੇਖ-ਰੇਖ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ, ਅਤੇ ਚੇਅਰਮੈਨ ਜਸਪ੍ਰੀਤ ਸਿੰਘ ਕਰਮਸਰ ਦੀ ਅਗਵਾਈ ਹੇਠ ਕੀਤੀ ਜਾ ਰਹੀ ਹੈ। ਇਸ ਸਮਾਗਮ ਵਿੱਚ ਸ. ਭੁਪਿੰਦਰ ਸਿੰਘ ਆਨੰਦ ਪਰਿਵਾਰ ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਜਾ ਰਿਹਾ ਹੈ। ਪ੍ਰਬੰਧਕਾਂ ਨੇ ਸਮੂਹ ਨਾਨਕ ਲੇਵਾ ਸੰਗਤਾਂ ਨੂੰ ਬੇਨਤੀ ਕੀਤੀ ਹੈ ਕਿ ਉਹ ਪਰਿਵਾਰਾਂ ਸਮੇਤ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਹਾਜ਼ਰੀਆਂ ਭਰ ਕੇ ਗੁਰੂ ਕੀਆਂ ਖੁਸ਼ੀਆਂ ਪ੍ਰਾਪਤ ਕਰਨ ਅਤੇ ਨਵੇਂ ਨਾਨਕਸ਼ਾਹੀ ਸਾਲ ਦਾ ਸਵਾਗਤ ਗੁਰਬਾਣੀ ਦੇ ਜਾਪ ਨਾਲ ਕਰਨ।

# ਪੀ.ਆਈ.ਬੀ. ਚੰਡੀਗੜ੍ਹ ਵੱਲੋਂ ਪੱਤਰਕਾਰ ਵਫ਼ਦ ਨੇ ਜੋਧਪੁਰ 'ਚ ਕਾਜਰੀ ਅਤੇ ਆਫਰੀ ਦਾ ਕੀਤਾ ਦੌਰਾ



ਚੰਡੀਗੜ੍ਹ/ਜੋਧਪੁਰ, 9 ਮਾਰਚ (ਚ.ਨ.ਸ.): ਪੱਤਰ ਸੂਚਨਾ ਦਫ਼ਤਰ (ਪੀਆਈਬੀ), ਚੰਡੀਗੜ੍ਹ ਵੱਲੋਂ ਸੀਨੀਅਰ ਪੱਤਰਕਾਰਾਂ ਦਾ ਇੱਕ ਵਫ਼ਦ 8 ਤੋਂ 14 ਮਾਰਚ ਦੌਰਾਨ ਰਾਜਸਥਾਨ ਦੇ ਦੌਰੇ 'ਤੇ ਹੈ। ਇਸ ਦੌਰਾਨ ਅੱਜ 9 ਮਾਰਚ ਨੂੰ ਵਫ਼ਦ ਨੇ ਕਾਜਰੀ ਅਤੇ ਆਫਰੀ ਦਾ ਦੌਰਾ ਕੀਤਾ।

ਵਫ਼ਦ ਨੇ ਕੇਂਦਰੀ ਖੁਸ਼ਕ ਖੇਤਰ ਖੋਜ ਸੰਸਥਾਨ (ਕਾਜਰੀ) ਤੋਂ ਆਪਣੇ ਦੌਰੇ ਦੀ ਸ਼ੁਰੂਆਤ ਕੀਤੀ। ਇਸ ਮੌਕੇ ਕਾਜਰੀ ਦੇ ਨਿਦੇਸ਼ਕ ਡਾ. ਸੁਰੇਸ਼ਪਾਲ ਸਿੰਘ ਤੰਵਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਾਜਰੀ ਥਾਰ ਮਾਰੂਥਲ ਅਤੇ ਲੇਹ ਵਰਗੇ ਠੰਢੇ ਰੇਗਿਸਤਾਨੀ ਖੇਤਰਾਂ ਵਿੱਚ ਖੇਤੀਬਾੜੀ ਦੇ ਵਿਕਾਸ ਲਈ ਕੰਮ ਕਰ ਰਿਹਾ ਹੈ। ਸੰਸਥਾਨ ਨੇ ਟਿੱਬਾ ਸਥਿਰੀਕਰਣ, ਕੁਦਰਤੀ ਸਰੋਤਾਂ ਦਾ ਪ੍ਰਬੰਧਨ, ਜਲ ਪ੍ਰਬੰਧਨ, ਬਾਗਬਾਨੀ, ਪਸ਼ੂਪਾਲਣ ਆਦਿ ਖੇਤਰਾਂ ਵਿੱਚ ਖੋਜ ਕਰਕੇ ਕਈ ਤਕਨੀਕਾਂ ਵਿਕਸਿਤ ਕੀਤੀਆਂ ਹਨ ਅਤੇ ਇਹ ਤਕਨੀਕਾਂ ਪਿੰਡਾਂ ਅਤੇ ਢਾਣੀਆਂ ਤੱਕ ਪਹੁੰਚਾਈਆਂ ਹਨ, ਜਿਸ ਨਾਲ ਖੇਤਰ ਵਿੱਚ ਖੇਤੀਬਾੜੀ ਉਤਪਾਦਨ ਵਧਿਆ ਹੈ ਅਤੇ ਹਰਿਆਲੀ ਦਾ ਵਿਸਤਾਰ ਹੋਇਆ ਹੈ। ਘੱਟ ਪਾਣੀ, ਘੱਟ ਲਾਗਤ ਅਤੇ ਘੱਟ ਖਰਚ ਵਿੱਚ ਪੈਦਾ ਹੋਣ ਵਾਲੀਆਂ ਹਾੜੀ ਅਤੇ ਸਾਉਣੀ ਦੀਆਂ ਵੱਖ-ਵੱਖ ਫਸਲਾਂ ਦੀਆਂ ਕਿਸਮਾਂ ਵਿਕਸਿਤ ਕੀਤੀਆਂ ਗਈਆਂ ਹਨ, ਜਿਸ ਨਾਲ ਉਤਪਾਦਨ ਵਿੱਚ ਵਾਧਾ ਹੋਇਆ ਹੈ ਅਤੇ ਕਿਸਾਨਾਂ ਦੀ ਆਮਦਨ ਵਧੀ ਹੈ। ਉਨ੍ਹਾਂ ਕਿਹਾ ਕਿ ਤਾਲਮੇਲ ਵਾਲੀ ਖੇਤੀ ਪ੍ਰਣਾਲੀ ਦਾ ਇੱਕ ਮਾਡਲ ਤਿਆਰ ਕੀਤਾ ਗਿਆ ਹੈ, ਜਿਸ ਵਿੱਚ ਅਨਾਜ, ਫਲ, ਚਾਰਾ, ਰੁੱਖ, ਔਸ਼ਧੀ ਪੌਦੇ ਆਦਿ ਦੇ ਜ਼ਰੀਏ ਕਿਸਾਨ ਨੂੰ ਸਾਲ ਭਰ ਆਮਦਨ ਪ੍ਰਾਪਤ ਹੁੰਦੀ ਰਹਿੰਦੀ ਹੈ। ਉਨ੍ਹਾਂ ਦੱਸਿਆ ਕਿ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਵੱਲੋਂ ਕਿਸਾਨਾਂ ਦੀ ਆਮਦਨ ਦੁੱਗਣੀ ਕਰਨ ਦੇ ਟੀਚੇ ਨੂੰ ਪ੍ਰਾਪਤ ਕਰਨ ਵਿੱਚ ਕਾਜਰੀ ਮਹੱਤਵਪੂਰਨ ਭੂਮਿਕਾ ਨਿਭਾ ਰਿਹਾ ਹੈ। ਮੋਟੇ ਅਨਾਜ ਨੂੰ ਵਿਸ਼ਵ ਪੱਧਰ 'ਤੇ ਵਧਾਉਣ ਲਈ ਕਾਜਰੀ ਮਿਲੇਟਸ ਤੋਂ ਵੱਖ-ਵੱਖ ਉਤਪਾਦ ਜਿਵੇਂ ਮੋਟੇ ਅਨਾਜ ਦੇ ਬਿਸਕੁਟ, ਕੁਰਕੁਰੇ ਅਤੇ ਚਾਕਲੇਟ ਸਮੇਤ ਹੋਰ ਉਤਪਾਦ ਤਿਆਰ ਕਰ ਰਿਹਾ ਹੈ।

# ਧਾਰਮਿਕਤਾ, ਸਾਦਗੀ ਅਤੇ ਮਮਤਾ ਦੀ ਮੂਰਤ ਸਨ ਮੇਰੇ ਦਾਦੀ ਜੀ ਮਾਤਾ ਬਲਵੰਤ ਕੌਰ ਜੀ

ਮੇਰੇ ਦਾਦੀ ਜੀ ਮਾਤਾ ਬਲਵੰਤ ਕੌਰ ਜੀ ਨੇ ਸਾਨੂੰ ਪਿਆਰ, ਸੱਚਾਈ ਅਤੇ ਧਾਰਮਿਕ ਜੀਵਨ ਦੀ ਅਮੋਲ ਸਿੱਖਿਆ ਦਿੱਤੀ। ਉਨ੍ਹਾਂ ਦੀ ਮਮਤਾ ਅਤੇ ਸੰਸਕਾਰ ਸਾਡੀ ਜ਼ਿੰਦਗੀ ਦੀ ਸਭ ਤੋਂ ਵੱਡੀ ਦੌਲਤ ਹਨ।

ਧਾਰਮਿਕਤਾ, ਨਿਮਰਤਾ ਅਤੇ ਸੇਵਾਮਈ ਜੀਵਨ ਲਈ ਜਾਣੀ ਜਾਣ ਵਾਲੀ ਮੇਰੇ ਦਾਦੀ ਜੀ ਮਾਤਾ ਬਲਵੰਤ ਕੌਰ ਜੀ ਦਾ ਜੀਵਨ ਇੱਕ ਪ੍ਰੇਰਨਾਦਾਇਕ ਅਧਿਆਇ ਰਿਹਾ ਹੈ। ਉਨ੍ਹਾਂ ਦੇ ਅਕਾਲ ਚਲਾਣੇ ਨਾਲ ਸਾਡੇ ਪਰਿਵਾਰ ਨੂੰ ਜਿੱਥੇ ਅਪਾਰ ਦੁੱਖ ਪਹੁੰਚਿਆ ਹੈ, ਉੱਥੇ ਹੀ ਇਲਾਕੇ ਦੇ ਲੋਕਾਂ ਵਿੱਚ ਵੀ ਗਹਿਰਾ ਸੋਗ ਪਾਇਆ ਜਾ ਰਿਹਾ ਹੈ। ਉਨ੍ਹਾਂ ਦਾ ਜੀਵਨ ਸਾਦਗੀ, ਧਾਰਮਿਕਤਾ ਅਤੇ ਮਨੁੱਖਤਾ ਦੀ ਸੇਵਾ ਦਾ ਸੁੰਦਰ ਉਦਾਹਰਨ ਸੀ। ਮੇਰੇ ਦਾਦੀ ਜੀ ਮਾਤਾ ਬਲਵੰਤ ਕੌਰ ਜੀ ਦਾ ਜਨਮ 30 ਅਗਸਤ 1950 ਨੂੰ ਸ਼੍ਰੀ ਮੋਹਨ ਲਾਲ ਅਤੇ ਮਾਤਾ ਸੁਰਜੀਤ ਕੌਰ ਦੇ ਘਰ ਹੋਇਆ ਸੀ। ਬਚਪਨ ਤੋਂ ਹੀ ਉਨ੍ਹਾਂ ਨੂੰ ਧਾਰਮਿਕ ਅਤੇ ਸੰਸਕਾਰਕ ਮਾਹੌਲ ਮਿਲਿਆ। ਗੁਰਬਾਣੀ ਦਾ ਪਾਠ, ਨਾਮ ਸਿਮਰਨ ਅਤੇ ਸਾਦਗੀ ਭਰਾ ਜੀਵਨ ਉਨ੍ਹਾਂ ਦੇ ਘਰੇਲੂ ਮਾਹੌਲ ਦਾ ਅਹਿਮ ਹਿੱਸਾ ਸੀ। ਇਹੀ ਸੰਸਕਾਰ ਉਨ੍ਹਾਂ ਦੇ ਜੀਵਨ ਦਾ ਆਧਾਰ ਬਣੇ ਅਤੇ ਉਨ੍ਹਾਂ ਨੇ ਹਮੇਸ਼ਾਂ ਗੁਰਮਤਿ ਦੇ ਮਾਰਗ ਨੂੰ ਆਪਣੀ ਜ਼ਿੰਦਗੀ ਦਾ ਕੇਂਦਰ ਬਣਾਇਆ।





ਉਨ੍ਹਾਂ ਦਾ ਸੁਭਾਵ ਬਹੁਤ ਨਿਮਰ, ਦਿਆਲੂ ਅਤੇ ਸੇਵਾਮਈ ਸੀ। ਉਹ ਹਮੇਸ਼ਾਂ ਲੋਕਾਂ ਦੀ ਮਦਦ ਕਰਨ ਲਈ ਤਿਆਰ ਰਹਿੰਦੇ ਸਨ। ਗਰੀਬਾਂ ਅਤੇ ਲੋੜਵੰਦਾਂ ਦੀ ਸਹਾਇਤਾ ਕਰਨਾ ਅਤੇ ਹਰ ਕਿਸੇ ਨਾਲ ਪਿਆਰ ਅਤੇ ਮਿੱਠੇ ਬੋਲ ਬੋਲਣਾ ਉਨ੍ਹਾਂ ਦੀ ਖਾਸ ਪਹਿਚਾਣ ਸੀ। ਇਲਾਕੇ ਦੇ ਲੋਕ ਅੱਜ ਵੀ ਉਨ੍ਹਾਂ ਨੂੰ ਇੱਕ ਮਿਲਣਸਾਰ ਅਤੇ ਦਿਲਦਾਰ ਮਹਿਲਾ ਵਜੋਂ ਯਾਦ ਕਰਦੇ ਹਨ।

ਉਨ੍ਹਾਂ ਦਾ ਵਿਵਾਹ ਸਰਦਾਰ ਗੁਰਬਚਨ ਸਿੰਘ ਜੀ ਨਾਲ ਹੋਇਆ, ਜਿਨ੍ਹਾਂ ਨਾਲ ਉਨ੍ਹਾਂ ਨੇ ਸੰਸਕਾਰਾਂ ਅਤੇ ਪਿਆਰ ਨਾਲ ਭਰਪੂਰ ਪਰਿਵਾਰਕ ਜੀਵਨ ਬਤੀਤ ਕੀਤਾ। ਉਨ੍ਹਾਂ ਦੇ ਪਰਿਵਾਰ ਵਿੱਚ 5 ਬੱਚੇ ਧੀ ਗੁਰਮੀਤ ਕੌਰ, ਧੀ ਪਰਮਜੀਤ ਕੌਰ, ਸਪੁੱਤਰ ਜਗਜੀਤ ਸਿੰਘ, ਧੀ ਸੁਰਜੀਤ ਕੌਰ ਅਤੇ ਧੀ ਸਵਰਨਜੀਤ ਕੌਰ ਨੇ ਜਨਮ ਲਿਆ।ਦੋਵਾਂ ਨੇ ਮਿਲ ਕੇ ਆਪਣੇ ਪਰਿਵਾਰ ਨੂੰ ਧਾਰਮਿਕਤਾ ਅਤੇ ਚੰਗੇ ਸੰਸਕਾਰਾਂ ਨਾਲ ਪਾਲਿਆ। 5 ਅਕਤੂਬਰ 2008 ਨੂੰ ਮੇਰੇ ਦਾਦਾ ਜੀ ਸਰਦਾਰ ਗੁਰਬਚਨ ਸਿੰਘ ਜੀ ਦਾ ਦੇਹਾਂਤ ਹੋ ਗਿਆ। ਇਹ ਸਮਾਂ ਪਰਿਵਾਰ ਲਈ ਬਹੁਤ ਦੁਖਦਾਈ ਸੀ, ਪਰ ਮੇਰੇ ਦਾਦੀ ਜੀ ਨੇ ਹਿੰਮਤ ਅਤੇ ਸਬਰ ਨਾਲ ਪਰਿਵਾਰ ਨੂੰ ਸੰਭਾਲਿਆ। ਉਨ੍ਹਾਂ ਨੇ ਆਪਣੇ ਬੱਚਿਆਂ ਅਤੇ ਪਰਿਵਾਰਕ ਮੈਂਬਰਾਂ ਨੂੰ ਹਮੇਸ਼ਾਂ ਸੱਚਾਈ ਅਤੇ ਧਾਰਮਿਕ ਮਾਰਗ 'ਤੇ ਚਲਣ ਦੀ ਸਿੱਖ ਦਿੱਤੀ।

ਮੇਰੇ ਦਾਦੀ ਜੀ ਦੀ ਦਿਨਚਰਿਆ ਵਿੱਚ ਗੁਰਬਾਣੀ ਦਾ ਪਾਠ ਅਤੇ ਨਾਮ ਸਿਮਰਨ ਦਾ ਵਿਸ਼ੇਸ਼ ਸਥਾਨ ਸੀ। ਉਹ ਸਵੇਰੇ ਉੱਠ ਕੇ ਗੁਰਬਾਣੀ ਦਾ ਪਾਠ ਕਰਦੇ ਅਤੇ ਅਕਸਰ ਗੁਰੂ ਘਰ ਜਾ ਕੇ ਸੰਗਤਾਂ ਨਾਲ ਗੁਰਬਾਣੀ ਸਰਵਣ ਕਰਦੇ ਸਨ। ਉਨ੍ਹਾਂ ਦਾ ਵਿਸ਼ਵਾਸ ਸੀ ਕਿ ਮਨੁੱਖ ਨੂੰ ਆਪਣੇ ਜੀਵਨ ਵਿੱਚ ਨਿਮਰਤਾ, ਸੇਵਾ ਅਤੇ ਸਚਾਈ ਨੂੰ ਅਪਣਾਉਣਾ ਚਾਹੀਦਾ ਹੈ।

ਉਨ੍ਹਾਂ ਦੇ ਸੰਸਕਾਰਾਂ ਦਾ ਪ੍ਰਭਾਵ ਅੱਜ ਵੀ ਸਾਡੇ ਪਰਿਵਾਰ ਵਿੱਚ ਦਿਖਾਈ ਦਿੰਦਾ ਹੈ। ਉਨ੍ਹਾਂ ਦੇ ਪੁੱਤਰ ਜਗਜੀਤ ਸਿੰਘ ਪੱਤਰਕਾਰਤਾ ਅਤੇ ਧਾਰਮਿਕ ਸੇਵਾ ਨਾਲ ਜੁੜੇ ਹੋਏ ਹਨ। ਉਹ ਸੰਤ ਨਿਸ਼ਚਲ ਸਿੰਘ ਜੀ ਯਾਤਰੀ ਨਿਵਾਸ, ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਮੈਨੇਜਰ ਹੋਣ ਦੇ ਨਾਲ-ਨਾਲ ਚੜਦੀਕਲਾ ਅਖਬਾਰ ਨਾਲ ਲੰਬੇ ਸਮੇਂ ਤੋਂ ਜੁੜੇ ਹੋਏ ਹਨ। ਇੱਕ ਪੋਤੇ ਦੇ ਤੌਰ 'ਤੇ ਮੇਰੇ ਲਈ ਮੇਰੇ ਦਾਦੀ ਜੀ ਦਾ ਪਿਆਰ ਸਭ ਤੋਂ ਵੱਡਾ ਖ਼ਜ਼ਾਨਾ ਸੀ। ਉਨ੍ਹਾਂ ਦੀ ਪੋਤਰੀ ਮੇਰੀ ਭੈਣ ਗਗਨਦੀਪ ਕੌਰ ਨੂੰ ਬਚਪਨ ਤੋਂ ਹੀ ਉਨ੍ਹਾਂ ਨੇ ਪਿਆਰ ਦਿੱਤਾ, ਚੰਗੇ ਸੰਸਕਾਰ ਦਿੱਤੇ ਅਤੇ ਸਹੀ ਰਸਤੇ 'ਤੇ ਚਲਣ ਦੀ ਸਿੱਖ ਦਿੱਤੀ। ਉਨ੍ਹਾਂ ਦੀਆਂ ਮਿੱਠੀਆਂ ਗੱਲਾਂ, ਉਨ੍ਹਾਂ ਦੀਆਂ ਦੁਆਵਾਂ ਅਤੇ ਉਨ੍ਹਾਂ ਦੀ ਮਮਤਾ ਭਰੀ ਛਾਂ ਸਾਡੇ ਜੀਵਨ ਦੀਆਂ ਅਮੋਲ ਯਾਦਾਂ ਬਣ ਕੇ ਹਮੇਸ਼ਾਂ ਸਾਡੇ ਦਿਲਾਂ ਵਿੱਚ ਵੱਸਦੀਆਂ ਰਹਿਣਗੀਆਂ।

ਉਨ੍ਹਾਂ ਦੇ ਅਕਾਲ ਚਲਾਣੇ ਨਾਲ ਪੱਤਰਕਾਰ ਭਾਈਚਾਰੇ, ਧਾਰਮਿਕ ਸੰਸਥਾਵਾਂ ਅਤੇ ਇਲਾਕੇ ਦੇ ਲੋਕਾਂ ਵਿੱਚ ਵੀ ਗਹਿਰਾ ਦੁੱਖ ਹੈ। ਕਈ ਪ੍ਰਮੁੱਖ ਧਾਰਮਿਕ ਅਤੇ ਸਮਾਜਿਕ ਸ਼ਖ਼ਸੀਅਤਾਂ ਵੱਲੋਂ ਦੁਖਿਤ ਪਰਿਵਾਰ ਨਾਲ ਸੰਵੇਦਨਾ ਪ੍ਰਗਟ ਕੀਤੀ ਜਾ ਰਹੀ ਹੈ।

ਇਸ ਮੌਕੇ ਮਹੰਤ ਕਰਮਜੀਤ ਸਿੰਘ (ਸੇਵਾਪੰਥੀ), ਸਾਬਕਾ ਪ੍ਰਧਾਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਪ੍ਰਧਾਨ ਸੇਵਾਪੰਥੀ ਅੱਡਣਸ਼ਾਹੀ ਸਭਾ ਨੇ ਵੀ ਦੁਖਿਤ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਕਿਹਾ ਕਿ ਮਾਤਾ ਬਲਵੰਤ ਕੌਰ ਜੀ ਇੱਕ ਧਾਰਮਿਕ ਅਤੇ ਸੇਵਾਪ੍ਰੇਮੀ ਮਹਿਲਾ ਸਨ ਅਤੇ ਉਨ੍ਹਾਂ ਦਾ ਜੀਵਨ ਸਮਾਜ ਲਈ ਪ੍ਰੇਰਣਾ ਹੈ। ਮੇਰੇ ਦਾਦੀ ਜੀ ਮਾਤਾ ਬਲਵੰਤ ਕੌਰ ਜੀ ਦੀ ਪਵਿੱਤਰ ਯਾਦ ਵਿੱਚ 12 ਮਾਰਚ ਨੂੰ ਸਾਡੇ ਦੇ ਗ੍ਰਹਿ 1101/1 ਗੁਰੂ ਅਰਜਨ ਨਗਰ ਜਗਾਧਰੀ ਵਿਖੇ ਸ਼੍ਰੀ ਅਖੰਡ ਪਾਠ ਸਾਹਿਬ ਦਾ ਭੋਗ ਸਵੇਰੇ 10 ਵਜੇ ਪਾਇਆ ਜਾਵੇਗਾ। ਇਸ ਤੋਂ ਬਾਅਦ ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ, ਅਰਜੁਨ ਨਗਰ ਜਗਾਧਰੀ ਵਿਖੇ 11 ਵਜੇ ਤੋਂ 1 ਵਜੇ ਤੱਕ ਸ਼ਬਦ ਕੀਰਤਨ ਅਤੇ ਅੰਤਿਮ ਅਰਦਾਸ ਹੋਵੇਗੀ।

ਮਾਤਾ ਬਲਵੰਤ ਕੌਰ ਜੀ ਦੀ ਪਵਿੱਤਰ ਯਾਦ ਹਮੇਸ਼ਾਂ ਸਾਡੇ ਦਿਲਾਂ ਵਿੱਚ ਜੀਵੰਤ ਰਹੇਗੀ। ਉਨ੍ਹਾਂ ਦਾ ਜੀਵਨ ਸਾਦਗੀ, ਧਾਰਮਿਕਤਾ ਅਤੇ ਸੰਸਕਾਰਾਂ ਦਾ ਉਹ ਚਾਨਣ ਹੈ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਵੀ ਸਹੀ ਰਾਹ ਦਿਖਾਉਂਦਾ ਰਹੇਗਾ।

**ਪ੍ਰਭਦੀਪ ਸਿੰਘ (ਪੋਤਰਾ)**
**ਰਿਪੋਰਟਰ, ਚੜਦੀਕਲਾ ਟਾਈਮ ਟੀਵੀ**


ੴ ਸਤਿਗੁਰ ਪ੍ਰਸਾਦਿ
ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥



आप सभी को बड़े दुःख के साथ सूचित किया जाता है कि हमारी पूज्य माता जी
**सरदारनी बलवंत कौर**
जी दिनांक 02.03.2026 को अपनी सांसारिक यात्रा पूर्ण करके गुरु चरणों में जा विराजे हैं। उनकी आत्मिक शान्ति हेतू रखे गए श्री अखण्ड पाठ साहिब जी की सम्पूर्णता हमारे निवास स्थान 1101/1 गुरू अर्जुन नगर, जगाधरी में दिनांक 12.3.2026 को प्रातः 10 बजे होगी
**भोग व अन्तिम अरदास**
दिनांक 12-03-2026 दिन वीरवार समय दोपहर 11:30 से 01:00 बजे
गुरुद्वारा श्री गुरु सिंह सभा, गुरू अर्जुन नगर जगाधरी में सम्पन्न होगी
इसके उपरान्त गुरू का लंगर वरताया जाएगा।
- IN GRIEF -
जगजीत सिंह (सुपुत्र) (मैनेजर डेरा संत निश्चल सिंह जी यात्री निवास पटना साहिब एवं पत्रकार चढदीकलां अखबार)
कुलवंत कौर (पुत्रवधु)
गुरमीत कौर, परमजीत कौर, सुरजीत कौर, स्वरणजीत कौर (पुत्रीयां)
प्रभदीप सिंह पत्रकार चढदीकलां टाईम टी.वी. (पौत्र)
गगनदीप कौर (पौत्री)
धमेन्द्र सिंह, गुरजीत सिंह, अगमजीत सिंह, मैहरम सिंह (दोत्र)
LIVE TELECAST
CHARDIKLA GURBANI TV
CHARDIKLA SOCIAL MEDIA
Bani Kirtan
HARYANA GROUND REPORT 24x7
LOCATION
(M) 93541-56726
93559-22845

# ਮਾਝਾ-ਦੁਆਬਾ

ਆਸ ਪਾਸ

## ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਏ ਨਗਰ-ਕੀਰਤਨ ਦਾ ਕੀਤਾ ਨਿੱਘਾ ਸੁਆਗਤ



ਅੰਮ੍ਰਿਤਸਰ, 9 ਮਾਰਚ(ਬਬਲੂ ਮਹਾਜਨ ) :ਸਿੱਖ ਕੌਮ ਦੇ ਮਹਾਨ ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਦੀ 300 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਗਵਾਈ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਤੋਂ ਸਜਾਏ ਮਹਾਨ ਨਗਰ-ਕੀਰਤਨ ਦਾ ਚੀਫ਼ ਖ਼ਾਲਸਾ ਦੀਵਾਨ ਦੇ ਮੁੱਖ ਦਫ਼ਤਰ ਦੇ ਬਾਹਰ ਪੁੱਜਣ ’ਤੇ ਨਿੱਘਾ ਸੁਆਗਤ ਕੀਤਾ ਗਿਆ। ਦੀਵਾਨ ਦੇ ਪ੍ਰਬੰਧਕਾਂ ਅਤੇ ਅਹੁਦੇਦਾਰਾਂ ਨੇ ਸਜੇ ਹੋਏ ਪੰਜਾਂ ਪਿਆਰਿਆਂ ਨੂੰ ਸਿਰੋਪਾਓ ਭੇਟ ਕੀਤੇ। ਫੁੱਲਾਂ ਨਾਲ ਸੱਜੀ ਪਾਲਕੀ ਉਪਰ ਫੁੱਲਾਂ ਦੀ ਵਰਖਾ ਕੀਤੀ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਜੀ ਗੜਗੱਜ ਅਤੇ ਹੋਰਨਾਂ ਸ਼੍ਰੋਮਣੀ ਕਮੇਟੀ ਮੈਂਬਰਜ਼ ਨੂੰ ਵੀ ਸਿਰੋਪਾਓ ਪਾ ਕੇ ਸਨਮਾਨ ਦਿੱਤਾ ਗਿਆ।ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਐਡੀ.ਆਨਰੇਰੀ ਸਕੱਤਰ ਸ੍ਰ.ਜਸਪਾਲ ਸਿੰਘ ਢਿੱਲੋਂ ਨੇ ਧਰਮ ਅਤੇ ਸੱਚ ਪ੍ਰਤੀ ਦ੍ਰਿੜ ਰਹਿਣ ਵਾਲੇ ਭਾਈ ਤਾਰਾ ਸਿੰਘ ਜੀ ਵਾਂ ਦੀ ਸ਼ਹਾਦਤ ਨੂੰ ਨਮਨ ਕਰਦਿਆਂ ਕਿਹਾ ਕਿ ਸਿੱਖ ਕੌਮ ਦੇ ਇਤਿਹਾਸ ਵਿਚ ਅਜਿਹੇ ਸੂਰਬੀਰ ਮਹਾਨ ਯੋਧਿਆਂ ਦੀਆਂ ਸ਼ਹਾਦਤਾਂ ਸੁਨਹਿਰੀ ਪੰਨਿਆਂ ਵਿਚ ਅੰਕਿਤ ਹਨ ਅਤੇ ਹਮੇਸ਼ਾ ਕੌਮ ਦੀ ਅਗਵਾਈ ਕਰਦੀਆਂ ਰਹਿਣਗੀਆਂ। ਨਵੀਂ ਪੀੜ੍ਹੀ ਨੂੰ ਇਹਨਾਂ ਬੇਮਿਸਾਲ ਸ਼ਹਾਦਤਾਂ ਤੋ ਜਾਣੂ ਕਰਵਾਉਣਾ ਅੱਜ ਸਮੇਂ ਦੀ ਮੁੱਖ ਲੋੜ੍ਹ ਹੈ। ਦੀਵਾਨ ਵੱਲੋਂ ਨਗਰ ਕੀਰਤਨ ਵਿਚ ਹਾਜ਼ਰੀ ਭਰ ਰਹੀਆਂ ਸੰਗਤਾਂ ਲਈ ਫਲ ਅਤੇ ਠੰਡੇ ਜਲ ਦੀ ਸੇਵਾ ਸ਼ਰਧਾ ਭਾਵਨਾ ਨਾਲ ਕੀਤੀ ਗਈ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਐਡੀ.ਆਨਰੇਰੀ ਸਕੱਤਰ ਸ੍ਰ.ਜਸਪਾਲ ਸਿੰਘ ਢਿੱਲੋਂ, ਸ੍ਰ.ਤਰਲੋਚਨ ਸਿੰਘ, ਸ੍ਰ.ਆਦਰਸ਼ਪਿੰਦਰ ਸਿੰਘ ਮਾਨ, ਸ੍ਰ.ਹਰਮਨਜੀਤ ਸਿੰਘ, ਸ੍ਰ.ਗੁਰਭੇਜ਼ ਸਿੰਘ, ਪ੍ਰੋ.ਸੁਖਬੀਰ ਸਿੰਘ, ਸ੍ਰ.ਅਜੀਤ ਸਿੰਘ ਖਹਿਰਾ, ਅਧੀਨ ਸਕੱਤਰ ਮੁੱਖ ਦਫ਼ਤਰ ਸ੍ਰ.ਕੰਵਰ ਸੁਖਜਿੰਦਰ ਸਿੰਘ ਛੱਤਵਾਲ ਕੋਆਰਡੀਨੇਟਰ ਧਰਮ ਪ੍ਰਚਾਰ ਕਮੇਟੀ ਡਾ.ਜਸਵਿੰਦਰ ਕੌਰ ਮਾਹਲ, ਜਾਇੰਟ ਸਪੋਰਟਸ ਡਾਇਰੈਕਟਰ ਸ੍ਰ.ਦੀਪਇੰਦਰ ਸਿੰਘ ਅਤੇ ਨਗਰ-ਕੀਰਤਨ ਵਿਚ ਸ਼ਾਮਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਸ੍ਰ.ਰਜਿੰਦਰ ਸਿੰਘ ਮਹਿਤਾ ਅਤੇ ਸ੍ਰ.ਅਜਾਇਬ ਸਿੰਘ ਅਭਿਆਸੀ (ਚੀਫ਼ ਖ਼ਾਲਸਾ ਦੀਵਾਨ ਮੈਂਬਰ) ਅਤੇ ਪ੍ਰਚਾਰਕ ਭਾਈ ਸਤਵੰਤ ਸਿੰਘ, ਭਾਈ ਗੁਰਵਿੰਦਰ ਸਿੰਘ ਅਤੇ ਭਾਈ ਰਣਜੋਧ ਸਿੰਘ ਸਮੇਤ ਵੱਡੀ ਗਿਣਤੀ ਵਿਚ ਚੀਫ਼ ਖ਼ਾਲਸਾ ਦੀਵਾਨ ਅਤੇ ਸ਼੍ਰੋਮਣੀ ਕਮੇਟੀ ਦੇ ਸਟਾਫ ਮੈਂਬਰਜ਼ ਹਾਜ਼ਰ ਸਨ।

## ਚੀਫ਼ ਖ਼ਾਲਸਾ ਦੀਵਾਨ ਵੱਲੋਂ ਨਵੇਂ ਖੇਡ ਮੈਦਾਨ ਦੀ ਸ਼ੁਰੂਆਤ



ਅੰਮ੍ਰਿਤਸਰ,9 ਮਾਰਚ(ਬਬਲੂ ਮਹਾਜਨ) :ਚੀਫ਼ ਖ਼ਾਲਸਾ ਦੀਵਾਨ ਵੱਲੋਂ ਖੇਡਾਂ ਵਿਚ ਨਵਾਂ ਮੀਲ ਪੱਥਰ ਕਾਇਮ ਕਰਦਿਆਂ ਅੱਜ ਸ੍ਰੀ ਗੁਰੂ ਹਰਿਕ੍ਰਿਸ਼ਨ ਇੰਟਰਨੈਸ਼ਨਲ ਸਕੂਲ, ਰਣਜੀਤ ਐਵੀਨਿਊ ਵਿਖੇ ਨਵੀਂ ਅਤੇ ਲੋਕ ਪ੍ਰਸਿੱਧ ਖੇਡ ਪਿੱਕਲਬਾਲ ਲਈ ਆਧੁਨਿਕ ਸਹੂਲਤਾਂ ਨਾਲ ਸੁਸਜਿਤ ਖੇਡ ਮੈਦਾਨ ਦੀ ਸ਼ੁਰੂਆਤ ਕੀਤੀ ਗਈ। ਗੁਰੂ ਸਾਹਿਬ ਦਾ ਓਟ ਆਸਰਾ ਲੈਦਿਆਂ ਅਰਦਾਸ ਉਪਰੰਤ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ ਦੇ ਕਰ ਕਮਲਾਂ ਨਾਲ ਪ੍ਰਸਿੱਧ ਉੱਘੇ ਹਾਕੀ ਖਿਡਾਰੀਆਂ ਅਤੇ ਮੈਂਬਰਜ਼ ਸਾਹਿਬਾਨ ਦੀ ਹਾਜ਼ਰੀ ਵਿਚ ਖੇਡ ਮੈਦਾਨ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਗੈਸਟ ਆਫ ਆਨਰ ਵਜੋਂ ਉਲਪਿੰਅਨ ਹਾਕੀ ਖਿਡਾਰਣ ਮਿਸਿਜ਼ ਗੁਰਜੀਤ ਕੌਰ ਪੁੱਜੇ ਅਤੇ ਏਸ਼ੀਅਨ ਚੈਂਪੀਅਨਜ਼ ਹਾਕੀ ਖਿਡਾਰੀ ਸ੍ਰੀਮਤੀ ਬਲਜੀਤ ਕੌਰ ਅਤੇ ਮੈਡਮ ਨੀਤੀ ਨੇ ਵੀ ਵਿਸ਼ੇਸ਼ ਤੌਰ ਤੇ ਸਿ਼ਰਕਤ ਕੀਤੀ।ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ ਨੇ ਖੁਸ਼ੀ ਜਾਹਿਰ ਕਰਦਿਆਂ ਕਿਹਾ ਕਿ ਅਜੋਕੇ ਮੋਬਾਇਲ ਅਤੇ ਡਿਜੀਟਲ ਯੁੱਗ ਵਿਚ ਬੱਚਿਆਂ ਨੂੰ ਖੇਡ ਮੈਦਾਨ ਵੱਲ ਉਤਸ਼ਾਹਿਤ ਕਰਨਾ ਸਮੇਂ ਦੀ ਮੁੱਖ ਲੋੜ੍ਹ ਹੈ। ਇਸ ਨਵੇਂ ਖੇਡ ਮੈਦਾਨ ਨਾਲ ਵਿਦਿਆਰਥੀਆਂ ਦੇ ਆਧੁਨਿਕ ਖੇਡਾਂ ਪ੍ਰਤੀ ਰੁਚੀ ਦੇ ਨਾਲ-ਨਾਲ ਬੱਚਿਆਂ ਨੂੰ ਨਵੀਆਂ ਖੇਡਾਂ ਵਿਚ ਅੱਗੇ ਵਧਣ ਦਾ ਮੌਕਾ ਮਿਲੇਗਾ। ਉਹਨਾਂ ਨੇ ਆਸ ਕੀਤੀ ਕਿ ਭਵਿੱਖ ਵਿਚ ਇਸ ਆਧੁਨਿਕ ਖੇਡ ਰਾਹੀਂ ਦੀਵਾਨ ਦੇ ਕਈ ਪ੍ਰਤਿਭਾਵਾਨ ਖਿਡਾਰੀ ਤਿਆਰ ਹੋਣਗੇ ਅਤੇ ਦੀਵਾਨ ਦਾ ਨਾਮ ਅੰਤਰ-ਰਾਸ਼ਟਰੀ ਪੱਧਰ ਤੱਕ ਚਮਕਾਉਣਗੇ।ਇਸ ਮੌਕੇ ਆਨਰੇਰੀ ਸਕੱਤਰ ਸ੍ਰ.ਰਮਣੀਕ ਸਿੰਘ ਅਤੇ ਐਡੀ.ਆਨਰੇਰੀ ਸਕੱਤਰ/ਮੁੱਖ ਦਫ਼ਤਰ ਮੈਂਬਰ ਇੰਚਾਰਜ ਸ੍ਰ.ਹਰਵਿੰਦਰ ਪਾਲ ਸਿੰਘ ਚੁੱਘ ਨੇ ਦੱਸਿਆ ਕਿ ਇਸ ਤੋ ਪਹਿਲਾਂ ਵੀ ਦੀਵਾਨ ਵੱਲੋਂ ਇਸੇ ਸਕੂਲ ਵਿਚ ਬਾਕਸ ਕ੍ਰਿਕਟ ਦਾ ਖੇਡ ਮੈਦਾਨ ਤਿਆਰ ਕੀਤਾ ਜਾ ਚੁੱਕਾ ਹੈ ਅਤੇ ਸਮੇਂ ਦੀ ਲੋੜ੍ਹ ਅਨੁਸਾਰ ਹੋਰਨਾਂ ਸਕੂਲਾਂ ਵਿਚ ਵੀ ਅਜਿਹੀ ਨਵੀਆਂ ਖੇਡਾਂ ਦੇ ਅਤਿ ਆਧੁਨਿਕ ਖੇਡ ਮੈਦਾਨ ਬਣਾਉਣ ਦੀ ਤਿਆਰੀ ਚੱਲ ਰਹੀ ਹੈ।ਸਮਾਰੋਹ ਦੌਰਾਨ ਯਾਦਗਾਰ ਪੱਲ ਉਸ ਸਮੇਂ ਵੇਖਣ ਨੂੰ ਮਿਲਿਆ ਜਦੋਂ ਵਿਦਿਆਰਥੀਆਂ ਦੇ ਨਾਲ-ਨਾਲ ਦੀਵਾਨ ਅਹੁਦੇਦਾਰਾਂ ਅਤੇ ਮੈਂਬਰ ਸਾਹਿਬਾਨ ਨੇ ਨਵੇਂ ਤਿਆਰ ਕੀਤੇ ਪਿੱਕਲਬਾਲ ਮੈਦਾਨ ਵਿਚ ਬਹੁਤ ਸਾਦਗੀ ਅਤੇ ਉਤਸ਼ਾਹ ਨਾਲ ਖੇਡ ਦਾ ਅਨੁਭਵ ਲਿਆ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ, ਆਨਰੇਰੀ ਸਕੱਤਰ ਸ੍ਰ.ਰਮਣੀਕ ਸਿੰਘ, ਮੀਤ ਪ੍ਰਧਾਨ ਸ੍ਰ.ਸੰਤੋਖ ਸਿੰਘ ਸੇਠੀ, ਐਡੀ.ਆਨਰੇਰੀ ਸਕੱਤਰ ਸ੍ਰ.ਜਸਪਾਲ ਸਿੰਘ ਢਿੱਲੋ, ਐਡੀ.ਆਨਰੇਰੀ ਸਕੱਤਰ/ਮੁੱਖ ਦਫ਼ਤਰ ਮੈਂਬਰ ਇੰਚਾਰਜ ਸ੍ਰ.ਹਰਵਿੰਦਰ ਪਾਲ ਸਿੰਘ ਚੁੱਘ, ਆਨਰੇਰੀ ਜਾਇੰਟ ਸਕੱਤਰ ਇੰਜੀ.ਜਸਪਾਲ ਸਿੰਘ, ਸਪੋਰਟਸ ਕਮੇਟੀ ਦੇ ਮੈਂਬਰਜ਼ ਸ੍ਰ.ਰਾਬਿੰਦਰਬੀਰ ਸਿੰਘ ਭੱਲਾ, ਸ੍ਰ.ਮੋਹਨਜੀਤ ਸਿੰਘ ਭੱਲਾ, ਸ੍ਰ.ਆਦਰਸ਼ਪਿੰਦਰ ਸਿੰਘ ਮਾਨ, ਸ੍ਰ.ਸਵਰਾਜ ਸਿੰਘ ਸ਼ਾਮ, ਸ੍ਰ.ਲਖਵਿੰਦਰ ਸਿੰਘ ਢਿੱਲੋਂ, ਸ੍ਰ.ਅਵਤਾਰ ਸਿੰਘ ਘੁੱਲਾ, ਸ੍ਰ.ਉਪਕਾਰ ਸਿੰਘ ਛਾਬੜਾ, ਸ੍ਰ.ਕਮਲਜੀਤ ਸਿੰਘ ਕੋਹਲੀ, ਸ੍ਰ.ਹਰਜਿੰਦਰ ਸਿੰਘ, ਸ੍ਰ.ਕੁਲਦੀਪ ਸਿੰਘ ਕੋਹਾਰਕਾ, ਸ੍ਰ.ਬਲਵਿੰਦਰ ਸਿੰਘ ਬਵੇਜਾ, ਜਾਇੰਟ ਡਾਇਰੈਕਟਰ ਸ੍ਰ.ਦੀਪਇੰਦਰ ਸਿੰਘ, ਐਡਰ ਸੈਕਟਰੀ ਐਜੂਕੇਸ਼ਨਲ ਕਮੇਟੀ ਸ੍ਰ.ਅਮਰਜੀਤ ਸਿੰਘ ਚੁੱਘ, ਸੀ.ਕੇ.ਡੀ ਸਕੂਲਜ਼ ਹੈਡ ਕੋਚ ਹਾਕੀ ਸ੍ਰੀਮਤੀ ਰਮਨਦੀਪ ਕੌਰ ਅਤੇ ਖੇਡ ਜਗਤ ਨਾਲ ਸਬੰਧਤ ਕਈ ਹੋਰ ਉੱਘੀਆਂ ਸ਼ਖ਼ਸੀਅਤਾਂ ਹਾਜ਼ਰ ਸਨ।

## ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਸਮਾਗਮ



ਅੰਮ੍ਰਿਤਸਰ, 9 ਮਾਰਚ (ਬਬਲੂ ਮਹਾਜਨ) :ਇੰਡਿਅਨ ਡੈਂਟਲ ਐਸੋਸੀਏਸ਼ਨ ਅੰਮ੍ਰਿਤਸਰ ਬ੍ਰਾਂਚ ਵੱਲੋਂ ਪ੍ਰਧਾਨ ਡਾ. ਕਮਲਦੀਪ ਸ਼ਰਮਾ ਅਤੇ ਸਕੱਤਰ ਡਾ. ਨਿਤਿਨ ਵਰਮਾ ਦੀ ਯੋਗ ਅਗਵਾਈ ਹੇਠ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਡੈਂਟਲ ਪੇਸ਼ੇਵਰਾਂ ਲਈ ਇਕ ਗਿਆਨਵਰਧਕ ਅਕਾਦਮਿਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਇਸ ਪ੍ਰੋਗਰਾਮ ਦਾ ਮੁੱਖ ਆਕਰਸ਼ਣ ਪ੍ਰਸਿੱਧ ਅੰਤਰਰਾਸ਼ਟਰੀ ਵਕਤਾ ਅਤੇ ਜ਼ੈਨ ਡੈਂਟਿਸਟ ਡਾ. ਵਿਸ਼ਾਲ ਗੁਪਤਾ ਵੱਲੋਂ ਦਿੱਤਾ ਗਿਆ ਲੈਕਚਰ ਸੀ। ਉਨ੍ਹਾਂ ਨੇ ਕੰਪੋਜ਼ਿਟ ਵੀਨੀਅਰਜ਼ ਵਿਸ਼ੇ ’ਤੇ ਜਾਣਕਾਰੀ ਭਰਪੂਰ ਪ੍ਰਸਤੁਤੀ ਦਿੱਤੀ ਅਤੇ ਡੈਂਟਿਸਟਾਂ ਨੂੰ ਆਧੁਨਿਕ ਤਕਨੀਕਾਂ ਅਤੇ ਐਸਥੈਟਿਕ ਸਕਿਲਜ਼ ਬਾਰੇ ਕੀਮਤੀ ਕਲੀਨੀਕਲ ਜਾਣਕਾਰੀ ਸਾਂਝੀ ਕੀਤੀ, ਜਿਸ ਨਾਲ ਉਨ੍ਹਾਂ ਨੂੰ ਆਪਣੀ ਰੋਜ਼ਾਨਾਂ ਪ੍ਰੈਕਟਿਸ ਵਿੱਚ ਨਵੀਆਂ ਤਕਨੀਕਾਂ ਅਪਣਾਉਣ ਲਈ ਪ੍ਰੇਰਣਾ ਮਿਲੀ।ਇਸ ਸਮਾਗਮ ਵਿੱਚ ਕਈ ਪੋਸਟਗ੍ਰੈਜੂਏਟ ਡੈਂਟਲ ਵਿਦਿਆਰਥੀਆਂ ਅਤੇ ਡੈਂਟਲ ਪ੍ਰੈਕਟੀਸ਼ਨਰਾਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣਾ ਗਿਆਨ ਵਧਾਉਣ ਨਾਲ ਨਾਲ ਕਲੀਨੀਕਲ ਮਹਾਰਤ ਨੂੰ ਨਿਖਾਰਨ ਦਾ ਮੌਕਾ ਪ੍ਰਾਪਤ ਕੀਤਾ।ਸਮਾਗਮ ਦੌਰਾਨ ਵਿਸ਼ੇਸ਼ ਮਹਿਮਾਨਾਂ ਵਜੋਂ ਡਾ. ਅਮਨਦੀਪ ਕੌਰ, ਡਾਇਰੈਕਟਰ ਅਮਨਦੀਪ ਗਰੁੱਪ ਆਫ ਹਸਪਤਾਲਜ਼ ਅਤੇ ਡਾ. ਨਵਨੀਤ ਗਰੇਵਾਲ, ਗਰੇਵਾਲ ਡੈਂਟਲ ਕਲੀਨਿਕ ਵੀ ਹਾਜ਼ਰ ਰਹੇ। ਉਨ੍ਹਾਂ ਨੇ ਬੈਸਟ ਸਮਾਈਲ ਐਕਟਿਵਿਟੀ ਲਈ ਜੱਜ ਵਜੋਂ ਭੂਮਿਕਾ ਨਿਭਾਈ, ਜੋ ਕਿ ਇਸ ਸਮਾਗਮ ਦਾ ਮੁੱਖ ਆਕਰਸ਼ਣ ਬਣੀ ਅਤੇ ਭਾਗੀਦਾਰਾਂ ਵੱਲੋਂ ਇਸਦੀ ਕਾਫ਼ੀ ਸਰਾਹਨਾ ਕੀਤੀ ਗਈ।ਇਹ ਉਪਰਾਲਾ ਐਸੋਸੀਏਸ਼ਨ ਵੱਲੋਂ ਡੈਂਟਲ ਖੇਤਰ ਵਿੱਚ ਲਗਾਤਾਰ ਸਿੱਖਿਆ, ਹੁਨਰ ਵਿਕਾਸ ਅਤੇ ਮਹਿਲਾਵਾਂ ਦੀ ਭੂਮਿਕਾ ਦਾ ਸਨਮਾਨ ਕਰਨ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

## ਜੋਬਨਜੀਤ ਸਿੰਘ ਦੀ ਯਾਦ ’ਚ ਦੋ ਦਿਨਾਂ ਵਾਲੀਬਾਲ ਟੂਰਨਾਮੈਂਟ ਕਰਵਾਇਆ

ਅੰਮ੍ਰਿਤਸਰ, 9 ਮਾਰਚ (ਬਬਲੂ ਮਹਾਜਨ) : ਜਥੇਦਾਰ ਤੇਜਾ ਸਿੰਘ ਭੁੱਚਰ ਸਪੋਰਟਸ ਕਲੱਬ ਵੱਲੋਂ ਐਨਆਰਆਈ ਵੀਰਾਂ ਦੇ ਸਹਿਯੋਗ ਨਾਲ ਸਵਰਗਵਾਸੀ ਵਾਲੀਬਾਲ ਖਿਡਾਰੀ ਸਰਦਾਰ ਜੋਬਨਜੀਤ ਸਿੰਘ ਦੀ ਮਿੱਠੀ ਯਾਦ ਨੂੰ ਸਮਰਪਿਤ ਦੋ ਦਿਨਾਂ ਵਾਲਾ ਵਾਲੀਬਾਲ ਟੂਰਨਾਮੈਂਟ ਕਰਵਾਇਆ ਗਿਆ। ਇਹ ਟੂਰਨਾਮੈਂਟ ਮੁੱਖ ਪ੍ਰਬੰਧਕ ਪਵਨਦੀਪ ਸਿੰਘ ਦੀ ਅਗਵਾਈ ਹੇਠ ਬੜੀ ਸ਼ਾਨਦਾਰ ਢੰਗ ਨਾਲ ਆਯੋਜਿਤ ਕੀਤਾ ਗਿਆ, ਜਿਸ ਵਿੱਚ ਪੰਜਾਬ,ਅਤੇ ਹਰਿਆਣਾ ਤੋਂ ਲਗਭਗ 40 ਦੇ ਕਰੀਬ ਟੀਮਾਂ ਦੇ ਖਿਡਾਰੀਆਂ ਨੇ ਭਾਗ ਲਿਆ।ਟੂਰਨਾਮੈਂਟ ਦੌਰਾਨ ਖਿਡਾਰੀਆਂ ਵੱਲੋਂ ਬਹੁਤ ਹੀ ਰੋਮਾਂਚਕ ਅਤੇ ਉਤਸ਼ਾਹਪੂਰਨ ਮੁਕਾਬਲੇ ਵੇਖਣ ਨੂੰ ਮਿਲੇ, ਜਿਸ ਨਾਲ ਦਰਸ਼ਕਾਂ ਵਿੱਚ ਵੀ ਖੂਬ ਉਤਸ਼ਾਹ ਦੇਖਿਆ ਗਿਆ। ਪਿੰਡ ਅਤੇ ਆਲੇ ਦੁਆਲੇ ਦੇ ਇਲਾਕਿਆਂ ਤੋਂ ਆਏ ਖੇਡ ਪ੍ਰੇਮੀਆਂ ਨੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਖਿਡਾਰੀਆਂ ਦਾ ਹੌਸਲਾ ਵਧਾਇਆ।ਸਮਾਗਮ ਦੇ ਅੰਤ ਵਿੱਚ ਜੇਤੂ ਟੀਮਾਂ ਨੂੰ ਸਨਮਾਨਿਤ ਕੀਤਾ ਗਿਆ। ਪਹਿਲਾ ਸਥਾਨ ਹਾਸਲ ਕਰਨ ਵਾਲੀ ਟੀਮ ਝਬਾਲ ਏ ਨੂੰ 31 ਹਜ਼ਾਰ ਰੁਪਏ ਦੀ ਇਨਾਮੀ ਰਕਮ ਦੇ ਕੇ ਸਨਮਾਨਿਤ ਕੀਤਾ ਗਿਆ, ਜਦਕਿ ਦੂਜੇ ਸਥਾਨ ‘ਤੇ ਰਹੀ ਟੀਮ ਭੁੱਚਰ ਕਲਾਂ ਨੂੰ 21 ਹਜ਼ਾਰ ਰੁਪਏ ਦੀ ਇਨਾਮੀ ਰਕਮ ਦਿੱਤੀ ਗਈ। ਇਸ ਮੌਕੇ ਪ੍ਰਬੰਧਕਾਂ ਵੱਲੋਂ ਜੇਤੂ ਅਤੇ ਉਪ ਜੇਤੂ ਟੀਮਾਂ ਨੂੰ ਟਰਾਫੀਆਂ ਦੇ ਕੇ ਵੀ ਸਨਮਾਨਿਤ ਕੀਤਾ ਗਿਆ।ਇਸ ਮੌਕੇ ਗੁਰਵਿੰਦਰ ਸਿੰਘ ਕਾਲਾ, ਸ਼ਰਨਜੀਤ ਸਿੰਘ ਲਾਲੀ (ਆੜਤੀਆ), ਸੁਰਜੀਤ ਸਿੰਘ ਛੱਬਾ, ਦਵਿੰਦਰ ਸਿੰਘ ਪੈਂਚ ਬਲਬੀਰ ਸਿੰਘ ਨੈਸਲੇ ਡੇਅਰੀ ,ਹਰਪ੍ਰੀਤ ਸਿੰਘ ਭੁੱਚਰ ਮੁਖਵਿੰਦਰ ਸਿੰਘ, ਗੁਰਵਿੰਦਰ ਸਿੰਘ ਫੌਜੀ, ਅਮਰੀਕ ਸਿੰਘ, ਗੁਰਨਾਮ ਸਿੰਘ ਫੌਜੀ ,ਪਵਨ ਸਿੰਘ ਫੌਜੀ, ਬਲਜਿੰਦਰ ਸਿੰਘ,ਨੰਬਰਦਾਰ, ਮਨਜੀਤ ਸਿੰਘ, ਇੰਸਪੈਕਟਰ ,ਬਲਜਿੰਦਰ ਸਿੰਘ(ਮਲ) ਗੋਰੀ, ਰੈਫਰੀ, ਗੁਰਭਗਵੰਤ ਸਿੰਘ, ਸੁਖਦੇਵ ਸਿੰਘ, ਸ਼ਿੰਦਾ ਕੁਮੈਂਟਰ, ਗੁਰਭਵੰਤ ਬੱਲੀ,ਅਤੇ ਜੋਬਨਦੀਪ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।ਪ੍ਰਬੰਧਕਾਂ ਨੇ ਕਿਹਾ ਕਿ ਇਸ ਤਰ੍ਹਾਂ ਦੇ ਖੇਡ ਸਮਾਗਮ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਦੇ ਹਨ ਅਤੇ ਨਸ਼ਿਆਂ ਤੋਂ ਦੂਰ ਰਹਿਣ ਦਾ ਸੰਦੇਸ਼ ਵੀ ਦਿੰਦੇ ਹਨ। ਉਨ੍ਹਾਂ ਨੇ ਐਨਆਰਆਈ ਵੀਰਾਂ ਅਤੇ ਸਹਿਯੋਗੀਆਂ ਦਾ ਧੰਨਵਾਦ ਵੀ ਕੀਤਾ, ਜਿਨ੍ਹਾਂ ਦੇ ਸਹਿਯੋਗ ਨਾਲ ਇਹ ਟੂਰਨਾਮੈਂਟ ਸਫਲਤਾਪੂਰਵਕ ਕਰਵਾਇਆ ਗਿਆ।

## ਮਹਾਨ ਗੁਰਮਤਿ ਸਮਾਗਮ ਕਰਵਾਇਆ

ਚੋਗਾਵਾਂ, 7 ਮਾਰਚ ( ਸੁਬੇਗ ਸਿੰਘ ਸੋਨਾ)-ਖਾਲਸਾ ਪੰਥ ਦੀ ਸਿਰਜਨਾ ਨੂੰ ਸਮਰਪਿਤ 15ਵਾਂ ਸਲਾਨਾ ਮਹਾਨ ਗੁਰਮਤਿ ਸਮਾਗਮ ਹਲਕਾ ਰਾਜਾਸਾਂਸੀ ਦੇ ਅਧੀਨ ਆਉਂਦੇ ਸਰਹੱਦੀ ਪਿੰਡ ਢੰਡਾਲ ਵਿਖੇ ਕਾਰ ਸੇਵਾ ਕਿਲਾ ਅਨੰਦਗੜ੍ਹ ਸ੍ਰੀ ਅਨੰਦਪੁਰ ਸਾਹਿਬ ਦੀ ਰਹਿਨੁਮਾਈ ਹੇਠ ਐਨ.ਆਰ.ਆਈ. ਅਤੇ ਸਮੂਹ ਪਿੰਡ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਮੌਕੇ ਪਾਠ ਦੇ ਭੋਗ ਪਾਏ ਗਏ। ਉਪਰੰਤ ਸਜੇ ਸੁੰਦਰ ਦੀਵਾਨ ਵਿੱਚ ਭਾਈ ਮਨਜਿੰਦਰ ਸਿੰਘ ਦਾ ਕੀਰਤਨੀ ਜਥਾ, ਕਥਾਵਾਚਕ ਭਾਈ ਜੁਗਰਾਜ ਸਿੰਘ, ਭਾਈ ਨਿਰਮਲ ਸਿੰਘ ਦਾ ਕਵੀਸ਼ਰੀ ਜਥਾ, ਗਿਆਨੀ ਕੁਲਦੀਪ ਸਿੰਘ ਖਾਪੜ ਖੇੜੀ ਦਾ ਢਾਡੀ ਜਥਾ, ਗਿਆਨੀ ਸਰੂਪ ਸਿੰਘ ਕਡਿਆਣਾ ਦਾ ਢਾਡੀ ਜਥਾ, ਭਾਈ ਗੁਰਭੇਜ ਸਿੰਘ ਚਵਿੰਡਾ ਦਾ ਢਾਡੀ ਜਥਾ, ਸੰਤ ਬਾਬਾ ਹਰਭਜਨ ਸਿੰਘ ਕੁੱਲੀ ਵਾਲਿਆਂ ਦਾ ਕੀਰਤਨੀ ਜਥਾ, ਜਥੇਦਾਰ ਤੇਜਬੀਰ ਸਿੰਘ ਖਾਲਸਾ ਦਮਦਮੀ ਟਕਸਾਲ ਨੇ ਜੁੜ ਬੈਠੀ ਸੰਗਤ ਨੂੰ ਕਥਾ ਕੀਰਤਨ ਤੇ ਗੁਰ ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਗੁਰਮਤਿ ਸਮਾਗਮ ਵਿੱਚ ਪ੍ਰਬੰਧਕ ਸੰਤ ਬਾਬਾ ਸਤਨਾਮ ਸਿੰਘ ਕਾਰ ਸੇਵਾ ਕਿਲਾ ਅਨੰਦਗੜ੍ਹ ਸ੍ਰੀ ਅਨੰਦਪੁਰ ਸਾਹਿਬ, ਸੰਤ ਬਾਬਾ ਸਤਨਾਮ ਸਿੰਘ ਕਾਰ ਸੇਵਾ ਗੁਰੂ ਕੇ ਬਾਗ ਵਾਲਿਆਂ ਨੇ ਹਾਜ਼ਰੀਆਂ ਭਰੀਆਂ। ਪ੍ਰਬੰਧਕਾਂ ਵੱਲੋਂ ਆਏ ਹੋਏ ਜਥੇ ਦੇ ਸੰਤ ਮਹਾਂਪੁਰਸ਼ਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ।

## ਤਰਨਜੀਤ ਸਿੰਘ ਸੰਧੂ ਨੂੰ ਦਿੱਲੀ ਦੇ ਉਪ-ਰਾਜਪਾਲ ਬਣਨ ’ਤੇ ਬਲਜਿੰਦਰ ਸਿੰਘ ਬੱਬੂ ਵੱਲੋਂ ਵਧਾਈ



ਅੰਮ੍ਰਿਤਸਰ 9 ਮਾਰਚ (ਬਬਲੂ ਮਹਾਜਨ): ਬੀਜੇਪੀ ਓਬੀਸੀ ਮੋਰਚਾ ਦੇ ਕਾਰਜਕਾਰੀ ਮੈਂਬਰ ਬਲਜਿੰਦਰ ਸਿੰਘ ਬੱਬੂ ਨੇ ਤਰਨਜੀਤ ਸਿੰਘ ਸੰਧੂ ਨੂੰ ਦਿੱਲੀ ਦਾ ਉਪ-ਰਾਜਪਾਲ ਨਿਯੁਕਤ ਹੋਣ ’ਤੇ ਹਾਰਦਿਕ ਵਧਾਈ ਦਿੱਤੀ ਹੈ। ਉਨ੍ਹਾਂ ਕਿਹਾ ਕਿ ਇਹ ਨਿਯੁਕਤੀ ਨਾ ਸਿਰਫ਼ ਤਰਨਜੀਤ ਸਿੰਘ ਸੰਧੂ ਦੀ ਲੰਬੇ ਸਮੇਂ ਦੀ ਕਾਬਲਿਯਤ ਅਤੇ ਸੇਵਾਵਾਂ ਦੀ ਕਦਰ ਹੈ, ਸਗੋਂ ਇਸ ਨਾਲ ਪੰਜਾਬ ਅਤੇ ਪੰਜਾਬੀ ਭਾਈਚਾਰੇ ਦਾ ਮਾਣ ਵੀ ਵਧਿਆ ਹੈ।ਬਲਜਿੰਦਰ ਸਿੰਘ ਬੱਬੂ ਨੇ ਕਿਹਾ ਕਿ ਤਰਨਜੀਤ ਸਿੰਘ ਸੰਧੂ ਨੇ ਇੱਕ ਪ੍ਰਤਿਭਾਸ਼ਾਲੀ ਅਤੇ ਅਨੁਭਵੀ ਡਿਪਲੋਮੈਟ ਵਜੋਂ ਵਿਸ਼ਵ ਪੱਧਰ ’ਤੇ ਭਾਰਤ ਦੀ ਨੁਮਾਇੰਦਗੀ ਕਰਦੇ ਹੋਏ ਦੇਸ਼ ਦੀ ਸੇਵਾ ਕੀਤੀ ਹੈ। ਉਹਨਾਂ ਦੀ ਮਿਹਨਤ, ਇਮਾਨਦਾਰੀ ਅਤੇ ਪ੍ਰਸ਼ਾਸਨਿਕ ਤਜਰਬੇ ਕਾਰਨ ਉਨ੍ਹਾਂ ਨੂੰ ਇਹ ਮਹੱਤਵਪੂਰਨ ਜ਼ਿੰਮੇਵਾਰੀ ਮਿਲੀ ਹੈ।ਉਨ੍ਹਾਂ ਕਿਹਾ ਕਿ ਸੰਧੂ ਦੀ ਨਿਯੁਕਤੀ ਨਾਲ ਦਿੱਲੀ ਦੇ ਪ੍ਰਸ਼ਾਸਨਿਕ ਕੰਮਕਾਜ ਨੂੰ ਨਵੀਂ ਦਿਸ਼ਾ ਮਿਲੇਗੀ ਅਤੇ ਉਹ ਆਪਣੇ ਤਜਰਬੇ ਨਾਲ ਲੋਕ ਭਲਾਈ ਦੇ ਫੈਸਲੇ ਲੈਣਗੇ। ਬੱਬੂ ਨੇ ਵਿਸ਼ਵਾਸ ਜਤਾਇਆ ਕਿ ਸੰਧੂ ਦੇ ਨੇਤ੍ਰਿਤਵ ਹੇਠ ਦਿੱਲੀ ਵਿੱਚ ਵਿਕਾਸ ਅਤੇ ਪ੍ਰਸ਼ਾਸਨਿਕ ਸੁਧਾਰਾਂ ਨੂੰ ਹੋਰ ਮਜ਼ਬੂਤੀ ਮਿਲੇਗੀ।ਅੰਤ ਵਿੱਚ ਬਲਜਿੰਦਰ ਸਿੰਘ ਬੱਬੂ ਨੇ ਤਰਨਜੀਤ ਸਿੰਘ ਸੰਧੂ ਨੂੰ ਨਵੀਂ ਜ਼ਿੰਮੇਵਾਰੀ ਲਈ ਸ਼ੁੱਭਕਾਮਨਾਵਾਂ ਦਿੰਦਿਆਂ ਕਿਹਾ ਕਿ ਉਹ ਭਵਿੱਖ ਵਿੱਚ ਵੀ ਦੇਸ਼ ਅਤੇ ਸਮਾਜ ਦੀ ਭਲਾਈ ਲਈ ਇਸੇ ਤਰ੍ਹਾਂ ਸਮਰਪਿਤ ਹੋ ਕੇ ਕੰਮ ਕਰਦੇ ਰਹਿਣਗੇ।

## ਵਿਦਿਆਰਥੀਆਂ ’ਤੇ ਲਾਠੀਚਾਰਜ ਕਰਨ ਅਤੇ ਦਸਤਾਰਾਂ ਉਤਾਰਨ ਦੀ ਐਡਵੋਕੇਟ ਧਾਮੀ ਵੱਲੋਂ ਨਿਖੇਧੀ



ਅੰਮ੍ਰਿਤਸਰ, 9 ਮਾਰਚ (ਗੁਰਦਿਆਲ ਸਿੰਘ):ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਚੰਡੀਗੜ੍ਹ ਪੁਲਿਸ ਵੱਲੋਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਵਿਦਿਆਰਥੀਆਂ ’ਤੇ ਲਾਠੀਚਾਰਜ ਕਰਨ ਅਤੇ ਦਸਤਾਰਾਂ ਉਤਾਰੇ ਜਾਣ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਦਸਤਾਰ ਸਿੱਖ ਦੇ ਜੀਵਨ ਦਾ ਅਹਿਮ ਅੰਗ ਹੈ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਜ਼ੋਰ ਦਾ ਪ੍ਰਯੋਗ ਕਰਦਿਆਂ ਵਿਦਿਆਰਥੀਆਂ ਦੀਆਂ ਦਸਤਾਰਾਂ ਉਤਾਰੇ ਜਾਣਾ ਸਿੱਖ ਭਾਵਨਾਵਾਂ ਅਤੇ ਸਿੱਖੀ ਦੇ ਗੌਰਵ ਦਾ ਨਿਰਾਦਰ ਹੈ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦਾ ਸ਼ਾਂਤਮਈ ਤਰੀਕੇ ਨਾਲ ਆਪਣੀ ਗੱਲ ਰੱਖਣਾ ਹੱਕ ਹੈ, ਜਿਸ ’ਤੇ ਕਿਸੇ ਤਰ੍ਹਾਂ ਦੀ ਰੋਕ ਲਗਾਉਣੀ ਪ੍ਰਸ਼ਾਸਨ ਦੀ ਧੱਕੇਸ਼ਾਹੀ ਹੈ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਨੇ ਕਿਹਾ ਕਿ ਯੂਨੀਵਰਸਿਟੀ ਦੇ ਵਿਦਿਆਰਥੀ ਸਿੱਖ ਭਾਵਨਾਵਾਂ ਨੂੰ ਲੈ ਕੇ ਲਗਾਤਾਰ ਮੰਗ ਕਰ ਰਹੇ ਸਨ, ਜਿਸ ਨੂੰ ਯੂਨੀਵਰਸਿਟੀ ਪ੍ਰਸ਼ਾਸਨ ਵੱਲੋਂ ਅਣਸੁਣਿਆ ਕੀਤਾ ਗਿਆ ਅਤੇ ਪੁਲਿਸ ਦੁਆਰਾ ਲਾਠੀਚਾਰਜ ਕਰਕੇ ਵਿਦਿਆਰਥੀਆਂ ਦੀ ਅਵਾਜ਼ ਨੂੰ ਦਬਾਉਣ ਦਾ ਯਤਨ ਕੀਤਾ। ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖਾਂ ਨਾਲ ਅਜਿਹੀਆਂ ਘਟਨਾਵਾਂ ਦਾ ਵਾਪਰਨਾ ਵੱਡੀ ਚਿੰਤਾ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੇ ਵਿਕਾਸ ਵਿਚ ਵੱਡਾ ਯੋਗਦਾਨ ਪਾਉਣ ਵਾਲੇ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਨਾ ਪ੍ਰਸ਼ਾਸਨ ਦੀ ਵੀ ਜ਼ੁੰਮੇਵਾਰੀ ਹੈ। ਉਨ੍ਹਾਂ ਸਿੱਖ ਨੌਜੁਆਨਾਂ ਦੀਆਂ ਦਸਤਾਰਾਂ ਉਤਾਰਨ ਵਾਲੇ ਦੋਸ਼ੀ ਮੁਲਾਜ਼ਮਾਂ ਖਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕਰਦਿਆਂ ਕਿਹਾ ਕਿ ਸਿੱਖ ਦੀ ਦਸਤਾਰ ਦਾ ਨਿਰਾਦਰ ਕਰਨ ਵਾਲੇ ਕਿਸੇ ਵੀ ਦੋਸ਼ੀ ਨੂੰ ਬਖ਼ਸ਼ਿਆ ਨਹੀਂ ਜਾਣਾ ਚਾਹੀਦਾ।

## ਪੰਜਾਬ ਦੇ ਵਿੱਦਿਅਕ ਆਧਾਰਿਆਂ ਵਿੱਚ ਵੀ ਸਿੱਖਾਂ ਦੀ ਦਸਤਾਰ ਸੁਰੱਖਿਅਤ ਨਹੀਂ ਰਹੀ: ਮੁਖੀ ਦਮਦਮੀ ਟਕਸਾਲ



ਅੰਮ੍ਰਿਤਸਰ, 9 ਮਾਰਚ (ਬਬਲੂ ਮਹਾਜਨ) : ਦਮਦਮੀ ਟਕਸਾਲ ਦੇ ਮੁਖੀ ਸਿੰਘ ਸਾਹਿਬ ਗਿਆਨੀ ਰਾਮ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਨੇ ਚੰਡੀਗੜ੍ਹ ਪੁਲਿਸ ਵੱਲੋਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਵਿਦਿਆਰਥੀਆਂ ’ਤੇ ਕੀਤੇ ਗਏ ਲਾਠੀਚਾਰਜ ਅਤੇ ਕੁਝ ਸਿੱਖ ਵਿਦਿਆਰਥੀਆਂ ਦੀਆਂ ਦਸਤਾਰਾਂ ਤਕ ਉਤਾਰੇ ਜਾਣ ਦੀ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਤੇ ਉਨ੍ਹਾਂ ਕਿਹਾ ਕਿ ਇਹ ਘਟਨਾ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਹੈ ਅਤੇ ਇਸ ਨਾਲ ਸਿੱਖ ਸਮਾਜ ਵਿੱਚ ਗਹਿਰਾ ਰੋਸ ਪਾਇਆ ਜਾ ਰਿਹਾ ਹੈ।ਸਿੰਘ ਸਾਹਿਬ ਜੀ ਨੇ ਕਿਹਾ ਕਿ ਸਿੱਖਾਂ ਦੀ ਦਸਤਾਰ ਸਿਰਫ਼ ਇਕ ਕੱਪੜਾ ਨਹੀਂ, ਸਗੋਂ ਇਹ ਸਿੱਖ ਧਰਮ ਦੀ ਪਛਾਣ ਅਤੇ ਸਨਮਾਨ ਦਾ ਪ੍ਰਤੀਕ ਹੈ। ਇਸ ਲਈ ਕਿਸੇ ਵੀ ਸਿੱਖ ਦੀ ਦਸਤਾਰ ਨਾਲ ਬੇਅਦਬੀ ਕਰਨਾ ਕਤਈ ਕਬੂਲਯੋਗ ਨਹੀਂ। ਉਨ੍ਹਾਂ ਕਿਹਾ ਕਿ ਦੇਸ਼ ਦੇ ਵਿਕਾਸ ਅਤੇ ਉਸਦੀ ਰੱਖਿਆ ਵਿੱਚ ਸਿੱਖ ਕੌਮ ਨੇ ਹਮੇਸ਼ਾ ਅਹਿਮ ਭੂਮਿਕਾ ਨਿਭਾਈ ਹੈ ਅਤੇ ਅਜਿਹੀ ਕੌਮ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਨਾ ਪ੍ਰਸ਼ਾਸਨ ਦੀ ਵੀ ਜ਼ਿੰਮੇਵਾਰੀ ਬਣਦੀ ਹੈ।ਉਨ੍ਹਾਂ ਦੋਸ਼ ਲਾਇਆ ਕਿ ਜੇਕਰ ਕਿਸੇ ਤਰ੍ਹਾਂ ਦੀ ਅਣਚਾਹੀ ਘਟਨਾ ਹੋਈ ਸੀ ਤਾਂ ਪ੍ਰਸ਼ਾਸਨ ਨੂੰ ਸੰਯਮ ਅਤੇ ਸਮਝਦਾਰੀ ਨਾਲ ਮਾਮਲੇ ਨੂੰ ਹੱਲ ਕਰਨਾ ਚਾਹੀਦਾ ਸੀ, ਪਰ ਵਿਦਿਆਰਥੀਆਂ ’ਤੇ ਲਾਠੀਚਾਰਜ ਕਰਨਾ ਅਤੇ ਸਿੱਖ ਨੌਜਵਾਨਾਂ ਦੀਆਂ ਦਸਤਾਰਾਂ ਉਤਾਰਨਾ ਬਿਲਕੁਲ ਵੀ ਠੀਕ ਨਹੀਂ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਘਟਨਾਵਾਂ ਨਾਲ ਨੌਜਵਾਨਾਂ ਵਿੱਚ ਨਾਰਾਜ਼ਗੀ ਵਧਦੀ ਹੈ ਅਤੇ ਸਮਾਜਕ ਸਾਂਝ ਨੂੰ ਨੁਕਸਾਨ ਪਹੁੰਚਦਾ ਹੈ। ਇਹੀ ਸਰਕਾਰ ਦੀਆਂ ਨੀਤੀਆਂ ਕਾਰਨ ਸਿੱਖ ਨੌਜਵਾਨ ਹਿੰਦੁਸਤਾਨ ਦੀ ਨਿਆ ਪ੍ਰਣਾਲੀ ਦਾ ਸਤਿਕਾਰ ਨਹੀਂ ਕਰਦੇ ਫਿਰ ਸਰਕਾਰਾਂ ਸਿੱਖਾਂ ਨੂੰ ਵੱਖਵਾਦੀ ਦਸਦੀ ਹੈ। ਦਮਦਮੀ ਟਕਸਾਲ ਦੇ ਮੁਖੀ ਨੇ ਸਰਕਾਰ ਅਤੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਇਸ ਮਾਮਲੇ ਦੀ ਪੂਰੀ ਜਾਂਚ ਕਰਵਾਈ ਜਾਵੇ ਅਤੇ ਜਿਨ੍ਹਾਂ ਪੁਲਿਸ ਮੁਲਾਜ਼ਮਾਂ ਨੇ ਸਿੱਖ ਨੌਜਵਾਨਾਂ ਦੀਆਂ ਦਸਤਾਰਾਂ ਉਤਾਰ ਕੇ ਬੇਅਦਬੀ ਕੀਤੀ ਹੈ, ਉਨ੍ਹਾਂ ਖਿਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਸਿੱਖ ਦੀ ਦਸਤਾਰ ਦਾ ਨਿਰਾਦਰ ਕਰਨ ਵਾਲੇ ਕਿਸੇ ਵੀ ਦੋਸ਼ੀ ਨੂੰ ਕਿਸੇ ਵੀ ਹਾਲਤ ਵਿੱਚ ਬਖ਼ਸ਼ਿਆ ਨਹੀਂ ਜਾਣਾ ਚਾਹੀਦਾ।

## ਰਾਮ ਰਹੀਮ ਨੂੰ ਬਰੀ ਕਰਨ ਦੇ ਫੈਸਲੇ ਦੀ ਇੰਦਰਜੀਤ ਸਿੰਘ ਪੰਡੋਰੀ ਵੱਲੋਂ ਸਖ਼ਤ ਨਿੰਦਾ

### ਬੰਦੀ ਸਿੰਘਾਂ ਦੀ ਰਿਹਾਈ ’ਤੇ ਸਰਕਾਰਾਂ ਦੀ ਚੁੱਪੀ ਦੁੱਖਦਾਈ - ਪੰਡੋਰੀ



ਅੰਮ੍ਰਿਤਸਰ, 9 ਮਾਰਚ (ਬਬਲੂ ਮਹਾਜਨ) : ਵਾਰਡ ਨੰਬਰ 36 ਤੋਂ ਕੌਂਸਲਰ ਅਤੇ ਸੀਨੀਅਰ ਅਕਾਲੀ ਆਗੂ ਇੰਦਰਜੀਤ ਸਿੰਘ ਪੰਡੋਰੀ ਨੇ ਡੇਰਾ ਮੁਖੀ ਗੁਰਮੀਤ ਰਾਮ ਰਹੀਮ ਨੂੰ ਅਦਾਲਤ ਵੱਲੋਂ 1ਕੇਸ ਵਿੱਚ ਬਰੀ ਕੀਤੇ ਜਾਣ ਦੇ ਫੈਸਲੇ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਫੈਸਲਿਆਂ ਨਾਲ ਸਿੱਖ ਭਾਈਚਾਰੇ ਵਿੱਚ ਗਹਿਰੀ ਨਾਰਾਜ਼ਗੀ ਪਾਈ ਜਾ ਰਹੀ ਹੈ।ਪੰਡੋਰੀ ਨੇ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਬੰਦੀ ਸਿੰਘਾਂ ਦੀ ਰਿਹਾਈ ਦੇ ਮਾਮਲੇ ‘ਚ ਸਰਕਾਰਾਂ ਵੱਲੋਂ ਕੋਈ ਢੁਕਵਾਂ ਕਦਮ ਨਹੀਂ ਚੁੱਕਿਆ ਜਾ ਰਿਹਾ, ਜਦਕਿ ਦੂਜੇ ਪਾਸੇ ਡੇਰਾ ਮੁਖੀ ਰਾਮ ਰਹੀਮ ਨੂੰ ਕਦੇ ਪਰੋਲ ਅਤੇ ਕਦੇ ਅਦਾਲਤੀ ਫੈਸਲਿਆਂ ਰਾਹੀਂ ਰਾਹਤ ਮਿਲਦੀ ਰਹਿੰਦੀ ਹੈ। ਉਨ੍ਹਾਂ ਕਿਹਾ ਕਿ ਇਹ ਸਥਿਤੀ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਹੈ ਅਤੇ ਇਸ ਨਾਲ ਸਿੱਖ ਕੌਮ ਦੇ ਜ਼ਖਮਾਂ ‘ਤੇ ਨਮਕ ਛਿੜਕਿਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਬੰਦੀ ਸਿੰਘ ਲੰਮੇ ਸਮੇਂ ਤੋਂ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ, ਫਿਰ ਵੀ ਉਨ੍ਹਾਂ ਦੀ ਰਿਹਾਈ ਲਈ ਕੋਈ ਗੰਭੀਰ ਪਹਲ ਨਹੀਂ ਕੀਤੀ ਜਾ ਰਹੀ। ਪੰਡੋਰੀ ਨੇ ਕਿਹਾ ਕਿ ਇਹ ਮਸਲਾ ਸਿਰਫ ਕਾਨੂੰਨੀ ਨਹੀਂ, ਸਗੋਂ ਮਨੁੱਖੀ ਅਧਿਕਾਰਾਂ ਅਤੇ ਇਨਸਾਫ ਨਾਲ ਵੀ ਜੁੜਿਆ ਹੋਇਆ ਹੈ। ਇਸ ਲਈ ਸਰਕਾਰਾਂ ਨੂੰ ਚਾਹੀਦਾ ਹੈ ਕਿ ਬੰਦੀ ਸਿੰਘਾਂ ਦੀ ਰਿਹਾਈ ਦੇ ਮਾਮਲੇ ‘ਤੇ ਸੰਵੇਦਨਸ਼ੀਲਤਾ ਨਾਲ ਸੋਚਦੇ ਹੋਏ ਜਲਦ ਤੋਂ ਜਲਦ ਫੈਸਲਾ ਲਿਆ ਜਾਵੇ।ਇੰਦਰਜੀਤ ਸਿੰਘ ਪੰਡੋਰੀ ਨੇ ਕਿਹਾ ਕਿ ਦੇਸ਼ ਵਿੱਚ ਕਾਨੂੰਨ ਸਾਰਿਆਂ ਲਈ ਇੱਕਸਾਰ ਹੋਣਾ ਚਾਹੀਦਾ ਹੈ ਅਤੇ ਕਿਸੇ ਨਾਲ ਭੇਦਭਾਵ ਨਹੀਂ ਹੋਣਾ ਚਾਹੀਦਾ। ਉਨ੍ਹਾਂ ਕਿਹਾ ਕਿ ਜੇਕਰ ਬੰਦੀ ਸਿੰਘਾਂ ਨੇ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਲਈਆਂ ਹਨ ਤਾਂ ਉਨ੍ਹਾਂ ਨੂੰ ਰਿਹਾਅ ਕਰਨਾ ਚਾਹੀਦਾ ਹੈ।ਅੰਤ ਵਿੱਚ ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਬੰਦੀ ਸਿੰਘਾਂ ਦੀ ਰਿਹਾਈ ਦੇ ਮਾਮਲੇ ‘ਤੇ ਤੁਰੰਤ ਕਦਮ ਚੁੱਕੇ ਜਾਣ ਤਾਂ ਜੋ ਇਨਸਾਫ ਦਾ ਮੂਲ ਸਿਧਾਂਤ ਕਾਇਮ ਰਹੇ ਅਤੇ ਲੋਕਾਂ ਦਾ ਭਰੋਸਾ ਨਿਆਂ ਪ੍ਰਣਾਲੀ ‘ਤੇ ਬਣਿਆ ਰਹੇ।

## ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਦਾ ਲਾਭ ਲੈਣ ਵਾਲੇ ਹਰੇਕ ਕਿਸਾਨ ਲਈ ਰਜਿਸਟ੍ਰੇਸ਼ਨ ਕਰਵਾਉਣਾ ਲਾਜ਼ਮੀ ਹੋਵੇਗਾ



ਅਜਨਾਲਾ, 9 ਮਾਰਚ: (ਸੁਖਦੇਵ ਸਿੰਘ ਖਾਲਸਾ) : ਮੁੱਖ ਖੇਤੀਬਾੜੀ ਅਫਸਰ,ਅੰਮ੍ਰਿਤਸਰ ਡਾ. ਗੁਰਸਾਹਿਬ ਸਿੰਘ ਵੱਲੋਂ ਜ਼ਿਲ੍ਹੇ ਦੇ ਸਮੂਹ ਕਿਸਾਨ ਭਾਈਚਾਰੇ ਲਈ ਅਹਿਮ ਸੂਚਨਾ ਜਾਰੀ ਕਰਦਿਆਂ ਦੱਸਿਆ ਗਿਆ ਹੈ ਕਿ ਭਾਰਤ ਸਰਕਾਰ ਦੀ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਦਾ ਲਾਭ ਲੈਣ ਵਾਲੇ ਹਰੇਕ ਕਿਸਾਨ ਲਈ ‘ਫਾਰਮਰ ਰਜਿਸਟਰੀ’ ਵਿੱਚ ਆਪਣੀ ਰਜਿਸਟ੍ਰੇਸ਼ਨ ਕਰਵਾਉਣਾ ਲਾਜ਼ਮੀ ਹੋਵੇਗਾ। ਉਨ੍ਹਾਂ ਦੱਸਿਆ ਕਿ ਇਸ ਨਵੀਂ ਪ੍ਰਕਿਰਿਆ ਦਾ ਮੁੱਖ ਉਦੇਸ਼ ਕਿਸਾਨਾਂ ਦਾ ਇੱਕ ਕੇਂਦਰੀ ਡਾਟਾਬੇਸ ਤਿਆਰ ਕਰਨਾ ਹੈ, ਤਾਂ ਜੋ ਸਰਕਾਰੀ ਸਹਾਇਤਾ ਸਿੱਧੇ ਅਤੇ ਪਾਰਦਰਸ਼ੀ ਤਰੀਕੇ ਨਾਲ ਅਸਲ ਲਾਭਪਾਤਰੀਆਂ ਤੱਕ ਪਹੁੰਚਾਈ ਜਾ ਸਕੇ। ਉਨ੍ਹਾਂ ਦੱਸਿਆ ਕਿ ਵਿਭਾਗ ਵੱਲੋਂ ਸਪਸ਼ਟ ਕੀਤਾ ਗਿਆ ਹੈ ਕਿ ਭਵਿੱਖ ਵਿੱਚ ਕੇਵਲ ਉਹਨਾਂ ਹੀ ਕਿਸਾਨਾਂ ਨੂੰ ਪੀਐਮ ਕਿਸਾਨ ਯੋਜਨਾ ਤਹਿਤ ਮਿਲਣ ਵਾਲੀਆਂ ਵਿੱਤੀ ਕਿਸ਼ਤਾਂ ਜਾਰੀ ਕੀਤੀਆਂ ਜਾਣਗੀਆਂ, ਜਿਨ੍ਹਾਂ ਨੇ ਆਪਣੀ ‘ਫਾਰਮਰ ਰਜਿਸਟਰੀ ’ਮੁਕੰਮਲ ਕਰ ਲਈ ਹੋਵੇਗੀ। ਇਸ ਰਜਿਸਟ੍ਰੇਸ਼ਨ ਪ੍ਰਕਿਰਿਆ ਦੌਰਾਨ ਲਾਭਪਾਤਰੀ ਕਿਸਾਨ ਲਈ ਇੱਕ ਵਿਲੱਖਣ ਕਿਸਾਨ ਆਈ ਡੀ ਤਿਆਰ ਕੀਤੀ ਜਾਵੇਗੀ। ਇਸ ਆਈ ਡੀ ਨੂੰ ਕਿਸਾਨ ਦੇ ਮੌਜੂਦਾ ਪੀ ਐਮ ਕਿਸਾਨ ਖਾਤੇ ਨਾਲ ਲਿੰਕ ਕੀਤਾ ਜਾਵੇਗਾ, ਜਿਸ ਨਾਲ ਕਿਸਾਨ ਦੀ ਪਹਿਚਾਣ ਅਤੇ ਜ਼ਮੀਨੀ ਰਿਕਾਰਡ ਦੀ ਤਸਦੀਕ ਕਰਨਾ ਸੌਖਾ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਜਿਨ੍ਹਾਂ ਕਿਸਾਨਾਂ ਵੱਲੋਂ ਇਹ ਰਜਿਸਟ੍ਰੇਸ਼ਨ ਨਹੀਂ ਕਰਵਾਈ ਜਾਵੇਗੀ, ਉਨ੍ਹਾਂ ਦੀਆਂ ਭਵਿੱਖ ਦੀਆਂ ਸਾਰੀਆਂ ਕਿਸ਼ਤਾਂ ਰੋਕ ਦਿੱਤੀਆਂ ਜਾਣਗੀਆਂ। ਖੇਤੀਬਾੜੀ ਵਿਭਾਗ ਵੱਲੋਂ ਸਾਰੇ ਯੋਗ ਕਿਸਾਨਾਂ ਨੂੰ ਪੁਰਜ਼ੋਰ ਅਪੀਲ ਕੀਤੀ ਗਈ ਹੈ ਕਿ ਉਹ ਬਿਨਾਂ ਕਿਸੇ ਦੇਰੀ ਆਪਣੀ ਰਜਿਸਟ੍ਰੇਸ਼ਨ ਪ੍ਰਕਿਰਿਆ ਪੂਰੀ ਕਰਵਾਉਣ। ਕਿਸਾਨ ਆਪਣੀ ਰਜਿਸਟ੍ਰੇਸ਼ਨ ਲਈ ਆਪਣੇ ਨੇੜਲੇ ਕਾਮਨ ਸਰਵਿਸ ਸੈਂਟਰ (CSC) ਜਾਂ ਸੰਬੰਧਿਤ ਬਲਾਕ ਖੇਤੀਬਾੜੀ ਅਫਸਰ ਦੇ ਦਫ਼ਤਰ ਨਾਲ ਸੰਪਰਕ ਕਰ ਸਕਦੇ ਹਨ। ਰਜਿਸਟ੍ਰੇਸ਼ਨ ਕਰਵਾਉਣ ਸਮੇਂ ਕਿਸਾਨ ਆਪਣਾ ਆਧਾਰ ਕਾਰਡ ਅਤੇ ਜਮਾਬੰਦੀ ਨਾਲ ਲੈ ਕੇ ਜਾਣ, ਤਾਂ ਜੋ ਮੌਕੇ ’ਤੇ ਬਿਨਾਂ ਕਿਸੇ ਰੁਕਾਵਟ ਦੇ ਕਾਰਵਾਈ ਮੁਕੰਮਲ ਕੀਤੀ ਜਾ ਸਕੇ।

## ਸਰਕਾਰੀ ਬਿਲਡਿੰਗਾਂ ’ਤੇ ਇਸ਼ਤਿਹਾਰ ਅਤੇ ਹੋਰਡਿੰਗ ਲਾਉਣ ’ਤੇ ਪਾਬੰਦੀ

ਨਵਾਂਸ਼ਹਿਰ, 9 ਮਾਰਚ : ਸੁਖਦੇਵ ਸਿੰਘ ਉੜਾਪੜ) : ਜ਼ਿਲ੍ਹਾ ਮੈਜਿਸਟਰੇਟ ਗੁਲਪ੍ਰੀਤ ਸਿੰਘ ਔਲਖ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਤਹਿਤ ਜ਼ਿਲ੍ਹੇ ਅੰਦਰ ਕਿਸੇ ਵੀ ਵਿਅਕਤੀ ਵਲੋਂ ਸਰਕਾਰੀ ਬਿਲਡਿੰਗਾਂ ਉੱਤੇ ਇਸ਼ਤਿਹਾਰ ਅਤੇ ਹੋਰਡਿੰਗ ਲਗਾਉਣ ਅਤੇ ਨਿੱਜੀ ਬਿਲਡਿੰਗਾਂ, ਨੈਸ਼ਨਲ ਹਾਈਵੇਅ, ਲਿੰਕ ਸੜਕਾਂ ਅਤੇ ਦਰਖੱਤਾਂ ‘ਤੇ ਬਿਨ੍ਹਾਂ ਸਬੰਧਤ ਵਿਭਾਗਾਂ ਅਤੇ ਮਾਲਕਾਂ ਦੀ ਮਨਜ਼ੂਰੀ ਤੋਂ ਇਸ਼ਤਿਹਾਰ ਅਤੇ ਹੋਰਡਿੰਗ ਲਗਾਉਣ ‘ਤੇ ਪਾਬੰਦੀ ਲਾਈ ਹੈ। ਹੁਕਮਾਂ ਅਨੁਸਾਰ ਇਹ ਇਸ਼ਤਿਹਾਰ ਅਤੇ ਹੋਰਡਿੰਗ ਸੜਕ ਉੱਤੇ ਜਾਣ ਵਾਲੇ ਲੋਕਾਂ ਦਾ ਧਿਆਨ ਭਟਕਾਉਣ ਦਾ ਕਾਰਨ ਬਣਦੇ ਹਨ ਅਤੇ ਹਾਦਸਿਆਂ ਦਾ ਖਦਸਾ ਰਹਿੰਦਾ ਹੈ। ਜਿਸ ਕਰਕੇ ਇਹ ਹੁਕਮ ਜਾਰੀ ਕੀਤਾ ਗਿਆ ਹੈ ਜੋ 2 ਮਈ 2026 ਤੱਕ ਲਾਗੂ ਰਹੇਗਾ।

## 9 ਕਿਲੋ ਹੈਰੋਇਨ ਸਮੇਤ ਨਸ਼ਾ ਤਸਕਰ ਕਾਬੂ

ਚੰਡੀਗੜ੍ਹ/ਅੰਮ੍ਰਿਤਸਰ, 9 ਮਾਰਚ:(ਗੁਰਦਿਆਲ ਸਿੰਘ) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਸਰਹੱਦ ਪਾਰੋਂ ਚੱਲ ਰਹੀ ਨਸ਼ਾ ਤਸਕਰੀ ਵਿਰੁੱਧ ਵੱਡੀ ਸਫਲਤਾ ਹਾਸਲ ਕਰਦਿਆਂ, ਕਾਊਂਟਰ ਇੰਟੈਲੀਜੈਂਸ ਅੰਮ੍ਰਿਤਸਰ ਨੇ ਇੱਕ ਨਸ਼ਾ ਤਸਕਰ ਨੂੰ 9 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀ ਦੀ ਪਛਾਣ ਰਣਜੀਤ ਸਿੰਘ ਉਰਫ਼ ਰਾਣਾ ਵਾਸੀ ਪਿੰਡ ਗਿੱਲਾਂ ਵਾਲੀ, ਅੰਮ੍ਰਿਤਸਰ ਵਜੋਂ ਹੋਈ ਹੈ। ਨਸ਼ੀਲੇ ਪਦਾਰਥਾਂ ਦੀ ਬਰਾਮਦਗੀ ਤੋਂ ਇਲਾਵਾ, ਪੁਲਿਸ ਟੀਮਾਂ ਨੇ ਨਸ਼ੀਲੇ ਪਦਾਰਥਾਂ ਦੀ ਖੇਪ ਲਿਜਾਣ ਲਈ ਵਰਤੇ ਜਾ ਰਹੇ ਉਸਦੇ ਹੀਰੋ ਡੀਲਕਸ ਮੋਟਰਸਾਈਕਲ (ਪੀਬੀ 14 ਡੀਓ 554) ਨੂੰ ਵੀ ਜ਼ਬਤ ਕਰ ਲਿਆ ਹੈ।ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਪਾਕਿਸਤਾਨ ਸਥਿਤ ਇੱਕ ਤਸਕਰ ਦੇ ਸੰਪਰਕ ਵਿੱਚ ਸੀ ਅਤੇ ਆਪਣੇ ਹੋਰ ਸਾਥੀਆਂ ਦੀ ਮਦਦ ਨਾਲ ਅੰਮ੍ਰਿਤਸਰ ਦੇ ਪਿੰਡ ਘੋਨੇਵਾਲਾ ਦੇ ਇਲਾਕੇ ਤੋਂ ਸਰਹੱਦ ਪਾਰੋਂ ਡਰੋਨ ਰਾਹੀਂ ਭੇਜੀ ਹੈਰੋਇਨ ਦੀ ਖੇਪ ਪ੍ਰਾਪਤ ਕਰ ਰਿਹਾ ਸੀ। ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ ਡੀਜੀਪੀ ਨੇ ਦੱਸਿਆ ਕਿ ਪੁਲਿਸ ਨੂੰ ਭਰੋਸੇਯੋਗ ਜਾਣਕਾਰੀ ਮਿਲੀ ਸੀ ਕਿ ਸ਼ੱਕੀ ਰਣਜੀਤ ਨੇ ਹੈਰੋਇਨ ਦੀ ਇੱਕ ਖੇਪ ਪ੍ਰਾਪਤ ਕੀਤੀ ਹੈ ਅਤੇ ਉਹ ਇਸ ਖੇਪ ਨੂੰ ਅੰਮ੍ਰਿਤਸਰ-ਰਾਮਦਾਸ ਰੋਡ ਦੇ ਨੇੜੇ ਅੱਡਾ ਪਿੰਡ ਅਨੀਅਤਪੁਰਾ ਨਜਦੀਕ ਕਿਸੇ ਸਥਾਨ ‘ਤੇ ਕਿਸੇ ਵਿਅਕਤੀ ਨੂੰ ਡਿਲੀਵਰ ਕਰਨ ਜਾ ਰਿਹਾ ਹੈ। ਇਸ ਜਾਣਕਾਰੀ ’ਤੇ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਇਸ ਇਲਾਕੇ ਦੇ ਆਲੇ-ਦੁਆਲੇ ਨਾਕੇ ਲਗਾਏ ਅਤੇ ਦੋਸ਼ੀ ਨੂੰ 9 ਕਿੱਲੋ ਹੈਰੋਇਨ ਸਮੇਤ ਗ੍ਰਿਫਤਾਰ ਕਰ ਲਿਆ।

## ਸਤਿਕਾਰ ਯੋਜਨਾ ਲਾਗੂ ਕਰਨਾ ਸ਼ਲਾਘਾਯੋਗ : ਆਲੋਵਾਲ



ਗੁਰਦਾਸਪੁਰ, 9 ਮਾਰਚ (ਜਸਵਿੰਦਰ ਸਿੰਘ) : ਪੰਜਾਬ ਵਿਧਾਨ ਸਭਾ ਦੇ ਬਜਟ ਸੈਸ਼ਨ ਦੌਰਾਨ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਜਿਵੇਂ ਹੀ ਵਿੱਤ ਮੰਤਰੀ ਪੰਜਾਬ ਸ. ਹਰਪਾਲ ਸਿੰਘ ਚੀਮਾ ਨੇ ਮੁੱਖ ਮੰਤਰੀ ਮਾਵਾਂ, ਧੀਆਂ, ਸਤਿਕਾਰ ਯੋਜਨਾ ਤਹਿਤ ਮਹਿਲਾਵਾਂ ਨੂੰ 1000 ਅਤੇ 1500 ਰੁਪਏ ਦੇਣ ਦਾ ਐਲਾਨ ਕੀਤਾ ਇਸ ਮੌਕੇ ਗੱਲ ਕਰਦਿਆਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਹਲਕਾ ਕਾਦੀਆਂ ਤੋਂ ਮੁਖਦੇਵ ਸਿੰਘ ਆਲੋਵਾਲ ਜ਼ਿਲ੍ਹਾ ਮੀਡੀਆ ਇੰਚਾਰਜ ਗੁਰਦਾਸਪੁਰ ਨੇ ਕਿਹਾ ਕਿ ਮੁੱਖ ਮੰਤਰੀ ਮਾਵਾਂ, ਧੀਆਂ ਸਤਿਕਾਰ ਯੋਜਨਾ ਸ਼ੁਰੂ ਕਰਕੇ ਸਰਕਾਰ ਨੇ ਗਰੰਟੀ ਪੂਰੀ ਕਰ ਦਿੱਤੀ ਹੈ, ਜਿਸ ਨਾਲ ਮਾਵਾਂ ਧੀਆਂ ਵਿੱਚ ਖੁਸ਼ੀ ਦਾ ਮਾਹੌਲ ਹੈ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਸੂਬਾ ਵਾਸੀਆਂ ਨਾਲ ਕੀਤੀਆਂ ਗਰੰਟੀਆਂ ਨੂੰ ਪੂਰਾ ਕੀਤਾ ਹੈ ਅਤੇ ਲੋਕ ਹਿੱਤ ਵਿੱਚ ਵੱਡੇ ਇਤਿਹਾਸਕ ਫੈਸਲੇ ਲਏ ਗਏ ਹਨ ਇਸ ਮੌਕੇ ਉਨ੍ਹਾਂ ਨੇ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਮਹਿਲਾਵਾਂ ਲਈ 1000 ਰੁਪਏ ਅਤੇ ਅਨੁਸੂਚਿਤ ਜਾਤੀ ਮਹਿਲਾਵਾਂ ਲਈ 1500 ਰੁਪਏ ਪ੍ਰਤੀ ਮਹੀਨਾ ਸਿੱਧੇ ਖਾਤੇ ਵਿਚ ਪਾਉਣ ਦਾ ਐਲਾਨ ਕੀਤਾ ਗਿਆ ਹੈ

## ਬਲਾਕ ਸੰਮਤੀ ਦੇ ਚੇਅਰਮੈਨ ਤੇ ਵਾਈਸ ਚੇਅਰਪਰਸਨ ਦੀ ਸਰਬ ਸੰਮਤੀ ਨਾਲ ਚੋਣ ਹੋਈ।



ਚੋਗਾਵਾਂ, 9 ਮਾਰਚ (ਸੁਬੇਗ ਸਿੰਘ ਸੋਨਾ) : ਅੱਜ ਬੀ.ਡੀ.ਪੀ.ਓ. ਦਫਤਰ ਚੋਗਾਵਾਂ ਵਿਖੇ ਬਲਾਕ ਸੰਮਤੀ ਦੇ ਚੇਅਰਮੈਨ ਤੇ ਵਾਈਸ ਚੇਅਰਮੈਨ ਦੀ ਸਰਬ ਸੰਮਤੀ ਨਾਲ ਚੋਣ ਹੋਈ। ਇਹ ਚੋਣ ਐਸ.ਡੀ.ਐਮ. ਖੁਸ਼ਪ੍ਰੀਤ ਸਿੰਘ ਲੋਪੋਕੇ ਅਤੇ ਬੀ.ਡੀ.ਪੀ.ਓ. ਸ਼ਮਸ਼ੇਰ ਸਿੰਘ ਦੀ ਹਾਜ਼ਰੀ ਵਿੱਚ ਹੋਈ। ਜਿਸ ਵਿੱਚ ਭਜਨ ਕੌਰ ਭਿੰਡੀਸੈਦਾਂ ਨੂੰ ਚੇਅਰਮੈਨ ਅਤੇ ਹਰਪ੍ਰੀਤ ਕੌਰ ਚੋਗਾਵਾਂ ਨੂੰ ਵਾਈਸ ਚੇਅਰਮੈਨ ਚੁਣ ਲਿਆ ਗਿਆ। ਇਸ ਮੌਕੇ ਹਲਕਾ ਇੰਚਾਰਜ ਮੈਡਮ ਸੋਨੀਆ ਮਾਨ ਜੀ ਨਵ ਨਿਯੁਕਤ ਚੇਅਰਮੈਨ ਤੇ ਵਾਈਸ ਚੇਅਰਮੈਨ ਨੂੰ ਵਧਾਈ ਦਿੱਤੀ। ਇਸ ਮੌਕੇ ਭਜਨ ਕੌਰ, ਲਖਵਿੰਦਰ ਸਿੰਘ ਲੱਖਾ ਭਿੰਡੀ ਸੈਦਾਂ ਨੇ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਤੇ ਹਲਕਾ ਇੰਚਾਰਜ ਮੈਡਮ ਸੋਨੀਆ ਮਾਨ ਦਾ ਦਿੱਲ ਦੀਆ ਗਹਿਰਾਈਆ ਤੋਂ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਨੇ ਜੋ ਜਿੰਮੇਵਾਰੀ ਸੌਂਪੀ ਹੈ ਉਸ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ। ਉਨ੍ਹਾਂ ਦੀ ਪਹਿਲ ਕਦਮੀ ਪਿੰਡਾਂ ਦੇ ਵਿਕਾਸ ਵੱਲ ਹੋਵੇਗੀ। ਇਸ ਮੌਕੇ ਸੁਰਿੰਦਰ ਸਿੰਘ ਫੌਜੀ, ਹਰਪਾਲ ਸਿੰਘ ਪਹਿਲਵਾਨ, ਨਿਸ਼ਾਨ ਸਿੰਘ, ਸੂਰਤੀ ਸਿੰਘ, ਮਲਕੀਤ ਸਿੰਘ, ਜੋਗਾ ਸਿੰਘ,ਸਰਪੰਚ ਪ੍ਰਜੀਤ ਸਿੰਘ ਬੋਪਾਰਾਏ ਬਾਜ ਸਿੰਘ, ਸਰਪੰਚ ਅਵਤਾਰ ਸਿੰਘ ਲਾਲੀ ਸਾਰੰਗੜਾ, ਰਾਮ ਸਿੰਘ, ਜਗੀਰ ਸਿੰਘ ਮੈਂਬਰ, ਡਾ.ਸ਼ਰਮਾ ਸਿੰਘ ਮੈਂਬਰ, ਸੁੱਚਾ ਸਿੰਘ ਮੈਂਬਰ, ਬਗੀਚਾ ਸਿੰਘ ਮੈਂਬਰ, ਨਿਸ਼ਾਨ ਸਿੰਘ ਮੈਂਬਰ, ਗੋਪੀ ਮੈਂਬਰ, ਸੂਰਤੀ ਮੈਂਬਰ, ਵੀਰ ਸਿੰਘ ਮੈਂਬਰ, ਦਲਬੀਰ ਸਿੰਘ ਮੈਂਬਰ, ਮੋਰ ਸਿੰਘ ਮੈਂਬਰ ਆਦਿ ਹਾਜ਼ਰ ਸਨ।

# ਸਪੀਕਰ ਸੰਧਵਾਂ ਨੂੰ ਕੈਨੇਡਾ ਦੇ ਸਾਬਕਾ ਵਿਧਾਇਕ ਸੰਧੂ ਨੇ ਦੱਸੀਆਂ ਪ੍ਰਵਾਸੀਆਂ ਦੀਆਂ ਸਮੱਸਿਆਵਾਂ



ਲੁਧਿਆਣਾ, 9 ਮਾਰਚ (ਰਵਿੰਦਰ ਸਿੰਘ ਨਿੱਝਰ): ਕੈਨੇਡਾ ਦੇ ਐਡਮਿੰਟਨ ਸ਼ਹਿਰ ਵਿੱਚ ਦੋ ਵਾਰ ਵਿਧਾਇਕ ਰਹਿ ਚੁੱਕੇ ਪੀਟਰ ਸੰਧੂ ਜੋ ਕਿ ਅੱਜ ਕੱਲ੍ਹ ਭਾਰਤ ਦੇ ਦੌਰੇ 'ਤੇ ਹਨ, ਉਹ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੂੰ ਮਿਲੇ। ਸ੍ਰੀ ਸੰਧੂ ਨੇ ਦੱਸਿਆ ਕਿ ਉਹਨਾਂ ਨੇ ਸੰਧਵਾਂ ਨੂੰ ਕੈਨੇਡਾ ਤੇ ਹੋਰ ਦੇਸ਼ਾਂ ਵਿੱਚ ਰਹਿ ਰਹੇ ਪ੍ਰਵਾਸੀ ਪੰਜਾਬੀਆਂ ਦੀਆਂ ਸਮੱਸਿਆਵਾਂ ਤੋਂ ਜਾਣੂੰ ਕਰਵਾਇਆ। ਉਨ੍ਹਾਂ ਨੇ ਦੱਸਿਆ ਕਿ ਪ੍ਰਵਾਸੀ ਪੰਜਾਬੀਆਂ ਨੂੰ ਪੰਜਾਬ ਵਿੱਚ ਅਨੇਕਾਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਇਹਨਾਂ ਸਮੱਸਿਆਵਾਂ ਦੇ ਹੱਲ ਲਈ ਜਦੋਂ ਉਹ ਪੰਜਾਬ ਵਿੱਚ ਆਉਂਦੇ ਹਨ ਤਾਂ ਸਰਕਾਰੀ ਦਫਤਰਾਂ ਵਿੱਚ ਵਾਰ-ਵਾਰ ਖੱਜਲ ਖੁਆਰ ਹੋਣਾ ਪੈਂਦਾ ਹੈ। ਉਹਨਾਂ ਕੋਲ ਐਨਾ ਸਮਾਂ ਨਹੀਂ ਹੁੰਦਾ ਕਿ ਉਹ ਆਪਣਾ ਕਨੇਡਾ ਵਿਚਲਾ ਕਾਰੋਬਾਰ ਜਾਂ ਕੰਮਕਾਜ ਛੱਡ ਕੇ ਇੱਥੇ ਪੰਜਾਬ ਵਿੱਚ ਲੰਬਾ ਅਰਸਾ ਰਹਿ ਸਕਣ। ਇਸੇ ਕਰਕੇ ਉਹਨਾਂ ਦੀਆਂ ਸਮੱਸਿਆਵਾਂ ਜਿਉਂ ਦੀਆਂ ਤਿਉਂ ਬਣੀਆਂ ਹੋਈਆਂ ਹਨ। ਕਿਉਂਕਿ ਸਰਕਾਰਾਂ ਵੱਲੋਂ ਉਹਨਾਂ ਨੂੰ ਉਹ ਓਨਾ ਸਹਿਯੋਗ ਨਹੀਂ ਮਿਲ ਰਿਹਾ ਜਿੰਨਾ ਕਿ ਮਿਲਣਾ ਚਾਹੀਦਾ ਹੈ। ਸ੍ਰੀ ਸੰਧੂ ਨੇ ਸੰਧਵਾਂ ਨੂੰ ਦੱਸਿਆ ਕਿ ਕਿਵੇਂ ਪ੍ਰਵਾਸੀਆਂ ਦੀਆਂ ਜ਼ਮੀਨਾਂ ਅਤੇ ਕੋਠੀਆਂ ਆਦਿ ਤੇ ਇੱਥੇ ਰਹਿੰਦੇ ਭੂ ਮਾਫੀਆ ਨਾਲ ਸਬੰਧਤ ਲੋਕ ਜਿਨ੍ਹਾਂ ਵਿੱਚ ਕਈ ਵਾਰ ਪ੍ਰਵਾਸੀਆਂ ਦੇ ਰਿਸ਼ਤੇਦਾਰ ਵੀ ਸ਼ਾਮਿਲ ਹੁੰਦੇ ਹਨ, ਉਹਨਾਂ ਦੀਆਂ ਜਾਇਦਾਦਾਂ ਦੇ ਨਜ਼ਾਇਜ਼ ਕਾਗਜ਼ ਬਣਵਾ ਕੇ ਉਹਨਾਂ ਦੀਆਂ ਜਾਇਦਾਦਾਂ 'ਤੇ ਕਬਜ਼ੇ ਕਰ ਰਹੇ ਹਨ। ਸੰਧੂ ਨੇ ਆਖਿਆ ਕਿ ਭਾਰਤ ਦੀ ਨਿਆ ਪ੍ਰਣਾਲੀ ਵਿੱਚ ਇਨਸਾਫ ਲੈਣ ਲਈ ਕਈ ਕਈ ਸਾਲ ਲੱਗ ਜਾਂਦੇ ਹਨ ਇਨ੍ਹਾਂ ਸਮਾਂ ਪ੍ਰਵਾਸੀਆਂ ਲਈ ਪੰਜਾਬ ਵਿੱਚ ਰਹਿਣਾ ਸੰਭਵ ਹੀ ਨਹੀਂ ਹੈ। ਉਨ੍ਹਾਂ ਦੀ ਇਸੇ ਮਜਬੂਰੀ ਦਾ ਫਾਇਦਾ ਭੂ ਮਾਫੀਆ ਦੇ ਲੋਕ ਉਠਾਉਂਦੇ ਹਨ, ਜਿਨ੍ਹਾਂ ਨੂੰ ਸਖ਼ਤਾਈ ਨਾਲ ਨੱਥ ਪਾਉਣ ਦੀ ਜਰੂਰਤ ਹੈ। ਉਹਨਾਂ ਦੱਸਿਆ ਕਿ ਸ੍ਰੀ ਸੰਧਵਾ ਨੇ ਉਹਨਾਂ ਨੂੰ ਵਿਸ਼ਵਾਸ਼ ਦਿਵਾਇਆ ਕਿ ਉਹ ਇਨ੍ਹਾਂ ਸਮੱਸਿਆਵਾਂ ਬਾਰੇ ਮੁੱਖ ਮੰਤਰੀ ਨਾਲ ਜਲਦੀ ਹੀ ਵਿਚਾਰ ਵਟਾਂਦਰਾ ਕਰਨਗੇ।

# ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਆਸ਼ਾ ਵਰਕਰ ਯੂਨੀਅਨ ਵੱਲੋਂ ਰੋਸ ਵਿਖਾਵਾ



ਲੁਧਿਆਣਾ, 9 ਮਾਰਚ (ਵਿਸ਼ਾਲ ਸ਼ਰਮਾ): ਆਸ਼ਾ ਵਰਕਰਾਂ ਤੇ ਆਸ਼ਾ ਫੈਸੀਲਿਟੇਟਰ ਨਿਰੋਲ ਯੂਨੀਅਨ ਪੰਜਾਬ ਦੀ ਜ਼ਿਲ੍ਹਾ ਇਕਾਈ ਵੱਲੋਂ ਆਪਣੀਆਂ ਮੰਗਾਂ ਦੀ ਪੂਰਤੀ ਲਈ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ਼ ਵਿੱਖੇ ਸੂਬਾ ਪ੍ਰਧਾਨ ਕਿਰਨਦੀਪ ਕੌਰ ਦੀ ਅਗਵਾਈ ਹੇਠ ਰੋਸ਼ ਪ੍ਰਦਰਸ਼ਨ ਕੀਤਾ ਅਤੇ ਜ਼ਿਲ੍ਹਾ ਪ੍ਰਸ਼ਾਸਨ ਰਾਹੀਂ ਮੁੱਖ ਮੰਤਰੀ ਪੰਜਾਬ, ਸਿਹਤ ਤੇ ਪਰਿਵਾਰ ਭਲਾਈ ਮੰਤਰੀ ਬਲਵੀਰ ਸਿੰਘ, ਪ੍ਰਿੰਸੀਪਲ ਸਕੱਤਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ, ਸਕੱਤਰ, ਡਾਇਰੈਕਟਰ ਸਿਹਤ ਅਤੇ ਐਮ ਡੀ (ਐਨ ਐਚ ਐਮ) ਚੰਡੀਗੜ੍ਹ ਨੂੰ ਮੰਗ ਪੱਤਰ ਭੇਜਿਆ ਗਿਆ। ਜ਼ਿਲ੍ਹਾ ਪ੍ਰਧਾਨ ਕਮਲਜੀਤ ਕੌਰ ਦੀ ਅਗਵਾਈ ਹੇਠ ਆਯੋਜਿਤ ਕੀਤੇ ਧਰਨੇ ਵਿੱਚ ਯੂਨੀਅਨ ਦੀ ਸੂਬਾ ਪ੍ਰਧਾਨ ਕਿਰਨਦੀਪ ਕੌਰ ਉੱਚੇਚੇ ਤੌਰ 'ਤੇ ਸ਼ਾਮਲ ਹੋਏ। ਇਕੱਠ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਆਸ਼ਾ ਵਰਕਰਾਂ ਤੇ ਆਸ਼ਾ ਫੈਸੀਲਿਟੇਟਰ ਨਾਲ 28 ਜੂਨ 2024 ਨੂੰ ਪੰਜਾਬ ਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜਲੰਧਰ ਜ਼ਿਮਨੀ ਚੋਣ ਤੋਂ ਪਹਿਲਾਂ ਪੈਨਲ ਮੀਟਿੰਗ ਕੀਤੀ ਸੀ ਤੇ ਯੂਨੀਅਨ ਦੀ ਹੱਕੀ ਤੇ ਜਾਇਜ਼ ਮੰਗਾਂ ਮੰਨੀਆਂ, ਜਿਸ ਵਿੱਚ ਵਰਕਰਾਂ ਦੀ ਉਮਰ ਹੱਦ ਵਿੱਚ ਵਾਧਾ ਕੀਤਾ।ਉਨ੍ਹਾਂ ਕਿਹਾ ਕਿ ਨਿਸ਼ਕਾਮ ਅਤੇ ਆਪਣੀ ਜਾਨ ਜੋਖਮ 'ਚ ਪਾਕੇ ਸਮਾਜ ਸੇਵਾ ਕਰਨ ਵਾਲੀ ਆਸ਼ਾ ਵਰਕਰਾਂ ਤੇ ਆਸ਼ਾ ਫੈਸੀਲਿਟੇਟਰ ਦੀ ਜਦੋਂ ਸੇਵਾ ਮੁਕਤੀ ਹੁੰਦੀ ਹੈ ਤਾਂ ਉਨ੍ਹਾਂ ਨੂੰ ਖਾਲੀ ਹੱਥ (ਬਿਨਾ ਪੈਨਸ਼ਨ 'ਤੇ ਫੰਡ) ਤੋਂ ਜਾਣਾ ਪੈਂਦਾ ਹੈ, ਜਿਸ ਨਾਲ ਉਨ੍ਹਾਂ ਵਿੱਚ ਨਿਰਾਸ਼ਾ ਪੈ ਜਾਂਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਉਕਤ ਵਰਕਰਾਂ ਘਰ-ਘਰ ਪਰਿਵਾਰ ਅਤੇ ਹਰ ਵਰਗ ਤੱਕ ਸਿਹਤ ਸਹੂਲਤਾਂ, ਸਿਹਤ ਸਕੀਮਾਂ ਪਹੁੰਚਾਉਂਦੀਆਂ ਹਨ।ਜ਼ਿਲ੍ਹਾ ਪ੍ਰਧਾਨ ਕਮਲਜੀਤ ਕੌਰ ਨੇ ਕਿਹਾ ਕਿ ਯੂਨੀਅਨ ਵੱਲੋਂ ਸਰਕਾਰ ਤੋਂ ਮੰਗ ਕੀਤੀ ਜਾ ਰਹੀ ਹੈ ਕਿ ਆਸ਼ਾ ਵਰਕਰਾਂ ਤੇ ਆਸ਼ਾ ਫੈਸੀਲਿਟੇਟਰਾਂ ਨੂੰ ਮਿਨੀਮਮ ਵੇਜ਼ ਮੁਤਾਬਿਕ 24 ਹਜ਼ਾਰ ਰੁਪਏ ਤਨਖਾਹ ਅਤੇ ਦਰਜਾ ਚਾਰ ਦਾ ਗ੍ਰੇਡ ਦਿੱਤਾ ਜਾਵੇ ਤੇ ਪੀ ਐਫ ਸਹੂਲਤ ਲਾਗੂ ਕੀਤੀ ਜਾਵੇ, ਆਨਰੇਰੀਅਮ ਵੇਜ਼ ਅਨੁਸਾਰ 25 ਸੌ ਰੁਪਏ ਪ੍ਰਤੀ ਮਹੀਨਾ ਇੰਕਰੀਮੈਂਟ ਦੇ ਨਾਲ ਦੁਗਣਾ ਕੀਤਾ ਜਾਵੇ ਅਤੇ ਹਰਿਆਣਾ ਪੈਟਰਨ ਲਾਗੂ ਕੀਤਾ ਜਾਵੇ, ਪ੍ਰਤੀ ਮਹੀਨਾ ਟੂਰ 25 ਕੀਤੇ ਜਾਨ ਤੇ ਪ੍ਰਤੀ ਟੂਰ 500 ਰੁਪਏ ਦਿੱਤਾ ਜਾਵੇ ਅਤੇ ਹਰ ਸਾਲ ਟੂਰ ਭੱਤੇ ਵਿੱਚ ਵਾਧਾ ਕੀਤਾ ਜਾਵੇ, ਇੰਸੈਂਟਿਵ ਵਿੱਚ ਹਰ ਸਾਲ ਵਾਧਾ ਕੀਤਾ ਜਾਵੇ ਅਤੇ ਕੱਟੇ ਭੱਤੇ ਬਹਾਲ ਕਿਤੇ ਜਾਨ ਸੇਵਾ ਮੁਕਤ ਹੋਣ 'ਤੇ ਆਂਗਣਵਾੜੀ ਦੀ ਤਰਜ ਰਿਲੀਫ ਫ਼ੰਡ ਘਟੋਂ ਘੱਟ ਪੰਜ ਲੱਖ ਰੁਪਏ ਤੇ ਸੇਵਾ ਮੁਕਤ ਵਰਕਰ ਤੇ ਪੈਨਸ਼ਨ ਲਾਗੂ ਕੀਤੀ ਜਾਵੇ, ਪੰਜ ਸਾਲ ਪੂਰੇ ਕਰਨ ਵਾਲੀ ਫੈਸੀਲਿਟੇਟਰ ਨੂੰ ਵਾਰਡ ਅਟੈਂਡੈਂਟ ਦੀ ਪੋਸਟ, ਅਤੇ ਆਸ਼ਾ ਵਰਕਰ ਨੂੰ ਫੈਸੀਲਿਟੇਟਰ ਵਜੋਂ ਪ੍ਰਮੋਟ ਕੀਤੇ ਜਾਨ ਤੋਂ ਇਲਾਵਾ ਹੋਰ ਵੀ ਕਈ ਮੰਗਾਂ ਸ਼ਾਮਲ ਹਨ। ਉਨ੍ਹਾਂ ਚਿਤਾਵਨੀ ਭਰੇ ਲਹਿਜੇ ਵਿੱਚ ਕਿਹਾ ਕਿ ਜੇਕਰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਦਾ ਹੱਲ ਨਾ ਕੀਤਾ ਤਾਂ ਮਜਬੂਰਨ ਉਨ੍ਹਾਂ ਨੂੰ ਸੰਘਰਸ਼ ਤਿੱਖਾ ਕਰਨਾ ਪਵੇਗਾ। ਇਸ ਮੌਕੇ ਨੀਤੂ ਬਾਲਾ, ਹਰਦੀਪ ਕੌਰ, ਜਸਵਿੰਦਰ ਕੌਰ, ਜਸਪ੍ਰੀਤ ਕੌਰ, ਜਗਦੀਪ ਕੌਰ, ਕਿਰਨਜੀਤ ਕੌਰ, ਕਰਮਜੀਤ ਕੌਰ ਤੇ ਹੋਰਨਾਂ ਨੇ ਵੀ ਸੰਬੋਧਨ ਕੀਤਾ ।

# ਇਸਤਰੀ ਦਿਵਸ ਨੂੰ ਸਮਰਪਿਤ ਗੁਰਮਤਿ ਸਮਾਗਮ 'ਸਖੀਓ ਸਹੇਲੜੀਓ' ਕਰਵਾਇਆ



ਲੁਧਿਆਣਾ, 9 ਮਾਰਚ (ਰਵਿੰਦਰ ਸਿੰਘ ਨਿੱਝਰ) : ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਂਸ਼ਨ ਵਿਖੇ ਇਸਤਰੀ ਦਿਵਸ ਨੂੰ ਸਮਰਪਿਤ ਕਰਵਾਏ ਗਏ ਗੁਰਮਤਿ ਸਮਾਗਮ 'ਸਖੀਓ ਸਹੇਲੜੀਓ' ਦੌਰਾਨ ਵੱਡੀ ਗਿਣਤੀ ਵਿੱਚ ਇਕੱਤਰ ਹੋਈਆਂ ਸੰਗਤਾਂ,ਇਸਤਰੀ ਸਤਿਸੰਗ ਸਭਾਵਾਂ ਦੀਆਂ ਬੀਬੀਆਂ ਤੇ ਪ੍ਰਮੁੱਖ ਸ਼ਖਸੀਅਤਾਂ ਨਾਲ ਆਪਣੇ ਵਿਚਾਰਾਂ ਦੀ ਸਾਂਝ ਕਰਦਿਆਂ ਭਾਈ ਪਿੰਦਰਪਾਲ ਸਿੰਘ ਨੇ ਆਖਿਆ ਕਿ ਕਿਸੇ ਵੀ ਦੇਸ਼ ਤੇ ਕੌਮ ਦੀ ਤਰੱਕੀ ਪਿੱਛੇ ਇਸਤਰੀ ਵਰਗ ਦਾ ਅਹਿਮ ਰੋਲ ਮੰਨਿਆ ਜਾਂਦਾਂ ਹੈ, ਖਾਸ ਕਰਕੇ ਸਿੱਖ ਗੁਰੂ ਸਾਹਿਬਾਨ ਨੇ ਹਮੇਸ਼ਾਂ ਹੀ ਇਸਤਰੀ ਜਾਤੀ ਨੂੰ ਮਰਦਾਂ ਦੇ ਬਰਾਬਰ ਦਾ ਦਰਜਾ ਦੇ ਕੇ ਉਨ੍ਹਾਂ ਨੂੰ ਪੂਰਾ ਮਾਨ ਸਤਿਕਾਰ ਦੇਣ ਦੇ ਕਾਰਜ ਦੀ ਆਰੰਭਤਾ ਵੀ ਕੀਤੀ।ਇਸ ਦੌਰਾਨ ਉਨ੍ਹਾਂ ਨੇ ਮਾਤਾ ਵਿਪਨਪ੍ਰੀਤ ਕੌਰ ਸਰਪ੍ਰਸਤ ਬਾਬਾ ਕੁੰਦਨ ਸਿੰਘ ਭਲਾਈ ਟਰੱਸਟ ਦੀ ਸੁਹਿਰਦ ਪ੍ਰੇਣਾ ਹੇਠ ਕਰਵਾਏ ਗਏ ਸਮਾਗਮ ਦੀ ਸ਼ਲਾਘਾ ਕੀਤੀ।ਇਸਤਰੀ ਸਤਿਸੰਗ ਸਭਾਵਾਂ ਦੀਆਂ ਬੀਬੀਆਂ ਦੇ ਕੀਰਤਨੀ ਜੱਥਿਆ ਨੇ ਗੁਰਬਾਣੀ ਦਾ ਆਨੰਦਮਈ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਪੰਥ ਦੇ ਮਹਾਨ ਪ੍ਰਚਾਰਕ ਸੰਤ ਬਾਬਾ ਅਮੀਰ ਸਿੰਘ ਜਵੱਦੀ ਟਕਸਾਲ,. ਪ੍ਰਿਤਪਾਲ ਸਿੰਘ, ਭਾਈ ਅਮਰਜੀਤ ਸਿੰਘ ਚਾਵਲਾ ਅਤੇ ਭਾਈ ਮੇਜਰ ਸਿੰਘ ਖਾਲਸਾ ਸਮੇਤ ਕਈ ਉੱਘੀਆਂ ਸ਼ਖ਼ਸੀਅਤਾਂ ਨੇ ਆਪਣੀਆਂ ਹਾਜ਼ਰੀਆਂ ਭਰਕੇ ਗੁਰੂ ਸਾਹਿਬਾਨ ਵੱਲੋਂ ਇਸਤਰੀ ਜਾਤੀ ਨੂੰ ਬਖਸ਼ੇ ਮਾਣ ਸਤਿਕਾਰ ਦੀ ਮਹੱਤਤਾ ਸਬੰਧੀ ਆਪਣੇ ਖੋਜ ਭਰਪੂਰ ਵਿਚਾਰਾਂ ਦਾ ਪ੍ਰਗਟਾਵਾ ਵੀ ਕੀਤਾ। ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਦਰਜੀਤ ਸਿੰਘ ਮੱਕੜ ਅਤੇ ਹੋਰਾਂ ਵੱਲੋਂ ਦੇਸ਼- ਕੌਮ ਦਾ ਨਾਮ ਰੋਸ਼ਨ ਕਰਨ ਵਾਲੀਆਂ ਤੇ ਸਮਾਜ ਨੂੰ ਆਪਣੀਆਂ ਵਡਮੁੱਲੀਆਂ ਸੇਵਾਵਾਂ ਦੇਣ ਵਾਲੀਆਂ ਮਾਈ ਭਾਗੋ ਦੀਆਂ ਵਾਰਿਸ ਇਸਤਰੀਆਂ ਬੀਬੀ ਪਰਮਜੀਤ ਕੌਰ ਅੰਮ੍ਰਿਤਸਰ ਵਾਲੇ, ਬੀਬੀ ਚਰਨਜੀਤ ਕੌਰ (ਮਾਤਾ ਭਾਈ ਗੁਰਸ਼ਰਨ ਸਿੰਘ), ਬੀਬੀ ਰਜਿੰਦਰ ਕੌਰ (ਪ੍ਰਭ ਆਸਰਾ ਕੁਰਾਲੀ) ਪ੍ਰਿੰਸੀਪਲ ਦਰਸ਼ਪ੍ਰੀਤ ਕੌਰ (ਗੁਰੂ ਨਾਨਕ ਪਬਲਿਕ ਸਕੂਲ) ਸਮੇਤ ਹੋਰ ਕਈ ਪ੍ਰਮੁੱਖ ਇਸਤਰੀਆਂ ਨੂੰ ਵੱਖ ਵੱਖ ਪ੍ਰਮੁੱਖ ਸਿੱਖ ਗੁਰੂ ਮਾਤਾਵਾਂ ਅਤੇ ਬੀਬੀਆਂ ਦੇ ਨਾਮਾਂ ਉੱਪਰ ਤਿਆਰ ਕੀਤੇ ਗਏ ਯਾਦਗਾਰੀ ਸਨਮਾਨਾ ਨਾਲ ਵਿਸੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ ਗਿਆ! ਸਮਾਗਮ ਦੇ ਅੰਤ ਵਿੱਚ ਮਾਤਾ ਵਿਪਨਪ੍ਰੀਤ ਕੌਰ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ।

# 'ਮੌਜੂਦਾ ਰਾਜ ਪ੍ਰਬੰਧ 'ਚ ਔਰਤਾਂ ਦੀ ਦਾਸਤਾਨ' ਬਾਰੇ ਵਿਚਾਰਾਂ ਰਾਹੀਂ ਸਰਕਾਰਾਂ ਦੀ ਭੂਮਿਕਾ ਕੀਤੀ ਬੇਪਰਦ



ਲੁਧਿਆਣਾ, 9 ਮਾਰਚ (ਰਵਿੰਦਰ ਸਿੰਘ ਨਿੱਝਰ) : ਜਮਹੂਰੀ ਅਧਿਕਾਰ ਸਭਾ ਪੰਜਾਬ (ਜ਼ਿਲ੍ਹਾ ਲੁਧਿਆਣਾ) ਦੀ ਕਾਰਕੁੰਨ ਮੀਨਾਕਸ਼ੀ ਉਰਫ ਮੀਨੂੰ ਦੀ ਸਟੇਜ ਸੰਚਾਲਨਾ ਅਤੇ ਮੁੱਖ ਵਕਤਾ ਸੁਰਿੰਦਰ ਜੈਪਾਲ ਅਤੇ ਸੁਰਿੰਦਰ ਬਰਾੜ ਦੀ ਪ੍ਰਧਾਨਗੀ ਹੇਠ ਹੋਏ ਇਸ ਸੈਮੀਨਾਰ ਵਿੱਚ ਘਰੇਲੂ ਕੰਮ ਕਾਰ ਕਰ ਰਹੀਆਂ ਔਰਤਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ।ਸੈਮੀਨਾਰ ਦੀ ਰਿਪੋਰਟ ਬਾਰੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਜਮਹੂਰੀ ਅਧਿਕਾਰ ਸਭਾ (ਜ਼ਿਲ੍ਹਾ ਲੁਧਿਆਣਾ) ਦੇ ਪ੍ਰਧਾਨ ਜਸਵੰਤ ਜ਼ੀਰਖ ਅਨੁਸਾਰ , ਸੁਰਿੰਦਰ ਜੈਪਾਲ ਨੇ ਇਸ ਮੌਕੇ ਬੀਜੇਪੀ ਸਰਕਾਰ ਸਮੇਤ ਹੋਰ ਸਿਆਸਤਦਾਨਾਂ ਵਿੱਚ ਰਾਜ ਭਾਗ ਦੇ ਭਾਗੀਦਾਰ ਆਗੂਆਂ ਦੀ ਔਰਤ ਵਿਰੋਧੀ ਮਾਨਸਿਕਤਾ ਦੇ ਚਿਹਰੇ ਬੇਨਿਕਾਬ ਕੀਤੇ ।ਸਰਕਾਰੀ ਸਰਪ੍ਰਸਤੀ ਹੇਠ ਬਿਲਕਸ ਬਾਨੋ ਕੇਸ ਦੇ ਬਲਾਤਕਾਰੀਆਂ ਨੂੰ ਚੰਗੇ ਸੰਸਕਾਰੀ ਕਹਿ ਕੇ, ਸਜ਼ਾ ਤੋਂ ਮੁਕਤ ਕਰਵਾਉਣ ਦੀ ਕਾਰਵਾਈ ਵਿੱਚ ਸਰਕਾਰ ਦੀ ਭੂਮਿਕਾ ਬੇਪਰਦ ਕਰਦਿਆਂ ਉਹਨਾਂ ਮਨੀਪੁਰ, ਦਿੱਲੀ ਅਤੇ ਹੋਰ ਵੱਖ ਵੱਖ ਥਾਵਾਂ 'ਤੇ ਸਰਕਾਰ ਦੇ ਨੱਕ ਹੇਠ ਔਰਤਾਂ ਨਾਲ ਹੋਏ ਜ਼ੁਲਮਾਂ ਦੀ ਦਾਸਤਾਨ ਸਾਂਝੀ ਕਰਦਿਆਂ ਸਰਕਾਰਾਂ ਨੂੰ ਮੁੱਖ ਦੋਸ਼ੀ ਗਰਦਾਨਿਆ। ਉਹਨਾਂ ਕਿਹਾ ਕਿ ਔਰਤਾਂ ਵੱਲੋਂ ਅਜਿਹੇ ਜ਼ੁਲਮਾਂ ਖ਼ਿਲਾਫ਼ ਖੁਦ ਜੱਥੇਬੰਦ ਹੋ ਕੇ ਆਵਾਜ਼ ਉਠਾਉਣੀ ਸਮੇਂ ਦੀ ਵੱਡੀ ਲੋੜ ਹੈ। ਉਹਨਾਂ ਸਮਾਜ ਵਿੱਚ ਔਰਤਾਂ ਦੇ ਹੱਕਾਂ ਦੀ ਗੱਲ ਕਰਨ ਅਤੇ ਸੰਘਰਸ਼ ਵਿੱਚ ਸਹਿਯੋਗ ਦੇਣ ਵਾਲੇ ਮਰਦਾਂ ਦਾ ਸਾਥ ਦੇਣ ਲਈ ਵੀ ਔਰਤਾਂ ਨੂੰ ਅੱਗੇ ਆਉਣ ਦਾ ਸੱਦਾ ਦਿੱਤਾ। ਉੱਘੇ ਚਿੰਤਕ ਮਾ ਰਾਜ ਕੁਮਾਰ ਵੱਲੋਂ ਇਸ ਸਮੇਂ ਔਰਤ ਦੀ ਸਮਾਜ ਲਈ ਨਿਭਾਈ ਜਾਂਦੀ ਘਾਲਣਾ ਬਾਰੇ ਗੀਤ ਪੇਸ਼ ਕੀਤਾ।ਇਨਕਲਾਬੀ ਮਜ਼ਦੂਰ ਕੇਂਦਰ ਲੁਧਿਆਣਾ ਦੀ ਕਾਰਕੁੰਨ ਰਵਿਤਾ ਅਤੇ ਪ੍ਰਮਜੀਤ ਕੌਰ ਨੇ ਵੀ ਇਸ ਮੌਕੇ ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਮੈਡਮ ਮਧੂ, ਹਰਜਿੰਦਰ ਕੌਰ, ਪ੍ਰਮਜੀਤ ਕੌਰ, ਨੀਲਮ ਕਸਤੂਰੀ, ਮੁਸਕਾਨ , ਪ੍ਰਿੰਕਾ ,ਸੰਤੋਸ਼ ਭਾਟੀਆ, ਰੇਖਾ, ਡਾ ਹਰਬੰਸ ਗਰੇਵਾਲ, ਪ੍ਰੋ ਏ ਕੇ ਮਲੇਰੀ, ਡਾ ਵਿਨੋਦ ਵਸ਼ਿਸਟ, ਸਤੀਸ਼ ਸੱਚਦੇਵਾ, ਪ੍ਰੋ ਜੈ ਪਾਲ ਸਿੰਘ, ਬਲਵਿੰਦਰ ਸਿੰਘ ਧਰਮਪਾਲ ਸਿੰਘ, ਅਰੁਣ ਕੁਮਾਰ, ਰਾਕੇਸ਼ ਆਜ਼ਾਦ ,ਅਜਮੇਰ ਦਾਖਾ, ਮਾ ਸੁਰਜੀਤ ਸਿੰਘ, ਐਡਵੋਕੇਟ ਨਰਿੰਦਰ ਸਿੰਘ ਅਤੇ ਹੋਰਾਂ ਨੇ ਸ਼ਿਰਕਤ ਕੀਤੀ ।

# ਮਹਿਲਾ ਦਿਵਸ ਮੌਕੇ ਮਹਿਲਾ ਸਸ਼ਤਰੀਕਰਨ ਵਿਸ਼ੇ 'ਤੇ ਵਿਚਾਰ ਚਰਚਾ ਕਰਵਾਈ



ਲੁਧਿਆਣਾ, 9 ਮਾਰਚ (ਰਵਿੰਦਰ ਸਿੰਘ ਨਿੱਝਰ) ;ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਖੁਦ ਤੋਂ ਖੁਦ ਤੱਕ ਮੁਹਿੰਮ ਦੇ ਤਹਿਤ ਇੱਕ ਵਿਸ਼ੇਸ਼ ਵਿਚਾਰ-ਵਟਾਂਦਰਾ ਕੀਤਾ ਗਿਆ, ਜਿਸ ਵਿੱਚ ਵੱਖ-ਵੱਖ ਪੇਸ਼ਾਵਰ ਖੇਤਰਾਂ ਨਾਲ ਸੰਬੰਧਿਤ ਮਹਿਲਾਵਾਂ ਨੇ ਬੇਲਨ ਬ੍ਰਿਗੇਡ ਦੀ ਰਾਸ਼ਟਰੀ ਪ੍ਰਧਾਨ ਆਰਕੀਟੈਕਟ ਅਨੀਤਾ ਸ਼ਰਮਾ ਨਾਲ ਅਰਥਪੂਰਨ ਸੰਵਾਦ ਕੀਤਾ।ਇਸ ਦੌਰਾਨ ਵੱਖ-ਵੱਖ ਖੇਤਰਾਂ ਵਿੱਚ ਕੰਮ ਕਰ ਰਹੀਆਂ ਮਹਿਲਾਵਾਂ ਨੇ ਸਮਾਜ ਵਿੱਚ ਬਰਾਬਰੀ, ਸਨਮਾਨ ਅਤੇ ਆਪਣੇ ਅਧਿਕਾਰ ਪ੍ਰਾਪਤ ਕਰਨ ਸਬੰਧੀ ਆਪਣੇ ਤਜ਼ਰਬੇ, ਚੁਣੌਤੀਆਂ ਅਤੇ ਵਿਚਾਰ ਸਾਂਝੇ ਕੀਤੇ।ਸਭਾ ਨੂੰ ਸੰਬੋਧਨ ਕਰਦਿਆਂ ਨਵਕਿਰਣ ਵੂਮਨ ਵੈਲਫੇਅਰ ਐਸੋਸੀਏਸ਼ਨ ਅਤੇ ਬੇਲਨ ਬ੍ਰਿਗੇਡ ਦੀ ਰਾਸ਼ਟਰੀ ਪ੍ਰਧਾਨ ਅਨੀਤਾ ਸ਼ਰਮਾ ਨੇ ਕਿਹਾ ਕਿ ਅਸਲ ਸਸ਼ਕਤੀਕਰਨ ਤਦੋਂ ਹੀ ਸੰਭਵ ਹੈ ਜਦੋਂ ਔਰਤਾਂ ਆਪਣੇ ਅੰਦਰ ਦੀ ਤਾਕਤ ਨੂੰ ਪਛਾਣਦੀਆਂ ਹਨ ਅਤੇ ਸਮਾਜ ਵਿੱਚ ਆਪਣੀ ਹੱਕਦਾਰ ਜਗ੍ਹਾ ਲਈ ਖੁੱਲ੍ਹ ਕੇ ਅੱਗੇ ਆਉਂਦੀਆਂ ਹਨ। ਅਨੀਤਾ ਨੇ ਔਰਤਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਅਧਿਕਾਰਾਂ ਲਈ ਖੜ੍ਹੀਆਂ ਹੋਣ, ਆਪਣੇ ਪਰਿਵਾਰਾਂ ਦੀ ਭਲਾਈ ਲਈ ਯੋਗਦਾਨ ਪਾਉਣ ਅਤੇ ਮਹਿਲਾਵਾਂ ਉੱਤੇ ਹੋ ਰਹੇ ਅਨਿਆਏ ਅਤੇ ਜ਼ੁਲਮਾਂ ਦੇ ਖ਼ਿਲਾਫ਼ ਡਟ ਕੇ ਆਵਾਜ਼ ਬੁਲੰਦ ਕਰਨ। ਇਸ ਵਿਚਾਰ-ਵਟਾਂਦਰੇ ਵਿੱਚ ਸ਼ੈਲੀ ਕਥੂਰੀਆ, ਅਨੂ ਸ਼ਰਮਾ, ਪ੍ਰੀਆ ਬੇਦੀ, ਕਵਿਤਾ, ਨਿਸ਼ਾ ਨੈਯਰ, ਸ਼ੋਭਿਤਾ ਭਸੀਨ, ਮਨਜੀਤ ਕੌਰ, ਨਿਸ਼ਠਾ ਨੈਯਰ, ਪੂਨਮ ਅਤੇ ਲਕਸ਼ਮੀ ਵਰਮਾ ਸ਼ਾਮਲ ਸਨ।ਇਸ ਚਰਚਾ ਨੇ ਇੱਕ ਮਜ਼ਬੂਤ ਸਾਂਝਾ ਸੰਦੇਸ਼ ਦਿੱਤਾ ਕਿ ਮਹਿਲਾ ਸਸ਼ਕਤੀਕਰਨ ਦੀ ਅਸਲੀ ਸ਼ੁਰੂਆਤ ਆਪਣੇ ਆਪ 'ਤੇ ਵਿਸ਼ਵਾਸ, ਹਿੰਮਤ ਅਤੇ ਮਹਿਲਾਵਾਂ ਵਿੱਚ ਆਪਸੀ ਏਕਤਾ ਨਾਲ ਹੁੰਦੀ ਹੈ।

# ਸਾਰੀਆਂ ਗਰੰਟੀਆਂ ਪੂਰੀਆਂ ਕਰਨ ਵੱਲ ਸਰਕਾਰ ਦਾ ਵੱਡਾ ਕਦਮ

## ਮਾਨ ਸਰਕਾਰ ਦਾ ਬਜਟ ਹਰ ਵਰਗ ਲਈ ਲਾਭਦਾਇਕ : ਗਿੱਲ ਅਤੇ ਦੈਹਿੜੂ





ਖੰਨਾ, ਲੁਧਿਆਣਾ, 9 ਮਾਰਚ (ਸੰਜੀਵ ਲਹਿਲ): ਚੇਅਰਮੈਨ ਮਾਰਕੀਟ ਕਮੇਟੀ ਖੰਨਾ ਜਗਤਾਰ ਸਿੰਘ ਗਿੱਲ ਰਤਨਹੇੜੀ ਅਤੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਮਾਸਟਰ ਅਵਤਾਰ ਸਿੰਘ ਦੈਹਿੜੂ ਨੇ ਸਾਂਝੇ ਤੌਰ 'ਤੇ ਬਿਆਨ ਜਾਰੀ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਨੇ ਆਪਣਾ ਸਭ ਤੋਂ ਵੱਡਾ ਚੋਣ ਵਾਅਦਾ ਪੂਰਾ ਕਰ ਦਿੱਤਾ ਹੈ, ਜਿਸ ਤਹਿਤ ਪੰਜਾਬ ਭਰ ਦੀਆਂ ਮਹਿਲਾਵਾਂ ਨੂੰ ਮਹੀਨਾਵਾਰ ਵਿੱਤੀ ਸਹਾਇਤਾ ਪ੍ਰਦਾਨ ਕਰਨ ਲਈ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਸ਼ੁਰੂ ਕੀਤੀ ਗਈ ਹੈ। ਇਸ ਯੋਜਨਾ ਤਹਿਤ ਮਹਿਲਾਵਾਂ ਨੂੰ ਪ੍ਰਤੀ ਮਹੀਨਾ 1,000 ਰੁਪਏ, ਜਦਕਿ ਅਨੁਸੂਚਿਤ ਜਾਤੀ ਭਾਈਚਾਰਿਆਂ ਨਾਲ ਸਬੰਧਤ ਔਰਤਾਂ ਨੂੰ 1,500 ਮਿਲਣਗੇ, ਜਿਸ ਲਈ ਬਜਟ ਵਿੱਚ 9,300 ਕਰੋੜ ਰੁਪਏ ਦੀ ਵਿਵਸਥਾ ਕੀਤੀ ਗਈ ਹੈ।

ਦੋਵੇਂ ਆਗੂਆਂ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਸਰਕਾਰ ਦਾ ਸਾਰੀਆਂ ਗਰੰਟੀਆਂ ਪੂਰੀਆਂ ਬਜਟ ਚੋਣ ਵਾਅਦਿਆਂ ਨੂੰ ਪੂਰਾ ਕਰਨ ਸਬੰਧੀ ਆਮ ਆਦਮੀ ਪਾਰਟੀ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਇਸਦੇ ਨਾਲ ਹੀ ਬਜਟ ਵਿੱਚ ਸੂਬੇ ਭਰ ਦੀਆਂ ਔਰਤਾਂ ਨੂੰ ਸਸ਼ਕਤ ਬਣਾਉਣ ਅਤੇ ਹਰ ਇੱਕ ਪੰਜਾਬੀ ਪਰਿਵਾਰ ਨੂੰ ਸਮਰਥਨ ਦੇਣ ਲਈ ਮੁਫਤ ਬੱਸ ਯਾਤਰਾ, ਮੁਫਤ ਬਿਜਲੀ ਅਤੇ ਨਕਦੀ ਰਹਿਤ ਸਿਹਤ ਸੰਭਾਲ ਵਰਗੀਆਂ ਸਹੂਲਤਾਂ ਨੂੰ ਵਿਸ਼ੇਸ਼ ਤਵੱਜੋ ਦਿੱਤੀ ਗਈ ਹੈ।

ਪੰਜਾਬ ਦੇ ਬਜਟ ਨੂੰ ਲੋਕ-ਪੱਖੀ ਦੱਸਦਿਆਂ ਇਹਨਾਂ ਆਗੂਆਂ ਨੇ ਕਿਹਾ ਕਿ ਬਜਟ ਇਹ ਯਕੀਨੀ ਬਣਾਉਂਦਾ ਹੈ ਕਿ ਔਰਤਾਂ ਅਤੇ ਸਮਾਜ ਦੇ ਹੋਰ ਵਰਗਾਂ ਨੂੰ ਭਲਾਈ ਉਪਾਵਾਂ ਅਤੇ ਜਨਤਕ ਸੇਵਾਵਾਂ ਰਾਹੀਂ ਨਿਰੰਤਰ ਸਹਾਇਤਾ ਮਿਲਦੀ ਰਹੇ।

ਇਹਨਾਂ ਆਗੂਆਂ ਨੇ ਸਮਾਜ ਦੇ ਹਰ ਵਰਗ ਦਾ ਧਿਆਨ ਰੱਖਣ ਵਾਲਾ ਬਜਟ ਪੇਸ਼ ਕਰਨ ਲਈ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਇਹ ਸਿਰਫ਼ ਇੱਕ ਬਜਟ ਨਹੀਂ ਹੈ ਸਗੋਂ ਰਾਜ ਦੀ ਤਰੱਕੀ ਅਤੇ ਇਸਦੇ ਲੋਕਾਂ ਦੀ ਖੁਸ਼ਹਾਲੀ ਦਾ ਪ੍ਰਤੀਕ ਹੈ।

ਉਨ੍ਹਾਂ ਕਿਹਾ ਕਿ ਪਹਿਲਾਂ ਦੇ ਬਜਟ ਅਕਸਰ ਕਾਗਜ਼ੀ ਐਲਾਨਾਂ ਤੱਕ ਸੀਮਤ ਰਹਿੰਦੇ ਸਨ, ਜਦਕਿ ਲੋਕਾਂ ਨੂੰ ਅਸਲ ਮਾਇਨੇ ਵਿੱਚ ਇਨ੍ਹਾਂ ਬਜਟਾਂ ਦਾ ਕੋਈ ਬਹੁਤਾ ਲਾਭ ਨਹੀਂ ਸੀ ਹੁੰਦਾ। ਪਿਛਲੀਆਂ ਸਰਕਾਰਾਂ ਦੇ ਕਾਰਜਕਾਲ ਦੌਰਾਨ ਪੇਸ਼ ਹੋਏ ਬਜਟ ਨਾਗਰਿਕਾਂ ਦੇ ਜੀਵਨ ਨੂੰ ਬਿਹਤਰ ਬਣਾਉਣ ਲਈ ਠੋਸ ਨੀਤੀਆਂ ਲਿਆਉਣ ਦੀ ਬਜਾਏ ਸਦਾ ਬਿਆਨਬਾਜ਼ੀ ਅਤੇ ਕਾਗਜ਼ੀ ਹਵਾਲਿਆਂ ਤੱਕ ਸੀਮਤ ਰਹਿੰਦੇ ਸਨ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਸਸ਼ਕਤ ਬਣਾਉਣ ਲਈ ਵੱਖ-ਵੱਖ ਯੋਜਨਾਵਾਂ ਲਾਗੂ ਕੀਤੀਆਂ ਜਾ ਰਹੀਆਂ ਹਨ, ਜਿਨ੍ਹਾਂ ਵਿੱਚ ਮੁਫਤ ਬੱਸ ਯਾਤਰਾ, ਮੁਫਤ ਬਿਜਲੀ ਅਤੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਨਕਦੀ ਰਹਿਤ ਇਲਾਜ ਸ਼ਾਮਲ ਹੈ।

ਜਗਤਾਰ ਸਿੰਘ ਗਿੱਲ ਰਤਨਹੇੜੀ ਅਤੇ ਮਾਸਟਰ ਅਵਤਾਰ ਸਿੰਘ ਦੈਹਿੜੂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਕੋਲ ਆਪਣੇ ਪ੍ਰੋਗਰਾਮਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਢੁਕਵੇਂ ਵਿੱਤੀ ਸਰੋਤ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕੋਲ ਪੈਸੇ ਦੀ ਕੋਈ ਕਮੀ ਨਹੀਂ ਹੈ ਕਿਉਂਕਿ ਸਰਕਾਰ ਦੇ ਇਰਾਦੇ ਸਪੱਸ਼ਟ ਅਤੇ ਇਮਾਨਦਾਰ ਹਨ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਨੇ ਵਿੱਤੀ ਪ੍ਰਬੰਧਨ ਵਿੱਚ ਸੁਧਾਰ ਕਰਦਿਆਂ ਇਹ ਯਕੀਨੀ ਬਣਾਇਆ ਹੈ ਕਿ ਜਨਤਕ ਫੰਡਾਂ ਦੀ ਵਰਤੋਂ ਲੋਕ ਭਲਾਈ ਅਤੇ ਵਿਕਾਸ ਲਈ ਹੋਵੇ। ਉਨ੍ਹਾਂ ਕਿਹਾ ਕਿ ਸਰਕਾਰ ਇਮਾਨਦਾਰੀ ਨਾਲ ਕੰਮ ਕਰ ਰਹੀ ਹੈ, ਜਿਸ ਸਦਕਾ ਸਿੱਖਿਆ, ਸਿਹਤ ਸੰਭਾਲ ਅਤੇ ਬੁਨਿਆਦੀ ਢਾਂਚੇ ਵਰਗੇ ਖੇਤਰਾਂ ਵਿੱਚ ਵੱਡੇ ਸੁਧਾਰ ਦੇਖਣ ਨੂੰ ਮਿਲ ਰਹੇ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਇਮਾਨਦਾਰੀ ਨਾਲ ਕੰਮ ਕਰ ਰਹੀ ਹੈ ਜਿਸ ਦੇ ਚਲਦਿਆਂ ਸੂਬੇ ਭਰ ਵਿੱਚ ਸਕੂਲ, ਹਸਪਤਾਲ, ਸੜਕਾਂ ਅਤੇ ਆਮ ਆਦਮੀ ਕਲੀਨਿਕ ਬਣਾਏ ਗਏ ਹਨ ਅਤੇ ਬਣਾਏ ਜਾ ਰਹੇ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਬਿਜਲੀ ਸਪਲਾਈ ਵਿੱਚ ਸੁਧਾਰ, ਸਿੰਚਾਈ ਪ੍ਰਣਾਲੀਆਂ ਨੂੰ ਮਜ਼ਬੂਤ ਕਰਨ ਅਤੇ ਕਿਸਾਨਾਂ ਨੂੰ ਨਿਰਵਿਘਨ ਅਤੇ ਲੋੜੀਂਦੀ ਬਿਜਲੀ ਦੇਣ ਲਈ ਮਹੱਤਵਪੂਰਨ ਕਦਮ ਚੁੱਕੇ ਹਨ। ਇਨ੍ਹਾਂ ਉਦੇਸ਼ਾਂ ਲਈ ਥਰਮਲ ਪਾਵਰ ਪਲਾਂਟ ਖ਼ਰੀਦ ਕੀਤੇ ਹਨ ਅਤੇ ਖਰੀਦੇ ਜਾ ਰਹੇ ਹਨ, ਨਹਿਰੀ ਪਾਣੀ ਟੇਲਾਂ 'ਤੇ ਵਸਦੇ ਕਿਸਾਨਾਂ ਤੱਕ ਪਹੁੰਚ ਰਿਹਾ ਹੈ ਅਤੇ ਖਪਤਕਾਰਾਂ ਨੂੰ ਲਾਭ ਪਹੁੰਚਾਉਣ ਲਈ ਬਿਜਲੀ ਦਰਾਂ ਨੂੰ ਤਰਕਸੰਗਤ ਬਣਾਇਆ ਗਿਆ ਹੈ। ਪਿਛਲੇ ਚਾਰ ਸਾਲਾਂ ਵਿੱਚ ਸੂਬਾ ਸਰਕਾਰ ਨੇ ਲੋਕਾਂ ਨਾਲ ਕੀਤੇ ਵਾਅਦਿਆਂ ਅਨੁਸਾਰ ਸਾਰੀਆਂ ਗਰੰਟੀਆਂ ਪੂਰੀਆਂ ਕਰਨ ਦੇ ਨਾਲ-ਨਾਲ ਇਸ ਤੋਂ ਵੱਧ ਕੇ ਹੋਰ ਵੀ ਕਈ ਕੰਮ ਕੀਤੇ ਹਨ ਜਿਨ੍ਹਾਂ ਵਿੱਚ ਆਮ ਲੋਕਾਂ 'ਤੇ ਬੋਝ ਪਾ ਰਹੇ ਟੋਲ ਪਲਾਜ਼ਿਆਂ ਨੂੰ ਬੰਦ ਕਰਨਾ ਆਦਿ ਸ਼ਾਮਲ ਹੈ। ਇਹ ਕਦਮ ਚੁੱਕਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਇਹ ਯਕੀਨੀ ਬਣਾਉਣ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ ਕਿ ਲੋਕਾਂ ਨੂੰ ਸੁਚੱਜੇ ਸ਼ਾਸਨ ਜ਼ਰੀਏ ਹਰ ਸੰਭਵ ਲਾਭ ਮਿਲੇ।

# ਪੀਰ ਬਾਬੇ ਦੇ ਜਨਮ ਦਿਹਾੜੇ ਮੇਲੇ ਤੇ ਝੰਡਾ ਤੇ ਚਾਦਰ ਦੀ ਰਸਮ ਦੌਰਾਨ ਲੰਗਰ ਲਗਾਇਆ



ਜਗਰਾਓਂ 9 ਮਾਰਚ (ਵਿਸ਼ਾਲ ਅੱਤਰੇ/ਆਰੀਅਨ ਅੱਤਰੇ) : ਜਗਰਾਓਂ ਨੇੜੇ ਕੋਠੇ ਹਰੀ ਨਾਨਕਸਰ ਮਾਰਗ ਤੇ ਸ਼ਾਹੀ ਪੀਰ ਬਾਬਾ ਕੁਤਬਦੀਨ ਧੌੜੇ ਵਾਲੇ ਦੀ ਪਵਿੱਤਰ ਦਰਗਾਹ ਤੇ ਜਨਮ ਦਿਹਾੜੇ ਤੇ ਜਗਰਾਓਂ ਅਤੇ ਨਾਨਕਸਰ ਦੀ ਪ੍ਰਬੰਧਕ ਲੰਗਰ ਕਮੇਟੀ ਵੱਲੋਂ 30 ਵਾ ਲੰਗਰ ਲਗਾਇਆ ਗਿਆ ਝੰਡੇ ਦੀ ਰਸਮ ਰਮੇਸ਼ਇੰਦਰ ਸਿੰਘ ਸਿੱਧੂ ਵੱਲੋਂ ਕੀਤੀ ਗਈ। ਦਰਗਾਹ ਤੇ ਚਾਦਰ ਦੀ ਰਸਮ ਵਿਸ਼ੇਸ਼ ਤੌਰ ਤੇ ਆਪਣੀ ਸੰਗਤ ਨਾਲ ਦਰਬਾਰ ਤੇ ਪਹੁੰਚੇ ਗੱਦੀ ਨਸ਼ੀਨ ਬਾਬਾ ਛਿੰਦਾ ਨਾਥ ਜੀ ਅਤੇ ਉਨ੍ਹਾਂ ਦੀ ਧਰਮ ਪਤਨੀ ਪ੍ਰੀ ਵਰਮਾ ਨੇ ਕੀਤੀ। ਇਸ ਮੌਕੇ ਮੁੱਖ ਸੇਵਾਦਾਰ ਬਾਬਾ ਦੇਵ ਤੇ ਬਾਬਾ ਛਿੰਦਾ ਜੀ ਨੇ ਪ੍ਰਬੰਧਕ ਲੰਗਰ ਕਮੇਟੀ ਤੇ ਮੁੱਖ ਮਹਿਮਾਨਾਂ ਨੂੰ ਸਰੋਪਾ ਦੇ ਕੇ ਸਨਮਾਨਿਤ ਕੀਤਾ। ਦਰਗਾਹ ਤੇ ਆਈਆਂ ਸੰਗਤਾਂ ਨੂੰ ਕੌਫ਼ੀ ਪਕੌੜੇ ਜਲੇਬੀ ਪ੍ਰਸਾਦਾ ਛਕਾਇਆ। ਪੀਰ ਦੀ ਦਰਗਾਹ ਤੇ ਪ੍ਰਸਿੱਧ ਕਵਾਲਾਂ ਨੇ ਕਵਾਲੀਆਂ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ, ਸਵਰਨਜੀਤ ਧਾਲੀਵਾਲ, ਐਸ਼ਪੀ ਬੌਬੀ , ਜਤਿੰਦਰ ਕਲਿਆਣ, ਬੱਬੀ,ਗਿਆਨ ਦੇਵ ਬੇਰੀ, ਦੀਪਕ ਸਿੰਘ, ਮਾਂਹੀ ਜਗਰਾਓਂ,ਗੁਰਸਰਨ ਸਿੰਘ, ਮਨਪ੍ਰੀਤ ਗਰੇਵਾਲ , ਰਾਣਾ ਕੰਡਾ, ਗੋਰਾ ਜਗਰਾਓਂ,ਰੋਹਿਤ, ਮੋਹਿਤ ਵਰਮਾ, ਬੰਟੂ,ਕੌਂਸਲਰ ਵਿਕਰਮ ਜੱਸੀ,ਵਿਨੇ ਕਲਿਆਣ, ਸਰਬਜੀਤ ਸਿੰਘ ਲੰਕਾ,ਭੁਪਿੰਦਰ ਕੁਮਾਰ ,ਮੰਟੂ ਚੋਪੜਾ, ਇਕਬਾਲ ਸਿੰਘ,ਜੀਤ ਸਿੰਘ, ਮਨਜਿੰਦਰ ਸਿੰਘ,ਸਵਰਨ ਸਿੰਘ, ਸੁਖਦੇਵ ਸਿੰਘ,ਕੁਲਦੀਪ ਸਿੰਘ,ਹਰਸ ਧਾਲੀਵਾਲ, ਯਸ਼ ਧਾਲੀਵਾਲ ,ਦੀਪੂ,ਗੁਰੀ, ਸਾਹਿਲ, ਸੰਦੀਪ, ਗਾਂਧੀ,ਅਕਾਸ ਧਾਲੀਵਾਲ, ਆਦਿ ਹਾਜਰ ਸਨ।

# ਰਬੜ ਕਿੰਗ ਟਾਇਰਜ਼ ਨੇ ਲੁਧਿਆਣਾ ਵਿੱਚ ਆਪਣਾ ਗੋਦਾਮ ਬਣਾਇਆ



ਲੁਧਿਆਣਾ, 9 ਮਾਰਚ (ਰਵਿੰਦਰ ਸਿੰਘ ਨਿੱਝਰ) : ਰਬੜ ਕਿੰਗ ਟਾਇਰਜ਼ ਨੇ ਉੱਤਰੀ ਭਾਰਤ ਵੰਡ ਨੈੱਟਵਰਕ ਨੂੰ ਮਜ਼ਬੂਤ ਕਰਨ ਲਈ ਲੁਧਿਆਣਾ ਵਿੱਚ ਆਪਣਾ ਨਵਾਂ ਵੇਅਰਹਾਊਸ ਖੋਲ੍ਹਿਆ ਹੈ। ਲੁਧਿਆਣਾ ਵੇਅਰਹਾਊਸ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਜੰਮੂ ਅਤੇ ਕਸ਼ਮੀਰ, ਰਾਜਸਥਾਨ ਅਤੇ ਆਲੇ ਦੁਆਲੇ ਦੇ ਰਾਜਾਂ ਲਈ ਇੱਕ ਕੇਂਦਰੀ ਵੰਡ ਕੇਂਦਰ ਵਜੋਂ ਕੰਮ ਕਰੇਗਾ। ਇਸ ਮੌਕੇ ਉੱਦਮੀ ਸੰਸਥਾਪਕ ਡੇਵਿਨ ਗਾਵਰਵਾਲਾ ਨੇ ਕਿਹਾ ਕਿ ਇਹ ਗੋਦਾਮ ਰਬੜ ਕਿੰਗ ਟਾਇਰਜ਼ ਦੀ ਸੰਚਾਲਨ ਉੱਤਮਤਾ, ਡੀਲਰ ਸੰਤੁਸ਼ਟੀ ਅਤੇ ਪ੍ਰਤੀਯੋਗੀ ਭਾਰਤੀ ਟਾਇਰ ਬਾਜ਼ਾਰ ਵਿੱਚ ਟਿਕਾਊ ਵਿਕਾਸ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਕੰਪਨੀ ਦਾ ਮੁੱਖ ਦਫਤਰ ਅਹਿਮਦਾਬਾਦ, ਗੁਜਰਾਤ ਵਿੱਚ ਹੈ, ਉਦਯੋਗਿਕ ਅਤੇ ਗਤੀਸ਼ੀਲਤਾ ਐਪਲੀਕੇਸ਼ਨਾਂ ਲਈ ਤਿਆਰ ਕੀਤੇ ਗਏ ਟਾਇਰਾਂ ਦਾ ਨਿਰਮਾਤਾ ਹੈ। ਕੰਪਨੀ OTR (ਆਫ-ਦ-ਰੋਡ), ਉਦਯੋਗਿਕ ਅਤੇ ਖੇਤੀਬਾੜੀ ਟਾਇਰ ਹਿੱਸਿਆਂ ਵਿੱਚ ਇੱਕ ਵਿਸ਼ਾਲ ਪੋਰਟਫੋਲੀਓ ਪੇਸ਼ ਕਰਦੀ ਹੈ, ਜੋ ਲੌਜਿਸਟਿਕਸ, ਸਮੱਗਰੀ ਹੈਂਡਲਿੰਗ, ਬੁਨਿਆਦੀ ਢਾਂਚਾ ਅਤੇ ਖੇਤੀ ਵਰਗੇ ਖੇਤਰਾਂ ਨੂੰ ਪੂਰਾ ਕਰਦੀ ਹੈ।

# ਪਤਿਤਪੁਣੇ ਅਤੇ ਨਸ਼ਿਆਂ ਵਿਰੁੱਧ ਵਿਸ਼ਾਲ ਨਗਰ ਕੀਰਤਨ 13 ਅਪ੍ਰੈਲ ਨੂੰ



ਲੁਧਿਆਣਾ, 9 ਮਾਰਚ (ਰਵਿੰਦਰ ਸਿੰਘ ਨਿੱਝਰ) : ਨਵੀਂ ਬਣੀ ਜਥੇਬੰਦੀ ਸਰਬ ਸਾਂਝੀ ਵਾਰਤਾ ਟਰੱਸਟ ਵੱਲੋਂ ਖਾਲਸੇ ਦੇ ਜਨਮ ਦਿਹਾੜੇ ਤੇ ਵਿਸਾਖੀ ਵਾਲੇ ਦਿਨ 13 ਅਪ੍ਰੈਲ ਨੂੰ ਨਸ਼ਿਆਂ ਅਤੇ ਪਤਿਤਪੁਣੇ ਵਿਰੁੱਧ ਇੱਕ ਵਿਸ਼ਾਲ ਨਗਰ ਕੀਰਤਨ ਕੱਢਿਆ ਜਾ ਰਿਹਾ ਹੈ। ਇਸ ਸਬੰਧੀ ਹਰਪ੍ਰੀਤ ਸਿੰਘ ਡੰਗ ਦੇ ਮਾਡਲ ਟਾਊਨ ਸਥਿਤ ਦਫਤਰ ਵਿਖੇ ਹੋਈ ਟਰੱਸਟ ਦੀ ਮੀਟਿੰਗ ਬਾਰ ਡੰਗ ਨੇ ਦੱਸਿਆ ਕਿ 13 ਅਪ੍ਰੈਲ ਨੂੰ ਸਵੇਰੇ 10 ਵਜੇ ਇਹ ਨਗਰ ਕੀਰਤਨ ਗੁਰਦੁਆਰਾ ਕਲਗੀਧਰ ਸਾਹਿਬ ਲੁਧਿਆਣਾ ਤੋਂ ਸ਼ੁਰੂ ਹੋ ਕੇ ਗੁਰਦੁਆਰਾ ਮੰਜੀ ਸਾਹਿਬ ਆਲਮਗੀਰ ਵਿਖੇ ਸਮਾਪਤ ਹੋਵੇਗਾ। ਉਹਨਾਂ ਦੱਸਿਆ ਕਿ ਹਾਥੀ, ਘੋੜੇ, ਬੈਂਡ ਵਾਜੇ, ਫੌਜੀ ਬੈਂਡ, ਬੀਬੀਆਂ ਦੇ ਜਥੇ ਅਤੇ ਹੋਰ ਕੀਰਤਨੀ ਜਥੇ ਇਸ ਨਗਰ ਕੀਰਤਨ ਦੀ ਸ਼ੋਭਾ ਨੂੰ ਵਧਾਉਣਗੇ। ਉਹਨਾਂ ਦੱਸਿਆ ਕਿ ਨਗਰ ਕੀਰਤਨ ਸਬੰਧੀ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ ਅਤੇ ਵੱਖ ਵੱਖ ਪਿੰਡਾਂ ਅਤੇ ਸ਼ਹਿਰ ਦੇ ਗੁਰਦੁਆਰਾ ਸਾਹਿਬਾਨਾਂ ਵਿੱਚ ਜਾ ਕੇ ਮੁੱਖ ਸੇਵਾਦਾਰਾਂ ਨਾਲ ਤਾਲਮੇਲ ਕਰਕੇ ਸਭ ਨੂੰ ਨਗਰ ਕੀਰਤਨ ਵਿੱਚ ਸ਼ਾਮਿਲ ਹੋਣ ਦੀ ਬੇਨਤੀ ਕੀਤੀ ਜਾਵੇਗੀ। ਮੀਟਿੰਗ ਵਿੱਚ ਬਲਵਿੰਦਰ ਸਿੰਘ ਭੁੱਲਰ, ਸਰਬਜੀਤ ਸਿੰਘ ਛਾਪਾ, ਕਮਲਜੀਤ ਬਹਿਲ, ਹਰਪਾਲ ਸਿੰਘ ਖਾਲਸਾ, ਇੰਦਰਜੀਤ ਸਿੰਘ ਗੋਲਾ, ਜਸਦੀਪ ਸਿੰਘ ਕਾਉਂਕੇ, ਮਨਸਿਮਰਨ ਸਿੰਘ, ਜਸਵਿੰਦਰ ਸਿੰਘ ਖਾਲਸਾ, ਚਤੁਰਵੀਰ ਸਿੰਘ, ਕਮਲ ਅਰੋੜਾ, ਕੁਲਦੀਪ ਸਿੰਘ ਦੀਪਾ, ਗੁਰਦੀਪ ਸਿੰਘ ਰਾਣਾ ਡੰਗ, ਜਸਮੀਤ ਸਿੰਘ ਮੱਕੜ, ਸੰਤੋਖ ਸਿੰਘ, ਕੁਲਦੀਪ ਸਿੰਘ ਧਾਲੀਵਾਲ, ਪ੍ਰੀਤੀ ਅਰੋੜਾ, ਰਾਜਨ ਰੇਖੀ, ਰਾਣੀ ਧਾਲੀਵਾਲ, ਪ੍ਰੀਤੀ ਅਰੋੜਾ, ਬੌਬੀ ਕਥੂਰੀਆ, ਹਰਵਿੰਦਰ ਸਿੰਘ ਕਥੂਰੀਆ ਅਤੇ ਹਿਮਾਂਸ਼ੂ ਸੂਦ ਆਦਿ ਅਨੇਕਾਂ ਮੈਂਬਰ ਸ਼ਾਮਲ ਹੋਏ।

# ਗਲਾਡਾ ਵੱਲੋਂ ਪਿੰਡ ਦਾਦ 'ਚ ਸੜਕ ਨਿਰਮਾਣ ਕਾਰਜਾਂ ਨੂੰ ਪ੍ਰਵਾਨਗੀ



ਲੁਧਿਆਣਾ, 9 ਮਾਰਚ (ਵਿਸ਼ਾਲ ਸ਼ਰਮਾ): ਆਮ ਲੋਕਾਂ ਨੂੰ ਰਿਹਾਇਸ਼ ਲਈ ਬੁਨਿਆਦੀ ਢਾਂਚਾ ਮੁਹੱਈਆ ਕਰਵਾਉਣ ਲਈ ਵਚਨਬੱਧ, ਪੰਜਾਬ ਸਰਕਾਰ ਅਧੀਨ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਵਿਭਾਗ, ਗਲਾਡਾ ਵੱਲੋਂ ਪਿੰਡ ਦਾਦ, ਪੱਖੋਵਾਲ ਰੋਡ, ਲੁਧਿਆਣਾ ਵਿਖੇ ਪਾਲਮ ਵਿਹਾਰ ਕਲੋਨੀ ਅਤੇ ਨਿਊ ਭਗਤ ਸਿੰਘ ਨਗਰ ਕਲੋਨੀ ਵਿੱਚ ਸੜਕਾਂ ਦੀ ਮੁਰੰਮਤ ਦੇ ਕੰਮ ਕ੍ਰਮਵਾਰ 108 ਲੱਖ ਅਤੇ 5.50 ਲੱਖ ਰੁਪਏ ਗਲਾਡਾ ਪਾਸ ਸਬੰਧਿਤ ਕਲੋਨੀਆਂ ਦੇ ਜਮ੍ਹਾਂ ਰੈਗੂਲਰਾਈਜੇਸ਼ਨ ਫੰਡਾਂ ਦੀ ਵਰਤੋਂ ਕਰਕੇ ਕਰਵਾਉਣ ਸਬੰਧੀ ਕੇਸ ਸਮਰੱਥ ਕਮੇਟੀ ਵੱਲੋਂ ਪ੍ਰਵਾਨ ਕੀਤਾ ਗਿਆ।

ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਵੱਲੋਂ ਅਣਅਧਿਕਾਰਤ ਕਲੋਨੀਆਂ ਨੂੰ ਰੈਗੂਲਰਾਈਜ ਕਰਨ ਦੀ ਪਾਲਿਸੀ ਤਹਿਤ ਰੂਲਾਂ ਅਨੁਸਾਰ ਐਨ.ਓ.ਸੀ. ਜਾਰੀ ਕੀਤੀਆਂ ਜਾਂਦੀਆਂ ਹਨ। ਜਾਰੀ ਕੀਤੀਆਂ ਗਈਆਂ ਐਨ.ਓ.ਸੀ. ਅਨੁਸਾਰ ਕਲੋਨੀਆਂ ਦ ਰੈਗੂਲਰਾਈਜੇਸ਼ਨ ਸਬੰਧੀ ਜੋ ਫੰਡ ਪ੍ਰਾਪਤ ਹੁੰਦੇ ਹਨ, ਉਨ੍ਹਾਂ ਫੰਡਾਂ ਨੂੰ ਵਰਤ ਕੇ ਕਲੋਨੀ ਦੇ ਵਿਕਾਸ ਕਾਰਜ ਜਿਵੇਂ ਕਿ ਸੜਕਾਂ, ਸਟਰੀਟ ਲਾਈਟਾਂ, ਪਾਣੀ ਸੀਵਰੇਜ ਆਦਿ ਦੀਆਂ ਸੇਵਾਵਾਂ ਦੀ ਸਹੂਲੀਅਤ ਦਿੱਤੀ ਜਾਂਦੀ ਹੈ। ਅਧਿਕਾਰਤ ਨੁਮਾਇੰਦਿਆਂ ਵੱਲੋਂ ਇਹ ਵੀ ਦੱਸਿਆ ਗਿਆ ਕਿ ਜਿੱਥੇ ਪਾਲਮ ਵਿਹਾਰ ਕਲੋਨੀ ਅਤੇ ਨਿਊ ਭਗਤ ਸਿੰਘ ਨਗਰ ਕਲੋਨੀ ਦੇ ਮੁਰੰਮਤ ਕਾਰਜ ਸ਼ੁਰੂ ਕਰਨ ਸਬੰਧੀ ਕਾਰਵਾਈ ਪ੍ਰਗਤੀ ਅਧੀਨ ਹੈ, ਉੱਥੇ ਗਲਾਡਾ ਦਫਤਰ ਵਿਖੇ ਅਜਿਹੇ ਹੋਰ ਕੇਸ ਵੀ ਵਿਚਾਰ ਅਧੀਨ ਹਨ ਜੋਕਿ ਜਲਦ ਹੀ ਯੋਗ ਪ੍ਰਣਾਲੀ ਰਾਹੀਂ ਅਲਾਟ ਕਰਕੇ ਮੁਕੰਮਲ ਕਰਵਾਏ ਜਾਣਗੇ ਤਾਂ ਜੋ ਵਸਨੀਕਾਂ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ।

# ਵਿਧਾਨ ਸਭਾ ਸੈਸ਼ਨ 'ਚ ਵਿਧਾਇਕਾ ਮਾਣੂਕੇ ਨੇ ਦਰਿਆਈ ਬੰਨ੍ਹ ਅਤੇ ਬੱਚੀਆਂ ਦੀ ਸੁਰੱਖਿਆ ਦਾ ਮੁੱਦਾ ਚੁੱਕਿਆ



ਜਗਰਾਓਂ, 9 ਮਾਰਚ (ਵਿਸ਼ਾਲ ਅੱਤਰੇ/ਆਰੀਅਨ ਅੱਤਰੇ) : ਪੰਜਾਬ ਵਿਧਾਨ ਸਭਾ ਦੇ ਬਜਟ ਸੈਸ਼ਨ ਦੌਰਾਨ ਜਗਰਾਓਂ ਦੀ ਵਿਧਾਇਕਾ ਸਰਬਜੀਤ ਕੌਰ ਮਾਣੂਕੇ ਨੇ ਇਲਾਕੇ ਦੀਆਂ ਦੋ ਵੱਡੀਆਂ ਮੁਸ਼ਕਿਲਾਂ ਵੱਲ ਸਰਕਾਰ ਦਾ ਧਿਆਨ ਦਿਵਾਇਆ ਹੈ। ਉਨ੍ਹਾਂ ਨੇ ਸਦਨ ਵਿੱਚ ਦੱਸਿਆ ਕਿ ਇਹ ਦੋਵੇਂ ਕੰਮ ਇਲਾਕੇ ਦੇ ਲੋਕਾਂ ਦੀ ਸੁਰੱਖਿਆ ਲਈ ਬਹੁਤ ਜ਼ਰੂਰੀ ਹਨ।ਵਿਧਾਇਕਾ ਨੇ ਦੱਸਿਆ ਕਿ ਪਿੰਡ ਬਾਘੀਆਂ ਤੋਂ ਸ਼ੇਰੇਵਾਲ ਤੱਕ ਦਰਿਆ ਦਾ ਕਰੀਬ ਢਾਈ ਕਿਲੋਮੀਟਰ ਦਾ ਹਿੱਸਾ ਅਜੇ ਵੀ ਕੱਚਾ ਹੈ। ਪਿਛਲੇ ਸਾਲ ਅਗਸਤ-ਸਤੰਬਰ ਵਿੱਚ ਜਦੋਂ ਹੜ੍ਹ ਆਏ ਸੀ, ਤਾਂ ਇਸ ਕੱਚੇ ਬੰਨ੍ਹ ਕਾਰਨ ਇਲਾਕੇ ਵਿੱਚ ਕਾਫੀ ਡਰ ਦਾ ਮਾਹੌਲ ਬਣ ਗਿਆ ਸੀ। ਉਦੋਂ ਵਲੰਟੀਅਰਾਂ ਅਤੇ ਪਿੰਡ ਵਾਸੀਆਂ ਨੇ ਦਿਨ-ਰਾਤ ਇੱਕ ਕਰਕੇ ਮਿੱਟੀ ਦੀਆਂ ਬੋਰੀਆਂ ਲਗਾ ਕੇ ਬਚਾਅ ਕੀਤਾ ਸੀ। ਉਨ੍ਹਾਂ ਮੰਗ ਕੀਤੀ ਕਿ ਇਸ ਬੰਨ੍ਹ ਨੂੰ ਪੱਕਾ ਕੀਤਾ ਜਾਵੇ।ਬੰਨ੍ਹ ਦੇ ਉੱਪਰ ਸੜਕ ਬਣਾਈ ਜਾਵੇ ਤਾਂ ਜੋ ਬਾਘੀਆਂ, ਬਹਾਦਰਕੇ, ਸ਼ੇਰੇਵਾਲ ਅਤੇ ਮੰਡ ਤਿਹਾੜਾ ਵਰਗੇ ਪਿੰਡਾਂ ਦੇ ਲੋਕਾਂ ਤੇ ਸਕੂਲੀ ਬੱਚਿਆਂ ਨੂੰ ਆਉਣ-ਜਾਣ ਵਿੱਚ ਸੌਖ ਹੋਵੇ।ਦੂਜਾ ਮੁੱਦਾ ਜਗਰਾਓਂ ਸ਼ਹਿਰ ਦੇ ਤਹਿਸੀਲ ਰੋਡ 'ਤੇ ਸਥਿਤ ਸਰਕਾਰੀ ਕੰਨਿਆਂ ਸਕੂਲ ਅਤੇ ਸਕੂਲ ਆਫ਼ ਐਮੀਨੈਂਸ ਦਾ ਹੈ। ਵਿਧਾਇਕਾ ਨੇ ਕਿਹਾ ਕਿ ਇਹ ਰੋਡ ਬੱਸ ਸਟੈਂਡ ਦਾ ਮੁੱਖ ਰਸਤਾ ਹੋਣ ਕਰਕੇ ਇੱਥੇ ਟ੍ਰੈਫਿਕ ਬਹੁਤ ਜ਼ਿਆਦਾ ਹੁੰਦਾ ਹੈ। ਤੇਜ਼ ਰਫ਼ਤਾਰ ਗੱਡੀਆਂ ਕਾਰਨ ਸਕੂਲ ਦੀਆਂ ਹਜ਼ਾਰਾਂ ਵਿਦਿਆਰਥਣਾਂ ਨੂੰ ਸੜਕ ਪਾਰ ਕਰਨ ਵੇਲੇ ਖ਼ਤਰਾ ਬਣਿਆ ਰਹਿੰਦਾ ਹੈ। ਉਨ੍ਹਾਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਕਿਸੇ ਹਾਦਸੇ ਨੂੰ ਰੋਕਣ ਲਈ ਇੱਥੇ ਤੁਰੰਤ ਫੁੱਟ ਓਵਰ ਬ੍ਰਿਜ (ਪੈਦਲ ਲੰਘਣ ਵਾਲਾ ਪੁਲ) ਬਣਾਇਆ ਜਾਵੇ। ਸਰਕਾਰ ਵੱਲੋਂ ਭਰੋਸਾ ਦਿੱਤਾ ਗਿਆ ਹੈ ਕਿ ਇਨ੍ਹਾਂ ਦੋਵਾਂ ਮਸਲਿਆਂ 'ਤੇ ਜਲਦੀ ਗੌਰ ਕਰਕੇ ਕਾਰਵਾਈ ਕੀਤੀ ਜਾਵੇਗੀ। ਇਲਾਕੇ ਦੇ ਲੋਕਾਂ ਨੇ ਵੀ ਵਿਧਾਇਕਾ ਵੱਲੋਂ ਵਿਧਾਨ ਸਭਾ ਵਿੱਚ ਇਹ ਜ਼ਮੀਨੀ ਮੁੱਦੇ ਚੁੱਕਣ ਦੀ ਗੱਲ ਕਹੀ ਹੈ।

# ਨਾਬਾਲਿਗ ਲੜਕੀ ਨੂੰ ਵਰਗਲਾ ਕੇ ਲਿਜਾਣ ਦੇ ਦੋਸ਼ ਤਹਿਤ ਨੌਜਵਾਨ ਖ਼ਿਲਾਫ਼ ਕੇਸ ਦਰਜ

ਮੁੱਲਾਂਪੁਰ ਦਾਖਾ, 9 ਮਾਰਚ (ਸਤਿਨਾਮ ਬੜੈਚ) : ਥਾਣਾ ਦਾਖਾ ਦੀ ਪੁਲਿਸ ਨੇ ਵਿਆਹ ਦਾ ਝਾਂਸਾ ਦੇ ਕੇ ਨਾਬਾਲਿਗ ਲੜਕੀ ਨੂੰ ਵਰਗਲਾ ਕੇ ਲਿਜਾਣ ਦੇ ਦੋਸ਼ ਤਹਿਤ ਪਿੰਡ ਦਾਖਾ ਦੇ ਰਹਿਣ ਵਾਲੇ ਨੌਜਵਾਨ ਖ਼ਿਲਾਫ਼ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਕੇਸ ਦੀ ਪੜਤਾਲ ਕਰ ਰਹੇ ਏ.ਐਸ.ਆਈ. ਕੁਲਦੀਪ ਸਿੰਘ ਅਨੁਸਾਰ ਲਾਗਲੇ ਪਿੰਡ ਦੀ ਰਹਿਣ ਵਾਲੀ ਇਕ ਮਹਿਲਾ ਵੱਲੋਂ ਦਰਜ ਕਰਵਾਏ ਬਿਆਨਾਂ ਵਿੱਚ ਦੱਸਿਆ ਕਿ ਉਹ ਘਰੇਲੂ ਕੰਮਕਾਜ ਕਰਦੀ ਹੈ। ਉਸਦੇ ਦੋ ਲੜਕੇ ਅਤੇ ਦੋ ਲੜਕੀਆਂ ਹਨ, ਵੱਡੀ ਲੜਕੀ ਜਿਸਦੀ ਉਮਰ 17 ਸਾਲ ਹੈ ਅਤੇ ਜੋ ਅਨਪੜ੍ਹ ਹੈ। ਉਸਨੇ ਦੱਸਿਆ ਕਿ 13 ਫਰਵਰੀ 2026 ਨੂੰ ਮੇਰੀ ਲੜਕੀ ਸਾਨੂੰ ਬਿਨਾਂ ਦੱਸੇ ਘਰੋਂ ਕਿਧਰੇ ਚਲੀ ਗਈ।ਜਿਸਦੀ ਅਸੀ ਹੁਣ ਤੱਕ ਭਾਲ ਕਰਦੇ ਰਹੇ, ਪਰ ਉਹ ਸਾਨੂੰ ਨਹੀਂ ਮਿਲੀ, ਪਰ ਮੈਨੂੰ ਹੁਣ ਪਤਾ ਲੱਗਾ ਕਿ ਮੇਰੀ ਲੜਕੀ ਨੂੰ ਸੁਲਤਾਨ ਪੁੱਤਰ ਸਵ. ਈਸ਼ਾ ਮੂਲ ਵਾਸੀ ਪਿੰਡ ਦਾਖਾ ਵਿਆਹ ਕਰਾਉਣ ਦੀ ਨੀਅਤ ਨਾਲ ਵਰਗਲਾ ਕੇ ਕਿਧਰੇ ਲੈ ਗਿਆ ਹੈ। ਦਾਖਾ ਪੁਲਿਸ ਨੇ ਬਿਆਨਾ ਦੇ ਆਧਾਰ 'ਤੇ ਕੱਥਿਤ ਦੋਸ਼ੀ ਖਿਲਾਫ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# 66 ਕੇਵੀ ਬਿਜਲੀ ਲਾਈਨਾਂ ਹੇਠ ਨਿਯਮਾਂ ਨੂੰ ਛਿੱਕੇ ਟੰਗਕੇ ਕਲੋਨਾਈਜਰ ਵੱਲੋਂ ਉਸਾਰੀ ਸ਼ੁਰੂ



ਸਾਹਨੇਵਾਲ ਕੁਹਾੜਾ, 9 ਮਾਰਚ (ਕੁਲਦੀਪ ਸਿੰਘ ਕੁਹਾੜਾ) : ਕੁਹਾੜਾ ਵਿੱਚ 66 ਕੇਵੀ ਹਾਈ ਵੋਲਟੇਜ ਬਿਜਲੀ ਲਾਈਨਾਂ ਹੇਠ ਨਿਯਮਾਂ ਨੂੰ ਨਿਯਮਾਂ ਨੂੰ ਛਿੱਕੇ ਟੰਗਕੇ ਕਲੋਨਾਈਜਰ ਵੱਲੋਂ ਦੁਕਾਨਾਂ ਦੀ ਉਸਾਰੀ ਦਾ ਕੰਮ ਸ਼ੁਰੂ ਕੀਤਾ ਗਿਆ ਹੈ। ਹੈਰਾਨੀ ਦੀ ਗੱਲ ਇਹ ਹੈ ਕਿ ਇਸ ਲਾਈਨ ਨਾਲ ਪਹਿਲਾਂ ਵੀ ਦੋ ਹਾਦਸੇ ਵਾਪਰ ਚੁੱਕੇ ਹਨ, ਜਿਨ੍ਹਾਂ ਵਿੱਚ ਦੋ ਕੀਮਤੀ ਜਾਨਾਂ ਜਾ ਚੁੱਕੀਆਂ ਹਨ, ਪਰ ਇਸ ਦੇ ਬਾਵਜੂਦ ਵੀ ਸੰਬੰਧਿਤ ਮਹਿਕਮੇ ਸੁੱਤੇ ਹੋਏ ਦਿਖਾਈ ਦੇ ਰਹੇ ਹਨ।

ਸਥਾਨਕ ਲੋਕਾਂ ਮੁਤਾਬਕ ਹਾਈ ਵੋਲਟੇਜ ਬਿਜਲੀ ਲਾਈਨਾਂ ਹੇਠ ਕਿਸੇ ਵੀ ਕਿਸਮ ਦੀ ਇਮਾਰਤੀ ਉਸਾਰੀ ਕਰਨਾ ਸੁਰੱਖਿਆ ਨਿਯਮਾਂ ਦੇ ਖ਼ਿਲਾਫ ਹੈ ਅਤੇ ਇਸ ਲਈ ਨਿਰਧਾਰਤ ਦੂਰੀ ਰੱਖਣੀ ਲਾਜ਼ਮੀ ਹੁੰਦੀ ਹੈ। ਪਰ ਕੁਹਾੜਾ ਵਿੱਚ ਇਹ ਨਿਯਮ ਖੁੱਲ੍ਹੇਆਮ ਤੋੜੇ ਜਾ ਰਹੇ ਹਨ ਅਤੇ ਬਿਨਾਂ ਡਰ ਦੇ ਨਿਰਮਾਣ ਜਾਰੀ ਹੈ।

ਇਲਾਕਾ ਵਾਸੀਆਂ ਦਾ ਕਹਿਣਾ ਹੈ ਕਿ ਜਦੋਂ ਪਹਿਲਾਂ ਹੀ ਦੋ ਲੋਕਾਂ ਦੀਆਂ ਜਾਨਾਂ ਜਾ ਚੁੱਕੀਆਂ ਹਨ ਤਾਂ ਪ੍ਰਸ਼ਾਸਨ ਨੂੰ ਹੋਰ ਸਖ਼ਤ ਕਦਮ ਚੁੱਕਣੇ ਚਾਹੀਦੇ ਸਨ। ਪਰ ਹੁਣ ਵੀ ਜੇਕਰ ਸਮੇਂ ਸਿਰ ਕਾਰਵਾਈ ਨਾ ਹੋਈ ਤਾਂ ਕਿਸੇ ਵੀ ਵੇਲੇ ਵੱਡਾ ਹਾਦਸਾ ਵਾਪਰ ਸਕਦਾ ਹੈ।

ਪਿੰਡ ਵਾਸੀਆਂ ਨੇ ਸਰਕਾਰ ਅਤੇ ਸੰਬੰਧਿਤ ਮਹਿਕਮਿਆਂ ਤੋਂ ਮੰਗ ਕੀਤੀ ਹੈ ਕਿ ਮੌਕੇ ਦੀ ਤੁਰੰਤ ਜਾਂਚ ਕਰਕੇ ਬਿਜਲੀ ਲਾਈਨਾਂ ਹੇਠ ਹੋ ਰਹੀ ਉਸਾਰੀ ਨੂੰ ਰੋਕਿਆ ਜਾਵੇ ਅਤੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇ, ਤਾਂ ਜੋ ਭਵਿੱਖ ਵਿੱਚ ਕਿਸੇ ਹੋਰ ਬੇਕਸੂਰ ਦੀ ਜਾਨ ਨਾ ਜਾਵੇ।

## ਸ੍ਰੀਲੰਕਾ:ਈਰਾਨੀ ਬੇੜੇ ਦੇ 22 ਮਲਾਹਾਂ ਨੂੰ ਹਸਪਤਾਲ ਤੋਂ ਛੁੱਟੀ ਮਿਲੀ

ਕੋਲੰਬੋ, 9 ਮਾਰਚ (ਚ.ਨ.ਸ): ਅਮਰੀਕੀ ਹਮਲੇ 'ਚ ਨੁਕਸਾਨੇ ਈਰਾਨੀ ਜਲ ਸੈਨਾ ਦੇ ਬੇੜੇ ਆਈਆਰਆਈਐਸ ਦੇਨਾ ਦੇ ਦੇ ਬਾਹਰੀ ਇਲਾਕੇ ਕੋਗੱਲਾ ਸਥਿਤ ਸ੍ਰੀਲੰਕਾ ਹਵਾਈ ਸੈਨਾ ਕੇਂਦਰ ਭੇਜਿਆ ਗਿਆ। ਕਾਰਾਪਿਤੀਆ ਸਥਿਤ ਗਾਲੇ ਕੌਮੀ ਹਸਪਤਾਲ



ਵਿੱਚ 10 ਮਲਾਹਾਂ ਦਾ ਇਲਾਜ ਚੱਲ ਰਿਹਾ ਹੈ। ਸ੍ਰੀਲੰਕਾ ਦੇ ਦੱਖਣੀ ਸਾਹਿਲ 'ਤੇ ਗਾਲੇ ਨੇੜੇ ਅਮਰੀਕੀ ਪਣਡੁੱਬੀ ਤੋਂ ਤਾਰਪੀਡੋ ਨਾਲ ਕੀਤੇ ਹਮਲੇ 'ਚ ਈਰਾਨੀ ਜਲ ਸੈਨਾ ਦਾ ਬੇੜਾ ਆਈਆਰਆਈਐਸ ਦੇਨਾ ਡੁੱਬਣ ਮਗਰੋਂ ਉਨ੍ਹਾਂ ਨੂੰ ਲੰਘੇ ਬੁੱਧਵਾਰ ਹਸਪਤਾਲ 'ਚ ਦਾਖ਼ਲ ਕਰਵਾਇਆ ਗਿਆ ਸੀ। ਸ੍ਰੀਲੰਕਾ ਨੇ ਕਿਹਾ ਸੀ ਕਿ ਉਸ ਨੇ 84 ਲਾਸ਼ਾਂ ਬ੍ਰਾਮਦ ਕੀਤੀਆਂ ਹਨ। ਘੱਟੋ-ਘੱਟ 22 ਮਲਾਹਾਂ (ਮੁਲਾਜ਼ਮਾਂ) ਨੂੰ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ ਹੈ। ਹਸਪਤਾਲ ਦੇ ਅਧਿਕਾਰੀਆਂ ਨੇ ਅੱਜ ਦੱਸਿਆ ਕਿ ਭਾਰੀ ਸੁਰੱਖਿਆ ਦੌਰਾਨ ਈਰਾਨੀ ਮਲਾਹਾਂ ਨੂੰ ਐਂਬੂਲੈਂਸ ਰਾਹੀਂ ਗਾਲੇ

## ਲੰਬੀ ਚੱਲੀ ਈਰਾਨ ਦੀ ਜੰਗ ਤਾਂ ਪੂਰੀ ਦੁਨੀਆਂ 'ਤੇ ਪਵੇਗਾ ਅਸਰ

ਵਾਸ਼ਿੰਗਟਨ, 9 ਮਾਰਚ (ਚ.ਨ.ਸ): ਅਮਰੀਕਾ ਤੇ ਇਜ਼ਰਾਇਲ ਵੱਲੋਂ ਈਰਾਨ ਵਿਰੁੱਧ ਛੇੜੀ ਗਈ ਜੰਗ ਦੇ ਇੱਕ ਹਫ਼ਤੇ ਬਾਅਦ ਅਮਰੀਕੀ ਰਾਸ਼ਟਰਪਤੀ ਡੌਨਾਲਡ ਟਰੰਪ ਕਈ ਨਵੇਂ ਫੌਜੀ, ਆਰਥਿਕ ਤੇ ਸਿਆਸੀ ਜ਼ੋਖਮਾਂ ਦਾ ਸਾਹਮਣਾ ਕਰ ਰਹੇ ਹਨ। ਮੱਧ-ਪੂਰਬ ਵਿੱਚ ਵੱਧਦਾ ਫੌਜੀ ਤਣਾਅ ਜੇਕਰ ਲੰਬੇ ਸਮੇਂ ਤੱਕ ਜਾਰੀ ਰਹਿੰਦਾ ਹੈ ਤਾਂ ਇਸ ਦਾ ਅਸਰ ਸਿਰਫ਼ ਖੇਤਰ ਤੱਕ ਸੀਮਿਤ ਨਹੀਂ ਰਹੇਗਾ, ਸਗੋਂ ਪੂਰੀ ਦੁਨੀਆਂ ਦੀ ਆਰਥਿਕਤਾ, ਊਰਜਾ ਸਪਲਾਈ ਤੇ ਗਲੋਬਲ ਸੁਰੱਖਿਆ ਵਿਵਸਥਾ 'ਤੇ ਡੂੰਘਾ ਪ੍ਰਭਾਵ ਪੈ ਸਕਦਾ ਹੈ। ਮਾਹਿਰਾਂ ਦਾ ਮੰਨਣਾ ਹੈ ਕਿ ਈਰਾਨ ਨਾਲ ਜੁੜੀ ਕੋਈ ਵੀ ਵੱਡੀ ਜੰਗ ਅੰਤਰਰਾਸ਼ਟਰੀ ਤੇਲ ਬਾਜ਼ਾਰ, ਸਮੁੰਦਰੀ ਵਪਾਰਕ ਮਾਰਗਾਂ ਤੇ ਗਲੋਬਲ ਰਾਜਨੀਤੀ ਨੂੰ ਅਸਥਿਰ ਕਰ ਸਕਦੀ ਹੈ।

**ਦੁਨੀਆਂ ਭਰ 'ਚ ਮਹਿੰਗਾਈ ਵਧਣ ਦਾ ਖ਼ਦਸ਼ਾ:**
ਮਾਹਿਰਾਂ ਅਨੁਸਾਰ ਈਰਾਨ ਦੁਨੀਆਂ ਦੇ ਪ੍ਰਮੁੱਖ ਊਰਜਾ ਖੇਤਰਾਂ ਵਿੱਚ ਸਥਿਤ ਹੈ ਤੇ ਉਸ ਦੇ ਨੇੜੇ ਦਾ ਖੇਤਰ ਗਲੋਬਲ ਤੇਲ ਸਪਲਾਈ ਲਈ ਬਹੁਤ ਮਹੱਤਵਪੂਰਨ ਮੰਨਿਆ ਜਾਂਦਾ ਹੈ। ਅਜਿਹੇ ਵਿੱਚ ਜੇਕਰ ਜੰਗ ਲੰਬੀ ਚੱਲਦੀ ਹੈ ਜਾਂ ਸਮੁੰਦਰੀ ਰਸਤੇ ਪ੍ਰਭਾਵਿਤ ਹੁੰਦੇ ਹਨ ਤਾਂ ਤੇਲ ਤੇ ਗੈਸ ਦੀਆਂ ਕੀਮਤਾਂ ਵਿੱਚ ਭਾਰੀ ਉਛਾਲ ਆ ਸਕਦਾ ਹੈ, ਜਿਸ ਨਾਲ ਦੁਨੀਆਂ ਭਰ ਵਿੱਚ ਮਹਿੰਗਾਈ ਵਧਣ ਦਾ ਖ਼ਦਸ਼ਾ ਹੈ।

**ਵਿਸ਼ਵ ਦੀ ਆਰਥਿਕਤਾ 'ਤੇ ਦਬਾਅ:** ਲੰਬੀ ਜੰਗ ਨਾਲ ਵਿਸ਼ਵ ਦੇ ਬਾਜ਼ਾਰਾਂ ਵਿੱਚ ਅਸਥਿਰਤਾ ਵੱਧ ਸਕਦੀ ਹੈ। ਸ਼ੇਅਰ ਬਾਜ਼ਾਰਾਂ ਵਿੱਚ ਗਿਰਾਵਟ, ਨਿਵੇਸ਼ ਵਿੱਚ ਕਮੀ ਤੇ ਵਪਾਰਕ ਸਰਗਰਮੀਆਂ ਵਿੱਚ ਮੰਦੀ ਦਾ ਖ਼ਦਸ਼ਾ ਜਤਾਇਆ ਜਾ ਰਿਹਾ ਹੈ। ਕਈ ਅਰਥ ਸ਼ਾਸਤਰੀਆਂ ਦਾ ਮੰਨਣਾ ਹੈ ਕਿ ਜੇਕਰ ਜੰਗ ਲੰਬੀ




ਖਿੱਚੀ ਜਾਂਦੀ ਹੈ ਤਾਂ ਕਈ ਦੇਸ਼ਾਂ ਦੀ ਆਰਥਿਕ ਵਿਕਾਸ ਦਰ ਘਟ ਸਕਦੀ ਹੈ ਤੇ ਦੁਨੀਆਂ ਨੂੰ ਆਰਥਿਕ ਮੰਦੀ ਵਰਗੀ ਸਥਿਤੀ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

**ਸਮੁੰਦਰੀ ਵਪਾਰ 'ਤੇ ਸਪਲਾਈ ਲੜੀ ਪ੍ਰਭਾਵਿਤ:**
ਮੱਧ-ਪੂਰਬ ਦੁਨੀਆਂ ਦੇ ਮਹੱਤਵਪੂਰਨ ਸਮੁੰਦਰੀ ਵਪਾਰਕ ਮਾਰਗਾਂ ਦਾ ਕੇਂਦਰ ਹੈ। ਜੰਗ ਦੀ ਸਥਿਤੀ ਵਿੱਚ ਜਹਾਜ਼ਾਂ ਦੀ ਆਵਾਜਾਈ ਤੇ ਮਾਲ ਦੀ ਢੋਆ-ਢੁਆਈ ਪ੍ਰਭਾਵਿਤ ਹੋ ਸਕਦੀ ਹੈ, ਜਿਸ ਨਾਲ ਗਲੋਬਲ ਸਪਲਾਈ ਲੜੀ 'ਤੇ ਅਸਰ ਪਵੇਗਾ। ਇਸ ਦਾ ਨਤੀਜਾ ਇਹ ਹੋ ਸਕਦਾ ਹੈ ਕਿ ਕਈ ਦੇਸ਼ਾਂ ਵਿੱਚ ਖਾਣ-ਪੀਣ ਦੀਆਂ ਵਸਤੂਆਂ, ਬਾਲਣ ਤੇ ਹੋਰ ਜ਼ਰੂਰੀ ਚੀਜ਼ਾਂ ਦੀਆਂ ਕੀਮਤਾਂ ਵੱਧ ਜਾਣ।

**ਸੁਰੱਖਿਆ ਤੇ ਫੌਜੀ ਤਣਾਅ 'ਚ ਵਾਧਾ:** ਜੇਕਰ ਇਹ ਸੰਘਰਸ਼ ਲੰਬਾ ਚੱਲਦਾ ਹੈ ਤਾਂ ਇਸ ਵਿੱਚ ਹੋਰ ਖੇਤਰੀ ਸ਼ਕਤੀਆਂ ਦੇ ਵੀ ਸ਼ਾਮਲ ਹੋਣ ਦਾ ਖਦਸ਼ਾ ਹੈ। ਇਸ ਨਾਲ ਪੂਰੇ ਮੱਧ-ਪੂਰਬ ਵਿੱਚ ਅਸਥਿਰਤਾ ਵੱਧ ਸਕਦੀ ਹੈ ਤੇ ਗਲੋਬਲ ਪੱਧਰ 'ਤੇ ਸੁਰੱਖਿਆ ਚਿੰਤਾਵਾਂ ਡੂੰਘੀਆਂ ਹੋ ਸਕਦੀਆਂ ਹਨ। ਕਈ ਦੇਸ਼ਾਂ ਨੂੰ ਆਪਣੀਆਂ ਫੌਜੀ ਤਿਆਰੀਆਂ ਵਧਾਉਣੀਆਂ ਪੈ ਸਕਦੀਆਂ ਹਨ, ਜਿਸ ਨਾਲ ਹਥਿਆਰਾਂ ਦੀ ਦੌੜ ਤੇ ਭੂ-ਸਿਆਸੀ ਤਣਾਅ ਵੱਧ ਸਕਦਾ ਹੈ।

**ਭਾਰਤ 'ਤੇ ਵੀ ਪੈ ਸਕਦੈ ਅਸਰ:** ਭਾਰਤ ਵਰਗੇ ਦੇਸ਼ਾਂ 'ਤੇ ਵੀ ਇਸ ਜੰਗ ਦਾ ਅਸਰ ਪੈ ਸਕਦਾ ਹੈ ਕਿਉਂਕਿ ਦੇਸ਼ ਆਪਣੀਆਂ ਊਰਜਾ ਲੋੜਾਂ ਲਈ ਵੱਡੇ ਪੱਧਰ 'ਤੇ ਤੇਲ ਦੀ ਦਰਾਮਦ ਕਰਦਾ ਹੈ। ਤੇਲ ਮਹਿੰਗਾ ਹੋਣ ਨਾਲ ਭਾਰਤ ਵਿੱਚ ਪੈਟਰੋਲ-ਡੀਜ਼ਲ ਦੀਆਂ ਕੀਮਤਾਂ ਵੱਧ ਸਕਦੀਆਂ ਹਨ। ਨਾਲ ਹੀ ਮੱਧ-ਪੂਰਬ ਵਿੱਚ ਕੰਮ ਕਰ ਰਹੇ ਲੱਖਾਂ ਭਾਰਤੀਆਂ ਦੀ ਸੁਰੱਖਿਆ ਨੂੰ ਲੈ ਕੇ ਵੀ ਚਿੰਤਾ ਵੱਧ ਸਕਦੀ ਹੈ।

## ਪਿੰਡ ਝੁੱਗੀਆਂ ਪੀਰ ਬਖ਼ਸ਼ ਦੇ ਸਰਪੰਚ ਦੀ ਮੌਤ, ਘਰ ਜਾਂਦੇ ਸਮੇਂ ਦਰੱਖਤ ਨਾਲ ਟਕਰਾਈ ਕਾਰ

ਕੈਰੋਂ, 9 ਮਾਰਚ (ਚ.ਨ.ਸ): ਤਰਨਤਾਰਨ ਜ਼ਿਲ੍ਹੇ ਦੇ ਵਿਧਾਨ ਸਭਾ ਹਲਕਾ ਪੱਟੀ 'ਚ ਪੈਂਦੇ ਪਿੰਡ ਝੁੱਗੀਆਂ ਪੀਰ ਬਖ਼ਸ਼ ਦੇ ਮੌਜੂਦਾ ਸਰਪੰਚ ਅਰਵਿੰਦਰਜੀਤ ਸਿੰਘ ਦੀ ਲੰਘੀ ਰਾਤ ਵਾਪਰੇ ਭਿਆਨਕ ਸੜਕ ਹਾਦਸੇ ਦੌਰਾਨ ਮੌਕੇ 'ਤੇ ਹੀ ਮੌਤ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਨੌਜਵਾਨ ਸਰਪੰਚ ਦੇ ਦੇਹਾਂਤ ਨਾਲ ਉਨ੍ਹਾਂ ਦੇ ਪਿੰਡ ਹੀ ਨਹੀਂ ਬਲਕਿ ਇਲਾਕੇ ਵਿੱਚ ਸੋਗ ਦੀ ਲਹਿਰ ਪਾਈ ਜਾ ਰਹੀ ਹੈ। ਦੂਜੇ ਪਾਸੇ ਪੱਟੀ ਹਲਕੇ ਦੇ ਵਿਧਾਇਕ ਤੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਸਰਪੰਚ ਅਰਵਿੰਦਰਜੀਤ ਸਿੰਘ ਦੇ ਦੇਹਾਂਤ 'ਤੇ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ



ਕਿਹਾ ਕਿ ਇਹ ਪਰਿਵਾਰ ਲਈ ਹੀ ਨਹੀਂ ਬਲਿਕ ਪਾਰਟੀ ਲਈ ਵੀ ਵੱਡਾ ਘਾਟਾ ਹੈ। ਸਰਪੰਚ ਅਰਵਿੰਦਰਜੀਤ ਸਿੰਘ ਪੱਟੀ ਤੋਂ ਆਪਣੇ ਪਿੰਡ ਝੁੱਗੀਆਂ ਪੀਰ ਬਖ਼ਸ਼ ਵਾਪਸ ਜਾ ਰਹੇ ਸੀ। ਰਸਤੇ ਵਿੱਚ ਉਨ੍ਹਾਂ ਦੀ ਕਾਰ ਸੜਕ ਕਿਨਾਰੇ ਦਰੱਖਤ ਨਾਲ ਜਾ ਟਕਰਾਈ। ਹਾਦਸਾ ਇੰਨਾ ਭਿਆਨਕ ਸੀ ਕਿ ਸਰਪੰਚ ਦੀ ਮੌਕੇ 'ਤੇ ਹੀ ਮੌਤ ਹੋ ਗਈ। ਜ਼ਿਕਰਯੋਗ ਹੈ ਕਿ ਮ੍ਰਿਤਕ ਘਰ ਵਿੱਚ ਇਕੱਲਾ ਕਮਾਉਣ ਵਾਲਾ ਸੀ। ਕੁਝ ਸਮਾਂ ਪਹਿਲਾਂ ਹੀ ਉਨ੍ਹਾਂ ਦੇ ਪਿਤਾ ਦੀ ਵੀ ਮੌਤ ਹੋ ਚੁੱਕੀ ਹੈ। ਉਨ੍ਹਾਂ ਦਾ ਅੰਤਿਮ ਸਸਕਾਰ ਸੋਮਵਾਰ ਨੂੰ ਉਨ੍ਹਾਂ ਦੇ ਪਿੰਡ ਝੁੱਗੀਆਂ ਪੀਰ ਬਖ਼ਸ਼ ਵਿਖੇ ਕੀਤਾ ਜਾਵੇਗਾ।

## ਦੇਸ਼ ਭਗਤ ਗਲੋਬਲ ਐਂਡੋਡੋਂਟਿਕਸ ਗੋਸ਼ਟੀ ਤੇ ਐਂਡੋਡੋਂਟਿਕਸ ਦਿਵਸ ਮੌਕੇ ਨਵੇਂ ਵਿਭਾਗ ਦਾ ਲੋਗੋ ਜਾਰੀ

ਮੰਡੀ ਗੋਬਿੰਦਗੜ੍ਹ, 9 ਮਾਰਚ (ਅੰਮ੍ਰਿਤਪਾਲ ਸਿੰਘ): ਦੇਸ਼ ਭਗਤ ਯੂਨੀਵਰਸਿਟੀ ਦੇ ਅਧੀਨ ਦੇਸ਼ ਭਗਤ ਡੈਂਟਲ ਕਾਲਜ ਤੇ ਹਸਪਤਾਲ ਵੱਲੋਂ ਰਾਸ਼ਟਰੀ ਕਨਜ਼ਰਵੇਟਿਵ ਡੈਂਟਿਸਟਰੀ ਤੇ ਐਂਡੋਡੋਂਟਿਕਸ ਦਿਵਸ-2026 ਮੌਕੇ 'ਦੇਸ਼ ਭਗਤ ਇੰਟਰਨੈਸ਼ਨਲ ਸਿੰਪੋਜ਼ੀਅਮ ਆਨ ਕੰਟੈਂਪਰੇਰੀ ਐਂਡੋਡੋਂਟਿਕਸ' ਕਰਵਾਇਆ ਗਿਆ। ਪ੍ਰੋਗਰਾਮ ਵਿੱਚ ਫੈਕਲਟੀ ਮੈਂਬਰ, ਖੋਜਕਾਰ ਤੇ ਵਿਦਿਆਰਥੀਆਂ ਨੇ ਭਾਗ ਲਿਆ ਤੇ ਆਧੁਨਿਕ ਐਂਡੋਡੋਂਟਿਕਸ ਅਭਿਆਸ ਵਿੱਚ ਖੋਜ ਦੀ ਵੱਧਦੀ ਭੂਮਿਕਾ ਤੇ ਨਵੀਆਂ ਰੁਝਾਨਾਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਅੰਤਰਰਾਸ਼ਟਰੀ ਆਨਲਾਈਨ ਲੈਕਚਰ ਡਾ. ਰਿਚਰਡ ਗਰੇ ਨੇ ਦਿੱਤਾ ਜੋ ਕਿ ਅਮਰੀਕਾ ਦੇ ਕੈਲੀਫੋਰਨੀਆ ਵਿੱਚ ਸਥਿਤ ਲੋਮਾ ਲਿੰਡਾ ਯੂਨੀਵਰਸਿਟੀ ਸਕੂਲ ਆਫ ਡੈਂਟਿਸਟਰੀ ਦੇ ਐਂਡੋਡੋਂਟਿਕਸ ਵਿਭਾਗ ਦੇ ਚੇਅਰ ਤੇ ਪ੍ਰੀਡਾਕਟੋਰਲ ਐਂਡੋਡੋਂਟਿਕਸ ਡਾਇਰੈਕਟਰ ਹਨ। ਉਨ੍ਹਾਂ 'ਐਂਡੋਡੋਂਟਿਕ ਐਮਰਜੈਂਸੀਜ਼' ਵਿਸ਼ੇ 'ਤੇ ਉਨ੍ਹਾਂ ਕਲੀਨਿਕਲ ਪ੍ਰਬੰਧਨ, ਤਾਜ਼ਾ ਖੋਜ ਵਿਕਾਸ ਤੇ ਇਲਾਜ ਦੀਆਂ ਨਵੀਆਂ



ਵਿਕਸਿਤ ਹੋ ਰਹੀਆਂ ਵਿਧੀਆਂ ਬਾਰੇ ਵਿਸ਼ਵ ਪੱਧਰੀ ਵਿਚਾਰ ਸਾਂਝੇ ਕੀਤੇ। ਦੂਜਾ ਲੈਕਚਰ ਪ੍ਰੋਫੈਸਰ (ਡਾ.) ਹਰਪ੍ਰੀਤ ਸਿੰਘ ਡੀਨ ਰਿਸਰਚ ਪ੍ਰੋਫੈਸਰ ਤੇ ਮੁਖੀ ਐਂਡੋਡੋਂਟਿਕਸ ਵਿਭਾਗ ਦੇਸ਼ ਭਗਤ ਡੈਂਟਲ ਕਾਲਜ ਤੇ ਹਸਪਤਾਲ ਨੇ ਦਿੱਤਾ। ਉਨ੍ਹਾਂ ਦੇਸ਼ ਭਗਤ ਯੂਨੀਵਰਸਿਟੀ ਵਿੱਚ ਬਾਇਓਸਿਰਾਮਿਕਸ: ਰਿਸਰਚ ਆਧਾਰਿਤ ਐਂਡੋਡੋਂਟਿਕਸ ਦੀ ਕਾਰਗੁਜ਼ਾਰੀ ਵਿੱਚ ਯੂਨੀਵਰਸਿਟੀ ਵਿੱਚ ਚੱਲ ਰਹੀਆਂ ਖੋਜ ਪਹਿਲਾਂ, ਨਵੀਂ ਸੋਚ ਤੇ ਐਂਡੋਡੋਂਟਿਕ ਬਾਇਓਮੈਟੀਰੀਅਲਜ਼ ਤੇ ਸਬੂਤ-ਆਧਾਰਿਤ ਡੈਂਟਲ ਅਭਿਆਸ ਦੇ ਭਵਿੱਖੀ ਦਿਸ਼ਾਵਾਂ 'ਤੇ ਚਾਨਣ ਪਾਇਆ। ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ-ਚਾਂਸਲਰ ਡਾ. ਤੇਜਿੰਦਰ ਕੌਰ, ਵਾਈਸ-ਚਾਂਸਲਰ ਡਾ. ਹਰਸ਼ ਸਦਾਵਰਤੀ ਤੇ ਦੇਸ਼ ਭਗਤ ਡੈਂਟਲ ਕਾਲਜ ਤੇ ਹਸਪਤਾਲ ਦੇ ਪ੍ਰਿੰਸੀਪਲ ਡਾ. ਵਿਕਰਮ ਬਾਲੀ ਨੇ ਵੱਖ-ਵੱਖ ਵਿਭਾਗਾਂ ਦੇ ਫੈਕਲਟੀ ਮੈਂਬਰ ਵੀ ਹਾਜ਼ਰ ਸਨ। ਇਸ ਮੌਕੇ ਮੁੱਖ ਆਕਰਸ਼ਣ ਦੇਸ਼ ਭਗਤ ਯੂਨੀਵਰਸਿਟੀ ਦੇ ਐਂਡੋਡੋਂਟਿਕਸ ਵਿਭਾਗ ਦੇ ਨਵੇਂ ਲੋਗੋ ਦਾ ਅਧਿਕਾਰਕ ਉਦਘਾਟਨ ਸੀ ਜੋ ਚਾਂਸਲਰ ਡਾ ਜ਼ੋਰਾ ਸਿੰਘ ਨੇ ਜਾਰੀ ਕੀਤਾ। ਉਨ੍ਹਾਂ ਇਸ ਪਹਿਲ ਦੀ ਸ਼ਲਾਘਾ ਕੀਤੀ ਤੇ ਐਂਡੋਡੋਂਟਿਕਸ ਵਿਭਾਗ ਨੂੰ ਇੱਕ ਗਿਆਨਵਰਧਕ ਅਕਾਦਮਿਕ ਪ੍ਰੋਗਰਾਮ ਕਰਨ ਲਈ ਵਧਾਈ ਦਿੱਤੀ।

## ਸਿਹਤ ਵਿਭਾਗ ਨੇ ਮੀਚੀਆਂ ਅੱਖਾਂ.... ਮੋਗੇ 'ਚ ਫਾਸਟ ਫੂਡ ਨੂੰ ਲੈ ਕੇ ਦੁਕਾਨਦਾਰ ਵੇਚ ਰਹੇ ਨੇ ਗੰਦ

ਮੋਗਾ, 9 ਮਾਰਚ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਮੋਗਾ ਵਿੱਚ ਗੰਦ ਦੇ ਨਾਮ ਉਪਰ ਸ਼ਰੇਆਮ ਫਾਸਟ ਫੂਡ ਵੇਚਿਆ ਜਾ ਰਿਹਾ ਹੈ, ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਕੁਝ ਲੋਕਾਂ ਦਾ ਕਹਿਣਾ ਹੈ ਕਿ ਮੋਗਾ ਦੇ ਨਿਊ ਟਾਊਨ 2 ਵਿੱਚ ਲਗਾਤਾਰ ਫਾਸਟ ਫੂਡ ਨੂੰ ਲੈ ਕੇ ਗੰਦ ਵੇਚਿਆ ਜਾ ਰਿਹਾ ਹੈ, 2 ਨੰਬਰ ਨਿਊ ਟਾਊਨ ਵਿੱਚ ਪੀਜ਼ਾ, ਬਰਗਰ, ਪੈਟੀਜ਼ ਤੇ ਅਲੱਗ-ਅਲੱਗ ਕਿਸਮ ਦੇ ਕੇਕ ਜਿਨ੍ਹਾਂ ਉਪਰ ਮਾੜੀ ਕਿਸਮ ਦੀ ਕਰੀਮ ਲਗਾਈ ਜਾਂਦੀ ਹੈ ਤੇ ਹੋਰ ਚੀਜ਼ਾ ਸ਼ਰੇਆਮ ਵਿੱਕ ਰਹੀਆਂ ਹਨ, ਜੋ ਕਿ ਸ਼ਰੇਆਮ ਲੋਕਾਂ ਦੀ ਸਿਹਤ ਨਾਲ ਖ਼ਿਲਵਾੜ ਕਰ ਰਹੀਆ ਹਨ, ਪਰ ਸਿਹਤ ਵਿਭਾਗ ਕਿਉਂ ਚੁੱਪ ਬੈਠਾ ਹੈ, ਸਿਹਤ ਵਿਭਾਗ ਦੀ ਕੋਈ ਮਜਬੂਰੀ ਹੈ ਜੋ ਕਿ ਇੰਨੇ ਲੰਬੇ ਸਮੇਂ ਤੋਂ ਨਾ 'ਤੇ ਕੋਈ ਕਾਰਵਾਈ ਕਰ ਰਿਹਾ ਹੈ ਤੇ ਸਭ ਦੇ ਸਾਹਮਣੇ ਚੁੱਪ ਬੈਠਾ ਹੈ, ਕਿਉਂਕਿ ਕੋਈ ਵੀ ਫਾਸਟ ਫੂਡ ਜਾਂ ਕੋਈ ਖਾਣ ਵਾਲੀ ਚੀਜ਼ ਵੇਚਣੀ ਹੋਵੇ ਤਾਂ ਕਾਰੀਗਰ ਜਾਂ ਦੁਕਾਨਦਾਰ ਦੇ ਹੱਥਾਂ ਵਿੱਚ ਗਲਵਜ਼ ਪਾਉਣਾ ਬਹੁਤ ਜ਼ਰੂਰੀ ਹੈ ਤੇ ਹੋਰ ਵੀ ਖਾਣ ਵਾਲੀਆਂ ਚੀਜ਼ਾਂ ਦੇ ਨਿਯਮ ਬਣਾਏ ਹਨ ਪਰ ਦੋ ਨੰਬਰ ਨਿਊ ਟਾਊਨ ਵਿੱਚ ਇਸ ਦੇ ਬਿਲਕੁਲ ਉਲਟ ਹੈ ਕਿਉਂਕਿ ਦੁਕਾਨਦਾਰ ਜਦੋਂ ਵੀ ਸਮਾਨ ਵੇਚਦਾ ਹੈ ਨਾ ਤਾਂ ਉਸ ਦੇ ਗਲਵਜ਼ ਪਾਇਆ ਹੁੰਦਾ ਹੈ, ਕਿਉਂਕਿ ਉਨ੍ਹਾਂ ਦਾ ਸਿਹਤ ਵਿਭਾਗ ਤੋਂ ਬਿਲਕੁਲ ਡਰ ਲੱਥਿਆ ਹੋਇਆ ਹੁੰਦਾ ਹੈ, ਇਹ ਇੱਕ ਸਵਾਲੀਆ ਚਿੰਨ੍ਹ ਖੜ੍ਹਾ ਕਰਦਾ ਹੈ ਕਿ ਇਨ੍ਹਾਂ ਲੋਕਾਂ ਦੀ ਸਿਹਤ ਵਿਭਾਗ ਨਾਲ ਕੋਈ ਮਿਲੀ ਭੁਗਤ ਹੈ ਕਿ ਇਹ ਲੋਕ ਸਿਹਤ ਵਿਭਾਗ ਦੀਆਂ ਕੋਈ ਵੀ ਨੀਤੀਆਂ ਨੂੰ ਨਹੀਂ



ਸਮਝਦੇ। ਕੁਝ ਲੋਕਾਂ ਨੇ ਆਪਣਾ ਨਾਂ ਉਜਾਗਰ ਨਾ ਕਰਨ ਦੀ ਸ਼ਰਤ 'ਤੇ ਇਹ ਕਹਿ ਦਿੱਤਾ ਕਿ ਸਿਹਤ ਵਿਭਾਗ ਸਿਰਫ ਖਾਨਾਪੂਰਤੀ ਕਰਨ ਲਈ ਦੀਵਾਲੀ ਉਤੇ ਡਰਾਮੇਬਾਜ਼ੀ ਕਰਦਾ ਹੈ, ਫਿਰ ਸਾਰਾ ਸਾਲ ਇਸ ਤਰ੍ਹਾਂ ਹੀ ਕੰਮ ਚੱਲਦਾ ਰਹਿੰਦਾ ਹੈ, ਇਸ ਲਈ ਸਿਹਤ ਵਿਭਾਗ ਚੁੱਪ ਬੈਠਾ ਹੈ ਪਰ ਜਦੋਂ ਵੀ ਸਾਡੇ ਕੋਲ ਇਹ ਖਬਰ ਪਹੁੰਚਦੀ ਹੈ ਕਿ ਇਹ ਲੋਕ ਸ਼ਰੇਆਮ ਸਿਹਤ ਵਿਭਾਗ ਦੀਆਂ ਧੱਜੀਆਂ ਉਡਾ ਰਹੇ ਹਨ ਤਾਂ ਸਾਡੇ ਤੋਂ ਇਹ ਚੀਜ਼ ਬਰਦਾਸ਼ਤ ਨਹੀਂ ਹੁੰਦੀ, ਇਸ ਲਈ ਅਸੀਂ ਇਹ ਖਬਰ ਉਜਾਗਰ ਕਰ ਰਹੇ ਹਾਂ ਤੇ ਕਰਦੇ ਹੀ ਰਹਾਂਗੇ। ਲੋਕਾਂ ਦੀ ਪ੍ਰਸ਼ਾਸਨ ਅੱਗੇ ਮੰਗ ਹੈ ਡਿਪਟੀ ਕਮਿਸ਼ਨਰ ਸਾਹਿਬ ਖੁਦ ਇਸ ਵੱਲ ਧਿਆਨ ਦੇਣ ਤਾਂ ਕਿ ਸਿਹਤ ਵਿਭਾਗ ਨੂੰ ਸੁਸਤ ਤੋਂ ਚੁਸਤ ਕੀਤਾ ਜਾਵੇ ਤਾਂ ਜੋ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਹੋ ਸਕੇ ਤਾਂ ਜੋ ਦੁਕਾਨਦਾਰ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰ ਰਹੇ ਹਨ, ਉਨ੍ਹਾਂ ਤੋਂ ਬਚਾਅ ਕੀਤਾ ਜਾਵੇ।

## ਮੈਨੂੰ ਭਾਰਤ ਭੇਜ ਦਿਓ..ਪਾਕਿਸਤਾਨ 'ਚ ਫਸੀ ਸਰਬਜੀਤ ਕੌਰ ਨੇ ਸੁਣਾਈ ਹੱਡਬੀਤੀ

ਅੰਮ੍ਰਿਤਸਰ, 9 ਮਾਰਚ (ਚ.ਨ.ਸ): 'ਮੈਂ ਪਾਕਿਸਤਾਨ ਵਿੱਚ ਨਹੀਂ ਰਹਿਣਾ ਚਾਹੁੰਦੀ, ਮੈਨੂੰ ਭਾਰਤ ਵਾਪਸ ਭੇਜੋ ਦਿਓ, ਮੈਨੂੰ ਇੱਥੇ ਬਹੁਤ ਸਾਰੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਨਾਸਿਰ ਹੁਸੈਨ ਮੈਨੂੰ ਲਗਾਤਾਰ ਪ੍ਰੇਸ਼ਾਨ ਕਰ ਰਿਹਾ ਹੈ ਤੇ ਇਤਰਾਜ਼ਯੋਗ ਫੋਟੋਆਂ ਤੇ ਵੀਡੀਓਜ਼ ਨਾਲ ਮੈਨੂੰ ਬਲੈਕਮੇਲ ਕਰ ਰਿਹਾ ਹੈ। ਮੈਨੂੰ ਇਸਲਾਮ ਧਰਮ ਬਦਲਣ ਲਈ ਵੀ ਮਜਬੂਰ ਕੀਤਾ ਗਿਆ। ਮੈਂ ਅਦਾਲਤ ਵਿੱਚ ਆਪਣਾ ਬਿਆਨ ਦਰਜ ਕਰਵਾਉਣਾ ਚਾਹੁੰਦੀ ਹਾਂ ਤੇ ਇਨ੍ਹਾਂ ਲੋਕਾਂ ਵਿਰੁੱਧ ਕਾਰਵਾਈ ਕਰਵਾਉਣਾ ਚਾਹੁੰਦੀ ਹਾਂ।' ਇਹ ਪੰਜਾਬ ਦੀ ਰਹਿਣ ਵਾਲੀ ਸਰਬਜੀਤ ਕੌਰ ਦਾ ਬਿਆਨ ਹੈ, ਜੋ ਭਾਰਤ ਤੋਂ ਪਾਕਿਸਤਾਨ ਜਾਣ ਤੇ ਇੱਕ ਮੁਸਲਿਮ ਆਦਮੀ ਨਾਲ ਵਿਆਹ ਕਰਨ ਤੋਂ ਬਾਅਦ ਹੁਣ ਉਥੇ ਅਸੁਰੱਖਿਅਤ ਮਹਿਸੂਸ ਕਰ ਰਹੀ ਹੈ। ਪਾਕਿਸਤਾਨੀ ਵਕੀਲ ਅਲੀ ਚੰਗੇਜ਼ੀ ਸੰਧੂ ਨਾਲ ਗੱਲਬਾਤ ਵਿੱਚ ਸਰਬਜੀਤ ਕੌਰ ਨੇ ਆਪਣਾ ਦੁੱਖ ਸਾਂਝਾ ਕੀਤਾ ਤੇ ਭਾਰਤ ਵਾਪਸ ਆਉਣ ਦੀ ਇੱਛਾ ਪ੍ਰਗਟ ਕੀਤੀ। ਇਸ ਗੱਲਬਾਤ ਦਾ ਵੀਡੀਓ ਸਾਹਮਣੇ ਆਇਆ ਹੈ, ਜਿਸ ਨੂੰ ਵਕੀਲ ਨੇ ਜਾਰੀ ਕੀਤਾ ਹੈ। ਸਰਬਜੀਤ ਕੌਰ ਨੇ ਆਪਣਾ ਦੁੱਖ ਪ੍ਰਗਟ ਕਰਨ ਲਈ ਆਪਣੇ ਪਹਿਲੇ ਪਤੀ ਕਰਨੈਲ ਸਿੰਘ ਨਾਲ ਵੀ ਫ਼ੋਨ 'ਤੇ ਗੱਲ ਕੀਤੀ। ਸਰਬਜੀਤ ਕੌਰ ਨੇ ਦੱਸਿਆ ਕਿ ਉਹ ਨਾਸਿਰ ਹੁਸੈਨ ਦੇ ਕਬਜ਼ੇ ਤੋਂ ਆਪਣੀਆਂ ਇਤਰਾਜ਼ਯੋਗ ਫੋਟੋਆਂ ਤੇ ਵੀਡੀਓ ਹਟਾਉਣ ਲਈ ਪਾਕਿਸਤਾਨ ਗਈ ਸੀ। ਨਾਸਿਰ ਹੁਸੈਨ ਇਨ੍ਹਾਂ ਫੋਟੋਆਂ ਤੇ ਵੀਡੀਓ ਦੀ ਵਰਤੋਂ ਉਸ ਨੂੰ ਬਲੈਕਮੇਲ ਕਰਨ ਤੇ ਦਬਾਅ ਪਾਉਣ ਲਈ ਕਰ ਰਿਹਾ ਸੀ। ਉਸ ਦਾ ਕਹਿਣਾ ਹੈ ਕਿ ਸਥਿਤੀ ਇੰਨੀ ਗੰਭੀਰ ਹੋ ਗਈ ਕਿ ਉਸ ਨੂੰ ਪਾਕਿਸਤਾਨ ਆਉਣ ਲਈ ਮਜਬੂਰ ਹੋਣਾ ਪਿਆ ਪਰ ਪਹੁੰਚਣ ਤੋਂ ਬਾਅਦ ਸਥਿਤੀ ਹੋਰ ਵੀ ਮੁਸ਼ਕਿਲ ਹੋ ਗਈ। ਉਸ ਅਨੁਸਾਰ ਇਸ ਪੂਰੇ ਮਾਮਲੇ ਨਾਲ ਸਬੰਧਤ ਇੱਕ ਪਟੀਸ਼ਨ ਲਾਹੌਰ ਹਾਈ ਕੋਰਟ ਵਿੱਚ ਵਿਚਾਰ ਅਧੀਨ ਹੈ। ਉਹ ਅਦਾਲਤ ਵਿੱਚ ਆਪਣਾ ਬਿਆਨ ਦਰਜ ਕਰਵਾ ਕੇ ਸੱਚਾਈ ਦਾ ਖੁਲਾਸਾ ਕਰਨਾ ਚਾਹੁੰਦੀ ਹੈ।

## ਅਮਿਤ ਸ਼ਾਹ ਦੀ ਰੈਲੀ ਨੂੰ ਲੈ ਕੇ ਤਿਆਰੀਆਂ ਹੋਈਆਂ ਸ਼ੁਰੂ: ਡਾ. ਸੀਮਾਤ ਗਰਗ

ਮੋਗਾ, 9 ਮਾਰਚ (ਨਿਸ਼ੀ ਮਨਚੰਦਾ/ਗੁਰਦੇਵ ਖਰਾਣਾ): ਮੋਗਾ



ਵਿੱਚ ਭਾਜਪਾ ਦੀ 14 ਤਰੀਕ ਦੀ ਅਮਿਤ ਸ਼ਾਹ ਦੀ ਰੈਲੀ ਨੂੰ ਲੈ ਕੇ ਵਰਕਰਾਂ ਵੱਲੋਂ ਸਾਰੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਸਾਬਕਾ ਜ਼ਿਲ੍ਹਾ ਪ੍ਰਧਾਨ ਡਾ. ਸੀਮਾਤ ਗਰਗ ਨੇ ਕਿਹਾ ਕਿ ਭਾਜਪਾ ਦੇ ਵਰਕਰਾਂ ਦੇ ਵਿੱਚ ਬਹੁਤ ਜ਼ਿਆਦਾ ਉਤਸ਼ਾਹ ਹੈ ਤੇ ਭਾਜਪਾ ਦੇ ਵਰਕਰ ਰੈਲੀ ਨੂੰ ਕਾਮਯਾਬ ਬਣਾਉਣ ਲਈ ਦਿਨ-ਰਾਤ ਇੱਕ ਕਰ ਰਹੇ ਹਨ। ਸਾਡੇ ਵੱਲੋਂ ਵੀ ਇਹ ਰੈਲੀ ਲਈ ਦਿਨ-ਰਾਤ ਮਿਹਨਤ ਕੀਤੀ ਜਾ ਰਹੀ ਹੈ ਕਿਉਂਕਿ ਭਾਜਪਾ ਵਰਕਰਾਂ ਦੇ ਵਿੱਚ ਅਮਿਤ ਸ਼ਾਹ ਗ੍ਰਹਿ ਮੰਤਰੀ ਦੇ ਭਾਸ਼ਣ ਨੂੰ ਸੁਣਨ ਲਈ ਬਹੁਤ ਉਤਾਵਲੇ ਹਨ। ਇਸ ਰੈਲੀ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਕੁਰਸੀਆਂ ਲਗਾਈਆਂ ਗਈਆਂ ਹਨ। ਸਾਡੀ ਸੋਚ ਤੋਂ ਵੱਧ ਇਸ ਰੈਲੀ ਵਿੱਚ ਇਕੱਠ ਹੋਵੇਗਾ। ਪ੍ਰਸ਼ਾਸਨ ਵੱਲੋਂ ਵੀ ਸਾਰੇ ਪੁਖਤਾ ਇੰਤਜ਼ਾਮ ਕੀਤੇ ਗਏ ਹਨ ਤੇ ਬਹੁਤ ਵੱਡੀ ਪਾਰਕਿੰਗ ਦਾ ਇੰਤਜ਼ਾਮ ਕੀਤਾ ਗਿਆ ਹੈ ਤਾਂ ਕਿ ਕੋਈ ਵੀ ਭਾਜਪਾ ਵਰਕਰ ਨੂੰ ਕਿਸੇ ਤਰ੍ਹਾਂ ਦੀ ਦਿੱਕਤ ਨਾ ਆਵੇ।

## ਸੰਤ ਬਾਬਾ ਦਲਵਾਰਾ ਸਿੰਘ ਵੱਲੋਂ ਕੀਤੀ ਜਾ ਰਹੀ ਧਾਰਮਿਕ ਸੇਵਾ ਸ਼ਲਾਘਾਯੋਗ: ਰਣਦੀਪ ਸਿੰਘ

ਅਮਲੋਹ, 9 ਮਾਰਚ (ਜਸਵੰਤ ਸਿੰਘ): ਗੁਰਦੁਆਰਾ ਰੋਹੀਸਰ ਸਾਹਿਬ ਮਾਲੋਵਾਲ ਤਪ ਅਸਥਾਨ ਸ੍ਰੀ ਮਾਨ ਸੰਤ ਬਾਬਾ ਕ੍ਰਿਪਾ ਸਿੰਘ ਜੀ ਵਿਖੇ 3 ਰੋਜ਼ਾ ਗੁਰਮਤਿ ਸਮਾਗਮ ਦੌਰਾਨ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਰਣਦੀਪ ਸਿੰਘ ਨਾਭਾ, ਬਲਾਕ ਕਾਂਗਰਸ ਦੇ ਪ੍ਰਧਾਨ ਜਗਵੀਰ ਸਿੰਘ ਸਲਾਣਾ ਤੇ ਸਾਬਕਾ ਸੰਮਤੀ ਮੈਂਬਰ ਬਲਵੀਰ ਸਿੰਘ ਮਿੱਟੂ ਸਮੇਤ ਵੱਡੀ ਗਿਣਤੀ ਵਿੱਚ ਸਾਥੀਆਂ ਸਮੇਤ ਸ਼ਿਰਕਤ ਕਰਕੇ ਬਾਬਾ ਜੀ ਤੋਂ ਆਸ਼ੀਰਵਾਦ ਹਾਸਲ ਕੀਤਾ। ਉਨ੍ਹਾਂ ਕਿਹਾ ਕਿ ਬਾਬਾ ਦਲਵਾਰਾ ਸਿੰਘ ਵੱਲੋਂ ਕੀਤੇ ਜਾ ਰਹੇ ਧਾਰਮਿਕ ਤੇ ਸਮਾਜ ਸੇਵਾ ਦੇ ਕਾਰਜ ਸ਼ਲਾਘਾਯੋਗ ਹਨ, ਜਿਸ ਸਦਕਾ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਇਸ ਦਾ ਲਾਹਾ ਲੈ ਰਹੀਆਂ ਹਨ। ਇਸ ਮੌਕੇ ਸੰਤ ਬਾਬਾ ਦਲਵਾਰਾ ਸਿੰਘ ਰੋਹੀਸਰ ਸਾਹਿਬ ਵਾਲਿਆਂ ਨੇ ਕਿਹਾ ਕਿ ਇਸ ਮਹਾਨ ਸਥਾਨ ਉਪਰ ਸ੍ਰੀ ਮਾਨ ਸੰਤ ਬਾਬਾ ਕ੍ਰਿਪਾ ਸਿੰਘ ਨੇ ਲੰਬਾ ਸਮਾਂ ਸੇਵਾ ਕੀਤੀ, ਜਿਸ ਕਾਰਨ ਹਰ ਸਾਲ ਇਸ ਤਪ



ਅਸਥਾਨ ਉਪਰ ਸੰਗਤਾਂ ਦੇ ਸਹਿਯੋਗ ਨਾਲ ਸਾਲਾਨਾ ਸਮਾਗਮ ਕਰਵਾਇਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਸੰਤ ਕ੍ਰਿਪਾ ਸਿੰਘ ਇੰਟਰਨੈਸ਼ਨਲ ਚੈਰੀਟੇਬਲ ਰੂਹਾਨੀ ਮਿਸ਼ਨ ਵੱਲੋਂ ਇਸ ਅਸਥਾਨ 'ਤੇ ਗੁਰਮਤਿ ਵਿਦਿਆਲਾ ਚਲਾਇਆ ਜਾ ਰਿਹਾ ਹੈ, ਜਿਸ ਵਿੱਚ ਰਹਿਣ ਵਾਲੇ ਬੱਚਿਆਂ ਨੂੰ ਹਰ ਰੋਜ ਸ਼ੁੱਧ ਗੁਰਬਾਣੀ ਉਚਾਰਨ ਕਰਨ ਦੀ ਸਿੱਖਿਆ ਦਿੱਤੀ ਜਾਂਦੀ ਹੈ। ਸਕੂਲ ਵਿੱਚ ਪੜ੍ਹਨ ਵਾਲੇ ਬੱਚਿਆਂ ਨੂੰ ਹਰ ਐਤਵਾਰ ਸੰਖਿਆ ਦਿੱਤੀ ਜਾਂਦੀ ਹੈ ਤੇ ਕੀਰਤਨ ਦੀ ਸਿਖਲਾਈ ਵੀ ਦਿੱਤੀ ਜਾਂਦੀ ਹੈ। ਜਥੇਦਾਰ ਜਗਜੀਤ ਸਿੰਘ ਨੇ ਦੱਸਿਆ ਕਿ ਬਾਬਾ ਜੀ ਦੀ ਅਗਵਾਈ ਹੇਠ ਸੰਗਤਾਂ ਦੇ ਸਹਿਯੋਗ ਨਾਲ ਪੀਜੀਆਈ ਵਿੱਚ ਮਰੀਜ਼ਾਂ ਲਈ ਲੰਗਰ ਦੀ ਸੇਵਾ ਵੀ ਜਾਰੀ ਹੈ। ਉਨ੍ਹਾਂ ਸੰਗਤਾਂ ਨੂੰ ਸ੍ਰੀ ਦਰਬਾਰ ਸਾਹਿਬ ਦੀ ਚੱਲ ਰਹੀ ਕਾਰ ਸੇਵਾ ਵਿੱਚ ਵੀ ਯੋਗਦਾਨ ਪਾਉਣ ਦੀ ਅਪੀਲ ਕੀਤੀ। ਇਸ ਮੌਕੇ ਵੱਡੀ ਗਿਣਤੀ ਵਿੱਚ ਧਾਰਮਿਕ, ਸਿਆਸੀ ਆਗੂਆਂ ਤੋਂ ਇਲਾਵਾ ਇਲਾਕੇ ਦੇ ਪੰਚ, ਸਰਪੰਚ ਤੇ ਪਤਵੰਤੇ ਹਾਜ਼ਰ ਸਨ। ਬਾਬਾ ਜੀ ਨੇ ਸਾਬਕਾ ਮੰਤਰੀ ਰਣਦੀਪ ਸਿੰਘ ਨਾਭਾ, ਬਲਾਕ ਪ੍ਰਧਾਨ ਜਗਵੀਰ ਸਿੰਘ ਸਲਾਣਾ ਤੇ ਹੋਰ ਸ਼ਖ਼ਸੀਅਤਾਂ ਦਾ ਵੀ ਸਨਮਾਨ ਕੀਤਾ।

## 14 ਨੂੰ ਅਮਿਤ ਸ਼ਾਹ ਦੀ ਰੈਲੀ ਇੱਕ ਸਫਲ ਰੈਲੀ ਹੋਵੇਗੀ: ਡਾ. ਸੀਮਾਤ ਗਰਗ

ਮੋਗਾ, 9 ਮਾਰਚ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ 14 ਮਾਰਚ ਨੂੰ ਮੋਗਾ ਦੇ ਕਿਲੀ ਚਾਹਲਾ ਵਿੱਚ ਪੰਜਾਬ ਦੇ ਕਿਸਾਨਾਂ ਨੂੰ ਸੰਬੋਧਨ ਕਰਨ ਲਈ ਆ ਰਹੇ ਹਨ, ਉਨ੍ਹਾਂ ਦੀਆਂ ਤਿਆਰੀਆਂ ਵਿੱਚ ਪੰਜਾਬ ਭਰ ਦੇ ਭਾਜਪਾ ਆਗੂ ਅਧਿਕਾਰੀ ਆਪਣੇ ਕੰਮਾਂ ਸਬੰਧੀ ਮੀਟਿੰਗਾਂ ਦੀ ਲੜੀ ਜਾਰੀ ਰੱਖ ਰਹੇ ਹਨ, ਇਸ ਲੜੀ ਵਿੱਚ 14 ਮਾਰਚ ਨੂੰ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਆਗਮਨ ਸਬੰਧੀ ਹੈਲੀਪੈਡ, ਸਵਾਗਤ ਕਮੇਟੀ, ਵੀਆਈਪੀ ਪਾਰਕਿੰਗ, ਵੀਵੀਆਈਪੀ ਬਲਾਕ, ਟ੍ਰੈਫਿਕ ਪ੍ਰਬੰਧਨ, ਪਾਰਕਿੰਗ ਪ੍ਰਬੰਧਨ ਤੇ ਪਖਾਨਿਆਂ ਵਰਗੀ ਕਮੇਟੀ ਦੀ ਇੱਕ ਮੀਟਿੰਗ ਸਾਬਕਾ ਜ਼ਿਲ੍ਹਾ ਪ੍ਰਧਾਨ ਡਾ. ਸੀਮਾਤ ਗਰਗ ਦੀ ਅਗਵਾਈ ਹੇਠ ਭਾਜਪਾ ਦਫਤਰ ਵਿੱਚ ਹੋਈ। ਪ੍ਰੈਸ ਨਾਲ ਗੱਲਬਾਤ ਕਰਦਿਆਂ ਹੋਇਆ ਡਾ. ਸੀਮਾਤ ਗਰਗ ਦਾ ਕਹਿਣਾ ਹੈ ਕਿ 14 ਤਰੀਕ ਨੂੰ ਅਮਿਤ ਸ਼ਾਹ ਦੀ ਰੈਲੀ ਵਿਰੋਧੀਆਂ ਦੇ ਸਾਰੇ ਭਰਮ-



ਭੁਲੇਖੇ ਦੂਰ ਕਰ ਦੇਵੇਗੀ, ਇਸ ਰੈਲੀ ਵਿੱਚ ਅਹੁਦੇਦਾਰਾਂ ਲਈ ਬਿਹਤਰ ਪ੍ਰਬੰਧ ਕਿਵੇਂ ਕੀਤੇ ਜਾ ਸਕਦੇ ਹਨ, ਇਸ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਸਮੂਹ ਅਧਿਕਾਰੀਆਂ ਨੇ ਉਨ੍ਹਾਂ ਨੂੰ 14 ਮਾਰਚ ਨੂੰ ਕੇਂਦਰ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਰੈਲੀ ਸਬੰਧੀ ਉਨ੍ਹਾਂ ਦੇ ਕੰਮ ਬਾਰੇ ਵਿਸਤਾਰ ਵਿੱਚ ਜਾਣਕਾਰੀ ਦਿੱਤੀ। ਅਧਿਕਾਰੀਆਂ ਦੁਆਰਾ ਕੀਤੇ ਜਾ ਰਹੇ ਕੰਮ 'ਤੇ ਸੰਤੁਸ਼ਟੀ ਪ੍ਰਗਟ ਕਰਦੇ ਹੋਏ ਡਾ. ਸੀਮਾਤ ਨੇ ਉਨ੍ਹਾਂ ਨੂੰ ਆਪਣੀ ਕਾਰਗੁਜ਼ਾਰੀ ਹੋਰ ਵਧਾਉਣ ਦੀ ਅਪੀਲ ਕੀਤੀ। ਇਸ ਮੌਕੇ ਡਾ. ਸੀਮਾਤ ਨੇ ਕਿਹਾ ਕਿ 14 ਮਾਰਚ ਨੂੰ ਹੋਣ ਵਾਲੀ ਰੈਲੀ ਪੰਜਾਬ ਕਿਸਾਨ ਰੈਲੀ 2027 ਦੀਆਂ ਵਿਧਾਨ ਸਭਾ ਚੋਣਾਂ ਦੀ ਨੀਂਵ ਰੱਖੇਗੀ। ਉਨ੍ਹਾਂ ਕਿਹਾ ਕਿ ਜਿਸ ਦੇਸ਼ ਵਿੱਚ ਭਾਜਪਾ ਦੀ ਲਹਿਰ ਜ਼ੋਰ ਫੜ ਰਹੀ ਹੈ ਉਥੇ ਪੰਜਾਬ ਦੇ ਲੋਕ ਵੀ ਡਬਲ ਇੰਜਣ ਵਾਲੀ ਸਰਕਾਰ ਚਾਹੁੰਦੇ ਹਨ। ਉਨ੍ਹਾਂ ਨੇ ਅੱਗੇ ਕਿਹਾ ਕਿ 14 ਮਾਰਚ ਨੂੰ ਕਿਸਾਨ ਰੈਲੀ ਨੂੰ ਲੈ ਕੇ ਪੰਜਾਬ ਭਰ ਦੇ ਕਿਸਾਨ ਤੇ ਭਾਜਪਾ ਵਰਕਰਾਂ ਵਿੱਚ ਭਾਰੀ ਉਤਸ਼ਾਹ ਹੈ। ਉਨ੍ਹਾਂ ਨੇ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਤੋਂ ਇਲਾਵਾ ਪੰਜਾਬ ਸਰਕਾਰ ਮੰਤਰੀ ਸ੍ਰੀ ਨਿਵਾਸੂਲੂ, ਸੂਬਾ ਪ੍ਰਧਾਨ ਸੁਨੀਲ ਜਾਖੜ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਸਮੇਤ ਕਈ ਹੋਰ ਲੀਡਰ ਆਗੂ ਤੇ ਪੰਜਾਬ ਭਾਜਪਾ ਦੀ ਸਮੁੱਚੀ ਲੀਡਰਸ਼ਿਪ ਇਸ ਰੈਲੀ ਵਿੱਚ ਕਿਸਾਨਾਂ ਨਾਲ ਆਪਣਾ ਵਿਚਾਰ ਸਾਂਝੇ ਕਰੇਗੀ।

## ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ ਇੰਦੂ ਬਾਲਾ ਦੀ ਅਗਵਾਈ 'ਚ ਔਰਤਾਂ ਦੇ ਸਤਿਕਾਰ ਤੇ ਸ਼ਸ਼ਕਤੀਕਰਨ ਨੂੰ ਸਮਰਪਿਤ ਪ੍ਰੋਗਰਾਮ ਕਰਵਾਇਆ



ਮੁਕੇਰੀਆਂ, 9 ਮਾਰਚ (ਧਰਮ ਚੰਦ): ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਸਾਬਕਾ ਕਾਂਗਰਸੀ ਵਿਧਾਇਕਾ ਇੰਦੂ ਬਾਲਾ ਦੀ ਪ੍ਰਧਾਨਗੀ ਹੇਠ ਡਾ. ਕੇਵਲ ਕ੍ਰਿਸ਼ਨ ਚਾਈਲਡ ਐਂਡ ਵੂਮੈਨ ਵੈਲਫੇਅਰ ਸੁਸਾਇਟੀ ਨੇ ਔਰਤਾਂ ਦੇ ਸਤਿਕਾਰ ਤੇ ਸ਼ਸ਼ਕਤੀਕਰਨ ਨੂੰ ਸਮਰਪਿਤ ਇੱਕ ਪ੍ਰੋਗਰਾਮ ਦਾ ਆਯੋਜਨ ਕੀਤਾ, ਜਿਸ ਵਿੱਚ ਦਸੂਹਾ ਵਿਧਾਨ ਸਭਾ ਹਲਕੇ ਦੇ ਸਾਬਕਾ ਵਿਧਾਇਕ ਅਰੁਣ ਮਿੱਕੀ ਡੋਗਰਾ ਤੇ ਸੁਖਜਿੰਦਰ ਕੌਰ ਵੱਲੋਂ ਵੀ ਸ਼ਿਰਕਤ ਕੀਤੀ ਤੇ ਔਰਤਾਂ ਲਈ ਵੱਖ-ਵੱਖ ਖੇਡ ਮੁਕਾਬਲਿਆਂ ਦਾ ਉਦਘਾਟਨ ਕੀਤਾ ਗਿਆ। ਇਸ ਪ੍ਰੋਗਰਾਮ ਦੌਰਾਨ ਵੱਡੀ ਗਿਣਤੀ ਵਿੱਚ ਔਰਤਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਤੇ ਆਪਣੇ ਆਤਮਵਿਸ਼ਵਾਸ ਦਾ ਪ੍ਰਦਰਸ਼ਨ ਕੀਤਾ। ਪ੍ਰੋਗਰਾਮ ਦੌਰਾਨ ਰੱਸਾਕਸ਼ੀ, ਦੌੜ, ਚਾਟੀ ਦੌੜ ਤੇ ਹੋਰ ਰਵਾਇਤੀ ਖੇਡ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਜੇਤੂ ਭਾਗੀਦਾਰਾਂ ਨੂੰ ਸਨਮਾਨਤ ਕੀਤਾ ਗਿਆ ਤੇ 305 ਲੋੜਵੰਦ ਔਰਤਾਂ ਨੂੰ ਕੰਬਲ ਵੰਡੇ ਗਏ। ਇਸ ਮੌਕੇ ਸਾਬਕਾ ਵਿਧਾਇਕ ਇੰਦੂ ਬਾਲਾ ਨੇ ਕਿਹਾ ਕਿ ਅੱਜ ਦੀਆਂ ਔਰਤਾਂ ਹਰ ਖੇਤਰ ਵਿੱਚ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰ ਰਹੀਆਂ ਹਨ। ਸਿੱਖਿਆ, ਪ੍ਰਸ਼ਾਸਨ, ਵਿਗਿਆਨ, ਖੇਡਾਂ ਜਾਂ ਰਾਜਨੀਤੀ ਦੇ ਖੇਤਰ ਦੇ ਨਾਲ-ਨਾਲ ਔਰਤਾਂ ਦੇਸ਼ ਦੇ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਪਾ ਰਹੀਆਂ ਹਨ। ਸਾਬਕਾ ਵਿਧਾਇਕ ਅਰੁਣ ਮਿੱਕੀ ਡੋਗਰਾ ਨੇ ਕਿਹਾ ਕਿ ਭਾਰਤੀ ਸੱਭਿਆਚਾਰ ਵਿੱਚ ਔਰਤਾਂ ਨੂੰ ਤਾਕਤ, ਦਇਆ ਦਾ ਪ੍ਰਤੀਕ ਮੰਨਿਆ ਜਾਂਦਾ ਹੈ। ਮਾਵਾਂ, ਭੈਣਾਂ ਤੇ ਧੀਆਂ ਦੇ ਰੂਪ ਵਿੱਚ ਉਹ ਪਰਿਵਾਰ ਤੇ ਸਮਾਜ ਦੋਵਾਂ ਨੂੰ ਕਦਰਾਂ-ਕੀਮਤਾਂ ਪ੍ਰਦਾਨ ਕਰਦੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਅੱਜ ਦੀਆਂ ਔਰਤਾਂ ਸਮਾਜ ਤੇ ਦੇਸ਼ ਦੇ ਵਿਕਾਸ ਵਿੱਚ ਵੀ ਮਹੱਤਵਪੂਰਨ ਯੋਗਦਾਨ ਪਾ ਰਹੀਆਂ ਹਨ।

## ਸਿਹਤ ਵਿਭਾਗ ਵੱਲੋਂ ਲੜਕੀਆਂ ਨੂੰ ਹਿਊਮਨ ਪੈਪੀਲੋਮਾ ਵਾਇਰਸ ਵੈਕਸੀਨ ਲਗਵਾਉਣ ਦੀ ਅਪੀਲ




ਫਾਜ਼ਿਲਕਾ, 9 ਮਾਰਚ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਡਾ. ਕਵਿਤਾ ਸਿੰਘ ਸਿਵਲ ਸਰਜਨ ਫਾਜ਼ਿਲਕਾ ਦੀ ਦੇਖਰੇਖ ਵਿੱਚ ਡਾ. ਰਿੰਕੂ ਚਾਵਲਾ ਜ਼ਿਲ੍ਹਾ ਟੀਕਾਕਰਨ ਅਫ਼ਸਰ ਵੱਲੋਂ ਏਵੀ ਪਬਲਿਕ ਸਕੂਲ ਫ਼ਾਜ਼ਿਲਕਾ ਵਿਖੇ ਐਚਪੀਵੀ ਦਾ ਟੀਕਾਕਰਨ ਕਰਵਾਉਣ ਲਈ ਜਾਗਰੂਕ ਕੀਤਾ। ਇਸ ਸਮੇਂ ਮਾਸ ਮੀਡੀਆ ਵਿੰਗ ਤੋਂ ਵਿਨੋਦ ਖੁਰਾਣਾ, ਦਿਵੇਸ਼ ਕੁਮਾਰ ਨੇ ਸ਼ਮੂਲੀਅਤ ਕੀਤੀ। ਐਚਪੀਵੀ ਟੀਕਾਕਰਨ ਸਬੰਧੀ ਡਾ. ਕਵਿਤਾ ਸਿੰਘ ਨੇ ਕਿਹਾ ਕਿ ਇਹ ਟੀਕਾਕਰਨ ਲੜਕੀਆਂ ਲਈ ਸੁਰੱਖਿਅਤ ਤੇ ਪ੍ਰਾਈਵੇਟ ਹਸਪਤਾਲਾਂ ਵਿੱਚ ਪਹਿਲਾਂ ਹੀ ਇਹ ਟੀਕਾਕਰਨ ਕੀਤਾ ਜਾ ਰਿਹਾ ਹੈ। ਜਿਸ ਦੀ ਕੀਮਤ ਬਹੁਤ ਜ਼ਿਆਦਾ ਹੈ। ਇਹ ਟੀਕਾਕਰਨ ਕਰੀਬ 167 ਦੇਸ਼ਾਂ ਵਿੱਚ ਪਹਿਲਾਂ ਹੀ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ 14 ਤੋਂ 15 ਸਾਲ ਤੱਕ ਦੀ ਉਮਰ ਦੀਆਂ ਲੜਕੀਆਂ ਨੂੰ ਐਚ.ਪੀ.ਵੀ. ਵੈਕਸੀਨ ਲਗਾਉਣ ਦੀ ਇੱਕ ਵਿਸ਼ੇਸ਼ 3 ਮਹੀਨਿਆਂ ਦੀ ਮੁਹਿੰਮ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਸਮੂਹ ਵਿਭਾਗਾਂ, ਸਮਾਜ ਸੇਵੀ ਸੰਸਥਾਵਾਂ, ਮੀਡੀਆ ਨੂੰ ਇਸ ਮੁਹਿੰਮ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਲਈ ਸਿਹਤ ਵਿਭਾਗ ਦਾ ਸਹਿਯੋਗ ਦੇਣ ਲਈ ਅਪੀਲ ਕੀਤੀ। ਡਾ. ਰਿੰਕੂ ਚਾਵਲਾ ਨੇ ਸਕੂਲ ਵਿੱਚ ਜਾਣਕਾਰੀ ਦਿੰਦੇ ਕਿਹਾ ਕਿ 14 ਸਾਲ ਦੀਆਂ ਬੱਚੀਆਂ ਨੂੰ ਬੱਚੇਦਾਨੀ ਦੇ ਮੂੰਹ ਦੇ ਕੈਂਸਰ ਤੋਂ ਬਚਾਅ ਲਈ ਇਹ ਟੀਕਾਕਰਨ ਜ਼ਰੂਰ ਕਰਵਾਉਣ। ਉਨ੍ਹਾਂ ਦੱਸਿਆ ਕਿ ਸਰਵਾਈਕਲ ਕੈਂਸਰ ਭਾਰਤ ਵਿੱਚ ਔਰਤਾਂ ਵਿੱਚ ਦੂਜਾ ਪ੍ਰਮੁੱਖ ਕੈਂਸਰ ਹੈ।

### ਲਕਸ਼ਮੀ ਨਾਰਾਇਣ ਮੰਦਰ ਨੇ ਪੇਸ਼ ਕੀਤੀ ਇਨਸਾਨੀਅਤ ਦੀ ਮਿਸਾਲ

## ਲੋੜਵੰਦ ਕੰਨਿਆ ਦਾ ਵਿਆਹ ਕਰਵਾਇਆ, ਘਰੇਲੂ ਵਰਤੋਂ ਦਾ ਸਾਰਾ ਸਮਾਨ ਤੋਹਫ਼ੇ ਵਜੋਂ ਦਿੱਤਾ

ਫ਼ਾਜ਼ਿਲਕਾ, 9 ਮਾਰਚ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਸਥਾਨਕ ਲਕਸ਼ਮੀ ਨਾਰਾਇਣ ਮੰਦਰ ਵੱਲੋਂ ਸਮਾਜ ਸੇਵਾ ਦੀ ਪ੍ਰੰਪਰਾ ਨੂੰ ਨਿਰੰਤਰ ਜਾਰੀ ਰੱਖਦੇ ਹੋਏ ਇੱਕ ਬਹੁਤ ਹੀ ਲੋੜਵੰਦ ਪਰਿਵਾਰ ਦੀ ਲੜਕੀ ਦਾ ਵਿਆਹ ਪੂਰੇ ਸਨਮਾਨ ਤੇ ਮਰਿਆਦਾ ਨਾਲ ਸੰਪੰਨ ਕਰਵਾਇਆ ਗਿਆ। ਮੰਦਰ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਕੀਤੇ ਗਏ ਇਸ ਨੇਕ ਕਾਰਜ ਦੌਰਾਨ ਨਵ-ਵਿਆਹੇ ਜੋੜੇ ਨੂੰ ਨਵੀਂ ਗ੍ਰਹਿਸਥੀ ਸ਼ੁਰੂ ਕਰਨ ਲਈ ਲੋੜੀਂਦਾ ਸਮਾਨ ਵੀ ਤੋਹਫ਼ੇ ਵਜੋਂ ਭੇਟ ਕੀਤਾ ਗਿਆ। ਮੰਦਰ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੰਸਥਾ ਵੱਲੋਂ ਹਰ ਸਾਲ 4 ਤੋਂ 5 ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹ ਕਰਵਾਏ ਜਾਂਦੇ ਹਨ। ਇਸੇ ਲੜੀ ਤਹਿਤ ਅੱਜ ਇੱਕ ਅਜਿਹੇ ਪਰਿਵਾਰ ਦੀ ਤੀਜੀ ਬੇਟੀ ਦਾ ਵਿਆਹ ਕਰਵਾਇਆ ਗਿਆ, ਜਿਸ ਦੀ ਆਰਥਿਕ ਹਾਲਤ ਕਾਫੀ ਕਮਜ਼ੋਰ ਸੀ। ਇਸ ਪਰਿਵਾਰ ਵਿੱਚ ਪੰਜ ਬੇਟੀਆਂ ਤੇ ਇੱਕ ਛੋਟਾ ਭਰਾ



ਹੈ, ਜਿਸ ਕਾਰਨ ਪਰਿਵਾਰ ਵਿਆਹ ਦਾ ਖਰਚਾ ਚੁੱਕਣ ਵਿੱਚ ਅਸਮਰੱਥ ਸੀ। ਮੰਦਰ ਕਮੇਟੀ ਨੇ ਜ਼ਿੰਮੇਵਾਰੀ ਉਠਾਉਂਦੇ ਹੋਏ ਨਾ ਸਿਰਫ਼ ਵਿਆਹ ਦੀਆਂ ਰਸਮਾਂ ਪੂਰੀਆਂ ਕਰਵਾਈਆਂ, ਬਲਕਿ ਮੰਦਰ ਕੰਪਲੈਕਸ ਵਿੱਚ ਕਰੀਬ 100 ਬਰਾਤੀਆਂ ਲਈ ਵਧੀਆ ਨਾਸ਼ਤੇ ਤੇ ਖਾਣੇ ਦਾ ਪ੍ਰਬੰਧ ਵੀ ਕੀਤਾ। ਮੰਦਰ ਵੱਲੋਂ ਨਵ-ਵਿਆਹੇ ਜੋੜੇ ਨੂੰ ਦਿੱਤੇ ਗਏ ਸਮਾਨ ਵਿੱਚ ਸੋਨੇ ਦਾ ਕੋਕਾ, ਚਾਂਦੀ ਦੀਆਂ ਝਾਂਜਰਾਂ ਤੇ ਬਿਛੂਏ, ਵੱਡੀ ਅਲਮਾਰੀ, ਪੇਟੀ, ਫਰਾਟਾ ਪੱਖਾ, ਮੇਜ਼-ਕੁਰਸੀਆਂ, 2 ਫੋਲਡਿੰਗ ਬੈਡ, ਡਬਲ ਰਜ਼ਾਈ, ਕੰਬਲ, ਗੱਦੇ, ਸਿਰਹਾਣੇ, ਚਾਦਰ ਸੈਟ ਤੇ ਅਟੈਚੀ ਸ਼ਾਮਲ ਸਨ। ਇਸ ਤੋਂ ਇਲਾਵਾ ਰਸੋਈ ਲਈ ਕੁੱਕਰ, ਵਾਟਰ ਕੂਲਰ, ਡਿਨਰ ਸੈਟ, 31 ਬਰਤਨ, ਪ੍ਰੈਸ ਤੇ ਹੋਰ ਸਮਾਨ ਜਿਵੇਂ ਸ਼ਿੰਗਾਰ ਕਿੱਟ, ਹਾਰ, ਕੰਧ ਘੜੀ, ਲੜਕੇ ਲਈ ਘੜੀ ਤੇ ਕੱਪੜੇ ਪ੍ਰਦਾਨ ਕੀਤੇ ਗਏ। ਕੱਪੜਿਆਂ ਵਿੱਚ ਲੜਕੀ ਦੇ 21 ਸੂਟ ਤੇ 4 ਸਾੜੀਆਂ ਤੇ ਲੜਕੇ ਦੇ 6 ਸੂਟ ਸ਼ਾਮਲ ਸਨ। ਇਸ ਦੇ ਨਾਲ ਹੀ ਮਿਲਣੀ ਲਈ ਕੰਬਲ ਤੇ ਹੋਰ ਘਰੇਲੂ ਤੋਹਫ਼ੇ ਵੀ ਦਿੱਤੇ ਗਏ। ਮੰਦਰ ਪ੍ਰਬੰਧਕਾਂ ਨੇ ਸਮਾਜ ਦੇ ਸਮਰੱਥ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਅਜਿਹੇ ਸੇਵਾ ਕਾਰਜਾਂ ਵਿੱਚ ਵੱਧ-ਚੜ੍ਹ ਕੇ ਆਪਣਾ ਸਹਿਯੋਗ ਦੇਣ।

## ਬੱਸਾਂ ਵਾਲੇ ਕਰਦੇ ਨੇ ਮਨਮਰਜ਼ੀਆਂ, ਨਹੀਂ ਹੈ ਕਾਨੂੰਨ ਦਾ ਡਰ

ਭੋਗਪੁਰ, 9 ਮਾਰਚ (ਜੰਡੀਰ ਸੈਣੀ): ਥਾਣਾ ਮੁਖੀ ਭੋਗਪੁਰ ਇੰਸਪੈਕਟਰ ਰਜੇਸ਼ ਕੁਮਾਰ ਵੱਲੋਂ ਸਖ਼ਤ ਕਾਰਵਾਈ ਕਰਨ ਦੇ ਬਾਵਜੂਦ ਵੀ ਬੱਸਾਂ ਵਾਲੇ ਮਨਮਰਜ਼ੀਆਂ ਕਰਨ ਤੋਂ ਨਹੀਂ ਹਟਦੇ, ਬੱਸਾਂ ਜੀਟੀ ਰੋਡ ਦੇ ਵਿਚਾਲੇ ਖੜ੍ਹੀਆਂ ਕਰ ਦਿੰਦੇ ਹਨ ਤਾਂ ਜੀਟੀ ਰੋਡ 'ਤੇ ਲੰਬੇ-ਲੰਬੇ ਜਾਮ ਲੱਗ ਜਾਂਦੇ ਹਨ। ਸ਼ਹਿਰ ਵਿੱਚ ਟ੍ਰੈਫਿਕ ਨਾਲ ਹਾਦਸੇ ਵਾਪਰ ਰਹੇ ਹਨ। ਕਰੋੜਾਂ ਰੁਪਏ ਖਰਚ ਕਰਕੇ ਬੱਸ ਅੱਡਾ ਤਿਆਰ ਕੀਤਾ ਗਿਆ ਪਰ ਇੱਕ ਵੀ ਬੱਸ, ਬੱਸ ਅੱਡੇ ਦੇ ਅੰਦਰ ਨਹੀਂ ਜਾ ਰਹੀ, ਕੁਝ ਦਿਨ



ਪਹਿਲੇ ਹੀ ਸ਼ਹਿਰ ਵਿੱਚ ਟ੍ਰੈਫਿਕ ਲਾਈਟਾਂ ਲਗਾਈਆਂ ਗਈਆਂ ਸਨ, ਪਰ ਬੱਸਾਂ ਵਾਲਿਆਂ ਵੱਲੋਂ ਟ੍ਰੈਫਿਕ ਲਾਈਟਾਂ ਦੀ ਪਾਲਣਾ ਸਹੀ ਢੰਗ ਨਾਲ ਨਹੀਂ ਕੀਤੀ ਜਾ ਰਹੀ, ਲਾਲ ਲਾਈਟਾਂ ਹੋਣ ਦੇ ਬਾਵਜੂਦ ਵੀ ਚੌਕ ਵਿਚਾਲੇ ਬੱਸਾਂ ਖੜ੍ਹਾ ਦਿੰਦੇ ਹਨ ਤੇ ਮਨ ਮਰਜ਼ੀਆਂ ਕਰਦੇ ਹਨ। ਬੱਸ ਡਰਾਈਵਰਾਂ 'ਤੇ ਭੋਗਪੁਰ ਇਲਾਕੇ ਦੇ ਲੜਕੇ ਤੇ ਲੜਕੀਆਂ ਨੇ ਇਲਜ਼ਾਮ ਲਗਾਉਂਦੇ ਹੋਏ ਇਹ ਵੀ ਕਿਹਾ ਕਿ ਉਨ੍ਹਾਂ ਨੂੰ ਜਲੰਧਰ ਤੋਂ ਬੱਸ ਵਿੱਚ ਬੈਠਣ ਤੋਂ ਰੋਕਿਆ ਜਾਂਦਾ ਹੈ, ਇਹ ਕਿਹਾ ਜਾਂਦਾ ਹੈ ਕਿ ਭੋਗਪੁਰ ਦੀ ਸਵਾਰੀ ਬੱਸ ਵਿੱਚ ਕੋਈ ਨਾ ਬੈਠੇ ਤੇ ਜਦ ਬੱਸ ਭਰ ਜਾਂਦੀ ਹੈ ਫਿਰ ਲੜਕੇ ਤੇ ਲੜਕੀਆਂ ਨੂੰ ਬੱਸ ਵਿੱਚ ਖੜ੍ਹੇ ਕਰਕੇ ਭੋਗਪੁਰ ਤੱਕ ਲਿਆਇਆ ਜਾਂਦਾ ਹੈ। ਸੀਟ ਨਹੀਂ ਦਿੱਤੀ ਜਾਂਦੀ। ਇਸ ਦੇ ਸਬੰਧ ਵਿੱਚ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਬੱਸਾਂ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਵੇਗਾ। ਅਣਗਹਿਲੀ ਕਰਨ ਵਾਲਿਆਂ 'ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ।

## ਰਿਮਟ ਹਸਪਤਾਲ 'ਚ ਮਰੀਜ਼ਾਂ ਦੀ ਸਹੂਲਤ ਲਈ ਮੁਫ਼ਤ ਮੈਡੀਕਲ ਕੈਂਪ 12 ਨੂੰ

ਮੰਡੀ ਗੋਬਿੰਦਗੜ੍ਹ, 9 ਮਾਰਚ (ਸੂਦ): ਰਿਮਟ ਹਸਪਤਾਲ ਮੰਡੀ ਗੋਬਿੰਦਗੜ੍ਹ ਵਿੱਚ 12 ਮਾਰਚ ਨੂੰ ਮੁਫ਼ਤ ਮੈਡੀਕਲ ਕੈਂਪ ਲਗਾਇਆ ਜਾ ਰਿਹਾ ਹੈ। ਹਸਪਤਾਲ ਦੇ ਅਧਿਕਾਰੀਆਂ ਨੇ ਦੱਸਿਆ ਕਿ ਇਸ ਕੈਂਪ ਵਿੱਚ ਅੱਖਾਂ, ਕੰਨ, ਦਿਲ, ਹੱਡੀਆਂ ਤੇ ਹਰ ਤਰ੍ਹਾਂ ਦੀਆਂ ਬਿਮਾਰੀਆਂ ਦਾ ਮੁਫ਼ਤ ਇਲਾਜ ਕੀਤਾ ਜਾਵੇਗਾ, ਇਸ ਤੋਂ ਬਿਨਾਂ ਖ਼ੂਨ ਦੇ ਸਾਰੇ ਟੈਸਟ ਫ੍ਰੀ ਕੀਤੇ ਜਾਣਗੇ। ਪ੍ਰਬੰਧਕਾਂ ਨੇ ਕਿਹਾ ਕਿ ਜੇਕਰ ਕਿਸੇ ਨੂੰ ਅਲਟਰਾਸਾਊਂਡ, ਸੀਟੀ ਸਕੈਨ, ਈਸੀਜੀ, ਖ਼ੂਨ ਦੀ ਜਾਂਚ ਤੇ ਐਕਸਰੇ ਆਦਿ ਕਰਵਾਉਣ ਦੀ ਲੋੜ ਪਵੇ ਤਾਂ ਉਹ ਵੀ ਸਾਰੇ ਮੁਫ਼ਤ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਦਵਾਈਆਂ ਵੀ ਘੱਟ ਰੇਟ 'ਤੇ ਦਿੱਤੀਆਂ ਜਾਣਗੀਆਂ। ਪ੍ਰਬੰਧਕਾਂ ਨੇ ਦੱਸਿਆ ਕਿ ਇਸ ਹਸਪਤਾਲ ਵਿੱਚ ਆਯੂਸ਼ਮਾਨ ਭਾਰਤ ਤੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਮਰੀਜ਼ਾਂ ਦਾ ਮੁਫ਼ਤ ਇਲਾਜ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਦੂਰਬੀਨ ਰਾਹੀਂ ਗੁਰਦੇ ਦੀ ਪੱਥਰੀ, ਦੂਰਬੀਨ ਰਾਹੀਂ ਗਦੂਦਾਂ, ਦੂਰਬੀਨ ਰਾਹੀਂ ਪਿਸ਼ਾਬ ਦੀ ਨਾਲੀ ਦੀ



ਪੱਥਰੀ ਦਾ ਆਪ੍ਰੇਸ਼ਨ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਦੂਰਬੀਨ ਰਾਹੀਂ ਦਿਮਾਗ ਦੀ ਸਰਜਰੀ, ਦੂਰਬੀਨ ਰਾਹੀਂ ਰੀੜ੍ਹ ਦੀ ਹੱਡੀ ਦੀ ਸਰਜਰੀ ਤੇ ਨਵਜਾਤ ਬੱਚਿਆਂ ਦੀ ਦੇਖਭਾਲ ਆਦਿ ਦਾ ਵੀ ਪ੍ਰਬੰਧ ਹੈ। ਉਨ੍ਹਾਂ ਚੂਲ੍ਹੇ ਬਦਲਣ ਦਾ ਵੀ ਇਥੇ ਸਫ਼ਲ ਪ੍ਰਬੰਧ ਹੈ ਤੇ ਆਯੂਸ਼ਮਾਨ ਕਾਰਡ ਧਾਰਕਾਂ ਲਈ ਮੁਫ਼ਤ ਓਪੀਡੀ ਦਾ ਪ੍ਰਬੰਧ ਹੈ। ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਹਸਪਤਾਲ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਰਿਮਟ ਮੈਡੀਕਲ ਕਾਲਜ ਤੇ ਹਸਪਤਾਲ ਵੱਲੋਂ ਲੋਕਾਂ ਨੂੰ ਪੂਰੀ ਬਾਡੀ ਦੇ ਟੈਸਟ ਕਰਵਾਉਣ ਦੀ ਵੀ ਸਹੂਲਤ ਦਿੱਤੀ ਗਈ ਹੈ।

## 14 ਦੀ ਮੋਗਾ ਰੈਲੀ ਨੂੰ ਮੁੱਖ ਰੱਖ ਕੇ ਭਾਜਪਾ ਦੀ ਜ਼ਿਲ੍ਹਾ ਇਕਾਈ ਦੀ ਮੀਟਿੰਗ

ਮੰਡੀ ਗੋਬਿੰਦਗੜ੍ਹ, 9 ਮਾਰਚ (ਰੂਪਲ ਸੂਦ): ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੀ ਇੱਕ ਵਿਸ਼ੇਸ਼ ਮੀਟਿੰਗ ਭੱਟੀ ਫਾਰਮ ਸਰਹਿੰਦ ਹੋਈ, ਜਿਸ ਵਿੱਚ ਸੂਬਾ ਪ੍ਰਧਾਨ ਅਸ਼ਵਨੀ ਸ਼ਰਮਾ ਤੇ ਜਨਰਲ ਸਕੱਤਰ ਪਰਮਿੰਦਰ ਸਿੰਘ ਬਰਾੜ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਤੇ 14 ਮਾਰਚ ਨੂੰ ਮੋਗਾ ਵਿਖੇ ਹੋਣ ਵਾਲੀ ਰੈਲੀ ਲਈ ਡਿਊਟੀਆਂ ਲਗਾਈਆਂ ਗਈਆਂ। ਬੁਲਾਰਿਆਂ ਨੇ ਭਰੋਸਾ ਦਿੱਤਾ ਕਿ ਜ਼ਿਲ੍ਹੇ ਵਿਚੋਂ ਵੱਡੀ ਗਿਣਤੀ ਵਿੱਚ ਵਰਕਰ ਸ਼ਾਮਲ ਹੋਣਗੇ, ਇਸ ਰੈਲੀ ਨੂੰ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਸਮੇਤ ਹੋਰ ਲੀਡਰਸ਼ਿਪ ਸੰਬੋਧਨ ਕਰੇਗੀ। ਮੀਟਿੰਗ ਨੂੰ ਜ਼ਿਲ੍ਹਾ ਪ੍ਰਧਾਨ ਦੀਦਾਰ ਸਿੰਘ ਭੱਟੀ, ਗੇਜਾ ਰਾਮ ਵਾਲਮੀਕ, ਸਾਬਕਾ ਮੰਤਰੀ ਡਾ. ਹਰਬੰਸ ਲਾਲ, ਪਾਰਟੀ ਆਗੂ ਜਗਦੀਪ ਸਿੰਘ ਚੀਮਾ, ਡਾ. ਰਘਵੀਰ ਸ਼ੁਕਲਾ, ਸੰਦੀਪ ਸਿੰਘ ਬੱਲ, ਸਰਬਜੀਤ



ਸਿੰਘ ਮੱਖਣ, ਹਰੀਸ਼ ਅਗਰਵਾਲ, ਕੁਲਦੀਪ ਸਿੰਘ ਸਹੋਤਾ, ਕੁਲਦੀਪ ਸਿੰਘ ਸਿੱਧੂਪੁਰ, ਅਜਾਇਬ ਸਿੰਘ ਜਖਵਾਲੀ, ਦੇਵੀ ਦਿਆਲ ਪਰਾਸ਼ਰ, ਰਵਿੰਦਰ ਸਿੰਘ ਪਦਮ, ਓਮ ਗੌਤਮ, ਰਜੀਵ ਵਰਮਾ, ਸਨੀ ਗੋਇਲ, ਪੁਨੀਤ ਮਹਾਵਰ, ਪਰਮਜੀਤ ਸਿੰਘ ਪੰਮਾ, ਕਮਲਜੀਤ ਸਿੰਘ ਸਾਨੀਪੁਰ, ਸ਼ਾਮ ਸੁੰਦਰ ਭਾਰਦਵਾਜ, ਤਰਸੇਮ ਉਪਲ, ਤਰਲੋਚਨ ਸਿੰਘ ਲਾਲੀ, ਗੁਰਵਿੰਦਰ ਸਿੰਘ ਸੋਹੀ, ਬਲਵੀਰ ਸਿੰਘ ਧਾਰਨੀ, ਸੰਜੀਵ ਕੁਮਾਰ ਦੀਪੂ, ਸਿਕੰਦਰ ਸਿੰਘ ਚੋਲਟੀ ਖੇੜੀ, ਐਡ. ਰਾਜਵੀਰ ਸਿੰਘ ਗਰੇਵਾਲ, ਐਡ. ਕਰਨਵੀਰ ਸਿੰਘ ਚਨਾਰਥਲ, ਗੁਰਬਖਸ਼ ਸਿੰਘ ਬਖਸ਼ੀ, ਧਰਮਿੰਦਰ ਬਾਂਡਾ, ਜਸਪਾਲ ਸਿੰਘ ਅਨੈਤਪੁਰਾ, ਦਵਿੰਦਰ ਕੁਮਾਰ, ਵਰਿੰਦਰ ਸਿੰਘ ਧਤੌਦਾ, ਜਸਵਿੰਦਰ ਸਿੰਘ ਬਰਾਸ, ਜਗੀਸਰ ਸਿੰਘ ਰੁੜਕੀ, ਬਲਬੀਰ ਸਿੰਘ ਬੈਲੀ, ਪਰਮਜੀਤ ਕੌਰ ਸਾਨੀਪੁਰ, ਬਲਵਿੰਦਰ ਕੌਰ ਭੈਰੋਂਪੁਰ, ਸੁਰਿੰਦਰ ਕੌਰ ਤੇ ਗੁਰਪ੍ਰੀਤ ਕੌਰ ਨੇ ਸੰਬੋਧਨ ਕੀਤਾ।

# ਲੋਕਾਂ ਲਈ ਵਰਦਾਨ ਸਾਬਿਤ ਹੋ ਰਿਹੈ 'ਮੁੱਖ ਮੰਤਰੀ ਕੈਂਪਸ ਦਫ਼ਤਰ'



ਧੂਰੀ, 9 ਮਾਰਚ (ਰਾਜੇਸ਼ਵਰ ਪਿੰਟੂ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਪਣੇ ਵਿਧਾਨ ਸਭਾ ਹਲਕਾ ਧੂਰੀ ਦੇ ਵਸਨੀਕਾਂ ਦੀਆਂ ਦਰਪੇਸ਼ ਮੁਸ਼ਕਲਾਂ ਦੇ ਤੁਰੰਤ ਨਿਪਟਾਰੇ ਲਈ ਸਥਾਪਿਤ ਕੀਤਾ ਗਿਆ "ਮੁੱਖ ਮੰਤਰੀ ਕੈਂਪਸ ਦਫ਼ਤਰ" ਇਲਾਕਾ ਨਿਵਾਸੀਆਂ ਲਈ ਇੱਕ ਵੱਡੀ ਰਾਹਤ ਅਤੇ ਵਰਦਾਨ ਸਾਬਿਤ ਹੋ ਰਿਹਾ ਹੈ। ਪ੍ਰਸ਼ਾਸਨਿਕ ਕਾਰਜਪ੍ਰਣਾਲੀ ਵਿੱਚ ਪਾਰਦਰਸ਼ਤਾ ਅਤੇ ਤੇਜ਼ੀ ਲਿਆਉਣ ਦੇ ਮਕਸਦ ਨਾਲ ਖੋਲ੍ਹੇ ਗਏ ਇਸ ਦਫ਼ਤਰ ਨੇ ਸਰਕਾਰ ਤੇ ਜਨਤਾ ਦੇ ਵਿਚਕਾਰਲੀ ਦੂਰੀ ਨੂੰ ਖ਼ਤਮ ਕਰ ਦਿੱਤਾ ਹੈ। ਹੁਣ ਸਥਾਨਕ ਲੋਕਾਂ ਨੂੰ ਆਪਣੇ ਨਿੱਕੇ-ਨਿੱਕੇ ਕੰਮਾਂ ਜਾਂ ਸ਼ਿਕਾਇਤਾਂ ਲਈ ਦੂਰ-ਦਰਾਡੇ ਦੇ ਸਰਕਾਰੀ ਦਫ਼ਤਰਾਂ ਦੇ ਗੇੜੇ ਮਾਰਨ ਦੀ ਲੋੜ ਨਹੀਂ ਰਹੀ, ਸਗੋਂ ਇਸ ਕੈਂਪਸ ਦਫ਼ਤਰ ਰਾਹੀਂ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਇੱਕੋ ਛੱਤ ਹੇਠ ਹੋ ਰਿਹਾ ਹੈ।

ਮੁੱਖ ਮੰਤਰੀ ਦੇ ਓ.ਐੱਸ.ਡੀ. ਸੁਖਵੀਰ ਸਿੰਘ ਵੱਲੋਂ ਦਫ਼ਤਰ ਦੀ ਕਮਾਨ ਸੰਭਾਲਣ ਤੋਂ ਬਾਅਦ ਜਨਤਕ ਰਾਬਤੇ ਵਿੱਚ ਇੱਕ ਨਵਾਂ ਮੋੜ ਆਇਆ ਹੈ। ਉਨ੍ਹਾਂ ਵੱਲੋਂ ਹਫ਼ਤੇ ਦੇ ਜ਼ਿਆਦਾਤਰ ਦਿਨ ਖੁਦ ਦਫ਼ਤਰ ਵਿੱਚ ਹਾਜ਼ਰ ਰਹਿ ਕੇ ਲੋਕਾਂ ਦੀਆਂ ਫਰਿਆਦਾਂ ਸੁਣੀਆਂ ਜਾ ਰਹੀਆਂ ਹਨ। ਸੁਖਵੀਰ ਸਿੰਘ ਦੀ ਕਾਰਜਸ਼ੈਲੀ ਦੀ ਖ਼ਾਸੀਅਤ ਇਹ ਹੈ ਕਿ ਉਹ ਸਿਰਫ਼ ਦਫ਼ਤਰੀ ਮੇਜ਼ ਤੱਕ ਸੀਮਤ ਨਹੀਂ ਹਨ, ਸਗੋਂ ਉਹ ਖੁਦ ਸ਼ਹਿਰ ਦੇ ਵੱਖ-ਵੱਖ ਵਾਰਡਾਂ ਅਤੇ ਪੇਂਡੂ ਖੇਤਰਾਂ ਦਾ ਨਿਰੰਤਰ ਦੌਰਾ ਕਰ ਰਹੇ ਹਨ। ਇਸ ਸਿੱਧੇ ਸੰਪਰਕ ਸਦਕਾ ਆਮ ਲੋਕਾਂ ਵਿੱਚ ਸਰਕਾਰ ਪ੍ਰਤੀ ਭਰੋਸਾ ਵਧਿਆ ਹੈ ਤੇ ਪ੍ਰਸ਼ਾਸਨਿਕ ਅਧਿਕਾਰੀਆਂ ਦੀ ਜਵਾਬਦੇਹੀ ਵੀ ਯਕੀਨੀ ਬਣੀ ਹੈ।

ਇਨ੍ਹਾਂ ਦੌਰਿਆਂ ਦੌਰਾਨ ਜਿੱਥੇ ਲੋਕਾਂ ਦੀਆਂ ਨਿੱਜੀ ਤੇ ਸਾਂਝੀਆਂ ਮੁਸ਼ਕਲਾਂ ਦਾ ਮੌਕੇ 'ਤੇ ਨਿਪਟਾਰਾ ਕੀਤਾ ਜਾਂਦਾ ਹੈ, ਉੱਥੇ ਹੀ ਹਲਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦਾ ਬਾਰੀਕੀ ਨਾਲ ਜਾਇਜ਼ਾ ਲਿਆ ਜਾ ਰਿਹਾ ਹੈ। ਵਿਕਾਸ ਪ੍ਰੋਜੈਕਟਾਂ ਦੀ ਗੁਣਵੱਤਾ ਤੇ ਸਮੇਂ ਸਿਰ ਮੁਕੰਮਲਤਾ ਨੂੰ ਯਕੀਨੀ ਬਣਾਉਣ ਲਈ ਓ.ਐੱਸ.ਡੀ. ਵੱਲੋਂ ਸਬੰਧਤ ਵਿਭਾਗਾਂ ਨੂੰ ਸਖ਼ਤ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ ਹਨ। ਲੋਕਾਂ ਦਾ ਕਹਿਣਾ ਹੈ ਕਿ ਮੁੱਖ ਮੰਤਰੀ ਕੈਂਪਸ ਦਫ਼ਤਰ ਦੀ ਇਸ ਸਰਗਰਮੀ ਨੇ ਹਲਕੇ ਵਿੱਚ ਵਿਕਾਸ ਦੀ ਗਤੀ ਨੂੰ ਤੇਜ਼ ਕੀਤਾ ਹੈ ਅਤੇ ਆਮ ਆਦਮੀ ਦੀ ਸੁਣਵਾਈ ਹੁਣ ਪਹਿਲ ਦੇ ਆਧਾਰ 'ਤੇ ਹੋਣ ਲੱਗੀ ਹੈ ਅਤੇ ਹਲਕੇ ਦੇ ਲੋਕ ਓ.ਐੱਸ.ਡੀ. ਸੁਖਵੀਰ ਸਿੰਘ ਦੀ ਕਾਰਜਗੁਜਾਰੀ ਤੋਂ ਡਾਢੇ ਖੁਸ਼ ਦਿਖਾਈ ਦੇ ਰਹੇ ਹਨ।

# ਸੂਬੇ ਦੀਆਂ ਔਰਤਾਂ ਨੂੰ ਵੱਡੀ ਸੌਗਾਤ: 'ਮਾਨ ਸਰਕਾਰ' ਦਾ ਇਤਿਹਾਸਕ ਫ਼ੈਸਲਾ : ਬਲਕਾਰ ਸਿੱਧੂ

ਰਾਮਪੁਰਾ ਫੂਲ, 9 ਮਾਰਚ (ਮਨਪ੍ਰੀਤ ਮਿੰਟੂ): ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ ਮਹਿਲਾਵਾਂ ਦੀ ਭਲਾਈ ਲਈ



ਲਿਆ ਗਿਆ ਫੈਸਲਾ ਵੱਡੀ ਸੌਗਾਤ ਹੈ। ਇਹ ਪ੍ਰਗਟਾਵਾ ਹਲਕਾ ਵਿਧਾਇਕ ਰਾਮਪੁਰਾ ਫੂਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਮਾਨਯੋਗ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਚੱਲ ਰਹੀ 'ਆਪ ਸਰਕਾਰ' ਨੇ 2022 ਦੀਆਂ ਚੋਣਾਂ ਦੌਰਾਨ ਪੰਜਾਬ ਦੀਆਂ ਮਹਿਲਾਵਾਂ ਨਾਲ ਕੀਤਾ ਵਾਅਦਾ ਪੂਰਾ ਕਰਦਿਆਂ ਇੱਕ ਮਹੱਤਵਪੂਰਨ ਫੈਸਲਾ ਲਿਆ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਸਮਾਜਿਕ ਨਿਆਂ ਤੇ ਮਹਿਲਾ ਸਸ਼ਕਤੀਕਰਨ ਨੂੰ ਮਜ਼ਬੂਤ ਕਰਨ ਲਈ ਦਲਿਤ ਵਰਗ ਨਾਲ ਸਬੰਧਤ ਮਹਿਲਾਵਾਂ ਨੂੰ ਹਰ ਮਹੀਨੇ 1500 ਰੁਪਏ ਤੇ ਜਨਰਲ ਵਰਗ ਨਾਲ ਸੰਬੰਧਿਤ ਮਹਿਲਾਵਾਂ ਨੂੰ ਹਰ ਮਹੀਨੇ 1000 ਰੁਪਏ ਸਨਮਾਨ ਰਾਸ਼ੀ ਦੇਣ ਦਾ ਐਲਾਨ ਕੀਤਾ ਗਿਆ ਹੈ। ਹਲਕਾ ਵਿਧਾਇਕ ਬਲਕਾਰ ਸਿੱਧੂ ਨੇ ਕਿਹਾ ਕਿ ਇਹ ਫੈਸਲਾ ਮਹਿਲਾਵਾਂ ਦੀ ਆਰਥਿਕ ਸਥਿਤੀ ਨੂੰ ਮਜ਼ਬੂਤ ਬਣਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਆਤਮਨਿਰਭਰ ਬਣਾਉਣ ਵੱਲ ਵੱਡਾ ਕਦਮ ਹੈ। ਉਨ੍ਹਾਂ ਕਿਹਾ ਕਿ 'ਮਾਨ ਸਰਕਾਰ' ਵੱਲੋਂ ਪਿਛਲੇ ਸਮੇਂ ਦੌਰਾਨ ਲੋਕ-ਹਿਤ ਵਿੱਚ ਕਈ ਮਹੱਤਵਪੂਰਨ ਫੈਸਲੇ ਲਏ ਗਏ ਹਨ। ਸਰਕਾਰ ਵੱਲੋਂ ਘਰਾਂ ਨੂੰ ਮੁਫ਼ਤ ਬਿਜਲੀ ਦੀ ਸਹੂਲਤ ਦੇ ਕੇ ਲੋਕਾਂ ਨੂੰ ਵੱਡੀ ਰਾਹਤ ਦਿੱਤੀ ਗਈ ਹੈ। ਇਸ ਤੋਂ ਇਲਾਵਾ ਸੂਬੇ ਵਿੱਚ ਆਮ ਆਦਮੀ ਕਲੀਨਿਕ ਖੋਲ੍ਹ ਕੇ ਲੋਕਾਂ ਨੂੰ ਮੁਫ਼ਤ ਇਲਾਜ ਤੇ ਦਵਾਈਆਂ ਦੀ ਸਹੂਲਤ ਦਿੱਤੀ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਵੀ ਵੱਡੇ ਸੁਧਾਰ ਕੀਤੇ ਗਏ ਹਨ, ਜਿਨ੍ਹਾਂ ਤਹਿਤ ਸਰਕਾਰੀ ਸਕੂਲਾਂ ਨੂੰ ਆਧੁਨਿਕ ਬਣਾਇਆ ਜਾ ਰਿਹਾ ਹੈ ਅਤੇ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕੀਤੇ ਜਾ ਰਹੇ ਹਨ। ਕਿਸਾਨਾਂ ਤੇ ਮਜ਼ਦੂਰਾਂ ਦੀ ਭਲਾਈ ਲਈ ਵੀ ਕਈ ਸਕੀਮਾਂ ਲਾਗੂ ਕੀਤੀਆਂ ਗਈਆਂ ਹਨ। ਬਲਕਾਰ ਸਿੱਧੂ ਨੇ ਕਿਹਾ ਕਿ 'ਮਾਨ ਸਰਕਾਰ' ਲੋਕਾਂ ਦੀ ਭਲਾਈ ਅਤੇ ਪੰਜਾਬ ਦੇ ਸਮੁੱਚੇ ਵਿਕਾਸ ਲਈ ਵਚਨਬੱਧ ਹੈ ਤੇ ਆਉਣ ਵਾਲੇ ਸਮੇਂ ਵਿੱਚ ਵੀ ਪੰਜਾਬ ਦੇ ਲੋਕਾਂ ਲਈ ਅਜਿਹੇ ਲੋਕ-ਹਿਤੈਸ਼ੀ ਫੈਸਲੇ ਲਏ ਜਾਂਦੇ ਰਹਿਣਗੇ।

# ਇਤਿਹਾਸਕ ਗੁਰਦੁਆਰਾ ਗੰਡੂ ਸਾਹਿਬ ਵਿਖੇ ਸਾਲਾਨਾ ਜੋੜ ਮੇਲਾ ਭਲਕੇ : ਬਾਬਾ ਜੋਗਾ ਸਿੰਘ ਹਨੂੰਮਾਨਗੜ੍ਹ

ਭਗਤਾ ਭਾਈ ਕਾ, 9 ਮਾਰਚ (ਸਵਰਨ ਸਿੰਘ ਭਗਤਾ): ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖਤ ਚਲਦਾ ਵਹੀਰ ਚੱਕਰਵਰਤੀ ਨਿਹੰਗ ਸਿੰਘਾਂ ਦੇ ਪ੍ਰਬੰਧ ਅਧੀਨ ਇਤਿਹਾਸਿਕ ਗੁਰਦੁਆਰਾ ਗੰਡੂ ਸਾਹਿਬ ਭਗਤਾ ਭਾਈ ਕਾ ਵਿਖੇ ਹਰ ਸਾਲ ਦੀ ਤਰ੍ਹਾਂ ਸਲਾਨਾ ਜੋੜ ਮੇਲਾ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਇਸ ਅਸਥਾਨ ਦੇ ਮੁੱਖ ਸੇਵਾਦਾਰ ਬਾਬਾ ਜੋਗਾ ਸਿੰਘ ਨਿਹੰਗ ਸਿੰਘ ਨੇ ਦੱਸਿਆ ਕਿ ਸ਼੍ਰੋਮਣੀ ਸੇਵਾ ਰਤਨ ਪੰਥ ਰਤਨ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਜੀ ਅਕਾਲੀ 96 ਕਰੋੜੀ ਬੁੱਢਾ ਦਲ ਦੀ ਯੋਗ ਰਹਿਨੁਮਾਈ ਹੇਠ ਇਲਾਕਾ ਨਿਵਾਸੀ



ਸਿੱਖ ਸੰਗਤਾਂ ਦੇ ਸਹਿਯੋਗ ਨਾਲ ਇਸ ਅਸਥਾਨ ਤੇ 9, 10 ਤੇ 11 ਮਾਰਚ ਨੂੰ ਜੋੜ ਮੇਲਾ ਕਰਵਾਇਆ ਜਾ ਰਿਹਾ ਹੈ। ਉਹਨਾਂ ਇਸ ਇਤਿਹਾਸਿਕ ਅਸਥਾਨ ਬਾਰੇ ਦੱਸਿਆ ਕਿ ਭਗਤਾ ਭਾਈ ਕਾ ਤੋਂ ਗੁਰੂ ਗੋਬਿੰਦ ਸਿੰਘ ਜੀ ਇਸ ਅਸਥਾਨ ਵਾਲੇ ਪਾਸੇ ਸ਼ਿਕਾਰ ਖੇਡਣ ਲਈ ਆਏ ਤਾਂ ਇੱਕ ਤਿੱਤਰ ਨੂੰ ਬੋਲਦਿਆਂ ਸੁਣਿਆ। ਗੁਰੂ ਜੀ ਨੇ ਕਿਹਾ ਕਿ 'ਭੂਮੀਆ ਭੂਮੀ ਉੱਪਰ ਨਿਤ ਲੁਝੈ, ਛੋਡ ਚਲੈ ਤ੍ਰਿਸਨਾ ਨਹੀ ਬੁਝੈ' ਸਿੰਘਾਂ ਨੇ ਪੁੱਛਿਆ ਤਾਂ ਗੁਰੂ ਜੀ ਨੇ ਦੱਸਿਆ ਕਿ ਇਹ ਇਸ ਅਸਥਾਨ ਦਾ ਮਾਲਕ ਰਾਜਾ ਗੰਡੂ ਹੁੰਦਾ ਸੀ ਜੋ ਹੁਣ ਤਿੱਤਰ ਦੀ ਜੂਨੀ ਵਿੱਚ ਹੈ।ਪਰ ਇਹ ਆਪਣੀ ਇਹ ਥੇਹ ਵਾਲੀ ਜਗਹਾ ਨੂੰ ਛੱਡ ਨਹੀਂ ਰਿਹਾ।ਗੁਰੂ ਜੀ ਨੇ ਇਹ ਵੀ ਦੱਸਿਆ ਕਿ ਇਸ ਦੀ ਇੱਕ ਅੱਖ ਖਰਾਬ ਹੈ ਸਿੰਘਾਂ ਨੇ ਉਸ ਤਿੱਤਰ ਨੂੰ ਘੇਰ ਕੇ ਫੜ ਲਿਆ ਤਾਂ ਵੇਖਿਆ ਵੀ ਉਸ ਦੀ ਇਕ ਅੱਖ ਨਹੀਂ ਸੀ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਪਣੀ ਕਿਰਪਾ ਦ੍ਰਿਸ਼ਟੀ ਨਾਲ ਇਸ ਤਿੱਤਰ ਨੂੰ ਜਨਮ ਮਰਨ ਦੇ ਬੰਧਨ ਤੋਂ ਛੁਟਕਾਰਾ ਦੁਆਇਆ ਤੇ ਇਸ ਗੰਡੂ ਰਾਜੇ ਦਾ ਉਦਾਰ ਕੀਤਾ।ਇਹ ਇਤਿਹਾਸਿਕ ਅਸਥਾਨ ਪਿੰਡ ਸਿਰੀਏਵਾਲਾ, ਬੁਰਜ ਥਰੋੜ, ਕੋਠਾ ਗੁਰੂ ਅਤੇ ਭਗਤਾ ਭਾਈ ਕਾ ਦੇ ਵਿਚਕਾਰ ਸਥਿਤ ਹੈ।ਬਾਬਾ ਜੋਗਾ ਸਿੰਘ ਨੇ ਦੱਸਿਆ ਕਿ ਇਸ ਵਾਰ ਕਰਵਾਏ ਜਾ ਰਹੇ ਸਲਾਨਾ ਧਾਰਮਿਕ ਗੁਰਮਤ ਸਮਾਗਮਾਂ ਵਿੱਚ 10 ਮਾਰਚ ਸਾਮ ਨੂੰ ਕੀਰਤਨ ਦਰਬਾਰ ਸਜੇਗਾ ਤੇ 11 ਮਾਰਚ ਨੂੰ ਭੋਗ ਉਪਰੰਤ ਪੰਥ ਪ੍ਰਸਿੱਧ ਰਾਗੀ, ਢਾਡੀ, ਕਵੀਸ਼ਰ ਅਤੇ ਕਥਾਵਾਚਕਾਂ ਤੋਂ ਇਲਾਵਾ ਬੁੱਢਾ ਦਲ ਮੁਖੀ ਜਥੇਦਾਰ ਬਾਬਾ ਬਲਬੀਰ ਸਿੰਘ 96 ਕਰੋੜੀ, ਬੁੱਢਾ ਦਲ ਨਿਹੰਗ ਸਿੰਘ ਛਾਉਣੀਆਂ ਦੇ ਸੰਤ, ਮਹੰਤ, ਮਹਾਂਪੁਰਸ਼ ਨਿਹੰਗ ਸਿੰਘ ਫੌਜਾਂ ਹਾਜ਼ਰੀਆਂ ਭਰਨਗੇ। ਬਾਬਾ ਜੋਗਾ ਸਿੰਘ ਨੇ ਇਲਾਕੇ ਦੀਆਂ ਸਿੱਖ ਸੰਗਤਾਂ ਨੂੰ ਬੇਨਤੀ ਕੀਤੀ ਕਿ ਇਹਨਾਂ ਸਮਾਗਮਾਂ ਵਿੱਚ ਵੱਧ ਚੜ੍ਹ ਕੇ ਹਾਜ਼ਰੀਆਂ ਭਰੋ ਅਤੇ ਗੁਰੂ ਪੰਥ ਖਾਲਸੇ ਦੀਆ ਖੁਸ਼ੀਆਂ ਪ੍ਰਾਪਤ ਕਰੋ। ਤਿੰਨੇ ਦਿਨ ਗੁਰੂ ਕੇ ਲੰਗਰ ਅਤੁੱਟ ਵਰਤਾਏ ਜਾਣਗੇ।

# ਸੂਬੇਦੀਆਂਮਹਿਲਾਵਾਂਲਈ'ਮਾਨਸਰਕਾਰ'ਦਾ ਇਤਿਹਾਸਕ ਫ਼ੈਸਲਾ : ਇੰਦਰਜੀਤ ਸਿੰਘ ਮਾਨ

ਭਗਤਾ ਭਾਈ ਕਾ, 9 ਮਾਰਚ (ਸਵਰਨ ਸਿੰਘ ਭਗਤਾ): ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਲਈ ਇੱਕ ਮਹੱਤਵਪੂਰਨ ਫ਼ੈਸਲਾ ਲਿਆ ਗਿਆ ਹੈ।ਮਾਰਕਫੈੱਡ ਪੰਜਾਬ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮਾਨਯੋਗ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ



'ਆਪ ਸਰਕਾਰ' ਨੇ 2022 ਦੀਆਂ ਚੋਣਾਂ ਦੌਰਾਨ ਪੰਜਾਬ ਦੀਆਂ ਮਹਿਲਾਵਾਂ ਨਾਲ ਕੀਤਾ ਵਾਅਦਾ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਪੂਰਾ ਕਰ ਦਿੱਤਾ ਹੈ।

ਉਨ੍ਹਾਂ ਦੱਸਿਆ ਕਿ "ਆਪ ਸਰਕਾਰ" ਵੱਲੋਂ ਸਮਾਜਿਕ ਨਿਆਂ ਤੇ ਮਹਿਲਾ ਸਸ਼ਕਤੀਕਰਨ ਨੂੰ ਮਜ਼ਬੂਤ ਕਰਨ ਲਈ ਵੱਡਾ ਕਦਮ ਚੁੱਕਦਿਆਂ ਦਲਿਤ ਵਰਗ ਨਾਲ ਸਬੰਧਤ ਮਹਿਲਾਵਾਂ ਨੂੰ ਹਰ ਮਹੀਨੇ 1500 ਰੁਪਏ ਅਤੇ ਜਰਨਲ ਵਰਗ ਨਾਲ ਸਬੰਧਤ ਮਹਿਲਾਵਾਂ ਨੂੰ ਹਰ ਮਹੀਨੇ 1000 ਰੁਪਏ ਸਨਮਾਨ ਰਾਸ਼ੀ ਦੇਣ ਦਾ ਐਲਾਨ ਕੀਤਾ ਗਿਆ ਹੈ।

ਇੰਦਰਜੀਤ ਸਿੰਘ ਮਾਨ ਨੇ ਕਿਹਾ ਕਿ "ਆਪ ਸਰਕਾਰ" ਹਮੇਸ਼ਾ ਹੀ ਮਹਿਲਾਵਾਂ ਦੇ ਸਸ਼ਕਤੀਕਰਨ ਤੇ ਉਨ੍ਹਾਂ ਦੀ ਆਰਥਿਕ ਮਜ਼ਬੂਤੀ ਲਈ ਵਚਨਬੱਧ ਰਹੀ ਹੈ।ਇਹ ਫ਼ੈਸਲਾ ਮਹਿਲਾਵਾਂ ਨੂੰ ਆਤਮਨਿਰਭਰ ਬਣਾਉਣ ਦੇ ਨਾਲ-ਨਾਲ ਸਮਾਜ ਵਿੱਚ ਉਨ੍ਹਾਂ ਦੀ ਭੂਮਿਕਾ ਨੂੰ ਹੋਰ ਮਜ਼ਬੂਤ ਕਰੇਗਾ।ਉਨ੍ਹਾਂ ਕਿਹਾ ਕਿ "ਮਾਨ ਸਰਕਾਰ" ਵੱਲੋਂ ਲਗਾਤਾਰ ਲੋਕ-ਹਿਤੈਸ਼ੀ ਫ਼ੈਸਲੇ ਲਏ ਜਾ ਰਹੇ ਹਨ ਤੇ ਆਉਣ ਵਾਲੇ ਸਮੇਂ ਵਿੱਚ ਵੀ ਲੋਕਾਂ ਦੀ ਭਲਾਈ ਲਈ ਅਜਿਹੇ ਕਦਮ ਜਾਰੀ ਰਹਿਣਗੇ।

# ਨਿਗਮ ਦੇ ਸੜੇ ਰਿਕਾਰਡ 'ਤੇ ਗਰਮਾਈ ਸਿਆਸਤ: ਨਿਗਮ ਅਧਿਕਾਰੀਆਂ ਦਾ ਰਵੱਈਆ ਸਵਾਲਾਂ ਦੇ ਘੇਰੇ 'ਚ

ਬਠਿੰਡਾ, 9 ਮਾਰਚ (ਦੀਪਕ ਸ਼ਰਮਾ): ਨਗਰ ਨਿਗਮ ਬਠਿੰਡਾ ਦੇ ਰਿਕਾਰਡ ਰੂਮ ਵਿੱਚ ਬੀਤੀ 30 ਜਨਵਰੀ ਨੂੰ ਲੱਗੀ ਭੇਤਭਰੀ ਅੱਗ ਦਾ ਮਾਮਲਾ ਹੁਣ ਹੋਰ ਵੀ ਗੰਭੀਰ ਹੁੰਦਾ ਜਾ ਰਿਹਾ ਹੈ।ਇੱਕ ਮਹੀਨੇ ਤੋਂ ਵੱਧ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਅੱਗ ਲੱਗਣ ਦੇ ਅਸਲ ਕਾਰਨਾਂ ਦਾ ਖੁਲਾਸਾ ਨਹੀਂ ਹੋ ਸਕਿਆ।ਇਸ ਦੌਰਾਨ ਜਦੋਂ ਆਰਟੀਆਈ ਐਕਟੀਵਿਸਟ ਸੰਜੀਵ ਗੋਇਲ ਨੇ ਸੂਚਨਾ ਦੇ ਅਧਿਕਾਰ ਤਹਿਤ ਇਸ ਮਾਮਲੇ ਦੀ ਜਾਣਕਾਰੀ ਮੰਗੀ ਗਈ, ਤਾਂ ਨਿਗਮ ਅਧਿਕਾਰੀਆਂ ਦਾ ਰਵੱਈਆ ਸਵਾਲਾਂ ਦੇ ਘੇਰੇ ਵਿੱਚ ਆ ਗਿਆ ਹੈ। ਅਧਿਕਾਰੀਆਂ ਨੇ ਜਾਣਕਾਰੀ ਦੇਣ ਦੀ ਬਜਾਏ ਜ਼ਿੰਮੇਵਾਰੀ ਦੂਜੇ ਵਿਭਾਗਾਂ ਸਿਰ ਮੜ੍ਹਨੀ ਸ਼ੁਰੂ ਕਰ ਦਿੱਤੀ ਹੈ।ਦੱਸ ਦਈਏ ਕਿ ਅਨੁਸਾਰ 30 ਜਨਵਰੀ ਦੀ ਸ਼ਾਮ ਕਰੀਬ 7:10 ਵਜੇ ਲੱਗੀ ਇਸ ਅੱਗ 'ਤੇ ਫਾਇਰ ਬ੍ਰਿਗੇਡ ਨੇ ਕਰੀਬ ਦੋ ਘੰਟਿਆਂ ਦੀ ਮਿਹਨਤ ਤੋਂ ਬਾਅਦ ਕਾਬੂ ਤਾਂ ਪਾ ਲਿਆ ਸੀ, ਪਰ ਸੁਲਗ ਰਹੀ ਅੱਗ ਕਾਰਨ ਫਾਇਰ ਟੈਂਡਰ 10 ਫਰਵਰੀ ਤੱਕ ਨਿਗਮ ਕੰਪਲੈਕਸ ਵਿੱਚ ਹੀ ਤਾਇਨਾਤ ਰਹੇ। ਸ਼ਹਿਰ ਵਿੱਚ ਚਰਚਾ ਹੈ ਕਿ ਇਹ ਅੱਗ ਕੁਦਰਤੀ ਸੀ ਜਾਂ ਜਾਣਬੁੱਝ ਕੇ ਲਗਾਈ ਗਈ ਸੀ, ਕਿਉਂਕਿ ਨਿਗਮ ਦੇ ਕੁਝ ਰਿਕਾਰਡ ਦੀ ਜਾਂਚ ਪਹਿਲਾਂ ਹੀ ਵਿਜੀਲੈਂਸ ਵਿਭਾਗ ਵੱਲੋਂ ਕੀਤੀ ਜਾ ਰਹੀ ਸੀ।



ਇਸੇ ਮਾਮਲੇ ਦਾ ਸੱਚ ਸਾਹਮਣੇ ਲਿਆਉਣ ਲਈ 2 ਫਰਵਰੀ ਨੂੰ ਇੱਕ ਆਰ.ਟੀ.ਆਈ. ਦਾਇਰ ਕੀਤੀ ਗਈ ਸੀ, ਜਿਸ ਵਿੱਚ 15 ਅਹਿਮ ਨੁਕਤਿਆਂ 'ਤੇ ਜਾਣਕਾਰੀ ਮੰਗੀ ਗਈ ਸੀ।ਇਹਨਾਂ ਵਿੱਚ ਸੜੇ ਹੋਏ ਰਿਕਾਰਡ ਦੀ ਸੂਚੀ, ਨੁਕਸਾਨ ਦਾ ਵੇਰਵਾ, ਜਾਂਚ ਕਮੇਟੀ ਦੇ ਦਸਤਾਵੇਜ਼, ਫਾਇਰ ਸੇਫਟੀ ਉਪਕਰਨਾਂ ਤੇ ਸੀਸੀਟੀਵੀ ਕੈਮਰਿਆਂ ਦੀ ਸਥਿਤੀ ਬਾਰੇ ਪੁੱਛਿਆ ਗਿਆ ਸੀ।ਪਰ ਨਿਗਮ ਦੇ ਲੋਕ ਸੂਚਨਾ ਅਧਿਕਾਰੀ ਨੇ ਅਰਜ਼ੀ ਨੂੰ ਫਾਇਰ ਬ੍ਰਿਗੇਡ ਦਫ਼ਤਰ ਭੇਜ ਦਿੱਤਾ।ਫਾਇਰ ਸਟੇਸ਼ਨ ਅਧਿਕਾਰੀ ਨੇ ਆਪਣੇ ਜਵਾਬ ਵਿੱਚ ਸਿਰਫ਼ ਅੱਗ ਲੱਗਣ ਦੇ ਸਮੇਂ ਦੀ ਜਾਣਕਾਰੀ ਦਿੱਤੀ ਅਤੇ ਬਾਕੀ 14 ਨੁਕਤਿਆਂ ਨੂੰ ਨਗਰ ਨਿਗਮ ਦੇ ਅਧਿਕਾਰ ਖੇਤਰ ਦਾ ਦੱਸ ਕੇ ਪੱਲਾ ਝਾੜ ਲਿਆ।

ਆਰ.ਟੀ.ਆਈ. ਕਾਰਕੁਨ ਸੰਜੀਵ ਗੋਇਲ ਦਾ ਦੋਸ਼ ਹੈ ਕਿ 30 ਦਿਨਾਂ ਦੀ ਕਾਨੂੰਨੀ ਮਿਆਦ ਬੀਤ ਜਾਣ ਦੇ ਬਾਵਜੂਦ ਵੀ ਨਿਗਮ ਦੇ ਅਧਿਕਾਰੀ ਜਾਣਬੁੱਝ ਕੇ ਤੱਥ ਛੁਪਾ ਰਹੇ ਹਨ। ਅਧੂਰੀ ਜਾਣਕਾਰੀ ਮਿਲਣ ਤੋਂ ਬਾਅਦ ਹੁਣ ਨਿਗਮ ਕਮਿਸ਼ਨਰ ਕੋਲ ਪਹਿਲੀ ਅਪੀਲ ਦਾਇਰ ਕੀਤੀ ਗਈ ਹੈ। ਜੇਕਰ ਉੱਥੋਂ ਵੀ ਇਨਸਾਫ਼ ਨਾ ਮਿਲਿਆ ਤਾਂ ਮਾਮਲਾ ਰਾਜ ਸੂਚਨਾ ਕਮਿਸ਼ਨ, ਚੰਡੀਗੜ੍ਹ ਕੋਲ ਲਿਜਾਇਆ ਜਾਵੇਗਾ। ਫਿਲਹਾਲ ਪੁਲਿਸ ਨੇ ਅਣਪਛਾਤਿਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੋਇਆ ਹੈ, ਪਰ ਨਿਗਮ ਦੀ ਚੁੱਪ ਕਈ ਵੱਡੇ ਸਵਾਲ ਖੜ੍ਹੇ ਕਰ ਰਹੀ ਹੈ।

# ਅੰਨ੍ਹੇ ਕਤਲ ਦੀ ਸੁਲਝੀ ਗੁੱਥੀ: ਚਾਚੇ ਦੇ ਕਤਲ 'ਚ ਸਗਾ ਭਤੀਜਾ ਕਾਬੂ, ਹਥਿਆਰ ਬਰਾਮਦ

ਬਠਿੰਡਾ, 9 ਮਾਰਚ (ਦੀਪਕ ਸ਼ਰਮਾ): ਜ਼ਿਲ੍ਹੇ ਦੇ ਤਲਵੰਡੀ ਸਾਬੋ ਇਲਾਕੇ ਵਿੱਚ ਪਿਛਲੇ ਦਿਨੀਂ ਹੋਏ ਇੱਕ ਕਤਲ ਦੇ ਮਾਮਲੇ ਵਿੱਚ ਪੁਲਿਸ ਨੂੰ ਉਸ ਵੇਲੇ ਵੱਡੀ ਸਫ਼ਲਤਾ ਮਿਲੀ, ਜਦੋਂ ਪੁਲਿਸ ਨੇ ਇਸ ਕਤਲ ਕਾਂਡ ਦੀ ਗੁੱਥੀ ਸੁਲਝਾਂਦਿਆਂ ਹੋਇਆਂ ਮ੍ਰਿਤਕ ਦੇ ਸਕੇ ਭਤੀਜੇ ਨੂੰ ਗ੍ਰਿਫ਼ਤਾਰ ਕਰ ਲਿਆ।ਜ਼ਿਕਰਯੋਗ ਹੈ ਕਿ ਰਿਸ਼ਤਿਆਂ ਨੂੰ ਸ਼ਰਮਸਾਰ ਕਰ ਦੇਣ ਵਾਲੀ ਇਸ ਬੇਰਹਿਮ ਵਾਰਦਾਤ ਵਿੱਚ ਸਕੇ ਭਤੀਜੇ ਨੇ ਹੀ ਆਪਣੇ ਚਾਚੇ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਸੀ।ਬਠਿੰਡਾ ਪੁਲਿਸ ਦੀ ਸੀਆਈਏ-1 ਟੀਮ ਨੇ ਇਸ 'ਬਲਾਈਂਡ ਮਰਡਰ' ਦੀ ਗੁੱਥੀ ਸੁਲਝਾਉਂਦਿਆਂ ਮੁੱਖ ਮੁਲਜ਼ਮ ਨੂੰ ਵਾਰਦਾਤ ਵਿੱਚ ਵਰਤੇ ਹਥਿਆਰਾਂ ਸਮੇਤ ਦਬੋਚ ਲਿਆ ਹੈ।ਇਸ ਸਬੰਧੀ ਸੀਆਈਏ-1 ਦੇ ਇੰਚਾਰਜ ਇੰਸਪੈਕਟਰ ਕੁਲਦੀਪ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੀਤੀ 18-19 ਫਰਵਰੀ 2025 ਦੀ ਦਰਮਿਆਨੀ ਰਾਤ ਨੂੰ ਪਿੰਡ ਭਾਗੀ ਬਾਂਦਰ ਦੇ ਰਹਿਣ ਵਾਲੇ 52 ਸਾਲਾ ਦਰਸ਼ਨ ਸਿੰਘ ਦੀ ਲਾਸ਼ ਥਾਣਾ ਤਲਵੰਡੀ ਸਾਬੋ ਦੇ ਖੇਤਰ ਵਿੱਚੋਂ ਬਰਾਮਦ ਹੋਈ ਸੀ। ਦਰਸ਼ਨ ਸਿੰਘ ਦੀ ਲਾਸ਼ ਖੂਨ ਨਾਲ ਲਿਪਤ ਹਾਲਤ ਵਿੱਚ ਮਿਲੀ ਸੀ, ਜਿਸ ਦੇ ਸਿਰ ਅਤੇ ਗਰਦਨ 'ਤੇ ਕੁਹਾੜੀ ਦੇ ਡੂੰਘੇ ਜ਼ਖ਼ਮ ਸਨ। ਵਾਰਦਾਤ ਇੰਨੀ ਖ਼ੌਫ਼ਨਾਕ ਸੀ ਕਿ ਪੂਰੇ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ ਸੀ। ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਐਸ.ਐਸ.ਪੀ. ਬਠਿੰਡਾ ਨੇ ਇਸ ਕੇਸ ਦੀ ਤਫ਼ਤੀਸ਼ ਸੀਆਈਏ-1 ਦੀ




ਵਿਸ਼ੇਸ਼ ਟੀਮ ਨੂੰ ਸੌਂਪੀ ਸੀ।

ਤਫ਼ਤੀਸ਼ ਦੌਰਾਨ ਸੀਆਈਏ ਸਟਾਫ਼ ਨੇ ਘਟਨਾ ਵਾਲੀ ਥਾਂ ਦੇ ਆਲੇ-ਦੁਆਲੇ ਦੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਖੰਗਾਲੀ ਅਤੇ ਮਨੁੱਖੀ ਸੂਤਰਾਂ ਦੀ ਮਦਦ ਲਈ। ਜਾਂਚ ਦੌਰਾਨ ਜਦੋਂ ਮ੍ਰਿਤਕ ਦੇ ਸਕੇ ਭਤੀਜੇ ਕੁਲਦੀਪ ਸਿੰਘ ਦੇ ਬਿਆਨਾਂ ਵਿੱਚ ਵਿਰੋਧਾਭਾਸ ਨਜ਼ਰ ਆਇਆ, ਤਾਂ ਪੁਲਿਸ ਨੇ ਸ਼ੱਕ ਦੇ ਆਧਾਰ 'ਤੇ ਉਸ ਨੂੰ ਹਿਰਾਸਤ ਵਿੱਚ ਲੈ ਕੇ ਸਖ਼ਤੀ ਨਾਲ ਪੁੱਛਗਿੱਛ ਕੀਤੀ।ਇਸ ਦੌਰਾਨ ਮੁਲਜ਼ਮ ਜ਼ਿਆਦਾ ਦੇਰ ਟਿਕ ਨਾ ਸਕਿਆ ਅਤੇ ਉਸ ਨੇ ਆਪਣਾ ਗੁਨਾਹ ਕਬੂਲ ਕਰ ਲਿਆ। ਮੁਲਜ਼ਮ ਨੇ ਮੰਨਿਆ ਕਿ ਉਸ ਨੇ ਪੁਰਾਣੀ ਨਿੱਜੀ ਰੰਜਿਸ਼ ਕਾਰਨ ਆਪਣੇ ਚਾਚੇ ਦੇ ਕਤਲ ਦੀ ਸਾਜ਼ਿਸ਼ ਰਚੀ ਸੀ ਤੇ ਵਾਰਦਾਤ ਨੂੰ ਅੰਜਾਮ ਦੇ ਕੇ ਮੌਕੇ ਤੋਂ ਫ਼ਰਾਰ ਹੋ ਗਿਆ ਸੀ ਤਾਂ ਜੋ ਕਿਸੇ ਨੂੰ ਉਸ 'ਤੇ ਸ਼ੱਕ ਨਾ ਹੋਵੇ।ਇੰਸਪੈਕਟਰ ਕੁਲਦੀਪ ਸਿੰਘ ਨੇ ਅੱਗੇ ਦੱਸਿਆ ਕਿ ਮੁਲਜ਼ਮ ਦੀ ਨਿਸ਼ਾਨਦੇਹੀ 'ਤੇ ਕਤਲ ਵਿੱਚ ਵਰਤੀ ਗਈ ਖ਼ੂਨ ਨਾਲ ਲਿਬੜੀ ਕੁਹਾੜੀ ਅਤੇ ਵਾਰਦਾਤ ਸਮੇਂ ਵਰਤਿਆ ਮੋਟਰਸਾਈਕਲ ਵੀ ਬਰਾਮਦ ਕਰ ਲਿਆ ਗਿਆ ਹੈ। ਪੁਲਿਸ ਮੁਤਾਬਕ ਦੋਵਾਂ ਪਰਿਵਾਰਾਂ ਵਿੱਚ ਪਿਛਲੇ ਕੁਝ ਸਮੇਂ ਤੋਂ ਕਿਸੇ ਗੱਲ ਨੂੰ ਲੈ ਕੇ ਤਕਰਾਰ ਚੱਲ ਰਹੀ ਸੀ, ਜੋ ਇਸ ਖ਼ੂਨੀ ਰੰਜਿਸ਼ ਦਾ ਕਾਰਨ ਬਣੀ। ਅਦਾਲਤ ਨੇ ਮੁਲਜ਼ਮ ਨੂੰ ਦੋ ਦਿਨ ਦੇ ਪੁਲਿਸ ਰਿਮਾਂਡ 'ਤੇ ਭੇਜ ਦਿੱਤਾ ਹੈ, ਜਿਸ ਦੌਰਾਨ ਪੁਲਿਸ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੀ ਹੈ ਕਿ ਕੀ ਇਸ ਸਾਜ਼ਿਸ਼ ਵਿੱਚ ਕੋਈ ਹੋਰ ਵੀ ਸ਼ਾਮਲ ਸੀ।

# ਸਿਲਵਰ ਓਕਸ ਸਕੂਲ ਰਾਮਪੁਰਾ ਰੋਡ ਦਾ ਗ੍ਰੈਜੂਏਸ਼ਨ ਸਮਾਰੋਹ ਯਾਦਗਾਰੀ ਰਿਹਾ

ਰਾਮਪੁਰਾ ਫੂਲ, 9 ਮਾਰਚ (ਮਨਪ੍ਰੀਤ ਮਿੰਟੂ): ਸਿਲਵਰ ਓਕਸ ਸਕੂਲ ਰਾਮਪੁਰਾ ਰੋਡ ਲਹਿਰਾਬੇਗਾ ਵੱਲੋਂ ਸਕੂਲ ਕੈਂਪਸ ਵਿੱਚ ਯੂ.ਕੇ.ਜੀ. ਦੇ ਵਿਦਿਆਰਥੀਆਂ ਲਈ ਇੱਕ ਵਿਸ਼ੇਸ਼ ਗ੍ਰੈਜੂਏਸ਼ਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਗਿਆਨਮੰਥਨ ਐਜੂਕੇਸ਼ਨਲ ਸਰਵਿਸਿਜ਼ ਦੇ ਟੀਚਰ ਟ੍ਰੇਨਰ ਨੀਤੂ ਬਾਂਸਲ ਤੇ ਸਕੂਲ ਦੀ ਪ੍ਰਿੰਸੀਪਲ ਛਾਇਆ ਵਿਨੋਚਾ ਨੇ ਵਿਸ਼ੇਸ਼ ਹਾਜ਼ਰੀ ਲਵਾਈ।ਅੱਪਰ ਕਿੰਡਰਗਾਰਟਨ ਦੇ ਵਿਦਿਆਰਥੀਆਂ ਨੇ ਥੀਮ ਅਧਾਰਿਤ ਨਾਚ, ਦਿਲ ਨੂੰ ਛੂਹਣ ਵਾਲੀਆਂ ਕਵਿਤਾਵਾਂ ਸੁਣਾਉਦਿਆਂ ਧੰਨਵਾਦ ਭਾਸ਼ਣ ਦੇ ਕੇ ਆਪਣੀ 'ਕ੍ਰਿਤਗਤਾ' ਜਤਾਈ। ਬੱਚਿਆਂ ਨੂੰ ਉਨ੍ਹਾਂ ਦੀ ਬੁਨਿਆਦੀ ਸਿੱਖਿਆ ਪੂਰੀ ਕਰਨ ਦੀ ਖੁਸ਼ੀ ਵਿੱਚ ਗ੍ਰੈਜੂਏਸ਼ਨ ਸਰਟੀਫਿਕੇਟ ਤੇ ਵਧਾਈ ਬੈਜ ਦੇ ਕੇ ਸਨਮਾਨਿਤ ਕੀਤਾ ਗਿਆ।



ਨੀਤੂ ਬਾਂਸਲ ਨੇ ਬੱਚਿਆਂ ਨੂੰ ਹੋਰ ਵੀ ਉੱਤਮਤਾ ਹਾਸਲ ਕਰਨ ਲਈ ਉਤਸ਼ਾਹਿਤ ਕੀਤਾ। ਪ੍ਰਿੰਸੀਪਲ ਛਾਇਆ ਵਿਨੋਚਾ ਨੇ ਵਿਦਿਆਰਥੀਆਂ ਨੂੰ ਸਫਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਨੰਨੇ-ਮੁੰਨੇ ਗ੍ਰੈਜੂਏਟ ਬੱਚਿਆਂ ਦੇ ਵਿਕਾਸ ਅਤੇ ਉਪਲਬਧੀਆਂ ਦਾ ਜਸ਼ਨ ਮਨਾਉਂਦਿਆਂ ਪ੍ਰੋਗਰਾਮ ਸੱਚਮੁੱਚ ਯਾਦਗਾਰੀ ਹੋ ਨਿੱਬੜਿਆ।

# ਸੰਗਰੂਰ ਦੇ ਇੰਡੀਅਨ ਆਇਲ ਡਿਪੂਆਂ 'ਚ ਸਥਾਨਕ ਨੌਜਵਾਨਾਂ ਨੂੰ ਰੋਜ਼ਗਾਰ ਨਾ ਮਿਲਣ 'ਤੇ ਕਰਮ ਲਹਿਲ ਨੇ ਚੁੱਕੀ ਆਵਾਜ਼

ਸੰਗਰੂਰ, 9 ਮਾਰਚ (ਹਰਕੰਵਲ ਸਿੰਘ ਹੈਪੀ): ਸੰਗਰੂਰ-ਪਾਤੜਾਂ ਰੋਡ ਉੱਤੇ ਸਥਿਤ ਇੰਡੀਅਨ ਆਇਲ ਕਾਰਪੋਰੇਸ਼ਨ ਲਿਮਿਟਡ ਦੇ ਡੀਪੂਆਂ ਵਿੱਚ ਸਥਾਨਕ ਲੋਕਾਂ ਨੂੰ ਰੋਜ਼ਗਾਰ ਤੇ ਟੈਂਡਰਾਂ ਵਿੱਚ ਤਰਜੀਹ ਦੇਣ ਦੀ ਮੰਗ ਨੂੰ ਲੈ ਕੇ ਭਾਜਪਾ ਪੰਜਾਬ ਦੇ ਸਪੋਰਟਸ ਸੈੱਲ ਦੇ ਇੰਚਾਰਜ ਕਰਮ ਲਹਿਲ ਵੱਲੋਂ ਮਾਨਯੋਗ ਰਾਜਪਾਲ ਪੰਜਾਬ ਨੂੰ ਇੱਕ ਵਿਸਥਾਰਪੂਰਵਕ ਮੰਗ ਪੱਤਰ ਸੌਂਪਿਆ ਗਿਆ। ਕਰਮ ਲਹਿਲ ਨੇ ਕਿਹਾ ਕਿ ਪਿੰਡ ਕਮੋਮਾਜਰਾ ਖੁਰਦ ਤੇ ਕਮੋਮਾਜਰਾ ਕਲਾਂ ਦੀ ਵਾਹੀਯੋਗ ਜ਼ਮੀਨ 'ਤੇ ਬਣੇ ਇੰਡੀਅਨ ਆਇਲ ਦੇ ਡੀਪੂਆਂ ਕਾਰਨ ਇਲਾਕੇ ਦੀ ਖੇਤੀਯੋਗ ਜ਼ਮੀਨ ਵਿੱਚ ਕਾਫ਼ੀ ਕਮੀ ਆਈ ਹੈ, ਜਿਸ ਨਾਲ ਕਈ ਪਰਿਵਾਰਾਂ ਦੇ ਰੋਜ਼ਗਾਰ ਦੇ ਸਾਧਨ ਪ੍ਰਭਾਵਿਤ ਹੋਏ ਹਨ। ਉਨ੍ਹਾਂ ਦੱਸਿਆ ਕਿ ਜਿੱਥੇ ਇਕ ਪਾਸੇ ਇਲਾਕੇ ਦੇ ਨੌਜਵਾਨ ਬੇਰੁਜ਼ਗਾਰੀ ਦੀ ਸਮੱਸਿਆ ਨਾਲ ਜੂਝ ਰਹੇ ਹਨ, ਉੱਥੇ ਹੀ ਇਨ੍ਹਾਂ ਡੀਪੂਆਂ ਵਿੱਚ ਸਬੰਧਤ ਟੈਂਡਰ ਵੀ ਬਾਹਰਲੇ ਜ਼ਿਲ੍ਹਿਆਂ



ਜ਼ਿਆਦਾਤਰ ਕਰਮਚਾਰੀ ਬਾਹਰਲੀਆਂ ਸਟੇਟਾਂ ਤੋਂ ਭਰਤੀ ਕੀਤੇ ਗਏ ਹਨ।

ਉਨ੍ਹਾਂ ਨੇ ਇਹ ਵੀ ਦੱਸਿਆ ਕਿ ਇੰਡੀਅਨ ਆਇਲ ਦੇ ਇਨ੍ਹਾਂ ਡੀਪੂਆਂ ਤੋਂ ਪੈਟਰੋਲ ਤੇ ਡੀਜ਼ਲ ਦੀ ਸਪਲਾਈ ਨਾਲ ਅਤੇ ਸਟੇਟਾਂ ਦੇ ਲੋਕਾਂ ਨੂੰ ਦਿੱਤੇ ਜਾ ਰਹੇ ਹਨ, ਜਿਸ ਨਾਲ ਸੰਗਰੂਰ ਜ਼ਿਲ੍ਹੇ ਦੇ ਸਥਾਨਕ ਵਪਾਰੀਆਂ ਤੇ ਟਰਾਂਸਪੋਰਟਰਾਂ ਨੂੰ ਨੁਕਸਾਨ ਝੱਲਣਾ ਪੈ ਰਿਹਾ ਹੈ। ਉਨ੍ਹਾਂ ਮੰਗ ਕੀਤੀ ਕਿ ਜਦੋਂ ਇਹ ਡੀਪੂ ਸੰਗਰੂਰ ਦੀ ਧਰਤੀ 'ਤੇ ਸਥਿਤ ਹਨ ਤਾਂ ਇੱਥੋਂ ਦੇ ਨੌਜਵਾਨਾਂ ਅਤੇ ਵਪਾਰੀਆਂ ਨੂੰ ਰੋਜ਼ਗਾਰ ਤੇ ਟੈਂਡਰਾਂ ਵਿੱਚ ਪਹਿਲ ਦੇ ਆਧਾਰ 'ਤੇ ਮੌਕੇ ਦਿੱਤੇ ਜਾਣ। ਮੰਗ ਪੱਤਰ ਪ੍ਰਾਪਤ ਕਰਨ ਉਪਰੰਤ ਮਾਨਯੋਗ ਰਾਜਪਾਲ ਨੇ ਮਾਮਲੇ ਨੂੰ ਗੰਭੀਰਤਾ ਨਾਲ ਸੁਣਦੇ ਹੋਏ ਭਰੋਸਾ ਦਿੱਤਾ ਕਿ ਇਸ ਸਬੰਧੀ ਜਲਦ ਹੀ ਸੰਬੰਧਿਤ ਵਿਭਾਗਾਂ ਨਾਲ ਗੱਲਬਾਤ ਕਰਕੇ ਲੋੜੀਂਦੀ ਕਾਰਵਾਈ ਲਈ ਹਦਾਇਤਾਂ ਜਾਰੀ ਕੀਤੀਆਂ ਜਾਣਗੀਆਂ ਤਾਂ ਜੋ ਸਥਾਨਕ ਨੌਜਵਾਨਾਂ ਅਤੇ ਵਪਾਰੀਆਂ ਦੇ ਹੱਕਾਂ ਦੀ ਰੱਖਿਆ ਕੀਤੀ ਜਾ ਸਕੇ। ਇਸ ਮੌਕੇ ਅਮਨਦੀਪ ਸਿੰਘ ਸਰਪੰਚ ਕਮੋਮਾਜਰਾ ਖੁਰਦ, ਯੂਨੀਅਨ ਪ੍ਰਧਾਨ ਬਹਾਦਰ ਸਿੰਘ (ਇੰਡੀਅਨ ਆਇਲ ਕਾਰਪੋਰੇਸ਼ਨ ਲਿਮਿਟਡ), ਸੰਜੀਵ ਜਿੰਦਲ ਲੱਕੀ ਤੇ ਹੈਰੀ ਕਮੋਮਾਜਰਾ ਨੇ ਵੀ ਸਥਾਨਕ ਲੋਕਾਂ ਦੇ ਹੱਕ ਵਿੱਚ ਆਪਣਾ ਸਮਰਥਨ ਪ੍ਰਗਟਾਇਆ।

# ਜੋਨੀ ਗਰਗ ਨੇ ਐਕਸੀਅਨ ਵਜੋਂ ਅਹੁਦਾ ਸੰਭਾਲਿਆ

ਸੁਨਾਮ ਊਧਮ ਸਿੰਘ ਵਾਲਾ, 9 ਮਾਰਚ (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ): ਸੁਨਾਮ ਪੀ.ਐਸ.ਪੀ.ਸੀ.ਐਲ ਬਿਜਲੀ ਬੋਰਡ ਦੇ ਐਕਸ਼ਨ ਜੋਨੀ ਗਰਗ ਨੇ ਸੁਨਾਮ ਦਫਤਰ ਵਿਖੇ ਆਪਣਾ ਅਹੁਦਾ ਸੰਭਾਲਿਆ



ਇਸ ਮੌਕੇ ਉਨਾਂ ਦੇ ਇੱਥੇ ਪੁੱਜਣ ਤੇ ਸਟਾਫ ਵੱਲੋਂ ਉਹਨਾਂ ਦਾ ਸਵਾਗਤ ਕੀਤਾ ਗਿਆ। ਇਸ ਮੌਕੇ ਐਕਸਨ ਜੋਨੀ ਗਰਗ ਨੇ ਕਿਹਾ ਕਿ ਉਹ ਪਹਿਲਾਂ ਵਾਂਗ ਆਪਣਾ ਕੰਮ ਪੂਰੀ ਤਨਦੇਹੀ ਨਾਲ ਕਰਨਗੇ ਤੇ ਸਟਾਫ ਨਾਲ ਤਾਲਮੇਲ ਦੇ ਤਹਿਤ ਸ਼ਹਿਰ ਦੇ ਵਿੱਚ ਬਿਜਲੀ ਸਬੰਧੀ ਕਿਸੇ ਨੂੰ ਵੀ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ।

ਜ਼ਿਕਰਯੋਗ ਹੈ ਕਿ ਜੋਨੀ ਗਰਗ ਪਹਿਲਾਂ ਸੁਨਾਮ ਦੇ ਵਿੱਚ ਦਿਹਾਤੀ ਐਸਡੀਓ ਦੇ ਤੌਰ ਤੇ ਕੰਮ ਕਰ ਚੁੱਕੇ ਹਨ ਤੇ ਉਹਨਾਂ ਵੱਲੋਂ ਵਿਭਾਗ 'ਚ ਕਿੱਤਾ ਕੰਮ ਕਾਫੀ ਸਲਾਘਾ ਯੋਗ ਰਿਹਾ ਹੈ। ਇਸ ਮੌਕੇ ਉਥੇ ਸਮਾਜ ਸੇਵੀ ਵਿਪਨ ਸ਼ੇਰੋ ਵੀ ਵਿਸ਼ੇਸ਼ ਤੌਰ ਤੇ ਮੌਜੂਦ ਸੀ।

# ਬੱਚੇਦਾਨੀ ਦੇ ਮੂੰਹ ਦੇ ਕੈਂਸਰ ਤੋਂ ਬਚਾਅ ਲਈ ਐੱਚ.ਪੀ.ਵੀ. ਵੈਕਸੀਨੇਸ਼ਨ ਜਾਰੀ




ਕੌਹਰੀਆਂ, 9 ਮਾਰਚ (ਅਵਤਾਰ ਸਿੰਘ ਜਟਾਣਾ): ਸਿਵਲ ਸਰਜਨ ਡਾ. ਅਮਰਜੀਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਬਲਜਿੰਦਰ ਕੌਰ ਕਾਹਲੋਂ ਦੀ ਅਗਵਾਈ ਵਿੱਚ ਪੀ.ਐੱਚ.ਸੀ. ਕੌਹਰੀਆਂ ਤੇ ਸੀ.ਐੱਚ.ਸੀ. ਦਿੜ੍ਹਬਾ ਵਿਖੇ ਘਾਤਕ ਬਿਮਾਰੀ ਸਰਵਾਈਕਲ ਕੈਂਸਰ (ਬੱਚੇਦਾਨੀ ਦੇ ਮੂੰਹ ਦਾ ਕੈਂਸਰ) ਤੋਂ ਬਚਾਅ ਲਈ 'ਹਿਊਮਨ ਪੈਪੀਲੋਮਾ ਵਾਇਰਸ' ਵੈਕਸੀਨੇਸ਼ਨ ਜਾਰੀ ਹੈ। ਡਾ. ਬਲਜਿੰਦਰ ਕੌਰ ਕਾਹਲੋਂ ਨੇ ਦੱਸਿਆ ਕਿ ਇਹ ਵੈਕਸੀਨ 14 ਤੋਂ 15 ਸਾਲ ਤੱਕ ਦੀਆਂ ਲੜਕੀਆਂ ਲਈ ਬਹੁਤ ਹੀ ਪ੍ਰਭਾਵਸ਼ਾਲੀ ਤੇ ਸੁਰੱਖਿਅਤ ਹੈ। ਉਨ੍ਹਾਂ ਦੱਸਿਆ ਕਿ ਵਿਸ਼ਵ ਭਰ ਵਿੱਚ ਔਰਤਾਂ ਵਿੱਚ ਸਰਵਾਈਕਲ ਕੈਂਸਰ ਦੇ ਵਧਦੇ ਮਾਮਲਿਆਂ ਨੂੰ ਦੇਖਦੇ ਹੋਏ ਸਿਹਤ ਵਿਭਾਗ ਵੱਲੋਂ ਇਹ ਅਹਿਮ ਕਦਮ ਚੁੱਕਿਆ ਗਿਆ ਹੈ ਤਾਂ ਜੋ ਭਵਿੱਖ ਵਿੱਚ ਇਸ ਬਿਮਾਰੀ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ। ਡਾ. ਕਾਹਲੋਂ ਨੇ ਦੱਸਿਆ ਕਿ ਹਿਊਮਨ ਪੈਪੀਲੋਮਾ ਵਾਇਰਸ ਸਰਵਾਈਕਲ ਕੈਂਸਰ ਦਾ ਮੁੱਖ ਕਾਰਨ ਹੈ ਤੇ ਜੇਕਰ ਸਹੀ ਉਮਰ ਵਿੱਚ ਇਹ ਟੀਕਾਕਰਨ ਕਰਵਾ ਲਿਆ ਜਾਵੇ ਤਾਂ ਇਸ ਕੈਂਸਰ ਦੇ ਖ਼ਤਰੇ ਨੂੰ ਲਗਭਗ 90 ਫ਼ੀਸਦੀ ਤੱਕ ਘਟਾਇਆ ਜਾ ਸਕਦਾ ਹੈ। ਸੀਨੀਅਰ ਮੈਡੀਕਲ ਅਫ਼ਸਰ ਨੇ ਅਪੀਲ ਕੀਤੀ ਕਿ ਮਾਪੇ ਬਿਨਾਂ ਕਿਸੇ ਡਰ ਜਾਂ ਅਫਵਾਹ ਦੇ ਆਪਣੀਆਂ ਧੀਆਂ ਦਾ ਟੀਕਾਕਰਨ ਜ਼ਰੂਰ ਕਰਵਾਉਣ। ਇਹ ਵੈਕਸੀਨ ਮੁਫ਼ਤ ਲਗਾਈ ਜਾ ਰਹੀ ਹੈ।

ਨਰਿੰਦਰ ਪਾਲ ਸਿੰਘ ਬਲਾਕ ਐਜੂਕੇਟਰ ਨੇ ਸਮੂਹ ਨਾਗਰਿਕਾਂ ਨੂੰ ਇਸ ਮੁਹਿੰਮ ਨੂੰ ਸਫਲ ਬਣਾਉਣ ਵਿੱਚ ਸਹਿਯੋਗ ਦੇਣ ਦੀ ਅਪੀਲ ਕੀਤੀ ਤਾਂ ਜੋ ਇੱਕ ਸਿਹਤਮੰਦ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ। ਇਸ ਮੌਕੇ ਡਾ. ਕੁਸ਼ ਕਾਰਤਿਕੇ, ਡਾ. ਅਰਸ਼ਦੀਪ ਕੌਰ, ਰਾਜ ਕੌਰ, ਰੀਨਾ ਰਾਣੀ, ਮਨਜੀਤ ਕੌਰ ਤੇ ਸਮੂਹ ਆਸ਼ਾ ਹਾਜ਼ਰ ਸਨ।

# ਕਲਸ਼ ਯਾਤਰਾ 'ਚ ਭਾਜਪਾ ਆਗੂ ਦਮਨ ਬਾਜਵਾ ਨੇ ਲਗਵਾਈ ਹਾਜ਼ਰੀ



ਸੁਨਾਮ 9 ਮਾਰਚ (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ): ਸ਼ਹਿਰ ਸੁਨਾਮ ਊਧਮ ਸਿੰਘ ਵਾਲਾ ਵਿਖੇ ਸ੍ਰੀ ਹਰਿਦਾਸ ਨਿਕੁੰਜ ਬਿਹਾਰੀ ਸੇਵਾ ਸਮਿਤੀ (ਰਜਿ:) ਸੁਨਾਮ ਵੱਲੋਂ ਨਵੀ ਅਨਾਜ ਮੰਡੀ ਵਿਖੇ 9 ਤੋਂ 15 ਮਾਰਚ ਤੱਕ ਕਰਵਾਈ ਜਾ ਰਹੀ ਸ਼੍ਰੀਮਦ ਭਾਗਵਤ ਕਥਾ ਨੂੰ ਮੁੱਖ ਰੱਖਦਿਆਂ ਵਿਸ਼ਾਲ ਝੰਡਾ ਤੇ ਕਲਸ਼ ਯਾਤਰਾ ਸ਼ਰਧਾ ਤੇ ਉਤਸ਼ਾਹ ਨਾਲ ਕੱਢੀ ਗਈ। ਇਸ ਮੌਕੇ ਭਾਜਪਾ ਜ਼ਿਲ੍ਹਾ ਪ੍ਰਧਾਨ ਦਾਮਨ ਬਾਜਵਾ ਨੇ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰੀ ਤੇ ਝੰਡਾ ਯਾਤਰਾ ਵਿੱਚ ਭਾਗ ਲਿਆ। ਇਸ ਮੌਕੇ ਦਾਮਨ ਬਾਜਵਾ ਨੇ ਕਿਹਾ ਕਿ ਸ੍ਰੀ ਹਰਿਦਾਸ ਨਿਕੁੰਜ ਬਿਹਾਰੀ ਸੇਵਾ ਸਮਿਤੀ ਸੁਨਾਮ ਵੱਲੋਂ ਕਰਵਾਈ ਜਾ ਰਹੀ ਇਹ ਧਾਰਮਿਕ ਯਾਤਰਾ ਸਮਾਜ ਵਿੱਚ ਧਾਰਮਿਕਤਾ, ਸਾਂਝ ਅਤੇ ਭਾਈਚਾਰੇ ਦੀ ਭਾਵਨਾ ਨੂੰ ਮਜ਼ਬੂਤ ਕਰਦੀ ਹੈ। ਉਨ੍ਹਾਂ ਸਮਿਤੀ ਦੇ ਮੈਂਬਰਾਂ ਨੂੰ ਇਸ ਉਪਰਾਲੇ ਲਈ ਵਧਾਈ ਦਿੱਤੀ ਤੇ ਕਿਹਾ ਕਿ ਮੈਂ ਭਗਵਾਨ ਜੀ ਅੱਗੇ ਬੇਨਤੀ ਕਰਦੀ ਹਾਂ ਕਿ ਉਹ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਧਾਰਮਿਕ ਤੇ ਸਮਾਜਿਕ ਕਾਰਜ ਕਰਦੇ ਰਹਿਣ। ਇਸ ਮੌਕੇ ਸਮਿਤੀ ਦੇ ਆਹੁਦੇਦਾਰ ਵੱਲੋਂ ਭਾਜਪਾ ਜ਼ਿਲ੍ਹਾ ਪ੍ਰਧਾਨ ਦਾਮਨ ਬਾਜਵਾ ਦਾ ਸਨਮਾਨ ਵੀ ਕੀਤਾ ਗਿਆ। ਇਸ ਕਲਸ਼ ਅਤੇ ਝੰਡਾ ਯਾਤਰਾ ਵਿੱਚ ਵੱਡੀ ਗਿਣਤੀ ਨਾਲ ਸ਼ਰਧਾਲੂਆਂ ਨੇ ਹਿੱਸਾ ਲਿਆ। ਇਸ ਮੌਕੇ ਸ੍ਰੀ ਹਰਿਦਾਸ ਨਿਕੁੰਜ ਬਿਹਾਰੀ ਸੇਵਾ ਸਮਿਤੀ ਚੇਅਰਮੈਨ ਅਮਿਤ ਕੋਸ਼ਲ, ਰਾਜੀਵ ਕੁਮਾਰ ਮੱਖਣ, ਕਾਰੁਣ ਬਾਂਸਲ, ਰਾਜੇਸ਼ ਅਗਰਵਾਲ, ਡਾ ਮਨੋਜ ਸਿੰਗਲਾ, ਬ੍ਰਿਜ ਗੋਇਲ, ਅੰਕਿਤ ਕਾਂਸਲ, ਰਾਜੀਵ ਫੂਲ, ਨਵੀਨ ਗਰਗ, ਅਸ਼ੋਕ ਕਾਂਸਲ, ਅਸ਼ੋਕ ਗੋਇਲ, ਧੀਰਜ ਗੋਇਲ ਆਦਿ ਹਾਜ਼ਰ ਸਨ।

# ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਹੋਈ 'ਬੈਸਟ ਸੱਸਾਂ' ਦੀ ਚੋਣ

ਰਾਮਪੁਰਾ ਫੂਲ, 9 ਮਾਰਚ (ਮਨਪ੍ਰੀਤ ਮਿੰਟੂ): ਬਠਿੰਡਾ ਜ਼ਿਲ੍ਹੇ ਦੇ ਪਿੰਡ ਬੱਲ੍ਹੋ ਦੀ ਪੰਚਾਇਤ ਨੇ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਆਪਣੇ ਪਿੰਡ ਚੋਂ 'ਬੈਸਟ ਸੱਸਾਂ' ਦੀ ਚੋਣ ਅਤੇ ਉਹਨਾਂ ਨੂੰ ਸਨਮਾਨ ਦੇਕੇ ਸਮਾਜਿਕ ਰਿਸ਼ਤਿਆਂ ਦੀ ਮਜ਼ਬੂਤੀ ਵੱਲ ਇੱਕ ਨਵੀਂ ਪੁਲਾਂਘ ਪੁੱਟੀ ਹੈ। ਇਹ ਸਿਹਤਮੰਦ ਉਪਰਾਲਾ ਪਿੰਡ ਦੀ ਮਹਿਲਾ ਸਰਪੰਚ ਅਮਰਜੀਤ ਕੌਰ ਦੀ ਅਗਵਾਈ ਵਿਚ ਪਿੰਡ ਦੀ ਸਮੁੱਚੀ ਪੰਚਾਇਤ ਨੇ ਕੀਤਾ ਹੈ। ਸਮਾਗਮ ਦੌਰਾਨ ਮੁੱਖ ਮਹਿਮਾਨ ਵਜੋਂ ਸ਼ਿਰਕਤ ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਸੀਨੀਅਰ ਉਪ ਚੇਅਰਪਰਸਨ ਰੁਪਿੰਦਰ ਕੌਰ ਗਿੱਲ ਪੁੱਜੇ। ਸ੍ਰੀਮਤੀ ਗਿੱਲ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਕਸਰ ਸਮਾਜ ਵਿੱਚ ਸੱਸ ਨੂੰਹ ਦੇ ਰਿਸ਼ਤੇ ਨੂੰ ਨਕਾਰਾਤਮਕ ਨਜ਼ਰੀਏ ਨਾਲ ਦੇਖਿਆ ਜਾਂਦਾ ਹੈ ਪਰ ਸਾਡੇ ਪਿੰਡ ਦੀਆਂ ਇਹਨਾਂ ਸਤਿਕਾਰਤ ਔਰਤਾਂ ਨੇ ਇਸ ਰਿਸ਼ਤੇ ਦੀ ਨਵੀ ਮਿਸਾਲ ਪੇਸ਼ ਕੀਤੀ ਹੈ। ਸਰਪੰਚ ਅਮਰਜੀਤ ਕੌਰ ਨੇ ਕਿਹਾ ਕਿ ਇੱਕ ਸਿਆਣੀ ਸੱਸ ਹੀ ਸੁਚੱਜੇ ਘਰ ਦੀ ਨੀਹ ਹੁੰਦੀ ਹੈ ਜੋ ਕਿ ਆਪਣੀ ਨੂੰਹ ਨੂੰ ਧੀ ਬਣਾਕੇ ਘਰ ਨੂੰ ਸਵਰਗ ਬਣਾਉਦੀ ਹੈ। ਕੈਨੇਡਾ ਤੋਂ ਆਏ ਵਿਸ਼ੇਸ਼ ਮਹਿਮਾਨ ਨਵਦੀਪ ਸਿੰਘ ਗਿੱਲ ( ਮੰਡੀ ਕਲਾਂ ) ਨੇ ਕਿਹਾ ਕਿ ਸਦੀਆਂ ਪਹਿਲਾਂ ਔਰਤ ਨੂੰ ਸਤੀ ਪ੍ਰਥਾ ਵਰਗੀ ਕੁਰੀਤੀ ਦਾ ਸ਼ਿਕਾਰ ਹੋਣਾ ਪੈਂਦਾ ਸੀ, ਪਰ ਪੰਚਾਇਤ ਵਲੋਂ ਪਿੰਡ ਦੀਆਂ ਨੂੰਹਾਂ ਨੂੰ ਧੀ ਬਣਾਉਣ ਵੱਲ ਚੁੱਕਿਆ ਕਦਮ ਸ਼ਲਾਘਾਯੋਗ ਹੈ।ਪ੍ਰਿੰਸੀਪਲ ਮੈਡਮ ਜੋਤੀ ਗਰਗ ਨੇ ਸੁਨੇਹਾ ਦਿੱਤਾ ਕਿ ਮਾਪਿਆਂ ਨੂੰ ਕੁੜੀਆਂ ਨੂੰ ਵੱਧ ਤੋਂ ਵੱਧ ਪੜ੍ਹਾਉਣਾ ਚਾਹੀਦਾ ਹੈ।'ਬੈਸਟ ਸੱਸ' ਦਾ ਐਵਾਰਡ ਗੁਰਦੇਵ ਕੌਰ, ਜਸਵਿੰਦਰ ਕੌਰ , ਸੁਰਜੀਤ ਕੌਰ ,ਚਰਨਜੀਤ ਕੌਰ ,ਮੁਖਤਿਆਰ ਕੌਰ ਅਤੇ ਜਸਵਿੰਦਰ ਕੌਰ ਨੂੰ ਦਿੱਤਾ ਗਿਆ ।ਲਾਇਬਰੇਰੀ ਵਿੱਚ ਵੱਧ ਕਿਤਾਬਾਂ ਪੜ੍ਹਨ ਵਾਲੀਆਂ ਔਰਤਾਂ ਵਿੱਚ ਜਸਜੀਤ ਕੌਰ, ਅਮਨਦੀਪ ਕੌਰ ਅਤੇ ਮਿੰਟੂ ਪਾਲ ਕੌਰ ਨੂੰ ਵੀ ਸਨਮਾਨਿਤ ਕੀਤਾ ਗਿਆ। ਪਿੰਡ ਦੀ ਵੱਡੀ ਉਮਰ ਦੀ ਬਜ਼ੁਰਗ ਮਾਤਾ ਸੁਰਜੀਤ ਕੌਰ (98 ਸਾਲ ) ਨੂੰ ਵਿਸ਼ੇਸ਼ ਪ੍ਰਸ਼ੰਸਾ ਪੱਤਰ ਮਿਲਿਆ। ਅਧਿਆਪਕ ਗੁਰਜੀਤ ਕੌਰ ਨੇ ਔਰਤਾਂ ਦੇ ਸਤਿਕਾਰ ਵਿੱਚ ਕਵਿਤਾ ਪੇਸ਼ ਕੀਤੀ। ਬਾਖ਼ੂਬੀ ਸਟੇਜ ਸੰਚਾਲਨ ਭੁਪਿੰਦਰ ਸਿੰਘ ਜਟਾਨਾ ਦਾ ਸੀ ।ਪ੍ਰਧਾਨ ਕਰਮਜੀਤ ਸਿੰਘ, ਹਰਿੰਦਰ ਸਿੰਘ ਬੀ ਆਰ ਸੀ, ਸੀ ਐਚ ਓ ਹਰਵਿੰਦਰ ਕੌਰ, ਪੰਚ ਰਾਜਵੀਰ ਕੌਰ, ਰਣਜੀਤ ਕੌਰ, ਪਰਮਜੀਤ ਕੌਰ , ਹਰਵਿੰਦਰ ਕੌਰ , ਹਰਬੰਸ ਸਿੰਘ, ਜਗਸੀਰ ਸਿੰਘ, ਹਾਕਮ ਸਿੰਘ, ਕਰਮਜੀਤ ਸਿੰਘ ਫੌਜੀ ਤੇ ਪਰਮਜੀਤ ਭੁੱਲਰ ਵੀ. ਡੀ. ਓ ਦਾ ਰੋਲ ਸਲਾਹੁਣਯੋਗ ਰਿਹਾ।

# ਟੀ.ਬੀ. ਦੇ ਰੋਗੀਆਂ ਦਾ ਹਾਲ-ਚਾਲ ਜਾਣਿਆ

ਭਗਤਾ ਭਾਈ ਕਾ, 9 ਮਾਰਚ (ਸਵਰਨ ਸਿੰਘ ਭਗਤਾ): ਸਿਵਲ ਸਰਜਨ ਡਾਕਟਰ ਤਪਿੰਦਰ ਜੋਤ ਦੀ ਹਦਾਇਤਾਂ ਨੂੰ ਲਾਗੂ ਕਰਦੇ ਹੋਏ ਸਿਹਤ ਬਲਾਕ ਭਾਈਕਾ ਭਾਈ ਕਾ ਵਿਖੇ ਸੀਨੀਅਰ ਮੈਡੀਕਲ ਅਫਸਰ ਡਾਕਟਰ



ਸੀਮਾ ਗੁਪਤਾ ਦੀ ਅਗਵਾਈ ਹੇਠ ਪਿੰਡ ਗੁੰਮਦੀ ਕਲਾਂ ਵਿਖੇ ਟੀ ਬੀ ਦੇ ਮਰੀਜ਼ਾਂ ਕੋਲ ਸਿਹਤ ਵਿਭਾਗ ਦੀ ਟੀਮ ਵੱਲੋਂ ਪਹੁੰਚ ਕੀਤੀ ਗਈ।

ਸਿਹਤ ਵਿਭਾਗ ਦੀ ਟੀਮ ਜਿਸ ਵਿੱਚ ਐਸ ਟੀ ਐਸ ਰਾਕੇਸ਼ ਕੁਮਾਰ, ਬੁਲਾਕ ਐਜੂਕੇਟਰ ਮਾਲਵਿੰਦਰ ਸਿੰਘ ਤਿਊਣਾ ,ਐਮ ਪੀ ਐਚ ਡਬਲਯੂ ਮੇਲ ਅੰਗਦ ਸਿੰਘ ਅਤੇ ਆਸ਼ਾ ਵਰਕਰ ਮੂਰਤੀ ਕੌਰ ਹਾਜ਼ਰ ਸੀ ਵੱਲੋਂ ਪਿੰਡ ਗੁੰਮਟੀ ਕਲਾ ਵਿਖੇ ਮਰੀਜ਼ਾਂ ਦੇ ਘਰਾਂ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਹਨਾਂ ਨੂੰ ਟੀ ਬੀ ਤੋਂ ਬਚਾਓ ਲਈ ਢੰਗ ਤਰੀਕਿਆਂ ਸਬੰਧੀ ਜਾਣਕਾਰੀ ਦਿੱਤੀ ਗਈ । ਉਹਨਾਂ ਨੂੰ ਪੋਸਟਿਕ ਖੁਰਾਕ ਦੀ ਮਹੱਤਤਾ ਸਬੰਧੀ ਵੀ ਜਾਗਰਤ ਕੀਤਾ ਗਿਆ । ਇਸ ਮੌਕੇ ਐਸ ਟੀ ਐਸ ਰਾਕੇਸ਼ ਕੁਮਾਰ ਨੇ ਮਰੀਜ਼ਾਂ ਦੇ ਕੱਪੜਿਆਂ ਦੀ ਧਵਾਈ ਸਬੰਧੀ ਹਦਾਇਤਾਂ ਕਰਦੇ ਹੋਏ ਕਿਹਾ ਕਿ ਮਰੀਜ਼ਾਂ ਦੇ ਕੱਪੜੇ ਗਰਮ ਪਾਣੀ ਵਿੱਚ ਧੋਣੇ ਚਾਹੀਦੇ ਹਨ ਅਤੇ ਇਹਨਾਂ ਨੂੰ ਕੁਝ ਸਮਾਂ ਡਿਟੋਲ ਵਿੱਚ ਭਿਉਂ ਕੇ ਵੀ ਰੱਖਣਾ ਚਾਹੀਦਾ ਹੈ।

# ਸ਼ਹੀਦ ਬਾਬਾ ਦੀਪ ਸਿੰਘ ਕਲੱਬ ਵੱਲੋਂ 10ਵਾਂ ਕਬੱਡੀ ਕੱਪ 19 ਨੂੰ

ਧੂਰੀ, 9 ਮਾਰਚ (ਰਾਜੇਸ਼ਵਰ ਪਿੰਟੂ): ਸਥਾਨਕ ਸ਼ਹੀਦ ਬਾਬਾ ਦੀਪ ਸਿੰਘ ਯੂਥ ਵੈਲਫੇਅਰ ਐਂਡ ਸਪੋਰਟਸ ਕਲੱਬ (ਰਜਿ.) ਧੂਰੀ ਦੀ ਇੱਕ ਵਿਸ਼ੇਸ਼ ਮੀਟਿੰਗ ਅੱਜ ਕਲੱਬ ਦੇ ਪ੍ਰਧਾਨ ਦਲਜਿੰਦਰ ਸਿੰਘ ਮਾਨ ਦੀ ਪ੍ਰਧਾਨਗੀ ਹੇਠ ਹੋਈ। ਇਸ ਅਹਿਮ ਬੈਠਕ ਦੌਰਾਨ ਕਲੱਬ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਸਰਬਸੰਮਤੀ ਨਾਲ ਇਲਾਕੇ ਦਾ 10ਵਾਂ ਵਿਸ਼ਾਲ ਕਬੱਡੀ ਕੱਪ ਕਰਵਾਉਣ ਸਬੰਧੀ ਰੂਪ-ਰੇਖਾ ਉਲੀਕੀ।

ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਜਾਣਕਾਰੀ ਸਾਂਝੀ ਕਰਦਿਆਂ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ ਅਤੇ ਕਲੱਬ ਪ੍ਰਧਾਨ ਦਲਜਿੰਦਰ ਸਿੰਘ ਮਾਨ ਨੇ ਦੱਸਿਆ ਕਿ ਇਹ ਖੇਡ ਮੇਲਾ 19 ਮਾਰਚ ਨੂੰ ਸਥਾਨਕ ਨਵੀਂ ਅਨਾਜ ਮੰਡੀ ਧੂਰੀ ਵਿਖੇ ਕਰਵਾਇਆ ਜਾਵੇਗਾ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ ਕਿ ਇਸ ਵਾਰ ਖੇਡ ਪ੍ਰੇਮੀਆਂ ਨੂੰ ਅੰਤਰਰਾਸ਼ਟਰੀ ਪੱਧਰ ਦੇ ਨਾਮਵਰ ਕਬੱਡੀ ਖਿਡਾਰੀਆਂ ਦੀਆਂ ਰੌਚਕ ਭੇੜਾਂ ਦੇਖਣ ਨੂੰ ਮਿਲਣਗੀਆਂ, ਜਿਸ ਲਈ ਤਿਆਰੀਆਂ ਅਰੰਭ ਦਿੱਤੀਆਂ ਗਈਆਂ ਹਨ।

ਇਸ ਮੌਕੇ ਟੂਰਨਾਮੈਂਟ ਦੀ ਸਫ਼ਲਤਾ ਲਈ ਵੱਖ-ਵੱਖ ਮੈਂਬਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ। ਮੀਟਿੰਗ ਵਿੱਚ ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਜਤਿੰਦਰ ਸਿੰਘ ਸੋਨੀ ਮੰਡੇਰ, ਕ੍ਰਿਸ਼ਨ ਕੌਸ਼ਲ ਸੱਬੀ, ਸਰਬਜੀਤ ਸਿੰਘ, ਜੱਗੀ ਢੀਂਡਸਾ, ਚਰਨਜੀਤ ਸਿੰਘ, ਕਾਕਾ ਸਰਪੰਚ, ਰਮਨ ਮੰਡੇਰ, ਰਜਨੀਸ਼ ਗਰਗ ਵਿੱਕੀ, ਕੁਲਦੀਪ ਸਿੰਘ, ਪ੍ਰਗਟ ਸਿੰਘ, ਤਵਨਜੀਤ ਸਿੰਘ ਅਤੇ ਲਖਵੀਰ ਸਿੰਘ ਧਾਂਦਰਾ ਸਮੇਤ ਹੋਰ ਵੀ ਕਈ ਪਤਵੰਤੇ ਸੱਜਣ ਅਤੇ ਕਲੱਬ ਮੈਂਬਰ ਹਾਜ਼ਰ ਸਨ।

# ਗ੍ਰਾਮ ਪੰਚਾਇਤ ਬੱਲ੍ਹੋ ਵੱਲੋਂ ਲਾਇਬ੍ਰੇਰੀ 'ਚੋਂ ਵੱਧ ਕਿਤਾਬਾਂ ਪੜ੍ਹਨ ਵਾਲੀਆਂ ਔਰਤਾਂ ਦਾ ਸਨਮਾਨ

ਬਠਿੰਡਾ, 9 ਮਾਰਚ (ਜਗਸੀਰ ਭੁੱਲਰ): ਬੋਧਿਕ ਗਿਆਨ ਦੇਣ ਦੇ ਮਕਸਦ ਨਾਲ ਗ੍ਰਾਮ ਪੰਚਾਇਤ ਬੱਲ੍ਹੋ ਤੇ ਤਰਨਜੋਤ ਵੈਲਫੇਅਰ ਸੁਸਾਇਟੀ ਤੇ ਖਾਲਸਾ ਏਡ ਮੇਰਾ ਪਿੰਡ 360 ਦੇ ਸਹਿਯੋਗ ਨਾਲ ਖੋਲੀ ਗਈ ਯੂਥ ਲਾਇਬਰੇਰੀ ਵਿੱਚ ਪਿਛਲੇ ਸਾਲ ਦੌਰਾਨ ਸਭ ਤੋ ਵੱਧ ਕਿਤਾਬਾਂ ਲੈ ਕੇ ਪੜਨ ਵਾਲੀਆਂ ਔਰਤਾਂ ਦਾ ਵਿਸੇਸ ਸਨਮਾਨ ਕੀਤਾ ਗਿਆ। ਇਹ ਸਨਮਾਨ



ਸਮਾਰੋਹ ਅੰਤਰਰਾਸਟਰੀ ਮਹਿਲਾ ਦਿਵਸ ਨੂੰ ਸਮਰਪਿਤ ਰਿਹਾ। ਯੂਥ ਲਾਇਬਰੇਰੀ ਚੋਂ ਸਭ ਤੋ ਵੱਧ ਕਿਤਾਬਾਂ ਪੜ੍ਹਨ ਵਾਲਿਆਂ ਵਿੱਚੋ 70 ਸਾਲਾ ਬੇਬੇ ਜਸਜੀਤ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ ਤੇ ਦੂਜਾ ਤੇ ਤੀਜੇ ਸਥਾਨ ਤੇ ਅਮਨਦੀਪ ਕੌਰ -ਮਿੰਟੂਪਾਲ ਕੌਰ ਨੇ ਪ੍ਰਾਪਤ ਕੀਤਾ। ਇੰਨਾਂ ਪਾਠਕਾਂ ਨੂੰ ਪੰਜਾਬ ਰਾਜ ਮਹਿਲਾ ਕਮਿਸਨ ਦੀ ਸੀਨੀਅਰ ਵਾਇਸ ਚੇਅਰਪਰਸਨ ਰੁਪਿੰਦਰ ਕੌਰ ਗਿੱਲ ਨੇ ਸਨਮਾਨਿਤ ਕਰਨ ਉਪਰੰਤ ਕਿਹਾ ਕਿ ਅਜੋਕੇ ਡਿਜੀਟਲ ਯੁੱਗ ਵਿੱਚ ਕਿਤਾਬਾਂ ਨਾਲ ਸਾਂਝ ਪਾਉਣ ਬਹੁਤ ਜਰੂਰੀ ਹੈ ਕਿਤਾਬਾਂ ਨਾ ਸਿਰਫ ਗਿਆਨ ਵਧਾਉਦੀਆਂ ਹਨ, ਸਗੋ ਚੰਗੇ ਦੀ ਸਿਰਜਣਾ ਵਿੱਚ ਵੀ ਅਹਿਮ ਰੋਲ ਅਦਾ ਕਰਦੀਆ ਹਨ। ਸੰਸਥਾਂ ਦੇ ਪ੍ਰਧਾਨ ਕਰਮਜੀਤ ਸਿੰਘ ਤੇ ਸਰਪੰਚ ਅਮਰਜੀਤ ਕੌਰ ਨੇ ਪਿੰਡ ਵਾਸੀਆਂ ਨੂੰ ਅਪੀਲ ਕਰਦਿਆ ਕਿਹਾ ਕਿ ਉਹ ਆਪਣੇ ਬੱਚਿਆਂ ਨੂੰ ਮੋਬਾਇਲ ਫੋਨਾਂ ਦੀ ਬਜਾਏ ਲਾਇਬਰੇਰੀ ਆਉਣ ਲਈ ਪ੍ਰੇਰਿਤ ਕਰਨ। ਉਨਾਂ ਕਿਹਾ ਕਿ ਅਜਿਹੇ ਸਨਮਾਨ ਸਮਾਰੋਹ ਭਵਿੱਖ ਵਿੱਚ ਵੀ ਜਾਰੀ ਰਹਿਣਗੇ ਤਾਂ ਜੋ ਪੜ੍ਹਨ ਦੀ ਰੁਚੀ ਨੂੰ ਹੋਰ ਪ੍ਰਫੁੱਲਤ ਕੀਤਾ ਜਾ ਸਕੇ। ਲਾਇਬਰੇਰੀਅਨ ਰਾਜਵਿੰਦਰ ਕੌਰ ਨੇ ਦੱਸਿਆ ਕਿ ਪੜ੍ਹੋ ਕਿਤਾਬ ਲਓ ਇਨਾਮ ਸਕੀਮ ਤਹਿਤ ਨੌਜਵਾਨਾਂ ਤੇ ਬੱਚਿਆਂ ਨੂੰ ਸਾਹਿਤ ਨਾਲ ਜੋੜਨ ਲਈ ਕਿਤਾਬਾਂ ਪੜ੍ਹਨ ਵਾਲਿਆਂ ਨੂੰ 100/- ਰੁਪਏ ਨਗਦ ਇਨਾਮ ਦਿੱਤਾ ਜਾਂਦਾ ਹੈ। ਨਵਦੀਪ ਸਿੰਘ ਗਿੱਲ (ਕਨੇਡਾ ) ਨੇ ਲਾਇਬਰੇਰੀ ਚ ਪਾਠਕਾਂ ਨੂੰ ਸਾਹਿਤ ਨਾਲ ਜੋੜਨ ਲਈ ਕੀਤੇ ਜਾ ਰਹੇ ਉੱਪਰਾਲਿਆਂ ਦਾ ਸਲਾਘਾਂ ਕੀਤੀ। ਇਸ ਮੌਕੇ ਜਸਵੀਰ ਸਿੰਘ ਗਿੱਲ, ਭੁਪਿੰਦਰ ਸਿੰਘ ਜਟਾਣਾ, ਪੰਚ ਹਰਵਿੰਦਰ ਕੌਰ, ਰਾਜਵੀਰ ਕੌਰ, ਹਰਬੰਸ ਸਿੰਘ, ਜਗਸੀਰ ਸਿੰਘ, ਕਰਮਜੀਤ ਸਿੰਘ, ਕੰਪਿਊਟਰ ਅਧਿਆਪਕ ਰਸਪ੍ਰੀਤ ਸਿੰਘ ਤੇ ਪਰਮਜੀਤ ਭੁੱਲਰ ਵੀ ਡੀ ਓ ਹਾਜ਼ਰ ਸਨ।

# ਜਸਮੇਰ ਸਿੰਘ ਜੇਜੀ ਕਾਲਜ ਵਿਖੇ ਮਹਿਲਾ ਦਿਵਸ ਮੌਕੇ ਸੈਮੀਨਾਰ

ਲਹਿਰਾਗਾਗਾ, 9 ਮਾਰਚ (ਗੁਰਦੀਪ ਸਿੰਘ): ਬੀਤੇ ਕੱਲ ਜਸਮੇਰ ਸਿੰਘ ਜੇਜੀ ਕਾਲਜ ਗੁਰਨੇ ਕਲਾਂ ਵਿਖੇ ਪ੍ਰਿੰਸੀਪਲ ਪ੍ਰੋ. ਅਮਨਦੀਪ ਸਿੰਘ ਦੀ ਅਗਵਾਈ ਹੇਠ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਇੱਕ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਦਾ ਉਦੇਸ਼ ਸਮਾਜ ਵਿੱਚ ਮਹਿਲਾਵਾਂ ਦੀ ਮਹੱਤਤਾ ਨੂੰ ਉਜਾਗਰ ਕਰਨਾ ਤੇ ਨੈਤਿਕ ਮੁੱਲਾਂ ਨੂੰ ਮਜ਼ਬੂਤ ਕਰਨਾ ਸੀ। ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਅੰਮ੍ਰਿਤਸਰ ਤੋਂ ਰਾਜਪਾਲ ਸਿੰਘ, ਸਤਨਾਮ ਸਿੰਘ ਤੇ ਅਮਨਦੀਪ ਸਿੰਘ ਖੇਤਲਾਂ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਨ੍ਹਾਂ ਨੇ ਆਪਣੇ ਸੰਬੋਧਨ ਦੌਰਾਨ ਵਿਦਿਆਰਥੀਆਂ ਤੇ ਸਟਾਫ ਨੂੰ ਮੋਰਲ ਵੈਲਿਊਜ਼ (ਨੈਤਿਕ ਮੁੱਲਾਂ) ਤੇ ਗੁਰਬਾਣੀ ਦੇ ਉਪਦੇਸ਼ਾਂ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਜੇਕਰ ਅਸੀਂ ਗੁਰਬਾਣੀ ਦੇ ਸਿਧਾਂਤਾਂ ਨੂੰ ਜੀਵਨ ਵਿੱਚ ਲਾਗੂ ਕਰੀਏ ਤਾਂ ਸਮਾਜ ਵਿੱਚ ਚੰਗੇ ਸੰਸਕਾਰ ਤੇ ਆਪਸੀ ਸਤਿਕਾਰ ਦਾ ਮਾਹੌਲ ਬਣ ਸਕਦਾ ਹੈ।ਵਕਤਾਵਾਂ ਨੇ ਮਹਿਲਾਵਾਂ ਦੀ ਸਮਾਜਿਕ, ਸਿੱਖਿਆਤਮਕ ਤੇ ਸੱਭਿਆਚਾਰਕ ਭੂਮਿਕਾ ਬਾਰੇ ਵੀ ਵਿਚਾਰ ਸਾਂਝੇ ਕੀਤੇ ਅਤੇ ਦੱਸਿਆ



ਕਿ ਮਹਿਲਾਵਾਂ ਸਮਾਜ ਦੀ ਤਰੱਕੀ ਵਿੱਚ ਅਹਿਮ ਯੋਗਦਾਨ ਪਾਉਂਦੀਆਂ ਹਨ।ਅੰਤ ਵਿੱਚ ਕਾਲਜ ਪ੍ਰਬੰਧਕਾਂ ਵੱਲੋਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ ਅਤੇ ਵਿਦਿਆਰਥੀਆਂ ਨੂੰ ਇਸ ਤਰ੍ਹਾਂ ਦੇ ਪ੍ਰੇਰਣਾ ਦਾਇਕ ਪ੍ਰੋਗਰਾਮਾਂ ਤੋਂ ਸਿੱਖਿਆ ਲੈਣ ਲਈ ਪ੍ਰੇਰਿਤ ਕੀਤਾ ਗਿਆ। ਇਹ ਸੈਮੀਨਾਰ ਵਿਦਿਆਰਥੀਆਂ ਲਈ ਬਹੁਤ ਹੀ ਪ੍ਰੇਰਣਾਦਾਇਕ ਅਤੇ ਜਾਣਕਾਰੀ ਪੂਰਨ ਸਾਬਤ ਹੋਇਆ। ਪ੍ਰੋਗਰਾਮ ਦੇ ਅੰਤ ਵਿੱਚ ਡਾ. ਰੀਟਾ ਰਾਵਤ ਵੱਲੋਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ ਤੇ ਕਾਲਜ ਪ੍ਰਿੰਸੀਪਲ ਪ੍ਰੋ. ਅਮਦੀਪ ਸਿੰਘ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਸੈਮੀਨਾਰ ਦੌਰਾਨ ਕਾਲਜ ਸੁਪਰਡੈਂਟ ਜਸਵਿੰਦਰ ਸਿੰਘ, ਪ੍ਰੋ. ਪੁਸ਼ਪਾ ਦੇਵੀ, ਪ੍ਰੋ. ਮਨਪ੍ਰੀਤ ਕੌਰ, ਪ੍ਰੋ. ਸੁਖਜਿੰਦਰ ਕੌਰ, ਪ੍ਰੋ. ਰਵਿੰਦਰ ਕੌਰ, ਪ੍ਰੋ. ਗੀਤਾ ਰਾਣੀ, ਪ੍ਰੋ. ਮੋਨਿਕਾ ਰਾਣੀ, ਪ੍ਰੋ. ਨਿਸ਼ਾ ਰਾਣੀ, ਪ੍ਰੋ. ਗੁਰਪ੍ਰੀਤ ਸਿੰਘ, ਪ੍ਰੋ. ਕੁਲਵਿੰਦਰ ਸਿੰਘ, ਪ੍ਰੋ. ਬਲਕਾਰ ਸਿੰਘ, ਪ੍ਰੋ. ਰਵਿੰਦਰ ਕੁਮਾਰ, ਪ੍ਰੋ. ਸ਼ਿਵਮ, ਪ੍ਰੋ. ਮੱਖਣ ਸਿੰਘ ਤੇ ਲਖਵੀਰ ਸਿੰਘ (ਕਲਰਕ) ਹੋਰ ਸਟਾਫ ਮੈਂਬਰ ਤੇ ਵਿਦਿਆਰਥੀ ਵੀ ਮੌਜੂਦ ਰਹੇ।

# ਵਾਈ.ਐਸ ਕਾਲਜ ਦੇ ਕਲਾਕਾਰ ਇਸਤਰੀ ਜਾਗ੍ਰਤੀ ਮੰਚ ਵੱਲੋਂ ਕਰਵਾਏ ਅੰਤਰਰਾਸ਼ਟਰੀ ਮਹਿਲਾ ਦਿਵਸ ਸਮਾਗਮ ਵਿੱਚ ਚਮਕੇ



ਬਰਨਾਲਾ, 9 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਵਾਈ.ਐਸ ਕਾਲਜ, ਜਿਸ ਨੂੰ ਮੋਸਟ ਇਮਰਜਿੰਗ ਹਾਇਅਸਟ ਇੰਸਟੀਚਿਊਟ ਆਫ ਦ ਯੀਅਰ ਦੇ ਸਨਮਾਨ ਨਾਲ ਨਵਾਜਿਆ ਗਿਆ ਹੈ, ਸਮਾਜਿਕ ਅਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਸਰਗਰਮ ਭਾਗੀਦਾਰੀ ਰਾਹੀਂ ਅਕਾਦਮਿਕ ਉਤਕ੍ਰਿਸ਼ਟਤਾ ਅਤੇ ਸੱਭਿਆਚਾਰਕ ਪ੍ਰਤੀਬੱਧਤਾ ਨੂੰ ਲਗਾਤਾਰ ਮਜ਼ਬੂਤ ਕਰ ਰਿਹਾ ਹੈ। ਸੰਸਥਾ ਹਮੇਸ਼ਾਂ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਅਜਿਹੇ ਪ੍ਰੋਗਰਾਮਾਂ ਵਿੱਚ ਸ਼ਾਮਿਲ ਹੋਣ ਲਈ ਉਤਸ਼ਾਹਿਤ ਕਰਦੀ ਰਹੀ ਹੈ ਜੋ ਜਾਗਰੂਕਤਾ, ਰਚਨਾਤਮਕਤਾ ਅਤੇ ਸਮਾਜਿਕ ਜ਼ਿੰਮੇਵਾਰੀ ਨੂੰ ਪ੍ਰੋਤਸਾਹਿਤ ਕਰਦੇ ਹਨ। ਇਸ ਤਰ੍ਹਾਂ ਦੀਆਂ ਪਹਿਲਕਦਮੀਆਂ ਰਾਹੀਂ ਵਾਈ.ਐਸ ਕਾਲਜ ਨੌਜਵਾਨ ਪ੍ਰਤਿਭਾਵਾਂ ਨੂੰ ਨਿਖਾਰਦਾ ਹੋਇਆ ਸਮਾਜ ਦੇ ਮਹੱਤਵਪੂਰਨ ਮੁੱਦਿਆਂ ਉੱਤੇ ਅਰਥਪੂਰਨ ਚਰਚਾ ਵਿੱਚ ਵੀ ਯੋਗਦਾਨ ਪਾਉਂਦਾ ਹੈ। 8 ਮਾਰਚ ਨੂੰ ਬਰਨਾਲਾ ਵਿੱਚ ਇਸਤਰੀ ਜਾਗਰਤੀ ਮੰਚ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਬੜੀ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਮਾਗਮ ਵਿੱਚ ਕਈ ਪ੍ਰਮੁੱਖ ਸ਼ਖਸੀਅਤਾਂ ਅਤੇ ਸਮਾਜਿਕ ਕਰਮੀਆਂ ਨੇ ਹਾਜ਼ਰੀ ਭਰੀ, ਜੋ ਮਹਿਲਾਵਾਂ ਦੇ ਅਧਿਕਾਰਾਂ ਅਤੇ ਸਮਾਜਿਕ ਨਿਆਂ ਲਈ ਸਰਗਰਮ ਤੌਰ 'ਤੇ ਕੰਮ ਕਰ ਰਹੀਆਂ ਹਨ। ਸਮਾਗਮ ਵਿੱਚ ਹਾਜ਼ਰ ਪ੍ਰਮੁੱਖ ਮਹਿਮਾਨਾਂ ਵਿੱਚ ਇਸਤਰੀ ਜਾਗਰਤੀ ਮੰਚ ਦੀ ਰਾਜ ਪੱਧਰੀ ਨੇਤਰੀ ਚਰਨਜੀਤ ਕੌਰ, ਬੇਜ਼ਾਮਿਨੇ ਸੰਘਰਸ਼ ਕਮੇਟੀ ਦੀ ਨੇਤਰੀ ਜਸਵੀਰ ਕੌਰ, ਪੀਐਸਯੂ ਦੀ ਨੇਤਰੀ ਅਰਵਿੰਦਰ ਕੌਰ, ਵਾਈਐਸ ਕਾਲਜ ਹੰਡਿਆਇਆ ਦੀ ਥੀਏਟਰ ਡਾਇਰੈਕਟਰ ਰੁਪਿੰਦਰਜੀਤ ਕੌਰ ਅਤੇ ਡੀਟੀਐਫ ਦੀ ਨੇਤਰੀ ਸੁਖਵਿੰਦਰ ਕੌਰ ਸਮੇਤ ਹੋਰ ਕਈ ਸਨਮਾਨਿਤ ਸ਼ਖਸੀਅਤਾਂ ਸ਼ਾਮਿਲ ਸਨ। ਰੁਪਿੰਦਰਜੀਤ ਕੌਰ ਦੀ ਦਿਸ਼ਾ-ਨਿਰਦੇਸ਼ਨਾ ਹੇਠ ਵਿਦਿਆਰਥੀਆਂ ਨੇ ਵਿਚਾਰਉਤੇਜਕ ਨਾਟਕ ਬੇਰੰਗ ਪੇਸ਼ ਕੀਤਾ। ਇਸ ਨਾਟਕ ਵਿੱਚ ਸਮਾਜ ਵਿੱਚ ਮਹਿਲਾਵਾਂ ਦੇ ਸੰਘਰਸ਼, ਹੌਸਲੇ ਅਤੇ ਉਮੀਦਾਂ ਨਾਲ ਜੁੜੇ ਮੁੱਦਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ ਗਿਆ। ਪੂਰੇ ਸਮਾਗਮ ਦੀ ਕਵਰੇਜ ਵਾਈਐਸ ਕਾਲਜ ਦੇ ਇੰਟਰਨ ਫੈਕਲਟੀ ਮੈਂਬਰ ਮੋਹਿਤ ਕੁਮਾਰ ਵੱਲੋਂ ਕੀਤੀ ਗਈ। ਡਾਇਰੈਕਟਰ ਵਰੁਣ ਭਾਰਤੀ ਨੇ ਨਾਟਕ ਟੀਮ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਅਜਿਹੀਆਂ ਸੱਭਿਆਚਾਰਕ ਗਤੀਵਿਧੀਆਂ ਵਿਦਿਆਰਥੀਆਂ ਨੂੰ ਰਚਨਾਤਮਕ ਢੰਗ ਨਾਲ ਸਮਾਜਿਕ ਮੁੱਦਿਆਂ ਨੂੰ ਪ੍ਰਗਟ ਕਰਨ ਲਈ ਮਹੱਤਵਪੂਰਨ ਮੰਚ ਪ੍ਰਦਾਨ ਕਰਦੀਆਂ ਹਨ। ਪ੍ਰਿੰਸੀਪਲ ਡਾ. ਗੁਰਪਾਲ ਸਿੰਘ ਰਾਣਾ ਨੇ ਵੀ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਇਸ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਵਾਈਐਸ ਕਾਲਜ ਹਮੇਸ਼ਾਂ ਸਮਗ੍ਰਿਕ ਸਿੱਖਿਆ ਨੂੰ ਪ੍ਰੋਤਸਾਹਿਤ ਕਰਦਾ ਹੈ, ਜਿੱਥੇ ਅਕਾਦਮਿਕ ਪੜ੍ਹਾਈ ਦੇ ਨਾਲ-ਨਾਲ ਸੱਭਿਆਚਾਰਕ ਜਾਗਰੂਕਤਾ ਅਤੇ ਸਮਾਜਿਕ ਸੰਵੇਦਨਸ਼ੀਲਤਾ ਨੂੰ ਵੀ ਮਹੱਤਵ ਦਿੱਤਾ ਜਾਂਦਾ ਹੈ। ਵਾਈਸ ਪ੍ਰਿੰਸੀਪਲ ਵੀ.ਪੀ. ਸਿੰਗਲਾ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਅਜਿਹੇ ਸਮਾਜਿਕ ਤੌਰ 'ਤੇ ਮਹੱਤਵਪੂਰਨ ਪ੍ਰੋਗਰਾਮਾਂ ਵਿੱਚ ਵਿਦਿਆਰਥੀਆਂ ਦੀ ਭਾਗੀਦਾਰੀ ਉਨ੍ਹਾਂ ਦੇ ਵਿਸ਼ਵਾਸ ਨੂੰ ਮਜ਼ਬੂਤ ਕਰਦੀ ਹੈ ਅਤੇ ਉਨ੍ਹਾਂ ਦੀ ਸੋਚ ਨੂੰ ਵਿਸਤਾਰ ਦਿੰਦੀ ਹੈ। ਵਾਈ.ਐਸ ਕਾਲਜ ਦੀ ਨਾਟਕ ਟੀਮ ਦੀ ਇਹ ਸਫਲ ਭਾਗੀਦਾਰੀ ਇੱਕ ਵਾਰ ਫਿਰ ਸਾਬਤ ਕਰਦੀ ਹੈ ਕਿ ਸੰਸਥਾ ਵਿਦਿਆਰਥੀਆਂ ਵਿੱਚ ਰਚਨਾਤਮਕਤਾ, ਸਮਾਜਿਕ ਜਾਗਰੂਕਤਾ ਅਤੇ ਨੇਤ੍ਰਿਤਵ ਗੁਣਾਂ ਨੂੰ ਨਿਖਾਰਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

# ਅੱਜ ਦੀ ਬਰਨਾਲਾ ਮਹਾਂ ਪੰਚਾਇਤ ਦੀਆਂ ਤਿਆਰੀਆਂ ਮੁਕੰਮਲ

## ਅਗਰ ਬਿਜਲੀ ਬਿੱਲ ਸੰਸਦ 'ਚ ਪੇਸ਼ ਹੁੰਦੈ ਤਾਂ ਹੋਵੇਗਾ ਵੱਡੇ ਐਕਸ਼ਨ ਦਾ ਐਲਾਨ



ਬਰਨਾਲਾ, 9 ਮਾਰਚ (ਬਘੇਲ ਸਿੰਘ ਧਾਲੀਵਾਲ) : ਸੰਯੁਕਤ ਮੋਰਚਾ ਪੰਜਾਬ ਵੱਲੋਂ ਕਿਸਾਨੀ ਮੰਗਾਂ ਨੂੰ ਲੈਕੇ ਉਲੀਕੀ ਪੰਜਾਬ ਪੱਧਰੀ ਬਰਨਾਲਾ ਮਹਾਂ ਪੰਚਾਇਤ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਪਹੁੰਚੇ ਸੰਯੁਕਤ ਮੋਰਚਾ ਜ਼ਿਲ੍ਹਾ ਬਰਨਾਲਾ ਦੇ ਆਗੂਆਂ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕੀ ਟਰੰਪ ਤੇ ਕਾਰਪੋਰੇਟਾਂ ਦੇ ਹੱਥਾਂ ਦੀ ਕਠਪੁਤਲੀ ਬਣੀ ਮੋਦੀ ਸਰਕਾਰ ਕਿਸਾਨਾਂ ਨਾਲ ਵਾਧਾ ਖਿਲਾਫੀ ਚ ਇੱਕ ਕਦਮ ਹੋਰ ਅੱਗੇ ਪੱਟਦੀ ਹੋਈ 10 ਮਾਰਚ ਨੂੰ ਬਿਜਲੀ ਬਿੱਲ ਸੰਸਦ ਵਿੱਚ ਲੈਕੇ ਆ ਰਹੀ ਹੈ ਜੋ ਕੀ ਅਤਿ ਨਿੰਦਣਯੋਗ ਹੈ, ਇਸਤੋਂ ਵੀ ਅੱਗੇ ਪੰਜਾਬ ਸਰਕਾਰ ਵੀ ਇਸ ਮੁੱਦੇ ਤੇ ਸੁਸਰੀ ਬਣ ਸੁਤੀ ਪਈ ਹੈ। ਦੋਵਾਂ ਸਰਕਾਰਾਂ ਦੀਆਂ ਕਿਸਾਨ, ਮਜ਼ਦੂਰ ਤੇ ਮੁਲਾਜ਼ਮ ਮਾਰੂ ਦਮਨਕਾਰੀ ਨੀਤੀਆਂ ਦਾ ਸੰਯੁਕਤ ਕਿਸਾਨ ਮੋਰਚਾ ਵਿਰੋਧ ਕਰਦਾ ਆ ਰਿਹਾ ਜਿਸ ਦੀ ਲੜੀ ਤਹਿਤ ਬਰਨਾਲਾ ਵਿਖੇ 10 ਮਾਰਚ ਨੂੰ ਮਹਾਂ ਪੰਚਾਇਤ ਰੱਖੀ ਗਈ ਹੈ ਆਗੂਆਂ ਅੱਗੇ ਕਿਹਾ ਕੀ ਇਹ ਮਹਾਂ ਪੰਚਾਇਤ ਪੰਜਾਬ ਤੇ ਕੇਂਦਰ ਸਰਕਾਰ ਦੇ ਤਬੂਤ ਚ ਆਖਰੀ ਕਿੱਲ ਸਾਬਤ ਹੋਵੇਗੀ ਅਗਰ ਮੋਦੀ ਸਰਕਾਰ ਬਿਜਲੀ ਬਿੱਲ ਸੰਸਦ ਵਿੱਚ ਲੈਕੇ ਆਉਣੋਂ ਪਿੱਛੇ ਨਾ ਹੱਟੀ ਤਾਂ ਮਹਾਂ ਪੰਚਾਇਤ ਵਿੱਚ ਵੱਡੇ ਸਾਂਝੇ ਐਕਸ਼ਨ ਦਾ ਐਲਾਨ ਕੀਤਾ ਜਾਵੇਗਾ।ਉਹਨਾਂ ਅੱਗੇ ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਕਿਹਾ ਕੀ ਮਹਾਂ ਪੰਚਾਇਤ ਵਿੱਚ ਪੂਰੇ ਪੰਜਾਬ ਭਰ ਤੋਂ ਕਿਸਾਨ ,ਮਜ਼ਦੂਰ ਅਤੇ ਮੁਲਾਜ਼ਮ ਪਹੁੰਚ ਰਹੇ ਹਨ ਜਿਸ ਬਾਬਤ ਟੈਂਟ ਤੋਂ ਲੈਕੇ ਲੰਗਰ ਆਦਿ ਦੀ ਤਿਆਰੀ ਮੁਕੰਮਲ ਹੋ ਚੁੱਕੀਆਂ ਹਨ। ਇੱਥੇ ਇਹ ਵੀ ਦੱਸਣਯੋਗ ਹੈ ਕਿ ਮਹਾਂ ਪੰਚਾਇਤ ਦੀਆਂ ਤਿਆਰੀਆਂ ਭਾਵ ਫੜ ਦੀ ਸਫਾਈ ਨੂੰ ਲੈਕੇ ਅਤੇ ਬੀਬੀਆਂ ਲਈ ਪਖਾਨਿਆਂ ਦੇ ਪ੍ਰਬੰਦ ਨੂੰ ਲੈਕੇ ਜਦ ਮਿਊਂਸਪਲ ਕਮੇਟੀ ਦੇ ਕਾਰਜਸਾਧਕ ਅਫ਼ਸਰ ਨੂੰ ਬੇਨਤੀ ਕੀਤੀ ਤਾਂ ਉਹਨਾਂ ਆਸਮਰੱਥਾ ਦਿਖਾਈ। ਆਗੂਆਂ ਅੱਗੇ ਸਰਕਾਰ ਦੀਆਂ ਦਮਨਕਾਰੀ ਨੀਤੀਆਂ ਨਿਖੇਦੀ ਕਰਦਿਆਂ ਕਿਹਾ ਕੀ ਆਪਣੀਆਂ ਹੱਕੀ ਮੰਗਾਂ ਲਈ ਪ੍ਰਦਰਸ਼ਨ ਕਰ ਰਹੀਆਂ ਪਮੁਲਾਜ਼ਮ ਜੱਥੇਬੰਦੀਆਂ ਤੇ ਕੀਤੇ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਦੀ ਕੀਤੀ ਜਾਂਦੀ ਹੈ ਅਤੇ ਸਰਕਾਰ ਅਗਰ ਆਪਣੀ ਇਸ ਰਵਾਇਤ ਤੋਂ ਅਗਰ ਪਿੱਛੇ ਨਾ ਹੱਟੀ ਤਾਂ ਲੋਕ 2027 ਦੀਆਂ ਚੋਣਾਂ ਚ ਮੂੰਹ ਤੋੜ ਜਵਾਬ ਦੇਣਗੇ।ਇਸ ਸਮੇਂ ਜਰਨੈਲ ਸਿੰਘ ਬਦਰਾ, ਹਰਚਰਨ ਸਿੰਘ ਸੁਖਪੁਰਾ,ਇੰਦਰਪਾਲ ਸਿੰਘ,ਨਿਰਪਜੀਤ ਸਿੰਘ,ਭੈਣ ਕਮਲਜੀਤ ਕੌਰ,ਦਰਸ਼ਨ ਸਿੰਘ ਉੱਗੋਕੇ,ਮਨਜੀਤ ਰਾਜ, ਬਾਬੂ ਸਿੰਘ ਖੁੱਡੀ ਕਲਾਂ,ਸਤਨਾਮ ਸਿੰਘ ਸੰਧੂ ਪੱਤੀ,ਜਗਰਾਜ ਸਿੰਘ ਹਰਦਾਸਪੁਰਾ ਆਦਿ ਆਗੂ ਹਾਜ਼ਰ ਸਨ।

# ਗਿੱਦੜਬਾਹਾ ਰੈਲੀ ਦੌਰਾਨ ਜਗਤਾਰ ਸਿੰਘ ਰਤਨ ਸਾਥੀਆਂ ਸਮੇਤ ਅਕਾਲੀ ਦਲ ਵਿੱਚ ਸ਼ਾਮਿਲ

## ਭਦੌੜ ਹਲਕੇ 'ਚ ਪਾਰਟੀ ਨੂੰ ਮਜ਼ਬੂਤ ਕਰਨ ਦਾ ਐਲਾਨ

ਬਰਨਾਲਾ, ਭਦੌੜ, 9 ਮਾਰਚ (ਬਘੇਲ ਸਿੰਘ ਧਾਲੀਵਾਲ, ਸੁਖਵਿੰਦਰ ਪਲਾਹਾ) : ਹਲਕਾ ਭਦੌੜ ਦੇ ਇੰਚਾਰਜ ਐਡਵੋਕੇਟ ਸਤਨਾਮ ਸਿੰਘ ਰਾਹੀ ਦੀ ਰਹਿਨੁਮਾਈ ਹੇਠ ਪਿੰਡ ਧੌਲਾ ਦੇ ਸਮਾਜ ਸੇਵੀ ਜਗਤਾਰ ਸਿੰਘ ਰਤਨ ਆਪਣੇ ਸਾਥੀਆਂ ਸਮੇਤ ਗਿੱਦੜਬਾਹਾ ਵਿਖੇ ਹੋਈ ਅਕਾਲੀ ਦਲ ਦੀ ਵੱਡੀ ਰੈਲੀ ਦੌਰਾਨ ਸ਼੍ਰੋਮਣੀ ਅਕਾਲੀ ਦਲ (ਬ) ਵਿੱਚ ਸ਼ਾਮਿਲ ਹੋ ਗਏ। ਇਸ ਮੌਕੇ ਉਨ੍ਹਾਂ ਨਾਲ ਸੋਨੀ ਸਿੰਘ, ਪਾਲੀ ਸਿੰਘ, ਮਾਟੀ ਸਿੰਘ, ਪਰਮਜੀਤ ਸਿੰਘ, ਰਾਜੂ ਧੌਲਾ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਵੀ ਪਾਰਟੀ ਵਿੱਚ ਵਿਸ਼ਵਾਸ ਜਤਾਇਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਗਤਾਰ ਸਿੰਘ ਰਤਨ ਨੇ ਕਿਹਾ ਕਿ ਉਹ ਪਾਰਟੀ ਦੀਆਂ ਨੀਤੀਆਂ ਅਤੇ ਸਿਧਾਂਤਾਂ ਤੋਂ ਪ੍ਰਭਾਵਿਤ ਹੋ ਕੇ ਅਕਾਲੀ ਦਲ ਵਿੱਚ ਸ਼ਾਮਿਲ ਹੋਏ ਹਨ। ਉਨ੍ਹਾਂ ਕਿਹਾ ਕਿ



ਆਉਣ ਵਾਲੇ ਸਮੇਂ ਵਿੱਚ ਉਹ ਦਿਨ ਰਾਤ ਇਕ ਕਰਕੇ ਪਾਰਟੀ ਲਈ ਮਿਹਨਤ ਕਰਨਗੇ ਅਤੇ ਆਪਣੇ ਹਲਕੇ ਵਿੱਚ ਘਰ-ਘਰ ਤੱਕ ਪਹੁੰਚ ਕਰਕੇ ਵੱਧ ਤੋਂ ਵੱਧ ਵੋਟਾਂ ਨਾਲ ਅਕਾਲੀ ਦਲ ਨੂੰ ਮਜ਼ਬੂਤ ਕਰਨਗੇ। ਉਨ੍ਹਾਂ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਅਕਾਲੀ ਦਲ ਨੇ ਪੰਜਾਬ ਦੇ ਵਿਕਾਸ ਅਤੇ ਲੋਕਾਂ ਦੀ ਭਲਾਈ ਲਈ ਕਈ ਮਹੱਤਵਪੂਰਨ ਕੰਮ ਕੀਤੇ ਹਨ, ਜਿਸ ਕਰਕੇ ਲੋਕਾਂ ਵਿੱਚ ਪਾਰਟੀ ਪ੍ਰਤੀ ਵਿਸ਼ਵਾਸ ਲਗਾਤਾਰ ਵੱਧ ਰਿਹਾ ਹੈ। ਇਸ ਮੌਕੇ ਬੋਲਦਿਆਂ ਹਲਕਾ ਇੰਚਾਰਜ ਐਡਵੋਕੇਟ ਸਤਨਾਮ ਸਿੰਘ ਰਾਹੀ ਦੀ ਲੋਕਾਂ ਪ੍ਰਤੀ ਸਾਦਗੀ, ਮਿਲਣਸਾਰ ਸੁਭਾਅ ਅਤੇ ਲੋਕ ਭਲਾਈ ਲਈ ਕੀਤੇ ਜਾ ਰਹੇ ਯਤਨਾਂ ਦੀ ਵੀ ਖੁੱਲ੍ਹ ਕੇ ਸ਼ਲਾਘਾ ਕੀਤੀ ਗਈ। ਹਾਜ਼ਰ ਸੰਗਤਾਂ ਨੇ ਕਿਹਾ ਕਿ ਸਤਨਾਮ ਸਿੰਘ ਰਾਹੀ ਹਮੇਸ਼ਾ ਲੋਕਾਂ ਦੇ ਦੁੱਖ-ਸੁਖ ਵਿੱਚ ਨਾਲ ਖੜ੍ਹਦੇ ਹਨ ਅਤੇ ਇਲਾਕੇ ਦੇ ਵਿਕਾਸ ਲਈ ਲਗਾਤਾਰ ਯਤਨਸ਼ੀਲ ਹਨ।ਇਸ ਮੌਕੇ ਵੱਡੀ ਗਿਣਤੀ ਵਿੱਚ ਅਕਾਲੀ ਵਰਕਰ ਅਤੇ ਪਿੰਡ ਵਾਸੀ ਮੌਜੂਦ ਸਨ, ਜਿਨ੍ਹਾਂ ਨੇ ਪਾਰਟੀ ਨੂੰ ਮਜ਼ਬੂਤ ਕਰਨ ਲਈ ਇਕਜੁੱਟ ਹੋ ਕੇ ਕੰਮ ਕਰਨ ਦਾ ਸੰਕਲਪ ਵੀ ਜਤਾਇਆ।

# ਈਰਾਨ-ਇਜ਼ਰਾਈਲ ਜੰਗ ਦੇ ਪਰਛਾਵੇਂ ਹੇਠ ਭਦੌੜ ਦੇ ਪੈਟਰੋਲ ਪੰਪਾਂ 'ਤੇ ਲੱਗੀਆਂ ਲੰਬੀਆਂ ਕਤਾਰਾਂ



ਭਦੌੜ, 9 ਮਾਰਚ (ਸੁਖਵਿੰਦਰ ਪਲਾਹਾ) : ਇਰਾਨ ਅਤੇ ਇਜ਼ਰਾਈਲ ਦੇ ਵਿਚਕਾਰ ਵਧਦੇ ਤਣਾਅ ਅਤੇ ਜੰਗ ਦੇ ਹਾਲਾਤ ਨੇ ਜਿੱਥੇ ਪੂਰੀ ਦੁਨੀਆ ਨੂੰ ਚਿੰਤਾ ਵਿੱਚ ਪਾਇਆ ਹੋਇਆ ਹੈ, ਉੱਥੇ ਹੀ ਪੰਜਾਬ ਵਿੱਚ ਇਸ ਦਾ ਅਸਰ ਅਫਵਾਹਾਂ ਦੇ ਰੂਪ ਵਿੱਚ ਦੇਖਣ ਨੂੰ ਮਿਲ ਰਿਹਾ ਹੈ। ਪਿਛਲੇ ਕੁਝ ਦਿਨਾਂ ਤੋਂ ਸੋਸ਼ਲ ਮੀਡੀਆ ਤੇ ਫੈਲ ਰਹੀਆਂ ਖ਼ਬਰਾਂ ਨੇ ਆਮ ਜਨਤਾ ਵਿੱਚ ਭਾਰੀ ਡਰ ਪੈਦਾ ਕਰ ਦਿੱਤਾ ਹੈ, ਜਿਸ ਕਾਰਨ ਸੂਬੇ ਦੇ ਪੈਟਰੋਲ ਪੰਪਾਂ ਤੇ ਲੋਕਾਂ ਦਾ ਹੜ੍ਹ ਆ ਗਿਆ ਹੈ। ਇਸ ਅਫ਼ਵਾਹ ਦਾ ਬਹੁਤ ਵੱਡਾ ਅਸਰ ਕਸਬਾ ਭਦੌੜ ਦੇ ਲੋਕਾਂ ਉੱਪਰ ਉਦੋਂ ਵੇਖਣ ਨੂੰ ਮਿਲਿਆ ਜਦੋਂ ਭਦੌੜ ਦੇ ਪੰਪਾਂ ਵੀ ਲੰਮੀਆਂ ਲੰਮੀਆਂ ਲਾਈਨਾਂ ਲੱਗਣੀਆਂ ਸ਼ੁਰੂ ਹੋ ਗਈਆਂ। ਸੋਸ਼ਲ ਮੀਡੀਆ ਤੇ ਦਾਅਵਾ ਕੀਤਾ ਜਾ ਰਿਹਾ ਹੈ ਕਿ ਜੰਗ ਦੇ ਚਲਦਿਆਂ ਭਾਰਤ ਕੋਲ ਪੈਟਰੋਲ ਅਤੇ ਡੀਜ਼ਲ ਦਾ ਸਟਾਕ ਸਿਰਫ ਕੁਝ ਦਿਨਾਂ ਲਈ ਹੀ ਬਚਿਆ ਹੈ। ਲੋਕਾਂ ਨੂੰ ਖਦਸ਼ਾ ਹੈ ਕਿ ਜੇਕਰ ਇਹ ਯੁੱਧ ਲੰਬਾ ਖਿੱਚਿਆ ਗਿਆ ਤਾਂ ਤੇਲ ਦੀ ਸਪਲਾਈ ਪੂਰੀ ਤਰ੍ਹਾਂ ਪ੍ਰਭਾਵਿਤ ਹੋ ਸਕਦੀ ਹੈ ਅਤੇ ਪੰਪਾਂ 'ਤੇ ਤੇਲ ਖਤਮ ਹੋ ਜਾਵੇਗਾ। ਇਸੇ ਡਰ ਦੇ ਮਾਰੇ ਲੋਕ ਆਪਣੀਆਂ ਗੱਡੀਆਂ ਦੀਆਂ ਟੈਂਕੀਆਂ ਫੁੱਲ ਕਰਵਾਉਣ ਦੇ ਨਾਲ-ਨਾਲ ਘਰਾਂ ਵਿੱਚ ਤੇਲ ਸਟੋਰ ਕਰਨ ਲੱਗੇ ਹਨ। ਜਿਸ ਦੇ ਚਲਦਿਆਂ ਤੇਲ ਦੀ ਵਿਕਰੀ ਦੇ ਅੰਕੜੇ ਹੈਰਾਨ ਕਰਨ ਵਾਲੇ ਹਨ। ਇੱਕ ਪੈਟਰੋਲ ਪੰਪ ਮਾਲਕ ਅਨੁਸਾਰ, ਜਿੱਥੇ ਜੰਗ ਤੋਂ ਪਹਿਲਾਂ ਡੀਜ਼ਲ ਦੀ ਰੋਜ਼ਾਨਾ ਸੇਲ ਮਹਿਜ਼ 2 ਤੋਂ 3 ਹਜ਼ਾਰ ਲੀਟਰ ਹੁੰਦੀ ਸੀ, ਉੱਥੇ ਹੀ ਹੁਣ ਇਹ ਵਧ ਕੇ 14 ਤੋਂ 15 ਹਜ਼ਾਰ ਲੀਟਰ ਤੱਕ ਪਹੁੰਚ ਗਈ ਹੈ। ਖਾਸ ਕਰਕੇ ਕਿਸਾਨ ਵਰਗ ਵਿੱਚ ਭਾਰੀ ਚਿੰਤਾ ਦੇਖੀ ਜਾ ਰਹੀ ਹੈ। ਆਉਣ ਵਾਲੇ ਸਮੇਂ ਵਿੱਚ ਖੇਤੀਬਾੜੀ ਦੇ ਕੰਮਾਂ ਵਿੱਚ ਕੋਈ ਰੁਕਾਵਟ ਨਾ ਆਵੇ, ਇਸ ਲਈ ਕਿਸਾਨ ਵੱਡੇ-ਵੱਡੇ ਡਰੰਮਾਂ ਅਤੇ ਘਰਾਂ ਵਿੱਚ ਬਣਾਈਆਂ ਟੈਂਕੀਆਂ ਵਿੱਚ ਤੇਲ ਸਟੋਰ ਕਰ ਰਹੇ ਹਨ, ਹਾਲਾਂਕਿ ਇਹ ਸਭ ਅਫਵਾਹਾਂ 'ਤੇ ਅਧਾਰਿਤ ਹੈ ਪਰ ਲੋਕਾਂ ਵਿੱਚ ਪੈਦਾ ਹੋਈ ਘਬਰਾਹਟ ਕਾਰਨ ਕਈ ਥਾਵਾਂ 'ਤੇ ਤੇਲ ਦੀ ਅਸਥਾਈ ਕਿੱਲਤ ਜ਼ਰੂਰ ਪੈਦਾ ਹੋ ਸਕਦੀ ਹੈ। ਜੇਕਰ ਲੋਕ ਇਸੇ ਤਰ੍ਹਾਂ ਜ਼ਰੂਰਤ ਤੋਂ ਜ਼ਿਆਦਾ ਤੇਲ ਸਟੋਰ ਕਰਦੇ ਰਹੇ, ਤਾਂ ਪੰਪਾਂ ਦਾ ਮੌਜੂਦਾ ਸਟਾਕ ਜਲਦੀ ਖਤਮ ਹੋ ਸਕਦਾ ਹੈ।

# ਅੱਜ ਲੱਗੇਗਾ ਸ਼ਿਵਧਾਮ ਮੰਦਰ 22 ਏਕੜ ਵਿਖੇ ਮਾਤਾ ਸ਼ੀਤਲਾ ਦਾ ਬਾਸੜੀਏ ਦਾ ਮੇਲਾ





ਬਰਨਾਲਾ, 9 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਪ੍ਰਾਚੀਨ ਸ਼ਿਵਧਾਮ ਮੰਦਰ, 22 ਏਕੜ ਕਲੋਨੀ ਬਰਨਾਲਾ ਵਿਖੇ ਮਾਤਾ ਸ਼ੀਤਲਾ ਜੀ ਦਾ ਬਾਸੜੀਏ ਦਾ ਪਵਿੱਤਰ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਮੰਦਰ ਕਮੇਟੀ ਦੇ ਪ੍ਰਧਾਨ ਸੁਰੇਸ਼ ਕੁਮਾਰ ਗਰਗ (ਤਪੇ ਵਾਲੇ) ਨੇ ਦੱਸਿਆ ਕਿ ਮਾਤਾ ਸੀਤਲਾ ਜੀ ਦੇ ਦਰਸ਼ਨਾਂ ਲਈ ਸੰਗਤਾਂ ਵਾਸਤੇ ਬੜੇ ਵਧੀਆ ਪ੍ਰਬੰਧ ਕੀਤੇ ਗਏ ਹਨ ਤਾਂ ਜੋ ਭਗਤਾਂ ਨੂੰ ਕਿਸੇ ਪ੍ਰਕਾਰ ਦੀ ਪ੍ਰੇਸ਼ਾਨੀ ਨਾ ਆਵੇ। ਕਲੋਨੀ ਦੇ ਇਸ ਅਲੌਕਿਕ ਮੰਦਰ ਵਿੱਚ ਮਾਤਾ ਸ਼ੀਤਲਾ ਜੀ ਸਾਕਸ਼ਾਤ ਬਿਰਾਜਮਾਨ ਹਨ। ਜਿੱਥੇ ਸੰਗਤਾਂ ਦੇ ਬੈਠਣ ਲਈ ਅਰਾਮ ਦਾਇਕ ਬੈਂਚ, ਪੀਣ ਲਈ ਪਾਣੀ, ਲਾਈਟ ਅਤੇ ਚੱਪਲਾਂ ਜੋੜੇ ਰੱਖਣ ਲਈ ਢੁਕਵੀਂ ਵਿਵਸਥਾ ਕੀਤੀ ਗਈ ਹੈ। ਉਨਾਂ ਕਿਹਾ ਕਿ ਭਗਤਾਂ ਲਈ ਮਿਤੀ 10 ਮਾਰਚ 2026 ਦਿਨ ਮੰਗਲਵਾਰ ਸਵੇਰੇ ਤੜਕਸਾਰ (ਸੋਮਵਾਰ ਦੀ ਰਾਤ ਨੂੰ) 1-00 ਵਜੇ ਸੰਗਤਾਂ ਦੇ ਦਰਸ਼ਨਾਂ ਲਈ ਮੰਦਰ ਦੇ ਕਪਾਟ ਖੋਲੇ ਜਾਣਗੇ ਤਾਂ ਕਿ ਸੰਗਤਾਂ ਬਿਨਾ ਕਿਸੇ ਰੁਕਾਵਟ ਦੇ ਸ਼ਰਧਾ ਪੂਰਵਕ ਪੂਰਨ ਮਰਿਯਾਦਾ ਅਨੁਸਾਰ ਅਨੁਸ਼ਾਸ਼ਨ ਵਿਚ ਰਹਿ ਕੇ ਮਾਤਾ ਸੀਤਲਾ ਜੀ ਦੇ ਦਰਸ਼ਨ ਕਰ ਸਕਣ। ਇਸ ਕਾਰਜ ਲਈ ਮੰਦਰ ਕਮੇਟੀ ਦੇ ਮੈਂਬਰਾਨ ਦੀਆਂ ਡਿਊਟੀਆਂ ਪਹਿਲਾਂ ਹੀ ਲਗਾ ਦਿੱਤੀਆਂ ਗਈਆਂ ਹਨ । ਉਨਾਂ ਮੰਦਰ ਕਮੇਟੀ ਵੱਲੋਂ ਇਲਾਕਾ ਨਿਵਾਸੀਆਂ ਨੂੰ ਬੇਨਤੀ ਕੀਤੀ ਕਿ ਅਨੁਸ਼ਾਸ਼ਨ ਵਿੱਚ ਰਹਿ ਕਰ ਮਾਤਾ ਜੀ ਦੇ ਦਰਸ਼ਨ ਕਰੋ ਪ੍ਰਸ਼ਾਦ ਲਗਾਓ ਅਤੇ ਆਸ਼ੀਰਵਾਦ ਪ੍ਰਾਪਤ ਕਰੋ ਔਰ ਪੁੰਨ ਦੇ ਭਾਗੀ ਬਣੋ। ਇਸ ਮੌਕੇ ਮੰਦਰ ਕਮੇਟੀ ਦੇ ਅਸ਼ੋਕ ਤਾਇਲ, ਵਿਕਾਸ ਸਿੰਗਲਾ, ਰਾਕੇਸ਼ ਕੁਮਾਰ, ਰਾਜੇਸ਼ ਕੁਮਾਰ ਭੁਟਾਨੀ, ਕੇਸ਼ਵ, ਅੰਕੁਰ ਗਰਗ, ਨਰੇਸ਼ ਕੁਮਾਰ, ਮੋਨੀ, ਮੁਕੇਸ਼ ਕੁਮਾਰ ਰਿੰਕੂ, ਹੀਰਾ ਲਾਲ, ਅਤੇ ਮੰਦਰ ਦੇ ਪੁਜਾਰੀ ਪੰਡਤ ਉਮੇਸ ਸ਼ਰਮਾਂ ਆਦਿ ਹਾਜ਼ਰ ਸਨ।

# ਦਿਵਿਆਂਗ ਵਿਅਕਤੀਆਂ ਨੂੰ ਸਹਾਇਕ ਉਪਕਰਨ/ ਬਨਾਉਟੀ ਅੰਗ ਵੰਡਣ ਲਈ ਕੈਂਪ 16 ਤੋਂ : ਡੀ.ਸੀ.

## ਬੀਬੀ ਪ੍ਰਧਾਨ ਕੌਰ ਗੁਰਦੁਆਰਾ ਸਾਹਿਬ ਵਿਖੇ ਲੱਗੇਗਾ ਕੈਂਪ



ਬਰਨਾਲਾ, 9 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਡਿਪਟੀ ਕਮਿਸ਼ਨਰ-ਕਮ-ਪ੍ਰਧਾਨ ਇੰਡੀਅਨ ਰੈੱਡ ਕਰਾਸ ਸੁਸਾਇਟੀ, ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਆਈ ਏ ਐੱਸ ਨੇ ਦੱਸਿਆ ਕਿ ਜ਼ਿਲ੍ਹਾ ਬਰਨਾਲਾ ਵਿੱਚ ਲੋੜਵੰਦਾਂ ਨੂੰ ਬਨਾਉਟੀ ਅੰਗ/ ਸਹਾਇਕ ਉਪਕਰਨ ਮੁਹੱਈਆ ਕਰਵਾਉਣ ਸਬੰਧੀ 3 ਰੋਜ਼ਾ ਅਸੈਸਮੈਂਟ/ਵੰਡ ਕੈਂਪ ਲਗਾਇਆ ਜਾ ਰਿਹਾ ਹੈ। ਕੈਂਪ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇੰਡੀਅਨ ਰੈੱਡ ਕਰਾਸ ਸੁਸਾਇਟੀ ਬਰਨਾਲਾ ਵੱਲੋਂ ਭਗਵਾਨ ਮਹਾਵੀਰ ਵਿਕਲਾਂਗ ਸਹਾਇਤਾ ਸੰਮਤੀ ਜੈਪੁਰ (ਰਾਜਸਥਾਨ) ਦੇ ਸਹਿਯੋਗ ਨਾਲ ਇਹ ਕੈਂਪ ਮਿਤੀ 16, 17 ਤੇ 18 ਮਾਰਚ 2026 ਨੂੰ ਲਗਾਇਆ ਜਾ ਰਿਹਾ ਹੈ। ਇਹ 3 ਰੋਜ਼ਾ ਕੈਂਪ ਤਪ ਅਸਥਾਨ ਬੀਬੀ ਪ੍ਰਧਾਨ ਕੌਰ ਗੁਰਦੁਆਰਾ ਸਾਹਿਬ, ਬੱਸ ਸਟੈਂਡ ਰੋਡ, ਬਰਨਾਲਾ ਵਿਖੇ ਲਗਾਇਆ ਜਾਵੇਗਾ। ਇਸ ਕੈਂਪ ਵਿੱਚ ਪੁੱਜਣ ਵਾਲੇ ਉਮੀਦਵਾਰ ਕੋਲ ਆਧਾਰ ਕਾਰਡ ਹੋਣਾ ਜ਼ਰੂਰੀ ਹੈ। ਇਸ ਕੈਂਪ ਦੌਰਾਨ ਲੋੜਵੰਦ/ਵਿਕਲਾਂਗ ਵਿਅਕਤੀਆਂ ਦੀ ਉਸੇ ਦਿਨ ਅਸੈਸਮੈਂਟ ਕਰਕੇ ਮੌਕੇ 'ਤੇ ਹੀ ਲੋੜ ਅਨੁਸਾਰ ਬਣਾਵਟੀ ਅੰਗ/ਸਹਾਇਕ ਉਪਕਰਨ ਮੁਹੱਈਆ ਕਰਵਾਏ ਜਾਣਗੇ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਲੋੜਵੰਦ ਵਿਅਕਤੀ ਇਸ ਕੈਂਪ ਦਾ ਵੱਧ ਤੋਂ ਵੱਧ ਲਾਭ ਲੈਣ।

# ਸਿਹਤ ਵਿਭਾਗ ਵੱਲੋਂ 14 ਮਾਰਚ ਤੱਕ ਮਨਾਇਆ ਜਾ ਰਿਹੈ ਵਿਸ਼ਵ ਗਲੂਕੋਮਾ ਹਫ਼ਤਾ



ਬਰਨਾਲਾ, 9 ਮਾਰਚ (ਬਘੇਲ ਸਿੰਘ ਧਾਲੀਵਾਲ) : ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਅਤੇ ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਦੇ ਹੁਕਮਾਂ ਅਨੁਸਾਰ ਸਿਹਤ ਵਿਭਾਗ ਬਰਨਾਲਾ ਵੱਲੋਂ 14 ਮਾਰਚ ਤੱਕ ਵਿਸ਼ਵ ਗਲੂਕੋਮਾ ਹਫ਼ਤਾ ਮਨਾਇਆ ਜਾ ਰਿਹਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਿਵਲ ਸਰਜਨ ਬਰਨਾਲਾ ਡਾ. ਹਰੀਪਾਲ ਸਿੰਘ ਸਿੱਧੂ ਵੱਲੋਂ ਹਫ਼ਤੇ ਦੀ ਸ਼ੁਰੂਆਤ ਸਮੇਂ ਜਾਗਰੂਕਤਾ ਪੈਂਫਲੈਟਸ, ਬੈਨਰ ਜਾਰੀ ਕਰਨ ਸਮੇਂ ਕੀਤਾ ਗਿਆ। ਜ਼ਿਲ੍ਹਾ ਟੀਕਾਕਰਨ ਅਫ਼ਸਰ ਬਰਨਾਲਾ ਡਾ. ਹਰਜੀਤ ਸਿੰਘ ਨੇ ਦੱਸਿਆ ਕਿ ਇਸ ਸਾਲ ਆਓ ਗਲੂਕੋਮਾ ਮੁਕਤ ਸੰਸਾਰ ਲਈ ਇਕੱਠੇ ਹੋਈਏ ਵਿਸ਼ੇ ਤਹਿਤ ਜਾਗਰੂਕਤਾ ਹਫ਼ਤਾ ਮਨਾਇਆ ਜਾ ਰਿਹਾ ਹੈ। ਸਿਹਤ ਵਿਭਾਗ ਵੱਲੋਂ 15 ਮਾਰਚ ਤੱਕ ਇਸ ਵਿਸ਼ੇਸ਼ ਹਫ਼ਤੇ ਦੌਰਾਨ ਲੋਕਾਂ ਨੂੰ ਅੱਖਾਂ ਦੀ ਸਿਹਤ ਸੰਭਾਲ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ, ਤਾਂ ਜੋ ਸਮੇਂ ਸਿਰ ਮੋਤੀਆ ਦਾ ਇਲਾਜ ਕੀਤਾ ਜਾ ਸਕੇ । ਸੀਨੀਅਰ ਮੈਡੀਕਲ ਅਫ਼ਸਰ ਬਰਨਾਲਾ ਡਾ. ਇੰਦੂ ਬਾਂਸਲ ਨੇ ਦੱਸਿਆ ਕਿ ਭਾਰਤ ਵਿੱਚ ਕਾਲਾ ਮੋਤੀਆ ਸਥਾਈ ਨੇਤਰਹੀਨਤਾ ਦੇ ਮੁੱਖ ਕਾਰਨਾਂ ਵਿੱਚੋਂ ਮੁੱਖ ਕਾਰਨ ਹੈ। ਮੋਤੀਆ ਤੋਂ ਬਚਾਅ ਲਈ 40 ਸਾਲ ਤੋਂ ਵੱਧ ਉਮਰ ਦੇ ਹਰ ਵਿਅਕਤੀ ਨੂੰ ਸਾਲ ਵਿੱਚ ਇੱਕ ਵਾਰ ਅੱਖਾਂ ਦਾ ਪ੍ਰੈਸ਼ਰ ਚੈੱਕ ਕਰਾਉਣਾ ਚਾਹੀਦਾ ਹੈ, ਤਾਂ ਜੋ ਸਮੇਂ ਸਿਰ ਇਲਾਜ ਕੀਤਾ ਜਾ ਸਕੇ । ਡਾ. ਅਮੋਲਦੀਪ ਕੌਰ ਅਤੇ ਡਾ. ਦੀਪਤੀ ਅੱਖਾਂ ਦੇ ਮਾਹਿਰ ਸਿਵਲ ਹਸਪਤਾਲ ਬਰਨਾਲਾ ਨੇ ਦੱਸਿਆ ਕਿ ਕਾਲੇ ਮੋਤੀਏ ਦੇ ਲੱਛਣਾਂ ਵਿੱਚ ਅਸਾਧਾਰਨ ਸਿਰ ਦਰਦ ਜਾਂ ਅੱਖਾਂ ਵਿੱਚ ਦਰਦ, ਪੜ੍ਹਨ ਵਾਲੇ ਚਸ਼ਮਿਆਂ ਦਾ ਨੰਬਰ ਵਾਰ-ਵਾਰ ਬਦਲਣਾ, ਰੌਸ਼ਨੀ ਦੇ ਦੁਆਲੇ ਰੰਗਦਾਰ ਚੱਕਰ, ਅੱਖਾਂ ਵਿੱਚ ਦਰਦ ਅਤੇ ਲਾਲੀ ਨਾਲ ਨਜ਼ਰ ਦਾ ਅਚਾਨਕ ਘਟਣਾ, ਨਿਗ੍ਹਾ ਦਾ ਸੀਮਿਤ ਹੋਣਾ ਆਦਿ ਸ਼ਾਮਿਲ ਹਨ। ਉਨ੍ਹਾਂ ਕਿਹਾ ਕਿ ਅਜਿਹੇ ਵਿਅਕਤੀਆਂ ਨੂੰ ਗੁਲੋਕੋਮਾ ਪ੍ਰਤੀ ਵਧੇਰੇ ਸਾਵਧਾਨ ਰਹਿਣਾ ਚਾਹੀਦਾ ਜਿਨ੍ਹਾਂ ਦਾ ਕੋਈ ਪਰਿਵਾਰਕ ਮੈਂਬਰ ਕਾਲੇ ਮੋਤੀਏ ਤੋਂ ਪੀੜਿਤ ਹੋਵੇ ਜਾਂ ਕੋਈ ਵਿਅਕਤੀ ਸ਼ੂਗਰ ਜਾਂ ਹਾਈ ਬਲੱਡ ਪ੍ਰੈਸ਼ਰ ਤੋਂ ਪੀੜਤ ਹੋਵੇ। ਇਸ ਤੋਂ ਇਲਾਵਾ ਅਲਰਜੀ, ਦਮਾ, ਚਮੜੀ ਰੋਗਾਂ ਆਦਿ ਲਈ ਵਧੇਰੇ ਸਟੀਰਾਇਡ ਵਰਤਣ ਵਾਲਿਆਂ ਨੂੰ ਵੀ ਇਸ ਰੋਗ ਤੋਂ ਚੌਕਸ ਰਹਿਣ ਦੀ ਜ਼ਰੂਰਤ ਹੁੰਦੀ ਹੈ। ਇਸ ਸਮੇਂ ਜ਼ਿਲ੍ਹਾ ਮਾਸ ਮੀਡੀਆ ਤੇ ਸੂਚਨਾ ਅਫ਼ਸਰ ਕੁਲਦੀਪ ਸਿੰਘ ਮਾਨ, ਜ਼ਿਲ੍ਹਾ ਬੀ.ਸੀ.ਸੀ. ਕੋਆਰਡੀਨੇਟਰ ਹਰਜੀਤ ਸਿੰਘ ਬਾਗੀ, ਅਪਥਾਲਮਿਕ ਅਫ਼ਸਰ ਰੁਪਿੰਦਰ ਸਿੰਘ ਅਤੇ ਮੈਡਮ ਆਰਾਧਨਾ ਆਦਿ ਹਾਜ਼ਰ ਸਨ।

# ਜਾਖੜ ਦੀ ਹਾਜ਼ਰੀ ਵਿੱਚ ਇਕ ਪ੍ਰੋਫ਼ੈਸਰ ਅਤੇ ਵਿਦਿਆਰਥੀਆਂ ਨੇ ਫੜਿਆ ਭਾਜਪਾ ਦਾ ਪੱਲਾ



ਬਰਨਾਲਾ, 9 ਮਾਰਚ (ਬਘੇਲ ਸਿੰਘ ਧਾਲੀਵਾਲ) : ਪੰਜਾਬ ਵਿੱਚ ਭਾਜਪਾ ਦੇ ਵੱਧਦੇ ਪ੍ਰਭਾਵ ਸਦਕਾ ਅਤੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਦੀ 14 ਮਾਰਚ ਦੀ ਮੋਗਾ ਰੈਲੀ ਦੀ ਤਿਆਰੀ ਸਬੰਧੀ ਉਚੇਚੇ ਤੌਰ 'ਤੇ ਪਹੁੰਚੇ ਸੂਬਾ ਪ੍ਰਧਾਨ ਸੁਨੀਲ ਜਾਖੜ ਦੀ ਹਾਜ਼ਰੀ ਵਿੱਚ ਸੀਨੀਅਰ ਭਾਜਪਾ ਆਗੂ ਕੈਪਟਨ ਗੁਰਜਿੰਦਰ ਸਿੰਘ ਸਿੱਧੂ ਦੀ ਪ੍ਰੇਰਨਾ ਸਦਕਾ ਇਕ ਪ੍ਰੋਫ਼ੈਸਰ ਅਤੇ 50 ਨੌਜਵਾਨ ਵਿਦਿਆਰਥੀਆਂ ਨੇ ਭਾਜਪਾ ਦਾ ਪੱਲਾ ਫੜਿਆ। ਸੁਨੀਲ ਜਾਖੜ ਕੇਵਲ ਸਿੰਘ ਢਿੱਲੋਂ ਅਤੇ ਦਿਆਲ ਦਾਸ ਸੋਢੀ ਨੇ ਨੌਜਵਾਨਾਂ ਨੂੰ ਪਾਰਟੀ ਵਿੱਚ ਜੁਆਇਨ ਕਰਨ 'ਤੇ ਜੀ ਆਇਆ ਕਿਹਾ ਅਤੇ ਵਧਾਈ ਦਿੱਤੀ ਸੂਬਾ ਪ੍ਰਧਾਨ ਨੇ ਕਿਹਾ ਕਿ ਪੰਜਾਬ ਦੇ ਲੋਕਾ ਦਾ ਰੁਝਾਨ ਹੁਣ ਭਾਜਪਾ ਵੱਲ ਵਧ ਰਿਹਾ ਹੈ ਇਸੇ ਕਰਕੇ ਮੈਂ ਜਿੱਥੇ ਭੀ ਜਾਂਦਾ ਹਾ ਧੜਾ ਧੜ ਲੋਕ ਭਾਜਪਾ ਵਿੱਚ ਸ਼ਾਮਲ ਹੋ ਰਹੇ ਹਨ ਕਿਉਕਿ ਲੋਕਾ ਨੂੰ ਪਤਾ ਹੈ ਕੇ ਜੇਕਰ ਪੰਜਾਬ ਦਾ ਕੋਈ ਕੁਝ ਸਵਾਰ ਸਕਦਾ ਹੈ ਉਹ ਸਿਰਫ ਤੇ ਸਿਰਫ ਭਾਜਪਾ ਹੈ ਉਹਨਾ ਪੰਜਾਬ ਦੇ ਲੋਕਾ ਨੂੰ ਸੱਦਾ ਦਿੱਤਾ ਅਤੇ ਅਪੀਲ ਕੀਤੀ ਕਿ ਇਕ ਵਾਰ ਭਾਜਪਾ ਨੂੰ 2027 ਵਿੱਚ ਮੌਕਾ ਜਰੂਰ ਦੇਣ ਤਾਕਿ ਸਰਹੱਦੀ ਸੂਬੇ ਨੂੰ ਫਿਰ ਤੋਂ ਵਿਕਾਸ ਦੀਆ ਲੀਹਾਂ ਤੇ ਚੜਾਇਆ ਜਾ ਸਕੇ ਅਤੇ ਮੌਜੂਦਾ ਸਾਸਕਾ ਵੱਲੋ ਚੜਾਏ ਕਰਜ਼ੇ ਦੀ ਪੰਡ ਨਾਲ ਨਜਿੱਠਿਆ ਜਾ ਸਕੇ ਇਸ ਮੌਕੇ ਪ੍ਰੋ.ਜਗਦੀਪ ਸਿੰਘ ਉਹਨਾਂ ਨਾਲ 50 ਨੌਜਵਾਨ ਵਿਦਿਆਰਥੀ ਅਤੇ ਜਥੇਦਾਰ ਸੁਖਵੰਤ ਸਿੰਘ ਧਨੌਲਾ ਨਰਿਦਰ ਗਰਗ ਨੀਟਾ ਧਰਮ ਸਿੰਘ ਫੌਜੀ ਸ਼ਿਵ ਸਿੰਗਲਾ ਸੋਮ ਨਾਥ ਸ਼ਰਮਾ ਗੁਰਦੇਵ ਸਿੰਘ ਮੱਕੜ ਵਾਰੰਟ ਅਫ਼ਸਰ ਸਮਸ਼ੇਰ ਸਿੰਘ ਸੇਖੋਂ ਸੂਬੇਦਾਰ ਕਮਲ ਸ਼ਰਮਾ ਸੂਬੇਦਾਰ ਮੇਜਰ ਰਾਜ ਸਿੰਘ ਹੌਲਦਾਰ ਬਸੰਤ ਸਿੰਘ ਉੱਗੋਕੇ ਆਦਿ ਆਗੂ ਹਾਜ਼ਰ ਸਨ।

# ਸਰਕਾਰੀ ਸਿਹਤ ਯੋਜਨਾਵਾਂ ਦੇ ਜਾਇਜ਼ੇ ਲਈ ਐੱਸ.ਐੱਮ.ਓ. ਵੱਲੋਂ ਆਸ਼ਾ ਵਰਕਰਾਂ ਨਾਲ ਮੀਟਿੰਗ



ਧਨੌਲਾ, 9 ਮਾਰਚ (ਚਮਕੌਰ ਸਿੰਘ ਗੱਗੀ) : ਸਿਵਲ ਸਰਜਨ ਡਾ. ਹਰੀਪਾਲ ਸਿੰਘ ਸਿੱਧੂ ਦੇ ਹੁਕਮਾਂ ਅਨੁਸਾਰ ਸਿਹਤ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਯੋਜਨਾਵਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਸੀਨੀਅਰ ਮੈਡੀਕਲ ਅਫ਼ਸਰ ਡਾ. ਸਤਵੰਤ ਸਿੰਘ ਔਜਲਾ ਵੱਲੋਂ ਬਲਾਕ ਦੀਆਂ ਸਾਰੀਆਂ ਆਸ਼ਾ ਨਾਲ ਇੱਕ ਮਹੱਤਵਪੂਰਨ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦੌਰਾਨ ਮੁੱਖ ਮੰਤਰੀ ਸਿਹਤ ਯੋਜਨਾ ਕਾਰਡ ਬਣਵਾਉਣ ਦੀ ਪ੍ਰਗਤੀ ਅਤੇ ਐੱਚ.ਪੀ.ਵੀ. ਵੈਕਸੀਨ ਮੁਹਿੰਮ ਦੀ ਸਮੀਖਿਆ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸੀਨੀਅਰ ਮੈਡੀਕਲ ਅਫ਼ਸਰ ਡਾ. ਸਤਵੰਤ ਸਿੰਘ ਔਜਲਾ ਨੇ ਆਸ਼ਾ ਨੂੰ ਦਿਸ਼ਾ-ਨਿਰਦੇਸ਼ ਦਿੰਦਿਆਂ ਕਿਹਾ ਕਿ ਯੋਗ ਲਾਭਪਾਤਰੀਆਂ ਦੇ ਮੁੱਖ ਮੰਤਰੀ ਸਿਹਤ ਯੋਜਨਾ ਕਾਰਡ ਜਲਦੀ ਤੋਂ ਜਲਦੀ ਤਿਆਰ ਕਰਵਾਏ ਜਾਣ ਤਾਂ ਜੋ ਜ਼ਰੂਰਤਮੰਦ ਪਰਿਵਾਰਾਂ ਨੂੰ ਮੁਫ਼ਤ ਅਤੇ ਬਿਹਤਰ ਇਲਾਜ ਦੀ ਸਹੂਲਤ ਮਿਲ ਸਕੇ। ਉਨ੍ਹਾਂ ਪਿੰਡਾਂ ਵਿੱਚ ਰਹਿੰਦੇ ਵੱਧ ਤੋਂ ਵੱਧ ਲੋਕਾਂ ਨੂੰ ਇਸ ਯੋਜਨਾ ਬਾਰੇ ਜਾਗਰੂਕ ਕਰਨ 'ਤੇ ਵੀ ਜ਼ੋਰ ਦਿੱਤਾ। ਮੀਟਿੰਗ ਦੌਰਾਨ ਸੀਨੀਅਰ ਮੈਡੀਕਲ ਅਫ਼ਸਰ ਨੇ ਸਰਵੀਕਲ ਕੈਂਸਰ ਤੋਂ ਬਚਾਅ ਲਈ 14 ਤੋਂ 15 ਸਾਲ ਦੀਆਂ ਕੁੜੀਆਂ ਲਈ ਚਲਾਈ ਜਾ ਰਹੀ ਐੱਚ.ਪੀ.ਵੀ. ਟੀਕਾਕਰਨ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਜਾਗਰੂਕਤਾ ਗਤੀਵਿਧੀਆਂ ਤੇਜ਼ ਕਰਨ ਦੀ ਹਿਦਾਇਤ ਵੀ ਕੀਤੀ। ਉਹਨਾਂ ਕਿਹਾ ਕਿ ਸਰਵੀਕਲ ਕੈਂਸਰ ਤੋਂ ਬਚਾਅ ਲਈ ਸੀ.ਐੱਚ.ਸੀ ਵਿਖੇ ਇਹ ਟੀਕਾ ਬਿਲਕੁਲ ਮੁਫ਼ਤ ਲਗਾਇਆ ਜਾਂਦਾ ਹੈ ਜਦਕਿ ਬਜ਼ਾਰ ਵਿੱਚ ਇਸਦੀ ਇੱਕ ਡੋਜ਼ ਦੀ ਕੀਮਤ ਲਗਭਗ 4 ਹਜ਼ਾਰ ਰੁਪਏ ਹੈ। ਉਹਨਾਂ ਮਾਪਿਆਂ ਨੂੰ ਇਸ ਟੀਕੇ ਦੇ ਮਾੜੇ ਅਸਰ ਬਾਰੇ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀਆਂ ਅਫ਼ਵਾਹਾਂ 'ਤੇ ਯਕੀਨ ਨਾ ਕਰਨ ਦੀ ਸਲਾਹ ਦਿੰਦਿਆਂ ਆਪਣੇ ਬੱਚੀ ਦੇ ਸੁਰੱਖਿਅਤ ਭਵਿੱਖ ਲਈ ਅੱਜ ਹੀ ਉਸਦਾ ਟੀਕਾਕਰਨ ਕਰਵਾਉਣ ਦੀ ਸਲਾਹ ਦਿੱਤੀ। ਮੀਟਿੰਗ ਦੇ ਅੰਤ ਵਿੱਚ ਸੀਨੀਅਰ ਮੈਡੀਕਲ ਅਫ਼ਸਰ ਡਾ. ਔਜਲਾ ਨੇ ਆਸ਼ਾ ਨਾਲ ਗੱਲਬਾਤ ਵੀ ਕੀਤੀ ਅਤੇ ਉਹਨਾਂ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਦਾ ਹੱਲ ਵੀ ਕੀਤਾ। ਇਸ ਮੌਕੇ ਬੀ.ਈ.ਈ ਰਤਿਕਾ ਓਬਰਾਏ ਵੱਲੋਂ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਵੱਖ-ਵੱਖ ਸਿਹਤ ਸਹੂਲਤਾਂ ਅਤੇ ਬੀ.ਐੱਸ.ਏ ਵਿਸ਼ਵਜੀਤ ਗਰਗ ਵੱਲੋਂ ਆਸ਼ਾ ਇਨਸੈਂਟਿਵ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਇਸ ਮੌਕੇ ਡਾ. ਰਵਿੰਦਰ ਮਹਿਤਾ ਅਤੇ ਡਾ.ਮਨਦੀਪ ਕੌਰ ਬੱਲ, ਐੱਲ.ਐੱਚ.ਵੀ ਇੰਦਰਜੀਤ ਕੌਰ, ਏ.ਐੱਨ.ਐੱਮ ਸਰਬਜੀਤ ਕੌਰ, ਮਲਟੀਪਰਪਜ਼ ਹੈਲਥ ਵਰਕਰ ਕੁਲਦੀਪ ਸਿੰਘ ਵਿਰਕ ਅਤੇ ਆਸ਼ਾ ਫੈਸਿਲੀਟੇਟਰ ਵੀ ਹਾਜ਼ਰ ਸਨ।

# ਸਿੰਦਰ ਧੌਲਾ ਤੇ ਪਰਿਵਾਰ ਵੱਲੋਂ ਗੀਤਕਾਰ ਹਰਦੇਵ ਸਿੰਘ ਖੁੱਡੀ ਕਲਾਂ ਸਨਮਾਨਿਤ

## ਚਮਕੌਰ ਸਿੰਘ ਸੇਖੋਂ ਦੇ ਕਿੱਸਾ ਕਾਵਿ 'ਸ਼ੀਰੀ-ਫਰਿਹਾਦ' ਅਤੇ 'ਕਾਕਾ ਪਰਤਾਪੀ ਦਾ' ਲੋਕ ਅਰਪਣ



ਬਰਨਾਲਾ, 9 ਮਾਰਚ (ਬਘੇਲ ਸਿੰਘ ਧਾਲੀਵਾਲ) : ਮਾਲਵਾ ਸਾਹਿਤ ਸਭਾ ਬਰਨਾਲਾ ਵੱਲੋਂ ਸਥਾਨਕ ਪੰਜਾਬ ਆਈਟੀਆਈ ਵਿਖੇ ਸਾਹਿਤਕ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿੱਚ ਚਮਕੌਰ ਸਿੰਘ ਸੇਖੋਂ ਭੋਤਨਾ ਦੇ ਕਿੱਸਾ ਕਾਵਿ ਸ਼ੀਰੀ ਫਰਿਹਾਦ ਅਤੇ ਕਾਕਾ ਪਰਤਾਪੀ ਦਾ ਲੋਕ ਅਰਪਣ ਕੀਤਾ ਗਿਆ। ਪੁਸਤਕ ਬਾਰੇ ਬੋਲਦਿਆਂ ਸਭਾ ਦੇ ਪ੍ਰਧਾਨ ਡਾ ਸੰਪੂਰਨ ਸਿੰਘ ਟੱਲੇਵਾਲੀਆ ਨੇ ਕਿਹਾ ਕਿ ਇਸ ਪੁਸਤਕ ਵਿੱਚ ਦੋ ਵੱਖੋ ਵੱਖਰੀਆਂ ਪ੍ਰੀਤ ਕਹਾਣੀਆਂ ਸ਼ੀਰੀ ਫਰਿਹਾਦ ਅਤੇ ਕਾਕਾ ਪਰਤਾਪੀ ਦੇ ਇਸ਼ਕ ਨੂੰ ਕਿੱਸਾ ਕਾਵਿ ਅਤੇ ਕਵੀਸ਼ਰੀ ਦੇ ਲੋਕ ਕਾਵਿ ਰੂਪਾਂ ਰਾਹੀਂ ਪਾਠਕਾਂ ਦੇ ਸਨਮੁਖ ਕੀਤਾ ਹੈ । ਤੇਜਾ ਸਿੰਘ ਤਿਲਕ ਨੇ ਕਿਹਾ ਕਿ ਕਿੱਸਾ ਕਾਵਿ ਵਿੱਚ ਵਿਸ਼ਾ ਪੱਖ ਅਤੇ ਕਲਾ ਪੱਖ ਦੋਵੇਂ ਵਿਸ਼ੇਸ਼ ਸਮਾਨਤਾ ਵਾਲੇ ਹੁੰਦੇ ਹਨ ਚਮਕੌਰ ਸਿੰਘ ਸੇਖੋਂ ਇਸ ਗੱਲੋਂ ਵਧਾਈ ਦਾ ਪਾਤਰ ਹੈ ਕਿ ਉਸਨੇ ਇਹ ਦੋਵੇਂ ਪੱਖ ਬੜੇ ਕਲਾਤਮਿਕ ਢੰਗ ਨਾਲ ਨਿਭਾਏ ਹਨ। ਪੰਜਾਬੀ ਕਵੀ ਸਿੰਦਰ ਧੌਲਾ ਅਤੇ ਪਰਿਵਾਰ ਵੱਲੋਂ ਬੇਬੇ ਬਿਮਲਾ ਦੇਵੀ ਅਤੇ ਬਾਪੂ ਸੂਬੇਦਾਰ ਬਚਨ ਸਿੰਘ ਧੌਲਾ ਦੀ ਨਿੱਘੀ ਯਾਦ ਨੂੰ ਸਮਰਪਿਤ ਪੰਜਵਾਂ ਪੁਰਸਕਾਰ ਪ੍ਰਸਿੱਧ ਗੀਤਕਾਰ ਹਰਦੇਵ ਸਿੰਘ ਗਿਆਨੀ ਦੇਵ ਖੁੱਡੀ ਕਲਾਂ ਵਾਲਿਆਂ ਨੂੰ ਦਿੱਤਾ ਗਿਆ ।ਪੁਰਸਕਾਰ ਬਾਰੇ ਬੋਲਦਿਆਂ ਭੋਲਾ ਸਿੰਘ ਸੰਘੇੜਾ ਨੇ ਕਿਹਾ ਕਿ ਜਿਸ ਦੌਰ ਵਿੱਚ ਲੋਕ ਆਪਣੇ ਜਿਊਂਦੇ ਮਾਤਾ ਪਿਤਾ ਨੂੰ ਬਿਰਧ ਘਰਾਂ ਵਿੱਚ ਛੱਡ ਰਹੇ ਹਨ, ਉੱਥੇ ਸਿੰਦਰ ਧੌਲੇ ਵਰਗੇ ਲੇਖਕ ਆਪਣੇ ਮਾਤਾ ਪਿਤਾ ਦੀ ਯਾਦ ਨੂੰ ਤਾਜ਼ਾ ਕਰਦਿਆਂ ਲੇਖਕਾਂ ਦਾ ਸਨਮਾਨ ਕਰ ਰਹੇ ਹਨ ਜੋ ਕਿ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ ।ਹਾਕਮ ਸਿੰਘ ਰੂੜੇਕੇ ਨੇ ਗੀਤਕਾਰ ਦੇਵ ਖੁੱਡੀ ਕਲਾਂ ਦੇ ਜੀਵਨ ਅਤੇ ਉਹਨਾਂ ਦੁਆਰਾ ਲਿਖੇ ਹੋਏ ਗੀਤਾਂ ਬਾਰੇ ਚਾਨਣਾ ਪਾਇਆ। ਇਹਨਾਂ ਤੋਂ ਇਲਾਵਾ ਨਾਵਲਕਾਰ ਦਰਸ਼ਨ ਸਿੰਘ ਗੁਰੂ ਜਗਤਾਰ ਜਜ਼ੀਰਾ ਜਰਨੈਲ ਸਿੰਘ ਅੱਚਰਵਾਲ ਡਾ. ਅਮਨਦੀਪ ਸਿੰਘ ਟੱਲੇਵਾਲੀਆ ਡਾ ਰਾਮਪਾਲ ਸਿੰਘ ਸ਼ਾਹਪੁਰੀ ਅਤੇ ਅਮਰਜੀਤ ਸਿੰਘ ਸਿੱਧੂ ਨੇ ਪੁਸਤਕ ਅਤੇ ਸਨਮਾਨ ਸਮਾਰੋਹ ਬਾਰੇ ਆਪਣੇ ਵਿਚਾਰ ਪੇਸ਼ ਕੀਤੇ। ਕਹਾਣੀਕਾਰ ਪਰਮਜੀਤ ਮਾਨ ਅਤੇ ਪਰਿਵਾਰ ਵੱਲੋਂ ਬਾਪੂ ਗਿਆਨੀ ਤਾਰਾ ਸਿੰਘ ਪ੍ਰਦੇਸੀ ਦੀ ਯਾਦ ਵਿੱਚ ਕਰਵਾਏ ਗਏ ਇਨਾਮੀ ਕਵੀ ਦਰਬਾਰ ਵਿੱਚ ਕਰਮ ਸਿੰਘ ਜ਼ਖ਼ਮੀ ਰਾਮ ਸਰੂਪ ਸ਼ਰਮਾ ਹਰੀਪਾਲ ਪਰਮਜੀਤ ਸਿੰਘ ਰਾਜਗੜ੍ਹ ਸਾਗਰ ਸਿੰਘ ਸਾਗਰ ਸੁਰਜੀਤ ਸਿੰਘ ਦਿਹੜ ਬੰਤ ਸਿੰਘ ਫੂਲਪੁਰੀ ਰਾਮ ਸਿੰਘ ਹਠੂਰ ਜਗਜੀਤ ਸਿੰਘ ਵਜੀਦਕੇ ਸਰੂਪ ਚੰਦ ਹਰੀਗੜ ਬਲਜਿੰਦਰ ਬੱਲੀ ਈਲਵਾਲ ਬਹਾਦਰ ਸਿੰਘ ਧੌਲਾ ਸੁਰਜੀਤ ਸਿੰਘ ਮੌਜੀ ਪਵਨ ਕੁਮਾਰ ਹੋਸੀ, ਅਜਮੇਰ ਸਿੰਘ ਅਕਲੀਆ ਡਾ. ਉਜਾਗਰ ਸਿੰਘ ਮਾਨ ਚਰਨੀ ਬੇਦਿਲ ਸੁਖਵਿੰਦਰ ਸਿੰਘ ਸਨੇਹ ਦਲਵਾਰ ਸਿੰਘ ਧਨੌਲਾ ਇਕਬਾਲਦੀਨ ਬਾਠਾਂ ਰਜਿੰਦਰ ਸ਼ੌਕੀ ਰਜਨੀਸ਼ ਕੌਰ ਬਬਲੀ ਤੇਜਿੰਦਰ ਚੰਡਿਹੋਕ ਰਾਮ ਸਿੰਘ ਬੀਹਲਾ ਬਿੰਨੀ ਬਰਨਾਲਵੀ ਪਾਲ ਸਿੰਘ ਲਹਿਰੀ ਰਘਬੀਰ ਸਿੰਘ ਗਿੱਲ ਕੱਟੂ ਮੇਜਰ ਸਿੰਘ ਗਿੱਲ ਸਹੌਰ ਗੁਰਤੇਜ ਸਿੰਘ ਮੱਖਣ ਗੁਰਜੰਟ ਸਿੰਘ ਸੋਹਲ ਐਸਪੀ ਕਾਲੇਕੇ ਬਲਵੀਰ ਸਿੰਘ ਮੰਡੇਰ ਸ਼ਿੰਗਾਰਾ ਸਿੰਘ ਸਮਰਾ ਰਜਿੰਦਰ ਸਿੰਘ ਸਮਰਾ ਸਰਬਜੀਤ ਸੰਗਰੂਰਵੀ ਅਤੇ ਜੁਗਰਾਜ ਚੰਦ ਰਾਏਸਰ ਨੇ ਆਪਣੇ ਗੀਤ ਅਤੇ ਕਵਿਤਾਵਾਂ ਪੇਸ਼ ਕੀਤੀਆਂ। ਪਹਿਲੇ ਦੂਸਰੇ ਅਤੇ ਤੀਸਰੇ ਸਥਾਨ ਤੇ ਆਉਣ ਵਾਲੇ ਕਵੀਆਂ ਨੂੰ ਨਗਦ ਰਾਸ਼ੀ ਅਤੇ ਕਿਤਾਬਾਂ ਦਾ ਸੈਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪੈਨਸ਼ਨਰ ਐਸੋਸੀਏਸ਼ਨ ਰਜਿ ਪਵਾਰਕੋਮ (ਬਿਜਲੀ ਬੋਰਡ) ਦੇ ਸੂਬਾ ਮੀਤ ਪ੍ਰਧਾਨ ਅਤੇ ਮੈਂਬਰ ਹਾਜ਼ਰ ਸਨ।

# ਬਾਬਾ ਨਰਾਇਣ ਸਿੰਘ ਮੋਨੀ ਤਪਾ ਵਾਲਿਆਂ ਦੀ ਯਾਦ ਵਿਚ ਬਾਬਾ ਮਹਿੰਦਰ ਸਿੰਘ ਨੇ 21ਵਾਂ ਸਾਲਾਨਾ ਸਮਾਗਮ ਕਰਵਾਇਆ



ਬਰਨਾਲਾ, 9 ਮਾਰਚ (ਹਮੀਰ ਸਿੰਘ) : ਬੀਤੇ ਦਿਨੀਂ ਸੰਤ ਬਾਬਾ ਨਰਾਇਣ ਸਿੰਘ ਜੀ ਮੋਨੀ ਤਪਾ ਦਰਾਜ ਮੋਹਾਲੀ ਵਾਲਿਆਂ ਦੀ 21ਵੀਂ ਯਾਦ ਨੂੰ ਸਮਰਪਿਤ ਸਾਲਾਨਾ ਸਮਾਗਮ ਬਾਬਾ ਮਹਿੰਦਰ ਸਿੰਘ ਬਰਨਾਲਾ ਵਾਲਿਆਂ ਦੀ ਅਗਵਾਈ ਵਿੱਚ 7/3/2026 ਨੂੰ 21ਵਾਂ ਸਾਲਾਨਾ ਸਮਾਗਮ ਕਰਵਾਇਆ ਗਿਆ। ਹਰ ਸਾਲ ਦੀ ਤਰ੍ਹਾਂ ਅਖੰਡ ਪਾਠ ਸਾਹਿਬ ਪ੍ਰਕਾਸ਼ ਕਰਵਾਏ ਗਏ ਅਤੇ ਭੋਗ ਉਪਰੰਤ ਖੁੱਲੇ ਪੰਡਾਲ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਮਹਾਂਪੁਰਸ਼ਾਂ ਵੱਲੋਂ ਗੁਰਮਤਿ ਵਿਚਾਰਾ ਕੀਤੀਆਂ ਗਈਆਂ, ਇਸ ਮੌਕੇ ਸਾਧੂ ਸੰਪਰਦਾਏ ਦੇ ਮੁਖੀ ਸੰਤ ਬਾਬਾ ਰਣਜੀਤ ਸਿੰਘ ਮੋਹਾਲੀ ਵਾਲਿਆਂ ਨੇ ਨਾਮ ਬਾਣੀ ਨਾਲ ਜੋੜਿਆ ਉਪਰੰਤ ਬਾਬਾ ਭਰਭੂਰ ਸਿੰਘ ਸੇਖਾ ਜਲੂਰ, ਬਾਬਾ ਮਨਪ੍ਰੀਤ ਸਿੰਘ ਖਾਲਸਾ ਅਲੀਪੁਰ, ਬਾਬਾ ਪਰਮਜੀਤ ਸਿੰਘ, ਬਾਬਾ ਸੁਖਵਿੰਦਰ ਸਿੰਘ ,ਬਾਬਾ ਮਨਦੀਪ ਸਿੰਘ ਵਾਲੀਆਂ ਵਾਲੇ, ਬਾਬਾ ਸ਼ਰਨਜੀਤ ਸਿੰਘ, ਬਾਬਾ ਗੁਰਜੰਟ ਸਿੰਘ, ਬਾਬਾ ਜਸ਼ਨਪ੍ਰੀਤ ਸਿੰਘ ਜੀ ,ਬਾਬਾ ਮਨਦੀਪ ਸਿੰਘ ਜੀ, ਬਾਬਾ ਬਾਬਾ ਜਸਵਿੰਦਰ ਸਿੰਘ ਟਿੱਬੇ ਵਾਲੇ ,ਬਾਬਾ ਜਸਵੀਰ ਸਿੰਘ, ਬਾਬਾ ਮਨਪ੍ਰੀਤ ਸਿੰਘ ,ਬਾਬਾ ਦਾਰਾ ਸਿੰਘ ਧੂਲੀਆਂ, ਬਾਬਾ ਗੁਲਾਬ ਦਾਸ ,ਬਾਬਾ ਡਿੰਪਲ ਸਿੰਘ ਜੀ ,ਬਾਬਾ ਜੁਗਰਾਜ ਦਾਸ ਹਿੰਮਤਪੁਰਾ , ਸੰਤ ਬਾਬਾ ਰਾਜਵਰਿੰਦਰ ਸਿੰਘ ਟਿੱਬਾ ਵਾਲਿਆਂ ਨੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਗੁਰਮੀਤ ਸਿੰਘ ਮੀਤ ਹੇਅਰ, ਐਮਪੀ ਸੰਗਰੂਰ , ਕੁਲਦੀਪ ਸਿੰਘ ਕਾਲਾ ਢਿੱਲੋਂ ਵਿਧਾਇਕ ਬਰਨਾਲਾ,ਡਾਕਟਰ ਸਰਬਜੀਤ ਸਿੰਘ ਖੇੜੀ ਜ਼ਿਲ੍ਹਾ ਪ੍ਰਧਾਨ ਬੀਐਸਪੀ , ਸਰਦਾਰ ਨਿਰਮਲ ਸਿੰਘ ਨਿੰਮਾ ਸਾਬਕਾ MLA, ਲੈਕਚਰਾਰ ਅਮਰਜੀਤ ਸਿੰਘ ਸੂਬਾ ਜਨਰਲ ਸਕੱਤਰ ਬੀਐਸਪੀ, ਚੇਅਰਮੈਨ ਗੁਰਤੇਜ ਸਿੰਘ ਖੁੱਡੀ, ਕਰਮਜੀਤ ਸਿੰਘ ਹਰੀਗੜ ਸੁਪਰਡੈਂਟ ਐਸਐਸਪੀ ਬਰਨਾਲਾ, ਰੁਪਿੰਦਰ ਸਿੰਘ ਸੀਤਲ ਮੈਂਬਰ ਐਸਸੀ ਕਮਿਸ਼ਨ ਬਰਨਾਲਾ ,ਪ੍ਰਧਾਨ ਕਰਨੈਲ ਸਿੰਘ, ਪ੍ਰਧਾਨ ਗੁਲਾਬ ਸਿੰਘ, ਪ੍ਰਧਾਨ ਗੁਰਮੇਲ ਸਿੰਘ ਮੌੜ, ਜ਼ਿਲ੍ਹਾ ਪ੍ਰਧਾਨ ਦਰਸ਼ਨ ਸਿੰਘ ਮੰਡੇਰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਬਰਨਾਲਾ, ਪ੍ਰਧਾਨ ਮਾਸਟਰ ਭੁਪਿੰਦਰ ਸਿੰਘ ਢਿੱਲੋਂ ,ਕ੍ਰਿਸ਼ਨ ਸਿੰਘ ਸੰਘੇੜਾ ਪੱਤਰਕਾਰ ,ਭਾਈ ਕੁਲਵੰਤ ਸਿੰਘ ਰਾਜੀ ਪ੍ਰਧਾਨ ਭਾਈ ਹਰਬਖਸ਼ੀਸ ਸਿੰਘ ਗੋਨੀ ਐਮਸੀ ,ਪ੍ਰਧਾਨ ਪ੍ਰਗਟ ਸਿੰਘ ,ਪ੍ਰਧਾਨ ਅਵਤਾਰ ਸਿੰਘ ਖੁੱਡੀ, ਪ੍ਰਧਾਨ ਦੇਬੀ ਸਿੰਘ ਨੇ ਵੀ ਹਾਜ਼ਰੀ ਲਗਾਈ ਮੁੱਖ ਸੇਵਾਦਾਰ ਭਾਈ ਜਰਨੈਲ ਸਿੰਘ ਜੱਸੀ ਜੀ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ। ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ।

# ਬਰਨਾਲਾ ਦੀ ਪ੍ਰਸਿੱਧ ਸੰਸਥਾ 'ਗੋਬਿੰਦ ਟੂਰ ਐਂਡ ਟ੍ਰੈਵਲਜ਼' ਨੇ ਕੈਨੇਡਾ ਤੇ ਯੂ.ਕੇ. ਜਾਣ ਦੇ ਚਾਹਵਾਨਾਂ ਲਈ ਖੋਲ੍ਹੇ ਨਵੇਂ ਰਾਹ



ਬਰਨਾਲਾ, 9 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਕੁੱਝ ਕਰਨ ਦਾ ਜਜ਼ਬਾ ਹਮੇਸ਼ਾ ਹੀ ਬੁਲੰਦ ਰਿਹਾ ਹੈ। ਇਸੇ ਕੜੀ ਵਿੱਚ ਇਮੀਗ੍ਰੇਸ਼ਨ ਖੇਤਰ ਵਿੱਚ ਆਪਣਾ ਵੱਡਾ ਨਾਮ ਬਣਾ ਚੁੱਕੀ ਸੰਸਥਾ 'ਗੋਬਿੰਦ ਟੂਰ ਐਂਡ ਟ੍ਰੈਵਲਜ਼ ਬਰਨਾਲਾ ਨੇ ਕੈਨੇਡਾ ਅਤੇ ਯੂਕੇ (ਯੂਨਾਈਟਿਡ ਕਿੰਗਡਮ) ਜਾਣ ਦੇ ਚਾਹਵਾਨਾਂ ਲਈ ਇੱਕ ਬਹੁਤ ਹੀ ਸੁਨਹਿਰੀ ਮੌਕਾ ਪੇਸ਼ ਕੀਤਾ ਹੈ। ਸੰਸਥਾ ਦੇ ਚੇਅਰਮੈਨ ਅਤੇ ਸਟੇਟ ਐਵਾਰਡੀ ਭੋਲਾ ਸਿੰਘ ਵਿਰਕ ਅਤੇ ਐਮ.ਡੀ. ਹਰਪਾਲ ਸਿੰਘ ਵਿਰਕ ਨੇ ਵਿਸ਼ੇਸ਼ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਹੁਣ ਓਪਨ ਵਰਕ ਪਰਮਿਟ ਰਾਹੀਂ ਨੌਜਵਾਨਾਂ ਦਾ ਵਿਦੇਸ਼ ਜਾਣ ਦਾ ਰਾਹ ਬਿਲਕੁਲ ਸਾਫ਼ ਹੋ ਗਿਆ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਰਕ ਭਰਾਵਾਂ ਨੇ ਦੱਸਿਆ ਕਿ ਓਪਨ ਵਰਕ ਪਰਮਿਟ ਤਹਿਤ ਵਿਦੇਸ਼ ਜਾਣ ਵਾਲੇ ਲੋਕਾਂ ਕੋਲ ਕੰਮ ਕਰਨ ਦੀ ਪੂਰੀ ਆਜ਼ਾਦੀ ਹੁੰਦੀ ਹੈ। ਉਹ ਕਿਸੇ ਇੱਕ ਖ਼ਾਸ ਨਿੱਜੀ ਕੰਪਨੀ ਦੇ ਅਧੀਨ ਕੰਮ ਕਰਨ ਲਈ ਪਾਬੰਦ ਨਹੀਂ ਹੁੰਦੇ, ਸਗੋਂ ਆਪਣੀ ਮਰਜ਼ੀ ਅਨੁਸਾਰ ਕਿਤੇ ਵੀ ਕੰਮ ਕਰ ਸਕਦੇ ਹਨ। ਇਹ ਮੌਕਾ ਖਾਸ ਤੌਰ 'ਤੇ ਉਨ੍ਹਾਂ ਲੋਕਾਂ ਲਈ ਹੈ ਜਿਨ੍ਹਾਂ ਨੇ ਘੱਟੋ-ਘੱਟ 12ਵੀਂ ਪਾਸ ਕੀਤੀ ਹੋਈ ਹੈ ਅਤੇ ਜਿਨ੍ਹਾਂ ਦੀ ਉਮਰ 22 ਸਾਲ ਤੋਂ 45 ਸਾਲ ਦੇ ਦਰਮਿਆਨ ਹੈ। ਜ਼ਿਕਰਯੋਗ ਹੈ ਕਿ ਪਿਛਲੇ ਡੇਢ ਦਹਾਕੇ (15 ਸਾਲਾਂ) ਤੋਂ ਇਹ ਸੰਸਥਾ ਹਜ਼ਾਰਾਂ ਲੋਕਾਂ ਨੂੰ ਕੈਨੇਡਾ, ਆਸਟ੍ਰੇਲੀਆ, ਯੂਕੇ ਅਤੇ ਯੂ.ਐਸ.ਏ. ਵਰਗੇ ਦੇਸ਼ਾਂ ਵਿੱਚ ਪੜ੍ਹਨ, ਕੰਮ ਕਰਨ ਅਤੇ ਘੁੰਮਣ ਲਈ ਵੀਜ਼ੇ ਲਗਵਾ ਕੇ ਦੇ ਚੁੱਕੀ ਹੈ। ਸੰਸਥਾ ਦੀ ਖ਼ਾਸ ਗੱਲ ਇਹ ਹੈ ਕਿ ਇੱਥੇ ਪਾਸਪੋਰਟ ਬਣਾਉਣ ਦੀ ਪ੍ਰਕਿਰਿਆ ਤੋਂ ਲੈ ਕੇ ਵਿਦੇਸ਼ ਭੇਜਣ ਲਈ ਜ਼ਰੂਰੀ ਦਸਤਾਵੇਜ਼ ਤਿਆਰ ਕਰਨ ਅਤੇ ਹਵਾਈ ਟਿਕਟਾਂ ਬੁੱਕ ਕਰਨ ਤੱਕ ਦਾ ਸਾਰਾ ਕੰਮ ਇੱਕੋ ਛੱਤ ਹੇਠ ਬਹੁਤ ਹੀ ਪਾਰਦਰਸ਼ੀ ਢੰਗ ਨਾਲ ਕੀਤਾ ਜਾਂਦਾ ਹੈ। ਸਟੇਟ ਐਵਾਰਡੀ ਭੋਲਾ ਸਿੰਘ ਵਿਰਕ ਨੇ ਦੱਸਿਆ ਕਿ ਉਨ੍ਹਾਂ ਦੀ ਸੰਸਥਾ ਸਿਰਫ਼ ਇੱਕ ਕਾਰੋਬਾਰੀ ਅਦਾਰਾ ਨਹੀਂ, ਸਗੋਂ ਇੱਕ ਸਮਾਜ ਸੇਵੀ ਸੰਸਥਾ ਵਾਂਗ ਕੰਮ ਕਰਦੀ ਹੈ। ਉਹ ਵਿਦੇਸ਼ ਗਏ ਨੌਜਵਾਨਾਂ ਨਾਲ ਲਗਾਤਾਰ ਸੰਪਰਕ ਵਿੱਚ ਰਹਿੰਦੇ ਹਨ, ਤਾਂ ਜੋ ਉਨ੍ਹਾਂ ਨੂੰ ਉੱਥੇ ਜਾ ਕੇ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਾ ਆਵੇ। ਇਸੇ ਨਿੱਜੀ ਰਾਬਤੇ ਕਾਰਨ ਹੀ ਅੱਜ ਲੱਖਾਂ ਲੋਕ ਉਨ੍ਹਾਂ ਨਾਲ ਪਰਿਵਾਰਕ ਮੈਂਬਰਾਂ ਵਾਂਗ ਜੁੜੇ ਹੋਏ ਹਨ। ਅੰਤ ਵਿੱਚ ਵਿਰਕ ਭਰਾਵਾਂ ਨੇ ਕਿਹਾ 'ਸਾਡਾ ਮੁੱਖ ਮਕਸਦ ਲੋਕਾਂ ਨੂੰ ਸਹੀ ਅਤੇ ਪਾਰਦਰਸ਼ੀ ਸਲਾਹ ਦੇ ਕੇ ਉਨ੍ਹਾਂ ਦੇ ਸੁਪਨੇ ਪੂਰੇ ਕਰਨਾ ਹੈ। ਜੇਕਰ ਕੋਈ ਵੀ ਵਿਅਕਤੀ ਕੈਨੇਡਾ ਜਾਂ ਯੂਕੇ ਵਿੱਚ ਸੈੱਟ ਹੋਣਾ ਚਾਹੁੰਦਾ ਹੈ, ਤਾਂ ਉਹ ਬਿਨਾਂ ਕਿਸੇ ਝਿਜਕ ਸਾਡੇ ਦਫ਼ਤਰ ਆ ਕੇ ਸਲਾਹ ਲੈ ਸਕਦਾ ਹੈ।'



# ਪਟਿਆਲਾ-ਆਸ/ਪਾਸ



## ਰਾਜਪਾਲ ਗੁਲਾਬ ਚੰਦ ਕਟਾਰੀਆ ਮਾਤਾ ਸ੍ਰੀ ਕਾਲੀ ਦੇਵੀ ਮੰਦਰ ਵਿਖੇ ਨਤਮਸਤਕ ਹੋਏ

### ➢ਪੰਜਾਬ ਦੀ ਸ਼ਾਂਤੀ ਤੇ ਵਿਕਾਸ ਲਈ ਪ੍ਰਾਰਥਨਾ ਤੇ ਸਰਬੱਤ ਦੇ ਭਲੇ ਦੀ ਕਾਮਨਾ ਕੀਤੀ

ਪਟਿਆਲਾ, 9 ਮਾਰਚ (ਰੁਪਾਣਾ/ ਵਿਨੋਦ ਸ਼ਰਮਾ/ਦੀਪਕ ਜੈਦਕਾ) : ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਪਟਿਆਲਾ ਸਥਿਤ ਮਾਤਾ ਸ੍ਰੀ ਕਾਲੀ ਦੇਵੀ ਮੰਦਰ ਵਿਖੇ ਨਤਮਸਤਕ ਹੋਏ। ਇਸ ਦੌਰਾਨ ਸ੍ਰੀ ਕਟਾਰੀਆ ਨੇ ਮਾਤਾ ਦੇ ਚਰਨਾਂ ਵਿੱਚ ਪੰਜਾਬ ਦੀ ਸ਼ਾਂਤੀ ਤੇ ਵਿਕਾਸ ਲਈ ਪ੍ਰਾਰਥਨਾ ਕਰਦਿਆਂ ਸਰਬੱਤ ਦੇ ਭਲੇ ਦੀ ਕਾਮਨਾ ਵੀ ਕੀਤੀ। ਉਨ੍ਹਾਂ ਨੇ ਕਿਹਾ ਕਿ ਉਨ੍ਹਾਂ ਨੂੰ ਪਟਿਆਲਾ ਦੇ ਇਸ ਭਵਯ ਮੰਦਰ ਵਿਖੇ ਪਹਿਲੀ ਵਾਰ ਆ ਕੇ ਮਾਂ ਦੇਵੀ ਦੇ ਦਰਸ਼ਨ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਹੈ।ਰਾਜਪਾਲ ਸ੍ਰੀ ਕਟਾਰੀਆ ਨੇ ਕਿਹਾ ਕਿ ਮਾਂ ਕਾਲੀ ਦੇਵੀ ਸ਼ਤਰੂ ਵਿਨਾਸ਼ਕ ਹੈ ਅਤੇ ਇੱਥੇ ਹਰ ਸ਼ਰਧਾਲੂ ਅਰਦਾਸ ਕਰਦਾ ਹੈ ਕਿ ਮਾਂ ਸਾਨੂੰ ਸਦਬੁੱਧੀ ਤੇ ਅੱਛਾ ਦਿਮਾਗ਼ ਦੇਵੇ ਤਾਂ ਕਿ ਅਸੀਂ ਸਮਾਜ ਤੇ ਲੋਕਾਂ ਦੀ ਸੇਵਾ ਕਰ ਸਕੀਏ, ਜਿਸ ਨਾਲ ਅਸੀਂ ਖੁਦ ਹੀ ਨਹੀਂ, ਸਗੋਂ ਸਾਰਾ ਦੇਸ਼ ਵੀ ਸੁਖੀ ਰਹੇ।



ਰਾਜਪਾਲ ਨੇ ਕਿਹਾ ਕਿ ਜੋ ਵਿਅਕਤੀ ਛਲ-ਕਪਟ ਨਾਲ ਕੰਮ ਕਰਦਾ ਹੈ ਉਸ ਦਾ ਵਿਨਾਸ਼ ਕਰਨਾ ਵੀ ਇਸ ਦੇਵੀ ਦੀ ਹੀ ਤਾਕਤ ਹੈ, ਇਸ ਲਈ ਸਾਡੀ ਮਾਨਤਾ ਹੈ ਕਿ ਮਾਂ ਕਾਲੀ ਦੇਵੀ ਦੇ ਚਰਨਾਂ ਵਿੱਚ ਜ਼ਰੂਰ ਝੁਕਿਆ ਜਾਵੇ।ਇਸ ਮੌਕੇ ਮੰਦਿਰ ਐਡਵਾਈਜਰੀ ਮੈਨੇਜਿੰਗ ਕਮੇਟੀ ਦੇ ਮੈਂਬਰਾਂ ਸੀ ਏ ਅਜੇ ਅਲੀਪੁਰੀਆ ਤੇ ਸੰਜੇ ਸਿੰਗਲਾ ਨੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੂੰ ਸਨਮਾਨਿਤ ਕਰਦਿਆਂ ਇਤਿਹਾਸਕ ਮਾਤਾ ਸ੍ਰੀ ਕਾਲੀ ਦੇਵੀ ਮੰਦਰ ਦੇ ਨਵੀਨੀਕਰਨ ਲਈ ਚੱਲ ਰਹੇ ਕਰੀਬ 75 ਕਰੋੜ ਰੁਪਏ ਦੇ ਪ੍ਰੋਜੈਕਟਾਂ ਬਾਰੇ ਜਾਣਕਾਰੀ ਦਿੱਤੀ।ਰਾਜਪਾਲ ਸ੍ਰੀ ਕਟਾਰੀਆ ਨੇ ਕਿਹਾ ਕਿ ਸਭ ਦੀ ਆਸਥਾ ਦੇ ਇਸ ਕੇਂਦਰ ਦੇ ਨਵ ਨਿਰਮਾਣ ਕਾਰਜ ਮੁਕੰਮਲ ਹੋਣ ਨਾਲ ਪਟਿਆਲਾ ਦਾ ਇਹ ਭਵਯ ਮੰਦਰ ਕੇਵਲ ਪੰਜਾਬ ਹੀ ਨਹੀਂ, ਬਲਕਿ ਪੂਰੇ ਦੇਸ਼ ਲਈ ਦਰਸ਼ਨ ਕਰਨਯੋਗ ਸਥਾਨ ਬਣੇਗਾ।ਇਸ ਤੋਂ ਪਹਿਲਾਂ ਰਾਜਪਾਲ ਦਾ ਪਟਿਆਲਾ ਪੁੱਜਣ 'ਤੇ ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ, ਡਿਪਟੀ ਕਮਿਸ਼ਨਰ ਵਰਜੀਤ ਵਾਲੀਆ, ਐਸ ਐਸ.ਪੀ. ਵਰੁਣ ਸ਼ਰਮਾ ਅਤੇ ਨਗਰ ਨਿਗਮ ਕਮਿਸ਼ਨਰ ਪਰਮਜੀਤ ਸਿੰਘ ਨੇ ਸਵਾਗਤ ਕੀਤਾ।

## ਕੁੱਟਮਾਰ ਕਰਨ ਦੇ ਦੋਸ਼ 'ਚ ਦੋਵਾਂ ਧਿਰਾਂ ਦੇ ਅੱਠ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ

ਸਮਾਣਾ, 9 ਮਾਰਚ (ਵਿਜੇ ਕੁਮਾਰ) : ਰਿਸ਼ਤਿਆਂ ਵਿੱਚ ਚੱਲ ਰਹੀ ਕੜਵਾਹਟ ਨੂੰ ਲੈ ਕੇ ਨਜ਼ਦੀਕੀ ਰਿਸ਼ਤੇਦਾਰਾਂ ਵਿੱਚ ਹੋਏ ਲੜਾਈ-ਝਗੜੇ ਦੌਰਾਨ ਕੁੱਟਮਾਰ ਕਰਨ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦੇਣ ਦੇ ਦੋਸ਼ ਵਿੱਚ ਸਿਟੀ ਪੁਲਿਸ ਨੇ ਦੋਵਾਂ ਧਿਰਾਂ ਦੇ ਅੱਠ ਵਿਅਕਤੀਆਂ ਖ਼ਿਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜ਼ਮਾਂ ਵਿੱਚ ਮਘਰ ਸਿੰਘ, ਗੁਰਪ੍ਰੀਤ ਸਿੰਘ (ਦੋਵੇਂ ਭਰਾ) ਵਾਸੀ ਪਿੰਡ ਭਾਟੀਆਂ, ਗੁਰਮੀਤ ਸਿੰਘ ਤੇ ਅਮਰਜੀਤ ਸਿੰਘ (ਪਿਓ-ਪੁੱਤ) ਵਾਸੀ ਗੁਰਮੁਖ ਕਲੋਨੀ ਸਮਾਣਾ ਅਤੇ ਦੋ ਅਣਪਛਾਤੇ ਵਿਅਕਤੀਆਂ ਤੋਂ ਇਲਾਵਾ ਰਘੁਵੀਰ ਸਿੰਘ ਤੇ ਜਰਨੈਲ ਸਿੰਘ (ਪਿਓ-ਪੁੱਤ) ਵਾਸੀ ਪ੍ਰਤਾਪ ਕਲੋਨੀ ਸਮਾਣਾ ਸ਼ਾਮਲ ਹਨ।ਮਾਮਲੇ ਦੇ ਤਫ਼ਤੀਸ਼ੀ ਅਫ਼ਸਰ ਸਿਟੀ ਪੁਲਿਸ ਦੇ ਹੈੱਡ ਕਾਂਸਟੇਬਲ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਜਰਨੈਲ ਸਿੰਘ ਵਾਸੀ ਦਰਦੀ ਕਲੋਨੀ ਵੱਲੋਂ ਦਰਜ ਕਰਵਾਈ ਸ਼ਿਕਾਇਤ ਅਨੁਸਾਰ 23 ਫਰਵਰੀ ਨੂੰ ਜਦੋਂ ਉਹ ਗੁਰਦੁਆਰਾ ਰਵਿਦਾਸ ਨੇੜੇ ਪੈਦਲ ਜਾ ਰਿਹਾ ਸੀ, ਤਾਂ ਦੂਜੀ ਧਿਰ ਦੇ ਲੋਕਾਂ ਨੇ ਦੋ ਅਣਪਛਾਤੇ ਵਿਅਕਤੀਆਂ ਨਾਲ ਮਿਲ ਕੇ ਉਸ ਨੂੰ ਘੇਰ ਲਿਆ ਅਤੇ ਉਸ ਦੀ ਕੁੱਟਮਾਰ ਕੀਤੀ ਤੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ। ਦੂਜੇ ਪਾਸੇ, ਮੱਘਰ ਸਿੰਘ ਵਾਸੀ ਪਿੰਡ ਭਾਟੀਆਂ ਨੇ ਵੀ ਦੂਜੀ ਧਿਰ 'ਤੇ ਅਜਿਹੇ ਹੀ ਇਲਜ਼ਾਮ ਲਗਾਏ ਹਨ।ਅਧਿਕਾਰੀ ਅਨੁਸਾਰ, ਝਗੜੇ ਦੌਰਾਨ ਜ਼ਖ਼ਮੀ ਹੋਏ ਲੋਕਾਂ ਵੱਲੋਂ ਦਰਜ ਕਰਵਾਏ ਬਿਆਨਾਂ ਦੇ ਆਧਾਰ 'ਤੇ ਪੜਤਾਲ ਕਰਨ ਉਪਰੰਤ ਪੁਲਿਸ ਨੇ ਮੁਲਜ਼ਮਾਂ ਖ਼ਿਲਾਫ਼ ਕੇਸ ਦਰਜ ਕਰਕੇ ਉਨ੍ਹਾਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

## 'ਆਪ' ਦੀ ਸਰਕਾਰ ਜੋ ਕਹਿੰਦੀ ਹੈ, ਉਹ ਕਰਕੇ ਦਿਖਾਉਂਦੀ ਹੈ : ਰਣਜੋਧ ਸਿੰਘ ਹਡਾਣਾ

ਦੇਵੀਗੜ੍ਹ, 9 ਮਾਰਚ (ਗੁਰਜੀਤ ਸਿੰਘ ਢੋਟ) : ਹਲਕਾ ਸਨੌਰ ਦੇ ਇੰਚਾਰਜ ਰਣਜੋਧ ਸਿੰਘ ਹਡਾਣਾ ਦੀ ਅਗਵਾਈ ਹੇਠ ਬੀਤੇ ਦਿਨੀਂ ਦੇਵੀਗੜ੍ਹ ਦੇ ਤਨੇਜਾ ਪੈਲੇਸ ਵਿਖੇ ਇੱਕ ਵਿਸ਼ਾਲ ਸਮਾਗਮ ਕਰਵਾਇਆ ਗਿਆ, ਜਿੱਥੇ ਹਜ਼ਾਰਾਂ ਦੀ ਗਿਣਤੀ ਵਿੱਚ ਜੁੜੀਆਂ ਮਾਵਾਂ-ਭੈਣਾਂ ਨੇ ਵਿਧਾਨ ਸਭਾ ਬਜਟ ਦਾ ਲਾਈਵ ਪ੍ਰਸਾਰਣ ਦੇਖਿਆ। ਜਿਵੇਂ ਹੀ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮਹਿਲਾਵਾਂ ਲਈ ਵਿੱਤੀ ਸਹਾਇਤਾ ਦਾ ਐਲਾਨ ਕੀਤਾ, ਤਾਂ ਪੂਰਾ ਪੈਲੇਸ 'ਬੋਲੇ ਸੋ ਨਿਹਾਲ' ਅਤੇ 'ਇਨਕਲਾਬ ਜ਼ਿੰਦਾਬਾਦ' ਦੇ ਨਾਅਰਿਆਂ ਨਾਲ ਗੂੰਜ ਉੱਠਿਆ। ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਕਿਹਾਂ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੇ ਸਾਲ 2026-27 ਦੇ ਬਜਟ ਵਿੱਚ ਪੰਜਾਬ ਦੀਆਂ ਮਹਿਲਾਵਾਂ ਨਾਲ ਕੀਤਾ ਸਭ ਤੋਂ ਵੱਡਾ ਵਾਅਦਾ ਪੂਰਾ ਕੀਤਾ ਹੈ। ਉਨ੍ਹਾਂ ਕਿਹਾ ਕਿ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਸ਼ੁਭ ਮੌਕੇ 'ਤੇ ਸਰਕਾਰ ਸੂਬੇ ਦੀਆਂ ਸਾਰੀਆਂ ਬਾਲਗ ਮਹਿਲਾਵਾਂ ਨੂੰ ਹਰ ਮਹੀਨੇ 1000 ਰੁਪਏ ਦੀ ਰਾਸ਼ੀ ਅਤੇ ਅਨੁਸੂਚਿਤ ਜਾਤੀ ਨਾਲ ਸਬੰਧਤ ਮਹਿਲਾਵਾਂ ਨੂੰ ਵਿਸ਼ੇਸ਼ ਤੌਰ 'ਤੇ 1500 ਰੁਪਏ ਪ੍ਰਤੀ ਮਹੀਨਾ ਸਿੱਧੇ ਬੈਂਕ ਖਾਤਿਆਂ ਵਿੱਚ ਦੇਣ ਦੀ ਸ਼ੁਰੂਆਤ ਕਰਨ ਦਾ ਐਲਾਨ ਬੇਹੱਦ ਸ਼ਲਾਘਾਯੋਗ ਹੈ। ਰਣਜੋਧ ਸਿੰਘ ਹਡਾਣਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਨੇ ਇਸ ਯੋਜਨਾ ਲਈ ਬਜਟ ਵਿੱਚ 9300 ਕਰੋੜ ਰੁਪਏ ਦਾ ਵਿਸ਼ੇਸ਼ ਪ੍ਰਬੰਧ ਕੀਤਾ ਹੈ। ਉਨ੍ਹਾਂ ਦੱਸਿਆ ਕਿ ਇਹ ਯੋਜਨਾ ਪੰਜਾਬ ਦੀਆਂ ਲਗਭਗ 97 ਫੀਸਦੀ ਮਹਿਲਾਵਾਂ ਨੂੰ ਕਵਰ ਕਰੇਗੀ, ਜੋ ਦੇਸ਼ ਦੇ ਕਿਸੇ ਵੀ ਰਾਜ ਨਾਲੋਂ ਵੱਡਾ ਅੰਕੜਾ ਹੈ।ਸਮਾਗਮ ਵਿੱਚ ਹਾਜ਼ਰ ਮਹਿਲਾਵਾਂ ਨੇ ਵੀ ਸਰਕਾਰ ਦਾ ਧੰਨਵਾਦ ਕੀਤਾ।



## ਸਹਿਕਾਰੀ ਸਭਾ ਭਾਂਖਰ ਦੀ ਸਰਬਸੰਮਤੀ ਨਾਲ ਹੋਈ ਚੋਣ

### ➢ਹਡਾਣਾ ਵੱਲੋਂ ਨਵੀਂ ਚੁਣੀ ਟੀਮ ਦਾ ਸਨਮਾਨ



ਦੇਵੀਗੜ੍ਹ, 9 ਮਾਰਚ ( ਗੁਰਜੀਤ ਸਿੰਘ ਢੋਟ) : ਹਲਕਾ ਸਨੌਰ ਦੇ ਅਧੀਨ ਆਉਂਦੇ ਪਿੰਡ ਭਾਂਖਰ ਵਿਖੇ 'ਦੀ ਭਾਂਖਰ ਬਹੁਮੰਤਵੀ ਸਹਿਕਾਰੀ ਸਭਾ' ਦੀ ਚੋਣ ਅੱਜ ਪੂਰਨ ਤੌਰ 'ਤੇ ਸਰਬਸੰਮਤੀ ਨਾਲ ਮੁਕੰਮਲ ਹੋ ਗਈ। ਇਸ ਚੋਣ ਪ੍ਰਕਿਰਿਆ ਦੌਰਾਨ ਪਿੰਡ ਵਾਸੀਆਂ ਨੇ ਆਪਸੀ ਸਹਿਮਤੀ ਨਾਲ ਨਵੀਂ ਕਮੇਟੀ ਦੀ ਚੋਣ ਕਰਕੇ ਭਾਈਚਾਰਕ ਸਾਂਝ ਦੀ ਇੱਕ ਵੱਡੀ ਮਿਸਾਲ ਪੇਸ਼ ਕੀਤੀ ਹੈ। ਇਸ ਮੌਕੇ ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਨਵੇਂ ਚੁਣੇ ਗਏ। ਅਹੁਦੇਦਾਰਾਂ ਵਿੱਚ ਪ੍ਰਧਾਨ ਜਗਤਾਰ ਸਿੰਘ, ਮੀਤ ਪ੍ਰਧਾਨ ਕੇਸਰ ਸਿੰਘ ਅਤੇ ਸਮੂਹ ਮੈਂਬਰਾਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਸਿਰੋਪਾਓ ਦੇ ਕੇ ਉਨ੍ਹਾਂ ਦਾ ਵਿਸ਼ੇਸ਼ ਸਨਮਾਨ ਕੀਤਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਮੁੱਖ ਮਕਸਦ ਸਹਿਕਾਰੀ ਅਦਾਰਿਆਂ ਨੂੰ ਸਿਆਸਤ ਤੋਂ ਮੁਕਤ ਕਰਕੇ ਮਜ਼ਬੂਤ ਕਰਨਾ ਹੈ।ਨਵ-ਨਿਯੁਕਤ ਅਹੁਦੇਦਾਰਾਂ ਨੇ ਹਲਕਾ ਇੰਚਾਰਜ ਰਣਜੋਧ ਹਡਾਣਾ ਅਤੇ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਪਾਰਟੀ ਦੀਆਂ ਉਮੀਦਾਂ 'ਤੇ ਖ਼ਰਾ ਉਤਰਨਗੇ। ਉਨ੍ਹਾਂ ਕਿਹਾ ਕਿ ਸਭਾ ਦੇ ਹਰ ਮੈਂਬਰ ਅਤੇ ਇਲਾਕੇ ਦੇ ਕਿਸਾਨਾਂ ਦੀਆਂ ਮੁਸ਼ਕਲਾਂ ਦਾ ਹੱਲ ਪਹਿਲ ਦੇ ਅਧਾਰ 'ਤੇ ਕੀਤਾ ਜਾਵੇਗਾ।

## ਗਊ ਕਥਾ ਮੌਕੇ ਸ੍ਰੀ ਬਾਂਕੇ ਬਿਹਾਰੀ ਯੂਥ ਕਲੱਬ ਨੇ ਬੂਟੇ ਵੰਡੇ

ਸਮਾਣਾ, 9 ਮਾਰਚ (ਵਿਜੇ ਕੁਮਾਰ) : ਧਰਤੀ ਬਚਾਓ-ਜੀਵਨ ਬਚਾਓ, ਇੱਕ ਰੁੱਖ ਜ਼ਰੂਰ ਲਗਾਓ ਮੁਹਿੰਮ ਤਹਿਤ ਸ਼੍ਰੀ ਬਾਂਕੇ ਬਿਹਾਰੀ ਯੂਥ ਕਲੱਬ (ਰਜਿ.) ਸਮਾਣਾ ਵੱਲੋਂ ਗਊ ਕਥਾ ਦੇ ਪਵਿੱਤਰ ਅਵਸਰ 'ਤੇ ਸ਼੍ਰੀ ਅਗਰਵਾਲ ਧਰਮਸ਼ਾਲਾ ਸਮਾਣਾ ਵਿੱਚ ਇੱਕ ਵਿਸ਼ੇਸ ਬੂਟੇ ਵੰਡ ਮੁਹਿੰਮ ਚਲਾਈ ਗਈ।ਇਸ ਮੌਕੇ ਕਲੱਬ ਵੱਲੋਂ ਆਏ ਹੋਏ ਭਗਤਾਂ ਨੂੰ 501 ਗੇਂਦੇ ਦੇ ਬੂਟੇ ਵੰਡੇ ਗਏ ਅਤੇ ਸਭ ਨੂੰ ਧਰਤੀ ਨੂੰ ਹਰਾ-ਭਰਾ ਬਣਾਉਣ ਲਈ 'ਇੱਕ ਰੁੱਖ ਜ਼ਰੂਰ ਲਗਾਓ' ਦਾ ਸੰਦੇਸ਼ ਦਿੱਤਾ ਗਿਆ। ਕਲੱਬ ਮੈਂਬਰਾਂ ਅਭਿਨਵ ਗੁਪਤਾ, ਕਮਲ ਗੁਪਤਾ, ਸਾਹਿਲ ਕਾਂਸਲ, ਮਨੀਸ਼ ਅਗਰਵਾਲ, ਵਿਸ਼ਾਲ ਸਿੰਗਲਾ, ਕਨਿਕ ਗਰਗ, ਵਿਕੀ ਗਰਗ, ਗੁਰਵਿੰਦਰ ਕੁਮਾਰ ਨੇ ਦੱਸਿਆ ਕਿ ਵਾਤਾਵਰਨ ਦੀ ਰੱਖਿਆ ਸਾਡੇ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਜੇ ਅਸੀਂ ਸਾਰੇ ਘੱਟੋ-ਘੱਟ ਇੱਕ-ਇੱਕ ਬੂਟਾ ਲਗਾ ਕੇ ਉਸ ਦੀ ਸੰਭਾਲ ਕਰੀਏ ਤਾਂ ਅਸੀਂ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ਼ ਅਤੇ ਸੁੰਦਰ ਧਰਤੀ ਛੱਡ ਸਕਦੇ ਹਾਂ।ਇਸ ਉਪਰਾਲੇ ਦੀ ਭਗਤਾਂ ਵੱਲੋਂ ਵੀ ਬਹੁਤ ਸਰਾਹਨਾ ਮਿਲੀ ਅਤੇ ਸਭ ਨੇ ਵੱਧ ਤੋਂ ਵੱਧ ਬੂਟਾ ਲਗਾਉਣ ਦਾ ਸੰਕਲਪ ਲਿਆ।



## ਹੈਰੋਇਨ ਦਾ ਨਸ਼ਾ ਕਰਦਾ ਨੌਜਵਾਨ ਕਾਬੂ

ਸਮਾਣਾ, 9 ਮਾਰਚ (ਵਿਜੇ ਕੁਮਾਰ) : ਸਦਰ ਪੁਲਿਸ ਨੇ ਹੈਰੋਇਨ ਦਾ ਨਸ਼ਾ ਕਰਦੇ ਹੋਏ ਇੱਕ ਨੌਜਵਾਨ ਨੂੰ ਇੱਕ ਲਾਈਟਰ, ਫੁਆਇਲ ਪੇਪਰ ਅਤੇ ਪੰਨੀ ਸਮੇਤ ਕਾਬੂ ਕਰਕੇ ਉਸ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜ਼ਮ ਦੀ ਪਛਾਣ ਗੁਰਜੰਟ ਸਿੰਘ ਨਿਵਾਸੀ ਪਿੰਡ ਮਰੌੜੀ ਵਜੋਂ ਹੋਈ ਹੈ।ਮਵੀ ਕਲਾਂ ਪੁਲਿਸ ਚੌਂਕੀ ਦੇ ਇੰਚਾਰਜ ਬਲਕਾਰ ਸਿੰਘ ਨੇ ਦੱਸਿਆ ਕਿ ਹੈੱਡ ਕਾਂਸਟੇਬਲ ਗੁਰਵਿੰਦਰ ਸਿੰਘ ਪੁਲਿਸ ਪਾਰਟੀ ਸਮੇਤ ਗਸ਼ਤ ਦੌਰਾਨ ਬੱਸ ਅੱਡਾ ਪਿੰਡ ਧਨੇਠਾ ਵਿਖੇ ਮੌਜੂਦ ਸਨ। ਉਨ੍ਹਾਂ ਨੂੰ ਸੂਚਨਾ ਮਿਲੀ ਕਿ ਮੁਲਜ਼ਮ ਧਨੇਠਾ-ਗੜ੍ਹੀ ਸਾਹਿਬ ਰਜਵਾਹੇ ਦੀ ਪਟੜੀ 'ਤੇ ਬੈਠਾ ਹੈਰੋਇਨ ਦਾ ਨਸ਼ਾ ਕਰ ਰਿਹਾ ਹੈ। ਪੁਲਿਸ ਪਾਰਟੀ ਵੱਲੋਂ ਮਾਰੇ ਗਏ ਛਾਪੇ ਦੌਰਾਨ ਮੁਲਜ਼ਮ ਕੋਲੋਂ ਲਾਈਟਰ, ਫੁਆਇਲ ਪੇਪਰ ਵਗੈਰਾ ਬਰਾਮਦ ਹੋਣ 'ਤੇ ਉਸ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ। ਅਧਿਕਾਰੀ ਅਨੁਸਾਰ ਮਾਨਯੋਗ ਅਦਾਲਤ ਦੇ ਹੁਕਮਾਂ 'ਤੇ ਮੁਲਜ਼ਮ ਨੂੰ ਨਸ਼ਾ ਛੁਡਾਊ ਕੇਂਦਰ ਭੇਜ ਦਿੱਤਾ ਗਿਆ ਹੈ।

## ਰਵਿੰਦਰ ਸਿੰਘ ਮੂੰਗੋ ਹਲਕਾ ਨਾਭਾ ਦੇ ਕੋਆਰਡੀਨੇਟਰ ਨਿਯੁਕਤ

### ਧਰਮਸੋਤ ਤੇ ਮਹੰਤ ਖਨੌੜਾ ਨੇ ਨਿਯੁਕਤੀ ਪੱਤਰ ਸੌਂਪਿਆ

ਨਾਭਾ, 9 ਮਾਰਚ (ਬਲਜਿੰਦਰ ਮਾਨ) : ਸਾਬਕਾ ਸਰਪੰਚ ਤੇ ਸੀਨੀਅਰ ਕਾਂਗਰਸੀ ਰਵਿੰਦਰ ਸਿੰਘ ਮੂੰਗੋ ਨੂੰ ਪਾਰਟੀ ਪ੍ਰਤੀ ਨਿਭਾਈਆਂ ਜਾ ਰਹੀਆਂ ਸ਼ਾਨਦਾਰ ਸੇਵਾਵਾਂ ਨੂੰ ਦੇਖਦਿਆਂ ਕਾਂਗਰਸ ਹਾਈ ਕਮਾਂਡ ਵੱਲੋਂ ਹਲਕਾ ਨਾਭਾ ਰਿਜ਼ਰਵ ਤੋਂ ਕੋਆਰਡੀਨੇਟਰ ਐਲ.ਡੀ.ਐਮ. ਨਿਯੁਕਤ ਕੀਤਾ ਗਿਆ ਹੈ। ਰਵਿੰਦਰ ਮੂੰਗੋ ਨੂੰ ਨਿਯੁਕਤੀ ਪੱਤਰ ਸੌਂਪਦਿਆ ਸਾਬਕਾ ਮੰਤਰੀ ਸਾਧੂ ਸਿੰਘ ਧਰਮਸੋਤ ਤੇ ਸਾਬਕਾ ਜ਼ਿਲ੍ਹਾ ਪ੍ਰਧਾਨ ਮਹੰਤ ਹਰਵਿੰਦਰ ਸਿੰਘ ਖਨੌੜਾ ਨੇ ਵਧਾਈ ਦਿੱਤੀ। ਉਨ੍ਹਾਂ ਕਿਹਾ ਕਾਗਰਸ ਨੇ ਹਮੇਸ਼ਾ ਮਿਹਨਤੀ ਵਰਕਰਾਂ ਨੂੰ ਮਾਣ ਬਖਸ਼ਿਆ ਹੈ। ਇਸ ਮੌਕੇ ਨਵ ਨਿਯੁਕਤ ਹਲਕਾ ਕੋਆਰਡੀਨੇਟਰ ਰਵਿੰਦਰ ਸਿੰਘ ਮੂੰਗੋ ਨੇ ਪੰਜਾਬ ਪ੍ਰਦੇਸ਼ ਕਾਂਗਰਸ ਪਾਰਟੀ ਪ੍ਰਧਾਨ ਰਾਜਾ ਵੜਿੰਗ, ਸਾਬਕਾ ਮੰਤਰੀ ਸਾਧੂ ਸਿੰਘ ਧਰਮਸੋਤ, ਮਹੰਤ ਹਰਵਿੰਦਰ ਸਿੰਘ ਖਨੌੜਾ ਸਮੇਤ ਕਾਂਗਰਸ ਹਾਈ ਕਮਾਂਡ ਦਾ ਧੰਨਵਾਦ ਕੀਤਾ। ਇਸ ਮੌਕੇ 'ਤੇ ਗੁਰਬਚਨ ਸਿੰਘ ਬਿਲੂ ਮਲੇਵਾਲ, ਤੇਜਵਿੰਦਰ ਸਿੰਘ ਪੱਪੀ ਬਿਰਧਨੋ, ਰਤਨਚੰਦ ਜਸੋਮਾਜਰਾ, ਕੁਲਦੀਪ ਸਿੰਘ ਪਾਹਲੀਆ , ਸੰਤੋਖ ਸਿੰਘ ਬੁਗਾ ਖੁਰਦ, ਡਾ. ਰਾਜ ਕੁਮਾਰ ਹੱਲਾ , ਜਗਜੀਤ ਸਿੰਘ, ਨਾਹਰ ਸਿੰਘ, ਸੰਦੀਪ ਸਿੰਘ ਹਾਜ਼ਰ ਸਨ।



## ਰਾਕੇਸ਼ ਬੱਗਾ ਵੱਲੋਂ ਸਨੌਰ ਤੋਂ ਆਜ਼ਾਦ ਚੋਣਾਂ 'ਚ ਖ਼ੁਦ ਨੂੰ ਅੱਗੇ ਰੱਖਣ ਦਾ ਐਲਾਨ



ਸਨੌਰ, 9 ਮਾਰਚ (ਪ੍ਰਥਮ ਕੁਮਾਰ) : ਰਾਕੇਸ਼ ਬੱਗਾ ਨੇ ਸਨੌਰ ਤੋਂ ਆਜ਼ਾਦ ਚੋਣਾਂ ਵਿੱਚ ਖੁਦ ਨੂੰ ਅੱਗੇ ਰੱਖਣ ਦਾ ਐਲਾਨ ਕੀਤਾ ਹੈ। ਇਹ ਫੈਸਲਾ ਸਿਆਸੀ ਮੈਦਾਨ ਵਿੱਚ ਇਕ ਨਵੀਂ ਦਿਸ਼ਾ ਦਾ ਸੰਕੇਤ ਦੇ ਸਕਦਾ ਹੈ ਅਤੇ ਸਨੌਰ ਦੀ ਸਿਆਸਤ ਵਿੱਚ ਨਵੀਂ ਗਤੀਵਿਧੀਆਂ ਲੈ ਕੇ ਆ ਸਕਦਾ ਹੈ। ਬੱਗਾ, ਜੋ ਕਿ ਇਸ ਖੇਤਰ ਵਿੱਚ ਚੰਗੀ ਪਛਾਣ ਰੱਖਦੇ ਹਨ, ਆਜ਼ਾਦ ਉਮੀਦਵਾਰ ਵਜੋਂ ਚੋਣ ਲੜਨ ਦੀ ਤਿਆਰੀ ਕਰ ਰਹੇ ਹਨ ਅਤੇ ਇਸ ਦੇ ਨਾਲ ਹੀ ਜਦੋਂ ਪਿੰਡ ਭਾਂਖਰ ਵਿੱਚ ਦੌਰਾ ਕਰਦੇ ਸਮੇਂ, ਰਾਕੇਸ਼ ਬੱਗਾ ਨੇ ਪਿੰਡ ਦੇ ਪਰਿਵਾਰਾਂ ਨਾਲ ਗੱਲਬਾਤ ਕੀਤੀ ਅਤੇ ਇਹ ਪਤਾ ਲਗਾਇਆ ਕਿ ਉਹਨਾਂ ਦੇ ਮਕਾਨ ਦੀਆਂ ਛੱਤਾਂ ਡਿੱਗੀਆਂ ਹੋਈਆਂ ਹਨ ਅਤੇ ਉਨ੍ਹਾਂ ਨੂੰ ਸਰਕਾਰ ਵੱਲੋਂ ਕੋਈ ਮਦਦ ਨਹੀਂ ਮਿਲ ਰਹੀ। ਇਸ ਗੰਭੀਰ ਸਥਿਤੀ ਨੂੰ ਦੇਖਦੇ ਹੋਏ, ਰਾਕੇਸ਼ ਬੱਗਾ ਨੇ ਹਰੇਕ ਜ਼ਰੂਰਤਮੰਦ ਪਰਿਵਾਰ ਨੂੰ ਦਸ ਦਸ ਹਜ਼ਾਰ ਰੁਪਏ ਦੀ ਸੇਵਾ ਦਾ ਯੋਗਦਾਨ ਦਿੱਤਾ। ਜਦੋਂ ਪੱਤਰਕਾਰਾਂ ਨੇ ਪਿੰਡ ਦੇ ਨਿਵਾਸੀਆਂ ਨਾਲ ਗੱਲਬਾਤ ਕੀਤੀ, ਤਾਂ ਇਹ ਸਾਹਮਣੇ ਆਇਆ ਕਿ ਬੱਗਾ ਨੇ ਸਰਕਾਰੀ ਸਕੂਲ ਦੇ ਵਿਦਿਆਰਥੀਆਂ ਦੇ ਭਲਾਈ ਲਈ 21,000 ਰੁਪਏ ਦਾ ਯੋਗਦਾਨ ਦਿੱਤਾ। ਰਕੇਸ਼ ਬੱਗਾ ਦੇ ਬਿਆਨ ਅਨੁਸਾਰ, ਉਹ ਹਲਕਾ ਸਨੌਰ ਵਿੱਚ ਵਿਕਾਸ ਕਾਰਜਾਂ ਦੀ ਕਮੀ ਤੋਂ ਨਾਰਾਜ਼ ਹਨ। ਉਹ ਮੰਨਦੇ ਹਨ ਕਿ ਇਨ੍ਹਾਂ ਕਾਰਜਾਂ ਦੀ ਰੁਕਾਵਟ ਨੇ ਉਨ੍ਹਾਂ ਨੂੰ ਚੋਣਾਂ ਵਿੱਚ ਆਜ਼ਾਦ ਉਮੀਦਵਾਰ ਵਜੋਂ ਖੜ੍ਹਨ ਲਈ ਮਜਬੂਰ ਕੀਤਾ ਹੈ। ਰਕੇਸ਼ ਬੱਗਾ ਦੀ ਇਹ ਕਦਮ ਬੰਦੀ ਸਨੌਰ ਹਲਕੇ ਵਿੱਚ ਨਵੇਂ ਚਿਹਰੇ ਅਤੇ ਵਿਚਾਰਾਂ ਨੂੰ ਚੋਣੀ ਪ੍ਰਕਿਰਿਆ ਵਿੱਚ ਸ਼ਾਮਲ ਕਰਨ ਦੀ ਲੋੜ ਨੂੰ ਦਰਸਾਉਂਦੀ ਹੈ।

## ਨਿਰਮਲ ਸਿੰਘ ਭੱਟੀਆਂ ਨੇ ਮਹਿਮੂਦਪੁਰ ਜੱਟਾਂ 'ਚ ਕਾਂਗਰਸੀ ਆਗੂਆਂ ਨਾਲ ਕੀਤੀ ਚਰਚਾ

ਸਨੌਰ, 9 ਮਾਰਚ (ਪ੍ਰਥਮ ਕੁਮਾਰ) : ਪੰਜਾਬ ਦੇ ਸਾਬਕਾ ਚੇਅਰਮੈਨ ਨਿਰਮਲ ਸਿੰਘ ਭੱਟੀਆਂ ਵੱਲੋਂ ਹਲਕਾ ਸਨੌਰ ਦੇ ਪਿੰਡ ਮਹਿਮੂਦਪੁਰ ਜੱਟਾਂ ਵਿੱਚ ਟਕਸਾਲੀ ਕਾਂਗਰਸੀ ਆਗੂ ਬਲਵੰਤ ਸਿੰਘ ਸਾਬਕਾ ਸਰਪੰਚ ਸਾਬਕਾ ਬਲਾਕ ਸੰਮਤੀ ਮੈਂਬਰ ਅਤੇ ਟਕਸਾਲੀ ਕਾਂਗਰਸੀ ਰਾਮਕ੍ਰਿਸ਼ਨ ਸਾਬਕਾ ਸਰਪੰਚ ਦੇ ਘਰ ਵਿਸ਼ੇਸ਼ ਮੁਲਾਕਾਤ ਕੀਤੀ ਗਈ। ਇਸ ਮੌਕੇ ਉਨ੍ਹਾਂ ਨੇ ਇਲਾਕੇ ਦੇ ਸੀਨੀਅਰ ਕਾਂਗਰਸੀ ਵਰਕਰਾਂ ਨਾਲ ਬੈਠਕ ਕਰਕੇ ਹਲਕਾ ਸਨੌਰ ਵਿੱਚ ਕਾਂਗਰਸ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਸਬੰਧੀ ਵਿਚਾਰ ਵਟਾਂਦਰਾ ਕੀਤਾ। ਮੁਲਾਕਾਤ ਦੌਰਾਨ ਨਿਰਮਲ ਸਿੰਘ ਭੱਟੀਆਂ ਨੇ ਕਿਹਾ ਕਿ ਹਲਕਾ ਸਨੌਰ ਵਿੱਚ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਸਥਾਨਕ ਵਰਕਰਾਂ ਅਤੇ ਆਗੂਆਂ ਦਾ ਵੱਡਾ ਯੋਗਦਾਨ ਰਿਹਾ ਹੈ। ਉਨ੍ਹਾਂ ਨੇ ਖਾਸ ਤੌਰ 'ਤੇ ਗੋਸਵਾਮੀ ਬਰਾਦਰੀ ਦੀ ਭੂਮਿਕਾ ਦੀ ਸਰਾਹਨਾ ਕੀਤੀ। ਇਸ ਮੌਕੇ ਉਨ੍ਹਾਂ ਨੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਲੋਕਾਂ ਨਾਲ ਜੁੜੇ ਰਹਿਣ ਅਤੇ ਪਾਰਟੀ ਦੀਆਂ ਨੀਤੀਆਂ ਅਤੇ ਪ੍ਰੋਗਰਾਮਾਂ ਨੂੰ ਘਰ-ਘਰ ਤੱਕ ਪਹੁੰਚਾਉਣ। ਇਸ ਮੌਕੇ ਸਾਬਕਾ ਸਰਪੰਚ ਮਹਿੰਦਰ ਸਿੰਘ, ਭਗਵੰਤ ਸਿੰਘ, ਜਸਵੰਤ ਸਿੰਘ, ਰਣਵੀਰ ਸਿੰਘ, ਅਮਰੀਕ ਸਿੰਘ,ਬੱਬੀ ਮਹਿਮੂਦਪੁਰ, ਬਲਵਿੰਦਰ ਸਿੰਘ, ਗੁਰਜੰਟ ਸਿੰਘ, ਹਰਬਾਗ ਗਿਰੀ, ਗੁਰਮੀਤ ਬਾਵਾ, ਹੰਸਰਾਜ , ਚੰਦ ਗਿਰ,ਅਤੇ ਸੁਖਵਿੰਦਰ ਗਿਰੀ ਸਮੇਤ ਕਈ ਹੋਰ ਸਥਾਨਕ ਆਗੂ ਅਤੇ ਵਰਕਰ ਵੀ ਮੌਜੂਦ ਸਨ। ਸਭ ਆਗੂਆਂ ਨੇ ਇਕਸੁਰ ਹੋ ਕੇ ਕਿਹਾ ਕਿ ਉਹ ਆਉਣ ਵਾਲੇ ਸਮੇਂ ਵਿੱਚ ਕਾਂਗਰਸ ਪਾਰਟੀ ਨੂੰ ਹਲਕਾ ਸਨੌਰ ਵਿੱਚ ਹੋਰ ਮਜ਼ਬੂਤ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਨ ਲਈ ਹਮੇਸ਼ਾਂ ਤਤਪਰ ਰਹਿਣਗੇ।



## ਕੌਮਾਂਤਰੀ ਮਹਿਲਾ ਦਿਵਸ ਮੌਕੇ 'ਮਾਵਾਂ-ਧੀਆਂ ਦਾ ਸਤਿਕਾਰ' ਯੋਜਨਾ ਲਾਗੂ ਕਰਨ ਦਾ ਭਰਵਾਂ ਸਵਾਗਤ



ਸਮਾਣਾ, 9 ਮਾਰਚ (ਵਿਜੇ ਕੁਮਾਰ) : ਕੌਮਾਂਤਰੀ ਮਹਿਲਾ ਦਿਵਸ ਮੌਕੇ ਆਪ ਸਰਕਾਰ ਨੇ ਆਪਣੇ ਆਖਰੀ ਬਜਟ ਸੈਸ਼ਨ ਦੌਰਾਨ ਜਨਰਲ ਵਰਗ ਦੀਆਂ ਔਰਤਾਂ ਲਈ 1000 ਰੁਪਏ ਅਤੇ ਐਸ.ਸੀ., ਬੀ.ਸੀ. ਵਰਗ ਦੀਆਂ ਔਰਤਾਂ ਲਈ 1500 ਮਹੀਨਾ ਦੇਣ ਦਾ 2022 ਵਿੱਚ ਚੋਣਾਂ ਸਮੇਂ ਕੀਤੇ ਵਾਅਦੇ ਨੂੰ ਮਾਵਾਂ ਧੀਆਂ ਦਾ ਸਤਿਕਾਰ ਯੋਜਨਾ ਤਹਿਤ ਪੂਰਾ ਕਰਨ ਦਾ ਗਰਮ ਜੋਸ਼ੀ ਨਾਲ ਆਪ ਵਰਕਰਾਂ ਵੱਲੋਂ ਸਵਾਗਤ ਕੀਤਾ ਗਿਆ।ਇਸ ਚੋਣ ਵਾਅਦੇ ਨੂੰ ਲਾਈਵ ਟੈਲੀਕਾਸਟ ਰਾਹੀਂ ਹਲਕਾ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਦੇ ਕ੍ਰਿਸ਼ਨਾ ਬਸਤੀ ਸਥਿਤ ਦਫਤਰ ਵਿਖੇ ਕੀਤਾ ਗਿਆ। ਇਸ ਮੌਕੇ ਵਿਰੋਧੀਆਂ ਵੱਲੋਂ ਸ਼ਰਤਾਂ ਲਾਉਣ ਦੀਆਂ ਫੈਲਾਈਆਂ ਜਾ ਰਹੀਆਂ ਅਫਵਾਵਾਂ ਨੂੰ ਦੂਰ ਕਰਦਿਆਂ ਜ਼ਿਲ੍ਹਾ ਪਰਿਸ਼ਦ ਮੈਂਬਰ ਗੁਰਦੇਵ ਸਿੰਘ ਟਿਵਾਣਾ ਨੇ ਦੱਸਿਆ ਕਿ 18 ਸਾਲ ਤੋਂ ਵੱਧ ਉਮਰ ਦੀਆਂ ਸਾਰੀਆਂ ਮਹਿਲਾਵਾਂ ਨੂੰ ਇਹ ਸਹੂਲਤ ਮਿਲੇਗੀ।

## ਯੁੱਧ ਨਸ਼ਿਆਂ ਵਿਰੁੱਧ ਤੇ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਜਾਗਰੂਕਤਾ ਪ੍ਰੋਗਰਾਮ

ਪਟਿਆਲਾ, 9 ਮਾਰਚ (ਚ.ਨ.ਸ.) : ਸਾਂਝ ਕੇਂਦਰ ਸਦਰ ਪਟਿਆਲਾ ਵੱਲੋਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਹਿਯੋਗ ਅਤੇ ਉਚ ਅਧਿਕਾਰੀਆਂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਯੁੱਧ ਨਸ਼ਿਆਂ ਵਿਰੁੱਧ ਅਤੇ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਜਿਸ ਵਿੱਚ ਮੁੱਖ ਮਹਿਮਾਨ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ, ਮੈਂਬਰ ਵੂਮੈਨ ਕੋਸਲਿੰਗ ਸੈਲ ਪਟਿਆਲਾ ਨੇ ਸ਼ਿਰਕਤ ਕੀਤੀ । ਪ੍ਰੋਗਰਾਮ ਦੀ ਪ੍ਰਧਾਨਗੀ ਰਾਸ਼ਟਰਪਤੀ ਪੁਲਿਸ ਮੈਡਲ ਵਿਜੇਤਾ ਐਸ ਆਈ ਜਸਪਾਲ ਸਿੰਘ ਇੰਚਾਰਜ ਸਾਂਝ ਕੇਂਦਰ ਸਦਰ ਪਟਿਆਲਾ ਨੇ ਕੀਤੀ। ਪ੍ਰੋਗਰਾਮ ਦਾ ਉਦਘਾਟਨ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਕੀਤਾ। ਵਿਸ਼ੇਸ਼ ਤੌਰ 'ਤੇ ਲੈਫਟੀਨੈਂਟ ਜਗਦੀਪ ਸਿੰਘ ਜੋਸ਼ੀ ਟ੍ਰੇਨਿੰਗ ਅਫ਼ਸਰ ਸਰਕਾਰੀ ਆਈ ਟੀ ਆਈ ਲੜਕੇ ਨਾਭਾ ਰੋਡ ਪਟਿਆਲਾ,ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੌਰਮਿੰਟ ਬਿਕਰਮ ਕਾਲਜ ਆਫ ਕਾਮਰਸ, ਗੁਰਪ੍ਰਤਾਪ ਸਿੰਘ ਸ਼ਾਹੀ, ਹਰਮਨਜੀਤ ਸਿੰਘ ਰੰਧਾਵਾ, ਗੁਰਜੀਤ ਸਿੰਘ ਲੱਕੀ ਹਰਦਾਸਪੁਰ, ਤੇਜਿੰਦਰ ਮਡੌੜ, ਜੁਗਰਾਜ ਚਹਿਲ, ਜਸਪਾਲ ਜੋਸਨ, ਜਸਪ੍ਰੀਤ ਸਿੰਘ ਅਟਵਾਲ, ਅਮਰਜੀਤ ਸਿੰਘ ਲੰਗ, ਕੁਲਦੀਪ ਸਿੰਘ , ਗੁਰਚਰਨ ਸਿੰਘ ਨੇ ਭਰਪੂਰ ਸਹਿਯੋਗ ਦਿੱਤਾ ।



## ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ ਮਾਰੀ ਠੱਗੀ

ਘਨੌਰ, 9 ਮਾਰਚ (ਮਦਨ ਲਾਲ) : ਥਾਣਾ ਖੇੜੀ ਗੰਡਿਆ ਪੁਲਿਸ ਕੋਲ ਕਲਮਜੀਤ ਕੌਰ ਪਤਨੀ ਸੁਖਵਿੰਦਰ ਸਿੰਘ ਵਾਸੀ ਗੁਰੂ ਅਮਰਦਾਸ ਕਲੋਨੀ ਸੈਦਖੇੜੀ ਨੇ ਕਥਿਤ ਦੋਸ਼ੀਆਂ ਜਸਵੀਰ ਸਿੰਘ ਵਾਸੀ ਜਲੰਧਰ, ਰਾਕੇਸ਼ ਕੁਮਾਰ, ਵੰਧਨਾ ਵਾਸੀ ਹੁਸ਼ਿਆਰਪੁਰ, ਗੁਰਵਿੰਦਰ ਸਿੰਘ ਵਾਸੀ ਜਲੰਧਰ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਕਤ ਕਥਿਤ ਦੋਸ਼ੀਆਂ ਨੇ ਉਸ ਦੇ ਲੜਕੇ ਕਰਨਦੀਪ ਸਿੰਘ ਨੂੰ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ 22,30,000 ਰੁਪਏ ਲੈ ਲਏ, ਪਰ ਬਾਅਦ ਵਿੱਚ ਨਾ ਤਾਂ ਲੜਕੇ ਨੂੰ ਵਿਦੇਸ਼ ਭੇਜਿਆ ਅਤੇ ਨਾ ਹੀ ਪੈਸੇ ਵਾਪਿਸ ਕੀਤੇ। ਪੁਲਿਸ ਨੇ ਧਾਰਾ 406,420, 120-ਬੀ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਕਿਸਾਨ ਜਾਗ੍ਰਿਤੀ ਯਾਤਰਾ ਦੇ ਆਗੂਆਂ ਵੱਲੋਂ ਧਰਮ ਯੁੱਧ ਮੋਰਚੇ 'ਚ ਸ਼ਮੂਲੀਅਤ

ਸਮਾਣਾ, 9 ਮਾਰਚ (ਵਿਜੇ ਕੁਮਾਰ) : 7 ਫਰਵਰੀ ਨੂੰ ਕੰਨਿਆ ਕੁਮਾਰੀ ਤੋਂ ਕਸ਼ਮੀਰ ਲਈ ਕਿਸਾਨੀ ਮੰਡਲ ਨੂੰ ਲੈ ਕੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਅਗਵਾਈ ਹੇਠ ਸ਼ੁਰੂ ਕੀਤੀ ਕਿਸਾਨ ਜਾਗ੍ਰਿਤੀ ਯਾਤਰਾ ਐਤਵਾਰ ਨੂੰ ਸਮਾਣਾ ਦੇ ਬਾਬਾ ਬੰਦਾ ਸਿੰਘ ਬਹਾਦਰ ਚੌਕ ਵਿੱਚ ਲੱਗੇ ਧਾਰਮਿਕ ਮੋਰਚੇ ਵਿੱਚ ਪਹੁੰਚੀ। ਜਿੱਥੇ ਕਿਸਾਨ ਆਗੂ ਸ. ਡੱਲੇਵਾਲ ਨੇ ਧਰਮ ਯੁੱਧ ਮੋਰਚੇ ਵੱਲੋਂ ਸਮੂਹ ਧਾਰਮਿਕ ਗ੍ਰੰਥਾਂ ਦੀਆਂ ਬੇਅਦਬੀਆਂ ਨੂੰ ਰੋਕਣ ਲਈ ਸਰਕਾਰ ਵੱਲੋਂ ਸਖਤ ਕਾਨੂੰਨ ਬਣਾਉਣ ਦੀ ਕੀਤੀ ਮੰਗ ਦਾ ਸਮਰਥਨ ਕੀਤਾ ਤੇ ਕਿਹਾ ਕਿ ਸਰਕਾਰਾਂ ਅਸਲ ਮੁੱਦਿਆਂ ਤੋਂ ਲੋਕਾਂ ਦਾ ਧਿਆਨ ਹਟਾਉਣ ਲਈ ਖੁਦ ਬੇਅਦਬੀਆਂ ਕਰਾਉਂਦੀਆਂ ਹਨ। ਉਹਨਾਂ ਦੱਸਿਆ ਕਿ ਕਿਸਾਨੀ ਮੰਗਾਂ ਨੂੰ ਲੈ ਕੇ ਦੇਸ਼ ਦੇ ਸਾਰੇ ਕਿਸਾਨਾਂ-ਮਜ਼ਦੂਰਾਂ ਨੂੰ ਉਹਨਾਂ ਦੀਆਂ ਮੰਗਾਂ ਪ੍ਰਤੀ ਜਾਗ੍ਰਿਤੀ ਯਾਤਰਾ ਕੱਢੀ ਜਾ ਰਹੀ ਹੈ ਜੋ ਦੇਸ਼ ਦੇ ਵੱਖ-ਵੱਖ ਪੜਾਵਾਂ ਵਿੱਚੋਂ ਹੁੰਦੀ ਹੋਈ 11 ਮਾਰਚ ਨੂੰ ਕਸ਼ਮੀਰ ਵਿਖੇ ਪਹੁੰਚੇਗੀ। ਦੁਪਹਿਰ ਬਾਅਦ ਯਾਤਰਾ ਸਮਾਣਾ ਤੋਂ ਫਤਿਹਗੜ੍ਹ ਸਾਹਿਬ ਲਈ ਰਵਾਨਾ ਹੋ ਗਈ।



## ਬੀ.ਪੀ.ਈ.ਓ. ਪ੍ਰਿਥੀ ਸਿੰਘ ਵੱਲੋਂ ਪ੍ਰੀਖਿਆ ਕੇਂਦਰਾਂ ਦਾ ਦੌਰਾ

ਪਟਿਆਲਾ, 9 ਮਾਰਚ (ਰੁਪਾਣਾ) : ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸੂਬੇ ਭਰ ਵਿੱਚ ਬੋਰਡ ਜਮਾਤਾਂ ਦੀਆਂ ਪ੍ਰੀਖਿਆਵਾਂ ਆਯੋਜਿਤ ਕੀਤੀਆਂ ਜਾ ਰਹੀਆਂ ਹਨ। ਜਿਸ ਤਹਿਤ ਪੰਜਵੀਂ ਜਮਾਤ ਦੀਆਂ ਪ੍ਰੀਖਿਆਵਾਂ ਵੀ ਜਾਰੀ ਹਨ। ਇਸੇ ਦੇ ਚਲਦਿਆਂ ਸੋਮਵਾਰ ਨੂੰ ਬਲਾਕ ਪਟਿਆਲਾ-2 ਦੇ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਸ੍ਰ. ਪ੍ਰਿਥੀ ਸਿੰਘ ਵੱਲੋਂ ਬਲਾਕ ਅਧੀਨ ਪੈਂਦੇ ਵੱਖ-ਵੱਖ ਪ੍ਰੀਖਿਆ ਕੇਂਦਰਾਂ ਦਾ ਅਚਾਨਕ ਦੌਰਾ ਕੀਤਾ ਗਿਆ। ਉਹਨਾਂ ਨੇ ਸਭ ਤੋਂ ਪਹਿਲਾਂ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਨਿਊ ਯਾਦਵਿੰਦਰਾ ਕਲੋਨੀ ਦਾ ਅਚਨਚੇਤ ਦੌਰਾ ਕੀਤਾ, ਜਿੱਥੇ ਉਹਨਾਂ ਨੇ ਸਭ ਤੋਂ ਪਹਿਲਾਂ ਵਿਦਿਆਰਥੀਆਂ ਦੇ ਬੈਠਣ ਦੇ ਪ੍ਰਬੰਧ ਦਾ ਜਾਇਜ਼ਾ ਲਿਆ। ਇਸ ਦੇ ਨਾਲ ਹੀ ਗਰਮੀ ਦੇ ਚੱਲਦਿਆਂ ਵਿਦਿਆਰਥੀਆਂ ਲਈ ਹਵਾਦਾਰ ਕਮਰੇ ਅਤੇ ਪੀਣ ਵਾਲੇ ਪਾਣੀ ਦੇ ਪ੍ਰਬੰਧ ਬਾਰੇ ਜਾਣਕਾਰੀ ਲਈ ਗਈ।ਇਸ ਤੋਂ ਬਾਅਦ ਬੀਪੀਈਓ ਪ੍ਰਿਥੀ ਸਿੰਘ ਨੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਮਲਟੀਪਰਪਜ਼, ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਖੁਸਰੋਪੁਰ ਅਤੇ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਪਿੰਡ ਮੈਣ ਵਿਖੇ ਚੱਲ ਰਹੇ ਪ੍ਰੀਖਿਆ ਕੇਂਦਰਾਂ ਦਾ ਅਚਨਚੇਤ ਦੌਰਾ ਕੀਤਾ। ਇਹਨਾਂ ਪ੍ਰੀਖਿਆ ਕੇਂਦਰਾਂ ਵਿੱਚ ਉਹਨਾਂ ਨੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ। ਉਹਨਾਂ ਨੇ ਵਿਦਿਆਰਥੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਆਉਣ 'ਤੇ ਸੰਬੰਧਿਤ ਅਧਿਆਪਕ ਨਾਲ ਗੱਲ ਕਰਨ ਲਈ ਕਿਹਾ। ਇਸ ਦੌਰੇ ਮੌਕੇ ਗੱਲਬਾਤ ਕਰਦਿਆਂ ਬੀਪੀਈਓ ਪ੍ਰਿਥੀ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਸਕੂਲੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਯੋਗ ਅਗਵਾਈ ਹੇਠ ਸੂਬੇ ਭਰ ਦੇ ਸਕੂਲ ਪ੍ਰਗਤੀ ਦੀ ਰਾਹ 'ਤੇ ਹਨ। ਉਹਨਾਂ ਕਿਹਾ ਕਿ ਵਿਦਿਆਰਥੀਆਂ ਨੂੰ ਪ੍ਰੀਖਿਆਵਾਂ ਦੌਰਾਨ ਕਿਸੇ ਤਰ੍ਹਾਂ ਦੀ ਸਮੱਸਿਆ ਦਾ ਸਾਹਮਣਾ ਨਹੀਂ ਕਰਨਾ ਪੈ ਰਿਹਾ। ਪ੍ਰੀਖਿਆਵਾਂ ਦੌਰਾਨ ਵਿਦਿਆਰਥੀਆਂ ਲਈ ਹਰ ਇੱਕ ਤਰ੍ਹਾਂ ਦੇ ਪ੍ਰਬੰਧ ਕੀਤੇ ਗਏ ਹਨ। ਉਹਨਾਂ ਅੱਗੇ ਕਿਹਾ ਕਿ ਪੰਜਾਬ ਦੇ ਸਰਕਾਰੀ ਸਕੂਲ ਹਰ ਇੱਕ ਪੱਖ ਤੋਂ ਵਿਕਾਸ ਕਰ ਰਹੇ ਹਨ। ਸਰਕਾਰੀ ਸਕੂਲਾਂ ਦੇ ਪੜ੍ਹੇ ਹੋਏ ਵਿਦਿਆਰਥੀ ਆਈਏਐਸ, ਪੀਸੀਐਸ, ਇੰਜੀਨੀਅਰ, ਡਾਕਟਰ ਸਮੇਤ ਹੋਰ ਵੱਕਾਰੀ ਸੀਟਾਂ 'ਤੇ ਕਾਰਜਸ਼ੀਲ ਹਨ। ਇਸ ਲਈ ਸਾਨੂੰ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣਾ ਚਾਹੀਦਾ ਹੈ।





## ਸੁਸਾਇਟੀ ਵੱਲੋਂ ਚੰਗੇ ਕਾਰਜ ਕਰਨ ਵਾਲਿਆਂ ਦਾ ਸਨਮਾਨ



ਪਟਿਆਲਾ, 9 ਮਾਰਚ (ਦੀਪਕ ਜੈਦਕਾ) : ਪਟਿਆਲਾ ਸ਼ੋਸ਼ਲ ਸਮਾਜ ਦੀ ਭਲਾਈ ਲਈ ਚੰਗੇ ਕਾਰਜ ਕਰ ਰਹੀ ਪਟਿਆਲਾ ਸੋਸ਼ਲ ਵੈਲਫੇਅਰ ਸੋਸਾਇਟੀ ਵੱਲੋਂ ਅੱਜ ਔਰਤ ਦਿਵਸ ਸਰਕਾਰੀ ਆਈ.ਟੀ.ਆਈ. ਲੜਕੀਆਂ ਵਿੱਚ ਮਨਾਇਆ ਗਿਆ, ਜਿਸ ਵਿੱਚ ਸਮਾਜ ਵਿੱਚ ਚੰਗਾ ਕਾਰਜ ਕਰਨ ਕਾਰਨ ਰਾਜਵੀਰ ਕੌਰ, ਏਕਮਪ੍ਰੀਤ ਕੌਰ, ਆਸ਼ੀਮਾ ਗੋਇਲ, ਮਨਦੀਪ ਕੌਰ, ਮਨੀਸ਼ਾ, ਅਰਜੀਤ ਕੌਰ, ਮਨਜੋਤ ਕੌਰ, ਡਾ. ਵਨੀਤਾ ਰਾਣੀ ਪ੍ਰਿੰਸੀਪਲ ਸਰਕਾਰੀ ਸਟੇਟ ਕਾਲਜ ਆਫ ਐਜੂਕੇਸ਼ਨ ਪਟਿਆਲਾ, ਨਵਨੀਤ ਕੌਰ ਜੇਜੀ ਸਹਾਇਕ ਪ੍ਰੋਫੈਸਰ, ਫਾਇਨਾਂਸ ਸਰਕਾਰੀ ਸਟੇਟ ਕਾਲਜ ਆਫ ਐਜੂਕੇਸ਼ਨ, ਡਾ. ਹਰਕੀਰਤ ਕੌਰ ਸਹਾਇਕ ਪ੍ਰੋਫੈਸਰ ਅਤੇ ਐਚ.ਓ.ਡੀ. ਪਬਲਿਕ ਕਾਜਲ ਸਮਾਣਾ ਅਤੇ ਪ੍ਰਿੰਸੀਪਲ ਡੀ.ਪੀ. ਸਿੰਘ ਅਤੇ ਸ੍ਰੀ ਸੰਜੇ ਧੀ ਦਾ ਚੰਗੇ ਕਾਰਜਾਂ ਕਾਰਨ ਸਨਮਾਨ ਕੀਤਾ ਗਿਆ। ਔਰਤ ਅੱਜ ਤਾਕਤਵਰ ਹੈ ਅਤੇ ਮੈਦਾਨ ਵਿੱਚ ਚਾਹੇ ਰਾਜਨੀਤੀ ਹੋਵੇ, ਖੇਡ ਦਾ ਮੈਦਾਨ ਹੋਵੇ ਅਤੇ ਪੜ੍ਹਾਈ ਹੋਵੇ ਹਰ ਤਰ੍ਹਾਂ ਦੇ ਵਧੀਆ ਕਾਰਜ ਹੋਵੇ ਸਭ ਵਿੱਚ ਉਹ ਅੱਗੇ ਹੈ ਅਤੇ ਨਾਮਣਾ ਖੱਟ ਰਹੀਆਂ ਹਨ। ਔਰਤ ਮਾਤਾ, ਭੈਣ, ਲੜਕੀ ਅਤੇ ਪਤਨੀ ਦਾ ਰੋਲ ਬਾਖੂਬੀ ਨਾਲ ਨਿਭਾਉਂਦੀ ਹੈ।ਪ੍ਰਧਾਨ ਵਿਜੈ ਕੁਮਾਰ ਗੋਇਲ, ਸਕਸ਼ਮ ਗੁਪਤਾ, ਰਵਿੰਦਰ ਸਭਰਵਾਲ ਪ੍ਰਿੰਸੀਪਲ ਆਈ.ਟੀ.ਆਈ. ਡੀ.ਪੀ. ਸਿੰਘ, ਸੰਜੇ ਧੀਰ ਨੇ ਵੀ ਆਪਣੇ ਵਿਚਾਰ ਰੱਖੇ ਅਤੇ ਬੱਚਿਆਂ ਨੇ ਔਰਤ ਦੀ ਮਹਾਨਤਾ ਬਾਰੇ ਦੱਸਿਆ। ਇਸ ਅਵਸਰ 'ਤੇ ਹਰਵਿੰਦਰ ਸਭਰਵਾਲ ਵੀ ਹਾਜ਼ਰ ਸਨ।

## ਤਰਕਸ਼ੀਲ ਸੁਸਾਇਟੀ ਵੱਲੋਂ ਤਿੰਨ ਰੋਜ਼ਾ ਸੂਬਾ ਚੇਤਨਾ ਕੈਂਪ

ਪਟਿਆਲਾ, 9 ਮਾਰਚ (ਚ.ਨ.ਸ.) : ਤਰਕਸ਼ੀਲ ਸੁਸਾਇਟੀ ਪੰਜਾਬ ਦੇ ਪਟਿਆਲਾ ਜੋਨ ਦੀ ਇਕ ਵਿਸ਼ੇਸ਼ ਮੀਟਿੰਗ ਬੰਗ ਮੀਡੀਆ ਕੰਪਲੈਕਸ ਵਿੱਚ ਹੋਈ। ਇਸ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਜੋਨ ਜਥੇਬੰਦਕ ਮੁਖੀ ਬੀਬੀ ਕੁਲਵੰਤ ਕੌਰ ਨੇ ਸੂਬਾ ਵਰਕਿੰਗ ਕਮੇਟੀ ਦੀ ਬਰਨਾਲਾ ਵਿਖੇ ਪਿਛਲੇ ਦਿਨੀਂ ਸੰਪੰਨ ਹੋਈ ਮੀਟਿੰਗ ਦੇ ਫੈਸਲਿਆਂ ਬਾਰੇ ਸਾਰੇ ਤਰਕਸ਼ੀਲ ਆਗੂਆਂ ਨੂੰ ਜਾਣੂੰ ਕਰਵਾਇਆ। ਇਸ ਮੀਟਿੰਗ ਵਿੱਚ ਜੋਨ ਆਗੂ ਰਾਮ ਸਿੰਘ ਬੰਗ, ਰਾਮ ਕੁਮਾਰ ਢੱਕੜਬਾ, ਤਰਸੇਮ ਭਵਾਨੀਗੜ੍ਹ, ਉਮੇਸ਼ ਕੁਮਾਰ, ਸਤੀਸ਼ ਕੁਮਾਰ ਆਲੋਵਾਲ, ਪ੍ਰੋ. ਪੂਰਨ ਸਿੰਘ, ਮੈਡਮ ਸਨੇਹ ਲਤਾ ਤੇ ਜਾਗਨ ਸਿੰਘ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਬੀਬੀ ਕੁਲਵੰਤ ਕੌਰ ਨੇ ਦੱਸਿਆ ਵਿਗਿਆਨਕ ਚੇਤਨਾ ਦਾ ਘੇਰਾ ਵਧਾਉਣ ਲਈ ਬਰਨਾਲਾ ਵਿਖੇ ਜਿਹੜਾ ਸੂਬਾ ਚੇਤਨਾ ਕੈਂਪ 13 ਮਾਰਚ ਤੋਂ 15 ਮਾਰਚ 2026 ਤੱਕ ਤਰਕਸ਼ੀਲ ਸੁਸਾਇਟੀ ਪੰਜਾਬ ਦੀ ਸੂਬਾ ਕਮੇਟੀ ਵੱਲੋਂ ਬਰਨਾਲਾ ਵਿਖੇ ਆਯੋਜਿਤ ਕੀਤਾ ਜਾ ਰਿਹਾ ਹੈ, ਉਸ ਸੂਬਾ ਕੈਂਪ ਵਿੱਚ ਸੂਬਾ ਵਰਕਿੰਗ ਕਮੇਟੀ ਦੇ 25 ਆਗੂਆਂ ਦਾ ਸ਼ਾਮਲ ਹੋਣਾ ਜ਼ਰੂਰੀ ਹੈ। ਇਸ ਮੀਟਿੰਗ ਵਿੱਚ 130 ਤੋਂ ਵੱਧ ਤਰਕਸ਼ੀਲ ਮੈਗਜ਼ੀਨ ਵੰਡਣ ਲਈ ਮੈਂਬਰਾਂ ਨੂੰ ਦਿੱਤੇ ਗਏ।



## 'ਢਾਈ ਆਖਰ ਪ੍ਰੇਮ ਕਾ' ਨਾਟਕ ਦਾ ਸਫ਼ਲ ਮੰਚਨ

ਪਟਿਆਲਾ, 9 ਮਾਰਚ (ਚ.ਨ.ਸ.) : ਉੱਤਰੀ ਖੇਤਰ ਸੱਭਿਆਚਾਰਕ ਕੇਂਦਰ (ਸਭਿਆਚਾਰਕ ਮੰਤਰਾਲਾ, ਭਾਰਤ ਸਰਕਾਰ ) ਪਟਿਆਲਾ ਵੱਲੋਂ ਕੇਂਦਰ ਦੇ ਨਿਰਦੇਸ਼ਕ ਐਮ ਫੁਰਕਾਨ ਖਾਨ ਦੇ ਅਗਵਾਈ ਹੇਠ ਅੰਤਰਰਾਸ਼ਟਰੀ ਔਰਤ ਦਿਵਸ ਮੌਕੇ ਕਾਲੀਦਾਸ ਆਡੀਟੋਰੀਅਮ ਵਿਰਸਾ ਵਿਹਾਰ ਕੇਂਦਰ ਵਿਖੇ ਜੈਪੁਰ ਦੀ ਕਲੰਦਰ ਸੋਸਾਇਟੀ ਦੇ ਕਲਾਕਾਰਾਂ ਨੇ 'ਢਾਈ ਆਖਰ ਪ੍ਰੇਮ ਕਾ' ਨਾਟਕ ਦਾ ਸ਼ਾਨਦਾਰ ਸਫਲ ਮੰਚਨ ਕੀਤਾ । ਕਲਾਕਾਰਾਂ ਨੇ ਆਪਣੇਂ ਸਫਲ ਅਭਿਨੈ ਨਾਲ ਦਰਸ਼ਕਾਂ ਨੂੰ ਪੂਰੀ ਤਰ੍ਹਾਂ ਨਾਟਕ ਨਾਲ ਜੋੜੀ ਰੱਖਿਆ । ਇਸ ਨਾਟਕ ਦੇ ਨਿਰਦੇਸ਼ਕ ਰੁਚੀ ਭਾਰਗਵ ਨਰੂਲਾ ਸਨ ਜਦੋਂ ਕਿ ਨਾਟਕ ਦੇ ਲੇਖਕ ਬਸੰਤ ਕਨੇਟਕਰ ਸੀ। ਇਸ ਨਾਟਕ ਦੀ ਖਾਸ ਗੱਲ ਇਹ ਰਹੀ ਕਿ ਸਾਲ 1974 ਵਿੱਚ ਵੀ ਇਹ ਨਾਟਕ ਪਟਿਆਲੇ ਦੀ ਸੈਂਟਰਲ ਲਾਇਬ੍ਰੇਰੀ ਦੇ ਵਿੱਚ ਮੰਚਿਤ ਹੋਇਆ ਸੀ ਜੋ ਕਿ ਮੁੰਬਈ ਤੋਂ ਫਿਲਮ ਐਕਟਰ ਮਨਮੋਹਨ ਕਿਸ਼ਨ ਦੀ ਟੀਮ ਨੇ ਕੀਤਾ ਸੀ।ਕਹਾਣੀ ਇੱਕ ਜੀਵਨ ਮੱਧ ਵਰਗੀ ਪਰਿਵਾਰ ਦੇ ਇਰਧ ਗਿਰਧ ਘੁੰਮਦੀ ਹੈ ।ਪ੍ਰੋਫੈਸਰ ਮਾਰਤੰਡ ਵਰਮਾ ਅਤੇ ਪ੍ਰਿਯੰਵਦਾ ਜੋ ਖੁਦ ਕਦੇ ਵਿਦਰੋਹੀ ਪ੍ਰੇਮੀ ਰਹੇ ਹਨ ਹੁਣ ਆਪਣੀ ਗ੍ਰਹਿਸਥੀ ਵਿੱਚ ਰਮੇ ਹੋਏ ਹਨ । 25 ਸਾਲ ਪਹਿਲਾਂ ਦੋਨਾਂ ਨੇ ਆਪਣੇ ਪ੍ਰੇਮ ਦੇ ਲਈ ਪਰਿਵਾਰ ਦਾ ਵਿਰੋਧ ਝੱਲਿਆ ਸੀ। ਅੱਜ ਉਹਨਾਂ ਦੀ ਬੇਟੀ ਬਬਲੀ ਆਪਣੇ ਪਿਆਰੇ ਬਾਜਾ ਬਾਬੂ ਨਾਲ ਪ੍ਰੇਮ ਕਰਦੀ ਹੈ । ਵਿਡੰਬਨਾ ਇਹ ਹੈ ਕਿ ਪ੍ਰਿਯੰਵਦਾ, ਜੋ ਕਦੇ ਬਾਗ਼ੀ ਸੀ, ਹੁਣ ਆਪਣੀ ਧੀ ਦੇ ਪਿਆਰ ਦਾ ਉਸੇ ਤਰ੍ਹਾਂ ਵਿਰੋਧ ਕਰਨਾ ਸ਼ੁਰੂ ਕਰ ਦਿੰਦੀ ਹੈ ਜਿਵੇਂ ਉਸਦੀ ਮਾਂ ਕਦੇ ਕਰਦੀ ਸੀ। ਨਾਟਕ ਪ੍ਰੇਮ ਦੀ ਇਹ ਚੱਕਰੀ ਪ੍ਰਕਿਰਤੀ ਨੂੰ ਹਾਸਰਸ ਅਤੇ ਸੰਵੇਦਨਾ ਦੇ ਨਾਲ ਪ੍ਰਸਤੁਤ ਕਰਦਾ ਹੈ, ਜਿਸ ਵਿੱਚ ਵਕਤ ਤਾਂ ਬਦਲ ਗਿਆ ਪਰ ਮੁਹੱਬਤ ਦਾ ਰੰਗ ਉਹੀ ਰਿਹਾ ।



# ਪਟਿਆਲਾ-ਆਸ/ਪਾਸ



## 'ਆਪ' ਸਰਕਾਰ ਨੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕੀਤੇ : ਹਰਚੰਦ ਸਿੰਘ ਬਰਸਟ

### ➢ਪੰਜਾਬ ਸਰਕਾਰ ਨੇ ਬਜਟ 'ਚ ਹਰ ਵਰਗ ਦਾ ਰੱਖਿਆ ਧਿਆਨ, ਮਹਿਲਾਵਾਂ ਨੂੰ 1000 ਦੇਣ ਦਾ ਫੈਸਲਾ ਇਤਿਹਾਸਕ

ਸਮਾਣਾ, 9 ਮਾਰਚ (ਵਿਜੇ ਕੁਮਾਰ/ਜਵੰਦਾ) : ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਵਿੱਤ ਮੰਤਰੀ ਸ. ਹਰਪਾਲ ਸਿੰਘ ਚੀਮਾ ਵੱਲੋਂ ਵਿਧਾਨ ਸਭਾ ਵਿੱਚ ਪੇਸ਼ ਕੀਤੇ ਗਏ ਵਿੱਤੀ ਸਾਲ 2026-27 ਦੇ ਬਜਟ ਨੂੰ ਵਿਕਾਸ ਪੱਖੀ ਅਤੇ ਲੋਕ ਹਿਤੈਸ਼ੀ ਕਰਾਰ ਦਿੰਦਿਆਂ ਇਸਦਾ ਸਵਾਗਤ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਬਜਟ ਵਿੱਚ ਸਮਾਜ ਦੇ ਹਰ ਵਰਗ ਦੀ ਭਲਾਈ, ਉੱਨਤੀ ਅਤੇ ਤਰੱਕੀ ਨੂੰ ਅਹਿਮੀਅਤ ਦਿੱਤੀ ਗਈ ਹੈ। ਸ. ਬਰਸਟ ਨੇ ਮਹਿਲਾ



ਸਸ਼ਕਤੀਕਰਨ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਪਹਿਲ ਦਾ ਸਵਾਗਤ ਕਰਦਿਆਂ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਦੀ ਸ਼ਲਾਘਾ ਕੀਤੀ। ਇਸ ਯੋਜਨਾ ਤਹਿਤ ਮਹਿਲਾਵਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਅਤੇ ਅਨੁਸੂਚਿਤ ਜਾਤੀ ਭਾਈਚਾਰੇ ਨਾਲ ਸਬੰਧਤ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਮਿਲਣਗੇ। ਉਨ੍ਹਾਂ ਕਿਹਾ ਕਿ ਇਸ ਯੋਜਨਾ ਨਾਲ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਵੀ ਮਜ਼ਬੂਤੀ ਮਿਲੇਗੀ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕਾਂ ਨੂੰ ਕੀਤੇ ਵਾਅਦੇ 4 ਸਾਲਾਂ ਵਿੱਚ ਪੂਰੇ ਕਰਕੇ ਦਿਖਾਏ ਹਨ, ਜੋ ਆਪ ਸਰਕਾਰ ਦੀ ਸੂਬੇ ਦੇ ਚਹੁੰਪੱਖੀ ਵਿਕਾਸ ਅਤੇ ਲੋਕਾਂ ਦੀ ਭਲਾਈ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਬਜਟ ਵਿੱਚ ਸੂਬੇ ਦੇ ਹਰ ਵਰਗ ਦਾ ਧਿਆਨ ਰੱਖਿਆ ਗਿਆ ਹੈ। ਵਿੱਤ ਮੰਤਰੀ ਵੱਲੋਂ ਪੇਸ਼ ਕੀਤਾ ਗਿਆ ਬਜਟ ਪੰਜਾਬ ਸਰਕਾਰ ਦੀ ਸਿੱਖਿਆ ਪ੍ਰਤੀ ਚੰਗੀ ਅਤੇ ਭਵਿੱਖਮੁਖੀ ਸੋਚ ਨੂੰ ਦਰਸਾਉਂਦਾ ਹੈ ਅਤੇ ਇਹ ਸਿੱਖਿਆ, ਸਿਹਤ, ਕਿਸਾਨਾਂ, ਆਮ ਲੋਕਾਂ ਸਮੇਤ ਸਾਰੇ ਵਰਗਾਂ ਅਤੇ ਖੇਤਰਾਂ 'ਤੇ ਕੇਂਦਰਿਤ ਹੈ।

## ਪ੍ਰਵਾਸੀ ਮਜ਼ਦੂਰ ਵੱਲੋਂ ਫਾਹਾ ਲੈ ਕੇ ਖੁਦਕਸ਼ੀ

ਸਮਾਣਾ, 9 ਮਾਰਚ (ਵਿਜੇ ਕੁਮਾਰ) : ਪਾਤੜਾਂ ਸਬ-ਡਵੀਜ਼ਨ ਦੇ ਅਧੀਨ ਪੈਂਦੇ ਪਿੰਡ ਹਰਿਆਊ ਖੁਰਦ ਦੇ ਇੱਕ ਖੇਤ ਵਿੱਚ ਕੰਮ ਕਰਦੇ ਪ੍ਰਵਾਸੀ ਮਜ਼ਦੂਰ ਵੱਲੋਂ ਫਾਹਾ ਲੈ ਕੇ ਖੁਦਕਸ਼ੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਸੂਚਨਾ ਮਿਲਣ 'ਤੇ ਪਹੁੰਚੀ ਪੁਲਿਸ ਨੇ ਘਟਨਾ ਸਥਾਨ ਦਾ ਜਾਇਜ਼ਾ ਲਿਆ ਅਤੇ ਮ੍ਰਿਤਕ ਦੀ ਦੇਹ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਸਮਾਣਾ ਲਿਆਂਦਾ ਗਿਆ। ਮਾਮਲੇ ਦੇ ਜਾਂਚ ਅਧਿਕਾਰੀ ਪਾਤੜਾਂ ਪੁਲਿਸ ਦੇ ਏ.ਐਸ.ਆਈ. ਤੇਜਾ ਸਿੰਘ ਨੇ ਦੱਸਿਆ ਕਿ ਮ੍ਰਿਤਕ ਰਵੀ ਸ਼ੰਕਰ (33), ਨਿਵਾਸੀ ਪਿੰਡ ਦੇਵਰੀਆ (ਜ਼ਿਲਾ ਸੀਤਾਪੁਰ, ਉੱਤਰ ਪ੍ਰਦੇਸ਼) ਦੇ ਭਰਾ ਉਮਾਸ਼ੰਕਰ ਵੱਲੋਂ ਦਰਜ ਕਰਵਾਏ ਬਿਆਨਾਂ ਅਨੁਸਾਰ, ਉਸ ਦਾ ਭਰਾ ਪਿਛਲੇ 9 ਮਹੀਨਿਆਂ ਤੋਂ ਪਿੰਡ ਹਰਿਆਊ ਖੁਰਦ ਦੇ ਇੱਕ ਕਿਸਾਨ ਦੇ ਖੇਤ ਵਿੱਚ ਬਤੌਰ ਮਜ਼ਦੂਰ



ਕੰਮ ਕਰ ਰਿਹਾ ਸੀ ਅਤੇ ਦੋ ਦਿਨ ਪਹਿਲਾਂ ਹੀ ਆਪਣੇ ਪਿੰਡ ਤੋਂ ਵਾਪਸ ਆਇਆ ਸੀ। 7 ਮਾਰਚ ਦੀ ਸ਼ਾਮ ਨੂੰ ਉਸ ਨੇ ਖੇਤ ਵਿੱਚ ਬਣੇ ਪਸ਼ੂਆਂ ਦੇ ਸ਼ੈੱਡ ਵਿੱਚ ਰੱਸੀ ਨਾਲ ਫਾਹਾ ਲਗਾ ਕੇ ਆਪਣੀ ਜੀਵਨ ਲੀਲਾ ਸਮਾਪਤ ਕਰ ਲਈ। ਅਧਿਕਾਰੀ ਅਨੁਸਾਰ, ਦਰਜ ਬਿਆਨਾਂ ਦੇ ਆਧਾਰ 'ਤੇ ਪੁਲਿਸ ਨੇ ਭਾਰਤੀ ਨਿਆਂ ਸੰਹਿਤਾ ਦੀ ਧਾਰਾ 194 ਤਹਿਤ ਕਾਰਵਾਈ ਕਰਦਿਆਂ ਪੋਸਟਮਾਰਟਮ ਤੋਂ ਬਾਅਦ ਲਾਸ਼ ਵਾਰਸਾਂ ਦੇ ਹਵਾਲੇ ਕਰ ਦਿੱਤੀ ਹੈ। ਮ੍ਰਿਤਕ ਅਣਵਿਆਹਿਆ ਸੀ।

## ਖ਼ਾਲਸਾ ਕਾਲਜ ਨੇ ਸਿਮਰਨਦੀਪ ਕੌਰ ਨੂੰ ਕਾਲਜ ਰਤਨ ਐਵਾਰਡ ਪ੍ਰਦਾਨ ਕਰਕੇ ਕੀਤਾ ਸਨਮਾਨਿਤ

### ➢ਯੂ.ਪੀ.ਐੱਸ.ਸੀ. ਦੀ ਪ੍ਰੀਖਿਆ 'ਚੋਂ 15ਵਾਂ ਰੈਂਕ ਹਾਸਲ ਕਰਨ ਵਾਲੀ ਸਿਮਰਨਦੀਪ ਕੌਰ ਦਾ ਕਾਲਜ ਪੁੱਜਣ 'ਤੇ ਸਵਾਗਤ

ਪਟਿਆਲਾ, 9 ਮਾਰਚ (ਰੁਪਾਣਾ) : ਪਟਿਆਲਾ ਦੇ ਪ੍ਰਮੁੱਖ ਵਿੱਦਿਅਕ ਅਦਾਰੇ ਖ਼ਾਲਸਾ ਕਾਲਜ ਪਟਿਆਲਾ ਵਿਖੇ ਅੱਜ ਉਸ ਸਮੇਂ ਜਸ਼ਨ ਦਾ ਮਾਹੌਲ ਬਣ ਗਿਆ ਜਦੋਂ ਯੂ.ਪੀ.ਐਸ.ਸੀ. ਦੀ ਪ੍ਰੀਖਿਆ ਵਿੱਚੋਂ 15ਵਾਂ ਰੈਂਕ ਹਾਸਲ ਕਰਕੇ ਸੰਸਥਾ ਦਾ ਨਾਮ ਰੌਸ਼ਨ ਕਰਨ ਵਾਲੀ ਹੋਣਹਾਰ ਵਿਦਿਆਰਥਣ ਸਿਮਰਨਦੀਪ ਕੌਰ ਨੇ ਕਾਲਜ ਕੈਂਪਸ ਵਿੱਚ ਸ਼ਿਰਕਤ ਕੀਤੀ। ਕਾਲਜ ਪ੍ਰਬੰਧਕਾਂ, ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਸਿਮਰਨਦੀਪ ਕੌਰ ਦਾ ਫੁੱਲਾਂ ਦੇ ਹਾਰ ਅਤੇ ਨਿੱਘੀ ਜੀ ਆਇਆਂ ਨਾਲ ਭਰਵਾਂ ਸਵਾਗਤ ਕੀਤਾ ਗਿਆ। ਇਸ ਖ਼ੁਸ਼ੀ ਦੇ ਮੌਕੇ 'ਤੇ ਸਿਮਰਨਦੀਪ ਕੌਰ ਦੇ ਨਾਲ ਉਨ੍ਹਾਂ ਦੇ ਮਾਤਾ-ਪਿਤਾ ਅਤੇ ਪਰਿਵਾਰਕ ਮੈਂਬਰ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਸਮਾਗਮ ਦੌਰਾਨ ਕਾਲਜ ਦੀ ਰੀਤ



ਅਨੁਸਾਰ ਸਿਮਰਨਦੀਪ ਕੌਰ ਨੂੰ ਉਸ ਦੀ ਅਦੁੱਤੀ ਸਫ਼ਲਤਾ ਲਈ ਕਾਲਜ ਦਾ ਸਰਵ-ਉੱਤਮ ਅਵਾਰਡ 'ਕਾਲਜ ਰਤਨ' ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸਿਮਰਨਦੀਪ ਕੌਰ ਭਾਵੁਕ ਨਜ਼ਰ ਆਈ। ਕਾਲਜ ਦੇ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ ਨੇ ਸਿਮਰਨਦੀਪ ਕੌਰ ਅਤੇ ਉਸ ਦੇ ਪਰਿਵਾਰ ਨੂੰ ਵਧਾਈ ਦਿੱਤੀ। ਇਸੇ ਤਰ੍ਹਾਂ ਇਸ ਮੌਕੇ ਪੋਲੀਟੀਕਲ ਸਾਇੰਸ ਵਿਭਾਗ ਦੇ ਮੁਖੀ ਡਾ. ਜਗਤਾਰ ਸਿੰਘ, ਡਿਪਟੀ ਪ੍ਰਿੰਸੀਪਲ ਡਾ. ਜਸਲੀਨ ਕੌਰ, ਵਾਈਸ ਪ੍ਰਿੰਸੀਪਲ ਡਾ. ਹਰਵਿੰਦਰ ਕੌਰ, ਵੱਖ-ਵੱਖ ਵਿਭਾਗਾਂ ਦੇ ਮੁਖੀ ਸਾਹਿਬਾਨ ਅਤੇ ਸਟਾਫ ਮੈਂਬਰ ਹਾਜ਼ਰ ਸਨ।

## ਈ-ਨਿਗਮ ਐਪ 'ਤੇ ਮੀਟਿੰਗ, ਹੁਣ ਇੱਕ ਕਲਿੱਕ 'ਤੇ ਮਿਲੇਗੀ ਹਰ ਪ੍ਰੋਜੈਕਟ ਦੀ ਜਾਣਕਾਰੀ : ਮੇਅਰ, ਕਮਿਸ਼ਨਰ

ਪਟਿਆਲਾ, 9 ਮਾਰਚ (ਚ.ਨ.ਸ.) : ਸ਼ਾਹੀ ਸ਼ਹਿਰ ਪਟਿਆਲਾ ਨੇ ਪੂਰੇ ਪੰਜਾਬ ਵਿੱਚ ਪਹਿਲਾ ਡਿਜੀਟਲ ਨਗਰ ਨਿਗਮ ਬਣਨ ਦਾ ਮਾਣ ਹਾਸਲ ਕੀਤਾ ਹੈ। ਸਥਾਨਕ ਸਰਕਾਰਾਂ ਵਿਭਾਗ ਵੱਲੋਂ ਤਿਆਰ ਕੀਤੀ ਗਈ 'ਈ-ਨਿਗਮ ਐਪ' 'ਤੇ ਪਹਿਲੀ ਆਨਲਾਈਨ ਮੀਟਿੰਗ ਸਫ਼ਲਤਾਪੂਰਵਕ ਮੁਕੰਮਲ ਹੋ ਚੁੱਕੀ ਹੈ। ਜ਼ਿਕਰਯੋਗ ਹੈ ਕਿ 2 ਮਾਰਚ, 2026 ਨੂੰ ਬਜਟ ਅਤੇ ਜਨਰਲ ਹਾਊਸ ਦੀ ਮੀਟਿੰਗ ਇਸੇ ਐਪ ਰਾਹੀਂ ਆਯੋਜਿਤ ਕੀਤੀ ਗਈ। ਇਸ ਇਤਿਹਾਸਕ ਕਦਮ ਨਾਲ ਨਗਰ ਨਿਗਮ ਦਾ ਸਮੁੱਚਾ ਕੰਮਕਾਜ ਹੁਣ ਪੇਪਰ-ਲੈੱਸ ਹੋ ਗਿਆ ਹੈ, ਜਿਸ ਨਾਲ ਨਾ ਸਿਰਫ਼ ਪਾਰਦਰਸ਼ਤਾ ਆਵੇਗੀ, ਸਗੋਂ ਜਨਤਾ ਦੇ ਪੈਸੇ ਦੀ ਵੀ ਵੱਡੀ ਬਚਤ ਹੋਵੇਗੀ। ਮੀਟਿੰਗ ਦੌਰਾਨ ਹਾਊਸ ਵਿੱਚ ਕੋਈ ਵੀ ਏਜੰਡਾ ਕਾਗਜ਼ 'ਤੇ ਨਹੀਂ ਦਿੱਤਾ ਗਿਆ ਅਤੇ ਡਿਜੀਟਲ ਈ-ਬੁੱਕ ਦੇ ਮਾਧਿਅਮ ਨਾਲ ਸਾਰਾ ਏਜੰਡਾ ਪੜ੍ਹਿਆ ਗਿਆ। ਦੱਸਣਯੋਗ ਹੈ ਕਿ ਈ-ਨਿਗਮ ਸੌਫਟਵੇਅਰ ਨੂੰ ਨੈਸ਼ਨਲ ਇਨਫੋਰਮੈਟਿਕਸ ਸੈਂਟਰ, ਪੰਜਾਬ ਵੱਲੋਂ ਵਿਕਸਿਤ ਅਤੇ ਲਾਗੂ ਕੀਤਾ ਗਿਆ ਹੈ। ਇਸ ਸਬੰਧੀ, ਸਿਸਟਮ ਦੇ ਸੁਚਾਰੂ ਸੰਚਾਲਨ ਅਤੇ ਪ੍ਰਭਾਵਸ਼ਾਲੀ ਵਰਤੋਂ ਨੂੰ ਯਕੀਨੀ ਬਣਾਉਣ ਲਈ ਐਨ.ਆਈ.ਸੀ. ਦੀ ਟੀਮ ਵੱਲੋਂ ਨਿਰੰਤਰ ਸਿਖਲਾਈ ਅਤੇ ਤਕਨੀਕੀ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ। ਇਸ ਬਾਰੇ ਹੋਰ ਜਾਣਕਾਰੀ ਦਿੰਦਿਆਂ ਮੇਅਰ ਕੁੰਦਨ ਗੋਗੀਆ ਅਤੇ ਕਮਿਸ਼ਨਰ ਪਰਮਜੀਤ ਸਿੰਘ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਮੇਅਰ, ਸੀਨੀਅਰ ਡਿਪਟੀ ਮੇਅਰ, ਡਿਪਟੀ ਮੇਅਰ ਅਤੇ ਸਾਰੇ 60 ਵਾਰਡਾਂ ਦੇ ਕੌਂਸਲਰਾਂ ਦੀ ਵਿਸ਼ੇਸ਼ ਲੌਗਇਨ ਆਈ.ਡੀ. ਬਣ ਗਈ ਹੈ। ਨਾਲ ਹੀ, ਸਾਰੇ ਸਬੰਧਤ ਪੱਖਾਂ ਨੂੰ ਟੈਬਲੇਟ ਵੀ ਉਪਲਬਧ ਕਰਵਾਏ ਗਏ ਹਨ। ਇਸ ਦੇ ਨਾਲ ਹੀ ਕੌਂਸਲਰ ਹੁਣ ਆਪਣੇ ਕੰਪਿਊਟਰ ਰਾਹੀਂ ਏਜੰਡਾ ਅਤੇ ਕਾਰਵਾਈ ਦਾ ਪੂਰਾ ਵੇਰਵਾ ਦੇਖ ਸਕਦੇ ਹਨ। ਉਨ੍ਹਾਂ ਕਿਹਾ ਕਿ ਇਸ ਐਪ ਨੂੰ ਬਣਾਉਣ ਦਾ ਮੁੱਖ ਉਦੇਸ਼ ਸਟੇਸ਼ਨਰੀ ਦੇ ਖਰਚੇ ਨੂੰ ਘਟਾਉਣਾ ਅਤੇ ਨਗਰ ਨਿਗਮ ਦੇ ਕੰਮਾਂ ਵਿੱਚ ਪਾਰਦਰਸ਼ਤਾ ਲਿਆਉਣਾ ਹੈ। ਨਿਗਮ ਵਿੱਚ ਹਰ ਸਾਲ ਸਟੇਸ਼ਨਰੀ 'ਤੇ ਲਗਭਗ 25 ਤੋਂ 30 ਲੱਖ ਰੁਪਏ ਖਰਚ ਹੁੰਦੇ ਸਨ, ਜਿਸ ਵਿੱਚ ਹੁਣ 70% ਤੱਕ ਦੀ ਕਮੀ ਆਉਣ ਦੀ ਉਮੀਦ ਹੈ।

## ਰਾਜਪਾਲ ਗੁਲਾਬ ਚੰਦ ਕਟਾਰੀਆ ਵੱਲੋਂ ਘੋੜਿਆਂ ਦੀ ਪੰਜਾਬ ਨਸਲ ਨੂੰ ਸੰਭਾਲਣ ਤੇ ਹੋਰ ਪ੍ਰਫੁੱਲਤ ਕਰਨ 'ਤੇ ਜ਼ੋਰ

### ਰਾਜਪਾਲ ਨੇ ਘੋੜਿਆਂ ਦੀ ਪੰਜਾਬ ਨਸਲ ਦੇ ਤਿੰਨ ਰੋਜ਼ਾ ਹੈਰੀਟੇਜ ਸ਼ੋਅ ਦੇ ਜੇਤੂਆਂ ਨੂੰ ਇਨਾਮ ਵੰਡੇ

ਪਟਿਆਲਾ, 9 ਮਾਰਚ (ਰੁਪਾਣਾ) : ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਪੰਜਾਬ ਨਸਲ ਦੇ ਘੋੜਿਆਂ ਦੀ ਸਾਡੀ ਵਿਰਾਸਤੀ ਨਸਲ ਨੂੰ ਸੰਭਾਲਣ ਤੇ ਹੋਰ ਪ੍ਰਫੁੱਲਤ ਕਰਨ 'ਤੇ ਜ਼ੋਰ ਦਿੱਤਾ ਹੈ। ਪੰਜਾਬ ਦੇ ਰਾਜਪਾਲ ਪਟਿਆਲਾ ਵਿਖੇ ਘੋੜਿਆਂ ਦੀ ਪੰਜਾਬ ਨਸਲ ਦੇ ਤਿੰਨ ਰੋਜ਼ਾ ਹੈਰੀਟੇਜ ਸ਼ੋਅ ਦੇ ਜੇਤੂਆਂ ਨੂੰ ਇਨਾਮ ਵੰਡਣ ਪੁੱਜੇ ਹੋਏ ਸਨ। ਸ੍ਰੀ ਗੁਲਾਬ ਚੰਦ ਕਟਾਰੀਆ ਨੇ ਸ਼ੋਅ ਦੇ ਮੁੱਖ ਆਯੋਜਕ ਪ੍ਰੋ. ਸੁਮੇਰ ਸਿੰਘ ਸੀੜਾ ਨੂੰ ਇਸ ਸਫ਼ਲ ਸ਼ੋਅ ਨੂੰ ਕਰਵਾਉਣ ਲਈ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਸ਼ੋਅ ਕਰਵਾਉਣੇ ਜਿੱਥੇ ਆਪਣੀ ਵਿਰਾਸਤ ਨੂੰ ਸੰਭਾਲਣ ਵੱਲ ਅਹਿਮ ਕਦਮ ਹੈ, ਉਥੇ ਹੀ ਸਾਡੀ ਨਵੀਂ ਪੀੜ੍ਹੀ ਨੂੰ ਵੀ ਘੋੜਿਆਂ ਦੀ ਆਪਣੀ ਰਵਾਇਤੀ ਤੇ ਵਿਰਾਸਤੀ ਪੰਜਾਬ ਨਸਲ ਤੋਂ ਜਾਣੂ ਕਰਵਾਉਣ ਦਾ ਅਹਿਮ ਉਪਰਾਲਾ ਹੈ। ਸ੍ਰੀ ਕਟਾਰੀਆ ਨੇ ਮਹਾਂਭਾਰਤ, ਅਸਵਮੇਧ ਯੱਗ, ਮਹਾਰਾਣਾ ਪ੍ਰਤਾਪ, ਸ਼ਿਵਾ ਜੀ ਸਮੇਤ ਹੋਰ ਪੁਰਾਣਕ ਹਵਾਲਿਆਂ ਦਾ ਜਿਕਰ ਕਰਦਿਆਂ ਕਿਹਾ



ਕਿ ਘੋੜਾ ਆਦਿ ਕਾਲ ਤੋਂ ਹੀ ਮਨੁੱਖ ਨਾਲ ਜੰਗਾਂ-ਯੁੱਧਾਂ ਤੇ ਆਮ ਸਮਿਆਂ ਦਾ ਵਫ਼ਾਦਾਰ ਸਾਥੀ ਰਿਹਾ ਹੈ, ਜਿਸ ਲਈ ਆਪਣੇ ਅਤੀਤ ਨੂੰ ਜਾਣਨਾ, ਵਰਤਮਾਨ ਤੇ ਭਵਿੱਖ ਨੂੰ ਸੰਭਾਲਣ ਵਾਲਾ ਕਦਮ ਹੈ। ਉਨ੍ਹਾਂ ਕਿਹਾ ਕਿ ਉਹ ਪਹਿਲੀ ਵਾਰ ਘੋੜਿਆਂ ਦੇ ਕਿਸੇ ਅਜਿਹੇ ਸ਼ੋਅ ਵਿੱਚ ਪੁੱਜੇ ਹਨ ਤੇ ਇੱਥੇ ਆ ਕੇ ਪਤਾ ਲੱਗਦਾ ਹੈ ਕਿ ਸਾਡੇ ਭਾਰਤ ਦਾ ਅਤੀਤ ਬਹੁਤ ਗੌਰਵਸ਼ਾਲੀ ਰਿਹਾ ਹੈ, ਕਿਉਂਕਿ ਕਿਸੇ ਕੋਲ ਘੋੜੇ ਹੋਣਾ ਸ਼ਕਤੀ ਤੇ ਰੁਤਬੇ ਦਾ ਵੀ ਪ੍ਰਤੀਕ ਰਿਹਾ ਹੈ, ਜਦਕਿ ਫ਼ੌਜ ਤੇ ਪੁਲਿਸ ਦੇ ਘੋੜੇ ਅਮਨ-ਕਾਨੂੰਨ ਦੀ ਰਾਖੀ ਲਈ ਕੰਮ ਆਉਂਦੇ ਹਨ। ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਅਫ਼ਸੋਸ ਜਤਾਉਂਦਿਆਂ ਕਿਹਾ ਕਿ ਅੱਜ ਘੋੜਿਆਂ ਦੀਆਂ ਕਈ ਨਸਲਾਂ ਅਲੋਪ ਹੋ ਰਹੀਆਂ ਹਨ, ਜਿਸ ਲਈ ਪੰਜਾਬ ਸਮੇਤ ਕਾਠੀਆਵਾੜ ਸਾਡੀਆਂ ਰਵਾਇਤੀ ਨਸਲਾਂ ਨੂੰ ਸੰਭਾਲਣ ਦੀ ਬਹੁਤ ਲੋੜ ਹੈ। ਸ਼ੋਅ ਦੇ ਮੁੱਖ ਆਯੋਜਕ ਪ੍ਰੋ. ਸੁਮੇਰ ਸਿੰਘ ਸੀੜਾ ਨੇ ਦੱਸਿਆ ਕਿ ਇਸ ਸ਼ੋਅ ਵਿਚ ਪੰਜਾਬ ਭਰ ਤੋਂ ਪੰਜਾਬ ਨਸਲ ਦੇ ਘੋੜੇ ਭਾਗ ਲੈ ਰਹੇ ਹਨ। ਪ੍ਰੋ. ਸੀੜਾ ਨੇ ਕਿਹਾ ਕਿ ਉਨ੍ਹਾਂ ਦਾ ਟੀਚਾ ਤੇ ਮਿਸ਼ਨ ਪੰਜਾਬ ਨਸਲ ਨੂੰ ਬਚਾਉਣਾ ਹੈ, ਜਿਸ ਲਈ ਹੀ ਉਹ ਹਰ ਸੰਭਵ ਕੋਸ਼ਿਸ ਕਰ ਰਹੇ ਹਨ। ਡਾ. ਰਮਿੰਦਰ ਕੌਰ ਸੀੜ੍ਹਾ ਨੇ ਮੰਚ ਤੋਂ ਰਾਜਪਾਲ ਸ੍ਰੀ ਕਟਾਰੀਆ ਅਤੇ ਸਮੁੱਚੀ ਸੰਗਤ ਦਾ ਧੰਨਵਾਦ ਵੀ ਕੀਤਾ। ਇਸ ਤੋਂ ਪਹਿਲਾਂ ਸ਼ੋਅ ਦੇ ਪ੍ਰਧਾਨ ਪ੍ਰੋ. ਸੁਮੇਰ ਸਿੰਘ ਸੀੜ੍ਹਾ, ਆਰਗੇਨਾਈਜਿੰਗ ਸੈਕਟਰੀ ਸਿਮਰਨਜੀਤ ਸਿੰਘ ਬਿੱਲਾ ਅਤੇ ਸਮੁੱਚੀ ਟੀਮ ਨੇ ਰਾਜਪਾਲ ਦਾ ਪਹੁੰਚਣ 'ਤੇ ਸਵਾਗਤ ਕਰਦਿਆਂ ਸਨਮਾਨਤ ਕੀਤਾ। ਇਸ ਮੌਕੇ ਬਾਬਾ ਜੋਰਾ ਸਿੰਘ ਤਲਵੰਡੀ ਸਾਬੋ, ਡਾ. ਸਮਸੇਰ ਸਿੰਘ ਫਿਰੋਜਪੁਰ, ਬਾਬਾ ਚੇਤਾ ਸਿੰਘ ਤਲਵੰਡੀ, ਦੀਪ ਸਿੰਘ ਸਾਂਘਣ, ਅਮਰਿੰਦਰ ਸਿੰਘ ਪਮਾਲ, ਭਗਤ ਮਾਹਲ, ਰਬੂ, ਅਮਨਦੀਪ ਸਿੰਘ ਚਹਿਲ, ਕੁਲਵੰਤ ਸਿੰਘ ਹੁਸ਼ਿਆਰਪੁਰ, ਪ੍ਰੀਤਇੰਦਰ ਸਿੰਘ ਸਿੱਧੂ, ਗੁਰਬਖਸ਼ ਸਿੰਘ ਡਾਇਰੈਕਟਰ ਦਸ਼ਮੇਸ਼ ਕੰਬਾਇਨਸ਼ ਐਂਡ ਲੈਂਡ ਫੋਰਸ, ਜਸਬੀਰ ਸਿੰਘ ਜੱਸੀ, ਸੰਦੀਪ ਸਿੰਘ ਰੰਧਾਵਾ, ਕੇ.ਬੀ.ਐਸ਼ ਸਿੱਧੂ, ਸੁਨੀਲ ਕੁਮਾਰ ਰਾਜਪੁਰਾ ਆਦਿ ਨੂੰ ਸਨਮਾਨਤ ਵੀ ਕੀਤਾ ਗਿਆ।

## ਕਾਲਾ ਮੋਤੀਆ ਸਥਾਈ ਨੇਤਰਹੀਣਤਾ ਦੇ ਮੁੱਖ ਕਾਰਨਾਂ 'ਚੋਂ ਇੱਕ : ਡਾ.ਕੁਸ਼ਲਦੀਪ ਕੌਰ

### -14 ਤੱਕ ਵਿਸ਼ਵ ਗਲੋਕੋਮਾ ਹਫਤਾ ਮਨਾਇਆ ਜਾਵੇਗਾ

ਪਟਿਆਲਾ, 9 ਮਾਰਚ (ਚ.ਨ.ਸ.) : ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਹੇਠ ਕਾਰਜਕਾਰੀ ਸਿਵਲ ਸਰਜਨ ਪਟਿਆਲਾ ਡਾ.ਕੁਸ਼ਲਦੀਪ ਕੌਰ ਦੀ ਅਗਵਾਈ ਵਿੱਚ ਸਾਰੇ ਸਰਕਾਰੀ ਸੰਸਥਾਵਾਂ ਵਿੱਚ ਵਿਸ਼ਵ ਗਲੋਕੋਮਾ ਹਫਤਾ 8 ਤੋਂ 14 ਮਾਰਚ ਤੱਕ ਮਨਾਇਆ ਜਾ ਰਿਹਾ ਹੈ।ਇਸ ਵਾਰੀ ਦਾ ਥੀਮ ਹੈ ਗਲੋਕੋਮਾ ਮੁਕਤ ਸੰਸਾਰ ਲਈ ਇੱਕਜੁੱਟ ਹੋਈਏ, ਜਿਸ ਤਹਿਤ ਅੱਖਾਂ ਦੀ ਵਿਸ਼ੇਸ਼ ਜਾਂਚ ਲਈ ਜ਼ਿਲ੍ਹਾ ਅਤੇ ਸਬ ਡਵੀਜ਼ਨ ਹਸਪਤਾਲਾਂ ਵਿੱਚ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ। ਇਸ ਵਿਸ਼ੇਸ਼ ਹਫਤੇ ਦੌਰਾਨ ਲੋਕਾਂ ਨੂੰ ਅੱਖਾਂ ਦੀ ਸਿਹਤ ਸੰਭਾਲ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ।ਉਨ੍ਹਾਂ ਨੇ ਕਿਹਾ ਕਿ ਸਮੇਂ ਸਿਰ ਇਸ ਬਿਮਾਰੀ ਦਾ ਪਤਾ ਲਗਣ 'ਤੇ ਇਲਾਜ ਸਫਲ ਤਰੀਕੇ ਨਾਲ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕੋਈ ਸ਼ੂਗਰ, ਬਲੱਡ ਪ੍ਰੈਸ਼ਰ, ਅਲਰਜੀ, ਦਮਾ, ਚਮੜੀ ਰੋਗਾਂ ਨਾਲ ਪੀੜਤ ਮਰੀਜ ਸਟੀਰਾਇਡ ਦੀ ਵਰਤੋਂ ਕਰਦਾ ਹੈ, ਤਾਂ ਅਜਿਹੇ ਵਿਅਕਤੀ



ਨੂੰ ਕਾਲਾ ਮੋਤੀਆ ਹੋਣ ਦੀ ਜ਼ਿਆਦਾ ਸੰਭਾਵਨਾ ਹੁੰਦੀ ਹੈ। ਇਸ ਲਈ ਅਜਿਹੇ ਲੋਕਾਂ ਨੂੰ ਆਪਣੀਆ ਅੱਖਾਂ ਦੀ ਨਿਯਮਿਤ ਜਾਂਚ ਕਰਵਾਉਣੀ ਜ਼ਰੂਰੀ ਹੈ। ਉਨ੍ਹਾਂ ਨੇ ਕਿਹਾ ਕਿ ਗਲੋਕੋਮਾ ਵਿੱਚ ਅੱਖਾਂ ਦੀ ਨਸ (ਆਪਟਿਕ ਨਰਵ) ਖਰਾਬ ਹੋ ਜਾਂਦੀ ਹੈ ਇਸ ਲਈ ਇਸ ਬਾਰੇ ਲੋਕਾਂ ਨੂੰ ਜਾਗਰੂਕ ਕੀਤੇ ਜਾਣ ਦੀ ਲੋੜ ਹੈ। ਉਨ੍ਹਾਂ ਆਖਿਆ ਕਿ ਅਸਾਧਾਰਨ ਸਿਰ ਦਰਦ ਜਾਂ ਅੱਖਾਂ ਵਿੱਚ ਦਰਦ, ਪੜ੍ਹਨ ਵਾਲੇ ਚਸ਼ਮਿਆਂ ਦਾ ਵਾਰ ਵਾਰ ਬਦਲਣਾ, ਪ੍ਰਕਾਸ਼ ਦੇ ਦੁਆਲੇ ਰੰਗਦਾਰ ਚੱਕਰ, ਅੱਖਾਂ ਵਿੱਚ ਦਰਦ ਅਤੇ ਲਾਲੀ ਦੇ ਨਾਲ ਦ੍ਰਿਸ਼ਟੀ ਦੀ ਅਚਾਨਕ ਹਾਨੀ, ਦ੍ਰਿਸ਼ਟੀ ਦੇ ਖੇਤਰ ਦਾ ਸੀਮਿਤ ਹੋਣਾ ਕਾਲੇ ਮੋਤੀਏ ਦੇ ਲੱਛਣ ਹਨ।

## ਮਾਣਹਾਨੀ ਦੇ ਮਾਮਲੇ 'ਚ ਆਰਗੂਮੈਂਟ ਜਾਰੀ

ਪਟਿਆਲਾ, 9 ਮਾਰਚ (ਵਿਨੋਦ ਸ਼ਰਮਾ) : ਅਦਾਲਤ 'ਚ ਚਲ ਰਹੇ ਮਾਣਹਾਨੀ ਦੇ ਇੱਕ ਮਾਮਲੇ ਵਿੱਚ ਸਾਬਕਾ ਕੈਬਨਿਟ ਮੰਤਰੀ ਬ੍ਰਹਮ ਮਹਿੰਦਰਾ ਪੇਸ਼ ਹੋਏ। ਇਹ ਮਾਮਲਾ ਬ੍ਰਹਮ ਮਹਿੰਦਰਾ ਵੱਲੋਂ ਦਾਇਰ ਕੀਤਾ ਗਿਆ ਹੈ, ਜਦਕਿ ਸਾਬਕਾ ਵਿਧਾਇਕ ਸਿਮਰਜੀਤ ਸਿੰਘ ਬੈਂਸ ਨੂੰ ਅੱਜ ਹਾਜ਼ਰੀ ਤੋਂ ਛੂਟ ਮਿਲੀ ਹੋਈ ਸੀ। ਉਹ ਅਦਾਲਤ ਵਿਚ ਪੇਸ਼ ਨਹੀਂ ਹੋਏ। ਬ੍ਰਹਮ ਮਹਿੰਦਰਾ ਵੱਲੋਂ ਸੀਨੀਅਰ ਵਕੀਲ ਗੁਰਪ੍ਰੀਤ ਸਿੰਘ ਭਸੀਣ ਪੇਸ਼ ਹੋਏ। ਜਦਕਿ ਸਾਬਕਾ ਵਿਧਾਇਕ ਦੇ ਵਕੀਲ ਅਦਾਲਤ ਵਿਚ ਪੇਸ਼ ਹੋਏ। ਇਸ ਮਾਮਲੇ 'ਤੇ ਆਰਗੂਮੈਂਟ ਚਲ ਰਹੀ ਹੈ।

## ਭੁੱਕੀ ਦੇ ਮਾਮਲੇ 'ਚ ਸਜ਼ਾ ਸੁਣਾ ਕੇ ਕੀਤਾ ਅੰਡਰਗਾਨ

ਪਟਿਆਲਾ, 9 ਮਾਰਚ (ਵਿਨੋਦ ਸ਼ਰਮਾ) : ਅਦਾਲਤ ਨੇ ਦੋਸ਼ੀ ਕੁਲਦੀਪ ਸਿੰਘ ਵਾਸੀ ਲੁਧਿਆਣਾ ਨੂੰ ਸਜ਼ਾ ਸੁਣਾ ਕੇ ਅੰਡਰਗਾਨ ਕੀਤਾ ਹੈ ਅਤੇ ਅੱਠ ਹਜ਼ਾਰ ਰੁਪਏ ਜੁਰਮਾਨਾ ਭਰਨ ਦੇ ਆਦੇਸ਼ ਦਿੱਤੇ ਹਨ। ਪੁਲਿਸ ਨੇ ਉਸ ਤੋਂ ਭੁੱਕੀ ਬ੍ਰਾਮਦ ਕਰਕੇ ਮਾਮਲਾ ਦਰਜ ਕੀਤਾ ਸੀ।

## ਸਿਮਰਨਦੀਪ ਕੌਰ ਦਾ ਜਥੇਦਾਰ ਬਾਬਾ ਕਸ਼ਮੀਰਾ ਸਿੰਘ ਵੱਲੋਂ ਸਨਮਾਨ



ਨਾਭਾ, 9 ਮਾਰਚ (ਗੁਰਚਰਨ ਸਿੰਘ ਚੌਧਰੀ ਮਾਜਰਾ) : ਜੇਕਰ ਮਨ ਦੇ ਵਿੱਚ ਕੁਝ ਕਰ ਗੁਜ਼ਰਨ ਦਾ ਖੁਆਬ ਹੋਵੇ ਤਾਂ ਔਖੀ ਤੋਂ ਔਖੀ ਮੰਜਿਲ ਨੂੰ ਵੀ ਸਖਤ ਮਿਹਨਤ ਅਤੇ ਦ੍ਰਿੜ ਇਰਾਦੇ ਦੇ ਨਾਲ ਹਾਸਿਲ ਕੀਤਾ ਜਾ ਸਕਦਾ। ਅਜਿਹਾ ਹੀ ਕੁਝ ਕਰ ਵਿਖਾਇਆ ਨਾਭਾ ਬਲਾਕ ਦੇ ਪਿੰਡ ਬਿਰੜਵਾਲ ਦੇ ਸਧਾਰਨ ਕਿਸਾਨ ਪਰਿਵਾਰ ਵਿੱਚ ਜਨਮੀਂ ਹੋਣਹਾਰ ਧੀ ਸਿਮਰਨਦੀਪ ਕੌਰ ਨੇ ਯੂਪੀਐਸਸੀ (UPSC) ਪ੍ਰੀਖਿਆ ਪਾਸ ਕਰਕੇ ਦੇਸ਼ ਭਰ ਵਿੱਚੋਂ 15ਵਾਂ ਸਥਾਨ ਹਾਸਿਲ ਕਰ ਆਪਣੇ ਮਾਪਿਆਂ, ਪਿੰਡ, ਇਲਾਕੇ ਅਤੇ ਪੰਜਾਬ ਦਾ ਨਾਮ ਸਮੁੱਚੇ ਦੇਸ਼ ਵਿੱਚ ਰੋਸ਼ਨ ਕੀਤਾ ਹੈ। ਸਿਮਰਨਦੀਪ ਕੌਰ ਪਰਿਵਾਰ ਸਮੇਤ ਗੁਰਦੁਆਰਾ ਸਿੱਧਸਰ ਅਲੌਹਰਾਂ ਸਾਹਿਬ ਵਿਖੇ ਨਤਮਸਤਕ ਹੋਈ । ਗੁਰਦੁਆਰਾ ਸਿੱਧਸਰ ਅਲੌਹਰਾਂ ਸਾਹਿਬ ਜੀ ਦੇ ਮੁਖੀ ਸਿੱਖ ਪ੍ਰਚਾਰਕ ਜਥੇਦਾਰ ਬਾਬਾ ਕਸ਼ਮੀਰਾ ਸਿੰਘ ਜੀ ਵੱਲੋਂ ਸਨਮਾਨ ਕੀਤਾ ਗਿਆ ਹੈ। ਇਸ ਮੌਕੇ ਤੇ ਜਥੇਦਾਰ ਬਾਬਾ ਕਸ਼ਮੀਰਾ ਸਿੰਘ ਜੀ ਨੇ ਪਰਿਵਾਰ ਨੂੰ ਅਤੇ ਉਸ ਲੜਕੀ ਨੂੰ ਵਧਾਈ ਦਿੱਤੀ ਕਿਹਾ ਕਿ ਇਹ ਪਰਿਵਾਰ ਗੁਰੂ ਨੂੰ ਮੰਨਣ ਵਾਲਾ ਪਰਿਵਾਰ ਹੈ। ਉਹਨਾਂ ਕਿਹਾ ਕਿ ਜਿਸ ਤੇ ਗੁਰੂ ਦੀ ਕਿਰਪਾ ਹੁੰਦੀ ਹੈ ਉਹ ਪਰਿਵਾਰ ਹਮੇਸ਼ਾ ਤਰੱਕੀ ਕਰਦਾ ਹੈ। ਅੱਜ ਗੁਰੂ ਘਰ ਇਹ ਪਰਿਵਾਰ ਪਹੁੰਚਿਆ ਸਨਮਾਨ ਕੀਤਾ ਅਤੇ ਬੜੀ ਮਨ ਨੂੰ ਖੁਸ਼ੀ ਮਿਲੀ ਕਿ ਸਾਡੀ ਗੁਰਸਿੱਖ ਪਰਿਵਾਰ ਨਾਲ ਸੰਬੰਧਿਤ ਬੱਚੀ ਨੇ ਪੰਜਾਬ ਦਾ ਨਾਮ ਪੂਰੀ ਦੁਨੀਆਂ ਦੇ ਵਿੱਚ ਰੌਸ਼ਨ ਕੀਤਾ ਹੈ। ਇਸ ਮੌਕੇ 'ਤੇ ਬਾਬਾ ਹਰਦੇਵ ਸਿੰਘ ਜੀ, ਬਾਬਾ ਬਲਦੇਵ ਸਿੰਘ ਜੀ, ਹੈੱਡ ਗ੍ਰੰਥੀ ਬਾਬਾ ਤਰਲੋਚਨ ਸਿੰਘ ਜੀ, ਤੇ ਬਾਬਾ ਜੋਤੀ ਜੀ ਤੋਂ ਇਲਾਵਾ ਆਦਿ ਸਿੰਘ ਹਾਜ਼ਰ ਸਨ।

## ਮਦਨ ਲਾਲ ਜਲਾਲਪੁਰ ਨੇ ਰਸ਼ਨੀਤ ਕੌਰ ਨੂੰ ਦਿੱਤੀਆਂ ਵਧਾਈਆਂ

ਘਨੌਰ, 9 ਮਾਰਚ (ਰਾਜਿੰਦਰ ਸਿੰਘ ਕੰਬੋਜ/ਮਦਨ ਲਾਲ): ਯੂਨੀਅਨ ਪਬਲਿਕ ਸਰਵਿਸ ਕਮਿਸ਼ਨ ਵੱਲੋਂ ਐਲਾਨੇ ਗਏ ਸਿਵਲ ਸੇਵਾਵਾਂ ਦੇ ਨਤੀਜਿਆਂ ਵਿੱਚ ਹਲਕਾ ਘਨੌਰ ਦੇ ਪਿੰਡ ਮਦਨਪੁਰ ਦੀ ਹੋਣਹਾਰ ਬੇਟੀ ਰਸ਼ਨੀਤ ਕੌਰ ਨੇ ਦੇਸ਼ ਭਰ ਵਿੱਚੋਂ 51ਵਾਂ ਰੈਂਕ ਹਾਸਲ ਕਰਕੇ ਇਲਾਕੇ ਦਾ ਮਾਣ ਵਧਾਇਆ ਹੈ। ਇਸ ਸ਼ਾਨਦਾਰ ਪ੍ਰਾਪਤੀ 'ਤੇ ਹਲਕਾ ਘਨੌਰ ਦੇ ਸਾਬਕਾ ਵਿਧਾਇਕ ਮਦਨ ਲਾਲ ਜਲਾਲਪੁਰ ਨੇ ਰਸ਼ਨੀਤ ਕੌਰ ਅਤੇ ਉਸ ਦੇ ਪਰਿਵਾਰ ਨੂੰ ਦਿਲੋਂ ਵਧਾਈਆਂ ਦਿੱਤੀਆਂ ਹਨ।ਜਿਕਰਯੋਗ ਹੈ ਕਿ 22 ਸਾਲਾਂ ਦੀ ਰਸ਼ਨੀਤ ਕੌਰ ਨੇ ਆਪਣੀ ਸਕੂਲੀ ਪੜ੍ਹਾਈ ਦੌਰਾਨ ਵੀ ਉਤਕ੍ਰਿਸ਼ਟ ਪ੍ਰਦਰਸ਼ਨ ਕੀਤਾ ਅਤੇ ਉਸ ਨੇ ਸਕਾਲਰ ਸਕੂਲ ਰਾਜਪੁਰਾ ਤੋਂ ਬਾਰਵੀਂ ਜਮਾਤ ਪਾਸ ਕੀਤੀ। ਆਪਣੀ ਮਿਹਨਤ ਅਤੇ ਲਗਨ ਦੇ ਬਲਬੂਤੇ ਉਸ ਨੇ ਦੇਸ਼ ਦੀ ਸਭ ਤੋਂ



ਔਖੀ ਮੰਨੀ ਜਾਣ ਵਾਲੀ ਪ੍ਰੀਖਿਆ ਵਿੱਚ ਵੱਡੀ ਕਾਮਯਾਬੀ ਹਾਸਲ ਕੀਤੀ ਹੈ।ਸਾਬਕਾ ਵਿਧਾਇਕ ਮਦਨ ਲਾਲ ਜਲਾਲਪੁਰ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਹਲਕਾ ਘਨੌਰ ਲਈ ਇਹ ਬੇਹੱਦ ਮਾਣ ਵਾਲੀ ਗੱਲ ਹੈ ਕਿ ਪਿੰਡ ਮਦਨਪੁਰ ਦੀ ਧੀ ਨੇ ਦੇਸ਼ ਦੀ ਸਭ ਤੋਂ ਔਖੀ ਮੰਨੀ ਜਾਣ ਵਾਲੀ ਪ੍ਰੀਖਿਆ ਵਿੱਚ 51ਵਾਂ ਰੈਂਕ ਹਾਸਲ ਕਰਕੇ ਸਾਰੇ ਇਲਾਕੇ ਦਾ ਨਾਂ ਰੌਸ਼ਨ ਕੀਤਾ ਹੈ। ਉਨ੍ਹਾਂ ਰਸ਼ਨੀਤ ਕੌਰ ਦੇ ਪਿਤਾ ਜਸਵਿੰਦਰ ਸਿੰਘ (ਲਾਈਨਮੈਨ, ਬਿਜਲੀ ਬੋਰਡ) ਅਤੇ ਮਾਤਾ ਸਵਰਨ ਕੌਰ ਨੂੰ ਵੀ ਵਧਾਈ ਦਿੱਤੀ। ਉਨ੍ਹਾਂ ਆਸ ਪ੍ਰਗਟਾਈ ਕਿ ਰਸ਼ਨੀਤ ਕੌਰ ਇੱਕ ਕਾਬਲ ਪ੍ਰਸ਼ਾਸਨਿਕ ਅਧਿਕਾਰੀ ਬਣ ਕੇ ਦੇਸ਼ ਅਤੇ ਸਮਾਜ ਦੀ ਸੇਵਾ ਕਰੇਗੀ ਅਤੇ ਭਵਿੱਖ ਵਿੱਚ ਵੀ ਹਲਕਾ ਘਨੌਰ ਦਾ ਨਾਂ ਹੋਰ ਚਮਕਾਏਗੀ।ਇਸ ਮੌਕੇ ਉਨ੍ਹਾਂ ਨਾਲ ਚੇਅਰਮੈਨ ਅੱਛਰ ਸਿੰਘ ਭੇਡਵਾਲ, ਚੇਅਰਮੈਨ ਅਮਰਜੀਤ ਸਿੰਘ ਬੂਹਾ ,ਧਰਮਪਾਲ ਖੇੜਪੁਰ ਸੇਖਾਂ, ਸਾਬਕਾ ਸਰਪੰਚ ਗੁਰਵਿੰਦਰ ਸਿੰਘ ਚਮਾਰੂ ਆਦਿ ਹਾਜ਼ਰ ਸਨ।

## ਅਕਾਲੀ ਦਲ ਨੇ ਵਿਧਾਨ ਸਭਾ ਹਲਕਾ ਸ਼ੁਤਰਾਣਾ ਨੂੰ ਫਤਹਿ ਕਰਨ ਲਈ ਖਿੱਚੀ ਤਿਆਰੀ



ਪਾਤੜਾਂ, 9 ਮਾਰਚ (ਹਰਮਿੰਦਰ ਕਰਤਾਰਪੁਰ): ਸ਼੍ਰੋਮਣੀ ਅਕਾਲੀ ਦਲ ਵੱਲੋਂ 'ਮਿਸ਼ਨ 2027' ਵਿਧਾਨ ਸਭਾ ਹਲਕਾ ਸ਼ੁਤਰਾਣਾ ਨੂੰ ਫਤਿਹ ਕਰਨ ਲਈ ਮੀਟਿੰਗਾਂ ਦਾ ਸਿਲਸਿਲਾ ਤੇਜ਼ ਕਰ ਦਿੱਤਾ ਗਿਆ। ਸ਼੍ਰੋਮਣੀ ਅਕਾਲੀ ਦਲ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਇੰਚਾਰਜ ਬਾਬੂ ਕਬੀਰ ਦਾਸ ਵਲੋਂ ਘੱਗਰ ਪਾਰਲੇ ਪਿੰਡਾਂ ਵਿੱਚ ਨੁੱਕੜ ਮੀਟਿੰਗਾਂ ਕਰਕੇ ਸ਼੍ਰੋਮਣੀ ਅਕਾਲੀ ਦਲ ਵਲੋਂ ਕਿਸਾਨਾਂ, ਮਜ਼ਦੂਰਾਂ ਅਤੇ ਵਿਉਪਾਰੀ ਵਰਗ ਦੇ ਹੱਕ ਵਿੱਚ ਕੀਤੇ ਗਏ ਕੰਮਾਂ ਨੂੰ ਲੋਕਾਂ ਦੇ ਸਾਹਮਣੇ ਰੱਖਿਆ ਗਿਆ।ਬਾਬੂ ਕਬੀਰ ਦਾਸ ਵੱਲੋਂ ਨੁੱਕੜ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ 19 ਮਾਰਚ ਨੂੰ ਸ਼੍ਰੋਮਣੀ ਅਕਾਲੀ ਦਲ ਵਲੋਂ ਸਮਾਣਾ ਦੀ ਅਨਾਜ ਵਿੱਚ ਵੱਡੀ ਜਨ ਸਭਾ ਕੀਤੀ ਜਾ ਰਹੀ ਹੈ ਜਿਸ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਸਮੇਤ ਸਮੁੱਚੀ ਅਕਾਲੀ ਲੀਡਰਸ਼ਿਪ ਸੰਬੋਧਨ ਕਰੇਗੀ। ਬਾਬੂ ਕਬੀਰ ਦਾਸ ਨੇ ਕਿਹਾ ਕਿ ਸਮੁੱਚੇ ਪੰਜਾਬ ਦੇ ਲੋਕ ਸੁਖਬੀਰ ਸਿੰਘ ਬਾਦਲ ਨੂੰ ਪੰਜਾਬ ਦਾ ਮੁੱਖ ਮੰਤਰੀ ਦੇਖਣਾ ਚਾਹੁੰਦੇ ਹਨ।ਇਸ ਮੌਕੇ ਸੁਖਜਿੰਦਰ ਸਿੰਘ ਸਾਗਰਾ, ਜੋਗਿੰਦਰ ਸਿੰਘ ਬਾਵਾ, ਦਲਜੀਤ ਸਿੰਘ ਸਾਗਰਾ, ਪਰਮਜੀਤ ਸਿੰਘ ਸਾਬਕਾ ਸਰਪੰਚ, ਸਾਹਿਬ ਸਿੰਘ ਜੰਮੂ, ਮਨਜੀਤ ਸਿੰਘ ਜੰਮੂ, ਗੁਰਿੰਦਰ ਪਾਲ ਸਿੰਘ ਤੇਈਪੁਰ, ਅੰਮ੍ਰਿਤ ਲਾਲ ਸਾਬਕਾ ਕੌਂਸਲਰ ਪਾਤੜਾਂ, ਵਿਸ਼ਾਲ ਗੋਇਲ ਸਿਟੀ ਪ੍ਰਧਾਨ ਪਾਤੜਾਂ, ਗੋਲਡੀ ਬਾਂਸਲ, ਗੁਰਮੇਲ ਸਿੰਘ ਧਨੇਠਾ, ਰੀਸੂ ਬਾਂਸਲ ਆਦਿ ਪ੍ਰਮੁੱਖ ਤੌਰ 'ਤੇ ਹਾਜ਼ਰ ਰਹੇ।

## ਮੇਅਰ ਤੇ ਕਮਿਸ਼ਨਰ ਨੇ ਸ਼ਹਿਰ ਦੀ ਸਫਾਈ ਲਈ 'ਸਵੀਪਿੰਗ ਮਸ਼ੀਨਾਂ' ਦੀ ਕਰਵਾਈ ਸ਼ੁਰੂਆਤ

ਪਟਿਆਲਾ, 9 ਮਾਰਚ (ਚ.ਨ.ਸ.) : ਸ਼ਾਹੀ ਸ਼ਹਿਰ ਪਟਿਆਲਾ ਨੂੰ ਦੇਸ਼ ਦੇ ਸਭ ਤੋਂ ਸਾਫ਼-ਸੁਥਰੇ ਸ਼ਹਿਰਾਂ ਦੀ ਸੂਚੀ ਵਿੱਚ ਮੋਹਰੀ ਸਥਾਨ ਦਿਵਾਉਣ ਲਈ ਨਗਰ ਨਿਗਮ ਵੱਲੋਂ ਇੱਕ ਵੱਡੀ ਮੁਹਿੰਮ ਵਿੱਢੀ ਗਈ ਹੈ। ਇਸੇ ਕੜੀ ਤਹਿਤ ਅੱਜ ਮੇਅਰ ਕੁੰਦਨ ਗੋਗੀਆ ਅਤੇ ਨਿਗਮ ਕਮਿਸ਼ਨਰ ਸ੍ਰ. ਪਰਮਜੀਤ ਸਿੰਘ ਵੱਲੋਂ ਸ਼ਹਿਰ ਦੀ ਸਫਾਈ ਲਈ ਵਿਸ਼ੇਸ਼ 'ਸਵੀਪਿੰਗ ਮਸ਼ੀਨਾਂ' ਨੂੰ ਕੰਮ ਸ਼ੁਰੂ ਕਰਵਾ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਮੇਅਰ ਅਤੇ ਕਮਿਸ਼ਨਰ ਨੇ ਸਪੱਸ਼ਟ ਕੀਤਾ ਕਿ ਸ਼ਹਿਰ ਵਾਸੀਆਂ ਨੂੰ ਕੂੜਾ ਮੁਕਤ ਅਤੇ ਸਿਹਤਮੰਦ ਵਾਤਾਵਰਨ ਮੁਹੱਈਆ ਕਰਵਾਉਣਾ ਨਗਰ ਨਿਗਮ ਦੀ ਸਭ ਤੋਂ ਵੱਡੀ ਪਹਿਲ ਹੈ। ਇਸ ਮੌਕੇ ਉਨ੍ਹਾਂ ਨਗਰ ਨਿਗਮ ਤੋਂ ਡਾ.ਨਵਿੰਦਰ ਸਿਹਤ



ਅਫਸਰ, ਚੀਫ਼ ਸੈਂਟਰੀ ਅਫ਼ਸਰ ਨਵਦੀਪ ਸ਼ਰਮਾ, ਐਸ ਡੀ ਓ ਮਨੀਸ਼, ਮੋਹਿਤ ਜਿੰਦਲ, ਰਾਜੇਸ਼ ਮੱਟੂ, ਹਰਵਿੰਦਰ ਸਿੰਘ, ਜਗਤਾਰ ਸਿੰਘ, ਇੰਦਰਜੀਤ ਸਿੰਘ, ਰਿਸ਼ਬ ਗੁਪਤਾ ਵੀ ਵਿਸ਼ੇਸ਼ ਤੌਰ ਤੇ ਮੌਜੂਦ ਸਨ। ਉਨ੍ਹਾਂ ਦੱਸਿਆ ਕਿ ਸਫਾਈ ਮੁਹਿੰਮ ਦੇ ਪਹਿਲੇ ਫੇਸ ਦੀ ਸ਼ੁਰੂਆਤ ਸ਼ਹਿਰ ਦੇ ਪ੍ਰਮੁੱਖ ਇਲਾਕਿਆਂ ਤ੍ਰਿਪੜੀ, ਬਾਰਾਦਰੀ ਅਤੇ ਮਾਡਲ ਟਾਊਨ ਤੋਂ ਕੀਤੀ ਗਈ ਹੈ। ਇਨ੍ਹਾਂ ਇਲਾਕਿਆਂ ਵਿੱਚ ਮਸ਼ੀਨਾਂ ਰਾਹੀਂ ਸੜਕਾਂ ਦੀ ਸਫਾਈ ਦਾ ਕੰਮ ਤੁਰੰਤ ਪ੍ਰਭਾਵ ਨਾਲ ਸ਼ੁਰੂ ਕਰ ਦਿੱਤਾ ਗਿਆ ਹੈ। ਮੇਅਰ ਅਨੁਸਾਰ, ਇਨ੍ਹਾਂ ਮਸ਼ੀਨਾਂ ਦੀ ਵਰਤੋਂ ਨਾਲ ਸ਼ਹਿਰ ਦੇ ਅੰਦਰੂਨੀ ਅਤੇ ਭੀੜ-ਭੜੱਕੇ ਵਾਲੇ ਹਿੱਸਿਆਂ ਵਿੱਚ ਵੀ ਹੁਣ ਬਹੁਤ ਬਿਹਤਰ ਤਰੀਕੇ ਨਾਲ ਸਫਾਈ ਹੋ ਸਕੇਗੀ, ਜਿੱਥੇ ਪਹਿਲਾਂ ਮੈਨੂਅਲ ਸਫਾਈ ਕਰਨਾ ਚੁਣੌਤੀਪੂਰਨ ਹੁੰਦਾ ਸੀ। ਕਮਿਸ਼ਨਰ ਪਰਮਜੀਤ ਸਿੰਘ ਨੇ ਦੱਸਿਆ ਕਿ ਇਸ ਸਫਾਈ ਮੁਹਿੰਮ ਦੀ ਗੁਣਵੱਤਾ ਅਤੇ ਪਾਰਦਰਸ਼ਤਾ ਨੂੰ ਯਕੀਨੀ ਬਣਾਉਣ ਲਈ ਖੁਦ ਨਗਰ ਨਿਗਮ ਦੀ ਟੀਮ ਡਿਜੀਟਲ ਤਰੀਕੇ ਨਾਲ ਇਸ ਦੀ ਮਨੀਟਰਿੰਗ ਕਰੇਗੀ। ਇਸ ਨਾਲ ਠੇਕੇਦਾਰਾਂ ਦੀ ਮਨਮਾਨੀ ਖ਼ਤਮ ਹੋਵੇਗੀ ਅਤੇ ਕੰਮ ਦੀ ਗੁਣਵੱਤਾ ਵਿੱਚ ਵੱਡਾ ਸੁਧਾਰ ਆਵੇਗਾ। ਉਪਰੋਕਤ ਨੇ ਕਿਹਾ ਕਿ ਸਾਡਾ ਮੁੱਖ ਉਦੇਸ਼ ਪਟਿਆਲਾ ਨੂੰ ਸਫਾਈ ਦੇ ਮਾਮਲੇ ਵਿੱਚ ਪੰਜਾਬ ਦਾ ਨੰਬਰ ਇੱਕ ਸ਼ਹਿਰ ਬਣਾਉਣਾ ਹੈ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕਰਦੇ ਕਿਹਾ ਕਿ ਉਹ ਪਟਿਆਲਾ ਨੂੰ ਕੂੜਾ ਮੁਕਤ ਅਤੇ ਸੁੰਦਰ ਬਣਾਉਣ ਵਿੱਚ ਨਿਗਮ ਪ੍ਰਸ਼ਾਸਨ ਦਾ ਪੂਰਨ ਸਹਿਯੋਗ ਦੇਣ। ਉਨ੍ਹਾਂ ਹੋਰ ਕਿਹਾ ਕਿ ਨਗਰ ਨਿਗਮ ਸ਼ਹਿਰ ਨੂੰ ਵਿਕਾਸ ਅਤੇ ਸਫਾਈ ਦੇ ਮਾਮਲੇ ਵਿੱਚ ਨਵੀਆਂ ਉਚਾਈਆਂ 'ਤੇ ਲੈ ਕੇ ਜਾਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

## ਕੇਂਦਰ ਸਰਕਾਰ ਵਪਾਰੀਆਂ 'ਤੇ ਜ਼ੁਲਮ ਕਰਨਾ ਬੰਦ ਕਰੇ : ਜਸਪ੍ਰੀਤ ਭਾਟੀਆ

ਪਟਿਆਲਾ, 9 ਮਾਰਚ (ਰੁਪਾਣਾ) : ਸੀਨੀਅਰ ਵਪਾਰੀ ਆਗੂ ਜਸਪ੍ਰੀਤ ਸਿੰਘ ਭਾਟੀਆ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਜਦੋਂਕਿ ਵਪਾਰ ਕਰਨਾ ਬਹੁਤ ਹੀ ਔਖਾ ਹੋਇਆ ਪਿਆ ਹੈ । ਕੇਂਦਰ



ਸਰਕਾਰ ਨੇ ਵਪਾਰਕ ਗੈਸ ਸਿਲੰਡਰ ਦੀ ਸਪਲਾਈ ਨੂੰ ਬੰਦ ਕਰ ਦਿੱਤਾ ਹੈ। ਇੱਕ ਪਾਸੇ ਤਾਂ ਸਰਕਾਰ ਘਰੇਲੂ ਸਿਲੰਡਰਾਂ ਨੂੰ ਵਪਾਰਕ ਵਰਤਣ 'ਤੇ ਗੈਰਕਾਨੂੰਨੀ ਕਹਿੰਦੀ ਹੈ ਦੂਜੇ ਪਾਸੇ ਵਪਾਰਕ ਸਿਲੰਡਰਾਂ ਦੀ ਸਪਲਾਈ ਨੂੰ ਬੰਦ ਕਰ ਦਿੱਤਾ ਹੈ, ਜੋ ਕਿ ਵਪਾਰੀਆਂ ਨਾਲ ਸਰਾਸਰ ਧੱਕਾ ਹੈ। ਕੇਂਦਰ ਸਰਕਾਰ ਇਸ ਪਾਸੇ ਤੁਰੰਤ ਧਿਆਨ ਦੇਵੇ ਤਾਂ ਜੋ ਵਪਾਰੀਆਂ ਨੂੰ ਵਪਾਰ ਕਰਨ ਵਿੱਚ ਤਕਲੀਫ ਨਾ ਹੋਵੇ।

## ਸ਼ਹੀਦ ਕਰਤਾਰ ਸਿੰਘ ਸਰਾਭਾ ਵੈਲਫੇਅਰ ਟਰੱਸਟ ਨੇ ਕੌਮਾਂਤਰੀ ਮਹਿਲਾ ਦਿਵਸ ਮਨਾਇਆ

### ➢ਵੱਖ-ਵੱਖ ਖੇਤਰਾਂ 'ਚ ਪ੍ਰਾਪਤੀਆਂ ਕਰਨ ਵਾਲੀਆਂ 40 ਧੀਆਂ/ਔਰਤਾਂ ਦਾ ਸਨਮਾਨ

ਪਟਿਆਲਾ, 9 ਮਾਰਚ (ਰੁਪਾਣਾ) : ਸ਼ਹੀਦ ਕਰਤਾਰ ਸਿੰਘ ਸਰਾਭਾ ਵੈਲਫੇਅਰ ਟਰੱਸਟ ਪਟਿਆਲਾ ਵੱਲੋਂ ਯੁਵਕ ਭਲਾਈ ਵਿਭਾਗ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਕੌਮਾਂਤਰੀ ਮਹਿਲਾ ਦਿਵਸ ਨੂੰ ਸਮਰਪਿਤ ਨੌਂਵਾਂ ਸਨਮਾਨ ਸਮਾਰੋਹ ਕਰਵਾਇਆ ਗਿਆ। ਇਸ ਮੌਕੇ 'ਤੇ ਸਿੱਖਿਆ, ਕਲਾ, ਸਾਹਿਤ, ਸੰਗੀਤ, ਸਮਾਜ ਸੇਵਾ, ਖੇਡਾਂ ਅਤੇ ਪੱਤਰਕਾਰੀ ਦੇ ਖੇਤਰਾਂ ਵਿੱਚ ਵਿਸ਼ੇਸ਼ ਪ੍ਰਾਪਤੀਆਂ ਕਰਨ ਵਾਲੀਆਂ 40 ਧੀਆਂ ਅਤੇ ਔਰਤਾਂ ਨੂੰ ਸਨਮਾਨਿਤ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਦੌਰਾਨ ਟਰੱਸਟ ਦੇ ਪ੍ਰਧਾਨ ਅਕਸ਼ੈ ਕੁਮਾਰ ਖਨੌਰੀ ਵੱਲੋਂ ਆਏ ਮੁੱਖ ਮਹਿਮਾਨਾਂ ਨੂੰ ਇੰਡੋਰ ਪਲਾਂਟ ਭੇਟ ਕਰਕੇ ਸਵਾਗਤ ਕੀਤਾ ਗਿਆ। ਆਪਣੇ ਸੰਬੋਧਨ ਵਿੱਚ ਉਨ੍ਹਾਂ ਕਿਹਾ ਕਿ ਅੱਜ ਦਾ ਸਮਾਂ ਔਰਤਾਂ ਦੀ ਹਿੰਮਤ, ਯੋਗਤਾ ਅਤੇ ਉਪਲੱਬਧੀਆਂ ਨੂੰ ਸਲਾਮ ਕਰਨ ਦਾ ਸਮਾਂ ਹੈ। ਉਨ੍ਹਾਂ




ਕਿਹਾ ਕਿ 20ਵੀਂ ਸਦੀ ਦੇ ਸ਼ੁਰੂ ਵਿੱਚ ਪੱਛਮੀ ਦੇਸ਼ਾਂ ਦੀਆਂ ਔਰਤਾਂ ਨੇ ਆਪਣੇ ਹੱਕਾਂ ਅਤੇ ਬਰਾਬਰੀ ਲਈ ਸੰਘਰਸ਼ ਦੀ ਸ਼ੁਰੂਆਤ ਕੀਤੀ ਸੀ, ਜਿਸ ਦੇ ਨਤੀਜੇ ਵਜੋਂ ਅੱਜ ਔਰਤਾਂ ਹਰ ਖੇਤਰ ਵਿੱਚ ਅੱਗੇ ਵੱਧ ਰਹੀਆਂ ਹਨ।ਇਸ ਮੌਕੇ ਤੇ ਮੁੱਖ ਮਹਿਮਾਨ ਪ੍ਰਸਿੱਧ ਫਿਲਮ ਅਦਾਕਾਰਾ ਸੁਨੀਤਾ ਧੀਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਕੌਮਾਂਤਰੀ ਮਹਿਲਾ ਦਿਵਸ ਔਰਤਾਂ ਦੀ ਮਿਹਨਤ, ਸੰਘਰਸ਼ ਅਤੇ ਸਫਲਤਾਵਾਂ ਦਾ ਜਸ਼ਨ ਮਨਾਉਣ ਦਾ ਦਿਨ ਹੈ। ਪ੍ਰੋਗਰਾਮ ਦੌਰਾਨ ਨ੍ਰਿਤ ਵਿਭਾਗ ਪੰਜਾਬੀ ਯੂਨੀਵਰਸਿਟੀ ਦੇ ਸੰਸਥਾਪਕ ਡਾ. ਡੇਜ਼ੀ ਵਾਲੀਆ, ਕਰ ਅਤੇ ਆਬਕਾਰੀ ਅਧਿਕਾਰੀ ਮੈਡਮ ਜਸਵੀਤ ਸ਼ਰਮਾ ਅਤੇ ਰੋਟਰੀ ਦੀ ਜੋਨਲ ਕੋਆਰਡੀਨੇਟਰ ਦਲਜੀਤ ਕੌਰ ਚੀਮਾ ਨੇ ਕਿਹਾ ਕਿ ਟਰੱਸਟ ਵੱਲੋਂ ਵੱਖ-ਵੱਖ ਖੇਤਰਾਂ ਵਿੱਚ ਪ੍ਰਾਪਤੀਆਂ ਕਰਨ ਵਾਲੀਆਂ 40 ਧੀਆਂ ਅਤੇ ਔਰਤਾਂ ਦਾ ਸਨਮਾਨ ਕਰਨਾ ਬਹੁਤ ਹੀ ਸ਼ਲਾਘਾਯੋਗ ਅਤੇ ਪ੍ਰੇਰਣਾਦਾਇਕ ਉਪਰਾਲਾ ਹੈ।ਇਸ ਮੌਕੇ ਤੇ ਮੋਦੀ ਕਾਲਜ ਪਟਿਆਲਾ ਦੇ ਪ੍ਰਿੰਸੀਪਲ ਨੀਰਜ ਗੋਇਲ, ਸਾਬਕਾ ਪ੍ਰੋਫੈਸਰ ਸੁਰਜੀਤ ਸਿੰਘ ਭੱਟੀ, ਪੀ.ਆਈ.ਐਸ (ਰਿਟਾ.) ਜਗਜੀਤ ਕੋਹਲੀ , ਡਾ. ਬਰਜਿੰਦਰ ਸਿੰਘ ਸੋਹਲ ਅਤੇ ਡਾਇਰੈਕਟਰ ਡਾ.ਭੀਮਇੰਦਰ ਸਿੰਘ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਅੱਜ ਦੀਆਂ ਧੀਆਂ ਸਿੱਖਿਆ, ਖੇਡਾਂ, ਵਿਗਿਆਨ, ਕਲਾ ਅਤੇ ਪ੍ਰਸ਼ਾਸਨ ਸਮੇਤ ਹਰ ਖੇਤਰ ਵਿੱਚ ਨਵੀਆਂ ਉਚਾਈਆਂ ਹਾਸਲ ਕਰ ਰਹੀਆਂ ਹਨ ਅਤੇ ਦੇਸ਼ ਦੀ ਤਰੱਕੀ ਵਿੱਚ ਅਹਿਮ ਯੋਗਦਾਨ ਪਾ ਰਹੀਆਂ ਹਨ। ਇਸ ਮੌਕੇ ਤੇ ਸਾਹਿਤਕਾਰ ਕਿਰਨ ਸ਼ਰਮਾ,ਸੂਫੀ ਗਾਇਕਾ ਸੁਰਿੰਦਰ ਕੌਰ ਬਾੜਾ,ਵੌਇਸ ਆਫ਼ ਪੰਜਾਬ ਦੀ ਜੇਤੂ ਮੰਨਤ ਅਤੇ ਮੋਦੀ ਕਾਲਜ ਦੇ ਹੋਣਹਾਰ ਵਿਦਿਆਰਥੀ ਗੁਰਜੰਟ ਸਿੰਘ ਨੇ ਆਪਣੇ ਵਿਚਾਰ ,ਗੀਤ ਅਤੇ ਕਵਿਤਾਵਾਂ ਸਾਂਝੀਆਂ ਕੀਤੀਆਂ। ਟਰੱਸਟ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਡਾ. ਅਭਿਨੰਦਨ ਬੱਸੀ, ਡਾ. ਚੇਤਨਾ, ਡਾ. ਹਿਨਾ ਸਚਦੇਵਾ, ਡਾ. ਗੌਰੀ ਖੰਨਾ, ਡਾ. ਹਰਲੀਨ ਕੌਰ, ਪ੍ਰਿੰਸੀਪਲ ਰਮਨਦੀਪ ਕੌਰ, ਹੈੱਡ ਮਿਸਟ੍ਰੈਸ ਰਪਿੰਦਰ ਕੌਰ ਗਰੇਵਾਲ, ਹੈੱਡ ਮਿਸਟ੍ਰੈਸ ਆਸ਼ਾ ਰਾਣੀ, ਹੈੱਡ ਮਿਸਟ੍ਰੈਸ ਨੀਤਾ ਰਾਣੀ, ਹੈੱਡ ਮਿਸਟ੍ਰੈਸ ਸਿਮਰਨਜੀਤ ਕੌਰ, ਹੈੱਡ ਮਿਸਟ੍ਰੈਸ ਸੋਨੂੰ ਬਾਂਸਲ ਅਤੇ ਲੈਕਚਰਾਰ ਡਾ. ਸਪਨਾ ਸੇਠੀ ਨੂੰ ਸਨਮਾਨਿਤ ਕੀਤਾ ਗਿਆ। ਸਾਹਿਤ ਦੇ ਖੇਤਰ ਵਿੱਚ ਸੁਰਿੰਦਰ ਕੌਰ ਬਾੜਾ, ਡਾ. ਗੁਰਮੇਲ ਕੌਰ ਜੋਸ਼ੀ, ਸੰਦੀਪ ਰਾਣੀ ਸੋਖਲ, ਰੂਹੀ ਸਿੰਘ, ਪਰਮਿੰਦਰ ਅਮਨ, ਮੈਡਮ ਸਜਨੀ, ਡਾ. ਸੁਖਪਾਲ ਕੌਰ, ਰਸਵਿੰਦਰ ਕੌਰ, ਪਰਮਜੀਤ ਕੌਰ ਅਤੇ ਰਾਜਿੰਦਰ ਰਾਣੀ ਨੂੰ ਸਨਮਾਨਿਤ ਕੀਤਾ ਗਿਆ। ਪੱਤਰਕਾਰੀ ਦੇ ਖੇਤਰ ਵਿੱਚ ਹਰਪ੍ਰੀਤ ਕੌਰ ਅਤੇ ਨੌਸ਼ੀਨ ਅਗਰਵਾਲ ਦਾ ਸਨਮਾਨ ਕੀਤਾ ਗਿਆ।ਕਲਾ ਦੇ ਖੇਤਰ ਵਿੱਚ ਆਸ਼ਾ ਸਕਲਾਨੀ, ਕਾਜਲ, ਅਮਨਪ੍ਰੀਤ ਕੌਰ ਮੱਲ ਸਿੰਘ ਵਾਲਾ, ਅਰਸ਼ਦੀਪ ਕੌਰ ਭੱਟੀ ਅਤੇ ਬਲਜੀਤ ਕੌਰ ਸ਼ਰਮਾ ਨੂੰ ਸਨਮਾਨਿਤ ਕੀਤਾ ਗਿਆ।ਖੇਡਾਂ ਦੇ ਖੇਤਰ ਵਿੱਚ ਕੋਚ ਹਰਪ੍ਰੀਤ ਕੌਰ, ਡੀ.ਪੀ.ਈ ਪੂਨਮ ਰਾਣੀ, ਪੀ.ਟੀ.ਆਈ ਹਰਪ੍ਰੀਤ ਕੌਰ, ਮੰਨਤ, ਹਰਸ਼ਿਕਾ, ਸੀਮਾ ਅਤੇ ਲਖਵੀਰ ਕੌਰ ਨੂੰ ਸਨਮਾਨਿਤ ਕੀਤਾ ਗਿਆ।ਸੰਗੀਤ ਦੇ ਖੇਤਰ ਵਿੱਚ ਮੰਨਤ ਨੂੰ ਸਨਮਾਨਿਤ ਕੀਤਾ ਗਿਆ। ਸਪੈਸ਼ਲ ਐਜੂਕੇਸ਼ਨ ਦੇ ਖੇਤਰ ਵਿੱਚ ਹਰਪ੍ਰੀਤ ਕੌਰ (ਅਧਿਆਪਿਕਾ ਮਲਟੀਪਰਪਜ਼ ਸਕੂਲ) ਅਤੇ ਹਰਪ੍ਰੀਤ ਕੌਰ (ਨਵਜੀਵਨੀ ਸਕੂਲ) ਦਾ ਸਨਮਾਨ ਕੀਤਾ ਗਿਆ। ਸਮਾਜ ਸੇਵਾ ਦੇ ਖੇਤਰ ਵਿੱਚ ਏਕਮਜੋਤ ਕੌਰ, ਰਿੰਕੂ ਮੌਦਗਿੱਲ, ਸੰਤੋਸ਼ ਸੰਧੀਰ, ਪਰਮਜੀਤ ਕੌਰ, ਸੁਮਨ ਗੋਇਲ, ਹਰਵਿੰਦਰ ਕੌਰ, ਪ੍ਰਿਯੰਕਾ ਸ਼ਰਮਾ, ਡਾ. ਕਿਰਨ ਸ਼ਰਮਾ, ਗੁਰਪ੍ਰੀਤ ਕੌਰ, ਪਰਮਜੀਤ ਕੌਸ਼ਲ, ਸੁਸ਼ਮਾ ਸ਼ਰਮਾ, ਬਲਵਿੰਦਰ ਕੌਰ, ਗੁਰਵਿੰਦਰ ਕੌਰ, ਖੁਸ਼ਵੰਤ ਕੌਰ ਧੰਜੂ ਅਤੇ ਹਰਪ੍ਰੀਤ ਕੌਰ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਤੇ ਸਟੇਜ ਸਕੱਤਰ ਦੀ ਜ਼ਿੰਮੇਵਾਰੀ ਟਰੱਸਟ ਦੇ ਖਜਾਨਚੀ ਲੈਕਚਰਾਰ ਨਰਿੰਦਰਪਾਲ ਸਿੰਘ ਅਤੇ ਉਪ ਸਕੱਤਰ ਮੈਡਮ ਸੰਤੋਸ਼ ਸੰਧੀਰ ਨੇ ਬਾਖ਼ੂਬੀ ਨਿਭਾਈ। ਇਸ ਮੌਕੇ 'ਤੇ ਟਰੱਸਟ ਮੈਂਬਰਜ਼ ਦੀਪਕ ਭਾਰਦਵਾਜ, ਕੁਲਵਿੰਦਰ ਸਿੰਘ ਅਤੇ ਅਮਰਿੰਦਰ ਸਿੰਘ ਸਮੇਤ ਸਨਮਾਨਿਤ ਸ਼ਖਸੀਅਤਾਂ ਦੇ ਪਰਿਵਾਰਕ ਮੈਂਬਰ ਵੀ ਹਾਜ਼ਰ ਸਨ।

## ਸਮਾਣਾ ਦਾ ਇਨਵਾਇਰਮੈਂਟ ਪਾਰਕ ਬਣਿਆ ਨਸ਼ੇੜੀਆਂ ਤੇ ਆਸ਼ਕਾਂ ਦਾ ਅੱਡਾ

ਸਮਾਣਾ, 9 ਮਾਰਚ (ਹਰਜਿੰਦਰ ਸਿੰਘ ਜਵੰਦਾ) : ਸਮਾਣਾ ਸ਼ਹਿਰ ਦਾ ਇਨਵਾਇਰਮੈਂਟ ਪਾਰਕ, ਜੋ ਲੋਕਾਂ ਨੂੰ ਸਾਫ-ਸੁਥਰਾ ਮਾਹੌਲ ਅਤੇ ਸੈਰ ਸਪਾਟੇ ਲਈ ਬਣਾਇਆ ਗਿਆ ਸੀ, ਅੱਜਕੱਲ੍ਹ ਨਸ਼ੇੜੀਆਂ ਅਤੇ ਆਸ਼ਕਾਂ ਦਾ ਅੱਡਾ ਬਣਦਾ ਜਾ ਰਿਹਾ ਹੈ। ਪਾਰਕ ਵਿੱਚ ਸਵੇਰੇ ਅਤੇ ਸ਼ਾਮ ਦੀ ਸੈਰ ਲਈ ਆਉਣ ਵਾਲੇ ਲੋਕਾਂ ਨੂੰ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਜਾਣਕਾਰੀ ਅਨੁਸਾਰ ਪਾਰਕ ਦੇ ਕਈ ਕੋਨਿਆਂ ਵਿੱਚ ਨੌਜਵਾਨ ਨਸ਼ਾ ਕਰਦੇ ਨਜ਼ਰ ਆਉਂਦੇ ਹਨ ਅਤੇ ਕੁਝ ਲੋਕ ਪਾਰਕ ਨੂੰ ਗਲਤ ਕੰਮਾਂ ਲਈ ਵਰਤ ਰਹੇ ਹਨ।ਇਸ ਪਾਰਕ ਵਿੱਚ ਜਿੱਥੇ ਦਿਨ ਭਰ ਨਬਾਲਗ ਨੌਜਵਾਨ ਮੁੰਡੇ ਕੁੜੀਆਂ ਫਿਰਦੇ ਦੇਖੇ ਜਾ ਸਕਦੇ ਹਨ ਉੱਥੇ ਹੀ ਸ਼ਾਮ ਨੂੰ ਥਾਂ-ਥਾਂ ਤੇ ਸ਼ਰਾਬੀਆਂ ਦੀ ਵੀ ਮਹਿਫ਼ਲ ਲੱਗਦੀ ਹੈ। ਇਸ ਕਾਰਨ ਆਮ ਲੋਕਾਂ ਨੂੰ ਇੱਥੇ ਆਉਣਾ ਅਸੁਰੱਖਿਅਤ ਮਹਿਸੂਸ ਹੋ ਰਿਹਾ ਹੈ। ਲੋਕਾਂ ਨੇ ਪ੍ਰਸ਼ਾਸਨ ਅਤੇ ਨਗਰ ਕੌਂਸਲ ਤੋਂ ਮੰਗ ਕੀਤੀ ਹੈ ਕਿ ਪਾਰਕ ਵਿੱਚ ਸੁਰੱਖਿਆ ਦੇ ਪੱਕੇ ਇੰਤਜ਼ਾਮ ਕੀਤੇ ਜਾਣ, ਸੀਸੀਟੀਵੀ



ਕੈਮਰੇ ਲਗਾਏ ਜਾਣ ਅਤੇ ਪੁਲਿਸ ਦੀ ਰੈਗੂਲਰ ਪੈਟਰੋਲਿੰਗ ਕਰਵਾਈ ਜਾਵੇ ਤਾਂ ਜੋ ਪਾਰਕ ਦਾ ਮਾਹੌਲ ਫਿਰ ਤੋਂ ਸੁਧਰ ਸਕੇ ਅਤੇ ਲੋਕ ਬਿਨਾਂ ਡਰ ਦੇ ਇੱਥੇ ਆ ਸਕਣ। ਇਸ ਦੇ ਨਾਲ ਹੀ ਜੇਕਰ ਪਾਰਕ ਦੀ ਸਾਫ਼ ਸਫ਼ਾਈ ਦੀ ਗੱਲ ਕੀਤੀ ਜਾਵੇ ਤਾਂ ਪਾਰਕ ਚ ਹਰ ਪਾਸੇ ਗੰਦਗੀ ਹੀ ਗੰਦਗੀ ਫੈਲੀ ਨਜ਼ਰ ਆਉਂਦੀ ਹੈ, ਜਿੱਥੇ ਪਾਰਕ 'ਚ ਹਰ ਪਾਸੇ ਸ਼ਰਾਬ, ਪਾਣੀ ਅਤੇ ਕੋਲਡ ਡਰਿੰਕ ਆਦਿ ਦੀਆਂ ਬੋਤਲਾਂ ਅਤੇ ਲਿਫ਼ਾਫ਼ੇ ਪਏ ਨਜ਼ਰ ਆਉਂਦੇ ਹਨ ਉੱਥੇ ਹੀ ਪਾਰਕਾਂ ਘਾਹ ਬੂਟੀ, ਟੁੱਟੇ ਹੋਏ ਡਸਟਵੀਨ, ਦਰੱਖਤਾਂ ਦੇ ਪੱਤੇ ਤੇ ਕੁੱਤਿਆਂ ਦਾ ਗੰਦ ਵੀ ਆਮ ਦੇਖਣ ਨੂੰ ਮਿਲਦਾ ਹੈ। ਦੱਸ ਦਈਏ ਕਿ ਜੇ ਸਮੇਂ-ਸਿਰ ਕਾਰਵਾਈ ਨਾ ਕੀਤੀ ਗਈ ਤਾਂ ਇਹ ਪਾਰਕ ਪੂਰੀ ਤਰ੍ਹਾਂ ਗਲਤ ਤੱਤਾਂ ਦੇ ਕਬਜ਼ੇ ਵਿੱਚ ਚਲਾ ਜਾਵੇਗਾ।